26-AUG-PAGE-1.qxd 8/25/2025 9:03 PM Page 1

ਮੰਗਲਵਾਰ, 26 ਅਗਸਤ, 2025
11 ਭਾਦੋਂ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 85

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 26 AUGUST, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਕੇਂਦਰ ਵੱਲੋਂ 55 ਲੱਖ ਲੋਕਾਂ ਦਾ ਰਾਸ਼ਨ ਬੰਦ ਕਰਨ ਦੀ ਸਾਜ਼ਿਸ਼ : ਭਗਵੰਤ ਮਾਨ

**ਚੰਡੀਗੜ੍ਹ** : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸੋਮਵਾਰ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ 'ਤੇ ਸੂਬੇ ਦੇ 55 ਲੱਖ ਲੋਕਾਂ ਨੂੰ ਮਿਲਣ ਵਾਲਾ ਮੁਫਤ ਰਾਸ਼ਨ ਬੰਦ ਕਰਨ ਲਈ ਸਾਜ਼ਿਸ਼ ਘੜਨ ਦਾ ਦੋਸ਼ ਲਗਾਇਆ। ਉਨ੍ਹਾ ਜ਼ੋਰ ਦੇ ਕੇ ਕਿਹਾ ਕਿ ਉਹ ਕੇਂਦਰ ਦੀ ਭਾਜਪਾ ਸਰਕਾਰ ਨੂੰ ਲੋਕਾਂ ਦੇ ਹੱਕ ਖੋਹਣ ਨਹੀਂ ਦੇਣਗੇ।

ਪੰਜਾਬ ਦੇ ਲੋਕਾਂ ਦੇ ਨਾਂਅ ਇੱਕ ਲਿਖਤੀ ਸੰਦੇਸ਼ ਵਿੱਚ ਉਨ੍ਹਾ ਦੋਸ਼ ਲਗਾਇਆ ਕਿ ਕੇਂਦਰ ਸਰਕਾਰ ਨੇ ਇੱਕ ਹੁਕਮ ਜਾਰੀ ਕੀਤਾ ਹੈ ਕਿ ਸੂਬੇ ਦੇ 55 ਲੱਖ ਲੋਕਾਂ ਨੂੰ ਮਿਲਣ ਵਾਲਾ ਮੁਫਤ ਰਾਸ਼ਨ ਬੰਦ ਕਰ ਦਿੱਤਾ ਜਾਵੇਗਾ। ਇੱਕ ਹਫਤੇ ਅੰਦਰ ਇਹ ਦੂਜੀ ਵਾਰ ਹੈ, ਜਦੋਂ ਮਾਨ ਨੇ ਕੇਂਦਰ 'ਤੇ ਕੌਮੀ ਖੁਰਾਕ ਸੁਰੱਖਿਆ ਐਕਟ ਤਹਿਤ ਲੋਕਾਂ ਦਾ ਰਾਸ਼ਨ ਬੰਦ ਕਰਨ ਦਾ ਦੋਸ਼ ਲਗਾਇਆ ਹੈ।

ਮਾਨ ਨੇ ਸੰਦੇਸ਼ ਵਿੱਚ ਲਿਖਿਆ ਹੈ, 'ਤੁਹਾਡਾ ਨਾਂਅ ਵੀ ਉਸ ਸੂਚੀ ਵਿੱਚ ਹੈ। ਹੁਣ ਤੱਕ ਪੰਜਾਬ ਵਿੱਚ 1.53 ਕਰੋੜ ਲੋਕ ਰਾਸ਼ਨ ਪ੍ਰਾਪਤ ਕਰ ਰਹੇ ਸਨ, ਪਰ ਭਾਜਪਾ ਸਰਕਾਰ ਨੇ 55 ਲੱਖ ਲੋਕਾਂ ਲਈ ਇਹ ਸਹੂਲਤ ਖਤਮ ਕਰਨ ਦਾ ਫੈਸਲਾ ਕੀਤਾ ਹੈ। ਹਰੇਕ ਤਿੰਨ ਗਰੀਬ ਪਰਵਾਰਾਂ ਵਿੱਚੋਂ ਇੱਕ ਨੂੰ ਰਾਸ਼ਨ ਤੋਂ ਵਾਂਝਾ ਕੀਤਾ ਜਾ ਰਿਹਾ ਹੈ। ਇਹ ਸਿਰਫ ਸਰਕਾਰੀ ਫੈਸਲਾ ਨਹੀਂ, ਇਹ ਪੰਜਾਬ ਦੇ ਗਰੀਬਾਂ, ਮਜ਼ਦੂਰਾਂ, ਕਿਸਾਨਾਂ ਅਤੇ ਆਮ ਪਰਵਾਰਾਂ ਦੀਆਂ ਥਾਲੀਆਂ 'ਤੇ ਸਿੱਧਾ ਹਮਲਾ ਹੈ।' ਮਾਨ ਨੇ ਦਾਅਵਾ ਕੀਤਾ ਕਿ ਜੁਲਾਈ ਤੋਂ ਕੇਂਦਰ ਸਰਕਾਰ ਨੇ ਪੰਜਾਬ ਦੇ 23 ਲੱਖ ਗਰੀਬ ਲੋਕਾਂ ਨੂੰ ਰਾਸ਼ਨ ਇਹ ਕਹਿ ਕੇ ਰੋਕ ਦਿੱਤਾ ਹੈ ਕਿ ਉਨ੍ਹਾਂ ਈ-ਕੇ ਵਾਈ ਸੀ ਅਮਲ ਪੂਰਾ ਨਹੀਂ ਕੀਤਾ ਹੈ।

ਉਨ੍ਹਾ ਦਾਅਵਾ ਕੀਤਾ, 'ਭਾਜਪਾ ਸਤੰਬਰ ਤੋਂ ਕਰੀਬ 32 ਲੱਖ ਹੋਰ ਪੰਜਾਬੀਆਂ ਦਾ ਰਾਸ਼ਨ ਇਹ ਕਹਿ ਕੇ ਬੰਦ ਕਰਨ ਜਾ ਰਹੀ ਹੈ ਕਿ ਇਹ ਲੋਕ ਗਰੀਬ ਨਹੀਂ ਹਨ। ਭਾਜਪਾ ਕੁੱਲ 55 ਲੱਖ ਗਰੀਬ ਲੋਕਾਂ ਦਾ ਰਾਸ਼ਨ ਬੰਦ ਕਰਨ ਦੀ ਯੋਜਨਾ ਬਣਾ ਰਹੀ ਹੈ।' ਉਨ੍ਹਾ ਸਵਾਲ ਕੀਤਾ, 'ਜ਼ਰਾ ਸੋਚੋ; ਅਸੀਂ, ਪੰਜਾਬ ਦੇ ਲੋਕ, ਅਨਾਜ ਉਗਾਉਂਦੇ ਹਾਂ ਅਤੇ ਪੂਰੇ ਦੇਸ਼ ਨੂੰ ਖੁਆਉਂਦੇ ਹਾਂ ਅਤੇ ਅੱਜ ਕੇਂਦਰ ਸਰਕਾਰ ਉਸੇ ਪੰਜਾਬ ਦੀ ਥਾਲੀ ਵਿੱਚੋਂ ਰੋਟੀ ਦਾ ਇੱਕ ਟੁਕੜਾ ਖੋਹਣ 'ਤੇ ਤੁਲੀ ਹੋਈ ਹੈ। ਕੀ ਇਹ ਸਹੀ ਹੈ?'

ਮਾਨ ਨੇ ਮਾਪਦੰਡਾਂ 'ਤੇ ਸਵਾਲ ਉਠਾਉਂਦੇ ਹੋਏ ਕਿਹਾ, 'ਭਾਜਪਾ ਕਹਿੰਦੀ ਹੈ ਕਿ ਇਨ੍ਹਾਂ ਵਿੱਚੋਂ ਕੁਝ ਲੋਕਾਂ ਕੋਲ ਕਾਰਾਂ ਹਨ, ਕੁਝ ਆਮਦਨ ਟੈਕਸ ਦਿੰਦੇ ਹਨ, ਕੁਝ



ਕੋਲ 2.50 ਏਕੜ ਤੋਂ ਵੱਧ ਜ਼ਮੀਨ ਹੈ ਅਤੇ ਕੁਝ ਪਰਵਾਰਾਂ ਕੋਲ ਨੌਕਰੀ ਹੈ—ਇਸ ਲਈ ਇਹ ਲੋਕ ਗਰੀਬ ਨਹੀਂ ਹਨ।' ਮੁੱਖ ਮੰਤਰੀ ਨੇ ਪੁੱਛਿਆ, 'ਜੇ ਘਰ ਵਿੱਚ ਇੱਕ ਵਿਅਕਤੀ ਕੰਮ ਕਰਦਾ ਹੈ ਜਾਂ ਕਾਰ ਦਾ ਮਾਲਕ ਹੈ, ਤਾਂ ਕੀ ਪੂਰਾ ਪਰਵਾਰ ਅਮੀਰ ਹੋ ਜਾਂਦਾ ਹੈ? ਕੀ ਪੂਰੇ ਪਰਵਾਰ ਦੇ (ਰਾਸ਼ਨ) ਕਾਰਡ ਕੱਟਣਾ ਸਹੀ ਹੈ?'

ਮਾਨ ਨੇ ਦੋਸ਼ ਲਗਾਇਆ ਕਿ ਭਾਜਪਾ ਪੰਜਾਬ ਦੀ ਅਸਲੀਅਤ ਨੂੰ ਨਹੀਂ ਸਮਝਦੀ। ਉਨ੍ਹਾ ਦਾਅਵਾ ਕੀਤਾ ਕਿ 'ਦਿੱਲੀ ਵਿੱਚ ਏ ਸੀ ਕਮਰਿਆਂ ਵਿੱਚ ਬੈਠ ਕੇ ਪਿੰਡਾਂ ਦੇ ਗਰੀਬ ਲੋਕਾਂ ਦੇ ਖਾਣੇ ਦਾ ਹਿਸਾਬ ਰੱਖਿਆ ਜਾ ਰਿਹਾ ਹੈ।' ਉਨ੍ਹਾ ਕੇਂਦਰ ਸਰਕਾਰ 'ਤੇ ਦੋਸ਼ ਲਗਾਇਆ ਕਿ ਉਹ ਪੰਜਾਬ ਸਰਕਾਰ ਨੂੰ ਹਰ ਪਰਵਾਰ ਦੀ ਅਸਲ ਸਥਿਤੀ ਦਾ ਪਤਾ ਲਗਾਉਣ ਦਾ ਮੌਕਾ ਨਹੀਂ ਦੇ ਰਹੀ। ਉਨ੍ਹਾ ਕਿਹਾ, 'ਸਹੀ ਤਸਦੀਕ ਤੋਂ ਬਿਨਾਂ ਰਾਸ਼ਨ ਕਾਰਡ ਬੰਦ ਕਰਨ ਦੇ ਇਸ ਹੁਕਮ ਤੋਂ ਇਹ ਸਪੱਸ਼ਟ ਹੁੰਦਾ ਹੈ ਕਿ ਭਾਜਪਾ ਕਿਸੇ ਵੀ ਬਹਾਨੇ ਪੰਜਾਬ ਤੋਂ ਬਦਲਾ ਲੈਣਾ ਚਾਹੁੰਦੀ ਹੈ।' ਉਨ੍ਹਾ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਘਬਰਾਉਣ ਨਾ, ਕਿਉਂਕਿ 'ਤੁਹਾਡਾ ਭਰਾ ਭਗਵੰਤ ਮਾਨ ਤੁਹਾਡੇ ਨਾਲ ਹੈ।' ਮੁੱਖ ਮੰਤਰੀ ਨੇ ਕਿਹਾ ਕਿ ਕਿਸੇ ਦੇ ਵੀ ਰਾਸ਼ਨ ਕਾਰਡ ਨੂੰ ਅਯੋਗ ਨਹੀਂ ਠਹਿਰਾਇਆ ਜਾਵੇਗਾ। ਉਨ੍ਹਾ ਕਿਹਾ, 'ਅਸੀਂ ਪਹਿਲਾਂ ਹੀ 1.29 ਕਰੋੜ ਲਾਭਪਾਤਰੀਆਂ ਦੀ ਤਸਦੀਕ ਕਰ ਲਈ ਹੈ ਅਤੇ ਬਾਕੀ ਕੰਮ ਵੀ ਛੇ ਮਹੀਨਿਆਂ ਦੇ ਅੰਦਰ ਪੂਰਾ ਕਰ ਲਿਆ ਜਾਵੇਗਾ।'

ਉਹਨਾ ਕਿਹਾ ਕਿ ਉਨ੍ਹਾ ਕੇਂਦਰ ਸਰਕਾਰ ਤੋਂ ਸਮਾਂ ਮੰਗਿਆ ਹੈ। ਉਨ੍ਹਾ ਕਿਹਾ, 'ਸਾਡੀ ਟੀਮ ਘਰ-ਘਰ ਜਾ ਕੇ ਹਰੇਕ ਪਰਵਾਰ ਦੀ ਸਥਿਤੀ ਦਾ ਪਤਾ ਲਗਾਏਗੀ। ਇਹ ਸਿਰਫ ਰਾਸ਼ਨ ਲਈ ਲੜਾਈ ਨਹੀਂ ਹੈ, ਇਹ ਪੰਜਾਬੀਆਂ ਦੇ ਹੱਕਾਂ ਅਤੇ ਸਨਮਾਨ ਲਈ ਲੜਾਈ ਹੈ।' ਉਨ੍ਹਾ ਭਾਜਪਾ 'ਤੇ ਖੁੱਲ੍ਹੇਆਮ ਪੰਜਾਬ ਨਾਲ ਧੱਕਾ ਕਰਨ ਦਾ ਦੋਸ਼ ਲਗਾਇਆ। ਉਨ੍ਹਾ ਕਿਹਾ, 'ਜੇ ਭਾਜਪਾ ਦੇ ਮੈਂਬਰ ਤੁਹਾਡੇ ਪਿੰਡ ਜਾਂ ਘਰ ਆਉਂਦੇ ਹਨ, ਤਾਂ ਉਨ੍ਹਾਂ ਨੂੰ ਸਪੱਸ਼ਟ ਕਹੋ ਕਿ ਪੰਜਾਬੀ ਕਿਸੇ ਵੀ ਹਾਲਤ ਵਿੱਚ ਧੱਕੇਸ਼ਾਹੀ ਬਰਦਾਸ਼ਤ ਨਹੀਂ ਕਰਨਗੇ।'

ਇਸ ਤੋਂ ਪਹਿਲਾਂ ਸਨਿੱਚਰਵਾਰ ਮਾਨ ਨੇ ਦਾਅਵਾ ਕੀਤਾ ਸੀ ਕਿ ਉਨ੍ਹਾ ਦੀ ਸਰਕਾਰ ਨੂੰ ਕੇਂਦਰ ਤੋਂ ਇੱਕ ਰਿਪੋਰਟ ਮਿਲੀ ਹੈ, ਜਿਸ ਵਿੱਚ ਪੰਜਾਬ ਵਿੱਚ 8,02,493 ਰਾਸ਼ਨ ਕਾਰਡ ਧਾਰਕਾਂ ਨੂੰ ਹਟਾਉਣ ਦਾ ਸੁਝਾਅ ਦਿੱਤਾ ਗਿਆ ਹੈ, ਕਿਉਂਕਿ ਉਹ ਹੁਣ ਯੋਗ ਨਹੀਂ ਹਨ। ਇਸੇ ਦੌਰਾਨ ਕੇਂਦਰੀ ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਮੰਤਰੀ ਪ੍ਰਹਿਲਾਦ ਜੋਸ਼ੀ ਨੇ ਸੋਮਵਾਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਇਸ ਦੋਸ਼ ਨੂੰ ਖਾਰਜ ਕਰ ਦਿੱਤਾ ਕਿ ਕੇਂਦਰ ਸੂਬੇ ਦੀਆਂ ਰਾਸ਼ਨ ਸੂਚੀਆਂ ਵਿੱਚੋਂ 55 ਲੱਖ ਨਾਂਅ ਹਟਾ ਰਿਹਾ ਹੈ। ਉਨ੍ਹਾ ਇਸ ਦਾਅਵੇ ਨੂੰ 'ਝੂਠ' ਤੇ 'ਗੁੰਮਰਾਹਕੁੰਨ' ਦੱਸਿਆ। ਜੋਸ਼ੀ ਨੇ ਸਪੱਸ਼ਟ ਕੀਤਾ ਕਿ ਰਾਸ਼ਨ ਲਾਭਪਾਤਰੀਆਂ ਲਈ ਲਾਜ਼ਮੀ 'ਈ-ਕੇ ਵਾਈ ਸੀ' ਪ੍ਰਕਿਰਿਆ ਕੇਂਦਰ ਸਰਕਾਰ ਵੱਲੋਂ ਸ਼ੁਰੂ ਨਹੀਂ ਕੀਤੀ ਗਈ, ਬਲਕਿ ਸੁਪਰੀਮ ਕੋਰਟ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕੀਤੀ ਗਈ ਸੀ। ਕੇਂਦਰੀ ਮੰਤਰੀ ਨੇ ਕਿਹਾ, 'ਕੇਂਦਰ ਨੇ ਸਾਰੇ ਰਾਜਾਂ ਨੂੰ ਪਾਲਣਾ ਲਈ ਸਿਰਫ ਸਰਕੂਲਰ ਜਾਰੀ ਕੀਤੇ ਹਨ। ਪੰਜਾਬ ਨੂੰ ਇਹ ਮਸ਼ਕ ਪੂਰੀ ਕਰਨ ਲਈ ਤਿੰਨ ਵਾਰ ਵਾਧਾ ਦਿੱਤਾ ਗਿਆ ਸੀ, ਫਿਰ ਵੀ ਇਹ ਸਮੇਂ ਸਿਰ ਕਾਰਵਾਈ ਕਰਨ ਵਿੱਚ ਅਸਫਲ ਰਿਹਾ।'

ਜੋਸ਼ੀ ਨੇ ਕਿਹਾ ਕਿ ਪੰਜਾਬ ਵਿੱਚ ਕੌਮੀ ਖੁਰਾਕ ਸੁਰੱਖਿਆ ਐਕਟ ਤਹਿਤ 1.41 ਕਰੋੜ ਲਾਭਪਾਤਰੀ ਹਨ ਅਤੇ ਕੇਂਦਰ ਨੇ ਇਸ ਪ੍ਰਵਾਨਤ ਸੂਚੀ ਵਿੱਚੋਂ 'ਇੱਕ ਵੀ ਲਾਭਪਾਤਰੀ ਨੂੰ ਨਹੀਂ ਹਟਾਇਆ।' ਉਨ੍ਹਾ ਕਿਹਾ ਕਿ 30 ਅਪਰੈਲ ਆਖਰੀ ਤਰੀਕ ਸੀ, ਪਰ ਉਸ ਮਿਤੀ ਤੱਕ ਪੰਜਾਬ ਵਿੱਚ ਈ-ਕੇ ਵਾਈ ਸੀ ਦਾ ਅਮਲ ਸਿਰਫ 90 ਪ੍ਰਤੀਸ਼ਤ ਹੀ ਪੂਰਾ ਹੋਇਆ ਸੀ। ਉਨ੍ਹਾ ਕਿਹਾ, 'ਇਹ ਸੂਬਾ ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਉਹ ਯੋਗ ਲਾਭਪਾਤਰੀਆਂ ਦੀ ਪਛਾਣ ਨਿਰਧਾਰਤ ਮਾਪਦੰਡਾਂ ਦੇ ਆਧਾਰ 'ਤੇ ਕਰੇ।' ਆਮ ਆਦਮੀ ਪਾਰਟੀ ਸਰਕਾਰ 'ਤੇ ਲਾਪਰਵਾਹੀ ਅਤੇ ਭ੍ਰਿਸ਼ਟਾਚਾਰ ਦਾ ਦੋਸ਼ ਲਗਾਉਂਦੇ ਹੋਏ ਜੋਸ਼ੀ ਨੇ ਕਿਹਾ ਕਿ ਪੰਜਾਬ ਵਿੱਚ ਬਹੁਤ ਸਾਰੇ ਯੋਗ ਪਰਵਾਰਾਂ ਕੋਲ ਅਜੇ ਵੀ ਰਾਸ਼ਨ ਕਾਰਡ ਨਹੀਂ ਹਨ, ਜਦੋਂ ਕਿ ਗਰੀਬਾਂ ਲਈ ਅਨਾਜ ਗੈਰ-ਕਾਨੂੰਨੀ ਢੰਗ ਨਾਲ ਖੁਰਦ-ਬੁਰਦ ਕੀਤਾ ਜਾ ਰਿਹਾ ਹੈ।

# ਕਾਮਰੇਡ ਜੰਗੀਰ ਸਿੰਘ ਜੋਗਾ ਦੀ ਸੋਚ ਨੂੰ ਅਪਨਾਉਣਾ ਸਮੇਂ ਦੀ ਅਣਸਰਦੀ ਲੋੜ : ਅਰਸ਼ੀ

- ਧਾਲੀਵਾਲ ਵੱਲੋਂ ਨੌਜਵਾਨਾਂ ਨੂੰ ਅੱਗੇ ਆਉਣ ਦੀ ਅਪੀਲ
- 23ਵੀਂ ਬਰਸੀ ਜੋਗਾ 'ਚ ਇਨਕਲਾਬੀ ਜੋਸ਼ੋ-ਖਰੋਸ਼ ਨਾਲ ਮਨਾਈ

**ਮਾਨਸਾ/ਜੋਗਾ (ਆਤਮਾ ਸਿੰਘ ਪਮਾਰ)**

ਸੀ ਪੀ ਆਈ ਦੀ 100ਵੀਂ ਵਰ੍ਹੇਗੰਢ ਮੌਕੇ ਅਤੇ 25ਵੇਂ ਮਹਾਂ-ਸੰਮੇਲਨ ਚੰਡੀਗੜ੍ਹ ਨੂੰ ਸਮਰਪਿਤ ਉੱਘੇ ਦੇਸ਼ ਭਗਤ, ਪਰਜਾ ਮੰਡਲ ਅਤੇ ਮੁਜ਼ਾਰਾ ਲਹਿਰ ਦੇ ਮੋਢੀ ਮਹਾਨ ਕਮਿਊਨਿਸਟ ਆਗੂ ਤੇ ਸਾਬਕਾ ਵਿਧਾਇਕ ਕਾਮਰੇਡ ਜੰਗੀਰ ਸਿੰਘ ਜੋਗਾ ਦੀ 23ਵੀਂ ਬਰਸੀ ਜੋਗਾ ਵਿਖੇ ਇਨਕਲਾਬੀ ਜੋਸ਼ੋ-ਖਰੋਸ਼ ਨਾਲ ਮਨਾਈ ਗਈ। ਝੰਡਾ ਲਹਿਰਾਉਣ ਦੀ ਰਸਮ ਸੀਨੀਅਰ ਕਮਿਊਨਿਸਟ ਆਗੂ ਮਾਸਟਰ ਧੰਨ ਸਿੰਘ ਝੱਲੀ, ਜ਼ਿਲ੍ਹਾ ਸਕੱਤਰ ਕ੍ਰਿਸ਼ਨ ਚੌਹਾਨ, ਨਗਰ ਪੰਚਾਇਤ ਜੋਗਾ ਦੇ ਪ੍ਰਧਾਨ ਗੁਰਮੀਤ ਸਿੰਘ ਜੋਗਾ, ਐਡਵੋਕੇਟ ਕੁਲਵਿੰਦਰ ਸਿੰਘ ਉਡਤ, ਜਥੇਦਾਰ ਮਲਕੀਤ ਸਿੰਘ ਜੋਗਾ ਨਗਰ ਪੰਚਾਇਤ, ਬ੍ਰਾਂਚ ਸਕੱਤਰ ਸੁਖਰਾਜ ਸਿੰਘ ਜੋਗਾ, ਕਾਮਰੇਡ ਭਜਨ ਸਿੰਘ ਆਦਿ ਆਗੂਆਂ ਵੱਲੋਂ ਇਨਕਲਾਬੀ ਨਾਹਰਿਆਂ ਦੀ ਗੂੰਜ ਵਿੱਚ ਕੀਤੀ ਗਈ। ਬਰਸੀ ਸਮਾਗਮ ਦੌਰਾਨ ਕਹਾਣੀਕਾਰ ਤੇ ਉੱਘੇ ਚਿੰਤਕ ਦਰਸ਼ਨ ਜੋਗਾ ਨੇ ਕਾਮਰੇਡ ਜੋਗਾ ਦੇ ਸੰਘਰਸ਼ਮਈ ਇਤਿਹਾਸ ਤੇ ਜੀਵਨੀ ਬਾਰੇ ਜਾਣਕਾਰੀ ਸਾਂਝੀ ਕੀਤੀ।

ਸੀ ਪੀ ਆਈ ਦੇ ਨੈਸ਼ਨਲ ਕੌਂਸਲ ਮੈਂਬਰ ਅਤੇ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਲੁੱਟ ਰਹਿਤ ਸਮਾਜ ਸਿਰਜਣ ਤੇ ਸਰਮਾਏਦਾਰੀ ਪ੍ਰਬੰਧ ਖ਼ਿਲਾਫ਼ ਦੇਸ਼ ਭਗਤਾਂ ਤੇ ਕਾਮਰੇਡ ਜੋਗਾ ਦੀ ਸੋਚ 'ਤੇ ਪਹਿਰਾ ਦੇਣਾ ਸਮੇਂ ਦੀ ਮੁੱਖ ਲੋੜ ਹੈ, ਕਿਉਂਕਿ ਸੰਘ ਪਰਵਾਰ ਫਿਰਕਾਪ੍ਰਸਤ ਤੇ ਰਾਸ਼ਟਰਵਾਦ ਦੇ ਨਾਅਰੇ ਜ਼ਰੀਏ ਦੇਸ਼ ਨੂੰ ਤੋੜਨ ਦੇ ਮਨਸੂਬੇ ਨਾਲ ਭਾਈਚਾਰਕ ਸਾਂਝ



'ਚ ਵੰਡੀਆਂ ਪਾ ਰਿਹਾ ਹੈ। ਸੰਵਿਧਾਨ, ਸੰਵਿਧਾਨਕ ਸੰਸਥਾਵਾਂ, ਲੋਕਤੰਤਰ, ਧਰਮ ਨਿਰਪੱਖਤਾ ਪੂਰੀ ਤਰ੍ਹਾਂ ਡਾਵਾਂਡੋਲ ਹੋ ਰਹੀਆਂ ਹਨ ਅਤੇ ਇੱਥੋਂ ਤੱਕ ਕਿ ਲੋਕਾਂ ਤੋਂ ਵੋਟਾਂ ਦਾ ਹੱਕ ਵੀ ਖੋਹਿਆ ਜਾ ਰਿਹਾ ਹੈ, ਜਿਸ ਸੰਬੰਧੀ ਚੰਡੀਗੜ੍ਹ ਵਿਖੇ 21 ਤੋਂ 25 ਸਤੰਬਰ ਤੱਕ ਸੀ ਪੀ ਆਈ ਵੱਲੋਂ ਮਹਾਂ-ਸੰਮੇਲਨ ਮੌਕੇ ਚਰਚਾ ਕੀਤੀ ਜਾਵੇਗੀ ਅਤੇ ਪਾਰਟੀ ਦੇ 100ਵੇਂ ਸ਼ਾਨਾਮੱਤੇ ਇਤਿਹਾਸ ਤੇ ਪ੍ਰਾਪਤੀਆਂ ਬਾਰੇ ਜਾਣਕਾਰੀਆਂ ਸਾਂਝੀਆਂ ਕੀਤੀਆਂ ਜਾਣਗੀਆਂ।

ਪੰਜਾਬ ਏਟਕ ਦੇ ਜਨਰਲ ਸਕੱਤਰ ਤੇ ਪਾਰਟੀ ਦੇ ਕੌਮੀ ਕੌਂਸਲ ਮੈਂਬਰ ਨਿਰਮਲ ਸਿੰਘ ਧਾਲੀਵਾਲ ਨੇ ਕਿਹਾ ਕਿ ਸੂਬਾ ਸਰਕਾਰ ਵੀ ਕੇਂਦਰ ਦੇ ਰਾਹ ਪੈ ਚੁੱਕੀ ਹੈ, ਲੈਂਡ ਪੂਲਿੰਗ ਪਾਲਿਸੀ ਸਮੇਤ ਲੋਕ ਵਿਰੋਧੀ ਨੀਤੀਆਂ ਨੂੰ ਲਾਗੂ ਕਰਨ ਲਈ ਤਤਪਰ ਹੈ। ਉਹਨਾ ਕਿਹਾ ਕਿ ਸੰਘਰਸ਼ਸ਼ੀਲ ਜਥੇਬੰਦੀਆਂ ਦੇ ਜ਼ਬਰਦਸਤ ਵਿਰੋਧ ਨੇ ਸਰਕਾਰ ਨੂੰ ਪਿਛਲਖੁਰੀਂ ਮੁੜਨ ਲਈ ਮਜਬੂਰ ਕਰ ਦਿੱਤਾ ਹੈ। ਉਹਨਾ ਕਾਮਰੇਡ ਜੋਗਾ ਦੀ ਸੋਚ ਨੂੰ ਹਰ ਇਕ ਦੀ ਸਮਝ ਦਾ ਹਿੱਸਾ ਬਣਾਉਣ ਲਈ ਨੌਜਵਾਨ ਵਰਗ ਨੂੰ ਅੱਗੇ ਆਉਣ ਦੀ ਅਪੀਲ ਕੀਤੀ। ਮੇਘ ਰਾਜ ਰੱਲਾ ਦੀ ਨਾਟਕ ਟੀਮ ਨੇ ਕੋਰੀਓਗਰਾਫੀਆਂ ਤੇ ਨਾਟਕ ਪੇਸ਼ ਕੀਤੇ। ਇਸ ਮੌਕੇ ਮਾਸਟਰ ਰੇਵਤੀ • ਬਾਕੀ ਸਫ਼ਾ 2 'ਤੇ

# ਸਰਬੱਤ ਦੇ ਭਲੇ ਲਈ ਕਮਿਊਨਿਸਟ ਲਹਿਰ ਨੂੰ ਅੱਗੇ ਲੈ ਕੇ ਆਉਣਾ ਹੋਵੇਗਾ : ਜਗਰੂਪ, ਸੋਹਲ, ਮਹੇਸ਼ਰੀ

**ਮੋਗਾ (ਇਕਬਾਲ ਸਿੰਘ ਖਹਿਰਾ)**

ਭਾਰਤੀ ਕਮਿਊਨਿਸਟ ਪਾਰਟੀ ਦੇ ਮਹਾਂ-ਸੰਮੇਲਨ (ਚੰਡੀਗੜ੍ਹ) ਦੀਆਂ ਤਿਆਰੀਆਂ ਵਜੋਂ 21 ਅਗਸਤ ਤੋਂ ਹੁਸੈਨੀਵਾਲਾ ਤੋਂ ਚੱਲਿਆ ਹੋਇਆ ਜੱਥਾ ਮਾਰਚ ਸੋਮਵਾਰ ਮੋਗਾ ਜ਼ਿਲ੍ਹੇ ਵਿੱਚ ਪਹੁੰਚਿਆ। ਇਹ ਜੱਥਾ ਫ਼ਰੀਦਕੋਟ ਤੋਂ ਹੁੰਦਾ ਹੋਇਆ ਮੋਗਾ ਜ਼ਿਲ੍ਹੇ ਵਿੱਚ ਦਾਖਲ ਹੋਇਆ। ਇਸ ਮੌਕੇ ਕੁਲਦੀਪ ਸਿੰਘ ਭੋਲਾ ਜ਼ਿਲ੍ਹਾ ਸਕੱਤਰ, ਸ਼ੇਰ ਸਿੰਘ ਦੌਲਤਪੁਰਾ ਸਹਾਇਕ ਸਕੱਤਰ, ਸਵਰਾਜ ਸਿੰਘ ਢੁੱਡੀਕੇ, ਕਰਮਵੀਰ ਕੌਰ ਬੱਧਨੀ, ਜਗਸੀਰ ਖੋਸਾ, ਡਾਕਟਰ ਇੰਦਰਵੀਰ ਗਿੱਲ ਦੀ ਅਗਵਾਈ ਵਿੱਚ ਵੱਡੀ ਗਿਣਤੀ ਵਿਚ ਖੁਖਰਾਣਾ ਨੇੜੇ ਪਹੁੰਚੇ ਸਾਥੀਆਂ ਨੇ ਜਥੇ ਦਾ ਸਵਾਗਤ ਕੀਤਾ। ਉਪਰੰਤ ਮੋਗਾ ਦੇ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਭਵਨ ਵਿਖੇ ਬਲਾਕ ਮੋਗਾ ਵੱਲੋਂ ਪ੍ਰਭਾਵਸ਼ਾਲੀ ਸਮਾਗਮ ਕੀਤਾ ਗਿਆ। ਇਸ ਮੌਕੇ ਜਥੇਬੰਦਕ ਸੁਨੇਹਾ ਦਿੰਦਿਆਂ ਭਾਰਤੀ



ਕਮਿਊਨਿਸਟ ਪਾਰਟੀ ਦੇ ਕੌਮੀ ਕੌਂਸਲ ਮੈਂਬਰ ਜਗਰੂਪ, ਨਰਿੰਦਰ ਕੌਰ ਸੋਹਲ ਅਤੇ ਸੁਖਜਿੰਦਰ ਮਹੇਸ਼ਰੀ ਨੇ ਕਿਹਾ ਕਿ ਭਾਰਤੀ ਕਮਿਊਨਿਸਟ ਪਾਰਟੀ 26 ਦਸੰਬਰ 1925 ਨੂੰ ਹੋਂਦ ਵਿੱਚ ਆਈ ਸੀ, ਇਹ 'ਪੂਰਨ ਆਜ਼ਾਦੀ' ਦੇ ਨਾਹਰੇ ਦਾ ਮੁੱਢ ਬੰਨ੍ਹਣ ਵਾਲਿਆਂ ਵਿੱਚੋਂ ਹੈ। 1947 ਤੱਕ ਦੇਸ਼ ਦੀ ਆਜ਼ਾਦੀ ਪ੍ਰਾਪਤੀ ਲਈ ਅੰਗਰੇਜ਼ਾਂ ਵਿਰੁੱਧ ਅਤੇ ਦੇਸ਼ ਵਿੱਚ ਰਾਜਿਆਂ, ਰਜਵਾੜਿਆਂ, ਜਗੀਰਦਾਰਾਂ ਵਿਰੁੱਧ ਜਥੇਬੰਦ ਕੀਤੇ ਕਿਸਾਨ ਘੋਲ ਇਤਿਹਾਸ ਦਾ ਹਿੱਸਾ ਹਨ। ਨਿਜ਼ਾਮ ਹੈਦਰਾਬਾਦ ਵਿਰੁੱਧ ਤਿਲੰਗਾਨਾ ਦਾ ਕਿਸਾਨ ਘੋਲ, ਤਿਭਾਗਾ ਅੰਦੋਲਨ ਅਤੇ ਪੈਪਸੂ ਦਾ ਮੁਜ਼ਾਰਾ ਕਿਸਾਨ ਘੋਲ, ਜਿਸ ਨੇ ਰਾਜੇ, ਰਜਵਾੜਿਆਂ ਅਤੇ ਜਗੀਰਦਾਰਾਂ ਤੋਂ ਮਾਲਕੀ ਹੱਕ ਮੁਜ਼ਾਰਿਆਂ ਨੂੰ ਲੈ ਕੇ ਦੇਣ ਦੇ ਸਫਲ ਘੋਲ ਦੀ ਅਗਵਾਈ ਕੀਤੀ, ਜਿਸ ਸਦਕਾ 784 ਪਿੰਡਾਂ 'ਚ 16 ਲੱਖ ਏਕੜ ਜ਼ਮੀਨ ਹਲਵਾਹਕਾਂ ਦੇ • ਬਾਕੀ ਸਫ਼ਾ 2 'ਤੇ

## ਅਸੰਬਲੀ ਅੱਗੇ ਪ੍ਰਦਰਸ਼ਨ

**ਚੰਡੀਗੜ੍ਹ** : ਹਰਿਆਣਾ ਵਿਧਾਨ ਸਭਾ ਦੇ ਮੌਨਸੂਨ ਅਜਲਾਸ ਦੇ ਦੂਜੇ ਦਿਨ ਦੀ ਕਾਰਵਾਈ ਸੋਮਵਾਰ ਸ਼ੁਰੂ ਹੋਣ ਤੋਂ ਪਹਿਲਾਂ ਵਿਧਾਨ ਸਭਾ ਦੇ ਬਾਹਰ ਹਰਿਆਣਾ ਕਾਂਗਰਸ ਦੇ ਆਗੂਆਂ ਨੇ ਸੂਬਾ ਪ੍ਰਧਾਨ ਉਦੈ ਭਾਨ ਅਤੇ ਸਾਬਕਾ ਮੁੱਖ ਮੰਤਰੀ ਭੁਪਿੰਦਰ ਸਿੰਘ ਹੁੱਡਾ ਦੀ ਅਗਵਾਈ ਹੇਠ ਪ੍ਰਦਰਸ਼ਨ ਕੀਤਾ। ਇਸ ਦੌਰਾਨ ਕਾਂਗਰਸ ਨੇ 'ਵੋਟ ਚੋਰ, ਗੱਦੀ ਛੋੜ' ਦੇ ਨਾਅਰੇ ਲਗਾਏ। ਇਸ ਤੋਂ ਬਾਅਦ ਹਰਿਆਣਾ ਕਾਂਗਰਸ ਦੇ ਵਿਧਾਇਕ ਸਭਾ ਵਿੱਚ ਪਹੁੰਚੇ ਅਤੇ ਉਥੇ ਵੀ ਹਰਿਆਣਾ ਕਾਂਗਰਸ ਦੇ ਵਿਧਾਇਕਾਂ ਨੇ 'ਵੋਟ ਚੋਰ ਗੱਦੀ ਛੋੜ' ਦੇ ਨਾਅਰੇ ਲਗਾਏ।

## ਚਾਰ ਸ਼ਰਧਾਲੂਆਂ ਦੀ ਮੌਤ



**ਕੈਥਲ** : ਪਿੰਡ ਕਿਓੜਕ ਨੇੜੇ ਸੋਮਵਾਰ ਸਵੇਰੇ 8 ਵਜੇ ਦੇ ਕਰੀਬ ਪਿਹੋਵਾ ਰੋਡ 'ਤੇ ਰਿਲਾਇੰਸ ਪੰਪ ਨੇੜੇ ਹਰਿਆਣਾ ਰੋਡਵੇਜ਼ ਹਿਸਾਰ ਡਿਪੂ ਦੀ ਬੱਸ ਅਤੇ ਪੰਜਾਬ ਨੰਬਰ ਦੀ ਇੱਕ ਪਿਕਅੱਪ ਗੱਡੀ ਦੀ ਸਿੱਧੀ ਟੱਕਰ 'ਚ ਪੰਜਾਬ ਦੇ ਚਾਰ ਸ਼ਰਧਾਲੂਆਂ ਦੀ ਮੌਤ ਹੋ ਗਈ, ਜਦੋਂ ਕਿ ਤਿੰਨ ਗੰਭੀਰ ਜ਼ਖਮੀ ਹੋ ਗਏ। ਇਹ ਪਿਹੋਵਾ ਗੁਰਦੁਆਰੇ ਸਤਿਸੰਗ ਵਿੱਚ ਸ਼ਾਮਲ ਹੋਣ ਲਈ ਜਾ ਰਹੇ ਸਨ।

## ਸੰਤ ਬਲਜਿੰਦਰ ਸਿੰਘ ਦਾ ਦੇਹਾਂਤ



**ਪਾਇਲ** : ਸੰਪਰਦਾਇ ਰਾੜਾ ਸਾਹਿਬ ਦੇ ਮੁਖੀ ਸੰਤ ਬਲਜਿੰਦਰ ਸਿੰਘ ਦਾ ਐਤਵਾਰ ਰਾਤ ਦੇਹਾਂਤ ਹੋ ਗਿਆ। ਰਾਤ ਕਰੀਬ ਇੱਕ ਵਜੇ ਉਨ੍ਹਾ ਨੂੰ ਸਾਹ ਲੈਣ ਵਿੱਚ ਤਕਲੀਫ ਆਉਣ ਹੋਣ 'ਤੇ ਗੁਰਦੁਆਰਾ ਸਾਹਿਬ ਦੇ ਨਿੱਜੀ ਹਸਪਤਾਲ ਲਿਜਾਇਆ ਗਿਆ। ਹਾਲਤ ਨਾਜ਼ੁਕ ਹੋਣ 'ਤੇ ਡਾਕਟਰਾਂ ਨੇ ਫੋਰਟਿਸ ਹਸਪਤਾਲ ਲੁਧਿਆਣਾ ਲਈ ਰੈਫਰ ਕਰ ਦਿੱਤਾ, ਪਰ ਰਾਹ ਵਿੱਚ ਹੀ ਉਨ੍ਹਾ ਸਰੀਰ ਤਿਆਗ ਦਿੱਤਾ।

# ਪਾਕਿਸਤਾਨ ਨੂੰ ਤਵੀ ਦਰਿਆ 'ਚ ਹੜ੍ਹ ਬਾਰੇ ਕੀਤਾ ਖ਼ਬਰਦਾਰ

**ਨਵੀਂ ਦਿੱਲੀ** : ਭਾਰਤ ਨੇ ਪਾਕਿਸਤਾਨ ਨੂੰ ਤਵੀ ਨਦੀ ਵਿੱਚ ਸੰਭਾਵਤ ਹੜ੍ਹ ਬਾਰੇ ਚੇਤਾਵਨੀ ਦਿੱਤੀ ਹੈ। ਮੀਡੀਆ ਰਿਪੋਰਟ ਅਨੁਸਾਰ ਭਾਵੇਂ ਕਿ ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਸਿੰਧੂ ਜਲ ਸੰਧੀ ਰੱਦ ਹੋਣ ਦੀ ਸਥਿਤੀ ਵਿੱਚ ਹੈ, ਪਰ ਇਸ ਦੇ ਬਾਵਜੂਦ ਭਾਰਤ ਨੇ ਸੰਭਾਵਤ ਹੜ੍ਹ ਬਾਰੇ ਜਾਣਕਾਰੀ ਸਾਂਝੀ ਕਰਨ ਲਈ ਪਾਕਿਸਤਾਨ ਨਾਲ ਸੰਪਰਕ ਕੀਤਾ ਹੈ।

ਇਸ ਸੰਬੰਧੀ ਭਾਰਤ ਜਾਂ ਪਾਕਿਸਤਾਨ ਵੱਲੋਂ ਕੋਈ ਅਧਿਕਾਰਤ ਪੁਸ਼ਟੀ ਨਹੀਂ ਕੀਤੀ ਗਈ। ਆਮ ਤੌਰ 'ਤੇ ਅਜਿਹੀ ਜਾਣਕਾਰੀ ਸਿੰਧੂ ਜਲ ਕਮਿਸ਼ਨਰ ਰਾਹੀਂ ਸਾਂਝੀ ਕੀਤੀ ਜਾਂਦੀ ਹੈ। ਸੂਤਰਾਂ ਦੇ ਹਵਾਲੇ ਨਾਲ ਦਾਅਵਾ ਕੀਤਾ ਗਿਆ ਕਿ ਭਾਰਤ ਨੇ ਪਾਕਿਸਤਾਨ ਨੂੰ ਜੰਮੂ ਵਿੱਚ ਤਵੀ ਨਦੀ ਵਿੱਚ ਸੰਭਾਵਤ ਵੱਡੇ ਹੜ੍ਹ ਬਾਰੇ ਚੇਤਾਵਨੀ ਦਿੱਤੀ ਅਤੇ ਇਸਲਾਮਾਬਾਦ ਵਿੱਚ ਭਾਰਤੀ ਹਾਈ ਕਮਿਸ਼ਨ ਨੇ ਇਹ ਚੇਤਾਵਨੀ ਸਾਂਝੀ ਕੀਤੀ ਹੈ। ਮਈ ਵਿੱਚ ਪਾਕਿਸਤਾਨ-ਭਾਰਤ ਤਣਾਅ ਤੋਂ ਬਾਅਦ ਇਹ ਦੋਵਾਂ ਮੁਲਕਾਂ ਦਰਮਿਆਨ ਪਹਿਲਾ ਵੱਡਾ ਸੰਪਰਕ ਹੈ। ਉਨ੍ਹਾ ਕਿਹਾ ਕਿ ਪਾਕਿਸਤਾਨੀ ਅਧਿਕਾਰੀਆਂ ਨੇ ਭਾਰਤ ਵੱਲੋਂ ਦਿੱਤੀ ਗਈ ਜਾਣਕਾਰੀ ਦੇ ਆਧਾਰ 'ਤੇ ਚੇਤਾਵਨੀਆਂ ਜਾਰੀ ਕੀਤੀਆਂ ਹਨ। ਜ਼ਿਕਰਯੋਗ ਹੈ ਕਿ ਪਹਿਲਗਾਮ ਅੱਤਵਾਦੀ ਹਮਲੇ ਤੋਂ ਇੱਕ ਦਿਨ ਬਾਅਦ 22 ਅਪ੍ਰੈਲ ਨੂੰ ਭਾਰਤ ਨੇ ਪਾਕਿਸਤਾਨ ਵਿਰੁੱਧ ਕਈ ਸਖਤ ਕਦਮ ਚੁੱਕੇ, ਜਿਨ੍ਹਾਂ ਵਿੱਚ 1960 ਦੇ ਸਿੰਧੂ ਜਲ ਸਮਝੌਤੇ ਨੂੰ ਰੱਦ ਕਰਨ ਦਾ ਫੈਸਲਾ ਵੀ ਸ਼ਾਮਲ ਸੀ। ਹਿਮਾਚਲ ਦੇ ਪਹਾੜਾਂ ਵਿੱਚ • ਬਾਕੀ ਸਫ਼ਾ 2 'ਤੇ

# ਵਰ੍ਹਦੇ ਮੀਂਹ 'ਚ ਵੀ ਰਾਹਤ ਕਾਰਜ ਜਾਰੀ

**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਾਪੁਰੀ)** : ਬਿਆਸ ਦਰਿਆ ਦੇ ਵਧੇ ਪਾਣੀ ਕਾਰਨ ਸੁਲਤਾਨਪੁਰ ਲੋਧੀ ਤੇ ਢਿਲਵਾਂ ਦੇ ਪ੍ਰਭਾਵਤ ਮੰਡ ਖੇਤਰ ਵਿੱਚ ਰਾਹਤ ਕਾਰਜ ਵਰ੍ਹਦੇ ਮੀਂਹ ਵਿਚ ਵੀ ਨਿਰੰਤਰ ਜਾਰੀ ਹਨ। ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਦੱਸਿਆ ਕਿ ਪਿਛਲੇ 2 ਦਿਨ ਤੋਂ ਹੋ ਰਹੀ ਭਾਰੀ ਵਰਖਾ ਦੇ ਬਾਵਜੂਦ ਰਾਹਤ ਕੰਮਾਂ ਵਿੱਚ ਲੱਗੀਆਂ ਟੀਮਾਂ ਵੱਲੋਂ ਸੇਵਾ ਭਾਵਨਾ ਨਾਲ ਕੰਮ ਕੀਤਾ ਜਾ ਰਿਹਾ ਹੈ। ਐੱਸ ਡੀ ਆਰ ਐੱਫ ਦੀਆਂ ਟੀਮਾਂ ਵੱਲੋਂ ਸੋਮਵਾਰ ਬਾਊਪੁਰ ਪਿੰਡ ਵਿੱਚੋਂ ਪਾਣੀ ਨਾਲ ਘਿਰੇ ਜਗਤ ਸਿੰਘ ਦੇ ਪੂਰੇ ਪਰਵਾਰ ਨੂੰ ਸੁਰੱਖਿਅਤ ਬਾਹਰ ਕੱਢਿਆ ਗਿਆ। ਉਨ੍ਹਾ ਦੱਸਿਆ ਕਿ ਰਾਹਤ ਕੰਮਾਂ ਤਹਿਤ ਵਿਸ਼ੇਸ਼ ਕਰਕੇ ਰਾਸ਼ਨ ਦੀ ਸਪਲਾਈ, ਬਿਮਾਰੀਆਂ ਤੋਂ ਬਚਾਅ ਲਈ ਦਵਾਈਆਂ ਤੇ ਪਸ਼ੂ ਧਨ ਲਈ ਸਾਈਲੇਜ ਦੀ ਸਪਲਾਈ ਖਰਾਬ ਮੌਸਮ ਦੇ ਮੱਦੇਨਜ਼ਰ ਹੋਰ ਅਸਰਦਾਰ ਢੰਗ ਨਾਲ ਕਰਨ ਲਈ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ। ਇਸ ਤੋਂ ਇਲਾਵਾ ਬਰਸਾਤੀ ਮੌਸਮ ਵਿਚ ਪਸ਼ੂ ਧਨ ਦੀ ਸਿਹਤ ਸੰਭਾਲ ਨੂੰ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ। ਵੈਟਰਨਰੀ ਡਾਕਟਰਾਂ ਦੀਆਂ ਟੀਮਾਂ ਵੱਲੋਂ ਕਿਸ਼ਤੀਆਂ ਰਾਹੀਂ ਪ੍ਰਭਾਵਤ ਲੋਕਾਂ ਤੱਕ ਪਹੁੰਚ ਕਰਕੇ ਪਸ਼ੂ ਧਨ ਦੀ ਜਾਂਚ ਕੀਤੀ ਜਾ ਰਹੀ ਹੈ। ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਅਪੀਲ



ਕੀਤੀ ਕਿ ਉਹ ਮੁਸਤੈਦ ਰਹਿਣ ਤੇ ਕਿਸੇ ਅਫ਼ਵਾਹ ਉਪਰ ਯਕੀਨ ਨਾ ਕਰਨ। ਲੋੜ ਪੈਣ ਵੇਲੇ ਕਿਸੇ ਸਹਾਇਤਾ ਲਈ ਲੋਕ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਨੰਬਰ 01822-231990, ਸੁਲਤਾਨਪੁਰ ਲੋਧੀ ਸਬ-ਡਵੀਜ਼ਨ ਦੇ ਹੜ੍ਹ ਰੋਕੂ ਕੰਟਰੋਲ ਰੂਮ 01828-222169 ਤੇ ਭੁਲੱਥ ਸਬ-ਡਵੀਜ਼ਨ ਦੇ ਪ੍ਰਭਾਵਤ ਖੇਤਰਾਂ ਲਈ ਹੈੱਲਪਲਾਇਨ 01822-271829 ਉਪਰ ਸੰਪਰਕ ਕਰਨ।

## ਵਾਈਸ ਚਾਂਸਲਰ ਜਥੇਦਾਰ ਅੱਗੇ ਪੇਸ਼



**ਅੰਮ੍ਰਿਤਸਰ** : ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਕਰਮਜੀਤ ਸਿੰਘ ਨੇ ਸੋਮਵਾਰ ਸ੍ਰੀ ਅਕਾਲ ਤਖਤ ਵਿਖੇ ਪੇਸ਼ ਹੋ ਕੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਕੋਲ ਆਪਣਾ ਪੱਖ ਰੱਖਿਆ। ਬੀਤੇ ਦਿਨੀਂ ਡਾ. ਕਰਮਜੀਤ ਸਿੰਘ ਵਿਰੁੱਧ ਦੱਖਣ ਭਾਰਤ ਵਿੱਚ ਇੱਕ ਸਮਾਗਮ ਦੌਰਾਨ ਗੁਰਮਤਿ ਫਲਸਫੇ ਦੇ ਵਿਰੁੱਧ ਪ੍ਰਗਟਾਵਾ ਕਰਨ ਕਰਕੇ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਸ਼ਿਕਾਇਤਾਂ ਪੁੱਜੀਆਂ ਸਨ। ਡਾ. ਕਰਮਜੀਤ ਸਿੰਘ ਨੇ ਜਥੇਦਾਰ ਗੜਗੱਜ ਅੱਗੇ ਆਪਣਾ ਪੱਖ ਨਿੱਜੀ ਅਤੇ ਲਿਖਤੀ ਰੂਪ ਵਿੱਚ ਰੱਖਿਆ। ਹੁਣ ਉਸ 'ਤੇ ਪੰਜ ਸਿੰਘ ਸਾਹਿਬਾਨ ਦੀ ਅਗਲੀ ਇਕੱਤਰਤਾ ਵਿੱਚ ਵਿਚਾਰ ਕਰਕੇ ਫੈਸਲਾ ਕੀਤਾ ਜਾਵੇਗਾ।

## 88 ਸਾਲਾ ਸਾਥੀ ਵੱਲੋਂ ਮਹਾਂ-ਸੰਮੇਲਨ ਲਈ 53 ਹਜ਼ਾਰ ਦਾ ਯੋਗਦਾਨ



**ਜਲੰਧਰ** : ਕਾਮਰੇਡ ਰਛਪਾਲ ਸਿੰਘ ਬੜਾ ਪਿੰਡ ਜਲੰਧਰ ਜ਼ਿਲ੍ਹੇ ਦੇ ਕਾਮਰੇਡਾਂ ਵਿੱਚੋਂ ਸਭ ਤੋਂ ਲੰਮੇਰੀ ਉਮਰ ਦੇ ਹਨ। ਅਠਾਸੀ ਸਾਲ ਦੀ ਉਮਰ ਵਿੱਚ ਵੀ ਉਹ ਪੂਰੀ ਤਰ੍ਹਾਂ ਤੰਦਰੁਸਤ ਹਨ। 'ਨਵਾਂ ਜ਼ਮਾਨਾ' ਦੀ ਸੰਚਾਲਕ ਸੰਸਥਾ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਉਹ ਪ੍ਰਧਾਨ ਹਨ। ਸੋਮਵਾਰ ਉਹ 'ਨਵਾਂ ਜ਼ਮਾਨਾ' ਦੇ ਦਫ਼ਤਰ ਆਏ ਤੇ ਆਪਣੇ ਵੱਲੋਂ ਇਕੱਤਰ ਕੀਤੇ ਫੰਡ ਦੇ 53 ਹਜ਼ਾਰ ਰੁਪਏ ਦਾ ਚੈੱਕ ਦੇ ਗਏ। ਇਹਨਾਂ ਵਿੱਚ 5 ਹਜ਼ਾਰ ਰੁਪਏ ਦੂਜੇ ਵੱਡੀ ਉਮਰ ਵਾਲੇ ਸਾਥੀ ਕਾਮਰੇਡ ਅਜੀਤ ਸਿੰਘ ਬੁਰਜ ਦੇ ਹਨ। ਕਾਮਰੇਡ ਰਛਪਾਲ ਸਿੰਘ ਨੇ ਕਿਹਾ ਕਿ ਉਹਨਾ ਦਾ ਟੀਚਾ 1 ਲੱਖ ਰੁਪਏ ਇਕੱਠੇ ਕਰਨ ਦਾ ਸੀ, ਪਰ ਪਿਛਲੇ ਦਿਨੀਂ ਸਿਹਤ ਵਿਗੜ ਜਾਣ ਕਾਰਨ ਟੀਚਾ ਪੂਰਾ ਨਹੀਂ ਕਰ ਸਕੇ। ਕਾਮਰੇਡ ਰਛਪਾਲ ਸਿੰਘ ਦੀ ਪਾਰਟੀ ਪ੍ਰਤੀ ਪ੍ਰਤੀਬੱਧਤਾ ਨੂੰ ਸਲਾਮ ਹੈ।

## 'ਕਿਸੇ ਨੂੰ ਪ੍ਰਧਾਨ ਮੰਤਰੀ ਦੀ ਡਿਗਰੀ ਦੇਖਣ ਦਾ ਹੱਕ ਨਹੀਂ'

**ਨਵੀਂ ਦਿੱਲੀ** : ਦਿੱਲੀ ਹਾਈ ਕੋਰਟ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਬੈਚੂਲਰ ਡਿਗਰੀ ਜਨਤਕ ਕਰਨ ਦੇ ਹੁਕਮਾਂ ਨੂੰ ਸੋਮਵਾਰ ਰੱਦ ਕਰ ਦਿੱਤਾ। ਕੇਂਦਰੀ ਸੂਚਨਾ ਕਮਿਸ਼ਨ ਨੇ ਇਸ ਸੰਬੰਧੀ ਰਿਕਾਰਡ ਜਨਤਕ ਕਰਨ ਦੇ ਹੁਕਮ ਦਿੱਤੇ ਸਨ, ਜਿਸ ਨੂੰ ਅਦਾਲਤ ਨੇ ਰੱਦ ਕਰ ਦਿੱਤਾ। ਜਸਟਿਸ ਸਚਿਨ ਦੱਤਾ, ਜਿਨ੍ਹਾ 27 ਫਰਵਰੀ ਨੂੰ ਫੈਸਲਾ ਰਾਖਵਾਂ ਰੱਖਿਆ ਸੀ, ਨੇ ਕਮਿਸ਼ਨ ਦੇ ਹੁਕਮ ਨੂੰ ਚੁਣੌਤੀ ਦੇਣ ਵਾਲੀ ਦਿੱਲੀ ਯੂਨੀਵਰਸਿਟੀ ਦੀ ਪਟੀਸ਼ਨ 'ਤੇ ਫੈਸਲਾ ਸੁਣਾਇਆ। ਨੀਰਜ ਨਾਂਅ ਦੇ ਵਿਅਕਤੀ ਨੇ ਆਰ ਟੀ ਆਈ ਰਾਹੀਂ ਪ੍ਰਧਾਨ ਮੰਤਰੀ ਦੀ ਡਿਗਰੀ ਸੰਬੰਧੀ ਰਿਕਾਰਡ ਮੰਗਿਆ ਸੀ। ਇਸ ਤੋਂ ਬਾਅਦ ਕਮਿਸ਼ਨ ਨੇ 21 ਦਸੰਬਰ 2016 ਨੂੰ ਹੁਕਮ ਜਾਰੀ ਕਰ ਕੇ 1978 ਵਿੱਚ ਬੀ ਏ ਦੀ ਪ੍ਰੀਖਿਆ ਪਾਸ ਕਰਨ ਵਾਲੇ ਸਾਰੇ ਵਿਦਿਆਰਥੀਆਂ ਦੇ ਰਿਕਾਰਡ ਦੀ ਜਾਂਚ ਕਰਨ ਦੀ ਇਜਾਜ਼ਤ ਦਿੱਤੀ। ਇਸ ਸਾਲ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀ ਇਹ ਪ੍ਰੀਖਿਆ ਪਾਸ ਕੀਤੀ ਸੀ। ਇਸ ਤੋਂ ਬਾਅਦ ਹਾਈ ਕੋਰਟ ਨੇ 23 ਜਨਵਰੀ, 2017 ਨੂੰ ਕਮਿਸ਼ਨ ਦੇ ਹੁਕਮਾਂ 'ਤੇ ਰੋਕ ਲਗਾ ਦਿੱਤੀ। ਦਿੱਲੀ ਯੂਨੀਵਰਸਿਟੀ ਵੱਲੋਂ ਪੇਸ਼ ਹੋਏ ਸੋਲੀਸਿਟਰ ਜਨਰਲ ਤੁਸ਼ਾਰ ਮਹਿਤਾ ਨੇ ਦਲੀਲ ਦਿੱਤੀ ਕਿ ਕਮਿਸ਼ਨ ਦੇ ਹੁਕਮ ਨੂੰ ਇਕ ਪਾਸੇ ਰੱਖਿਆ ਜਾਣਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਯੂਨੀਵਰਸਿਟੀ ਨੂੰ ਅਦਾਲਤ ਨੂੰ ਆਪਣਾ ਰਿਕਾਰਡ ਦਿਖਾਉਣ 'ਤੇ ਕੋਈ ਇਤਰਾਜ਼ ਨਹੀਂ। ਦਿੱਲੀ ਯੂਨੀਵਰਸਿਟੀ ਨੇ ਕਿਹਾ ਸੀ ਕਿ ਆਰ ਟੀ ਆਈ ਤਹਿਤ ਜਨਤਕ ਹਿੱਤ ਦੀ ਅਣਹੋਂਦ ਵਿੱਚ ਕੋਈ ਵੀ ਨਿੱਜੀ ਜਾਣਕਾਰੀ ਲੈਣ ਦਾ ਹੱਕਦਾਰ ਨਹੀਂ ਹੈ।

## ਐੱਮ ਐੱਸ ਪੀ ਸਿਰਫ ਪੰਜਾਬ ਤੇ ਹਰਿਆਣਾ ਨਹੀਂ ਮੰਗਦੇ : ਡੱਲੇਵਾਲ

**ਨਵੀਂ ਦਿੱਲੀ** : ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਦੇ ਆਗੂ ਜਗਜੀਤ ਸਿੰਘ ਡੱਲੇਵਾਲ ਨੇ ਸੋਮਵਾਰ ਕਿਹਾ ਕਿ ਸਾਰੀਆਂ ਫਸਲਾਂ 'ਤੇ ਐੱਮ ਐੱਸ ਪੀ ਦੀ ਕਾਨੂੰਨੀ ਗਰੰਟੀ ਦੀ ਮੰਗ ਸਿਰਫ ਪੰਜਾਬ ਤੇ ਹਰਿਆਣਾ ਦੇ ਕਿਸਾਨਾਂ ਦੀ ਨਹੀਂ, ਬਲਕਿ ਪੂਰੇ ਦੇਸ਼ ਦੇ ਕਿਸਾਨਾਂ ਦੀ ਹੈ। ਡੱਲੇਵਾਲ ਇੱਥੇ ਜੰਤਰ-ਮੰਤਰ ਵਿਖੇ 'ਕਿਸਾਨ ਮਹਾਂ-ਪੰਚਾਇਤ' ਨੂੰ ਸੰਬੋਧਨ ਕਰ ਰਹੇ ਸਨ। ਇਹ ਮਹਾਂ-ਪੰਚਾਇਤ ਤਿੰਨ ਮੁੱਖ ਮੁੱਦਿਆਂ—ਸਾਰੀਆਂ ਫਸਲਾਂ 'ਤੇ ਘੱਟੋ-ਘੱਟ ਸਮਰਥਨ ਮੁੱਲ (ਐੱਮ ਐੱਸ ਪੀ) ਦੀ ਕਾਨੂੰਨੀ ਗਰੰਟੀ, ਇਹ ਯਕੀਨੀ ਬਣਾਉਣਾ ਕਿ ਖੇਤੀਬਾੜੀ, ਡੇਅਰੀ, ਪੋਲਟਰੀ ਅਤੇ ਮੱਛੀ ਪਾਲਣ ਖੇਤਰਾਂ ਨੂੰ ਅਮਰੀਕਾ ਨਾਲ ਕਿਸੇ ਵੀ ਪ੍ਰਸਤਾਵਤ ਵਪਾਰ ਸਮਝੌਤੇ ਤੋਂ ਬਾਹਰ ਰੱਖਿਆ ਜਾਵੇ ਅਤੇ 2020-21 ਦੇ ਅੰਦੋਲਨ ਦੌਰਾਨ ਕਿਸਾਨਾਂ ਵਿਰੁੱਧ ਦਰਜ ਪੁਲਸ ਕੇਸਾਂ ਨੂੰ ਵਾਪਸ ਲਿਆ ਜਾਵੇ, 'ਤੇ ਕੇਂਦਰਤ ਸੀ।

## ਅੱਜ-ਨਾਮਾ

ਮੀਂਹ ਨੇ ਮਾਰੀ ਪੰਜਾਬ ਵਿੱਚ ਮਾਰ ਡਾਢੀ,
ਲੋਕੀਂ ਮੁਸ਼ਕਲ ਦੇ ਵਿੱਚ ਹਨ ਫਸੇ ਬੇਲੀ।
ਬੈਠੇ ਆ ਛੱਤਾਂ 'ਤੇ ਕਈ ਪਰਵਾਰ ਦਿੱਸਦੇ,
ਜਾਨਵਰ ਪਾਣੀ ਦੇ ਵਿੱਚ ਆ ਖੜੇ ਮੀਆਂ।
ਸ਼ੂਕਦਾ ਪਾਣੀ ਦਰਿਆ ਦਾ ਪਿਆ ਓਧਰ,
ਆਕਾਸ਼ੋਂ ਵਰ੍ਹੇ ਪਾਣੀ ਜਿੱਦਾਂ ਘੜੇ ਮੀਆਂ।
ਪੂਰੀ ਪੁੱਜਦੀ ਰਾਹਤ ਨਹੀਂ ਸਿਰੇ ਤੀਕਰ,
ਦਾਅਵੇ ਸੁਣੇ ਗਏ ਹੁੰਦੇ ਆ ਬੜੇ ਮੀਆਂ।
ਕਰਨੀ ਔਖੀ ਆ ਪਹੁੰਚ ਸਰਕਾਰ ਤੀਕਰ,
ਕਰੋ ਤਾਂ ਸੁਣੇ ਨਾ ਕੋਈ ਸ਼ਿਕਾਇਤ ਮੀਆਂ।
ਕਰੀ ਇਮਦਾਦ ਆ ਆਂਢ-ਗਵਾਂਢੀਆਂ ਨੇ,
ਪਾਲਦੇ ਮੁੱਢਾਂ ਤੋਂ ਆਏ ਰਿਵਾਇਤ ਮੀਆਂ।

-ਤੀਸ ਮਾਰ ਖਾਂ

# ਧਨਖੜ ਘਰ 'ਚ ਨਜ਼ਰਬੰਦ ਨਹੀਂ : ਅਮਿਤ ਸ਼ਾਹ

**ਨਵੀਂ ਦਿੱਲੀ** : ਸਾਬਕਾ ਉਪ ਰਾਸ਼ਟਰਪਤੀ ਜਗਦੀਪ ਧਨਖੜ ਦੇ ਅਸਤੀਫੇ ਬਾਰੇ ਵਧਦੀਆਂ ਅਟਕਲਾਂ ਦਰਮਿਆਨ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਸੋਮਵਾਰ ਕਿਹਾ ਕਿ ਧਨਖੜ ਨੇ ਸਿਹਤ ਸਮੱਸਿਆਵਾਂ ਕਾਰਨ ਅਸਤੀਫਾ ਦਿੱਤਾ ਸੀ। ਉਨ੍ਹਾ ਵਿਰੋਧੀ ਧਿਰ ਦੇ ਦਾਅਵਿਆਂ ਨੂੰ ਖਾਰਜ ਕਰ ਦਿੱਤਾ ਕਿ ਉਹ (ਧਨਖੜ) ਘਰ ਵਿੱਚ ਨਜ਼ਰਬੰਦ ਹਨ।

ਕੇਂਦਰੀ ਗ੍ਰਹਿ ਮੰਤਰੀ ਨੇ ਏ ਐੱਨ ਆਈ ਨੂੰ ਦਿੱਤੀ ਇੰਟਰਵਿਊ ਵਿੱਚ ਕਿਹਾ, 'ਧਨਖੜ ਸਾਹਿਬ ਦਾ ਅਸਤੀਫਾ ਪੱਤਰ ਆਪਣੇ ਆਪ ਵਿੱਚ ਸਪੱਸ਼ਟ ਹੈ। ਉਨ੍ਹਾ ਆਪਣੇ ਅਸਤੀਫੇ ਲਈ ਸਿਹਤ ਕਾਰਨਾਂ ਦਾ ਹਵਾਲਾ ਦਿੱਤਾ ਹੈ। ਉਨ੍ਹਾ ਪ੍ਰਧਾਨ ਮੰਤਰੀ ਅਤੇ ਹੋਰ ਮੰਤਰੀਆਂ ਅਤੇ ਸਰਕਾਰੀ ਮੈਂਬਰਾਂ ਦਾ ਉਨ੍ਹਾ ਦੇ ਚੰਗੇ ਕਾਰਜਕਾਲ ਲਈ ਦਿਲੋਂ ਧੰਨਵਾਦ ਵੀ ਕੀਤਾ ਹੈ।' ਧਨਖੜ ਨੂੰ ਘਰ ਵਿੱਚ ਨਜ਼ਰਬੰਦ ਕੀਤੇ ਜਾਣ, ਜਿਵੇਂ ਕਿ ਕੁਝ ਵਿਰੋਧੀ ਆਗੂਆਂ ਵੱਲੋਂ ਦਾਅਵਾ ਕੀਤਾ ਗਿਆ ਹੈ,



ਬਾਰੇ ਪੁੱਛੇ ਜਾਣ 'ਤੇ ਸ਼ਾਹ ਨੇ ਕਿਹਾ ਕਿ ਸੱਚ ਅਤੇ ਝੂਠ ਦੀ ਵਿਆਖਿਆ ਸਿਰਫ ਵਿਰੋਧੀ ਧਿਰ ਦੇ ਬਿਆਨਾਂ 'ਤੇ ਨਿਰਭਰ ਨਹੀਂ ਹੋਣੀ ਚਾਹੀਦੀ। ਉਨ੍ਹਾ ਸਾਬਕਾ ਉਪ ਰਾਸ਼ਟਰਪਤੀ ਦੇ ਅਸਤੀਫੇ ਬਾਰੇ ਬੇਲੋੜਾ ਹੰਗਾਮਾ ਕਰਨ ਖਿਲਾਫ ਚੇਤਾਵਨੀ ਦਿੱਤੀ।

ਸ਼ਾਹ ਨੇ ਕਿਹਾ, 'ਧਨਖੜ ਇੱਕ ਸੰਵਿਧਾਨਕ ਅਹੁਦੇ 'ਤੇ ਸਨ ਅਤੇ ਉਨ੍ਹਾ ਸੰਵਿਧਾਨ ਅਨੁਸਾਰ ਆਪਣੀਆਂ ਡਿਊਟੀਆਂ ਨਿਭਾਈਆਂ।

ਉਨ੍ਹਾ ਨਿੱਜੀ ਸਿਹਤ ਕਾਰਨਾਂ ਕਰਕੇ ਅਸਤੀਫਾ ਦੇ ਦਿੱਤਾ। ਇਸ ਮੁੱਦੇ 'ਤੇ ਜ਼ਿਆਦਾ ਚਰਚਾ ਨਹੀਂ ਹੋਣੀ ਚਾਹੀਦੀ।'

ਕਾਬਿਲੇਗੌਰ ਹੈ ਕਿ ਵਿਰੋਧੀ ਧਿਰਾਂ ਦੇ ਆਗੂਆਂ ਵੱਲੋਂ ਲਗਾਤਾਰ ਇਹ ਦਾਅਵਾ ਕੀਤਾ ਜਾ ਰਿਹਾ ਹੈ ਕਿ ਸਰਕਾਰ ਨੇ ਧਨਖੜ ਨੂੰ ਚੁੱਪ ਕਰਾ ਦਿੱਤਾ ਸੀ। ਕਾਂਗਰਸ ਨੇਤਾ ਜੈਰਾਮ ਰਮੇਸ਼ ਨੇ ਕਿਹਾ ਕਿ ਦੇਸ਼ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੈ ਕਿ ਕਿਸੇ ਉਪ ਰਾਸ਼ਟਰਪਤੀ ਨੂੰ ਉਨ੍ਹਾ ਦੇ ਅਸਤੀਫੇ ਦੇ ਨਾਲ ਹੀ ਚੁੱਪ ਕਰਵਾ ਦਿੱਤਾ ਗਿਆ ਹੋਵੇ। ਸੁਪਰੀਮ ਕੋਰਟ ਦੇ ਵਕੀਲ ਅਤੇ ਸੀਨੀਅਰ ਆਗੂ ਕਪਿਲ ਸਿੱਬਲ ਨੇ ਵੀ ਇਹ ਸਵਾਲ ਉਠਾਇਆ ਸੀ ਕਿ ਕੀ ਧਨਖੜ ਦੀ ਜਨਤਕ ਤੌਰ 'ਤੇ ਗੈਰਹਾਜ਼ਰੀ ਨੂੰ ਦੇਖਦੇ ਹੋਏ ਹੈਬੀਅਸ ਕਾਰਪਸ ਪਟੀਸ਼ਨ ਦਾਇਰ ਕੀਤੀ ਜਾਣੀ ਚਾਹੀਦੀ ਹੈ। ਜਗਦੀਪ ਧਨਖੜ ਨੇ 21 ਜੁਲਾਈ ਨੂੰ ਸੰਸਦ ਦੇ ਮੌਨਸੂਨ ਸੈਸ਼ਨ ਦੇ ਪਹਿਲੇ ਦਿਨ ਇਹ ਕਹਿੰਦੇ ਹੋਏ ਅਸਤੀਫਾ ਦੇ ਦਿੱਤਾ, 'ਉਹ ਸਿਹਤ ਸੰਭਾਲ ਨੂੰ ਤਰਜੀਹ ਦੇਣਾ ਅਤੇ ਡਾਕਟਰੀ ਸਲਾਹ ਦੀ ਪਾਲਣਾ ਕਰਨਾ ਚਾਹੁੰਦੇ ਹਨ।'

# ਪ੍ਰਗਟਾਵੇ ਦੀ ਆਜ਼ਾਦੀ ਵਪਾਰਕ ਭਾਸ਼ਣ 'ਤੇ ਲਾਗੂ ਨਹੀਂ ਹੁੰਦੀ : ਸੁਪਰੀਮ ਕੋਰਟ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸੋਮਵਾਰ ਇੰਡੀਆਜ਼ ਗੌਟ ਲੈਟੈਂਟ ਦੇ ਮੇਜ਼ਬਾਨ ਸਮਯ ਰੈਨਾ ਸਮੇਤ ਪੰਜ ਸੋਸ਼ਲ ਮੀਡੀਆ ਇਨਫਲੂਐਂਸਰਾਂ ਨੂੰ ਦਿਵਿਆਂਗ ਵਿਅਕਤੀਆਂ ਅਤੇ ਦੁਰਲੱਭ ਜੈਨੇਟਿਕ ਬਿਮਾਰੀਆਂ ਤੋਂ ਪੀੜਤ ਲੋਕਾਂ ਦਾ ਮਜ਼ਾਕ ਉਡਾਉਣ ਲਈ ਆਪਣੇ ਪੋਡਕਾਸਟ ਜਾਂ ਸ਼ੋਅ 'ਤੇ ਬਿਨਾਂ ਸ਼ਰਤ ਮੁਆਫੀ ਪ੍ਰਦਰਸ਼ਤ ਕਰਨ ਦਾ ਨਿਰਦੇਸ਼ ਦਿੱਤਾ ਹੈ।

ਜਸਟਿਸ ਸੂਰੀਆ ਕਾਂਤ ਅਤੇ ਜੋਏਮਲਿਆ ਬਾਗਚੀ ਦੀ ਬੈਂਚ ਨੇ ਕੇਂਦਰ ਨੂੰ ਦਿਵਿਆਂਗ, ਔਰਤਾਂ, ਬੱਚਿਆਂ ਅਤੇ ਸੀਨੀਅਰ ਨਾਗਰਿਕਾਂ ਦਾ ਅਪਮਾਨ ਕਰਨ ਜਾਂ ਮਜ਼ਾਕ ਉਡਾਉਣ ਵਾਲੇ ਭਾਸ਼ਣਾਂ 'ਤੇ ਰੋਕ ਲਗਾਉਣ ਲਈ ਦਿਸ਼ਾ-ਨਿਰਦੇਸ਼ ਬਣਾਉਣ ਲਈ ਕਿਹਾ। ਕੋਰਟ ਨੇ ਕਿਹਾ ਕਿ ਭਾਸ਼ਣ ਅਤੇ ਪ੍ਰਗਟਾਵੇ ਦੀ ਆਜ਼ਾਦੀ ਵਪਾਰਕ ਭਾਸ਼ਣ 'ਤੇ ਲਾਗੂ ਨਹੀਂ ਹੋ ਸਕਦੀ, ਜੋ ਕਿ ਦੂਜੇ ਭਾਈਚਾਰਿਆਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਂਦੀ ਹੈ। ਉਸ ਨੇ ਕਿਹਾ ਕਿ ਅਦਾਲਤ ਬਾਅਦ ਵਿੱਚ ਸਮਯ ਰੈਨਾ ਸਮੇਤ ਸੋਸ਼ਲ ਮੀਡੀਆ ਇਨਫਲੂਐਂਸਰਾਂ ਦੁਆਰਾ ਦਿਵਿਆਂਗ ਵਿਅਕਤੀਆਂ ਦਾ ਅਪਮਾਨ ਕਰਨ ਲਈ ਜੁਰਮਾਨਾ ਲਗਾਉਣ 'ਤੇ ਵਿਚਾਰ ਕਰੇਗੀ। ਇਹ ਪੰਜੇ ਦਿਵਿਆਂਗਾਂ ਅਤੇ ਸਪਾਈਨਲ ਮਸਕੂਲਰ

### ਮਜ਼ਾਕ ਉਡਾਉਣ ਵਾਲੇ ਇਨਫਲੂਐਂਸਰਾਂ ਨੂੰ ਝਾੜਿਆ

ਐਟਰੋਫੀ ਅਤੇ ਦ੍ਰਿਸ਼ਟੀਹੀਣਤਾ ਤੋਂ ਪੀੜਤ ਲੋਕਾਂ ਦਾ ਮਜ਼ਾਕ ਉਡਾਉਣ ਦੇ ਦੋਸ਼ੀ ਹਨ। ਸੋਨਾਲੀ ਠੱਕਰ ਉਰਫ ਸੋਨਾਲੀ ਆਦਿਤਿਆ ਦੇਸਾਈ ਨੂੰ ਛੱਡ ਕੇ, ਜਿਸ ਨੂੰ ਇਸ ਸ਼ਰਤ 'ਤੇ ਨਿੱਜੀ ਤੌਰ 'ਤੇ ਪੇਸ਼ ਹੋਣ ਤੋਂ ਛੋਟ ਦਿੱਤੀ ਗਈ ਸੀ ਕਿ ਉਸ ਦੇ ਪ੍ਰੋਗਰਾਮ ਵਿੱਚ ਬਿਨਾਂ ਸ਼ਰਤ ਮੁਆਫੀ ਦਾ ਪ੍ਰਸਾਰਨ ਕੀਤਾ ਜਾਵੇਗਾ, ਬਾਕੀ ਸੋਸ਼ਲ ਮੀਡੀਆ ਇਨਫਲੂਐਂਸਰ ਅਦਾਲਤ ਵਿੱਚ ਮੌਜੂਦ ਸਨ। ਬੈਂਚ ਨੇ ਅਟਾਰਨੀ ਜਨਰਲ ਆਰ ਵੈਂਕਟਾਰਮਨੀ ਨੂੰ ਕਿਹਾ ਕਿ ਸੋਸ਼ਲ ਮੀਡੀਆ ਨਿਯਮਾਂ ਲਈ ਦਿਸ਼ਾ-ਨਿਰਦੇਸ਼ ਇੱਕ ਘਟਨਾ 'ਤੇ ਕਾਹਲੀ ਨਾਲ ਕੀਤੀ ਗਈ ਪ੍ਰਤੀਕਿਰਿਆ ਨਹੀਂ ਹੋਣੀ ਚਾਹੀਦੀ, ਬਲਕਿ ਸਾਰੇ ਹਿੱਸੇਦਾਰਾਂ ਦੇ ਵਿਚਾਰਾਂ ਨੂੰ ਸ਼ਾਮਲ ਕਰਨ ਵਾਲੇ ਵਿਆਪਕ ਆਧਾਰਤ ਮਾਪਦੰਡਾਂ 'ਤੇ ਅਧਾਰਤ ਹੋਣੀ ਚਾਹੀਦੀ ਹੈ। ਸੁਪਰੀਮ ਕੋਰਟ ਨੇ ਸਮਯ ਰੈਨਾ ਨੂੰ ਉਸ ਦੇ ਮੁਆਫੀ ਮੰਗਣ ਵਾਲੇ ਹਲਫਨਾਮੇ ਲਈ ਵੀ ਝਾੜ ਪਾਈ ਅਤੇ ਕਿਹਾ ਕਿ ਉਸ ਨੇ ਸ਼ੁਰੂ ਵਿੱਚ ਆਪਣਾ ਬਚਾਅ ਕਰਨ ਅਤੇ ਆਪਣੇ ਆਪ ਨੂੰ ਨਿਰਦੋਸ਼ ਦਿਖਾਉਣ ਦੀ ਕੋਸ਼ਿਸ਼ ਕੀਤੀ।

CMYK

## ਲੋਕ ਚੇਤਨਾ ਜੱਥਾ ਮਾਰਚ ਦਾ ਲੁਧਿਆਣਾ ਪੁੱਜਣ 'ਤੇ ਕੀਤਾ ਜਾਵੇਗਾ ਭਰਵਾਂ ਸਵਾਗਤ : ਭਾਟੀਆ



**ਲੁਧਿਆਣਾ (ਕਬੂਰੀਆ)**-ਭਾਰਤੀ ਕਮਿਊਨਿਸਟ ਪਾਰਟੀ ਲੁਧਿਆਣਾ ਸ਼ਹਿਰੀ ਦੇ ਸਕੱਤਰ ਐੱਮ ਐੱਸ ਭਾਟੀਆ ਨੇ ਪ੍ਰੈੱਸ ਨੂੰ ਜਾਰੀ ਇੱਕ ਬਿਆਨ ਵਿੱਚ ਕਿਹਾ ਕਿ ਭਾਰਤੀ ਕਮਿਊਨਿਸਟ ਪਾਰਟੀ ਦਾ 25ਵਾਂ ਕੌਮੀ ਮਹਾਂ ਸੰਮੇਲਨ 21 ਤੋਂ 25 ਸਤੰਬਰ 2025 ਨੂੰ ਚੰਡੀਗੜ੍ਹ ਵਿਖੇ ਹੋ ਰਿਹਾ ਹੈ।ਇਸ ਸੰਦਰਭ ਵਿੱਚ ਪਾਰਟੀ ਦਾ ਜੱਥਾ ਹੁਸੈਨੀਵਾਲਾ ਤੋਂ 21 ਅਗਸਤ ਨੂੰ ਚੱਲਿਆ ਹੋਇਆ ਹੈ ਤੇ ਉਹ ਲੁਧਿਆਣਾ ਜ਼ਿਲ੍ਹੇ ਵਿੱਚ 26 ਤਰੀਕ ਮੰਗਲਵਾਰ ਦਾਖਲ ਹੋਵੇਗਾ।ਸਭ ਤੋਂ ਪਹਿਲਾਂ ਜਗਰਾਉਂ ਵਿਖੇ ਬੱਸ ਅੱਡੇ 'ਤੇ ਇੱਕ ਰੈਲੀ ਕੀਤੀ ਜਾਏਗੀ।ਉਸ ਉਪਰੰਤ ਜੱਥਾ ਲੁਧਿਆਣਾ ਸ਼ਹਿਰ ਪਹੁੰਚੇਗਾ ਤੇ ਉਸ ਦਾ ਐੱਮ ਬੀ ਡੀ ਮਾਲ ਦੇ ਸਾਹਮਣੇ ਪੁੱਲ ਦੇ ਥੱਲੇ ਸੁਆਗਤ ਬਾਅਦ ਦੁਪਹਿਰ 3.00 ਵਜੇ ਕੀਤਾ ਜਾਏਗਾ।ਉਪਰੰਤ ਘੁੰਮਾਰ ਮੰਡੀ ਵਿੱਚ ਦੀ ਹੁੰਦਾ ਹੋਇਆ ਜੱਥਾ ਜਗਰਾਉਂ ਪੁਲ 'ਤੇ ਪੁੱਜੇਗਾ, ਜਿੱਥੇ ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਦੇ ਬੁੱਤਾਂ ਨੂੰ ਹਾਰ ਪਾ ਕੇ ਸ਼ਰਧਾਂਜਲੀ ਭੇਂਟ ਕੀਤੀ ਜਾਏਗੀ।ਇਸ ਜੱਥੇ ਦੀ ਅਗਵਾਈ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਡੀ ਪੀ ਮੌੜ, ਸਹਾਇਕ ਸਕੱਤਰ ਕਾਮਰੇਡ ਚਮਕੌਰ ਸਿੰਘ ਤੇ ਸ਼ਹਿਰੀ ਸਕੱਤਰ ਕਾਮਰੇਡ ਐੱਮ ਐੱਸ ਭਾਟੀਆ ਕਰਨਗੇ।

## ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਸਦਮਾ, ਸਪੁੱਤਰੀ ਦਾ ਦਿਹਾਂਤ



**ਲੌਂਗੋਵਾਲ (ਪ੍ਰਦੀਪ ਸੱਪਲ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਉਸ ਸਮੇਂ ਵੱਡਾ ਸਦਮਾ ਪੁੱਜਾ, ਜਦ ਉਨ੍ਹਾਂ ਦੀ ਹੋਣਹਾਰ ਸਪੁੱਤਰੀ ਤੇ ਬਾਬਾ ਪੂਰਨ ਸਿੰਘ ਪਿੰਗਲਾਘਰ ਦੀ ਸੰਚਾਲਿਕਾ ਡਾ. ਇੰਦਰਜੀਤ ਕੌਰ ਦੀ ਭਾਣਜੀ ਬੀਬਾ ਗੁਰਮਨ ਕੌਰ, ਜੋ ਪਿਛਲੇ ਲੰਮੇ ਸਮੇਂ ਤੋਂ ਬਰੇਨ ਟਿਊਮਰ ਦੀ ਬਿਮਾਰੀ ਨਾਲ ਪੀੜਤ ਸਨ, ਜਿਨ੍ਹਾਂ ਦਾ ਬੀਤੀ ਰਾਤ ਫੋਰਟਿਸ ਹਸਪਤਾਲ ਮੋਹਾਲੀ ਵਿਖੇ ਦਿਹਾਂਤ ਹੋ ਗਿਆ।ਇਸ ਮਾੜੀ ਖ਼ਬਰ ਦੇ ਸੁਣਦਿਆਂ ਲੌਂਗੋਵਾਲ ਤੇ ਆਲੇ-ਦੁਆਲੇ ਦੇ ਪਿੰਡਾਂ ਵਿੱਚ ਸੋਗ ਦੀ ਲਹਿਰ ਫੈਲ ਗਈ।ਇਸ ਮੌਤ 'ਤੇ ਕੈਬਨਿਟ ਮੰਤਰੀ ਅਮਨ ਅਰੋੜਾ, ਸਾਬਕਾ ਕੈਬਨਿਟ ਮੰਤਰੀ ਪਰਮਿੰਦਰ ਸਿੰਘ ਢੀਂਡਸਾ, ਜਥੇਦਾਰ ਉਦੇ ਸਿੰਘ ਲੌਂਗੋਵਾਲ, ਮਹਿੰਦਰ ਸਿੰਘ ਦੁੱਲਟ, ਜੀਤ ਸਿੰਘ ਸਿੱਧੂ, ਦਲਜੀਤ ਸਿੰਘ ਸਿੱਧੂ ਸਾਬਕਾ ਪ੍ਰਧਾਨ, ਹਰਜੀਤ ਸਿੰਘ ਗਿੱਲ ਸਾਬਕਾ ਕੌਂਸਲਰ, ਬਲਵਿੰਦਰ ਸਿੰਘ ਢਿੱਲੋਂ, ਅਮਰਜੀਤ ਸਿੰਘ ਗਿੱਲ, ਅੰਮ੍ਰਿਤਪਾਲ ਸਿੰਘ ਸਿੱਧੂ, ਮਾ. ਨਰਿੰਦਰ ਸ਼ਰਮਾ, ਨਿਟੂ ਸ਼ਰਮਾ, ਸੁਰਜੀਤ ਸਿੰਘ ਦੁੱਲਟ, ਭਾਜਪਾ ਮੰਡਲ ਪ੍ਰਧਾਨ ਰਤਨ ਕੁਮਾਰ ਮੰਗੂ, ਡਾ. ਕੇਵਲ ਚੰਦ ਧੋਲਾ, ਡਾ. ਗੁਰਪ੍ਰੀਤ ਸਿੰਘ ਵਾਲੀਆ, ਡਾ. ਮੁਨੀਸ਼ ਕੁਮਾਰ ਵਸ਼ਿਸ਼ਟ, ਗੁਰਜੰਟ ਸਿੰਘ ਦੁੱਲਟ, ਸਾਬਕਾ ਕੌਂਸਲਰ ਅਵਤਾਰ ਸਿੰਘ ਦੁੱਲਟ, ਵਿਜੇ ਗੋਇਲ, ਕਾਲਾ ਮਿੱਤਲ, ਸੰਜੇ ਸੇਨ, ਸਾਬਕਾ ਪ੍ਰਧਾਨ ਪਾਲੀ ਕਮਲ, ਗੁਰੂ ਸਾਗਰ ਮਸਤੂਆਣਾ ਸਾਹਿਬ ਦੇ ਸਕੱਤਰ ਜਸਵੰਤ ਸਿੰਘ ਖਹਿਰਾ, ਡਾ. ਰੂਪ ਸਿੰਘ ਸ਼ੇਰੋਂ, ਭਾਈ ਬਲਵਿੰਦਰ ਸਿੰਘ ਕੈਂਥਵਾਲ, ਦਰਸ਼ਨ ਸਿੰਘ ਸਰਪੰਚ, ਲਖਵਿੰਦਰ ਸਿੰਘ ਝਾਲ, ਪਰਮਜੀਤ ਸਿੰਘ ਭੋਲਾ, ਗੁਰਜੀਤ ਸਿੰਘ ਪਟਵਾਰੀ ਸਾਬਕਾ ਕਾਨੂੰਗੋ ਤੋਂ ਇਲਾਵਾ ਵੱਖ-ਵੱਖ ਪਿੰਡਾਂ ਦੇ ਪੰਚ-ਸਰਪੰਚਾਂ ਨੇ ਵੱਡੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

## ਭਾਰੀ ਮੀਂਹ ਕਾਰਨ ਗਰੀਬ ਦਾ ਘਰ ਡਿੱਗਿਆ



**ਬੱਧਨੀ ਕਲਾਂ (ਲਵਲੀ ਮਾਛੀਕੇ)**-ਭਾਰੀ ਮੀਂਹ ਦੇ ਚੱਲਦਿਆਂ ਪਿੰਡ ਰਾਮਾਂ ਵਿਖੇ ਰਣਯੋਧ ਸਿੰਘ ਪੁੱਤਰ ਕੇਵਲ ਸਿੰਘ ਰਾਮਦਾਸੀਆ ਸਿੱਖ ਗਰੀਬ ਪਰਿਵਾਰ ਦਾ ਮਕਾਨ ਡਿੱਗ ਪਿਆ, ਪਰ ਕੋਈ ਜਾਨੀ ਨੁਕਸਾਨ ਨਹੀਂ ਹੋਇਆ, ਪਰ ਮਾਲੀ ਨੁਕਸਾਨ ਬਹੁਤ ਹੋਇਆ ਹੈ।ਸਾਰਾ ਘਰ ਡਿੱਗ ਪਿਆ ਹੈ।ਸਮੂਹ ਗ੍ਰਾਮ ਪੰਚਾਇਤ ਸਮਾਜ ਸੇਵੀ ਜਥੇਬੰਦੀਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਪਰਿਵਾਰ ਨੂੰ ਮੁਆਵਜ਼ਾ ਦਿੱਤਾ ਜਾਵੇ ਤਾਂ ਜੁ ਗਰੀਬ ਪਰਿਵਾਰ ਆਪਣਾ ਮਕਾਨ ਦੁਬਾਰਾ ਬਣਾ ਸਕਣ।

## ਵਿਦਿਆਰਥੀਆਂ ਨੇ ਅਨਪੜ੍ਹ ਲੋਕਾਂ ਨੂੰ ਸਿੱਖਿਆ ਦੇਣ ਲਈ ਮੁਹਿੰਮ ਚਲਾਈ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਬ੍ਰਿਟਿਸ਼ ਇੰਟਰਨੈਸ਼ਨਲ ਕਾਨਵੈਂਟ ਸਕੂਲ ਦੇ ਵਿਦਿਆਰਥੀਆਂ ਨੇ ਸਮਾਜ ਵਿੱਚ ਵੱਡੇ ਬਜ਼ੁਰਗਾਂ ਤੇ ਅਨਪੜ੍ਹ ਲੋਕਾਂ ਨੂੰ ਸਿੱਖਿਆ ਦੇਣ ਲਈ ਇੱਕ ਖਾਸ ਮੁਹਿੰਮ ਸ਼ੁਰੂ ਕੀਤੀ।ਵਿਦਿਆਰਥੀਆਂ ਨੇ ਨੇੜਲੇ ਇਲਾਕਿਆਂ ਵਿੱਚ ਜਾ ਕੇ ਬਜ਼ੁਰਗਾਂ ਤੇ ਅਨਪੜ੍ਹ ਲੋਕਾਂ ਨਾਲ ਸੰਵਾਦ ਕੀਤਾ ਤੇ ਉਨ੍ਹਾਂ ਨੂੰ ਪੜ੍ਹਨਾ-ਲਿਖਣਾ ਅਤੇ ਰੋਜ਼ਾਨਾ ਜ਼ਿੰਦਗੀ ਵਿੱਚ ਲੋੜੀਂਦੀ ਆਸਾਨ ਸਿੱਖਿਆ ਦਿੱਤੀ।ਇਸ ਯਤਨ ਨਾਲ ਉਹ ਹੋਰ ਖੁਦਮੁਖਤਿਆਰ ਤੇ ਆਤਮਵਿਸ਼ਵਾਸੀ ਬਣਨਗੇ।ਇਹ ਲਾਇਕ-ਏ-ਤਾਰੀਫ਼ ਕਦਮ ਸਕੂਲ ਦੀ ਪ੍ਰਿੰਸੀਪਲ ਮਿਸਿਜ਼ ਸੋਨਲ ਜੈਰਾ, ਵਾਇਸ ਪ੍ਰਿੰਸੀਪਲ ਸ੍ਰੀ ਬਲਵੰਤ ਸਿੰਘ, ਕੋਆਰਡੀਨੇਟਰ ਮਿਸਿਜ਼ ਨੈਂਸੀ ਗਰਗ ਤੇ ਟੀਮ ਇੰਚਾਰਜ ਸ੍ਰੀ ਮਨਦੀਪ ਸਿੰਘ ਦੀ ਰਹਿਨੁਮਾਈ ਅਤੇ ਸਹਿਯੋਗ ਨਾਲ ਸੰਭਵ ਹੋਇਆ।ਪ੍ਰਿੰਸੀਪਲ ਮਿਸਿਜ਼ ਸੋਨਲ ਜੈਰਾ ਨੇ ਕਿਹਾ ਕਿ ਸਿੱਖਿਆ ਸਿਰਫ਼ ਕਲਾਸਰੂਮ ਤੱਕ ਹੀ ਸੀਮਿਤ ਨਹੀਂ ਹੈ, ਇਹ ਜ਼ਿੰਦਗੀ ਭਰ ਚੱਲਣ ਵਾਲੀ ਪ੍ਰਕਿਰਿਆ ਹੈ।ਵਿਦਿਆਰਥੀਆਂ ਦੁਆਰਾ ਕੀਤਾ ਗਿਆ ਇਹ ਯਤਨ ਸਮਾਜ ਨੂੰ ਹੋਰ ਸਿੱਖਿਆਯੁਕਤ ਤੇ ਜਾਗਰੂਕ ਬਣਾਉਣ ਵੱਲ ਇੱਕ ਮਹੱਤਵਪੂਰਨ ਯੋਗਦਾਨ ਹੈ।

## ਖੂਨਦਾਨ ਕੈਂਪ ਲਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਨਵ ਸੇਵਾ ਬਲੱਡ ਡੋਨਰਜ਼ ਸੁਸਾਇਟੀ (ਰਜਿ:) ਫੂਲ ਟਾਊਨ ਵੱਲੋਂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਤ ਤੇ ਸੁਸਾਇਟੀ ਪ੍ਰਧਾਨ ਮੱਖਣ ਸਿੰਘ ਬੁੱਟਰ ਦੇ ਜਨਮ ਦਿਨ ਮੌਕੇ ਮੰਦਰ ਬੀਬੀ ਪਾਰੋ ਫੂਲ ਟਾਊਨ ਵਿਖੇ ਵਿਸ਼ਾਲ ਖੂਨਦਾਨ ਕੈਂਪ ਲਾਇਆ ਗਿਆ, ਜਿਸ ਦਾ ਉਦਘਾਟਨ ਮੰਦਿਰ ਬੀਬੀ ਪਾਰੋ ਦੇ ਪ੍ਰਧਾਨ ਕ੍ਰਿਸ਼ਨ ਚੰਦ ਭੰਡਾਰੀ ਤੇ ਸਮੁੱਚੀ ਪ੍ਰਬੰਧਕ ਕਮੇਟੀ ਵੱਲੋਂ ਸਾਂਝੇ ਤੌਰ 'ਤੇ ਰਿਬਨ ਕੱਟ ਕੇ ਕੀਤਾ ਗਿਆ।ਸੁਸਾਇਟੀ ਦੇ ਸੀਨੀਅਰ ਮੀਤ ਪ੍ਰਧਾਨ ਸਿਕੰਦਰ ਸਿੰਘ ਸਪਰਾ, ਮੀਤ ਪ੍ਰਧਾਨ ਜਸਵੀਰ ਸਿੰਘ ਰਿਪੀ, ਖਜ਼ਾਨਚੀ ਡਾਕਟਰ ਇਕਬਾਲ ਸਿੰਘ ਮਾਨ, ਸਕੱਤਰ ਭੁਪਿੰਦਰ ਸਿੰਘ ਜਟਾਣਾ ਨੇ ਦੱਸਿਆ ਕਿ ਲਾਏ ਗਏ ਕੈਂਪ ਦੌਰਾਨ 44 ਯੂਨਿਟ ਖੂਨਦਾਨ ਕੀਤਾ ਗਿਆ, ਜਿਸ ਨੂੰ ਗੋਇਲ ਬਲੱਡ ਬੈਂਕ ਬਠਿੰਡਾ ਦੀ ਟੀਮ ਵੱਲੋਂ ਇਕੱਤਰ ਕੀਤਾ ਗਿਆ।ਬਲੱਡ ਸੁਸਾਇਟੀ ਵੱਲੋਂ ਕੈਂਪ 'ਚ ਖੂਨਦਾਨ ਕਰਨ ਵਾਲੇ ਵਿਅਕਤੀਆਂ ਨੂੰ ਮੈਡਲ ਤੇ ਸਰਟੀਫਿਕੇਟ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਕੈਂਪ ਵਿੱਚ ਮੱਖਣ ਸਿੰਘ ਬੁੱਟਰ ਨੇ ਆਪਣਾ 58ਵਾਂ ਵਾਰ ਖੂਨਦਾਨ ਕੀਤਾ।

## ਅੰਮ੍ਰਿਤਪਾਲ ਸਿੰਘ ਖਾਲਸਾ ਦੀ ਅਗਵਾਈ 'ਚ ਬਣਾਈ ਵੀ ਡੀ.ਐੱਸ.ਕਮੇਟੀ



**ਬੱਧਨੀ ਕਲਾਂ (ਲਵਲੀ ਮਾਛੀਕੇ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੰਜਾਬ ਨੂੰ ਨਸ਼ਿਆਂ ਤੋਂ ਮੁਕਤ ਕਰਨ ਲਈ ਵਿੱਢੀ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਹਲਕਾ ਨਿਹਾਲ ਸਿੰਘ ਵਾਲਾ ਦੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਦੀ ਰਹਿਨੁਮਾਈ ਹੇਠ ਹਲਕੇ ਦੇ ਪਿੰਡਾਂ ਵਿੱਚ 'ਪਿੰਡ ਨਸ਼ਾ ਮੁਕਤ' ਕਮੇਟੀਆਂ ਦਾ ਗਠਨ ਕੀਤਾ ਜਾ ਰਿਹਾ ਹੈ, ਜਿਨ੍ਹਾਂ ਵਿੱਚ ਵੱਖ-ਵੱਖ ਵਿਭਾਗਾਂ ਦੇ ਮੁਲਾਜ਼ਮ ਅਤੇ ਪੰਜਾਬ ਪੁਲਿਸ ਮਿਲਕੇ ਕੰਮ ਕਰੇਗੀ ਤਾਂ ਜੋ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕੀਤਾ ਜਾ ਸਕੇ।ਇਹ ਕਮੇਟੀਆਂ ਆਪਣੇ-ਆਪਣੇ ਪਿੰਡਾਂ ਨੂੰ ਨਸ਼ਾ ਮੁਕਤ ਕਰਨ ਲਈ ਸਰਕਾਰ ਦਾ ਸਾਥ ਦੇਣਗੀਆਂ।ਇਸੇ ਲੜੀ ਤਹਿਤ ਪਿੰਡ ਦੀਨਾ ਸਾਹਿਬ ਦੀ 'ਵਿਲੇਜ਼ ਡਿਫੈਂਸ ਕਮੇਟੀ' ਦਾ ਗਠਨ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਮੀਡੀਆ ਸੈਕਟਰੀ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਅਗਵਾਈ ਵਿੱਚ ਤੇ ਚੌਂਕੀ ਇੰਚਾਰਜ ਰਣਜੀਤ ਸਿੰਘ ਢੀਂਡਸਾ ਦੀ ਹਾਜ਼ਰੀ ਵਿੱਚ ਕੀਤਾ ਗਿਆ।

## ਅਧਿਕਾਰੀਆਂ ਨੂੰ ਜ਼ਿਲ੍ਹੇ ਦੀ ਨੁਹਾਰ ਬਦਲਣ ਲਈ ਆਦੇਸ਼



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਡਿਪਟੀ ਕਮਿਸ਼ਨਰ ਸ਼੍ਰੀ ਰਾਜ਼ੇਸ ਧੀਮਾਨ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਅਧਿਕਾਰੀਆਂ ਨਾਲ ਪਲੇਠੀ ਮੀਟਿੰਗ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ।ਸ਼੍ਰੀ ਰਾਜ਼ੇਸ ਧੀਮਾਨ ਨੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਦਫਤਰਾਂ 'ਚ ਆਉਣ ਵਾਲੇ ਆਮ ਲੋਕਾਂ ਖਾਸ ਕਰਕੇ ਬਜ਼ੁਰਗਾਂ ਦਾ ਸਤਿਕਾਰ ਕਰਨਾ ਲਾਜ਼ਮੀ ਬਣਾਇਆ ਜਾਵੇ।ਉਨ੍ਹਾਂ ਇਹ ਵੀ ਕਿਹਾ ਕਿ ਜਿਥੇ ਆਮ ਲੋਕਾਂ ਨੂੰ ਦਿੱਤੀਆਂ ਜਾਣ ਵਾਲੀਆਂ ਸਾਰੀਆਂ ਮੁੱਢਲੀਆਂ ਸਹੂਲਤਾਂ ਦੇਣੀਆਂ ਯਕੀਨੀ ਬਣਾਈਆਂ ਜਾਣ, ਉਥੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਨਾ ਵੀ ਲਾਜ਼ਮੀ ਬਣਾਇਆ ਜਾਵੇ।ਡਿਪਟੀ ਕਮਿਸ਼ਨਰ ਨੇ ਸਬੰਧਤ ਅਧਿਕਾਰੀਆਂ ਨੂੰ ਕਿਹਾ ਕਿ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਚਰਨ ਛੋਹ ਪ੍ਰਾਪਤ ਜ਼ਿਲ੍ਹੇ 'ਚ ਪਿੰਡ ਮਾਈਸਰਖਾਨਾ, ਤਲਵੰਡੀ ਸਾਬੋ, ਮੌੜ ਕਲਾਂ, ਡਿੱਖ ਤੇ ਪਿੰਡ ਟਾਹਲਾ ਸਾਹਿਬ ਦੀ ਬੇਹਤਰੀ ਲਈ ਸੂਬਾ ਸਰਕਾਰ ਵੱਲੋਂ 50-50 ਲੱਖ ਰੁਪਏ ਦੀ ਵਿਸ਼ੇਸ਼ ਗ੍ਰਾਂਟ ਦਿੱਤੀ ਜਾਵੇਗੀ, ਗ੍ਰਾਂਟ ਦੀ ਸੁਚੱਜੀ ਵਰਤੋਂ ਲਈ ਮੈਪ ਤਿਆਰ ਕਰਕੇ ਉਸ ਨੂੰ ਸਮੇਂ ਸਿਰ ਲਾਉਣਾ ਯਕੀਨੀ ਬਣਾਇਆ ਜਾਵੇ।ਉਨ੍ਹਾਂ ਇਹ ਵੀ ਕਿਹਾ ਕਿ ਪਿੰਡਾਂ ਅੰਦਰ ਸਾਫ-ਸਫਾਈ, ਲਿੰਕ ਸੜਕਾਂ ਤੇ ਬੱਸ ਅੱਡਿਆਂ ਆਦਿ ਵੱਲ ਵਿਸ਼ੇਸ਼ ਧਿਆਨ ਦੇਣਾ ਲਾਜ਼ਮੀ ਬਣਾਇਆ ਜਾਵੇ।

# ਸਰਕਾਰੀ ਆਈ ਟੀ ਆਈਜ਼ ਠੇਕਾ ਮੁਲਾਜ਼ਮ ਯੂਨੀਅਨ ਵੱਲੋਂ ਤਿੱਖੇ ਸੰਘਰਸ਼ ਦਾ ਐਲਾਨ

### 7 ਨੂੰ ਸੁਨਾਮ 'ਚ ਦਿੱਤਾ ਜਾਵੇਗਾ ਸੂਬਾ ਪੱਧਰੀ ਧਰਨਾ



**ਜਲਾਲਾਬਾਦ (ਜੀਤ ਕੁਮਾਰ)**-ਸਰਕਾਰੀ ਆਈ ਟੀ ਆਈਜ਼ ਠੇਕਾ ਮੁਲਾਜ਼ਮ ਯੂਨੀਅਨ ਪੰਜਾਬ ਦੇ ਸੂਬਾ ਕਮੇਟੀ ਮੈਂਬਰਾਂ ਦੀ ਮੀਟਿੰਗ ਹੋਈ, ਜਿਸ ਵਿੱਚ ਸੂਬਾ ਕਮੇਟੀ ਮੈਂਬਰਾਂ ਨੇ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਹੈ ਸਰਕਾਰੀ ਆਈ ਟੀ ਆਈਜ਼ ਠੇਕਾ ਮੁਲਾਜ਼ਮ ਯੂਨੀਅਨ ਪੰਜਾਬ ਦੇ ਬੈਨਰ ਹੇਠ ਕੱਚੇ/ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨ ਲਈ ਬਣਾਈ ਸਬ-ਕਮੇਟੀ ਦੇ ਮੈਂਬਰ ਤੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਦੇ ਹਲਕੇ ਸੁਨਾਮ ਵਿਖੇ 07 ਸਤੰਬਰ 25 ਨੂੰ ਧਰਨਾ ਦਿੱਤਾ ਜਾਵੇਗਾ, ਜਿਸ ਵਿੱਚ ਉਹਨਾਂ ਦੀ ਕੋਠੀ ਦਾ ਘਿਰਾਓ ਕੀਤਾ ਜਾਵੇਗਾ। ਇਸ ਸਬੰਧੀ ਸੂਬਾ ਕਮੇਟੀ ਮੈਂਬਰ ਅਮਰਜੀਤ ਸਿੰਘ, ਗੁਰਵਿੰਦਰ ਸਿੰਘ, ਗੁਰਪਾਲ ਸਿੰਘ, ਗੁਰਲਾਭ ਸਿੰਘ, ਮਨਜੀਤ ਕੁਮਾਰ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਅਸੀਂ ਪਿਛਲੇ 15-16 ਸਾਲਾਂ ਤੋਂ ਪੰਜਾਬ ਦੀਆਂ ਸਰਕਾਰੀ ਆਈ ਟੀ ਆਈਜ਼ ਵਿੱਚ ਗਰੁੱਪ ਬੀ ਕਰਾਫਟ ਇੰਸਟਰਕਟਰ ਵਜੋਂ ਬਿਨਾਂ ਕਿਸੇ ਸਰਕਾਰੀ ਸਹੂਲਤਾਂ ਤੋਂ ਠੇਕੇ ਉੱਪਰ ਸਿਰਫ਼ 15000 ਪ੍ਰਤੀ ਮਹੀਨਾ 'ਤੇ ਆਪਣਾ ਸ਼ੋਸ਼ਣ ਕਰਵਾ ਰਹੇ ਹਾਂ। ਸਾਡੀ ਭਰਤੀ ਵਿਭਾਗ ਵੱਲੋਂ ਸਮੇਂ ਸਮੇਂ ਜਾਰੀ ਹਦਾਇਤਾਂ ਰਾਹੀਂ ਪਾਰਦਰਸ਼ੀ ਢੰਗ ਨਾਲ ਅਖ਼ਬਾਰਾਂ ਵਿੱਚ ਇਸ਼ਤਿਹਾਰ ਦੇ ਕੇ, ਰੋਜ਼ਗਾਰ ਦਫ਼ਤਰਾਂ ਰਾਹੀਂ ਕੀਤੀ ਗਈ ਹੈ। ਅਸੀਂ ਡੀਜੀਟੀ ਭਾਰਤ ਸਰਕਾਰ ਵੱਲੋਂ ਮੰਗੀਆਂ ਜਾਂਦੀਆਂ ਸਾਰੀਆਂ ਵਿੱਦਿਅਕ ਯੋਗਤਾਵਾਂ ਪੂਰੀਆਂ ਕਰਦੇ ਹਾਂ, ਪ੍ਰੰਤੂ ਫਿਰ ਵੀ ਸਾਡੇ ਨਾਲ ਪੰਜਾਬ ਸਰਕਾਰ ਸ਼ਰੇਆਮ ਧੱਕਾ ਕਰ ਰਹੀ ਹੈ। ਅਸੀਂ ਆਮ ਆਦਮੀ ਪਾਰਟੀ ਦੀ ਸਰਕਾਰ ਲਿਆਉਣ ਲਈ ਬਹੁਤ ਮਿਹਨਤ ਕੀਤੀ ਸੀ ਕਿ ਸ਼ਾਇਦ ਇਹ ਪਾਰਟੀ ਸਾਡੀਆਂ ਮੰਗਾਂ ਪੂਰੀਆਂ ਕਰੇਗੀ, ਪ੍ਰੰਤੂ ਇਹ ਸਰਕਾਰ ਵੀ ਪਹਿਲੀਆਂ ਸਰਕਾਰਾਂ ਵਾਂਗ ਹੀ ਨਿਕਲੀ। ਅਸੀਂ ਇਸ ਸਰਕਾਰ ਵਿੱਚ ਪਿਛਲੇ 3 ਸਾਲਾਂ ਤੋਂ ਕੋਸ਼ਿਸ਼ ਕਰ ਰਹੇ ਹਾਂ ਕਿ ਗੱਲਬਾਤ ਰਾਹੀਂ ਕੋਈ ਹੱਲ ਨਿਕਲੇ, ਇਸੇ ਦੇ ਚੱਲਦਿਆਂ ਬਹੁਤ ਵਾਰ ਤਕਨੀਕੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ, ਵਿੱਤ ਮੰਤਰੀ ਹਰਪਾਲ ਚੀਮਾ, ਕੈਬਨਿਟ ਮੰਤਰੀ ਅਮਨ ਅਰੋੜਾ ਤੇ ਹੋਰ ਕੈਬਨਿਟ ਮੰਤਰੀਆਂ ਨੂੰ ਮਿਲ ਚੁੱਕੇ ਹਾਂ, ਪ੍ਰੰਤੂ ਇਨ੍ਹਾਂ ਵਿੱਚੋਂ ਕਿਸੇ ਨੇ ਵੀ ਸਾਡੀ ਗੱਲ ਉੱਪਰ ਗੌਰ ਨਹੀਂ ਕੀਤੀ। ਇਸ ਤੋਂ ਇਲਾਵਾ ਆਮ ਲੋਕਾਂ ਦੇ ਮੁੱਖ ਮੰਤਰੀ ਕਹਾਉਣ ਵਾਲੇ ਭਗਵੰਤ ਮਾਨ ਦੀ ਸਰਕਾਰੀ ਕੋਠੀ ਦੇ 50-60 ਚੱਕਰ ਲਗਾ ਚੁੱਕੇ ਹਾਂ, ਪ੍ਰੰਤੂ ਉਨ੍ਹਾਂ ਵੱਲੋਂ ਅੱਜ ਤੱਕ ਇੱਕ ਮਿੰਟ ਦਾ ਵੀ ਸਮਾਂ ਨਹੀਂ ਦਿੱਤਾ ਗਿਆ। ਹੁਣ ਜਥੇਬੰਦੀ ਨੇ ਮਜਬੂਰ ਹੋ ਕੇ ਪੰਜਾਬ ਸਰਕਾਰ ਵਿਰੁੱਧ ਖੁੱਲ੍ਹ ਕੇ ਸੰਘਰਸ਼ ਕਰਨ ਦਾ ਐਲਾਨ ਕੀਤਾ ਹੈ। ਇਸੇ ਦੇ ਚੱਲਦਿਆਂ ਸੰਘਰਸ਼ ਦੀ ਸ਼ੁਰੂਆਤ ਪਾਰਟੀ ਪ੍ਰਧਾਨ ਅਮਨ ਅਰੋੜਾ ਦੇ ਹਲਕੇ ਸੁਨਾਮ ਤੋਂ 7 ਸਤੰਬਰ 25 ਨੂੰ ਧਰਨਾ ਦੇ ਕੇ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਉਨ੍ਹਾਂ ਦੀਆਂ ਮੰਗਾਂ ਉੱਪਰ ਧਿਆਨ ਨਹੀਂ ਦੇਵੇਗੀ ਤਾਂ ਆਉਣ ਵਾਲੇ ਦਿਨਾਂ ਵਿੱਚ ਬਾਕੀ ਕੈਬਨਿਟ ਮੰਤਰੀਆਂ ਤੇ ਮੁੱਖ ਮੰਤਰੀ ਦੀ ਕੋਠੀ ਦਾ ਵੀ ਘਿਰਾਓ ਕੀਤਾ ਜਾਵੇਗਾ। ਉਨ੍ਹਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਸਰਕਾਰੀ ਆਈ ਟੀ ਆਈਜ਼ ਵਿੱਚ ਕੰਮ ਕਰ ਰਹੇ ਸਾਰੇ ਕਰਾਫਟ ਇੰਸਟਰਕਟਰਾਂ ਨੂੰ ਵਿਭਾਗ ਅਧੀਨ ਲੈ ਕੇ ਬੇਸਿਕ ਤਨਖ਼ਾਹ 35400 ਦੇ ਨਾਲ 3 ਪ੍ਰਤੀਸ਼ਤ ਸਾਲਾਨਾ ਇੰਕਰੀਮੈਂਟ ਨਾਲ 58 ਸਾਲ ਦੀ ਉਮਰ ਤੱਕ ਸੇਵਾ ਸੁਰੱਖਿਆ ਦੇਣੀ ਯਕੀਨੀ ਬਣਾਈ ਜਾਵੇ।

# ਪਹਿਲੇ ਪੜਾਅ ਵਜੋਂ ਅਮਲੋਹ ਹਲਕੇ ਦੇ 33 ਪਿੰਡਾਂ 'ਚ ਬਣਨਗੇ ਨਵੇਂ ਅਤਿ-ਆਧੁਨਿਕ ਖੇਡ ਮੈਦਾਨ : ਗੈਰੀ ਬੜਿੰਗ

### ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਬੱਚਿਆਂ ਤੇ ਨੌਜਵਾਨਾਂ ਨੂੰ ਖੇਡ ਗਤੀਵਿਧੀਆਂ ਨਾਲ ਜੋੜਨਾ ਸਾਡਾ ਟੀਚਾ

**ਅਮਲੋਹ/ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਵਿਧਾਨ ਸਭਾ ਹਲਕਾ ਅਮਲੋਹ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਪਿੰਡਾਂ ਵਿੱਚ 13 ਹਜ਼ਾਰ ਨਵੇਂ ਅਤਿ ਆਧੁਨਿਕ ਖੇਡ ਮੈਦਾਨ ਬਣਾਏ ਜਾਣਗੇ, ਜਿਸ ਦੇ ਪਹਿਲੇ ਪੜਾਅ ਵਜੋਂ ਵਿਧਾਨ ਸਭਾ ਹਲਕਾ ਅਮਲੋਹ ਅਧੀਨ ਆਉਂਦੇ ਕੁੱਲ 95 ਪਿੰਡਾਂ ਵਿੱਚੋਂ 33 ਪਿੰਡਾਂ ਵਿੱਚ ਇਸ ਸਬੰਧੀ ਕਾਰਵਾਈ ਆਰੰਭ ਦਿੱਤੀ ਗਈ ਹੈ।ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਕਿਹਾ ਕਿ ਪਿੰਡਾਂ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁਲਤ ਕਰਨ ਦੀ ਦਿਸ਼ਾ ਵਿੱਚ ਇਹ ਇੱਕ ਸ਼ਾਨਦਾਰ ਕਦਮ ਸਾਬਿਤ ਹੋਵੇਗਾ ਤੇ ਸਾਡੇ ਪਿੰਡਾਂ ਦੇ ਹੋਣਹਾਰ ਖਿਡਾਰੀ ਆਪਣੇ ਖੇਡ ਹੁਨਰ ਨੂੰ ਤਰਾਸ਼ ਕੇ ਭਵਿੱਖ ਵਿੱਚ ਕੌਮੀ ਤੇ ਕੌਮਾਂਤਰੀ ਪੱਧਰ ਉੱਤੇ ਵੱਡੀਆਂ ਖੇਡ ਮੱਲਾਂ ਮਾਰਨ ਦੇ ਸਮਰੱਥ ਬਣਨਗੇ।ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਦੱਸਿਆ ਕਿ ਇਨ੍ਹਾਂ ਖੇਡ ਮੈਦਾਨਾਂ ਨੂੰ ਤਿਆਰ ਕਰਨ ਲਈ ਸਬੰਧਤ ਗ੍ਰਾਮ ਪੰਚਾਇਤਾਂ ਤੋਂ ਕੇਵਲ ਜ਼ਮੀਨ ਪ੍ਰਾਪਤ ਕੀਤੀ ਗਈ ਹੈ ਤੇ ਸਾਰੀਆਂ ਹੀ ਆਧੁਨਿਕ ਸੁਵਿਧਾਵਾਂ ਸਰਕਾਰ ਦੀ ਤਰਫੋਂ ਉਪਲਬਧ ਕਰਵਾਈਆਂ ਜਾਣਗੀਆਂ, ਜਿਸ ਵਿੱਚ ਦੋ ਖੇਡਾਂ ਲਈ ਵਿਵਸਥਾ ਕਰਨ ਦੇ ਨਾਲ ਨਾਲ ਚਾਰਦੀਵਾਰੀ, ਫੌਜ ਤੇ ਪੁਲਸ ਵਿੱਚ ਭਰਤੀ ਹੋਣ ਦੀ ਤਿਆਰੀ ਕਰਨ ਵਾਲੇ ਨੌਜਵਾਨਾਂ ਤੇ ਸੈਰ ਕਰਨ ਵਾਲਿਆਂ ਲਈ ਟਰੈਕ, ਸੋਲਰ ਲਾਈਟਾਂ, ਬਿਜਲੀ ਕੁਨੈਕਸ਼ਨ, ਬੋਰ, ਹਰਿਆਲੀ ਲਈ ਬੂਟੇ, ਬਜ਼ੁਰਗਾਂ ਦੇ ਬੈਠਣ ਲਈ ਹੱਟ-ਨੁਮਾ ਸ਼ੈੱਡ, ਬੱਚਿਆਂ ਦੇ ਖੇਡਣ ਲਈ ਝੂਲੇ, ਘਾਹ ਤੇ ਬੂਟਿਆਂ ਲਈ ਸਪਰਿੰਕਲਰ ਸਿਸਟਮ ਆਦਿ ਪ੍ਰਬੰਧ ਕੀਤੇ ਜਾਣਗੇ ਤੇ ਸਾਂਭ ਸੰਭਾਲ ਦੀ ਜ਼ਿੰਮੇਵਾਰੀ ਸਬੰਧਤ ਠੇਕੇਦਾਰ ਦੀ ਹੋਵੇਗੀ।ਵਿਧਾਇਕ ਗੈਰੀ ਬੜਿੰਗ ਨੇ ਕਿਹਾ ਕਿ ਪੰਜਾਬ ਦੇ ਪਿੰਡਾਂ ਵਿੱਚ ਵਸਦੇ ਬੱਚਿਆਂ ਵਿੱਚ ਖੇਡਾਂ ਪ੍ਰਤੀ ਅਥਾਹ ਦਿਲਚਸਪੀ ਹੋਣ ਦੇ ਬਾਵਜੂਦ ਪਿਛਲੀਆਂ ਸਰਕਾਰਾਂ ਨੇ ਕਦੇ ਵੀ ਖੇਡਾਂ ਵੱਲ ਧਿਆਨ ਨਹੀਂ ਦਿੱਤਾ, ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਪਹਿਲੇ ਦਿਨ ਤੋਂ ਹੀ ਖੇਡਾਂ ਨੂੰ ਪ੍ਰਫੁਲਤ ਕਰਨ ਲਈ ਉਚੇਚਾ ਧਿਆਨ ਦਿੱਤਾ ਜਾ ਰਿਹਾ ਹੈ, ਜਿਸ ਦੇ ਸਾਰਥਕ ਨਤੀਜੇ ਵੀ ਸਾਹਮਣੇ ਆਏ ਹਨ।ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਜਿੱਥੇ ਨਸ਼ਾ ਤਸਕਰਾਂ ਤੇ ਨਸ਼ਿਆਂ ਦਾ ਖਾਤਮਾ ਕਰਨਾ ਯਕੀਨੀ ਬਣਾਇਆ ਜਾ ਰਿਹਾ ਹੈ, ਉਥੇ ਹੀ ਬੱਚਿਆਂ ਤੇ ਨੌਜਵਾਨਾਂ ਨੂੰ ਖੇਡ ਗਤੀਵਿਧੀਆਂ ਨਾਲ ਜੋੜਿਆ ਜਾ ਰਿਹਾ ਹੈ ਤਾਂ ਜੋ ਇਨ੍ਹਾਂ ਖੇਡ ਮੈਦਾਨਾਂ ਦੇ ਵਿਕਸਤ ਹੋਣ ਨਾਲ ਖੇਡਾਂ ਵਿੱਚ ਹਰ ਉਮਰ ਵਰਗ ਦੇ ਵਿਅਕਤੀ ਦੀ ਦਿਲਚਸਪੀ ਪੈਦਾ ਹੋਵੇ ਤੇ ਉਹ ਸਮਾਜਿਕ ਬੁਰਾਈਆਂ ਤੋਂ ਦੂਰ ਹੋ ਸਕਣ।

## 'ਆਪ' ਛੱਡ ਅਕਾਲੀ ਦਲ 'ਚ ਸ਼ਾਮਲ ਹੋਣ ਵਾਲੇ ਨੌਜਵਾਨਾਂ ਨੂੰ ਮਾਣ-ਸਤਿਕਾਰ ਦਿੱਤਾ ਜਾਵੇਗਾ : ਜਗਦੀਪ ਚੀਮਾ

**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪਿੰਡ ਚਣੋਂ ਵਿਖੇ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਵੇਲੇ ਵੱਡਾ ਬਲ ਮਿਲਿਆ, ਜਦੋਂ ਆਮ ਆਦਮੀ ਪਾਰਟੀ ਨੂੰ ਅਲਵਿਦਾ ਆਖ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ ਵਾਲੇ ਨੌਜਵਾਨਾਂ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਜਨਰਲ ਸਕੱਤਰ ਹਲਕਾ ਇੰਚਾਰਜ ਜਗਦੀਪ ਸਿੰਘ ਚੀਮਾ ਅਤੇ ਜ਼ਿਲ੍ਹਾ ਪ੍ਰਧਾਨ ਸ਼ਰਨਜੀਤ ਸਿੰਘ ਚਨਾਰਥਲ ਨੇ ਪਿੰਡ ਚਣੋਂ ਦੇ ਕਰਮਜੀਤ ਸਿੰਘ ਦੇ ਯਤਨਾ ਸਦਕਾ ਜਸਵੀਰ ਸਿੰਘ ਜੱਸੀ, ਗੋਪਾਲ ਸਿੰਘ ਪਾਲੀ ਚਣੋਂ, ਜਗਤਾਰ ਸਿੰਘ ਚਣੋਂ, ਰਮਨਜੋਤ ਸਿੰਘ ਚਣੋਂ, ਲਖਬੀਰ ਸਿੰਘ ਲੱਖਾ ਚਣੋਂ, ਰਮਨਦੀਪ ਸਿੰਘ ਚਣੋਂ, ਰਾਜੂ ਬਾਗੜੀਆਂ, ਸੁਰਜੀਤ ਸਿੰਘ ਬਾਗੜੀਆਂ ਨੂੰ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਕੀਤਾ।ਜਗਦੀਪ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀਆਂ ਪੰਜਾਬ ਮਾਰੂ ਨੀਤੀਆਂ ਨੂੰ ਸਮਝ ਚੁੱਕੇ ਹਨ ਤੇ ਪਿਛਲੇ ਸਮੇਂ ਵਿੱਚ ਹੋਈਆਂ ਗਲਤੀਆਂ ਨੂੰ ਸੁਧਾਰ ਕੇ ਮੁੜ ਪੰਜਾਬ ਪੰਜਾਬੀਅਤ ਦੀ ਆਪਣੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਪੰਜਾਬ ਵਿੱਚ ਬਣਾ ਕੇ ਆਪਣੇ ਸੂਬੇ ਦੀ ਤਰੱਕੀ ਤੇ ਖੁਸ਼ਹਾਲ ਦੇਖਣਾ ਚਾਹੁੰਦੇ ਹਨ।

# ਬੀ ਕੇ ਯੂ ਕ੍ਰਾਂਤੀਕਾਰੀ ਵੱਲੋਂ ਸੋਸਣ ਦੇ ਲੋਕਾਂ ਦੀਆਂ ਸਮੱਸਿਆਵਾਂ 'ਤੇ ਚਰਚਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਪਿੰਡ ਪ੍ਰਧਾਨ ਬਲਜਿੰਦਰ ਸਿੰਘ ਨੇ ਦੱਸਿਆ ਕਿ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਨੇ ਪਿੰਡ ਦੇ ਲੋਕਾਂ ਨਾਲ ਮੀਟਿੰਗ ਕੀਤੀ।ਇਸ ਮੀਟਿੰਗ ਵਿੱਚ ਜ਼ਿਲ੍ਹਾ ਪ੍ਰੈੱਸ ਸਕੱਤਰ ਜਗਮੋਹਨ ਸਿੰਘ ਕੰਗ, ਗਰਦੌਰ ਸਿੰਘ ਬਲਾਕ ਸਕੱਤਰ, ਬਲਦੇਵ ਸਿੰਘ ਮੇਹਸਰੀ, ਚਮਕੌਰ ਸਿੰਘ ਮੇਹਸਰੀ ਵੀ ਪਹੁੰਚੇ।ਬਲਾਕ ਸਕੱਤਰ ਗੁਰਦੌਰ ਸਿੰਘ ਮਹੇਸਰੀ ਨੇ ਦੱਸਿਆ ਕਿ ਪਿੰਡ ਦੇ ਲੋਕਾਂ ਨੇ ਦੋ ਸਮੱਸਿਆਵਾਂ ਮੀਟਿੰਗ ਵਿੱਚ ਰੱਖੀਆਂ।ਪਹਿਲੀ ਸਮੱਸਿਆ, ਜਿਹੜੀ ਲਿੰਕ ਰੋਡ ਡਰੋਲੀ ਤੋਂ ਸੋਸਣ ਨੂੰ ਆਉਂਦੀ ਹੈ, ਉਸ ਉੱਤੇ ਮਿੱਟੀ ਵਾਲੇ ਟਿੱਪਰ ਬਹੁਤ ਚਲਦੇ ਹਨ, ਜਿਸ ਕਰਕੇ ਸੜਕ ਟੁੱਟ ਕੇ ਨਿਕਾਰਾ ਹੋ ਚੁੱਕੀ ਹੈ।ਦੂਸਰੀ ਸਮੱਸਿਆ ਬਿਜਲੀ ਬੋਰਡ ਨੂੰ ਪ੍ਰਾਈਵੇਟ ਕਰਨ ਲਈ ਪੰਜਾਬ ਸਰਕਾਰ ਅੱਗੇ ਕਦਮ ਵਧਾ ਰਹੀ ਹੈ, ਜਿਸ ਦੇ ਸਿੱਟੇ ਵਜੋਂ ਲੋਕਾਂ ਦੇ ਘਰਾਂ ਵਿੱਚ ਚਿੱਪ ਵਾਲੇ ਮੀਟਰ ਲਗਾਏ ਜਾ ਰਹੇ ਹਨ।ਇਹ ਮੀਟਰ ਪ੍ਰੀਪੇਡ ਹੋਣਗੇ ਤੇ ਜਦੋਂ ਪੈਸੇ ਖਤਮ ਹੋ ਜਾਣਗੇ ਤਾਂ ਘਰ ਦੀ ਬਿਜਲੀ ਵੀ ਉਸੇ ਸਮੇਂ ਗੁਲ ਹੋ ਜਾਵੇਗੀ।ਹੁਣ ਅਜਿਹਾ ਨਹੀਂ ਹੁੰਦਾ।ਹੁਣ ਜੇਕਰ ਜ਼ਿਆਦਾ ਬਿੱਲ ਆ ਜਾਵੇ ਤਾਂ ਬੇਨਤੀ ਪੱਤਰ ਦੇ ਕੇ ਕਿਸ਼ਤਾਂ ਵੀ ਕਰਾ ਲਈਆਂ ਜਾਂਦੀਆਂ ਹਨ, ਪਰ ਪ੍ਰੀਪੇਡ ਮੀਟਰ ਵਿੱਚ ਇਹ ਸਹੂਲਤ ਖਤਮ ਹੋ ਜਾਵੇਗੀ।ਚਿੱਪ ਵਾਲੇ ਮੀਟਰ ਲਾਉਣਾ, ਪ੍ਰਾਈਵੇਟ ਕਰਨ ਲਈ ਅਗਲਾ ਕਦਮ ਹੈ।ਨਿੱਜੀਕਰਨ ਦਾ ਬਿਜਲੀ ਮੁਲਾਜ਼ਮ ਜਥੇਬੰਦੀਆਂ ਤੇ ਕਿਸਾਨ, ਮਜ਼ਦੂਰ ਜਥੇਬੰਦੀਆਂ ਵਿਰੋਧ ਕਰ ਰਹੀਆਂ ਹਨ।ਜਗਮੋਹਨ ਸਿੰਘ ਕੰਗ ਨੇ ਕਿਹਾ ਕਿ ਜਦੋਂ ਅਸੀਂ ਮੰਡੀ ਵਿੱਚ ਫਸਲਾਂ ਵੇਚਦੇ ਹਾਂ ਤਾਂ 2% ਪੇਂਡੂ ਵਿਕਾਸ ਫੰਡ ਦੇ ਰੂਪ ਵਿੱਚ ਅਸੀਂ ਸਰਕਾਰ ਨੂੰ ਟੈਕਸ ਦਿੰਦੇ ਹਾਂ।ਇਹ ਇਕੱਠਾ ਹੋਇਆ ਕਰੋੜਾਂ ਰੁਪਇਆ ਮੰਡੀ ਲਈ ਸਹੂਲਤਾਂ ਦੇਣ ਤੇ ਮੰਡੀ ਤੋਂ ਪਿੰਡਾਂ ਨੂੰ ਜਾਣ ਵਾਲੀਆਂ ਸੜਕਾਂ ਬਣਾਉਣ ਤੇ ਠੀਕ ਕਰਨ ਲਈ ਖਰਚਿਆ ਜਾਂਦਾ ਹੈ, ਪਰ ਭ੍ਰਿਸ਼ਟ ਸਰਕਾਰਾਂ ਇਸ ਫੰਡ ਨੂੰ ਹੋਰਨਾ ਕੰਮਾਂ ਵਿੱਚ ਖਰਚ ਕਰ ਦਿੰਦੀ ਹੈ ਜਾਂ ਢਿੱਡ ਵਿੱਚ ਪਾ ਲੈਂਦੇ ਹਨ।ਸੋ ਸਾਡੀ ਸਰਕਾਰ ਨੂੰ ਬੇਨਤੀ ਹੈ ਕਿ ਡਰੋਲੀ ਤੋਂ ਸੋਸਣ ਤੱਕ ਦੀ ਸੜਕ ਜਲਦੀ ਬਣਾਈ ਜਾਵੇ ਨਹੀਂ ਤਾਂ ਇਸ ਲਈ ਸੰਘਰਸ਼ ਕੀਤਾ ਜਾਵੇਗਾ। ਬਲਦੇਵ ਸਿੰਘ ਮਹੇਸਰੀ ਨੇ ਕਿਹਾ ਕਿ ਚਿੱਪ ਵਾਲੇ ਮੀਟਰ ਲਾਉਣ ਤੋਂ ਸਰਕਾਰ ਨੂੰ ਰੋਕਣ ਲਈ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਸੰਘਰਸ਼ ਕਰਨ ਦੀ ਯੋਜਨਾ ਬਣਾ ਰਹੀ ਹੈ।ਇਸ ਸਬੰਧ ਵਿੱਚ ਬਿਜਲੀ ਬੋਰਡ ਦੇ ਹੈੱਡ ਕੁਆਰਟਰ 'ਤੇ ਅਫਸਰਾਂ ਨੂੰ ਸੁਣਵਾਈ ਕਰਨ ਲਈ ਵਿਚਾਰ ਚਰਚਾ ਕਰ ਰਹੀ ਹੈ। ਜਲਦੀ ਹੀ ਇਸ ਮੁੱਦੇ 'ਤੇ ਸੰਘਰਸ਼ ਕੀਤਾ ਜਾਵੇਗਾ।ਆਗੂ ਨੇ ਕਿਹਾ ਕਿ ਜਥੇਬੰਦੀ ਸਾਰੇ ਪੰਜਾਬ ਦੇ ਵਿੱਚ ਇੱਕੋ ਦਿਨ ਚਿੱਪ ਵਾਲੇ ਮੀਟਰ ਪੁੱਟ ਕੇ ਬਿਜਲੀ ਬੋਰਡ ਦੀ ਅਫਸਰਸ਼ਾਹੀ ਹਵਾਲੇ ਕਰ ਦਿੱਤੇ ਜਾਣਗੇ। ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸੰਘਰਸ਼ ਲਈ ਤਿਆਰ ਰਹਿਣ।

# ਆਲ ਇੰਡੀਆ ਹਿਊਮਨ ਰਾਈਟਸ ਵੱਲੋਂ 186ਵਾਂ ਪੈਨਸ਼ਨ ਵੰਡ ਸਮਾਰੋਹ ਕਰਾਇਆ



**ਜਗਰਾਓਂ (ਅਮਿਤ ਖੰਨਾ)**
ਆਲ ਇੰਡੀਆ ਹਿਊਮਨ ਰਾਈਟਸ ਵੱਲੋਂ 186ਵਾਂ ਪੈਨਸ਼ਨ ਵੰਡ ਸਮਾਰੋਹ ਸਵ: ਰੀਤੂ ਕਤਿਆਲ ਦੀ ਯਾਦ ਵਿੱਚ ਆਲ ਇੰਡੀਆ ਹਿਊਮਨ ਰਾਈਟਸ ਨੇ 186ਵਾਂ ਪੈਨਸ਼ਨ ਅਤੇ ਰਾਸ਼ਨ ਵੰਡ ਸਮਾਰੋਹ ਗੁਰਦੁਆਰਾ ਭਜਨਗੜ੍ਹ ਸਾਹਿਬ ਵਿਖੇ ਕੀਤਾ, ਜਿਸ ਵਿੱਚ ਐਡਵੋਕੇਟ ਦਿਨੇਸ਼ ਕਤਿਆਨ ਮੁੱਖ ਮਹਿਮਾਨ ਗੈਸਟ ਆਫ ਓਨਰ ਵੰਸ਼ਿਕਾ ਕਤਿਆਲ ਤੇ ਰੁਦਰ ਕਤਿਆਲ ਹਨ। ਦਿਨੇਸ਼ ਕਤਿਆਨ ਨੇ ਆਪਣੀ ਸਵ: ਪਤਨੀ ਰੀਤੂ ਕਤਿਆਲ ਦੀ ਯਾਦ 'ਚ 25 ਬਜ਼ੁਰਗਾਂ ਨੂੰ ਪੈਨਸ਼ਨ ਦੇ ਕੇ ਨੇਕ ਉਪਰਾਲਾ ਕੀਤਾ ਵਿੱਕੀ ਔਲਖ ਤੇ ਮਨਮੋਹਨ ਸਿੰਘ ਨੇ ਹਰੇਕ ਬਜ਼ੁਰਗਾਂ ਨੂੰ ਆਟੇ ਦੀਆਂ ਥੈਲੀਆਂ ਵੰਡ ਕੇ ਆਸ਼ੀਰਵਾਦ ਪ੍ਰਾਪਤ ਕੀਤਾ। ਸਾਰੇ ਹੀ ਮੈਂਬਰਾਂ ਨੇ ਸਵਰਗੀ ਰਿਤੂ ਕਤਿਆਰ ਨੂੰ ਸ਼ਰਧਾ ਦੇ ਫੁੱਲ ਅਰਪਿਤ ਕੀਤੇ। ਸਟੇਜ ਸੈਕਰਟਰੀ ਦਮਨਦੀਪ ਸਿੰਘ ਨੇ ਕਿਹਾ ਕਿ ਅੱਜ ਦੇ ਯੁੱਗ 'ਚ ਕੋਈ ਵਿਰਲਾ ਹੀ ਹੁੰਦਾ ਹੈ, ਜੋ ਇਸ ਤਰ੍ਹਾਂ ਬਜ਼ੁਰਗਾਂ ਲੋੜਵੰਦਾਂ ਦੀ ਮਦਦ ਕਰਦਾ ਹੈ।ਸੈਕਰਟਰੀ ਫਾਇਨਾਂਸ ਰਾਜਨ ਬਾਂਸਲ ਨੇ ਕਿਹਾ ਕਿ ਜ਼ਿੰਦਗੀ ਦੇ ਪਹਿਲੇ ਤੇ ਅਖੀਰਲੇ ਪੰਨੇ ਤੇ ਤਰੀਕ ਪਰਮਾਤਮਾ ਦੀ ਖੁਦ ਦੀ ਲਿਖੀ ਹੁੰਦੀ ਹੈ, ਜਦਕਿ ਵਿਚਕਾਰਲੇ ਪੰਨੇ ਨੂੰ ਆਪਣੇ ਕਰਮਾਂ ਨਾਲ ਭਰਨੇ ਹੁੰਦੇ ਹਨ। ਪ੍ਰਧਾਨ ਮਨਜਿੰਦਰ ਪਾਲ ਸਿੰਘ ਹਨੀ ਨੇ ਆਏ ਹੋਏ ਮਹਿਮਾਨਾਂ ਤੇ ਸੰਸਥਾ ਦੇ ਮੈਂਬਰਾਂ ਦਾ ਜੀ ਆਇਆਂ ਨੂੰ ਤੇ ਧੰਨਵਾਦ ਕੀਤਾ।

## ...ਸਫ਼ਾ 1 ਦੇ ਬਾਕੀ

### ਕਾਮਰੇਡ ਜੰਗੀਰ ਸਿੰਘ ਜੋਗਾ ...

ਪ੍ਰਸਾਦ ਦੇ ਕਵੀਸ਼ਰੀ ਜਥੇ ਵੱਲੋਂ ਕਵੀਸ਼ਰੀਆਂ ਪੇਸ਼ ਕੀਤੀਆਂ ਗਈਆਂ।ਬਰਸੀ ਸਮਾਗਮ ਨੂੰ ਭਰਾਤਰੀ ਧਿਰਾਂ ਮੇਘ ਨਾਥ ਬਠਿੰਡਾ, ਮਾਸਟਰ ਬਿੱਕਰ ਸਿੰਘ ਰੱਲਾ, ਸਰਬਜੀਤ ਸਿੰਘ ਧੂਰੀ, ਸਾਬਕਾ ਬਲਾਕ ਸੰਮਤੀ ਮੈਂਬਰ ਸੁਖਦੇਵ ਰਾਮ ਰਿਖੀ, ਸਾਬਕਾ ਸਰਪੰਚ ਚਰਨਜੀਤ ਸਿੰਘ ਮਾਖਾ, ਹਰਭਜਨ ਸਿੰਘ ਰੱਲਾ ਸਰਪੰਚ, ਸਾਬਕਾ ਸਰਪੰਚ ਰਣਜੀਤ ਸਿੰਘ ਰਾਏਕੋਟ ਆਦਿ ਨੇ ਵੀ ਸੰਬੋਧਨ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਐਡਵੋਕੇਟ ਕੁਲਵਿੰਦਰ ਉਡਤ ਨੇ ਬਾਖ਼ੂਬੀ ਨਿਭਾਈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰਾਜਵੰਤ ਕੌਰ ਵਾਈਸ ਪ੍ਰਧਾਨ, ਗੁਰਮੇਲ ਕੌਰ ਐੱਮ ਸੀ, ਮਲਕੀਤ ਸਿੰਘ ਫੌਜੀ ਐੱਮ ਸੀ, ਗੁਰਜੀਤ ਕੌਰ ਐੱਮ ਸੀ, ਅੰਗਰੇਜ਼ ਕੌਰ ਐੱਮ ਸੀ, ਰਾਜਦੀਪ ਕੌਰ ਐੱਮ ਸੀ, ਨਰਿੰਦਰਪਾਲ ਸਿੰਘ ਸੁੱਖਾ ਐੱਮ ਸੀ, ਮਹਿੰਦਰ ਸਿੰਘ ਐੱਮ ਸੀ, ਗੁਰਚਰਨ ਸਿੰਘ ਐੱਮ ਸੀ, ਗੁਰਜੰਟ ਸਿੰਘ ਐੱਮ ਸੀ, ਸਾਬਕਾ ਪ੍ਰਧਾਨ ਮੇਘਾ ਜੋਗਾ, ਡਾ. ਸਤਪਾਲ ਸਿੰਘ ਬੱਗਾ ਤੇ ਬੰਤ ਸਿੰਘ ਮਾਖਾ ਆਦਿ ਵੀ ਸ਼ਾਮਲ ਸਨ।

### ਸਰਬੱਤ ਦੇ ਭਲੇ ਲਈ ਕਮਿਊਨਿਸਟ...

ਨਾਂਅ ਹੋਈ। ਉਹਨਾ ਕਿਹਾ ਕਿ ਅੱਜ ਸਰਮਾਏਦਾਰੀ ਦੀ ਸੇਵਾ ਕਰ ਰਹੀ ਕੇਂਦਰ ਸਰਕਾਰ ਲੋਕਾਂ ਤੋਂ ਵੋਟ ਪਾਉਣ ਦਾ ਅਧਿਕਾਰ ਵੀ ਖੋਹਣ ਦਾ ਯਤਨ ਕਰ ਰਹੀ ਹੈ, ਤਾਂ ਕਿ ਵੋਟ ਤੋਂ ਵਾਂਝੇ ਲੋਕ ਆਪਣੇ ਬਾਕੀ ਅਧਿਕਾਰਾਂ ਤੋਂ ਵੀ ਵਾਂਝੇ ਹੋ ਜਾਣ।ਉਹਨਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਕਿਰਤੀ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ ਅਤੇ ਦੁੱਖ-ਤਕਲੀਫ਼ਾਂ ਦਾ ਜ਼ਿੰਮੇਵਾਰ ਸਰਮਾਏਦਾਰੀ ਪ੍ਰਬੰਧ ਹੀ ਹੈ। ਜੇਕਰ ਸਾਡੇ ਸ਼ਹੀਦਾਂ, ਗੁਰੂਆਂ ਦੇ ਸੁਪਨਿਆਂ ਵਾਲਾ ਸਰਬੱਤ ਦੇ ਭਲੇ ਵਾਲਾ ਸਮਾਜਵਾਦੀ ਪ੍ਰਬੰਧ ਸਿਰਜਣਾ ਹੈ ਤਾਂ ਸਾਨੂੰ ਕਿਰਤ ਦੀ ਧਿਰ ਦੀ ਰਾਜਨੀਤੀ ਕਰਦੀ ਕਮਿਊਨਿਸਟ ਪਾਰਟੀ ਨੂੰ ਅੱਗੇ ਲੈ ਕੇ ਆਉਣਾ ਪਵੇਗਾ। ਆਗੂਆਂ ਨੇ ਜਥੇ ਦੇ ਸੁਨੇਹੇ ਸਾਂਝੇ ਕਰਦਿਆਂ 21 ਸਤੰਬਰ ਨੂੰ ਮੁਹਾਲੀ ਵਿਖੇ ਹੋ ਰਹੀ ਰੈਲੀ ਵਿਚ ਵੱਧ ਤੋਂ ਵੱਧ ਲੋਕਾਂ ਨੂੰ ਪਹੁੰਚਣ ਦੀ ਅਪੀਲ ਕੀਤੀ।

ਹੋਰਨਾਂ ਤੋਂ ਇਲਾਵਾ ਬਚਿੱਤਰ ਸਿੰਘ ਧੋਥੜ, ਬਲਵਿੰਦਰ ਸਿੰਘ ਬਹੋਨਾ, ਇਕਬਾਲ ਸਿੰਘ ਤਖਾਣਵੱਧ, ਇੰਜ. ਸਵਰਨ ਸਿੰਘ ਖੋਸਾ, ਪੋਹਲਾ ਸਿੰਘ ਬਰਾੜ, ਜਗਵਿੰਦਰ ਕਾਕਾ, ਸਵਰਾਜ ਸਿੰਘ ਖੋਸਾ, ਹਰਪ੍ਰੀਤ ਸਿੰਘ, ਰਮਨ ਧਰਮੂਵਾਲਾ, ਜਸਪ੍ਰੀਤ ਕੌਰ, ਰਾਜੂ ਮਹੇਸ਼ਰੀ, ਜਬਰਜੰਗ ਸਿੰਘ, ਜੀਵਨ ਜੋਗੇਵਾਲਾ, ਭੁਪਿੰਦਰ ਸਿੰਘ ਭਿੰਦਾ, ਬੋਹੜ ਸਿੰਘ ਬੁੱਟਰ, ਸੁੱਖਾ ਪੇਂਟਰ, ਪੰਮਾ ਖੋਸਾ ਬਹੋਨਾ ਆਦਿ ਆਗੂ ਮੌਜੂਦ ਸਨ।

### ਪਾਕਿਸਤਾਨ ਨੂੰ ਤਵੀ ਦਰਿਆ...

ਹੋ ਰਹੀ ਤੇਜ਼ ਬਾਰਸ਼ ਅਤੇ ਚਮੇਰਾ ਪ੍ਰਾਜੈਕਟ ਵੱਲੋਂ ਛੱਡੇ ਜਾ ਰਹੇ ਪਾਣੀ ਨਾਲ ਰਣਜੀਤ ਸਾਗਰ ਡੈਮ ਦੀ ਝੀਲ ਵਿੱਚ ਪਾਣੀ ਦਾ ਪੱਧਰ ਖਤਰੇ ਦੇ ਨਿਸ਼ਾਨ ਦੇ ਨੇੜੇ ਪੁੱਜ ਗਿਆ, ਜਿਸ ਕਾਰਨ ਰਣਜੀਤ ਸਾਗਰ ਡੈਮ ਪ੍ਰਸ਼ਾਸਨ ਨੇ ਸੋਮਵਾਰ ਸਵੇਰੇ ਡੈਮ ਦੇ ਸਪਿਲਵੇਅ ਦੇ ਸਾਰੇ ਸੱਤ ਫਲੱਡ ਗੇਟ ਖੋਲ੍ਹ ਦਿੱਤੇ ਅਤੇ ਇਹ ਸਾਰਾ ਪਾਣੀ ਮਾਧੋਪੁਰ ਹੈੱਡ ਵਰਕਸ ਰਾਹੀਂ ਰਾਵੀ ਦਰਿਆ ਵਿੱਚ ਪੁੱਜਣਾ ਸ਼ੁਰੂ ਹੋ ਗਿਆ। ਮਾਧੋਪੁਰ ਹੈੱਡ ਵਰਕਸ ਦੇ ਐੱਸ ਡੀ ਓ ਅਰੁਣ ਕੁਮਾਰ ਨੇ ਦੱਸਿਆ ਕਿ ਦੁਪਹਿਰੇ ਇਕ ਵਜੇ 71,000 ਕਿਊਸਿਕ ਪਾਣੀ ਪਾਕਿਸਤਾਨ ਦੀ ਤਰਫ ਛੱਡਿਆ ਜਾ ਰਿਹਾ ਹੈ। ਇਹ ਸਾਰਾ ਪਾਣੀ ਅੱਗੇ ਜਾ ਕੇ ਮਕੌੜਾ ਪੱਤਣ 'ਤੇ ਪੁੱਜ ਕੇ ਡੇਰਾ ਬਾਬਾ ਨਾਨਕ ਅਤੇ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਜਾ ਰਿਹਾ ਹੈ।

ਹਿਮਾਚਲ ਦੇ ਤਿੰਨ ਜ਼ਿਲ੍ਹਿਆਂ ਚੰਬਾ, ਕਾਂਗੜਾ ਅਤੇ ਮੰਡੀ ਵਿੱਚ ਅਗਲੇ 48 ਘੰਟਿਆਂ ਲਈ ਭਾਰੀ ਮੀਂਹ ਨੂੰ ਲੈ ਕੇ ਰੈੱਡ ਅਲਰਟ ਜਾਰੀ ਕੀਤਾ ਗਿਆ ਹੈ, ਜਦਕਿ ਰਾਜ ਦੇ ਕਈ ਹੋਰ ਜ਼ਿਲ੍ਹਿਆਂ ਲਈ ਓਰੇਂਜ ਅਤੇ ਯੈਲੋ ਅਲਰਟ ਵੀ ਜਾਰੀ ਕੀਤੇ ਗਏ ਹਨ। ਪੌਂਗ ਡੈਮ ਦੇ ਫਲੱਡ ਗੇਟ ਖੋਲ੍ਹਣ ਕਰਕੇ ਸੋਮਵਾਰ ਸਵੇਰੇ 8 ਵਜੇ ਬਿਆਸ ਦਰਿਆ ਦਾ ਪਾਣੀ ਖਤਰੇ ਦੇ ਨਿਸ਼ਾਨ ਨੂੰ ਪਾਰ ਕਰ ਗਿਆ। ਪਾਣੀ ਦਾ ਪੱਧਰ ਲਗਾਤਾਰ ਵਧਣ ਕਾਰਨ ਮੰਡ ਵਿਚਲੀਆਂ ਫਸਲਾਂ ਅਤੇ ਨੇੜਲੇ ਪਿੰਡਾਂ ਨੂੰ ਖਤਰਾ ਬਣਿਆ ਹੋਇਆ ਹੈ। ਚੰਡੀਗੜ੍ਹ : ਪੰਜਾਬ, ਹਰਿਆਣਾ, ਹਿਮਾਚਲ ਤੇ ਚੰਡੀਗੜ੍ਹ ਦੇ ਕਈ ਇਲਾਕਿਆਂ ਵਿੱਚ ਲਗਾਤਾਰ ਭਾਰੀ ਮੀਂਹ ਪੈਣ ਦਰਮਿਆਨ ਭਾਰਤੀ ਮੌਸਮ ਵਿਭਾਗ ਨੇ ਮੰਗਲਵਾਰ ਲਈ ਵੀ ਚੰਡੀਗੜ੍ਹ, ਪੰਜਾਬ ਅਤੇ ਹਰਿਆਣਾ ਵਿੱਚ ਭਾਰੀ ਮੀਂਹ ਪੈਣ ਦਾ ਯੈਲੋ ਅਲਰਟ ਜਾਰੀ ਕੀਤਾ ਹੈ।

# ਨੌਜਵਾਨ ਭਾਰਤ ਸਭਾ ਵੱਲੋਂ ਜ਼ਿਲ੍ਹਾ ਅਜਲਾਸ 28 ਨੂੰ ਕੀਤਾ ਜਾਵੇਗਾ : ਕਰਮਜੀਤ ਮਾਣੂੰਕੇ



**ਮੋਗਾ (ਇਕਬਾਲ ਸਿੰਘ ਖਹਿਰਾ)**-ਨੌਜਵਾਨ ਭਾਰਤ ਸਭਾ ਜ਼ਿਲ੍ਹਾ ਕਮੇਟੀ ਮੋਗਾ ਵੱਲੋਂ ਜ਼ਿਲ੍ਹੇ ਦਾ ਅਜਲਾਸ ਕਰਨ ਸੰਬੰਧੀ ਮੀਟਿੰਗ ਕੀਤੀ ਗਈ, ਜਿਸ ਵਿੱਚ ਤੈਅ ਕੀਤਾ ਗਿਆ ਕਿ ਇਹ ਅਜਲਾਸ 28 ਸਤੰਬਰ ਨੂੰ ਕੀਤਾ ਜਾਵੇਗਾ ਤੇ ਇਸ ਤੋਂ ਪਹਿਲਾਂ ਦੋ ਇਲਾਕਾ ਅਜਲਾਸ ਕੀਤੇ ਜਾਣਗੇ। ਇਲਾਕਾ ਬਾਘਾ ਪੁਰਾਣਾ ਦਾ ਅਜਲਾਸ 17 ਸਤੰਬਰ ਨੂੰ ਪਿੰਡ ਰੋਡੇ ਤੇ ਇਲਾਕਾ ਨਿਹਾਲ ਸਿੰਘ ਵਾਲਾ ਦਾ ਅਜਲਾਸ 14 ਸਤੰਬਰ ਨੂੰ ਮੋਗਾ ਵਿਖੇ ਕੀਤਾ ਜਾਵੇਗਾ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸਭਾ ਦੇ ਸੂਬਾ ਮੀਤ ਪ੍ਰਧਾਨ ਕਰਮਜੀਤ ਮਾਣੂੰਕੇ, ਜ਼ਿਲ੍ਹਾ ਪ੍ਰਧਾਨ ਰਾਜਦੀਪ ਸਿੰਘ ਨੇ ਕਿਹਾ ਕਿ ਅਜਲਾਸ ਕਰਨ ਤੋਂ ਪਹਿਲਾਂ ਦਰਜਨਾਂ ਪਿੰਡਾਂ ਵਿੱਚ ਮੈਂਬਰਸ਼ਿਪ ਕਰਕੇ ਕਮੇਟੀਆਂ ਦੀ ਚੋਣ ਕੀਤੀ ਜਾਵੇਗੀ।ਇਸ ਉਪਰੰਤ ਡੈਲੀਗੇਟ ਚੁਣ ਕੇ ਅਜਲਾਸ ਕੀਤੇ ਜਾਣਗੇ।ਡੈਲੀਗੇਟ ਹੀ ਅਜਲਾਸ ਵਿਚੋਂ ਏਰੀਆ ਕਮੇਟੀਆਂ ਦੀ ਚੋਣ ਕਰਨਗੇ।ਉਨ੍ਹਾਂ ਕਿਹਾ ਕਿ ਜਦ ਜਦੋਂ ਜਵਾਨੀ ਨਸ਼ਾ, ਗੈਂਗਵਾਰ ਦਾ ਸ਼ਿਕਾਰ ਹੈ।ਵਿਦੇਸ਼ਾਂ ਨੂੰ ਜਾਣ ਲਈ ਮਜਬੂਰ ਹਨ।ਇਸ ਦੀ ਵਜ੍ਹਾ ਬੇਰੁਜ਼ਗਾਰੀ ਹੈ।ਖੇਤੀ ਘਾਟੇਵੰਦ ਧੰਦਾ ਹੋਣ ਕਰਕੇ, ਪੰਜਾਬ ਵਿੱਚ ਖੇਤੀ ਅਧਾਰਤ ਸਨਅਤ ਨਾ ਹੋਣ ਕਰਕੇ, ਸੇਵਾਵਾਂ ਖੇਤਰ ਵਿਚ ਨਿੱਜੀਕਰਨ ਹੋਣ ਕਰਕੇ ਰੁਜ਼ਗਾਰ ਦੇ ਮੌਕੇ ਪੈਦਾ ਨਹੀਂ ਕੀਤੇ ਜਾ ਰਹੇ ਹਨ।ਨੌਜਵਾਨਾਂ ਨੂੰ ਇਸ ਦੇ ਲਈ ਲਾਮਬੰਦ ਹੋਣ ਲਈ ਇਨਕਲਾਬੀ ਨੌਜਵਾਨ ਜਥੇਬੰਦੀ ਦੀ ਜ਼ਰੂਰਤ ਹੈ।ਨੌਜਵਾਨ ਭਾਰਤ ਸਭਾ ਸ਼ਹੀਦ ਭਗਤ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਬਣਾਈ ਗਈ ਅਜਿਹੀ ਜਥੇਬੰਦੀ ਹੈ, ਜਿਸ ਨਾਲ ਨੌਜਵਾਨਾਂ ਨੂੰ ਜੁੜਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਇਤਿਹਾਸਕ ਯਾਦਗਾਰਾਂ ਬਚਾਉਣ, ਆਧੁਨਿਕ ਖੇਡ ਢਾਂਚਾ ਵਿਕਸਤ ਕਰਾਉਣ, ਪੁਲਸ ਸਿਆਸੀ ਨਸ਼ਾ ਸਮਗਲ ਗੱਠਜੋੜ ਖਿਲਾਫ ਲਾਮਬੰਦੀ ਕਰਨ ਤੇ ਹੋਰ ਲੋਕਪੱਖੀ ਕਾਰਜ ਕਰਨ ਦੇ ਫੈਸਲੇ ਲਏ ਜਾਣਗੇ।ਉਨ੍ਹਾਂ ਕਿਹਾ ਕੇ ਜਥੇਬੰਦੀ ਦੀਆਂ ਨਵੀਆਂ ਕਮੇਟੀਆਂ ਦੀ ਚੋਣ ਕਰਕੇ ਜਥੇਬੰਦੀ ਦੇ ਆਈ ਕਾਰਡ ਬਣਾ ਕੇ ਮੈਂਬਰ ਨੌਜਵਾਨਾਂ ਨੂੰ ਦਿੱਤੇ ਜਾਣਗੇ।ਇਸ ਮੌਕੇ ਮੀਟਿੰਗ ਵਿੱਚ ਸਕੱਤਰ ਬ੍ਰਿਜ ਰਾਜੇਆਣਾ, ਜ਼ਿਲ੍ਹਾ ਵਿੱਤ ਸਕੱਤਰ ਸਤਨਾਮ ਡਾਲਾ, ਜ਼ਿਲ੍ਹਾ ਕਮੇਟੀ ਮੈਂਬਰ ਗੁਰਪ੍ਰੀਤ ਸਿੰਘ ਰੋਡੇ, ਜਗਦੀਪ ਸਿੰਘ ਲੰਗਿਆਣਾ, ਨਿਰਮਲ ਸਿੰਘ ਸੇਖਾ, ਗੁਰਲਾਭ ਸਿੰਘ ਸੇਖਾ ਆਦਿ ਹਾਜ਼ਰ ਸਨ।

## ਜ਼ੋਨ ਖੇਡ ਮੁਕਾਬਲਿਆਂ 'ਚ ਦਸਮੇਸ਼ ਮਿਸ਼ਨ ਸਕੂਲ ਹਰੀ ਨੌ ਦੀ ਸ਼ਾਨਦਾਰ ਜਿੱਤ



**ਕੋਟਕਪੂਰਾ (ਰਛਪਾਲ ਭੁੱਲਰ)**-ਸਿੱਖਿਆ ਵਿਭਾਗ ਪੰਜਾਬ ਦੁਆਰਾ 69ਵੀਆਂ ਪੰਜਾਬ ਰਾਜ ਜ਼ੋਨ ਖੇਡ ਮੁਕਾਬਲੇ ਕਰਾਏ ਜਾ ਰਹੇ ਹਨ।ਇਨ੍ਹਾਂ ਮੁਕਾਬਲਿਆਂ 'ਚ ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌ ਨੇ ਬਹੁਤ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਲੜਕਿਆਂ ਨੇ ਵਾਲੀਬਾਲ ਵਿੱਚੋਂ ਅੰਡਰ-17 ਤੇ ਅੰਡਰ-19 ਨੇ ਪਹਿਲਾ, ਅੰਡਰ-14 ਨੇ ਦੂਜਾ ਸਥਾਨ ਹਾਸਲ ਕੀਤਾ।ਖੋ-ਖੋ ਅੰਡਰ-19 ਲੜਕਿਆਂ ਨੇ ਪਹਿਲਾ ਸਥਾਨ ਹਾਸਲ ਕੀਤਾ।ਕਬੱਡੀ (ਨੈਸ਼ਨਲ ਸਟਾਇਲ) 'ਚ ਅੰਡਰ-17 ਨੇ ਪਹਿਲਾ , ਅੰਡਰ-19 ਨੇ ਦੂਜਾ ਤੇ ਅੰਡਰ-14 ਨੇ ਵੀ ਦੂਜਾ ਸਥਾਨ ਹਾਸਲ ਕੀਤਾ।ਕਬੱਡੀ (ਸਰਕਲ) ਵਿੱਚ ਅੰਡਰ-14 ਨੇ ਪਹਿਲਾ ਸਥਾਨ ਹਾਸਲ ਕੀਤਾ।ਰਾਈਫਲ ਸ਼ੂਟਿੰਗ ਵਿੱਚ ਅੰਡਰ-17 ਅਤੇ ਅੰਡਰ-19 ਨੇ ਪਹਿਲਾ ਸਥਾਨ ਹਾਸਲ ਕੀਤਾ।ਰੱਸਾਕਸ਼ੀ ਤੇ ਨੈੱਟਬਾਲ ਮੁਕਾਬਲਿਆਂ ਵਿੱਚ ਅੰਡਰ-17 ਤੇ ਅੰਡਰ-19 ਨੇ ਦੂਜਾ ਸਥਾਨ ਹਾਸਲ ਕੀਤਾ।ਬੈਡਮਿੰਟਨ ਵਿੱਚ ਅੰਡਰ-19 ਨੇ ਦੂਜਾ ਸਥਾਨ ਹਾਸਲ ਕੀਤਾ।ਲੜਕਿਆਂ ਦੇ ਨਾਲ-ਨਾਲ ਸਕੂਲ ਦੀਆਂ ਲੜਕੀਆਂ ਵੱਲੋਂ ਵੀ ਬਹੁਤ ਵਧੀਆ ਪ੍ਰਦਰਸ਼ਨ ਕੀਤਾ ਗਿਆ।ਸਕੂਲ ਦੀਆਂ ਲੜਕੀਆਂ ਨੇ ਨੈੱਟਬਾਲ ਖੇਡ ਮੁਕਾਬਲਿਆਂ ਵਿੱਚ ਅੰਡਰ-14 ਤੇ ਅੰਡਰ-19 ਨੇ ਪਹਿਲਾ, ਅੰਡਰ-17 ਨੇ ਦੂਜਾ ਸਥਾਨ ਹਾਸਲ ਕੀਤਾ।ਰੱਸਾਕਸ਼ੀ ਵਿੱਚ ਅੰਡਰ-17 ਨੇ ਪਹਿਲਾ, ਅੰਡਰ-14 ਤੇ ਅੰਡਰ-19 ਨੇ ਦੂਜਾ ਸਥਾਨ ਹਾਸਲ ਕੀਤਾ।ਵਾਲੀਬਾਲ ਤੇ ਚੈੱਸ ਖੇਡ ਵਿੱਚੋਂ ਅੰਡਰ-19 ਨੇ ਪਹਿਲਾ ਸਥਾਨ ਹਾਸਲ ਕੀਤਾ।ਖੋ-ਖੋ ਵਿੱਚ ਅੰਡਰ-14 ਲੜਕੀਆਂ ਵੱਲੋਂ ਪਹਿਲਾ ਤੇ ਬੈਡਮਿੰਟਨ ਮਕਾਬਲਿਆਂ ਵਿੱਚ ਅੰਡਰ-17 ਨੇ ਦੂਜਾ ਸਥਾਨ ਹਾਸਲ ਕੀਤਾ।ਸਕੂਲ ਦੇ ਡਾਇਰੈਕਟਰ ਪ੍ਰਿੰਸੀਪਲ ਸੁਰਿੰਦਰ ਕੌਰ ਤੇ ਮੈਨੇਜਿੰਗ ਡਾਇਰੈਕਟਰ ਬਲਜੀਤ ਸਿੰਘ ਨੇ ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਬੱਚਿਆਂ ਨੂੰ ਹੋਰ ਸਖ਼ਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

## ਵਿਸ਼ਵ ਭਾਈਚਾਰਾ ਦਿਵਸ ਮੌਕੇ ਖੂਨਦਾਨ ਕੈਂਪ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਵਿਸ਼ਵ ਭਾਈਚਾਰਾ ਦਿਵਸ ਮੌਕੇ ਬ੍ਰਹਮਾ ਕੁਮਾਰੀ ਕੇਂਦਰ ਪਾਤੜਾਂ ਤੇ ਰੋਟਰੀ ਕਲੱਬ ਪਾਤੜਾਂ ਰੋਇਲ ਵੱਲੋਂ ਸ੍ਰੀ ਦੁਰਗਾ ਦਲ ਸੇਵਾ ਸੰਮਤੀ ਚੈਰੀਟੇਬਲ ਹਸਪਤਾਲ ਵਿਖੇ ਖ਼ੂਨਦਾਨ ਕੈਂਪ ਲਾਇਆ ਗਿਆ।ਕੈਂਪ ਦੌਰਾਨ ਰਾਜਿੰਦਰਾ ਹਸਪਤਾਲ ਪਟਿਆਲਾ ਦੇ ਬਲੱਡ ਬੈਂਕ ਦੀ ਟੀਮ ਖ਼ੂਨਦਾਨੀਆਂ ਵੱਲੋਂ ਦਾਨ ਕੀਤਾ ਗਿਆ 54 ਯੂਨਿਟ ਤੋਂ ਖ਼ੂਨ ਇਕੱਤਰ ਕੀਤਾ।ਕੈਂਪ 'ਚ ਕਾਰ ਡੀਲਰਜ਼ ਐਸੋਸੀਏਸ਼ਨ ਦੇ ਪ੍ਰਧਾਨ ਸੁਨੀਲ ਕੁਮਾਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਬ੍ਰਹਮਾ ਕੁਮਾਰੀ ਸੰਸਥਾ ਵੱਲੋਂ ਚਲਾਏ ਜਾ ਰਹੇ ਸਮਾਜ ਸੇਵਾ ਪ੍ਰੋਗਰਾਮਾਂ ਦੀ ਸ਼ਲਾਘਾ ਕਰਦਿਆਂ ਖ਼ੂਨਦਾਨੀਆਂ ਦਾ ਹੌਸਲਾ ਵਧਾਇਆ।ਰਾਜਯੋਗੀਨੀ ਬੀਕੇ ਨਿਸ਼ਾ ਦੀਦੀ ਨੇ ਦੱਸਿਆ ਕਿ 22 ਤੋਂ 25 ਅਗਸਤ ਤੱਕ ਬ੍ਰਹਮਕੁਮਾਰੀ ਸੰਸਥਾਨ ਵਿੱਚ 1500 ਤੋਂ ਵੱਧ ਵਿਅਕਤੀਆਂ ਨੇ ਸੇਵਾ ਕੇਂਦਰ ਵਿੱਚ ਸਰਗਰਮੀ ਨਾਲ ਹਿੱਸਾ ਲਿਆ।ਉਨ੍ਹਾਂ ਕਿਹਾ ਕਿ ਖ਼ੂਨਦਾਨ ਇਕ ਮਹਾਨ ਦਾਨ ਹੈ ਅਤੇ ਹਰ ਵਿਅਕਤੀ ਨੂੰ ਮਨੁੱਖਤਾ ਦੀ ਸੇਵਾ ਵਿਚ ਯੋਗਦਾਨ ਪਾਉਣਾ ਚਾਹੀਦਾ ਹੈ।ਇਸ ਮੌਕੇ ਘੱਗਾ ਸੇਵਾ ਕੇਂਦਰ ਤੋਂ ਬੀਕੇ ਰੇਖਾ, ਖਨੌਰੀ ਤੋਂ ਬੀਕੇ ਮਨੀਸ਼ਾ ਭੈਣ ਤੇ ਬੀਕੇ ਕਿਰਨ ਭੈਣ, ਡਾ ਅਸ਼ੋਕ, ਨਰੇਸ਼ ਕੁਮਾਰ ਪਾਤੜਾਂ ਫੂਡ ਵਾਲੇ, ਰਾਕੇਸ਼ ਗਰਗ ਚੇਅਰਮੈਨ ਮਦਰ ਇੰਡੀਆ ਸਕੂਲ, ਸੈਕਟਰੀ ਰਾਕੇਸ਼ ਗੋਇਲ, ਕੈਸ਼ੀਅਰ ਮਿੰਕਲ ਗਰਗ, ਕਪਿਲ ਕੋਸ਼ਲ ਮਲਿਕ, ਜ਼ੋਨਲ ਸੈਕਟਰੀ ਨਰਾਇਣ ਦਾਸ, ਅਸ਼ੋਕ ਗਰਗ, ਅਮਨਦੀਪ ਸਿੰਘ, ਨਰਾਇਣ ਦਾਸ, ਰਾਕੇਸ਼ ਸਿੰਗਲਾ ਚੇਅਰਮੈਨ ਗੁਰੂਕੁਲ ਸਕੂਲ, ਸੋਨੂ ਬਾਂਸਲ, ਸੰਦੀਪ ਗੁਪਤਾ, ਜੀਵਨ ਕੁਮਾਰ , ਰਾਕੇਸ਼ ਬੱਬਲ, ਗੋਬਿੰਦ ਸਿੰਘ ਵਿਰਦੀ, ਬ੍ਰਿਜ ਲਾਲ, ਵਿਸ਼ਾਲ ਗੋਇਲ, ਕੁਨਾਲ ਗੋਇਲ, ਅਰੁਣ ਸਿੰਗਲਾ, ਦੀਪਕ ਗਰਗ, ਸੁਨੀਲ ਮਿੱਤਲ, ਮਿੰਕਲ ਗਰਗ, ਅਮਿਤ ਗਰਗ, ਰਾਕੇਸ਼ ਗੋਇਲ ਤੇ ਰਕੇਸ਼ ਸੋਨੀ ਆਦਿ ਹਾਜ਼ਰ ਸਨ।

# ਰਾਜ ਕੁਮਾਰ ਚੱਠਾ ਨੂੰ ਪ੍ਰਧਾਨ ਤੇ ਵਿਕਾਸ ਸ਼ਰਮਾ ਨੂੰ ਜਨਰਲ ਸਕੱਤਰ ਚੁਣਿਆ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਬਠਿੰਡਾ ਰੋਡ 'ਤੇ ਬਣੀ ਸ਼੍ਰੀ ਗੁਰੂ ਅਰਜਨ ਦੇਵ ਕਲੋਨੀ, ਸ਼੍ਰੀ ਗੁਰੂ ਅਰਜਨ ਦੇਵ ਵੈਲਫੇਅਰ ਸੋਸਾਇਟੀ ਦੇ ਨਾਂਅ 'ਤੇ ਕਲੋਨੀ ਦੇ ਭਲੇ ਲਈ ਲੰਬੇ ਸਮੇਂ ਤੋਂ ਕੰਮ ਕਰ ਰਹੀ ਹੈ।ਇਸ ਨੂੰ ਅੱਗੇ ਵਧਾਉਂਦੇ ਹੋਏ ਸੁਸਾਇਟੀ ਨੂੰ ਰਾਜ ਕੁਮਾਰ ਚੱਠਾ ਦੇ ਰੂਪ ਵਿੱਚ ਆਪਣਾ ਪ੍ਰਧਾਨ ਤੇ ਵਿਕਾਸ ਸ਼ਰਮਾ ਨੂੰ ਜਨਰਲ ਸਕੱਤਰ ਮਿਲਿਆ। ਬਿਜਲੀ ਵਿਭਾਗ ਵਿੱਚ ਐਸਐਸਏ ਦੇ ਅਹੁਦੇ ਤੋਂ ਸੇਵਾਮੁਕਤ ਹੋਣ ਤੋਂ ਬਾਅਦ, ਰਾਜ ਕੁਮਾਰ ਚੱਠਾ ਨੂੰ ਉਨ੍ਹਾਂ ਦੇ ਵਿਹਾਰ ਅਤੇ ਚੰਗੇ ਕਾਰਜਸ਼ੈਲੀ ਕਾਰਨ ਸੁਸਾਇਟੀ ਮੈਂਬਰਾਂ ਨੇ ਸਰਬਸੰਮਤੀ ਨਾਲ ਪ੍ਰਧਾਨ ਚੁਣਿਆ ਹੈ ਤੇ ਕਲੋਨੀ ਦੇ ਕੰਮਕਾਜ ਵਿੱਚ ਮਹੱਤਵਪੂਰਨ ਯੋਗਦਾਨ ਨੂੰ ਦੇਖਦੇ ਹੋਏ ਵਿਕਾਸ ਸ਼ਰਮਾ ਨੂੰ ਇਹ ਜ਼ਿੰਮੇਵਾਰੀ ਸੌਂਪੀ ਗਈ ਹੈ।

ਮੀਡੀਆ ਨਾਲ ਗੱਲ ਕਰਦਿਆਂ ਰਾਜ ਕੁਮਾਰ ਚੱਠਾ ਨੇ ਸੁਸਾਇਟੀ ਮੈਂਬਰਾਂ ਦਾ ਪ੍ਰਧਾਨ ਦੇ ਅਹੁਦੇ ਦੀ ਜ਼ਿੰਮੇਵਾਰੀ ਸੌਂਪਣ ਲਈ ਧੰਨਵਾਦ ਕੀਤਾ ਤੇ ਸ਼੍ਰੀ ਗੁਰੂ ਅਰਜਨ ਦੇਵ ਕਲੋਨੀ ਨਾਲ ਸਬੰਧਤ ਸਾਰੇ ਕੰਮਾਂ ਤੇ ਸਮੱਸਿਆਵਾਂ ਨੂੰ ਪੂਰੀ ਇਮਾਨਦਾਰੀ ਅਤੇ ਨਿਸ਼ਠਾ ਨਾਲ ਹੱਲ ਕਰਨ ਦਾ ਭਰੋਸਾ ਦਿੱਤਾ।ਇਸ ਮੌਕੇ ਰਾਜ ਕੁਮਾਰ ਚੱਠਾ ਨੇ ਆਪਣੀ ਕਮੇਟੀ ਬਣਾਈ ਤੇ ਵਿਕਾਸ ਸ਼ਰਮਾ ਨੂੰ ਜਨਰਲ ਸਕੱਤਰ, ਡਾ. ਸ਼ਮਿੰਦਰ ਸਿੰਘ ਨੂੰ ਸੀਨੀਅਰ ਉਪ ਪ੍ਰਧਾਨ, ਰਾਜੀਵ ਸ਼ਰਮਾ ਨੂੰ ਉਪਪ੍ਰਧਾਨ, ਦਿਨੇਸ਼ ਗੋਇਲ ਨੂੰ ਖਜ਼ਾਨਚੀ, ਵਰੁਣ ਬਾਂਸਲ ਨੂੰ ਪ੍ਰੈਸ ਸਕੱਤਰ, ਸਾਹਿਲ ਕੁਮਾਰ ਨੂੰ ਸਕੱਤਰ, ਮੁਕੇਸ਼ ਸਿੰਗਲਾ ਨੂੰ ਸੰਯੁਕਤ ਸਕੱਤਰ, ਭਾਰਤ ਭੂਸ਼ਣ ਮਿੱਤਲ ਨੂੰ ਮੈਂਬਰ, ਰਵਿੰਦਰ ਕੁਮਾਰ ਨੂੰ ਮੈਂਬਰ, ਪਵਨ ਖੱਟਰ ਨੂੰ ਮੈਂਬਰ, ਵਿਸ਼ਾਲ ਸ਼ਰਮਾ ਨੂੰ ਮੈਂਬਰ, ਸ਼ਰਨਪ੍ਰੀਤ ਸਿੰਘ ਨੂੰ ਮੈਂਬਰ ਨਿਯੁਕਤ ਕੀਤਾ।

# ਬੀਬੀ ਘਨੌਰੀ ਸਮੇਤ ਭਾਜਪਾ ਆਗੂ ਲਏ ਹਿਰਾਸਤ 'ਚ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਕੇਂਦਰ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਸਬੰਧੀ ਚੋਪੜਾ ਪੱਤੀ ਧਰਮਸ਼ਾਲਾ ਮਹਿਲ ਕਲਾਂ (ਬਰਨਾਲਾ) ਵਿਖੇ ਕੈਂਪ ਲਾਉਣ ਜਾ ਰਹੇ ਭਾਜਪਾ ਆਗੂਆਂ ਨੂੰ ਪੁਲਸ ਵੱਲੋਂ ਹਿਰਾਸਤ 'ਚ ਲਏ ਜਾਣ ਦਾ ਪਤਾ ਲੱਗਾ ਹੈ।ਸੀਨੀਅਰ ਭਾਜਪਾ ਆਗੂ ਬੀਬੀ ਹਰਚੰਦ ਕੌਰ ਘਨੌਰੀ ਸਾਬਕਾ ਵਿਧਾਇਕ ਸਮੇਤ ਪੰਜ ਆਗੂਆਂ ਨੂੰ ਮਹਿਲ ਕਲਾਂ ਪੁਲਿਸ ਨੇ ਹਿਰਾਸਤ 'ਚ ਲੈਣ ਉਪਰੰਤ ਕਿਸੇ ਅਣਦੱਸੀ ਥਾਂ ਭੇਜ ਦਿੱਤਾ।ਇਸ ਤੋਂ ਬਾਅਦ ਕੈਂਪ ਲਾਉਣ ਲਈ ਨਿਰਧਾਰਤ ਕੀਤੀ ਚੋਪੜਾ ਪੱਤੀ ਧਰਮਸ਼ਾਲਾ ਦੇ ਪ੍ਰਮੁੱਖ ਗੇਟ ਨੂੰ ਤਾਲਾ ਲਗਾ ਦਿੱਤਾ ਗਿਆ।ਭਾਜਪਾ ਆਗੂਆਂ ਵੱਲੋਂ ਕੇਂਦਰ ਦੀਆਂ ਵੱਖ-ਵੱਖ ਭਲਾਈ ਸਕੀਮਾਂ ਦਾ ਲਾਭ ਲੋਕਾਂ ਨੂੰ ਦਿਵਾਉਣ ਲਈ ਵਿਸ਼ੇਸ਼ ਕੈਂਪ ਲਾਉਣ ਦਾ ਪ੍ਰੋਗਰਾਮ ਉਲੀਕਿਆ ਗਿਆ ਸੀ, ਜਿਸ ਸਬੰਧੀ ਵੱਖ-ਵੱਖ ਸ਼ੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਇਸ ਸਬੰਧੀ ਪ੍ਰਚਾਰ ਕੀਤਾ ਗਿਆ। ਸਵੇਰ ਹੁੰਦੇ ਹੀ ਪੁਲਸ ਵੱਲੋਂ ਕੈਂਪ ਲਾਉਣ ਤੋਂ ਪਹਿਲਾਂ ਹੀ ਭਾਜਪਾ ਦੇ ਸੀਨੀਅਰ ਆਗੂ ਬੀਬੀ ਹਰਚੰਦ ਕੌਰ ਘਨੌਰੀ ਸਾਬਕਾ ਵਿਧਾਇਕਾ ਸਮੇਤ ਮੰਡਲ ਪ੍ਰਧਾਨ ਸੁਰਿੰਦਰ ਕਾਲਾ, ਪਰਜੀਤ ਸਿੰਘ ਕ੍ਰਿਪਾਲ ਸਿੰਘ ਵਾਲਾ, ਸਾਬਕਾ ਸਰਪੰਚ ਬਲਦੀਪ ਸਿੰਘ ਮਹਿਲ ਖ਼ੁਰਦ, ਮਹਿੰਦਰ ਸਿੰਘ ਖ਼ਾਲਸਾ, ਕ੍ਰਿਸ਼ਨ ਕੁਮਾਰ ਠੀਕਰੀਵਾਲ ਨੂੰ ਹਿਰਾਸਤ 'ਚ ਲੈ ਲਿਆ ਗਿਆ।ਪੁਲਸ ਨੇ ਹਿਰਾਸਤ 'ਚ ਲਏ ਆਗੂਆਂ ਨੂੰ ਕਿਸੇ ਅਣਦੱਸੀ ਥਾਂ ਭੇਜ ਦਿੱਤਾ।ਕੈਂਪ ਲਾਉਣ ਲਈ ਮਿੱਥੇ ਗਏ ਸਥਾਨ ਨੂੰ ਪਹਿਲਾਂ ਤੋਂ ਹੀ ਲੱਗੇ ਜਿੰਦੇ ਉਪਰ ਆਪਣਾ ਦੂਜਾ ਜਿੰਦਾ ਲਾ ਦਿੱਤਾ।ਸੰਪਰਕ ਕੀਤੇ ਜਾਣ 'ਤੇ ਪੁਲਸ ਨੇ ਕੋਈ ਜਾਣਕਾਰੀ ਨਹੀਂ ਦਿੱਤੀ। ਹਿਰਾਸਤ 'ਚ ਲਏ ਆਗੂਆਂ 'ਚੋਂ ਕੁੱਝ ਨੂੰ ਰੂੜੇਕੇ ਕਲਾਂ ਪੁਲਸ ਚੌਕੀ 'ਚ ਲਿਜਾਣ ਦਾ ਪਤਾ ਲੱਗਾ ਹੈ। ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਯਾਦਵਿੰਦਰ ਸਿੰਘ ਸ਼ੈਂਟੀ, ਹਲਕਾ ਭਦੌੜ ਦੇ ਇੰਚਾਰਜ ਗੁਰਜਿੰਦਰ ਸਿੰਘ ਸਿੱਧੂ ਤੇ ਸੰਤ ਸਿੰਘ ਧੂਰੀ ਨੇ ਇਸ ਨੂੰ ਘਟਨਾ ਨੂੰ 'ਆਪ' ਸਰਕਾਰ ਦੀ ਧੱਕੇਸ਼ਾਹੀ ਕਰਾਰ ਦਿੰਦਿਆਂ ਸਖ਼ਤ ਸ਼ਬਦਾਂ 'ਚ ਨਿੰਦਾ ਕੀਤੀ ਹੈ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਜਲੰਧਰ ਲਈ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਪ੍ਰਕਾਸ਼ਿਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

26 Aug Page 3+8+9+12.qxd 8/25/2025 9:13 PM Page 3



# ਆਸ਼ਾ ਵਰਕਰਾਂ ਤੇ ਸੁਪਰਵਾਈਜ਼ਰਾਂ ਵੱਲੋਂ ਹੱਕੀ ਮੰਗਾਂ ਸੰਬੰਧੀ ਐੱਸ ਐੱਮ ਓ ਨੂੰ ਮੰਗ ਪੱਤਰ ਸੌਂਪਿਆ

**ਪੱਟੀ (ਬਲਦੇਵ ਸਿੰਘ ਸੰਧੂ)**- ਆਸ਼ਾ ਵਰਕਰਾਂ ਤੇ ਸੁਪਰਵਾਈਜ਼ਰਾਂ ਦੇ ਸਾਂਝੇ ਮੋਰਚੇ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ 31 ਅਗਸਤ ਤੱਕ ਕਲਮਛੋੜ ਹੜਤਾਲ ਕਰਕੇ ਸਿਵਲ ਹਸਪਤਾਲ ਘਰਿਆਲਾ ਵਿਖੇ ਰੋਸ ਧਰਨਾ ਦਿੱਤਾ ਗਿਆ ਤੇ ਸੂਬਾ ਸਰਕਾਰ ਖ਼ਿਲਾਫ਼ ਜੰਮ ਕੇ ਭੜਾਸ ਕੱਢੀ । ਸੂਬਾ ਸਰਕਾਰ ਮੁਰਦਾਬਾਦ ਦੀ ਨਾਅਰੇਬਾਜ਼ੀ ਕੀਤੀ ਗਈ।ਜ਼ਿਲ੍ਹਾ ਪ੍ਰਧਾਨ ਮਨਜਿੰਦਰ ਕੌਰ ਨੇ ਦੱਸਿਆ ਕਿ ਉਨ੍ਹਾਂ ਦੇ ਕੱਟੇ ਹੋਏ ਭੱਤੇ ਨੂੰ ਮੁੜ ਤੋਂ ਬਹਾਲ ਕੀਤਾ ਜਾਵੇ। ਫੈਸੀਲਿਟੇਟਰ ਨੂੰ ਕੇਂਦਰ ਸਰਕਾਰ ਤੋਂ ਮਿਲਣ ਵਾਲਾ 1 ਹਜ਼ਾਰ ਅਤੇ ਟੂਰ ਮਨੀ ਵਿਚ ਵਾਧਾ ਕੀਤਾ ਜਾਵੇ, 10 ਆਸ਼ਾ ਵਰਕਰਾਂ ਪਿੱਛੇ ਇੱਕ ਫੈਸੀਲਿਟੇਟਰ ਭਰਤੀ ਕਰਦੇ ਹੋਏ ਕੰਮਾਂ ਦੇ ਬੋਝ ਨੂੰ ਘਟਾਇਆ ਜਾਵੇ, ਸੇਵਾ ਮੁਕਤ ਵਰਕਰਾਂ ਨੂੰ ਸਹਾਇਤਾ ਰਾਸ਼ੀ ਘੱਟੋ ਘੱਟ ਪੰਜ ਲੱਖ ਰੁਪਏ ਦੇਣਾ ਯਕੀਨੀ ਬਣਾਇਆ ਜਾਵੇ। ਪੈਨਸ਼ਨ ਦਾ ਪ੍ਰਬੰਧ ਕੀਤਾ ਜਾਵੇ, ਮਿਲਣ ਵਾਲੇ ਫਿਕਸ ਭੱਤੇ 2500 ਰੁਪਏ ਨੂੰ ਕੀਤੇ ਵਾਅਦੇ ਅਨੁਸਾਰ 10 ਹਜ਼ਾਰ ਕੀਤਾ ਜਾਵੇ। ਮੰਨੀਆ ਮੰਗਾਂ ਪ੍ਰਸੂਤੀ ਛੁੱਟੀ, ਟੇਬਲਟ ਤੁਰੰਤ ਮੰਗਾਂ ਦਾ ਨਿਪਟਾਰਾ ਕਰਨ ਲਈ ਮੀਟਿੰਗ ਦਾ ਸਮਾਂ ਮੰਗਿਆ ਗਿਆ ਸੀ। ਪ੍ਰੰਤੂ



● ਸੂਬਾ ਸਰਕਾਰ ਖ਼ਿਲਾਫ਼ ਜੰਮ ਕੇ ਕੀਤੀ ਨਾਅਰੇਬਾਜ਼ੀ

ਗਰਾਊਂਡ ਤੇ ਸਿਹਤ ਵਿਭਾਗ ਦੇ ਸਾਰੇ ਕੰਮਾਂ ਲਈ ਪੰਜਾਬ ਭਰ ਦੀਆਂ ਸੈਕੜਿਆਂ ਦੀ ਗਿਣਤੀ ਵਿੱਚ ਆਸ਼ਾ ਵਰਕਰਜ਼ ਨੂੰ ਜ਼ਿੰਮੇਵਾਰ ਠਹਿਰਾਇਆ ਜਾ ਰਿਹਾ ਹੈ। ਆਸ਼ਾ ਪ੍ਰਫਾਰਮੇ ਅਨੁਸਾਰ 54/55 ਕੰਮਾਂ ਨੂੰ ਪੱਕੇ ਤੌਰ ਤੇ ਆਸ਼ਾ ਦੇ ਗਲ ਮੜ੍ਹ ਦਿੱਤਾ ਗਿਆ ਹੈ। ਕੰਮ ਕਰ ਵੀ ਰਹੀਆਂ ਹਨ ਤੇ ਕਰਨਾ ਵੀ ਪੈਣਾ ਹੈ। ਨਿਗੂਣੇ ਇਨਸੈਂਟਿਵ 'ਤੇ ਪਰਵਾਰਾਂ ਦਾ ਪਾਲਣਾ ਬੜਾ ਮੁਸ਼ਕਲ ਹੋ ਗਿਆ ਹੈ।ਪ੍ਰਧਾਨ ਮਨਜਿੰਦਰ ਕੌਰ ਨੇ ਆਖਿਆ ਕਿ ਆਸ਼ਾ ਵਰਕਰਾਂ ਅਤੇ ਸੁਪਰਵਾਈਜ਼ਰਾਂ ਦੇ ਲਈ ਮਹੀਨੇ ਦੇ ਫਿਕਸ ਭੱਤੇ ਕਦੇ ਅਜੇ ਤੱਕ ਨਹੀਂ ਮਿਲੇ। ਆਭਾ ਆਈ ਡੀ ਦੇ ਪੈਸੇ ਅਜੇ ਤੱਕ ਨਹੀਂ ਆਏ, ਬਜ਼ੁਰਗ ਦੀ ਦੇਖਭਾਲ ਦੇ 1 ਹਜ਼ਾਰ ਰੁਪਏ ਭੱਤਾ ਵੀ ਨਹੀਂ ਜਾਰੀ ਹੋਏ । ਸਾਰੀਆਂ ਮੰਗਾਂ ਮੁਸ਼ਕਲਾਂ ਦੀ ਸੁਣਵਾਈ ਨਾ ਹੋਣ ਕਾਰਨ ਸਿਵਲ ਸਰਜਨ ਦਫ਼ਤਰ ਅੱਗੇ 31 ਅਗਸਤ ਤੱਕ ਪੂਰਨ ਤੌਰ 'ਤੇ ਸਿਹਤ ਵਿਭਾਗ ਦੇ ਸਾਰੇ ਕੰਮਾਂ ਦਾ ਬਾਈਕਾਟ ਕੀਤਾ ਜਾ ਰਿਹਾ ਹੈ। ਸਾਰੀਆਂ ਮੰਗਾਂ ਮੁਸ਼ਕਲਾਂ ਲਈ ਜਾਂ ਤਾਂ ਪੰਜਾਬ ਸਰਕਾਰ ਟੇਬਲ-ਟਾਕ ਕਰੇ ਨਹੀਂ ਤਾਂ ਫਿਰ ਆਰ ਪਾਰ ਦੇ ਸੰਘਰਸ਼ ਸ਼ੁਰੂ ਕੀਤੇ ਜਾਣਗੇ। ਇਸ ਮੌਕੇ ਸਰਬਜੀਤ ਕੌਰ ਮੀਤ ਪ੍ਰਧਾਨ, ਅਮਰਦੀਪ ਕੌਰ ਬਲਾਕ ਪ੍ਰਧਾਨ, ਸਰਬਜੀਤ ਕੌਰ, ਮਨਦੀਪ ਕੌਰ ਖ਼ਜ਼ਾਨਚੀ, ਰਾਜਵਿੰਦਰ ਕੌਰ, ਵੀਰਪਾਲ ਕੌਰ ਸੈਕਟਰੀ, ਰਾਜਵਿੰਦਰ ਕੌਰ, ਅਨੂਜੀਰ ਕੌਰ, ਰਮਨਦੀਪ ਕੌਰ, ਜਸਬੀਰ ਕੌਰ ਆਦਿ ਹਾਜ਼ਰ ਸਨ।

# ਹੈਰੋਇਨ ਸਮੇਤ ਦੋ ਨਾਬਾਲਗ ਗ੍ਰਿਫ਼ਤਾਰ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**- ਖਾਲੜਾ ਪੁਲਸ ਵੱਲੋਂ ਦੋ ਨਾਬਾਲਗਾਂ ਨੂੰ 10 ਗ੍ਰਾਮ ਹੈਰੋਇਨ ਸਮੇਤ ਕਾਬੂ ਕਰਨ ਦੀ ਖ਼ਬਰ ਹੈ। ਇਸ ਸੰਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਸਬ-ਡਵੀਜ਼ਨ ਭਿੱਖੀਵਿੰਡ ਦੇ ਡੀ ਐੱਸ ਪੀ ਪ੍ਰੀਤ ਇੰਦਰ ਸਿੰਘ ਨੇ ਦੱਸਿਆ ਕਿ ਏ.ਐੱਸ.ਆਈ. ਸਾਹਿਬ ਸਿੰਘ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਪਿੰਡ ਡੱਲ ਵਿੱਚ ਨਾਕਾਬੰਦੀ ਕਰਕੇ ਸ਼ੱਕੀ ਵਾਹਨਾਂ ਦੀ ਚੈਕਿੰਗ ਕਰ ਰਹੇ ਸਨ। ਚੈਕਿੰਗ ਦੌਰਾਨ ਪੁਲਸ ਪਾਰਟੀ ਨੂੰ ਦੋ ਨੌਜਵਾਨ ਹੀਰੋ ਹਾਂਡਾ ਐੱਚ ਐੱਫ ਡੀਲੈਕਸ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਉਂਦੇ ਦਿਖਾਈ ਦਿੱਤੇ। ਨੌਜਵਾਨ ਪੁਲਸ ਪਾਰਟੀ ਨੂੰ ਦੇਖ ਕੇ ਘਬਰਾ ਗਏ ਤੇ ਮੋਟਰਸਾਈਕਲ ਚਾਲਕ ਦੇ ਪਿੱਛੇ ਬੈਠੇ ਨੌਜਵਾਨ ਨੇ ਆਪਣੇ ਪਜਾਮੇ ਦੀ ਜੇਬ ਵਿੱਚੋਂ ਇੱਕ ਮੋਮੀ ਲਿਫਾਫਾ ਕੱਢ ਕੇ ਸੜਕ ਦੇ ਕਿਨਾਰੇ ਘਾਹ ਵਿੱਚ ਸੁੱਟ ਦਿੱਤਾ। ਪੁਲਸ ਨੇ ਦੋਵਾਂ ਨੌਜਵਾਨਾਂ ਨੂੰ ਕਾਬੂ ਕਰਕੇ ਜਦੋਂ ਸੜਕ ਕਿਨਾਰੇ ਸੁੱਟਿਆ ਮੋਮੀ ਲਿਫਾਫਾ ਚੈੱਕ ਕੀਤਾ ਤਾਂ ਉਸ ਵਿੱਚੋਂ ਦਸ ਗ੍ਰਾਮ ਹੈਰੋਇਨ ਬਰਾਮਦ ਹੋਈ। ਡੀ ਐੱਸ ਪੀ ਨੇ ਦੱਸਿਆ ਕਿ ਇੱਕ ਨਾਬਾਲਗ ਸ਼ੁਭ ਥਾਣਾ ਹਰੀਕੇ ਦਾ ਤੇ ਦੂਜਾ ਸੇਰੋਂ ਥਾਣਾ ਸਰਹਾਲੀ ਦਾ ਰਹਿਣ ਵਾਲਾ ਹੈ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਵਿੱਚ ਥਾਣਾ ਖਾਲੜਾ ਦੀ ਪੁਲਸ ਨੇ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਬਰਸਾਤੀ ਪਾਣੀ ਨਾਲ ਕਿਸਾਨਾਂ ਦੀ ਸੈਂਕੜੇ ਏਕੜ ਫ਼ਸਲ ਹੋ ਰਹੀ ਖ਼ਰਾਬ

**ਗੁਰਦਾਸਪੁਰ (ਜਨਕ ਮਹਾਜਨ)**- ਗੁਰਦਾਸਪੁਰ-ਮੁਕੇਰੀਆਂ ਸੜਕ ਵਿਚਕਾਰ ਪੈਂਦੇ ਪਿੰਡ ਚਾਵਾ, ਨਵਾਂ ਨੁਸ਼ਿਹਰਾ, ਬਹਾਦਰ, ਨਵਾਂ ਪਿੰਡ, ਗਾਜੀਕੋਟ, ਮੇਘੀਆਂ, ਛੀਨਾਬੇਟ, ਚੰਦਰਭਾਨ, ਜਲੂਪੁਰ ਤੋਂ ਇਲਾਵਾ ਜਗਤਪੁਰ, ਟਾਂਡਾ ਜ਼ਮੀਨਾਂ ਵਿਚ



ਮੀਂਹ ਦਾ ਪਾਣੀ ਖੜ੍ਹਾ ਹੋਣ ਕਾਰਨ ਅਕਸਰ ਹੀ ਫ਼ਸਲ ਖ਼ਰਾਬ ਹੋ ਜਾਂਦੀ ਹੈ ਕਿਉਂਕਿ ਇਨ੍ਹਾਂ ਜ਼ਮੀਨਾਂ ਵਿਚ ਖੜ੍ਹੇ ਮੀਂਹ ਦੇ ਪਾਣੀ ਦਾ ਨਿਕਾਸ ਨਹੀਂ ਹੋ ਰਿਹਾ। ਇਸ ਸਬੰਧੀ ਗੱਲਬਾਤ ਕਰਦੇ ਹੋਏ ਜ਼ਮੀਨ ਮਾਲਕਾਂ ਨੇ ਦੱਸਿਆ ਕਿ ਹਰ ਵਾਰ ਹੀ ਬਰਸਾਤ ਦੇ ਮੌਸਮ ਤੋਂ ਪਹਿਲਾਂ ਡਰੇਨਾਂ ਅਤੇ ਨਾਲਿਆਂ ਦੀ ਸਫ਼ਾਈ ਤੇ ਡੂੰਘਾਈ ਸਮੇਂ ਸਿਰ ਨਹੀਂ ਹੁੰਦੀ ਅਤੇ ਕੁਝ ਲੋਕਾਂ ਵਲੋਂ ਨਾਲ ਕੱਚੇ ਰਿਹਾਇਸ਼ ਬਣਾ ਲਈ ਅਤੇ ਕੁਝ ਲੋਕਾਂ ਵਲੋਂ ਨਾਲੇ ਬੰਦ ਕਰ ਦਿੱਤੇ ਗਏ ਹਨ ਜਿਸ ਕਰਕੇ ਉਹ ਪਾਣੀ ਸਿੱਧਾ ਕਿਸਾਨਾਂ ਦੇ ਖੇਤਾਂ ਵਿਚ ਚਲਾ ਜਾਂਦਾ ਹੈ ਜਿਸ ਨਾਲ ਫ਼ਸਲਾਂ ਦਾ ਭਾਰੀ ਨੁਕਸਾਨ ਹੋਣ ਦੇ ਨਾਲ ਕਿਸਾਨ ਆਰਥਿਕ ਤੌਰ 'ਤੇ ਬਹੁਤ ਬੁਰੀ ਤਰ੍ਹਾਂ ਨਾਲ ਟੁੱਟ ਜਾਂਦੇ ਹਨ ਜਦੋਂਕਿ ਉਨ੍ਹਾਂ ਨੂੰ ਅਜੇ ਤੱਕ ਪਹਿਲਾਂ ਖ਼ਰਾਬ ਹੋਈਆਂ ਫ਼ਸਲਾਂ ਦਾ ਅਜੇ ਤੀਕ ਮੁਆਵਜ਼ਾ ਨਹੀਂ ਮਿਲਿਆ। ਲੋਕ ਆਪਣੇ ਪੱਧਰ 'ਤੇ ਬੈਂਕਾਂ ਤੋਂ ਚੁੱਕੇ ਕਰਜ਼ਿਆਂ ਦੇ ਵਿਆਹ ਦੇਣ ਲਈ ਮਜਬੂਰ ਹਨ। ਜ਼ਿਆਦਾ ਮੀਂਹ ਪੈਣ ਦੇ ਨਾਲ ਪਾਣੀ ਉਨ੍ਹਾਂ ਦੀ ਫਸਲ ਵਿੱਚ ਖੜ੍ਹਾ ਹੋ ਜਾਂਦਾ ਹੈ ਜਿਸ ਨੂੰ ਕੱਢਣ ਵਾਸਤੇ ਕੋਈ ਵੀ ਪ੍ਰਬੰਧ ਨਹੀਂ ਹੈ। ਉਨ੍ਹਾਂ ਦੱਸਿਆ ਕਿ ਸਬੰਧਤ ਵਿਭਾਗ ਇਸ ਸਬੰਧੀ ਸਾਰਾ ਕੁਝ ਜਾਣਦਾ ਹੋਇਆ ਵੀ ਮੂਕ ਦਰਸ਼ਕ ਬਣੀ ਬੈਠਾ ਹੈ ਅਤੇ ਸੈਂਕੜੇ ਏਕੜ ਕਿਸਾਨਾਂ ਦੀ ਫਸਲ ਹਰ ਸਾਲ ਇਸੇ ਤਰ੍ਹਾਂ ਖ਼ਰਾਬ ਹੋ ਜਾਂਦੀ ਹੈ ਜਿਸ ਨਾਲ ਕਿਸਾਨਾਂ ਨੂੰ ਕਾਫੀ ਆਰਥਿਕ ਤੰਗੀ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਦੱਸਿਆ ਕਿ ਕਿਸਾਨਾਂ ਵਲੋਂ ਮਹਿੰਗੇ ਭਾਅ ਦੇ ਬੀਜ, ਡੀਜ਼ਲ, ਖਾਦਾਂ, ਮਜ਼ਦੂਰੀ ਦੇ ਕੇ ਫਸਲ ਦੀ ਬਿਜਾਈ ਕੀਤੀ ਜਾਂਦੀ ਹੈ ਪਰ ਜਦੋਂ ਬਰਸਾਤ ਦੇ ਮੌਸਮ ਵਿੱਚ ਫਸਲ ਖ਼ਰਾਬ ਹੋ ਜਾਂਦੀ ਹੈ ਤਾਂ ਕਿਸਾਨਾਂ ਦਾ ਕਾਫੀ ਨੁਕਸਾਨ ਹੁੰਦਾ ਹੈ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਇਨ੍ਹਾਂ ਪਿੰਡਾਂ ਦੀਆਂ ਜ਼ਮੀਨਾਂ ਦੇ ਪਾਣੀ ਦੇ ਨਿਕਾਸ ਲਈ ਯੋਗ ਪ੍ਰਬੰਧ ਕੀਤਾ ਜਾਵੇ ਤਾਂ ਜੋ ਕਿਸਾਨਾਂ ਦੀ ਫਸਲ ਖਰਾਬ ਹੋਣ ਤੋਂ ਬਚ ਸਕੇ।

# ਪਾਣੀ ਓਵਰਫਲੋ ਹੋ ਕੇ ਲੋਕਾਂ ਦੇ ਖੇਤਾਂ ਤੇ ਘਰਾਂ 'ਚ ਵੜਿਆ

**ਗੁਰਦਾਸਪੁਰ (ਜਨਕ ਮਹਾਜਨ)**- ਜ਼ਿਲ੍ਹਾ ਗੁਰਦਾਸਪੁਰ ਅੰਦਰ ਪੈਂਦੇ ਕਸਬਾ ਬਹਿਰਾਮਪੁਰ ਨਜ਼ਦੀਕ ਵਗਦੀ ਨੋਮਨੀ ਦੀ ਸੰਬੰਧਤ ਵਿਭਾਗ ਵਲੋਂ ਸਮੇਂ-ਸਿਰ ਸਫਾਈ ਅਤੇ ਡੂੰਘਾਈ ਨਾ ਹੋਣ ਕਾਰਨ ਹੁਣ ਲਗਾਤਾਰ ਪੈ ਰਹੇ ਭਾਰੀ ਮੀਂਹ ਅਤੇ ਰਾਵੀ ਦਰਿਆ ਵਿਚ ਵਧੇ ਪਾਣੀ ਦੇ ਪੱਧਰ ਕਾਰਨ ਨੋਮਨੀ ਦਾ ਪਾਣੀ ਓਵਰਫਲੋ ਹੋ ਕੇ ਲੋਕਾਂ ਦੀਆਂ ਜ਼ਮੀਨਾਂ, ਫਸਲਾਂ ਅਤੇ ਘਰਾਂ ਅੰਦਰ ਜਾ ਵੜਿਆ ਹੈ। ਇਥੋਂ ਤੱਕ ਕਿ ਪਾਣੀ ਨੇ ਪਿੰਡ ਬਾਹਮਣੀ ਤੋਂ ਪਿੰਡ ਠੱਠੀ, ਫਰੀਦਪੁਰ ਜਾਣ ਵਾਲੀ ਸੜਕ ਨੂੰ ਵੀ ਆਪਣੀ ਲਪੇਟ ਵਿੱਚ ਲੈ ਲਿਆ ਹੈ ਅਤੇ ਸੜਕ ਵਿਚਕਾਰ ਗੋਡੇ-ਗੋਡੇ ਪਾਣੀ ਹੋਣ ਨਾਲ ਲੋਕਾਂ ਦਾ ਇਥੋਂ ਲੰਘਣਾ ਹੁਣ ਨਾ ਮੁਮਕਿਨ ਹੋ ਚੁੱਕਾ ਹੈ। ਇਸ ਨੋਮਨੀ ਕੰਢੇ ਵਸਦੇ ਲੋਕਾਂ



ਨੂੰ ਖੜ੍ਹੇ ਪਾਣੀ ਕਾਰਨ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸਬੰਧੀ ਗੱਲਬਾਤ ਕਰਦੇ ਹੋਏ ਇਲਾਕਾ ਵਾਸੀਆਂ ਨੇ ਦੱਸਿਆ ਕਿ ਸਮਾਂ ਰਹਿੰਦਿਆਂ ਸੰਬੰਧਤ ਵਿਭਾਗ ਵਲੋਂ ਨੋਮਨੀ ਦੀ ਸਫਾਈ ਤੇ ਡੂੰਘਾਈ ਨਹੀਂ ਕਰਵਾਈ ਗਈ ਜਿਸ ਕਾਰਨ ਅੱਜ ਨੋਮਨੀ ਕੰਢੇ ਵਸਦੇ ਲੋਕਾਂ ਨੂੰ ਇਹ ਦਿਨ ਦੇਖਣੇ ਪੈ ਰਹੇ ਹਨ। ਉਨ੍ਹਾਂ ਕਿਹਾ ਨੋਮਨੀ ਦਾ ਪਾਣੀ ਕਿਸਾਨਾਂ ਦੀਆਂ ਫਸਲਾਂ ਝੋਨੇ ਅਤੇ ਕਮਾਦ ਵਿਚ ਫਿਰ ਰਿਹਾ ਹੈ। ਫਸਲਾਂ ਵਿਚ ਪਾਣੀ ਖੜ੍ਹਾ ਰਹਿਣ ਨਾਲ ਫਸਲਾਂ ਵੀ ਕਾਫੀ ਬਰਬਾਦ ਹੋ ਰਹੀਆਂ ਹਨ ਜਿਸ ਨਾਲ ਕਿਸਾਨਾਂ ਨੂੰ ਕਾਫੀ ਨੁਕਸਾਨ ਹੋਵੇਗਾ। ਲੋਕਾਂ ਨੇ ਦੱਸਿਆ ਕਿ ਜੇਕਰ ਮੀਂਹ ਇਸੇ ਤਰ੍ਹਾਂ ਪੈਂਦਾ ਰਿਹਾ ਤਾਂ ਆਉਣ ਵਾਲੇ ਸਮੇਂ ਵਿੱਚ ਇਸ ਦੇ ਸਿੱਟੇ ਹੋਰ ਵੀ ਭਿਆਨਕ ਹੋਣਗੇ। ਇਸ ਤੋਂ ਇਲਾਵਾ ਇਥੇ ਨਜ਼ਦੀਕ ਪੈਂਦੇ ਡੇਰਿਆਂ ਵਿਚ ਰਹਿੰਦੇ ਗੁੱਜਰਾਂ ਅਤੇ ਉਨ੍ਹਾਂ ਦੇ ਪਸ਼ੂਆਂ ਦਾ ਵੀ ਕਾਫ਼ੀ ਬੁਰਾ ਹਾਲ ਹੋਇਆ ਪਿਆ ਹੈ। ਕਿਸਾਨਾਂ ਦਾ ਕਹਿਣਾ ਹੈ ਕਿ ਉਹ ਆਪਣੇ ਪਸ਼ੂਆਂ ਲਈ ਚਾਰਾ ਲਿਆਉਣ ਤੋਂ ਵੀ ਅਸਮਰਥ ਹੋ ਚੁੱਕੇ ਹਨ ਕਿਉਂਕ ਫ਼ਸਲਾਂ ਵਿਚ ਖੜ੍ਹੇ ਮੀਂਹ ਕਾਰਨ ਚਾਰਾ ਵੱਢਣਾ ਵੀ ਔਖਾ ਹੋ ਚੁੱਕਾ ਹੈ। ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਨੋਮਨੀ ਅੰਦਰ ਵਧੇ ਪਾਣੀ ਦੇ ਪੱਧਰ ਨੂੰ ਦੇਖਦੇ ਹੋਏ ਇਥੇ ਲੋਕਾਂ ਦੀ ਸਹੂਲਤ ਨੂੰ ਲੈ ਕੇ ਯੋਗ ਪ੍ਰਬੰਧ ਕੀਤੇ ਜਾਣ ਤਾਂ ਜੋ ਕੋਈ ਵੀ ਅਣਸੁਖਾਵੀਂ ਘਟਨਾ ਨਾ ਵਾਪਰ ਸਕੇ।

# ਚੇਤਨਪੁਰਾ 'ਚ ਸੱਭਿਆਚਾਰਕ ਮੇਲਾ ਤੇ ਕਬੱਡੀ ਕੱਪ ਕਰਵਾਇਆ



**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਪੀਰ ਬਾਬਾ ਕੜ੍ਹਬੀ ਸ਼ਾਹ ਦੀ ਯਾਦ ਵਿੱਚ ਪਿੰਡ ਚੇਤਨਪੁਰਾ ਅਤੇ ਮੱਝੂਪੁਰਾ ਦੇ ਐਨ.ਆਰ.ਆਈਜ਼ ਦੇ ਸਾਂਝੇ ਸਹਿਯੋਗ ਨਾਲ ਸੱਭਿਆਚਾਰਕ ਮੇਲਾ ਅਤੇ ਕਬੱਡੀ ਕੱਪ ਕਰਵਾਇਆ ਗਿਆ। ਇਸ ਮੌਕੇ ਕਰਵਾਏ ਗਏ ਸਭਿਆਚਾਰਕ ਪ੍ਰੋਗਰਾਮ ਸਮੇ ਨਾਮਵਰ ਗਾਇਕ ਸ਼ਰੀਫ ਦਿਲਦਾਰ, ਰੁਖ਼ਸਾਨਾ ਖਾਨ ਅਤੇ ਜਸਪ੍ਰੀਤ ਜੱਸੀ ਨੇ ਆਪਣੇ ਹਿੱਟ ਗੀਤਾਂ ਨਾਲ ਸਰੋਤਿਆਂ ਦਾ ਭਰਪੂਰ ਮਨੋਰੰਜਨ ਕੀਤਾ। ਇਸ ਉਪਰੰਤ ਕਬੱਡੀ ਦੇ ਮੈਚ ਕਰਵਾਏ ਗਏ। ਪਹਿਲੇ ਸਥਾਨ 'ਤੇ ਬਾਬਾ ਸਾਧੂ ਸਿੰਘ ਐਨ.ਆਰ.ਆਈ. ਸਪੋਰਟਸ ਕਬੱਡੀ ਕਲੱਬ ਚਵਿੰਡਾ ਅਤੇ ਦੂਸਰੇ ਸਥਾਨ 'ਤੇ ਬਾਬਾ ਨਾਮਦੇਵ ਕੱਬਡੀ ਕਲੱਬ ਘੁਮਾਣ ਦੀ ਟੀਮ ਰਹੀ। ਪਹਿਲੇ ਸਥਾਨ 'ਤੇ ਆਉਣ ਵਾਲੀ ਚਵਿੰਡਾ ਦੇਵੀ ਦੀ ਟੀਮ ਨੂੰ 61000 ਅਤੇ ਦੂਸਰੇ ਸਥਾਨ 'ਤੇ ਆਉਣ ਵਾਲੀ ਘੁਮਾਣ ਦੀ ਟੀਮ ਨੂੰ 51000 ਰੁਪਏ ਦਾ ਇਨਾਮ ਦਿੱਤਾ ਗਿਆ। ਇਸ ਸਮੇਂ ਕਈ ਨਾਮਵਰ ਸ਼ਖਸੀਅਤਾਂ ਬਲਦੇਵ ਸਿੰਘ ਬੱਬੂ ਚੇਤਨਪੁਰਾ ਚੇਅਰਮੈਨ ਮਾਰਕੀਟ ਕਮੇਟੀ ਅਜਨਾਲਾ, ਸਤਪਾਲ ਸਿੰਘ ਸਾਬਕਾ ਸਰਪੰਚ ਮੱਜੂਪੁਰਾ,ਚੇਅਰਮੈਨ, ਪ੍ਰਭਦੀਪ ਸਿੰਘ ਲਾਡਾ ਚੇਤਨਪੁਰਾ, ਨੰਬਰਦਾਰ ਸੁਰਜੀਤ ਸਿੰਘ ਚੇਤਨਪੁਰਾ, ਜਸਬੀਰ ਸਿੰਘ ਰਾਜਾ ਸਰਪੰਚ ਚੇਤਨਪੁਰਾ, ਜਗਦੀਪ ਸਿੰਘ ਸਰਪੰਚ ਮੁੱਜੂਪੁਰਾ, ਡਾ: ਬਲਵਿੰਦਰ ਸਿੰਘ ਪੰਨੂ ਮੱਝੂਪੁਰਾ, ਅਮਰੀਕ ਸਿੰਘ ਚੇਤਨਪੁਰਾ ਮੈਂਬਰ ਪੰਚਾਇਤ ਭੁਪਿੰਦਰ ਸਿੰਘ ਚੇਤਨਪੁਰਾ, ਮੈਂਬਰ ਪੰਚਾਇਤ ਅਰਜਨ ਸਿੰਘ ਚੇਤਨਪੁਰਾ, ਨਵਦੀਪ ਸਿੰਘ ਚੇਤਨਪੁਰਾ, ਗੁਰਜੀਤ ਸਿੰਘ ਚੇਤਨਪੁਰਾ ਬਲਾਕ ਸਮਤੀ ਮੈਂਬਰ, ਗੁਰ ਮੋਹਿਤਪ੍ਰੀਤ ਸਿੰਘ, ਨੰਬਰਦਾਰ ਸੁਖਦੇਵ ਸਿੰਘ ਮੱਝੂਪੁਰਾ, ਨਰਿੰਦਰ ਸਿੰਘ ਮੱਜੂਪੁਰਾ, ਅੰਗਰੇਜ਼ ਸਿੰਘ ਮੱਜੂਪੁਰਾ, ਬਲਕਾਰ ਸਿੰਘ ਦੋਧੀ, ਸੁਖਮੀਤ ਸਿੰਘ ਚੇਤਨਪੁਰਾ, ਸਰਮੇਲ ਸਿੰਘ ਚੇਤਨਪੁਰਾ, ਸਰਬਜੀਤ ਸਿੰਘ ਚੇਤਨਪੁਰਾ, ਅਮਰਜੀਤ ਸਿੰਘ ਅੰਬਾ ਚੇਤਨਪੁਰਾ, ਬਿੰਦਰ ਸਿੰਘ ਚੇਤਨਪੁਰਾ, ਪ੍ਰਦੀਪ ਸਿੰਘ, ਸੰਦੀਪ ਸਿੰਘ, ਸਾਬਕਾ ਸਰਪੰਚ ਰਣਧੀਰ ਸਿੰਘ, ਸ਼ੁਭਦੀਪ ਸਿੰਘ, ਅਰਸ਼ਦੀਪ ਸਿੰਘ, ਸ਼ਮਸ਼ੇਰ ਸਿੰਘ, ਦਿਲਸ਼ੇਰ ਸਿੰਘ ਫੌਜੀ, ਜਗਜੀਤ ਸਿੰਘ, ਹਰਪਾਲ ਸਿੰਘ ਅਤੇ ਪ੍ਰਿੰਸ ਆਦਿ ਹਾਜ਼ਰ ਸਨ।

# ਪੰਜਾਬੀ ਸਾਹਿਤ ਤੇ ਸੱਭਿਆਚਾਰ ਕੇਂਦਰ ਵੱਲੋਂ ਦੇਸ਼ ਭਗਤ .ਗਦਰੀ ਬਾਬਿਆਂ, ਆਜ਼ਾਦੀ ਘੁਲਾਟੀਆਂ ਨੂੰ ਸ਼ਰਧਾਂਜਲੀ ਭੇਟ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਪੰਜਾਬੀ ਸਾਹਿਤ ਅਤੇ ਸੱਭਿਆਚਾਰਕ ਕੇਂਦਰ ਤਰਨ ਤਾਰਨ (ਵੱਲੋਂ ਭਾਈ ਮੋਹਨ ਸਿੰਘ ਵੈਦ ਯਾਦਗਾਰੀ ਲਾਇਬ੍ਰੇਰੀ ਤਰਨ ਤਾਰਨ ਵਿਖੇ ਗਦਰ ਲਹਿਰ ਦੀ ਵੀਰਾਂਗਨਾ ਬੀਬੀ ਗੁਲਾਬ ਕੌਰ ਦੀ ਸ਼ਹੀਦੀ ਸ਼ਤਾਬਦੀ ਤੇ ਦੇਸ਼ ਭਗਤ ਗਦਰੀ ਬਾਬਿਆਂ, ਆਜ਼ਾਦੀ ਘੁਲਾਟੀਆਂ ਅਤੇ ਗੁਰਦੁਆਰਾ ਸੁਧਾਰ ਲਹਿਰ ਦੇ ਯੋਧਿਆਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਸਾਹਿਤਕ ਸਮਾਗਮ ਆਯੋਜਿਤ ਕੀਤਾ ਗਿਆ। ਇਸ ਦੀ ਪ੍ਰਧਾਨਗੀ ਜਥੇਦਾਰ ਤੇਜਾ ਸਿੰਘ ਭੁੱਚਰ ਦੇ ਪੋਤਰੇ ਭੁਪਿੰਦਰ ਸਿੰਘ ਨੇ ਕੀਤੀ। ਸਮਾਗਮ ਵਿਚ ਜਸਵਿੰਦਰ ਸਿੰਘ ਢਿੱਲੋਂ ਤੇ ਭਾਈ ਬਲਬੀਰ ਸਿੰਘ ਨੇ ਗੁਰੂ ਗ੍ਰੰਥ ਸਾਹਿਬ ਦੇ ਪਹਿਲੇ ਪ੍ਰਕਾਸ਼ ਪੁਰਬ 'ਤੇ ਕਵਿਤਾ ਰਾਹੀਂ ਸਾਰੀ ਸੰਗਤ ਨੂੰ ਵਧਾਈ ਦਿੱਤੀ। ਅਵਤਾਰ ਸਿੰਘ ਗੋਇੰਦਵਾਲੀਆ, ਲਾਲੀ ਕਰਤਾਰਪੁਰੀ, ਛਿੰਦਾ ਲਿਖਾਰੀ ਮੋਗਾ, ਸਕੱਤਰ ਸਿੰਘ ਤੇਜਾ ਸਿੰਘ ਵਾਲੀਆ, ਵਿਜੇ ਕੁਮਾਰ ਅਗਨੀਹੋਤਰੀ



ਬਟਾਲਾ, ਰਮੇਸ਼ ਜਾਨੂੰ ਬਟਾਲਾ, ਏ ਐਸ ਦਲੇਰ, ਭਾਈ ਦੀਦਾਰ ਸਿੰਘ, ਗੁਰਚਰਨ ਸਿੰਘ ਸਭਰਾਂ, ਬਲਬੀਰ ਸਿੰਘ ਬੇਲੀ, ਗੁਲਜ਼ਾਰ ਸਿੰਘ ਖੇੜਾ, ਬੀਬੀ ਬਲਵਿੰਦਰ ਕੌਰ, ਮੁਖਤਿਆਰ ਸਿੰਘ ਬਰਾੜ ਜ਼ੀਰਾ, ਰਾਜ ਅਰੋੜਾ ਜ਼ੀਰਾ, ਸੁਖਵਿੰਦਰ ਸਿੰਘ ਖਾਰਾ, ਅਜੀਤ ਸਿੰਘ ਨਬੀਪੁਰੀ, ਰਾਜ ਕੁਮਾਰ ਅੰਮ੍ਰਿਤਸਰ, ਹਰਭਜਨ ਸਿੰਘ ਭਗਤ, ਕਾਮਰੇਡ ਚਰਨ ਸਿੰਘ, ਨੰਨ੍ਹੀ ਬੱਚੀ ਗੁਰਜਸਮੀਤ ਕੌਰ ਤੇ ਹੋਰਾਂ ਨੇ ਗੀਤ ਤੇ ਕਵਿਤਾਵਾਂ ਪੇਸ਼ ਕੀਤੀਆਂ। ਦਲਜੀਤ ਕਾਲੀਆ, ਮੰਗਲ ਸਿੰਘ ਟਾਂਡਾ, ਜਸਬੀਰ ਸਿੰਘ ਝਬਾਲ, ਜਸਵਿੰਦਰ ਸਿੰਘ ਮਾਣੋ ਚਾਹਲ, ਹਰਕੀਰਤ ਸਿੰਘ ਕੀਰਤ ਆਦਿ ਨੇ ਦੇਸ਼ ਭਗਤਾਂ ਬਾਰੇ ਪਰਚੇ ਪੜ੍ਹੇ। ਰਘਬੀਰ ਸਿੰਘ ਅਤੇ ਚਰਨ ਸਿੰਘ ਕਾਮਰੇਡ ਨੇ ਦੇਸ਼ ਭਗਤਾਂ ਬਾਰੇ ਵਿਚਾਰ ਪੇਸ਼ ਕੀਤੇ। ਸਟੇਜ ਦੀ ਕਾਰਵਾਈ ਜਸਵਿੰਦਰ ਸਿੰਘ ਢਿੱਲੋਂ ਨੇ ਬਾਖੂਬੀ ਨਿਭਾਈ। ਇਸ ਸਮਾਗਮ ਵਿੱਚ ਕਰਮ ਸਿੰਘ ਅਤੇ ਸਰਵਨ ਸਿੰਘ ਰਸੂਲਪੁਰ ਨੇ ਸ਼ਮੂਲੀਅਤ ਕੀਤੀ।ਇਸ ਸਾਰੇ ਪ੍ਰੋਗਰਾਮ ਦੀ ਰਿਕਾਰਡਿੰਗ ਕਲਮਾਂ ਦੇ ਆੜੀ ਚੈਨਲ ਵੱਲੋਂ ਕੀਤੀ ਗਈ।ਅੰਤ ਵਿਚ ਸਮਾਗਮ ਵਿਚ ਹਾਜ਼ਰ ਹੋਈਆਂ ਕੁਝ ਸਤਿਕਾਰਯੋਗ ਸ਼ਖਸੀਅਤਾਂ ਨੂੰ ਸਿਰੋਪੇ ਦੇ ਕੇ ਸਨਮਾਨਤ ਕੀਤਾ ਗਿਆ। ਹਾਜ਼ਰੀਨਾਂ ਨੇ ਸਾਹਿਤ ਸਭਾ ਅਤੇ ਜਸਵਿੰਦਰ ਸਿੰਘ ਢਿੱਲੋਂ ਵੱਲੋਂ ਕੀਤੇ ਗਏ ਇਸ ਉੱਦਮ ਦੀ ਭਰਪੂਰ ਸ਼ਲਾਘਾ ਕੀਤੀ।

# ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ 'ਚ ਸਪੇਸ-ਡੇ ਮਨਾਇਆ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਚੀਫ਼ ਖਾਲਸਾ ਦੀਵਾਨ ਦੇ ਪ੍ਰਧਾਨ ਇੰਦਰਬੀਰ ਸਿੰਘ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਸਿਰਮੌਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਵਿਖੇ 23 ਅਗਸਤ ਨੂੰ ਸਾਇੰਸ ਅਧਿਆਪਕ ਮੈਡਮ ਨੀਰਜ ਜੋਸ਼ੀ ਅਤੇ ਮੈਡਮ ਇੰਦਰਜੀਤ ਕੌਰ ਦੇ ਵਿਸ਼ੇਸ਼ ਯਤਨਾਂ ਸਦਕਾ ਸਕੂਲ ਵਿੱਚ ਸਪੇਸ-ਡੇ ਮਨਾਇਆ ਗਿਆ। ਜਿਸ ਵਿੱਚ ਅਧਿਆਪਕਾਂ ਦੁਆਰਾ ਵਿਦਿਆਰਥੀਆਂ ਨੂੰ 'ਸਪੇਸ-ਡੇ' ਬਾਰੇ ਜਾਣਕਾਰੀ ਦਿੱਤੀ ਗਈ। ਬੱਚਿਆਂ ਨੂੰ ਇਸੇ ਵਿਸ਼ੇ ਨਾਲ ਸੰਬੰਧਤ ਦਸਤਾਵੇਜ਼ੀ ਫਿਲਮ ਦਿਖਾਈ ਗਈ ਅਤੇ ਵਿਦਿਆਰਥੀਆਂ ਨੂੰ ਚੰਦਰਯਾਨ-3 ਦੇ ਕੰਮਾਂ ਬਾਰੇ ਜਾਣਕਾਰੀ ਦਿੰਦੇ ਹੋਏ ਕਵਿੱਜ਼ ਗਤੀਵਿਧੀ ਕਰਵਾਈ ਗਈ। ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਅਤੇ ਪ੍ਰਿੰਸੀਪਲ ਅਨੂਰੀਤ ਬਾਵਾ ਜੀ ਨੇ ਇਸ ਵਿਸ਼ੇਸ਼ ਉਪਰਾਲੇ ਦੀ ਸ਼ਲਾਘਾ ਕੀਤੀ।

# ਦਪਿੰਦਰ ਪਾਲ ਸਿੰਘ ਦੇ ਸਿਰ ਰੋਟਰੀ ਵੈੱਸਟ ਦੀ ਪ੍ਰਧਾਨਗੀ ਦਾ ਤਾਜ ਸਜਿਆ

**ਅੰਮ੍ਰਿਤਸਰ (ਅਰੋੜਾ)**- ਰੋਟਰੀ ਇੰਟਰਨੈਸ਼ਨਲ ਵੱਲੋਂ ਨਿਰਧਾਰਤ ਨਿਯਮਾਂ ਦੇ ਅਨੁਸਾਰ ਰੋਟਰੀ ਕਲੱਬ ਵੈਸਟ ਦੇ 2024-25 ਦੇ ਪ੍ਰਧਾਨ ਡਾ. ਰਾਜੇਸ਼ ਕਪਿਲਾ, ਸਕੱਤਰ ਮਨੀਸ਼ ਮਹਾਜਨ ਨੂੰ ਕਾਰਜਕਾਲ ਸੰਪੰਨ ਹੋਣ ਦੇ ਬਾਅਦ ਰੋਟਰੀ 3070 ਦੇ ਗਵਰਨਰ ਰੋਹਿਤ ਆਬਰਾਏ ਨੇ ਰੋਟਰੀ ਕਲੱਬ ਵੈਸਟ ਦੀ ਜ਼ਿੰਮੇਦਾਰੀ ਰਾਜੇਸ਼ ਕਪਿਲਾ ਤੋਂ ਲੈ ਕੇ ਰੋਟੇਰੀਅਨ ਦਪਿੰਦਰ ਪਾਲ ਸਿੰਘ ਨੂੰ ਅਤੇ ਸਕੱਤਰ ਅਹੁਦੇ ਦੀ ਜ਼ਿੰਮੇਦਾਰੀ ਸਾਵਨ ਕੁਮਾਰ ਅਰੋੜਾ ਨੂੰ ਸੌਂਪੀ ਗਈ।ਇਸ ਮੌਕੇ ਰੋਟਰੀ ਵੈਸਟ ਦੇ ਮੁੱਖ ਸੁਰੱਖਿਅਕ ਸਾਬਕਾ ਪ੍ਰਧਾਨ ਡਾ. ਜਸਪ੍ਰੀਤ ਗ੍ਰੋਵਰ ਅਤੇ 24-25 ਦੇ ਪ੍ਰਧਾਨ ਰਾਜੇਸ਼ ਕਪਿਲਾ ਦੀ ਪ੍ਰਧਾਨਗੀ ਵਿੱਚ ਇੱਕ ਸਮਾਗਮ ਦਾ ਆਯੋਜਨ ਕੀਤਾ ਗਿਆ। ਸਮਾਗਮ ਵਿੱਚ ਰੋਟਰੀ 3070 ਦੇ 25-26 ਦੇ ਗਵਰਨਰ ਰੋਹਿਤ ਮੁੱਖ ਮਹਿਮਾਨ ਅਤੇ 24-25 ਦੇ ਗਵਰਨਰ ਡਾ. ਪੀ.ਐਸ ਗ੍ਰੋਵਰ, ਜ਼ੋਨਲ ਚੇਅਰਮੈਨ ਵਿਜੇ ਭਸੀਨ, ਪੁਸ਼ਪਿੰਦਰ ਸਿੰਘ ਗ੍ਰੋਵਰ, ਜਿਲ੍ਹਾ ਸਕੱਤਰ ਐਚ.ਐਸ ਜੋਗੀ, ਸਹਾਇਕ ਗਵਰਨਰ ਅਸ਼ਵਨੀ ਅਵਸਥੀ ਖਾਸ ਮਹਿਮਾਨ ਦੇ ਤੌਰ 'ਤੇ ਸ਼ਾਮਲ ਹੋਏ। ਸਮਾਗਮ ਦਾ ਸ਼ੁੱਭ ਆਰੰਭ ਰੋਟਰੀ ਨਿਯਮਾਂ ਦੇ ਅਨੁਸਾਰ ਰਾਸ਼ਟਰੀ ਗਾਣ ਦੇ ਨਾਲ ਡਾ. ਮਰਿਦਿਊ ਗ੍ਰੋਵਰ ਵੱਲੋਂ ਕੀਤਾ ਗਿਆ। ਉਸ ਤੋਂ ਬਾਅਦ ਫਾਰ ਵੇ ਟੈਸਟ ਦੀ ਰਸਮ ਨਿਭਾਈ ਗਈ। ਮਾਸਟਰ ਆਫ਼ ਸ਼ੈਮਣੀ ਦੀ ਭੂਮਿਕਾ ਰਮਿੰਦਰ ਗ੍ਰੋਵਰ ਅਤੇ ਡਾ. ਜਸਪ੍ਰੀਤ ਗ੍ਰੋਵਰ ਵੱਲੋਂ ਸੰਯੁਕਤ ਰੂਪ ਨਾਲ ਬੜੇ ਹੀ ਸ਼ਲਾਂਘਾਯੋਗ ਢੰਗ ਨਾਲ ਨਿਭਾਈ ਗਈ। ਰੋਟਰੀ ਵੈਸਟ ਵਿੱਚ ਦੇਸ਼ ਅਤੇ



ਸਮਾਜ ਭਲਾਈ ਕੰਮ ਕਰਨ ਵਾਲੇ ਮੈਂਬਰਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਉਸ ਤੋਂ ਬਾਅਦ ਮੁੱਖ ਮਹਿਮਾਨ ਅਤੇ ਇੰਸਟਾਲੇਸ਼ਨ ਅਧਿਕਾਰੀ, ਗਵਰਨਰ ਰੋਹਿਤ ਆਬਰਾਏ ਨੇ ਨਵੇਂ ਬਣੇ ਪ੍ਰਧਾਨ ਅਤੇ ਸਕੱਤਰ ਨੂੰ ਸਹੁੰ ਗ੍ਰਹਿਣ ਕਰਵਾਉਣ ਦੀ ਰਸਮ ਤੋਂ ਬਾਅਦ ਪ੍ਰਧਾਨਗੀ ਦਾ ਕਾਲਰ ਡਾ. ਰਾਜੇਸ਼ ਕਪਿਲਾ ਤੋਂ ਲੈ ਕੇ ਦਪਿੰਦਰ ਪਾਲ ਸਿੰਘ ਨੂੰ ਪਹਿਨਾਇਆ। ਸਾਲ 2024-25 ਦੇ ਦੌਰਾਨ ਰੋਟਰੀ ਵੈਸਟ ਵੱਲੋਂ ਕੀਤੇ ਗਏ ਸਮਾਜ ਭਲਾਈ ਕੰਮਾਂ ਦੇ ਬਾਰੇ ਛੋਟੇ ਪਰਦੇ ਰਾਹੀਂ ਡਾ. ਰਾਜੇਸ਼ ਕਪਿਲਾ ਨੇ ਜਾਣਕਾਰੀ ਮੁਹੱਈਆ ਕਰਵਾਈ। ਮੁੱਖ ਮਹਿਮਾਨ ਗਵਰਨਰ ਆਬਰਾਏ ਨੇ ਸੰਸਾਰ ਭਰ ਵਿੱਚ ਰੋਟਰੀ ਕਲੱਬਾਂ ਵੱਲੋਂ ਕੀਤੇ ਜਾ ਰਹੇ ਸਮਾਜ ਭਲਾਈ ਕੰਮਾਂ ਦੇ ਬਾਰੇ ਦੱਸਿਆ। ਉਨ੍ਹਾਂ ਨੇ ਜ਼ਿਆਦਾ ਤੋਂ ਜਿਆਦਾ ਮੈਂਬਰਾਂ ਨੂੰ ਰੋਟਰੀ ਪਰਵਾਰ ਵਿੱਚ ਜੁੜਨ ਲਈ ਮੌਜੂਦਾ ਮੈਂਬਰਾਂ ਨੂੰ ਪ੍ਰੇਰਿਤ ਕੀਤਾ। ਇਸ ਮੌਕੇ ਡਾ. ਸਾਰੀਕਾ ਕਪਿਲਾ, ਹਰੀ ਸ਼ਰਨ ਪਿੰਟੂ, ਸਹਾਇਕ ਗਵਰਨਰ ਅਮਨਦੀਪ ਸਿੰਘ, ਸਹਾਇਕ ਗਵਰਨਰ ਡਾ. ਜੇ.ਐਸ ਗੁੰਬਰ, ਰਾਜੇਸ਼ ਭਦਵਾਰ, ਅਰਜੁਨ ਸਹਿਗਲ, ਜਤਿਨ ਖੰਨਾ, ਗੌਰਵ ਸ਼ਰਮਾ, ਸਾਬਕਾ ਸਹਾਇਕ ਗਵਰਨਰ ਡਾ. ਨਰੇਸ਼ ਗ੍ਰੋਵਰ, ਪਰਮਜੀਤ ਸਿੰਘ, ਤਰੁਣ ਕੁਮਾਰ, ਸਚਿਨ ਅਰੋੜਾ, ਕਰਨਲ ਅਨੇਜਾ, ਪਵਨ ਕਪੂਰ, ਰਾਕੇਸ਼ ਕਪੂਰ, ਉਪਕਾਰ ਸਿੰਘ ਛਾਬੜਾ, ਰਾਜੀਵ ਕਪੂਰ, ਐਸ.ਪੀ. ਸਿੰਘ, ਰਿਸ਼ੀ ਖੰਨਾ, ਡਾ. ਸੰਦੀਪ ਅਗਰਵਾਲ, ਡਾ. ਸ਼ਾਲੂ ਅਗਰਵਾਲ, ਭਾਵਨਾ ਅਰੋੜਾ, ਬਲਿਵੰਦਰ ਕੌਰ ਗ੍ਰੋਵਰ ਸਮੇਤ ਰੋਟਰੀ ਕਲੱਬ ਵੈਸਟ ਅਤੇ ਹੋਰ ਕਲੱਬਾਂ ਦੇ ਮੈਂਬਰ ਪਰਵਾਰਾਂ ਸਮੇਤ ਮੌਜੂਦ ਸਨ। ਸਮਾਗਮ ਦੇ ਅੰਤ ਵਿੱਚ ਮੁੱਖ ਮਹਿਮਾਨ ਗਵਰਨਰ ਰੋਹਿਤ ਆਬਰਾਏ ਅਤੇ ਸਾਬਕਾ ਗਵਰਨਰ ਡਾ. ਪੀ.ਐਸ ਗ੍ਰੋਵਰ ਨੂੰ ਖਾਸ ਤੌਰ ਤੇ ਸਨਮਾਨਤ ਕੀਤਾ ਗਿਆ।

# ਝਬਾਲ ਥਾਣਾ ਮੁਖੀ ਕਸ਼ਮੀਰ ਸਿੰਘ ਦਾ ਸਨਮਾਨ



**ਝਬਾਲ (ਹਰਜਿੰਦਰ ਸਿੰਘ ਸੋਨੂੰ)**- ਜ਼ਿਲ੍ਹਾ ਪੁਲਸ ਤਰਨ ਦੇ ਮੁਖੀ ਦੀਪਕ ਪਰੀਕ ਦੇ ਨਿਰਦੇਸ਼ਾਂ ਤੇ ਐੱਸ ਪੀ ਡੀ ਡਾ. ਰਿਪੁਤਾਪਨ ਸਿੰਘ, ਡੀ ਐਸ ਪੀ ਗੁਰਵਿੰਦਰ ਸਿੰਘ ਢਿੱਲੋਂ ਦੀ ਅਗਵਾਈ ਹੇਠ ਥਾਣਾ ਝਬਾਲ ਦੇ ਨਵੇਂ ਐੱਸ ਐਚ ਓ ਕਸ਼ਮੀਰ ਸਿੰਘ ਨੂੰ ਥਾਣਾ ਮੁਖੀ ਲੱਗਣ 'ਤੇ ਆਪ ਆਗੂ ਸਰਪੰਚ ਆਲਮਬੀਰ ਸਿੰਘ ਪੰਡੋਰੀ ਰਣ ਸਿੰਘ ਅਤੇ ਆਪ ਦੇ ਨੌਜਵਾਨ ਆਗੂ ਜ਼ਿਲ੍ਹਾ ਮੀਤ ਪ੍ਰਧਾਨ ਡਾ. ਕਾਰਜ ਸਿੰਘ ਰੰਧਾਵਾ ਪੰਡੋਰੀ ਦੌਸੰਧੀ ਮੱਲ, ਨੰਬਰਦਾਰ ਸਰਵਣ ਸਿੰਘ ਪੰਡੋਰੀ ਰਣ ਸਿੰਘ, ਪ੍ਰੇਮ ਸਿੰਘ ਰੰਧਾਵਾ, ਮੰਨੂੰ ਰੰਧਾਵਾ (ਪੰਜਾਬੀ ਕਲਾਕਾਰ) ਆਦਿ ਵੱਲੋਂ ਜੀ ਆਇਆਂ ਆਖਦਿਆਂ ਭਰਵਾਂ ਸਵਾਗਤ ਕਰਕੇ ਸਨਮਾਨ ਕੀਤਾ ਗਿਆ।ਇਸ ਮੌਕੇ ਥਾਣਾ ਮੁਖੀ ਕਸ਼ਮੀਰ ਸਿੰਘ ਨੂੰ ਉਕਤ ਆਗੂਆਂ ਨੇ ਸਰਕਾਰ ਵੱਲੋਂ ਵਿੱਢੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਾਹਿਤ ਥਾਣਾ ਝਬਾਲ ਅਧੀਨ ਪੈਂਦੇ ਪਿੰਡ ਪੰਡੋਰੀ ਰਣ ਸਿੰਘ, ਪੰਡੋਰੀ ਸਿੱਧਵਾਂ, ਪੰਡਰੀ ਦੌਸੰਧੀ ਮੱਲ ਆਦਿ ਵਿੱਚ ਵਿਕਦੇ ਨਸ਼ਿਆਂ +ਤੇ ਚਿੰਤਾ ਪ੍ਰਗਟਾਉਂਦਿਆਂ ਐੱਸ ਐੱਚ ਓ ਝਬਾਲ ਨੂੰ ਨਸ਼ਿਆਂ ਵਿਰੁੱਧ ਸਖ਼ਤ ਕਦਮ ਚੁੱਕਣ ਲਈ ਕਿਹਾ। ਥਾਣਾ ਮੁਖੀ ਝਬਾਲ ਕਸ਼ਮੀਰ ਸਿੰਘ ਨੇ ਉਕਤ ਆਗੂਆਂ ਨੂੰ ਵਿਸ਼ਵਾਸ ਦਿਵਾਇਆ ਕਿਸੇ ਵੀ ਨਸ਼ਾ ਤਸਕਰ ਤੇ ਵੇਚਣ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ ਤੇ ਜੋ ਵੀ ਨਸ਼ਾ ਵੇਚਦਾ ਵਿਅਕਤੀ ਮਿਲੇਗਾ ਉਸ ਨੂੰ ਸੁਲਾਖਾ ਪਿੱਛੇ ਡੱਕਿਆ ਜਾਵੇਗਾ ।

# ਤਿੰਨ ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਧਾਰੀਵਾਲ ਪੁਲਸ ਦੇ ਏ.ਐਸ.ਆਈ. ਬਲਬੀਰ ਸਿੰਘ ਨੇ ਦੱਸਿਅ ਕਿ ਉਨ੍ਹਾਂ ਸਮੇਤ ਪੁਲਿਸ ਪਾਰਟੀ ਧਾਰੀਵਾਲ ਤੋਂ ਗੁਰਪ੍ਰੀਤ ਸਿੰਘ ਜਾਨੂੰ ਪੁੱਤਰ ਗੁਰਬਖਸ਼ ਸਿੰਘ ਵਾਸੀ ਰਣੀਆ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿਚੋਂ 8 ਗ੍ਰਾਮ ਹੈਰੋਇਨ ਬਰਾਮਦ ਹੋਈ । ਥਾਣਾ ਤਿੱਬੜ ਪੁਲਿਸ ਦੇ ਏ.ਐਸ.ਆਈ. ਮਹਿੰਦਰ ਪਾਲ ਨੇ ਸਮੇਤ ਪੁਲਸ ਪਾਰਟੀ ਸੂਆ ਪੁਲੀ ਪਿੰਡ ਭੁੰਬਲੀ ਤੋਂ ਅਮਰਬੀਰ ਸਿੰਘ ਹੈਪੀ ਪੁੱਤਰ ਜਵੰਤਰ ਸਿੰਘ ਵਾਸੀ ਭੁੰਬਲੀ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿਚੋਂ 8 ਗਰਾਮ ਹੈਰੋਇਨ ਅਤੇ 520 ਰੁਪਏ ਡਰੱਗ ਮਨੀ ਬਰਾਮਦ ਹੋਈ। ਥਾਣਾ ਦੋਰਾਂਗਲਾ ਦੇ ਏ.ਐਸ.ਆਈ. ਜਸਵਿੰਦਰ ਸਿੰਘ ਨੇ ਸਮੇਤ ਪੁਲਿਸ ਪਾਰਟੀ ਪਿੰਡ ਠੁੱਡੀ ਧੁੱਸੀ ਬੰਨ੍ਹ ਦੇ ਕਿਨਾਰੇ ਝਾੜੀਆਂ ਵਿਚੋਂ ਦੋਸ਼ੀ ਬੌਬੀ ਪੁੱਤਰ ਕਸ਼ਮੀਰ ਚੰਦ ਵਾਸੀ ਸੰਘੋਰ ਜੋ ਨਸ਼ੇ ਦਾ ਸੇਵਨ ਕਰ ਰਿਹਾ ਸੀ, ਨੂੰ ਕਾਬੂ ਕਰਕੇ ਉਸ ਪਾਸੋਂ ਮੌਕੇ 'ਤੇ ਸਿਲਵਾਰ ਪੰਨੀ, ਲਾਈਟਰ ਅਤੇ 10 ਰੁਪਏ ਦਾ ਨੋਟ ਬਰਾਮਦ ਹੋਇਆ ਹੈ। ਪੁਲਸ ਇਨ੍ਹਾਂ ਤਿੰਨਾਂ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਸ੍ਰੀ ਗੁਰੂ ਤੇਗ ਬਹਾਦਰ ਸਕੂਲ 'ਚ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਧਾਰਮਿਕ ਪ੍ਰੋਗਰਾਮ



**ਝਬਾਲ (ਮੱਖਣ ਮਨੋਜ)**- ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਝਬਾਲ ਵਿਖੇ ਸ੍ਰੀ ਸਹਿਜ ਪਾਠ ਸੇਵਾ ਸੋਸਾਇਟੀ ਅੰਮ੍ਰਿਤਸਰ ਵੱਲੋਂ ਲੈਕਚਰਾਰ ਮਨਜੀਤ ਸਿੰਘ ਵੱਲੋਂ ਸਕੂਲ ਦੇ ਸਹਿਜ ਪਾਠ ਸੰਪੂਰਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਸਹਿਜ ਪਾਠ ਸੇਵਾ ਸੋਸਾਇਟੀ ਵੱਲੋਂ ਸਹਿਜ ਪਾਠ ਕਰ ਰਹੇ ਵਿਦਿਆਰਥੀਆਂ ਦਾ ਟੈਸਟ ਲਿਆ ਗਿਆ, ਜਿਸ ਵਿੱਚ ਪਹਿਲੇ ਸਥਾਨ 'ਤੇ ਕੋਮਲਪ੍ਰੀਤ ਕੌਰ, ਦੂਜੇ 'ਤੇ ਮਨਪ੍ਰੀਤ ਕੌਰ ਅਤੇ ਤੀਸਰੇ ਸਥਾਨ ਤੇ ਆਈ ਮਨਰੀਤ ਕੌਰ ਨੂੰ ਬਕਾਇਦਾ ਅਲੱਗ ਤੌਰ 'ਤੇ ਸ਼ੀਲਡਾਂ ਦੇ ਕੇ ਸਨਮਾਨਤ ਕੀਤਾ। ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਸ਼ਤਾਬਦੀ ਨੂੰ ਮੁੱਖ ਰੱਖਦਿਆਂ ਹੋਰ ਵਿਦਿਆਰਥੀਆਂ ਨੂੰ ਵੀ ਸਹਿਜ ਪਾਠ ਸ਼ੁਰੂ ਕਰਵਾਏ ਗਏ। ਇਸ ਸਮੇਂ ਲੈਕਚਰਾਰ ਮਨਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਗੁਰੂ ਜੀ ਦੇ ਜੀਵਨ, ਸਿੱਖਿਆਵਾਂ ਅਤੇ ਗੁਰੂ ਜੀ ਦੀ ਬਾਣੀ ਬਾਰੇ ਦੱਸਿਆ ਅਤੇ ਸਾਰਿਆਂ ਨੂੰ ਰਲ ਮਿਲ ਕੇ ਸ਼ਹੀਦੀ ਸ਼ਤਾਬਦੀ ਮਨਾਉਣ ਲਈ ਪ੍ਰੇਰਿਤ ਕੀਤਾ। ਇਸ ਸਮੇਂ ਐਮ .ਡੀ. ਪਰਮਜੀਤ ਸਿੰਘ ਸੋਹਲ, ਮੈਨੇਜਰ ਸਿਮਰਤ ਪਾਲ ਸਿੰਘ, ਸਕੱਤਰ ਹਰਜਿੰਦਰ ਪਾਲ ਸਿੰਘ,ਸਹਿਜ ਪਾਠ ਸੇਵਾ ਸੋਸਾਇਟੀ ਡੀਵਾਈਨ ਵਰਕਰ ਜਸਪ੍ਰੀਤ ਕੌਰ, ਮੈਡਮ ਮਨਬੀਰ ਕੌਰ, ਮਨਦੀਪ ਕੌਰ, ਨਵਪ੍ਰੀਤ ਕੌਰ ਅਤੇ ਬਲਵਿੰਦਰ ਸਿੰਘ ਹਾਜ਼ਰ ਸਨ।

# ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਤਹਿਸੀਲ ਤਰਨ ਤਾਰਨ ਦੀ ਵਿਸ਼ੇਸ਼ ਮੀਟਿੰਗ

● ਰੁਜ਼ਗਾਰ, ਸਿਹਤ ਸੇਵਾਵਾਂ, ਸਭ ਲਈ ਸਿੱਖਿਆ ਤੇ ਨਸ਼ਿਆਂ ਦੇ ਪੂਰਨ ਖਾਤਮੇ ਮੰਗਾਂ ਨੂੰ ਲੈ ਕੇ ਪੱਕਾ ਧਰਨਾ 28 ਨੂੰ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਤਹਿਸੀਲ ਤਰਨ ਤਾਰਨ ਦੀ ਇੱਕ ਵਿਸ਼ੇਸ਼ ਮੀਟਿੰਗ ਸ਼ਹੀਦ ਦੀਪਕ ਧਵਨ ਯਾਦਗਾਰੀ ਭਵਨ ਤਰਨ ਤਾਰਨ ਦਫਤਰ ਵਿਖੇ ਸਹਿਜਪ੍ਰੀਤ ਸਿੰਘ ਬਾਗੜੀਆਂ, ਮੰਗਲ ਸਿੰਘ ਜਵੰਦਾ, ਅੰਮ੍ਰਿਤਪਾਲ ਸਿੰਘ ਚੌਧਰੀਵਾਲਾ ਦੀ ਅਗਵਾਈ ਹੇਠ ਹੋਈ।ਮੀਟਿੰਗ ਨੂੰ ਸੰਬੋਧਨ ਕਰਨ ਲਈ ਸਭਾ ਦੇ ਸੂਬਾ ਪ੍ਰਧਾਨ ਮਨਜਿੰਦਰ ਸਿੰਘ ਢੇਸੀ ਅਤੇ ਪ੍ਰੈਸ ਸਕੱਤਰ ਅਜੈ ਫ਼ਿਲੌਰ ਵਿਸ਼ੇਸ਼ ਤੌਰ 'ਤੇ ਪੁੱਜੇ। ਇਸ ਮੌਕੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਇਹਨਾਂ ਆਗੂਆਂ ਨੇ ਕਿਹਾ ਕਿ ਦੇਸ਼ ਦੇ ਹਾਕਮਾਂ ਦੁਆਰਾ ਲਾਗੂ ਕੀਤੀਆਂ ਜਾ ਰਹੀਆਂ ਨਿੱਜੀਕਰਨ, ਵਪਾਰੀਕਰਨ ਅਤੇ ਸਾਮਰਾਜ ਨਿਰਦੇਸ਼ਿਤ ਨੀਤੀਆਂ ਕਾਰਨ ਦੇਸ਼ ਦੀ ਜਵਾਨੀ ਬੇਰੁਜ਼ਗਾਰੀ ਦਾ ਸੰਤਾਪ ਹੰਢਾਅ ਰਹੀ ਹੈ, ਇਕ ਪਾਸੇ ਕਾਰਪੋਰੇਟ ਘਰਾਣੇ ਦੇਸ਼ ਦੇ ਕੁਦਰਤੀ ਸਾਧਨਾਂ ਦੀ ਅੰਨ੍ਹੇਵਾਹ ਲੁੱਟ ਕਰ ਰਹੇ ਹਨ ਅਤੇ ਬੇਰੁਜ਼ਗਾਰ ਜਵਾਨੀ ਦਾ ਘਾਣ ਕਰ ਰਹੇ ਹਨ ਤਾਂ ਦੂਜੇ ਪਾਸੇ ਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚ ਧੱਕਿਆ ਜਾ ਰਿਹਾ ਹੈ । ਉਹਨਾਂ ਕਿਹਾ ਕਿ ਸਿੱਖਿਆ ਦਾ ਨਿੱਜੀਕਰਨ ਵਪਾਰੀਕਰਨ ਹੋ ਜਾਣ ਕਾਰਨ ਸਿੱਖਿਆ ਆਮ ਤੇ ਗਰੀਬ ਲੋਕਾਂ ਦੇ ਬੱਚਿਆਂ ਦੀ ਪਹੁੰਚ ਤੋਂ ਪੂਰੀ ਤਰ੍ਹਾਂ ਬਾਹਰ ਹੋ ਚੁੱਕੀ ਹੈ, ਸੂਬੇ ਅੰਦਰ ਸਿਹਤ ਸੇਵਾਵਾਂ ਪੂਰੀ ਤਰਾਂ ਨਾਲ ਫੇਲ੍ਹ ਹੋ ਚੁੱਕੀਆਂ ਹਨ, ਅਜ਼ਾਦੀ ਦੇ 78 ਸਾਲ



ਬੀਤ ਜਾਣ ਤੋਂ ਬਾਅਦ ਵੀ ਦੇਸ਼ ਦੇ ਲੋਕ ਗਰੀਬ, ਅਨਪੜ੍ਹਤਾ, ਭ੍ਰਿਸ਼ਟਾਚਾਰ ਅਤੇ ਬੇਕਾਰੀ ਵਿਚ ਰਹਿਣ ਲਈ ਮਜਬੂਰ ਹਨ। ਸੂਬੇ ਦੀ ਮਾਨ ਸਰਕਾਰ ਦੁਆਰਾ ਜਵਾਨੀ ਨੂੰ ਨਸ਼ਿਆਂ ਚੋਂ ਬਾਹਰ ਕੱਢਣ ਦੀ ਬਜਾਏ ਝੂਠੇ ਪਰਚੇ ਪਾ ਕੇ ਜੇਲ੍ਹਾਂ ਵਿੱਚ ਸੁੱਟਿਆ ਜਾ ਰਿਹਾ ਹੈ ਅਤੇ ਨਸ਼ੇ ਖਤਮ ਹੋ ਜਾਣ ਦਾ ਡਰਾਮਾ ਕੀਤਾ ਜਾ ਰਿਹਾ ਹੈ। ਉਹਨਾਂ ਅੱਗੇ ਕਿਹਾ ਕਿ ਆਉਣ ਵਾਲੇ ਸਮੇਂ ਅੰਦਰ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਵੱਲੋਂ ਪੰਜਾਬ ਦੀ ਜਵਾਨੀ ਨੂੰ ਇਕੱਠਾ ਕਰਕੇ ਖੜਕੜ ਕਲਾਂ ਦੀ ਧਰਤੀ ਉੱਪਰ ਭਗਤ ਸਿੰਘ ਦੇ ਜਨਮ ਦਿਹਾੜੇ ਮੌਕੇ 28 ਸਤੰਬਰ ਨੂੰ ਰੁਜ਼ਗਾਰ, ਸਿਹਤ ਸੇਵਾਵਾਂ, ਸਭ ਲਈ ਸਿੱਖਿਆ ਅਤੇ ਨਸ਼ਿਆਂ ਦੇ ਪੂਰਨ ਖਾਤਮੇ ਆਦਿ ਮੰਗਾਂ ਨੂੰ ਲੈ ਕੇ ਪੱਕਾ ਧਰਨਾ ਲਗਾਇਆ ਜਾ ਰਿਹਾ ਹੈ ਜਿਸ ਵਿੱਚ ਕਿ ਤਰਨ ਤਾਰਨ ਤੋਂ ਨੌਜਵਾਨਾਂ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਵੀ ਕੀਤੀ। ਇਸ ਮੌਕੇ ਸਭਾ ਦੇ ਜਿਲ੍ਹਾ ਪ੍ਰਧਾਨ ਸੁਖਦੇਵ ਸਿੰਘ ਜਵੰਦਾ ਨੇ ਆਏ ਹੋਰ ਨੌਜਵਾਨਾਂ ਦਾ ਜਿੱਥੇ ਧੰਨਵਾਦ ਕੀਤਾ ਉੱਥੇ ਉੱਥੇ 28 ਸਤੰਬਰ ਖਟਖੜ ਕਲਾਂ ਦੇ ਮੋਰਚੇ ਵਿੱਚ ਵੱਧ ਤੋਂ ਵੱਧ ਨੌਜਵਾਨਾਂ ਦੇ ਪਹੁੰਚਣ ਦਾ ਵਿਸ਼ਵਾਸ ਵੀ ਦਿਵਾਇਆ ਗਿਆ। ਇਸ ਮੌਕੇ ਸਭਾ ਦੇ ਸਾਬਕਾ ਆਗੂ ਬਲਦੇਵ ਸਿੰਘ ਪੰਡੋਰੀ, ਅੰਮ੍ਰਿਤਪਾਲ ਸਿੰਘ ਦਵਿੰਦਰ ਸਿੰਘ ਪੰਡੋਰੀ, ਵਿਕਰਮਜੀਤ ਸਿੰਘ ਪੰਡੋਰੀ, ਜਗਜੀਵਨ ਸਿੰਘ, ਅੰਮ੍ਰਿਤਪਾਲ, ਗੁਰਦੇਵ ਸਿੰਘ ਨੌਸਹਿਰਾ ਪੰਨੂੰਆ, ਬਲਵੀਰ ਸਿੰਘ ਦਰਗਾਪੁਰ, ਰਵੀਸੇਰ ਸਿੰਘ, ਚਮਕੌਰ ਸਿੰਘ ਜਵੰਦਾ, ਗੁਰਵਿੰਦਰ ਸਿੰਘ ਠੱਠੀਆਂ ਮਹੰਤਾਂ, ਨਰਿੰਦਰ ਸਿੰਘ ਰਟੌਲ ਤੋਂ ਇਲਾਵਾ ਹੋਰ ਨੌਜਵਾਨ ਹਾਜ਼ਰ ਸਨ।

# ਦਿਵਯ ਜਯੋਤੀ ਜਾਗਰਤੀ ਸੰਸਥਾਨ ਵੱਲੋਂ ਸਪਤਾਹਿਕ ਸਤਿਸੰਗ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਦਿਵਯ ਜਯੋਤੀ ਜਾਗਰਤੀ ਸੰਸਥਾਨ ਤਰਨ ਤਾਰਨ ਆਸ਼ਰਮ ਵੱਲੋਂ ਸਪਤਾਹਿਕ ਸਤਿਸੰਗ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਸੰਸਥਾਨ ਦੀ ਪ੍ਰੇਰਕ ਸਾਧਵੀ ਨਯਨਾ ਭਾਰਤੀ



ਨੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ ਕਿ ਜਦੋਂ ਪੂਰਨ ਸੰਤ ਮਹਾਂਪੁਰਸ਼ ਜੀਵਨ ਵਿੱਚ ਪ੍ਰਵੇਸ਼ ਕਰਦੇ ਹਨ ਤਾਂ ਇਨਸਾਨ ਦੇ ਜੀਵਨ ਵਿੱਚ ਵਿਲੱਖਣ ਤੇ ਸੁੰਦਰ ਬਦਲਾਅ ਆਉਂਦੇ ਹਨ। ਮਨੁੱਖ ਦੇ ਅੰਦਰ ਦੇ ਉਲਟੇ-ਸਿੱਧੇ ਵਿਚਾਰ ਸਿਧੇ ਰੂਪ ਧਾਰ ਲੈਂਦੇ ਹਨ ਅਤੇ ਤਪਦੇ ਅੰਗਾਰੇ ਬਰਫ ਵਾਂਗ ਠੰਡੇ ਹੋ ਜਾਂਦੇ ਹਨ।ਉਨ੍ਹਾਂ ਕਿਹਾ ਕਿ ਸੰਤ ਮਹਾਂਪੁਰਸ਼ ਸਾਨੂੰ ਦਿਵਯ ਦ੍ਰਿਸ਼ਟੀ ਪ੍ਰਦਾਨ ਕਰਦੇ ਹਨ, ਜਿਸ ਨਾਲ ਸਾਨੂੰ ਸਭ ਇੱਕੋ ਜਿਹੇ ਦਿਸਣ ਲੱਗ ਪੈਂਦੇ ਹਨ। ਚਮੜੇ ਦੀਆਂ ਅੱਖਾਂ ਜਿੱਥੇ ਸਿਰਫ ਔਗੁਣ ਵੇਖਦੀਆਂ ਹਨ, ਉਥੇ ਸੰਤਾਂ ਦੀ ਕਿਰਪਾ ਨਾਲ ਮਿਲੀ ਅੱਖ ਸਾਨੂੰ ਬ੍ਰਹਮ ਦਾ ਦਰਸ਼ਨ ਕਰਵਾਉਂਦੀ ਹੈ। ਅਜਿਹੇ ਅਨੁਭਵ ਨਾਲ ਇਨਸਾਨ ਪਾਪ ਨਾਲ ਨਫ਼ਰਤ ਕਰਦਾ ਹੈ ਪਰ ਪਾਪੀ ਨਾਲ ਨਹੀਂ।ਸਾਧਵੀ ਨੇ ਅੱਗੇ ਕਿਹਾ ਕਿ ਸੰਤ ਸਤਿਗੁਰੂ ਦੀ ਗੈਰ ਮੌਜੂਦਗੀ ਵਿੱਚ ਸੰਸਾਰ ਪਾਗਲਾਂ ਵਾਂਗ ਭਟਕਦਾ ਹੈ। ਹੱਲ ਹਰ ਕੋਈ ਚਾਹੁੰਦਾ ਹੈ ਪਰ ਸਾਵਧਾਨ ਕੋਈ ਨਹੀਂ। ਸੰਤ ਮਹਾਂਪੁਰਸ਼ ਸਾਨੂੰ ਸਾਵਧਾਨ ਕਰਨਾ ਸਿਖਾਉਂਦੇ ਹਨ। ਜੀਵਨ ਦੇ ਹਰ ਮੋੜ 'ਤੇ ਗੁਰੂ ਹੀ ਸਾਨੂੰ ਜਿਊਣ ਦੀ ਕਲਾ ਸਿਖਾ ਕੇ ਮਨੁੱਖਤਾ ਦੇ ਰਾਹ 'ਤੇ ਲੈ ਜਾਂਦਾ ਹੈ।ਪ੍ਰੋਗਰਾਮ ਦੇ ਦੌਰਾਨ ਸਾਧਵੀ ਪਰਮਜੀਤ ਭਾਰਤੀ ਅਤੇ ਸਾਧਵੀ ਕੁਲਦੇਵੀ ਭਾਰਤੀ ਨੇ ਗੁਰਬਾਣੀ ਸ਼ਬਦ ਭਜਨਾਂ ਦਾ ਗਾਇਨ ਕਰਕੇ ਸਤਸੰਗੀ ਜਨਤਾ ਨੂੰ ਆਨੰਦਿਤ ਕੀਤਾ।

# ਅਸੀਂ ਆਪਣੇ ਹੱਥੀਂ ਹੀ ਆਪਣੀ ਮਾਂ ਬੋਲੀ ਦਾ ਗਲਾ ਘੁੱਟ ਰਹੇ ਹਾਂ : ਜਗਰੂਪ ਆਸਟ੍ਰੇਲੀਆ

**ਫਤਹਿਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਮੰਚ ਸੰਚਾਲਨ ਕਰਨ ਵਾਲੇ ਨੂੰ ਇਕ ਦੋ ਨਹੀਂ ਸੈਕੜੇ ਹਜ਼ਾਰਾਂ ਲੋਕ ਵੇਖ ਸੁਣ ਰਹੇ ਹੁੰਦੇ ਹਨ। ਦਰਸ਼ਕ ਸਟੇਜ ਤੋਂ ਬੋਲ ਰਹੇ ਇਨਸਾਨ ਦੀ ਗੱਲ ਬੜੇ ਧਿਆਨ ਨਾਲ ਸੁਣਦੇ ਨੇ ਤੇ ਉਸ ਦਾ ਅਸਰ ਵੀ ਕਬੂਲਦੇ ਹਨ। ਇਸੇ ਲਈ ਮੇਰੀ ਕੋਸ਼ਿਸ਼ ਹੈ ਕੇ ਰੱਬ ਨੇ ਮੇਰੀ ਜੋ ਸਟੇਜ ਸੰਭਾਲਣ ਦੀ ਡਿਊਟੀ ਲਗਾਈ ਹੈ ਉਸ ਰਾਹੀਂ ਆਪਣੀ ਪੰਜਾਬੀ ਭਾਸ਼ਾ ਤੇ ਬੋਲੀ ਲਈ ਵੱਧ ਤੋਂ ਵੱਧ ਕਾਰਜ ਕਰ ਸਕਾਂ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਪ੍ਰਸਿੱਧ ਸਟੇਜ ਸੰਚਾਲਕ ਜਗਰੂਪ ਸਿੰਘ ਬੁੱਟਰ ਅਸਟ੍ਰੇਲੀਆ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਪੰਜਾਬੀ ਦੁਨੀਆਂ ਭਰ ਦੀਆਂ ਅਮੀਰ ਭਾਸ਼ਾਵਾਂ ਵਿਚੋਂ ਇਕ ਹੈ। ਪਰ ਸਾਡੀ ਪੰਜਾਬੀਆਂ ਦੀ ਇਹ ਬਦਕਿਸਮਤੀ ਹੈ ਕੇ ਅਸੀਂ ਆਪਣੀ ਮਾਂ ਬੋਲੀ ਨੂੰ ਹੀ ਖੁੱਲ੍ਹ ਕੇ ਅਪਣਾ ਨਹੀਂ ਰਹੇ ਸਗੋਂ ਪੰਜਾਬੀ ਬੋਲਦਿਆਂ ਤੇ ਲਿਖਦਿਆਂ ਇਕ ਤਰ੍ਹਾਂ ਸੰਗ ਸ਼ਰਮ ਮਹਿਸੂਸ ਕਰਦੇ ਹਾਂ। ਅੱਜ ਸਾਡੇ ਬੱਚਿਆਂ ਹੱਥੋਂ ਵੀ ਸਾਡੇ ਅਹਿਮ ਤੇ ਅਮੀਰ ਰਿਸ਼ਤਿਆਂ ਦਾ ਬੁਰੀ ਤਰ੍ਹਾਂ ਘਾਣ ਹੋ ਰਿਹਾ ਹੈ। ਸਾਡੇ ਬੱਚੇ ਫੁੱਫੜ ਦੀ ਜਗ੍ਹਾ ਫੁੱਫੂ ਤਾਏ ਤੇ ਤਾਈ ਦੀ ਜਗ੍ਹਾ ਵੱਡੀ ਮੰਮੀ ਤੇ ਵੱਡੇ ਪਾਪਾ, ਦਾਦਾ ਜੀ ਨੂੰ ਦਾਦੂ, ਮਾਮਾ ਜੀ ਨੂੰ ਮਾਮੂ ਆਖ ਰਹੇ ਹਨ। ਇਸ ਤੋਂ ਵੀ ਅੱਗੇ ਬਹੁਤਿਆਂ ਰਿਸ਼ਤਿਆਂ ਦਾ ਨਾਮ ਭੁਲਾ ਕੇ ਅੰਟੀ ਅੰਕਲ ਜਿਹੇ ਓਪਰੇ ਸ਼ਬਦ ਵਰਤਦੇ ਪਏ ਹਾਂ।



ਅਜਿਹਾ ਕਰਕੇ ਅਸੀਂ ਰਿਸ਼ਤਿਆਂ ਵਿਚਲੀ ਅਪਣੱਤ ਤੇ ਮਿਠਾਸ ਤੋਂ ਦੂਰ ਹੋ ਰਹੇ ਹਾਂ। ਇਸ ਲਈ ਕਿਸੇ ਵੀ ਭਾਸ਼ਾ ਨੂੰ ਜੀਊਂਦਾ ਰੱਖਣ ਲਈ ਮਾਪਿਆਂ ਵੱਲੋਂ ਆਪਣੇ ਬੱਚਿਆਂ ਤੇ ਆਪਣੀ ਬੋਲੀ ਲਈ ਇਕ ਪੁਲ ਦਾ ਕੰਮ ਕਰਨਾ ਪੈਂਦਾ ਹੈ। ਉਹਨਾਂ ਵੱਲੋਂ ਇੱਕ ਯੂਟਿਊਬ ਚੈਨਲ ਸ਼ੁਰੂ ਕੀਤਾ ਗਿਆ ਹੈ ਜਿਸਦਾ ਨਾਮ ਹੈ ਜੀਵੇ ਪੰਜਾਬੀ। ਇਸ ਚੈਨਲ ਦੇ ਜ਼ਰੀਏ ਉਹ ਵੱਖ ਵੱਖ ਸ਼ਖ਼ਸੀਅਤਾਂ ਨਾਲ ਮੁਲਾਕਾਤ ਕਰਕੇ ਮਾਂ ਬੋਲੀ ਪੰਜਾਬੀ ਲਈ ਵਡਮੁੱਲਾ ਯੋਗਦਾਨ ਪਾ ਰਹੇ ਹਨ।

# ਖੋ-ਖੋ 'ਚ ਮਾਤਾ ਸਾਹਿਬ ਕੌਰ ਮਾਡਰਨ ਸਕੂਲ ਭਰੋਵਾਲ ਦੇ ਖਿਡਾਰੀਆਂ ਦਾ ਸ਼ਾਨਦਾਰ ਪ੍ਰਦਰਸ਼ਨ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਗੋਇੰਦਵਾਲ ਸਾਹਿਬ ਵਿਖੇ ਕਰਵਾਏ ਜ਼ੋਨਲ ਖੋ-ਖੋ ਟੂਰਨਾਮੈਂਟ 2025-26 'ਚ ਮਾਤਾ ਸਾਹਿਬ ਕੌਰ ਮਾਡਰਨ ਸੀਨੀਅਰ ਸੈਕੰਡਰੀ



ਸਕੂਲ ਭਰੋਵਾਲ ਜ਼ਿਲ੍ਹਾ (ਤਰਨ ਤਾਰਨ) ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਰਾਹੀਂ ਤੀਸਰਾ ਸਥਾਨ ਹਾਸਲ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਕੂਲ ਦੇ ਪ੍ਰਿੰ. ਨਵਜੋਤੀ ਨੇ ਦੱਸਿਆ ਕਿ ਸਕੂਲ ਦੀ ਅੰਡਰ-19 ਲੜਕੀਆਂ ਦੀ ਟੀਮ ਨੇ ਜ਼ੋਨਲ ਟੂਰਨਾਮੈਂਟ ਵਿੱਚ ਤੀਸਰਾ ਸਥਾਨ ਹਾਸਲ ਕਰਕੇ ਡਿਸਟ੍ਰਿਕ ਲੈਵਲ ਵਿੱਚ ਹਿੱਸਾ ਲਿਆ ।ਜਿਸ ਵਿੱਚ ਸੰਦੀਪ ਕੌਰ, ਗਗਨਦੀਪ ਕੌਰ, ਹਰਮਨਦੀਪ ਕੌਰ, ਜੈਪਿੰਦਰ ਕੌਰ, ਪਵਨਦੀਪ ਕੌਰ, ਅਰਮਾਨਪ੍ਰੀਤ ਕੌਰ, ਸੁਖਮਨਦੀਪ ਕੌਰ, ਰਮਨੀਤ ਕੌਰ, ਸੁਖਮਨਪ੍ਰੀਤ ਕੌਰ, ਅਨੁਪ੍ਰੀਤ ਕੌਰ, ਹਰਮਨਪ੍ਰੀਤ ਕੌਰ, ਗੁਰਲੀਨ ਕੌਰ ਅਤੇ ਗਗਨਦੀਪ ਕੌਰ ਵਰਗੀਆਂ ਹੋਣਹਾਰ ਵਿਦਿਆਰਥਣਾਂ ਸ਼ਾਮਿਲ ਸਨ। ਸਕੂਲ ਪੁੱਜਣ 'ਤੇ ਜੇਤੂ ਟੀਮਾਂ ਦੀਆਂ ਖਿਡਾਰਨਾਂ ਨੂੰ ਜਿੱਥੇ ਸਕੂਲ ਵੱਲੋਂ ਉਚੇਚੇ ਤੌਰ 'ਤੇ ਸਨਮਾਨਤ ਕੀਤਾ ਗਿਆ ਅਤੇ ਵਧਾਈ ਦਿੰਦੇ ਹੋਏ ਭਵਿੱਖ ਲਈ ਸ਼ੁੱਭਕਾਮਨਾਵਾਂ ਵੀ ਦਿੱਤੀਆਂ ਗਈਆਂ। ਇਸ ਮੌਕੇ ਮੈਨੇਜਮੈਂਟ ਡਾਇਰੈਕਟਰ ਤਜਿੰਦਰ ਸਿੰਘ ਪ੍ਰੈਜ਼ੀਡੈਂਟ ਸੁਖਵਿੰਦਰ ਕੌਰ, ਸੈਕਟਰੀ ਬਨਵੀਰ ਸਿੰਘ, ਰਮਨਦੀਪ ਕੌਰ, ਸੰਗੀਤ ਕੌਰ, ਪ੍ਰਿੰਸੀਪਲ ਮੈਡਮ ਨਵਜੋਤੀ ਅਤੇ ਸਮੂਹ ਸਟਾਫ ਆਦਿ ਮੌਜੂਦ ਸਨ।

# ਡਾ. ਅਨੁਪਮਾ ਗੁਪਤਾ ਹੁਣ ਮੁਫ਼ਤ ਓ ਪੀ ਡੀ ਰਾਹੀਂ ਵੀਲ੍ਹ ਚੇਅਰ 'ਤੇ ਹੀ ਕਰਨਗੇ ਰੋਗੀਆਂ ਦੀ ਸੇਵਾ

**ਅੰਮ੍ਰਿਤਸਰ (ਅਰੋੜਾ)**- ਭਾਰਤ ਦੇ ਵੱਖ ਵੱਖ ਰਾਜਾਂ ਵਿੱਚ ਸਮਾਜ ਸੇਵੀ ਸੰਸਥਾਵਾਂ ਰੋਟਰੀ ਕਲੱਬਾਂ ਅਤੇ ਕਈ ਧਾਰਮਿਕ ਸੰਗਠਨਾ ਵੱਲੋਂ ਸਨਮਾਨ ਪ੍ਰਾਪਤ ਕਰ ਚੁੱਕੀ ਕਿਸੇ ਦੀ ਜਾਨ ਬਚਾਉਣ ਦੀ ਹੋੜ ਵਿੱਚ ਆਪਣਾ ਨੀਚੇ ਦਾ ਧੜ ਗਵਾ ਚੁੱਕੀ ਡਾ. ਅਨੁਪਮਾ ਗੁਪਤਾ ਵੱਲੋਂ ਕਾਂਗੜਾ ਕਲੋਨੀ, ਕ੍ਰਿਸ਼ਨਾ ਸਕੇਅਰ ਵਿਖੇ ਅੱਜ ਮੁਫ਼ਤ ਓ.ਪੀ.ਡੀ ਕਲੀਨਿਕ ਦਾ ਸ਼ੁੱਭ ਆਰੰਭ ਕੀਤਾ ਗਿਆ। ਡਾ. ਅਨੁਪਮਾ ਗੁਪਤਾ ਇੱਕ ਚੰਗੀ ਡਾਕਟਰ ਹੀ ਨਹੀਂ ਬਲਕਿ ਇੱਕ ਚੰਗੀ ਸਮਾਜ ਸੇਵਿਕਾ ਵੀ ਹੈ। ਕੁਝ ਸਾਲ ਪਹਿਲਾਂ ਜਦੋਂ ਉਹ ਆਪਣੇ ਨਿੱਜੀ ਹਸਪਤਾਲ ਤਰਨ ਤਾਰਨ ਆਪਣੀ ਕਾਰ ਵਿੱਚ ਜਾ ਰਹੀ ਸੀ ਤਾਂ ਇੱਕ ਬੱਸ ਨੇ ਇੱਕ ਵਿਅਕਤੀ ਨੂੰ ਕੁਚਲ ਦਿੱਤਾ ਜਿਸ ਨੂੰ ਦੇਖ ਕੇ ਡਾ. ਅਨੁਪਮਾ ਗੁਪਤਾ ਆਪਣੀ ਕਾਰ ਤੋਂ ਉੱਤਰ ਕੇ ਕੁਚਲੇ ਗਏ ਵਿਅਕਤੀ ਦੀ ਸਹਾਇਤਾ ਲਈ ਭੱਜੀ। ਮਗਰ ਇੱਕ ਹੋਰ ਵਾਹਨ ਨੇ ਡਾ. ਅਨੁਪਮਾ ਗੁਪਤਾ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਇਸ ਹਾਦਸੇ ਵਿੱਚ ਡਾ. ਅਨੁਪਮਾ ਗੁਪਤਾ ਦਾ ਨੀਚੇ ਦਾ ਧੜ ਕੁਚਲਿਆ ਗਿਆ ਜਿਸ ਨੂੰ ਬਚਾਉਣ ਲਈ ਪੰਜਾਬ ਤੋਂ ਹੀ ਨਹੀ ਪੂਰੇ ਭਾਰਤ ਤੋਂ ਡਾਕਟਰ ਉਨ੍ਹਾਂ ਦੀ ਸਹਾਇਤਾ ਲਈ ਪਹੁੰਚੇ। ਡਾਕਟਰਾਂ ਦੇ



ਅਣਥੱਕ ਯਤਨ ਦੇ ਨਾਲ ਡਾ. ਅਨੁਪਮਾ ਗੁਪਤਾ ਦੀ ਜਾਨ ਬਚ ਗਈ ਪਰ ਡਾਕਟਰਾਂ ਨੂੰ ਉਨ੍ਹਾਂ ਦੇ ਨੀਚੇ ਦਾ ਧੜ ਕੱਟਣ ਦੇ ਲਈ ਮਜਬੂਰ ਹੋਣਾ ਪਿਆ। ਡਾ.ਅਨੁਪਮਾ ਗੁਪਤਾ ਦੇ ਪਤੀ ਰੋਟਰੀ ਦੇ ਸਾਬਕਾ ਪ੍ਰਧਾਨ ਰਮਨ ਗੁਪਤਾ ਨੇ ਆਪਣੀ ਪਤਨੀ ਦੇ ਹੌਂਸਲੇ ਨੂੰ ਬੁਲੰਦ ਰੱਖਿਆ ਅਤੇ ਉਹਨਾਂ ਨੂੰ ਹਰ ਤਰ੍ਹਾਂ ਦੀ ਆਧੁਨਿਕ ਵਹੀਲ ਚੇਅਰ ਇਲੈਕਟ੍ਰਾਨਿਕ ਵਿਧੀ ਨਾਲ ਸੁਸੱਜਿਤ ਲਿਆ ਕੇ ਉਹਨਾਂ ਨੂੰ ਉੱਪਰ ਹੇਠਾਂ, ਅੰਦਰ ਬਾਹਰ ਜਾਣ ਲਈ ਮੁਹੱਈਆ ਕਰਵਾਈ। ਸਾਰੀਆਂ ਸੰਸਥਾਵਾਂ ਅਤੇ ਡਾਕਟਰਾਂ ਨੇ ਉਨ੍ਹਾਂ ਨੂੰ ਚਿੱਤਰਕਾਰੀ ਕੀਤੇ ਜਾਣ ਲਈ ਪ੍ਰੇਰਿਤ ਕੀਤਾ। ਮਗਰ ਜਿਨ੍ਹਾਂ ਦੇ ਦਿਲ ਅਤੇ ਦਿਮਾਗ ਵਿੱਚ ਸਮਾਜ ਸੇਵਾ ਦੀ ਭਾਵਨਾ ਵਸੀ ਹੋਵੇ ਤਾਂ ਉਹ ਉਸ ਨੂੰ ਬਦਲ ਨਹੀ ਸਕਦੇ। ਡਾ. ਅਨੁਪਮਾ ਗੁਪਤਾ ਨੇ ਆਪਣੇ ਨਿਵਾਸ ਸਥਾਨ 'ਤੇ ਜਨਤਾ ਦੇ ਨਿਵੇਦਨ 'ਤੇ ਮੁਫ਼ਤ ਓ.ਪੀ.ਡੀ ਸ਼ੁਰੂ ਕੀਤਾ। ਉਨ੍ਹਾਂ ਦੇ ਪਤੀ ਡਾ. ਰਮਨ ਗੁਪਤਾ ਨੇ ਵੀ ਆਪਣੀ ਪਤਨੀ ਡਾ. ਅਨੁਪਮਾ ਗੁਪਤਾ ਦਾ ਸਾਥ ਦੇਣ ਦਾ ਵਿਸ਼ਵਾਸ ਦਿੱਤਾ। ਅੱਜ ਉਨ੍ਹਾਂ ਵੱਲੋਂ ਸ਼ੁਰੂ ਕੀਤੀ ਗਈ ਓ.ਪੀ.ਡੀ ਦੇ ਸ਼ੁੱਭ ਆਰੰਭ ਦੇ ਸਮੇਂ ਖੇਤਰ ਦੇ ਕਈ ਪਤਵੰਤੇ ਵਿਅਕਤੀ ਰੋਟਰੀ ਦੇ ਅਹੁਦੇਦਾਰ ਤੇ ਪ੍ਰਸਿੱਧ ਡਾਕਟਰ ਸ਼ਾਮਲ ਹੋਏ। ਜਿਸ ਵਿੱਚ ਕੌਂਸਲਰ ਮੋਨਿਕਾ ਸ਼ਰਮਾ, ਗਰੀਸ਼ ਸ਼ਰਮਾ, ਰੋਟਰੀ ਦੇ ਸਾਬਕਾ ਸਹਾਇਕ ਗਵਰਨਰ ਰਸਜੀਤ ਸਿੰਘ ਖੇੜਾ ਅਤੇ ਮਹਾਨਗਰ ਦੇ ਕਈ ਪਤਵੰਤ ਮੌਜੂਦ ਸਨ।

26-Aug-PAGE-4.qxd 8/25/2025 10:52 PM Page 1

ਨਵਾਂ ਜ਼ਮਾਨਾ
ਮੰਗਲਵਾਰ, 26 ਅਗਸਤ 2025

# ਗਲਤ ਵਿਆਖਿਆ

ਉਪ ਰਾਸ਼ਟਰਪਤੀ ਦੇ ਅਹੁਦੇ ਲਈ ਆਪੋਜ਼ੀਸ਼ਨ ਦੇ ਉਮੀਦਵਾਰ ਜਸਟਿਸ ਬੀ. ਸੁਦਰਸ਼ਨ ਰੈਡੀ ਨਾਲ ਬੇਮਿਸਾਲ ਯਕਜਹਿਤੀ ਦਾ ਪ੍ਰਗਟਾਵਾ ਕਰਦਿਆਂ ਸੁਪਰੀਮ ਕੋਰਟ ਤੇ ਹਾਈ ਕੋਰਟਾਂ ਦੇ 18 ਸਾਬਕਾ ਜੱਜਾਂ ਨੇ ਸਾਂਝਾ ਬਿਆਨ ਜਾਰੀ ਕਰਕੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਪਿਛਲੇ ਦਿਨੀਂ ਸੁਪਰੀਮ ਕੋਰਟ ਦੇ 2011 ਦੇ ਸਲਵਾ ਜੁਡੂਮ ਬਾਰੇ ਫੈਸਲੇ ਨੂੰ ਲੈ ਕੇ ਕਹੀਆਂ ਗਈਆਂ ਗੱਲਾਂ ਲਈ ਉਨ੍ਹਾ ਦੀ ਅਲੋਚਨਾ ਕੀਤੀ ਹੈ। ਸੁਪਰੀਮ ਕੋਰਟ ਨੇ ਉਸ ਫੈਸਲੇ ਵਿੱਚ ਛੱਤੀਸਗੜ੍ਹ ਵਿੱਚ ਨਕਸਲੀਆਂ ਖਿਲਾਫ ਲੜਨ ਲਈ ਆਦਿਵਾਸੀ ਮੁੰਡਿਆਂ ਨੂੰ ਸਪੈਸ਼ਲ ਪੁਲਸ ਅਫਸਰ ਬਣਾ ਕੇ ਉਨ੍ਹਾਂ ਹੱਥ ਹਥਿਆਰ ਫੜਾਉਣ ਦੇ ਸਰਕਾਰ ਦੇ ਹੱਥਕੰਡੇ ਨੂੰ ਗੈਰਕਾਨੂੰਨੀ ਐਲਾਨਿਆ ਸੀ। ਸ਼ਾਹ ਨੇ ਇਸ ਫੈਸਲੇ ਦੇ ਹਵਾਲੇ ਨਾਲ ਜਸਟਿਸ ਰੈਡੀ 'ਤੇ ਨਕਸਲਵਾਦ ਦਾ ਸਮਰਥਨ ਕਰਨ ਦਾ ਦੋਸ਼ ਲਾਇਆ ਤੇ ਇਹ ਵੀ ਦਾਅਵਾ ਕੀਤਾ ਕਿ ਉਹ ਨਕਸਲੀ ਵਿਚਾਰਧਾਰਾ ਤੋਂ ਪ੍ਰੇਰਤ ਹਨ। 22 ਅਗਸਤ ਨੂੰ ਕੇਰਲਾ ਵਿੱਚ ਇੱਕ ਅਖਬਾਰ ਦੇ ਸਮਾਗਮ ਵਿੱਚ ਬੋਲਦਿਆਂ ਸ਼ਾਹ ਨੇ ਕਿਹਾ—ਸੁਦਰਸ਼ਨ ਰੈਡੀ ਉਹ ਵਿਅਕਤੀ ਹਨ, ਜਿਨ੍ਹਾ ਨਕਸਲਵਾਦ ਦੀ ਮਦਦ ਕੀਤੀ। ਜੇ ਉਹ ਸਲਵਾ ਜੁਡੂਮ ਖਿਲਾਫ ਫੈਸਲਾ ਨਾ ਦਿੰਦੇ ਤਾਂ ਨਕਸਲੀ ਦਹਿਸ਼ਤਗਰਦੀ 2020 ਤੱਕ ਖਤਮ ਹੋ ਜਾਣੀ ਸੀ।

ਸੁਪਰੀਮ ਕੋਰਟ ਦੇ ਸਾਬਕਾ ਜੱਜਾਂ ਏ ਕੇ ਪਟਨਾਇਕ, ਅਭੈ ਐੱਸ ਓਕਾ, ਗੋਪਾਲ ਗੌੜਾ, ਵਿਕਰਮਜੀਤ ਸੇਨ, ਕੁਰੀਅਨ ਜੋਸਿਫ, ਮਦਨ ਬੀ ਲੋਕੁਰ ਤੇ ਜੇ. ਜੇਲਮੇਸ਼ਵਰ ਸਣੇ ਹੋਰਨਾਂ ਜੱਜਾਂ ਨੇ ਕਿਹਾ ਹੈ ਕਿ ਇਹ ਫੈਸਲਾ ਕਿਤੇ ਵੀ ਸਪੱਸ਼ਟ ਤੌਰ 'ਤੇ ਜਾਂ ਲਿਖਤੀ ਤੌਰ 'ਤੇ ਨਕਸਲਵਾਦ ਜਾਂ ਉਸ ਦੀ ਵਿਚਾਰਧਾਰਾ ਦੀ ਹਮਾਇਤ ਨਹੀਂ ਕਰਦਾ। ਭਾਰਤ ਦੇ ਉਪ ਰਾਸ਼ਟਰਪਤੀ ਦੇ ਅਹੁਦੇ ਲਈ ਪ੍ਰਚਾਰ ਮੁਹਿੰਮ ਵਿਚਾਰਧਾਰਕ ਹੋ ਸਕਦੀ ਹੈ, ਪਰ ਇਸ ਨੂੰ ਸ਼ਾਲੀਨਤਾ ਨਾਲ ਚਲਾਇਆ ਜਾਣਾ ਚਾਹੀਦਾ ਹੈ। ਕਿਸੇ ਉਮੀਦਵਾਰ ਦੀ ਅਖੌਤੀ ਵਿਚਾਰਧਾਰਾ ਦੀ ਅਲੋਚਨਾ ਕਰਨ ਤੋਂ ਬਚਣਾ ਚਾਹੀਦਾ ਹੈ। ਇਨ੍ਹਾਂ ਨਾਮਵਰ ਜੱਜਾਂ ਦਾ ਮੰਨਣਾ ਹੈ ਕਿ ਸ਼ਾਹ ਵੱਲੋਂ ਫੈਸਲੇ ਦੀ ਗਲਤ ਵਿਆਖਿਆ ਦਾ ਭਾਰਤ ਵਿੱਚ ਨਿਆਂਇਕ ਸੁਤੰਤਰਤਾ 'ਤੇ ਪ੍ਰਭਾਵ ਪੈ ਸਕਦਾ ਹੈ। ਕਿਸੇ ਉੱਚ ਸਿਆਸੀ ਅਹੁਦੇਦਾਰ ਵੱਲੋਂ ਸੁਪਰੀਮ ਕੋਰਟ ਦੇ ਫੈਸਲੇ ਦੀ ਤੁਅੱਸਬ ਭਰੀ ਗਲਤ ਵਿਆਖਿਆ ਨਾਲ ਸੁਪਰੀਮ ਕੋਰਟ ਦੇ ਜੱਜਾਂ 'ਤੇ ਨਾਂਹ-ਪੱਖੀ ਪ੍ਰਭਾਵ ਪੈਣ ਦੀ ਸੰਭਾਵਨਾ ਹੈ ਅਤੇ ਇਸ ਨਾਲ ਨਿਆਂ ਪਾਲਿਕਾ ਦੀ ਸੁਤੰਤਰਤਾ ਨੂੰ ਢਾਹ ਲੱਗ ਸਕਦੀ ਹੈ। ਉਪ ਰਾਸ਼ਟਰਪਤੀ ਦੇ ਅਹੁਦੇ ਪ੍ਰਤੀ ਸਨਮਾਨ ਕਾਰਨ ਕਿਸੇ ਦਾ ਨਾਂਅ ਲੈ ਕੇ ਨਿੰਦਾ ਕਰਨ ਤੋਂ ਬਚਣਾ ਹੀ ਸਮਝਦਾਰੀ ਹੋਵੇਗੀ।


ਸਲਵਾ ਜੁਡੂਮ ਬਾਰੇ ਫੈਸਲਾ ਜਸਟਿਸ ਰੈਡੀ ਤੇ ਜਸਟਿਸ ਐੱਸ ਐੱਸ ਨਿੱਝਰ ਨੇ ਸੁਣਾਇਆ ਸੀ। ਉਨ੍ਹਾਂ 2007 ਵਿੱਚ ਨੰਦਨੀ ਸੁੰਦਰ ਤੇ ਹੋਰ ਵੱਲੋਂ ਦਾਇਰ ਲੋਕ ਹਿੱਤ ਪਟੀਸ਼ਨ 'ਤੇ ਸੁਣਵਾਈ ਕੀਤੀ ਸੀ, ਜਿਸ ਵਿੱਚ ਸਲਵਾ ਜੁਡੂਮ ਦਸਤਿਆਂ ਵੱਲੋਂ ਕੀਤੀਆਂ ਜਾ ਰਹੀਆਂ ਮਨੁੱਖੀ ਹੱਕਾਂ ਦੀਆਂ ਉਲੰਘਣਾਵਾਂ ਦੇ ਸ਼ਿਕਾਰ ਆਦਿਵਾਸੀਆਂ ਲਈ ਇਨਸਾਫ ਦੀ ਮੰਗ ਕੀਤੀ ਗਈ ਸੀ। ਇਸ ਮਾਮਲੇ ਦੀ ਸੁਣਵਾਈ ਕਰ ਰਹੀ ਬੈਂਚ ਵਿੱਚ ਪਹਿਲਾਂ ਸ਼ਾਮਲ ਜਸਟਿਸ ਕੇ ਜੀ ਬਾਲਾਕ੍ਰਿਸ਼ਨਨ ਨੇ 2008 ਵਿੱਚ ਹੀ ਕਿਹਾ ਸੀ ਕਿ ਸਲਵਾ ਜੁਡੂਮ ਨੂੰ ਰਾਜ ਦਾ ਸਮਰਥਨ ਅਪਰਾਧ ਨੂੰ ਬੜ੍ਹਾਵਾ ਦੇਣ ਦੇ ਬਰਾਬਰ ਹੋਵੇਗਾ। ਸਾਬਕਾ ਜੱਜਾਂ ਦਾ ਬਿਆਨ ਦਰਸਾਉਂਦਾ ਹੈ ਕਿ ਹਾਕਮ ਸੁਪਰੀਮ ਕੋਰਟ ਦੇ ਫੈਸਲਿਆਂ ਦੀ ਕਿਵੇਂ ਆਪਣੇ ਮੁਤਾਬਕ ਵਿਆਖਿਆ ਕਰਕੇ ਲੋਕਾਂ ਨੂੰ ਗੁੰਮਰਾਹ ਕਰ ਰਹੇ ਹਨ।

## ਤੱਕੜੀ ਦੇ ਨਵੇਂ ਮਾਲਕ !

ਦੋ ਦਸੰਬਰ ਨੂੰ ਹੋਇਆ ਸੀ ਹੁਕਮਨਾਮਾ,
'ਅੱਡੋ ਅੱਡ ਚੁੱਲ੍ਹੇ' ਕਰ ਲਉ ਇੱਕ ਭਾਈ।
'ਝੂੰਦੇ ਹੁਣਾ' ਝੱਟ ਲਿਆ 'ਸਮੇਟ' ਚੁੱਲ੍ਹਾ,
ਬਾਦਲ ਧੜੇ ਫੁਲਾ ਲਈ ਸੀ ਹਿੱਕ ਭਾਈ।
ਜੇ 'ਰਲਣ' ਲਈ ਆਏ 'ਸੁਧਾਰ' ਵਾਲੇ,
ਕਹਿੰਦੇ ਕੱਢਾਂਗੇ ਮਾਰ ਕੇ 'ਕਿੱਕ' ਭਾਈ।
ਪੰਥਕ ਜੋਸ਼ 'ਚ ਉਨ੍ਹਾਂ ਨੇ ਕਰੀ ਭਰਤੀ,
ਪੰਜੇ ਮੈਂਬਰ ਜੋ ਦਿੱਤੇ ਸੀ 'ਟਿੱਕ' ਭਾਈ।
ਮਾਇਆ ਧੌਂਸ ਹੰਕਾਰ ਨਾਲ ਭਰੇ ਹੋਏ,
ਵਾਂਗ ਧੁਖ ਰਹੇ ਹੁਣ ਗਿੱਲੀ ਲੱਕੜੀ ਦੇ।
ਮਿਲ ਕੇ ਪੰਥ ਨੇ 'ਨਵਾਂ ਪ੍ਰਧਾਨ' ਚੁਣਿਆ,
'ਮਾਲਕ ਹੋਰ' ਆ ਗਏ ਐ 'ਤੱਕੜੀ' ਦੇ!

-ਤਰਲੋਚਨ ਸਿੰਘ ਦੁਪਾਲਪੁਰ, 78146-92724

# ਜ਼ਿੰਦਗੀ ਲਈ ਧਾਰਮਿਕਤਾ ਜ਼ਰੂਰੀ ਜਾਂ ਵਿਗਿਆਨ ?



ਜਸਵੰਤ ਜੀਰਖ

ਜ਼ਿੰਦਗੀ ਜਿਉਣ ਦੇ ਦੋ ਢੰਗ ਹਨ, ਇੱਕ ਧਾਰਮਿਕ ਨਜ਼ਰੀਏ ਅਨੁਸਾਰ ਅਤੇ ਦੂਜਾ ਵਿਗਿਆਨਕ ਨਜ਼ਰੀਏ ਅਨੁਸਾ।ਧਾਰਮਿਕ ਨਜ਼ਰੀਏ ਅਨੁਸਾਰ ਮਨੁੱਖੀ ਜ਼ਿੰਦਗੀ, ਕਿਸੇ ਅਦਿੱਖ ਕਲਪਿਤ ਅਗੰਮੀ ਸ਼ਕਤੀ ਵੱਲੋਂ ਲਿਖੀ ਗਈ ਤਹਿਸ਼ੁਦਾ ਕਿਸਮਤ ਦੇ ਅਧੀਨ ਚਲਦੀ ਮੰਨੀ ਜਾਂਦੀ ਹੈ, ਜਿਸ ਵਿੱਚ ਸਾਰੀ ਉਮਰ ਵਿੱਚ ਵਾਪਰਨ ਵਾਲੀਆਂ ਘਟਨਾਵਾਂ ਬਾਰੇ ਜਨਮ ਵੇਲੇ ਪਹਿਲਾਂ ਹੀ ਤਹਿ ਹੋਇਆ ਮੰਨਿਆ ਜਾਂਦਾ ਹੈ। ਇੱਥੋਂ ਤੱਕ ਕਿ ਮਰਨ ਦੀ ਤਾਰੀਖ ਵੀ ਪਹਿਲਾਂ ਹੀ ਤਹਿ ਹੋਈ ਮੰਨੀ ਜਾਂਦੀ ਹੈ। ਹਰ ਧਰਮ ਦੀਆਂ ਆਪਣੀਆਂ ਪਰੰਪਰਾਵਾਂ ਹਨ, ਜਿਹਨਾਂ ਨੂੰ ਜ਼ਿੰਦਗੀ ਵਿੱਚ ਅਪਨਾਉਣ ਲਈ ਉਸ ਧਰਮ ਦੇ ਲੋਕ ਪਾਬੰਦ ਹੁੰਦੇ ਹਨ ।ਹਰ ਧਰਮ ਦੇ ਆਪਣੇ-ਆਪਣੇ ਧਾਰਮਿਕ ਗ੍ਰੰਥ, ਧਰਮ ਅਸਥਾਨ ਅਤੇ ਤੀਰਥ ਅਸਥਾਨ ਵੱਖ-ਵੱਖ ਹਨ । ਇਹਨਾਂ ਅਨੁਸਾਰ ਮਨੁੱਖ ਪਿਛਲੇ ਜਨਮ ਵਿੱਚ ਕੀਤੇ ਗਏ ਚੰਗੇ-ਮੰਦੇ ਕੰਮਾਂ ਦਾ ਫਲ ਵੀ ਇਸ ਮੌਜੂਦਾ ਜਨਮ ਵਿੱਚ ਭੁਗਤਦਾ ਹੈ, ਭਾਵੇ ਕਿ ਇਸ ਦਾ ਕੋਈ ਪੁਖਤਾ ਸਬੂਤ ਨਹੀਂ ਦਿੱਤਾ ਜਾਂਦਾ । ਇਸ ਜ਼ਿੰਦਗੀ ਵਿੱਚ ਸੁੱਖ-ਸਹੂਲਤਾਂ ਪ੍ਰਾਪਤ ਕਰਨ ਅਤੇ ਮਰਨ ਉਪਰੰਤ ਸਵਰਗ ਵਿੱਚ ਜਾਣ ਲਈ ਪੂਜਾ, ਪਾਠ, ਦਾਨ, ਪੁੰਨ ਕਰਨ ਆਦਿ ਸਮੇਤ ਕਈ ਕਿਸਮ ਦੀਆਂ ਪਰੰਪਰਾਵਾਂ ਸ਼ਾਮਲ ਹਨ । ਕਿਸੇ ਵੀ ਧਰਮ ਵਿੱਚ ਮੰਨੀ ਜਾਂਦੀ ਅਦਿੱਖ ਅਗੰਮੀ ਸ਼ਕਤੀ ਨੂੰ ਭਾਵੇਂ ਅੱਜ ਤੱਕ ਕਿਸੇ ਵੱਲੋਂ ਵੀ ਮਿਲਣ ਜਾਂ ਵੇਖਣ ਦਾ ਦਾਅਵਾ ਨਹੀਂ ਕੀਤਾ, ਪਰ ਇਸ ਦੇ ਬਾਵਜੂਦ ਉਸ ਦੀ ਹੋਂਦ ਨੂੰ ਸਵੀਕਾਰਿਆ ਜਾ ਰਿਹਾ ਹੈ ।ਸਦੀਆਂ ਪਹਿਲਾਂ ਲਿਖੇ ਧਾਰਮਿਕ ਗ੍ਰੰਥਾਂ ਵਿੱਚ ਉਸ ਸਮੇਂ ਪ੍ਰਚੱਲਿਤ ਕਈ ਮਾਨਤਾਵਾਂ ਨੂੰ ਬਿਨਾ ਸਮਝੇ ਜਾਂ ਪੜਤਾਲੇ ਅੱਜ ਵੀ ਉਸੇ ਤਰ੍ਹਾਂ ਮੰਨਿਆ ਜਾਂਦਾ ਹੈ,ਭਾਵੇਂ ਕਿ ਅੱਜ ਵਿਗਿਆਨਕ ਤੌਰ 'ਤੇ ਉਹਨਾਂ ਨੂੰ ਗਲਤ ਸਿੱਧ ਕੀਤਾ ਗਿਆ ਹੋਵੇ ।ਜਿਵੇਂ ਜੇਕਰ ਵਿਗਿਆਨੀਆਂ ਵੱਲੋਂ ਪਹਿਲੀਆਂ ਮਾਨਤਾਵਾਂ ਉਪਰੰਤ, ਜੇ ਨਵੀਆਂ ਖੋਜਾਂ ਵਿੱਚ ਕੋਈ ਹੋਰ ਵਾਧਾ-ਘਾਟਾ ਕਰ ਲਿਆ ਜਾਂਦਾ ਹੈ, ਤਾਂ ਪਹਿਲੀਆਂ ਵਿੱਚ ਸੋਧ ਕਰਕੇ ਨਵੀਂ ਅਨੁਸਾਰ ਦਰੁਸਤ ਕਰ ਲੈਂਦੇ ਹਨ, ਪਰ ਧਾਰਮਿਕ ਲੋਕਾਂ ਵੱਲੋਂ ਆਪਣੇ ਗ੍ਰੰਥਾਂ ਵਿੱਚ ਸੋਧ ਕਰਨੀ ਅਸੰਭਵ ਹੈ । ਇਸ ਲਈ ਮਨੁੱਖੀ ਜ਼ਿੰਦਗੀ ਵਿੱਚ ਪੀੜ੍ਹੀ ਦਰ ਪੀੜ੍ਹੀ ਉਹੀ ਧਾਰਮਿਕ ਵਿਸ਼ਵਾਸ ਬਿਨਾ ਸੋਚੇ-ਸਮਝੇ ਨਿਰੰਤਰ ਚਲਦੇ ਆ ਰਹੇ ਹਨ ।

ਹਿੰਦੂ, ਮੁਸਲਮਾਨ, ਸਿੱਖ, ਈਸਾਈ ਆਦਿ ਦੇ ਨਾਵਾਂ ਨਾਲ ਜਾਣੇ ਜਾਂਦੇ ਧਰਮਾਂ ਨੂੰ ਮੰਨਣ ਵਾਲੇ ਸਾਰੇ ਲੋਕ ਆਪਣੇ ਨਿੱਜੀ ਸੁਆਰਥਾਂ ਲਈ ਅਗੰਮੀ ਸ਼ਕਤੀ ਨੂੰ ਰੱਬ, ਪ੍ਰਮਾਤਮਾ, ਅੱਲਾ, ਪ੍ਰਮੇਸ਼ੂਰ ਆਦਿ ਨਾਵਾਂ ਨਾਲ ਪੁਕਾਰ ਕੇ ਆਪਣੀਆਂ ਇਛਾਵਾਂ ਪੂਰੀਆਂ ਕਰਨ ਲਈ ਅਰਜ਼ੋਈਆਂ ਕਰਦੇ ਆ ਰਹੇ ਹਨ । ਇਹ ਸੁਆਰਥ ਆਮ ਕਰਕੇ ਮੋਕਸ਼ (ਜੰਮਣ-ਮਰਨ ਤੋਂ ਮੁਕਤੀ), ਪਰਿਵਾਰਕ ਸੁੱਖ-ਸ਼ਾਂਤੀ, ਘਰੇਲੂ ਕੰਮਾਂ ਦੀ ਸਫਲਤਾ ਆਦਿ ਵਰਗੇ ਹੁੰਦੇ ਹਨ ।ਇਹਨਾਂ ਸਾਰਿਆਂ ਵੱਲੋਂ ਭਾਵੇਂ ਇਹ ਤਾਂ ਮੰਨਿਆ ਜਾਂਦਾ ਹੈ ਕਿ ਉਸ ਸ਼ਕਤੀ ਦਾ ਕਿਸੇ ਨਾਲ ਵੀ ਵੈਰ-ਵਿਰੋਧ ਨਹੀਂ, ਪਰ ਇਸ ਦੇ ਮੰਨਣ ਤੇ ਪ੍ਰਚਾਰਨ ਵਾਲੇ ਖੁਦ ਆਪ ਧਰਮਾਂ ਦੇ ਵਖਰੇਵਿਆਂ ਨੂੰ ਇੱਕ-ਦੂਜੇ ਵਿੱਚ ਨਫ਼ਰਤ ਫੈਲਾ ਕੇ ਵੈਰ-ਵਿਰੋਧ ਪੈਦਾ ਕਰਦੇ ਅਕਸਰ ਹੀ ਵੇਖੇ ਜਾਂਦੇ ਹਨ । ਦੇਸ਼ ਵਿੱਚ ਧਰਮਾਂ ਅਧਾਰਤ ਕਰਵਾਏ ਜਾ ਰਹੇ ਦੰਗੇ-ਫਸਾਦ ਇਸ ਗੱਲ ਦਾ ਪ੍ਰਤੱਖ ਸਬੂਤ ਹਨ । ਇਹਨਾਂ ਸੁਆਰਥੀ ਧਰਮਾਂ ਦੀ ਮਨੁੱਖਤਾ ਨੂੰ ਇੱਕ-ਦੂਜੇ ਖਿਲਾਫ ਨਫਰਤੀ ਵੈਰ-ਵਿਰੋਧ ਖੜੇ ਕਰਨ ਲਈ ਕਿਵੇਂ ਵਰਤੋਂ ਹੋ ਰਹੀ ਹੈ, ਸਾਡੇ ਸਭ ਦੇ ਸਾਹਮਣੇ ਹੈ । ਜੇ ਧਰਮਾਂ ਦੇ ਇਹ ਵਖਰੇਵੇਂ ਨਾ ਹੁੰਦੇ ਤਾਂ ਇਹਨਾਂ ਕਾਰਨ ਮਨੁੱਖਤਾ ਦਾ ਜੋ ਖੂਨ ਹੁਣ ਤੱਕ ਇਸ ਧਰਤੀ 'ਤੇ ਡੁੱਲਿਆ ਹੈ, ਉਹ ਨਹੀਂ ਸੀ ਡੁੱਲ੍ਹਣਾ ।ਸਾਰੇ ਧਰਮਾਂ ਵਿੱਚ ਅਜਿਹੀਆਂ ਧਾਰਨਾਵਾਂ ਪ੍ਰਚੱਲਤ ਹਨ, ਜਿਸ ਕਰਕੇ ਮਨੁੱਖ ਆਪਣੇ-ਆਪਣੇ ਧਰਮ ਦੀਆਂ ਸਥਾਪਤ ਪ੍ਰੰਪਰਾਵਾਂ ਦੀ ਪਾਲਣਾ ਪੂਜਾ, ਪਾਠ, ਦਾਨ-ਪੁੰਨ, ਅਰਦਾਸਾਂ, ਤੀਰਥ ਇਸ਼ਨਾਨ, ਤੀਰਥ ਯਾਤਰਾਵਾਂ, ਮੱਥੇ ਟੇਕਣੇ , ਮੰਨਤਾਂ, ਚੜ੍ਹਾਵੇ ਆਦਿ ਸਾਧਾਂ-ਸੰਤਾਂ, ਜੋਤਸ਼ੀਆਂ ਦੇ 'ਪ੍ਰਵਚਨਾਂ' ਅਨੁਸਾਰ ਨਿੱਜੀ ਸੁੱਖ-ਸ਼ਾਂਤੀ ਲਈ ਕਰਦਾ ਹੈ ।ਸਾਰੇ ਧਰਮਾਂ ਵਿੱਚ ਹੀ ਪੁਜਾਰੀ ਵਰਗ ਦੀ ਦੇਖ-ਰੇਖ ਅਤੇ ਆਦੇਸ਼ਾਂ ਹੇਠ ਮਾੜੇ-ਮੋਟੇ ਅੰਤਰ ਨਾਲ ਇਹ ਧਾਰਨਾਵਾਂ ਪ੍ਰਚੱਲਤ ਹਨ । ਅਜਿਹੇ ਵਹਿਣਾਂ ਵਿੱਚ ਵਹਿ ਕੇ ਇਹਨਾਂ ਸਾਰੇ ਧਰਮਾਂ ਦੇ ਲੋਕ ਆਪਣੀ ਅਤੇ ਆਪਣੇ ਪਰਵਾਰ ਦੀ ਜ਼ਿੰਦਗੀ ਨੂੰ ਕਿਸੇ ਆਫ਼ਤ ਤੋਂ ਸਲਾਮਤ ਰੱਖਣ ਲਈ ਪੁਜਾਰੀਆਂ ਵੱਲੋਂ ਉਪਰੋਕਤ ਉਪਾਵਾਂ ਨੂੰ ਨਿਯਮਤ ਮਰਿਆਦਾਵਾਂ ਅਧੀਨ ਆਪਣੀ ਕਮਾਈ ਦਾ ਵੱਡਾ ਹਿੱਸਾ ਭੇਟ ਕਰਨ ਤੋਂ ਵੀ ਸੰਕੋਚ ਨਹੀਂ ਕਰਦੇ । ਕੀ ਅਜਿਹਾ ਕੁਝ ਕਰਨਾ ਧਰਮ ਅਖਵਾਏਗਾ ਜਾਂ ਸੁਆਰਥ? ਇਸ ਵਖਰੇਵੇਂ ਨੂੰ ਸਮਝਣਾ ਬੇਹੱਦ ਜ਼ਰੂਰੀ ਹੈ ।ਕੀ ਅਜਿਹਾ ਕੁਝ ਕਰਨ ਨਾਲ ਕਿਸੇ ਦੀ ਜ਼ਿੰਦਗੀ ਸੁਧਰ ਜਾਣ ਜਾਂ ਕਿਸੇ ਸਮੱਸਿਆ ਦੇ ਹੱਲ ਹੋ ਜਾਣ ਦੀ ਕੋਈ ਗਰੰਟੀ ਹੈ? ਗੰਭੀਰਤਾ ਨਾਲ ਵਿਚਾਰਿਆਂ ਸਪੱਸ਼ਟ ਹੋ ਜਾਂਦਾ ਹੈ ਕਿ ਹਰ ਸਮੱਸਿਆ ਮਨੁੱਖ ਦੇ ਨਿੱਜੀ ਯਤਨਾਂ ਜਾਂ ਮਿਹਨਤ ਕਰਨ ਨਾਲ ਹੀ ਹੱਲ ਹੁੰਦੀ ਹੈ, ਕਿਸੇ ਧਰਮ ਅਨੁਸਾਰ ਕੀਤੇ ਪੂਜਾ-ਪਾਠ ਜਾਂ ਮੰਨਤ ਮੰਨਣ ਰਾਹੀਂ ਦਿੱਤੇ ਚੜ੍ਹਾਵਿਆਂ ਕਾਰਨ ਨਹੀਂ। ਇਹਨਾਂ ਚੜ੍ਹਾਵਿਆਂ ਤੇ ਮਾਨਤਾਵਾਂ ਨੇ ਲੋਕਾਂ ਦੇ ਜੀਵਨ ਸੁਧਾਰਨ ਲਈ ਕੋਈ ਪ੍ਰਾਪਤੀ ਨਹੀਂ ਕੀਤੀ, ਸਗੋਂ ਪੁਜਾਰੀ ਵਰਗ ਨੂੰ ਹੀ ਮਾਲਾ-ਮਾਲ ਕੀਤਾ ਹੈ ।

ਭਾਵੇਂ ਹਰ ਧਰਮ ਵਿੱਚ ਕਾਮ, ਕਰੋਧ, ਲੋਭ, ਮੋਹ, ਹੰਕਾਰ ਸਮੇਤ ਚੋਰੀ ਕਰਨਾ, ਠੱਗੀ ਮਾਰਨਾ, ਜ਼ੁਲਮ ਕਰਨਾ, ਝੂਠ ਬੋਲਣਾ, ਬੇਈਮਾਨੀ ਕਰਨਾ , ਔਰਤ ਦਾ ਅਪਮਾਨ ਆਦਿ ਸਭ ਦੀ ਮਨਾਹੀ ਹੈ, ਪਰ ਕੀ ਧਰਮਾਂ ਨੂੰ ਮੰਨਣ ਵਾਲੇ ਇਹਨਾਂ ਨੂੰ ਆਪਣੀ ਜ਼ਿੰਦਗੀ ਵਿੱਚ ਅਪਨਾਉਂਦੇ ਹਨ? ਜੇ ਨਹੀਂ ਅਪਨਾਉਂਦੇ ਤਾਂ ਕੀ ਜਿਸ ਅਗੰਮੀ ਸ਼ਕਤੀ ਦੀ ਇਹ ਮਾਨਤਾ ਕਰਦੇ ਹਨ, ਉਸ ਵੱਲੋਂ ਕੋਈ ਸਜ਼ਾ ਦਿੱਤੀ ਜਾਂਦੀ ਹੈ ? ਜੇ ਨਹੀਂ ਦਿੱਤੀ ਜਾਂਦੀ ਤਾਂ ਕੀ ਜੋ ਗਲਤ ਹੋ ਰਿਹਾ, ਉਸ ਸ਼ਕਤੀ ਨੂੰ ਪ੍ਰਵਾਨ ਹੈ ? ਧਾਰਮਿਕ ਸੰਸਥਾਵਾਂ ਦੇ ਨਾਂਅ ਹੇਠ ਸਥਾਪਤ ਕਿੰਨੇ ਹੀ ਅਦਾਰਿਆਂ ਦੇ ਮੁਖੀ ਅਤੇ ਧਰਮ ਗੁਰੂ ਅਖਵਾਉਣ ਵਾਲੇ ਆਪਣੇ ਕੁਕਰਮਾਂ ਦੀ ਸਜ਼ਾ ਕਾਰਨ ਜੇਲ੍ਹਾਂ 'ਚ ਬੰਦ ਹਨ, ਜਿਹਨਾਂ ਨੇ ਲੋਕਾਂ ਨਾਲ ਬਦਫੈਲੀਆਂ ਕੀਤੀਆਂ, ਪਰ ਕੋਈ ਵੀ ਅਜਿਹੀ ਸ਼ਕਤੀ ਉਹਨਾਂ ਦੀ ਮਦਦ ਕਰਨ ਨਹੀਂ ਪਹੁੰਚੀ, ਜਿਸ ਨੂੰ ਮੰਨਣ ਲਈ ਉਹ ਲੋਕਾਂ ਨੂੰ ਉਪਦੇਸ਼ ਦਿੰਦੇ ਸਨ । ਜੇਕਰ ਜ਼ਿੰਦਗੀ ਵਿੱਚ ਅਜਿਹੇ ਧਰਮ-ਕਰਮ ਨਾਲ ਕੁਝ ਹੱਲ ਹੀ ਨਹੀਂ ਹੋਣਾ ਤਾਂ ਇਹਨਾਂ ਲਈ ਸਮਾਂ ਤੇ ਪੈਸਾ ਬਰਬਾਦ ਕਰਨਾ ਕਿਵੇਂ ਠੀਕ ਹੈ ?

ਦੂਜਾ ਹੈ ਵਿਗਿਆਨਿਕ ਨਜ਼ਰੀਆ ਜਿਸ ਅਨੁਸਾਰ ਨਾ ਕਿਸੇ ਅਗੰਮੀ ਸ਼ਕਤੀ ਅਤੇ ਨਾ ਹੀ ਕਿਸਮਤ ਆਦਿ ਵਿੱਚ ਕੋਈ ਵਿਸ਼ਵਾਸ ਕੀਤਾ ਜਾਂਦਾ ਹੈ, ਕਿਉਂਕਿ ਮਨੁੱਖੀ ਇਤਿਹਾਸ ਦੱਸਦਾ ਹੈ ਕਿ ਮੁਢਲੇ ਦੌਰ ਵਿੱਚ ਮਨੁੱਖ ਝੁੰਡਾਂ ਵਿੱਚ ਇਕੱਠੇ ਜੰਗਲਾਂ 'ਚ ਰਹਿੰਦੇ ਸਨ ਅਤੇ ਆਪਣੀ ਉਪਜੀਵਕਾ ਲਈ ਸ਼ਿਕਾਰ ਕਰਦਿਆਂ ਇਕੱਠੇ ਵਿਚਰਦੇ ਸਨ । ਖਾਣ ਵੇਲੇ ਪਹਿਲ ਬੱਚਿਆਂ, ਬੁੱਢਿਆਂ ਅਤੇ ਔਰਤਾਂ ਨੂੰ ਦੇ ਕੇ ਨੈਤਿਕ ਫਰਜ਼ ਨਿਭਾਉਂਦੇ । ਓਦੋਂ ਉਹਨਾਂ ਦਾ ਨੈਤਿਕਤਾ ਤੋਂ ਬਿਨਾ ਕੋਈ ਵੀ ਧਰਮ ਨਹੀਂ ਸੀ ਅਤੇ ਨਾ ਹੀ ਇੱਕ-ਦੂਜੇ ਪ੍ਰਤੀ ਕੋਈ ਵੈਰ-ਵਿਰੋਧ ਸੀ, ਸਿਰਫ ਸਾਂਝੇ ਕਾਜ ਦੀ ਕਾਮਯਾਬੀ ਲਈ ਬਣਾਏ ਨੈਤਿਕ ਨਿਯਮ ਹੀ ਉਹਨਾਂ ਦਾ ਧਰਮ ਸੀ । ਮੌਜੂਦਾ ਧਰਮਾਂ ਦੀ ਸਥਾਪਤੀ ਨੇ ਉਸ ਦੀ ਇਕੱਠੇ ਰਹਿਣ ਦੀ ਪ੍ਰਵਿਰਤੀ ਨੂੰ ਖਤਮ ਕਰਕੇ ਸਾਂਝੇ ਯਤਨਾਂ ਨੂੰ ਖੋਰਾ ਲਾ ਕੇ ਇੱਕ-ਦੂਜੇ ਦੇ ਵਿਰੁੱਧ ਖੜਾ ਕੀਤਾ ਹੈ । ਵਿਗਿਆਨ ਅਨੁਸਾਰ ਮਨੁੱਖ ਦੀ ਉਤਪਤੀ ਅਤੇ ਵਿਕਾਸ ਦੌਰਾਨ ਅੱਗ, ਹੜ੍ਹ, ਹਨੇਰੀਆਂ, ਭੁਚਾਲ ਆਦਿ ਬਹੁਤ ਤਰ੍ਹਾਂ ਦੀਆਂ ਕੁਦਰਤੀ ਘਟਨਾਵਾਂ ਦੇ ਵਾਪਰਨ ਕਾਰਨ ਉਸ ਦੇ ਹੋ ਰਹੇ ਨੁਕਸਾਨਾਂ ਦੇ ਡਰ ਅਤੇ ਅਗਿਆਨਤਾ ਵਿੱਚੋਂ ਵੱਖ-ਵੱਖ ਦੇਵਤਿਆਂ ਅਤੇ ਅਗੰਮੀ ਸ਼ਕਤੀ ਦੀ ਹੋਂਦ ਸਥਾਪਤ ਹੋਈ । ਆਪਣੇ ਨੁਕਸਾਨ ਨਾ ਹੋਣ ਦੇ ਡਰ ਵਿੱਚੋਂ ਇਹਨਾਂ ਕਾਲਪਨਿਕ ਸ਼ਕਤੀਆਂ ਦੀ ਪੂਜਾ ਅਤੇ ਪ੍ਰਾਰਥਨਾਵਾਂ ਦੀ ਹੋਂਦ ਨੇ ਜਨਮ ਲਿਆ ।ਵਿਗਿਆਨ ਨੇ ਕਿਸਮਤ ਆਦਿ ਦੀ ਮਾਨਤਾ ਨੂੰ ਵੀ ਝੂਠਾ ਸਿੱਧ ਕਰਦਿਆਂ ਸਪੱਸ਼ਟ ਕੀਤਾ ਕਿ ਮਨੁੱਖ ਆਪਣੀ ਕਿਸਮਤ ਆਪ ਬਣਾਉਂਦਾ ਹੈ , ਜਿਸ ਲਈ ਮਿਹਨਤ ਕਰਨੀ ਅਤੇ ਮਨੁੱਖ ਪੱਖੀ ਰਾਜ ਪ੍ਰਬੰਧ ਬਣਨਾ ਜ਼ਰੂਰੀ ਹੈ । ਇਸ ਅਨੁਸਾਰ ਕਿਸੇ ਕਿਸਮ ਦੇ ਧਾਰਮਿਕ ਜਾਂ ਇਸ ਨਾਲ ਸੰਬੰਧਤ ਕੋਈ ਵੀ ਚਾਰਾਜ਼ੋਈ ਕਰਨ ਦੀ ਬਜਾਏ ਧਰਮਾਂ ਦੇ ਵਖਰੇਵੇਂ ਛੱਡ ਆਪਣੀ ਜ਼ਿੰਦਗੀ ਨੂੰ ਵਿਗਿਆਨਕ ਲੀਹਾਂ 'ਤੇ ਤੋਰਦਿਆਂ ਇੱਕ-ਜੁੱਟ ਯਤਨਾਂ ਦੀ ਲੋੜ ਹੈ ।ਅਸਲ ਵਿੱਚ ਹਰ ਇੱਕ ਮਨੁੱਖ ਵੱਲੋਂ ਸਮਾਜਿਕ ਜਾਂ ਵਿਅਕਤੀਗਤ ਭਲਾਈ ਲਈ ਬਿਨਾਂ ਕਿਸੇ ਨਿੱਜੀ ਲੋਭ, ਲਾਲਚ ਅਤੇ ਬਿਨਾਂ ਕਿਸੇ ਨੂੰ ਨੁਕਸਾਨ ਪਹੁੰਚਾਏ ਤੋਂ ਕੀਤੇ ਜਾਂਦੇ ਕੰਮ ਜਾਂ ਨਿਭਾਇਆ ਜਾਂਦਾ ਫਰਜ਼ ਹੀ ਮਨੁੱਖੀ ਧਰਮ ਅਖਵਾਉਂਦਾ ਹੈ। ਜ਼ਰੂਰੀ ਨਹੀਂ ਕਿ ਇਹ ਨਿਭਾਉਣ ਲਈ ਧਾਰਮਿਕ ਹੋਇਆ ਜਾਵੇ ।ਇਹਨਾਂ ਫਰਜ਼ਾਂ ਦਾ ਸੰਬੰਧ ਕਿਸੇ ਵਿਸ਼ੇਸ਼ ਧਰਮ / ਮਜ਼ਬ/ ਫਿਰਕੇ ਦੀ ਬਜਾਏ ਇਨਸਾਨੀਅਤ ਨਾਲ ਹੈ । ਵੱਖ-ਵੱਖ ਧਰਮਾਂ ਦੀ ਉਤਪਤੀ ਤੋਂ ਪਹਿਲਾਂ ਵੀ ਇਹ ਇਨਸਾਨੀ ਫਰਜ਼ ਬਰਕਰਾਰ ਸਨ, ਜਿਸ ਕਰਕੇ ਇਹਨਾਂ ਨੂੰ ਕਿਸੇ ਵਿਸ਼ੇਸ਼ ਧਾਰਮਿਕਤਾ ਦੀ ਵਲਗਣ ਵਿੱਚ ਰੱਖਣ ਤੋਂ ਬਿਨਾਂ ਵੀ ਅਪਣਾਇਆ ਜਾ ਸਕਦਾ ਹੈ।

ਕੋਈ ਵੀ ਮਨੁੱਖ ਜਿਸ ਪਰਵਾਰ ਵਿੱਚ ਪੈਦਾ ਹੁੰਦਾ ਹੈ, ਉਸ ਪਰਵਾਰ ਵੱਲੋਂ ਜੀਵੀ ਜਾ ਰਹੀ ਧਾਰਮਿਕ ਜ਼ਿੰਦਗੀ ਨੂੰ ਹੀ ਆਪਣੇ ਧਰਮ ਵਜੋਂ ਅਪਨਾ ਲੈਂਦਾ ਹੈ । ਆਪਣੇ ਪਰਵਾਰ ਦੀਆਂ ਰੀਤਾਂ ਅਨੁਸਾਰ ਹੀ ਧਾਰਮਿਕ ਪੂਜਾ-ਪਾਠ ਨੂੰ ਬਿਨਾਂ ਕਿਸੇ ਸੋਚ-ਵਿਚਾਰ ਕੀਤਿਆਂ ਨਿਭਾਉਣਾ ਸਵੀਕਾਰ ਕਰ ਲੈਂਦਾ ਹੈ । ਜਿਸ ਕਰਕੇ ਉਸ ਦਾ ਦਿਮਾਗ ਧਾਰਮਿਕ ਸੀਮਤਾਈ ਤੱਕ ਹੀ ਵਿਕਸਤ ਹੁੰਦਾ ਹੈ, ਜੋ ਉਸ ਦੀ ਖੋਜੀ ਪ੍ਰਵਿਰਤੀ ਬਣਨ ਵਿੱਚ ਰੁਕਾਵਟ ਬਣਦੀ ਹੈ।ਭਾਵੇਂ ਉਹ ਆਪਣੀ ਜ਼ਿੰਦਗੀ ਵਿੱਚ ਵਿਗਿਆਨ ਦੀਆਂ ਪ੍ਰਾਪਤੀਆਂ ਰਾਹੀਂ ਮਿਲ ਰਹੀਆਂ ਸੁੱਖ-ਸਹੂਲਤਾਂ ਤਾਂ ਹਰ ਪਲ ਮਾਣਦਾ ਹੈ, ਪਰ ਆਪਣੇ ਵਿਚਾਰਾਂ ਨੂੰ ਵਿਗਿਆਨਿਕ ਬਣਾਉਣ ਦੀ ਥਾਂ ਸਾਰੀ ਜ਼ਿੰਦਗੀ ਧਾਰਮਿਕ ਵਿਚਾਰਾਂ ਨੂੰ ਹੀ ਪਹਿਲ ਦਿੰਦਾ ਰਹਿੰਦਾ ਹੈ ।

ਜਿਵੇਂ ਕਿ ਇਹ ਸਿੱਧ ਹੁੰਦਾ ਹੈ ਕਿ ਧਰਮਾਂ ਦੀ ਉਤਪਤੀ ਤੋਂ ਪਹਿਲਾਂ ਵੀ ਮਨੁੱਖੀ ਜੀਵਨ ਵਿੱਚ ਇੱਕ-ਦੂਜੇ ਪ੍ਰਤੀ ਇਨਸਾਨੀ , ਨਿਰਸੁਆਰਥ ਅਤੇ ਨੈਤਿਕ ਕਦਰਾਂ-ਕੀਮਤਾਂ ਸਥਾਪਤ ਸਨ, ਜਿਹਨਾਂ ਦੀ ਮਹੱਤਤਾ ਅੱਜ ਤੱਕ ਸਾਡੇ ਸਮਾਜ ਵਿੱਚ ਬਰਕਰਾਰ ਹੈ ।ਅਸਲ ਵਿੱਚ ਕੋਈ ਵੀ ਧਰਮ ਇਹਨਾਂ ਇਨਸਾਨੀ ਕਦਰਾਂ-ਕੀਮਤਾਂ ਤੋਂ ਬਿਨਾਂ ਬੇਮਾਅਨੇ ਹੈ । ਭਾਵੇਂ ਹਰ ਧਰਮ ਵਿੱਚ ਇਹਨਾਂ ਕਦਰਾਂ-ਕੀਮਤਾਂ ਨੂੰ ਉਚਿਆਇਆ ਤਾਂ ਜਾਂਦਾ ਹੈ, ਪਰ ਇਹਨਾਂ ਨੂੰ ਜ਼ਿੰਦਗੀ ਵਿੱਚ ਅਪਨਾਉਣ ਦੀ ਬਜਾਏ ਧਰਮਾਂ ਦੇ ਗਲ਼ਬੇ ਹੇਠ ਸਿਰਫ ਪਾਠ-ਪੂਜਾ, ਦਾਨ-ਪੁੰਨ, ਪ੍ਰਾਰਥਨਾਵਾਂ/ ਅਰਦਾਸਾਂ ਆਦਿ ਵਰਗੇ ਉਪਰੋਕਤ ਕਰਮਾਂ ਕਾਂਡਾਂ ਨੂੰ ਹੀ ਧਰਮ ਸਮਝਿਆ ਜਾ ਰਿਹਾ ਹੈ, ਜਿਸ ਦੀ ਆਮ ਮਨੁੱਖ ਦੀ ਜ਼ਿੰਦਗੀ ਸੁਧਾਰਨ ਵਿੱਚ ਕੋਈ ਭੂਮਿਕਾ ਨਹੀਂ ਰਹੀ । ਸੋ ਵਿਗਿਆਨ ਦੀਆਂ ਪ੍ਰਾਪਤੀਆਂ ਨੂੰ ਲਾਲਚ ਵਸ ਹੋ ਕੇ, ਬੇ-ਥਾਹ ਪੈਸਾ ਕਮਾਉਣ ਵਾਲਿਆਂ ਵਿਰੁੱਧ ਆਵਾਜ਼ ਉਠਾ ਕੇ ਮਨੁੱਖਤਾ ਦੀ ਭਲਾਈ ਲਈ ਵਰਤਣ ਨੂੰ ਪਹਿਲ ਦੇ ਅਧਾਰ 'ਤੇ ਧਰਮ/ਫਰਜ਼ ਸਮਝਦਿਆਂ ਵਿਗਿਆਨਿਕ ਨਜ਼ਰੀਏ ਰਾਹੀਂ ਜ਼ਿੰਦਗੀ ਨੂੰ ਹੋਰ ਵੀ ਰੁਸ਼ਨਾਇਆ ਜਾ ਸਕਦਾ ਹੈ, ਜਿਸ ਸੰਬੰਧੀ ਸਾਂਝੇ ਜਥੇਬੰਦਕ ਯਤਨਾਂ ਦੀ ਲੋੜ ਹੈ ।

# ਸੰਪਰਕ : 98151-69825

# ਆਊਟਡੋਰ ਖੇਡਾਂ ਦੀ ਮਹੱਤਤਾ

**ਮਨਦੀਪ ਸਿੰਘ ਭਗਤਾ**

ਅੱਜ-ਕੱਲ੍ਹ ਬੱਚਿਆਂ ਵਿੱਚ ਘਰ ਤੋਂ ਬਾਹਰ ਜਾ ਕੇ ਨਾ ਖੇਡਣ ਦੀ ਗੰਭੀਰ ਸਮੱਸਿਆ ਬਣਦੀ ਜਾ ਰਹੀ ਹੈ, ਜਿਸ ਦੇ ਕਈ ਨਕਾਰਾਤਮਕ ਸਿੱਟੇ ਨਿਕਲ ਰਹੇ ਹਨ।ਬੱਚਿਆਂ ਦਾ ਘਰ ਤੋਂ ਬਾਹਰ ਖੇਡ ਮੈਦਾਨ ਵਿੱਚ ਖੇਡਣਾ ਸਰੀਰਕ ਵਿਕਾਸ, ਮਾਨਸਿਕ ਸਿਹਤ ਅਤੇ ਸਮਾਜਿਕ ਕਦਰਾਂ-ਕੀਮਤਾਂ ਇੱਥੋਂ ਤੱਕ ਕਿ ਪੜ੍ਹਾਈ ਲਈ ਬਹੁਤ ਜ਼ਰੂਰੀ ਹੈ।

ਪਰ ਅੱਜ-ਕੱਲ੍ਹ ਬੱਚੇ ਅਤੇ ਮਾਪੇ ਆਊਟਡੋਰ ਖੇਡਾਂ ਦੀ ਮਹੱਤਤਾ ਨੂੰ ਨਹੀਂ ਸਮਝ ਰਹੇ । ਆਊਟਡੋਰ ਖੇਡਾਂ ਖੇਡਣ ਦੀ ਕਮੀ ਦਾ ਇੱਕ ਵੱਡਾ ਕਾਰਨ ਅੱਜਕੱਲ੍ਹ ਬੱਚੇ ਮੋਬਾਈਲ ਫੋਨ, ਕੰਪਿਊਟਰ ਅਤੇ ਟੈਲੀਵਿਜ਼ਨ ਆਦਿ 'ਤੇ ਜ਼ਿਆਦਾ ਸਮਾਂ ਬਿਤਾਉਂਦੇ ਹਨ, ਜਿਸ ਕਾਰਨ ਬਾਹਰ ਜਾ ਕੇ ਖੇਡਣ ਦਾ ਸਮਾਂ ਘਟ ਗਿਆ ਹੈ।ਮਾਪੇ ਵੀ ਕਈ ਵਾਰ ਬੱਚਿਆਂ ਨੂੰ ਬਾਹਰ ਖੇਡਣ ਲਈ ਭੇਜਣ 'ਤੇ ਸੁਰੱਖਿਅਤ ਮਹਿਸੂਸ ਨਹੀਂ ਕਰਦੇ ।ਸ਼ਹਿਰਾਂ ਵਿੱਚ ਖਾਸ ਕਰਕੇ ਟ੍ਰੈਫਿਕ ਸਮੱਸਿਆ ਅਤੇ ਅਪਰਾਧਿਕ ਘਟਨਾਵਾਂ ਕਾਰਨ ਵੀ ਮਾਪੇ ਆਪਣੇ ਆਪ ਨੂੰ ਬੇਵੱਸ ਮਹਿਸੂਸ ਕਰਦੇ ਹਨ।ਕਈ ਇਲਾਕਿਆਂ ਵਿੱਚ ਖੇਡਣ ਵਾਲੇ ਬੱਚੇ ਤਾਂ ਹਨ, ਪਰ ਉੱਥੇ ਗਰਾਊਂਡ ਦੀ ਬਹੁਤ ਵੱਡੀ ਘਾਟ ਹੈ । ਇਹੋ ਜਿਹੀਆਂ ਥਾਵਾਂ 'ਤੇ ਬੱਚਿਆਂ ਨੂੰ ਖੇਡਣਾ ਹੀ ਮੁਸ਼ਕਲ ਹੋ ਜਾਂਦਾ ਹੈ । ਅੱਜਕੱਲ੍ਹ ਪੜ੍ਹਾਈ ਦਾ ਵੀ ਬੱਚਿਆਂ 'ਤੇ ਬਹੁਤ ਦਬਾਅ ਰਹਿੰਦਾ ਹੈ।ਬੱਚਿਆਂ ਕੋਲ ਖੇਡਣ ਲਈ ਸਮਾਂ ਹੀ ਨਹੀਂ ਬਚਦਾ । ਕੁੜੀਆਂ ਦਾ ਬਾਹਰ ਜਾ ਕੇ ਖੇਡਣ ਸੰਬੰਧੀ ਮਾਪਿਆਂ 'ਤੇ ਸਮਾਜਿਕ ਦਬਾਅ ਬਣਿਆ ਰਹਿੰਦਾ ਹੈ। ਆਊਟਡੋਰ ਖੇਡਾਂ ਨਾ ਖੇਡਣ ਕਾਰਨ ਬੱਚਿਆਂ ਵਿੱਚ ਮੋਟਾਪਾ, ਦਿਲ ਦੇ ਰੋਗ, ਅੱਖਾਂ ਦੀਆਂ ਬਿਮਾਰੀਆਂ, ਸਰੀਰਕ ਕਮਜ਼ੋਰੀ ਆਦਿ ਹੋਰ ਕਈ ਤਰ੍ਹਾਂ ਦੀਆਂ ਸਮੱਸਿਆਵਾਂ ਪੈਦਾ ਹੋ ਜਾਂਦੀਆਂ ਹਨ। ਬੱਚਿਆਂ ਵਿੱਚ ਚਿੜਚਿੜਾਪਨ ਰਹਿੰਦਾ ਹੈ ਅਤੇ ਇਕਾਗਰਤਾ ਦੀ ਕਮੀ ਰਹਿੰਦੀ ਹੈ।ਮਾਨਸਿਕ ਸਿਹਤ ਵੀ ਠੀਕ ਨਹੀਂ ਰਹਿੰਦੀ । ਸਾਰਿਆਂ ਨਾਲੋਂ ਵੱਡੀ ਸਮੱਸਿਆ ਬਾਹਰ ਨਾ ਖੇਡਣ ਵਾਲੇ ਬੱਚਿਆਂ ਵਿੱਚ ਇੱਕ-ਦੂਜੇ ਨਾਲ ਗੱਲਬਾਤ ਦਾ ਸਲੀਕਾ ,ਟੀਮ ਵਰਕ ਅਤੇ ਸਮਾਜਿਕ ਨਿਯਮਾਂ ਸੰਬੰਧੀ ਵਿਕਾਸ ਨਹੀਂ ਹੁੰਦਾ ।



ਇਸ ਲਈ ਮਾਤਾ-ਪਿਤਾ ਨੂੰ ਚਾਹੀਦਾ ਹੈ ਕਿ ਬੱਚਿਆਂ ਨੂੰ ਬਾਹਰ ਖੇਡਣ ਲਈ ਉਤਸ਼ਾਹਤ ਕਰਨ ਅਤੇ ਉਨ੍ਹਾਂ ਨੂੰ ਸੁਰੱਖਿਅਤ ਮਾਹੌਲ ਬਣਾ ਕੇ ਦੇਣ। ਸਰਕਾਰ ਨੂੰ ਵੀ ਚਾਹੀਦਾ ਹੈ ਕਿ ਆਬਾਦੀ ਦੇ ਨੇੜੇ ਬੱਚਿਆਂ ਦੇ ਖੇਡਣ ਲਈ ਸੁਰੱਖਿਅਤ ਖੇਡ ਮੈਦਾਨ ਬਣਾ ਕੇ ਦਿੱਤੇ ਜਾਣ ਅਤੇ ਖੇਡਾਂ ਦਾ ਸਮਾਨ ਦਿੱਤਾ ਜਾਵੇ, ਤਾਂ ਜੋ ਬੱਚੇ ਆਪਣੀ ਰੁਚੀ ਮੁਤਾਬਕ ਖੇਡਾਂ ਖੇਡ ਸਕਣ। ਸਕੂਲਾਂ-ਕਾਲਜਾਂ ਵਿੱਚ ਸਿੱਖਿਆ ਦਾ ਬੋਝ ਘਟਾ ਕੇ ਖੇਡਾਂ ਲਈ ਸਮਾਂ ਵਧਾਇਆ ਜਾਵੇ। ਵੱਧ ਤੋਂ ਵੱਧ ਖੇਡ ਮੇਲੇ ਆਯੋਜਿਤ ਕਰਵਾਏ ਜਾਣ। ਖੇਡਾਂ ਹੀ ਬੱਚਿਆਂ ਨੂੰ ਤੰਦਰੁਸਤੀ ਅਤੇ ਖੁਸ਼ੀ ਨਾਲ ਜੀਵਨ ਜਿਊਣ ਲਈ ਤਿਆਰ ਕਰਦੀਆਂ ਹਨ। ਇਸ ਲਈ ਮਾਤਾ-ਪਿਤਾ, ਅਧਿਆਪਕ ਅਤੇ ਸਮਾਜ ਨੂੰ ਰਲ-ਮਿਲ ਕੇ ਬੱਚਿਆਂ ਨੂੰ ਬਾਹਰ ਖੇਡਣ ਲਈ ਉਤਸ਼ਾਹਤ ਕਰਨਾ ਚਾਹੀਦਾ ਹੈ, ਤਾਂ ਜੋ ਉਹ ਨਿਰੋਗ, ਖੁਸ਼ ਅਤੇ ਸਫ਼ਲ ਜੀਵਨ ਜੀ ਸਕਣ।

# ਭਾਜਪਾ ਦਾ ਫਾਸ਼ਿਜ਼ਮ ਹਿੰਦੁਸਤਾਨ 'ਚ ਵਧ ਰਿਹਾ

**ਪਿਰਥੀਪਾਲ ਸਿੰਘ ਮਾੜੀਮੇਘਾ**

ਸਰਮਾਏਦਾਰੀ ਦੀ ਕਮਜ਼ੋਰੀ ਨੇ ਫਾਸ਼ਿਜ਼ਮ ਨੂੰ ਰਾਹ ਦਿੱਤਾ ਸੀ ਤੇ ਹੈ। ਇਤਿਹਾਸ 'ਚ ਫਾਸ਼ਿਜ਼ਮ ਦੀ ਕਿਸਮ ਸਭ ਤੋਂ ਵੱਧ ਪਿਛਾਖੜੀ ਹੈ । ਫਾਸ਼ਿਜ਼ਮ ਨੇ ਆਪਣੇ ਆਪ ਨੂੰ ਸਮਾਜਵਾਦ ਦੱਸ ਕੇ ਸਮਾਜਵਾਦ ਨੂੰ ਬਦਨਾਮ ਕਰਨ ਦਾ ਇੱਕ ਅਨੋਖਾ ਢੰਗ ਵਰਤਿਆ ਹੈ । ਹਕੀਕਤ ਵਿੱਚ ਫਾਸ਼ਿਜ਼ਮ ਦੀ ਸਮਾਜਵਾਦ ਨਾਲ ਕੋਈ ਸਾਂਝ ਨਹੀਂ । ਸਮਾਜਵਾਦ ਉਸ ਨੂੰ ਕਿਹਾ ਜਾਂਦਾ ਹੈ, ਜਿਸ ਅਧੀਨ ਹਰੇਕ ਵਿਅਕਤੀ ਨੂੰ ਖੁਰਾਕ, ਘਰ, ਸਿਹਤ, ਵਿਦਿਆ ਅਤੇ ਜੀਵਨ ਨੂੰ ਖੁਸ਼ਹਾਲ ਬਣਾਉਣ ਵਾਲੀਆਂ ਸਹੂਲਤਾਂ ਮਿਲਦੀਆਂ ਹਨ ।

ਇਤਾਲਵੀ (ਇਟਲੀ) ਭਾਸ਼ਾ ਫਾਸ਼ੋ ਤੋਂ ਫਾਸ਼ੀ ਬਣਿਆ । ਫਾਸ਼ੀ ਦਾ ਅਰਥ ਹੈ ਕੁਹਾੜੇ ਨਾਲ ਬੰਨ੍ਹਿਆ ਡੰਡਿਆਂ ਦਾ ਬੰਡਲ । ਇਸ ਦਾ ਭਾਵ ਹੈ ਡਾਂਗਾਂ ਦਾ ਬੰਡਲ ਜਾਂ ਥੱਬਾ। ਹੁਣ ਸਵਾਲ ਇਹ ਹੈ ਕਿ ਭਾਜਪਾ ਆਰ ਐੱਸ ਐੱਸ ਦੀ ਵਿਚਾਰਧਾਰਾ ਨਾਲ ਓਤਪੋਤ ਹੈ। ਹਿੰਦੁਸਤਾਨ ਦੀਆਂ ਅਗਾਂਹਵਧੂ ਤੇ ਜਮਹੂਰੀਅਤ ਪੱਖੀ ਧਿਰਾਂ ਆਰ ਐੱਸ ਐੱਸ ਦੀ ਵਿਚਾਰਧਾਰਾ ਨੂੰ ਫਾਸ਼ੀਵਾਦੀ ਵਿਚਾਰਧਾਰਾ ਮੰਨਦੀਆਂ ਹਨ। ਜਦੋਂ ਸਿੱਧ ਹੋ ਚੁੱਕਾ ਹੈ ਕਿ ਫਾਸ਼ੀ ਡਾਂਗਾਂ ਦਾ ਬੰਡਲ ਹੈ, ਇਹ ਬੰਡਲ ਹਿੰਦ ਵਿੱਚ ਕੋਈ ਵੀ ਇਕੱਲੀ ਰਾਜਨੀਤਕ ਧਿਰ ਤੋੜ ਨਹੀਂ ਸਕਦੀ। ਇਸ ਸੋਚ ਨੂੰ ਲੈ ਕੇ ਹੀ ਇੰਡੀਆ ਬਣਿਆ ਹੈ ।

ਫਾਸ਼ਿਜ਼ਮ ਸਰਮਾਏਦਾਰੀ ਦੀਆਂ ਕਮਜ਼ੋਰੀਆਂ ਕਰਕੇ ਜਰਮਨ ਵਿੱਚ ਹਿਟਲਰ ਅਤੇ ਇਟਲੀ ਵਿੱਚ ਮੁਸੋਲਿਨੀ ਨੇ ਲਿਆਂਦਾ ਸੀ। ਜਰਮਨ ਵਿੱਚ ਸਰਮਾਏਦਾਰੀ ਨੇ ਜਮਹੂਰੀਅਤ ਦਾ ਕਤਲ ਕੀਤਾ ਸੀ।ਜਿਹੜਾ ਵੀ ਕਿਸਾਨ ਸਰਕਾਰ ਵਿਰੁੱਧ ਆਵਾਜ਼ ਉਠਾਉਂਦਾ ਸੀ, ਜੇਲ੍ਹ ਦੀਆਂ ਸੀਖਾਂ ਪਿੱਛੇ ਡੱਕ ਦਿੱਤਾ ਜਾਂਦਾ ਸੀ । ਪੋਲੈਂਡ ਦਾ ਅਖ਼ਬਾਰ 'ਜਾਸ਼' ਸਰਮਾਏਦਾਰੀ ਪ੍ਰਬੰਧ ਬਾਰੇ ਲਿਖਦਾ ਹੈ- ਪੋਲੈਂਡ ਦਾ ਕਿਸਾਨ ਅਜਿਹੇ ਢੰਗ ਅਤੇ ਸਾਧਨ ਵਰਤਦਾ ਹੈ, ਜਿਹੜੇ ਸ਼ਾਇਦ ਮੱਧ ਕਾਲ ਵਿੱਚ ਹੀ ਵਰਤੇ ਜਾਂਦੇ ਸੀ, ਉਹ ਆਪਣੇ ਚੁੱਲ੍ਹੇ ਵਿੱਚ ਅੱਗ ਬਾਲਦਾ ਹੈ ਅਤੇ ਇਹ ਆਪਣੇ ਗੁਆਂਢੀ ਨੂੰ ਉਧਾਰੀ ਦਿੰਦਾ ਹੈ; ਉਹ ਦੀਆ-ਸਿਲਾਈਆਂ ਨੂੰ ਕਈ ਹਿੱਸਿਆਂ ਵਿੱਚ ਪਾੜ ਕੇ ਰੱਖਦਾ ਹੈ; ਉਹ ਸਾਬਣ ਦਾ ਗੰਦਾ ਪਾਣੀ ਦੂਜਿਆਂ ਨੂੰ ਉਧਾਰ ਦਿੰਦਾ ਹੈ; ਉਹ ਲੂਣਾ ਪਾਣੀ ਪ੍ਰਾਪਤ ਕਰਨ ਲਈ ਹੈਰਿੰਗ ਮੱਛੀਆਂ ਦੇ ਢੋਲ ਪਾਣੀ ਵਿੱਚ ਉਬਾਲਦਾ ਹੈ। ਇਹ ਕੋਈ ਮਨਘੜਤ ਕਹਾਣੀ ਨਹੀਂ, ਸਗੋਂ ਪੇਂਡੂ ਇਲਾਕਿਆਂ ਦੀ ਵਾਸਤਵਿਕ ਦਿਸ਼ਾ ਦਾ ਚਿਤਰਣ ਹੈ, ਉਸ ਸੱਚ ਦਾ ਚਿਤਰਣ, ਜਿਸ ਦੀ ਕੋਈ ਵੀ ਜਾ ਕੇ ਤਸਦੀਕ ਕਰ ਸਕਦਾ ਹੈ। ਇਹ ਅਖਬਾਰ ਪੋਲੈਂਡ ਦਾ ਇੱਕ ਪਿਛਾਖੜੀ ਅਖ਼ਬਾਰ ਹੈ।

ਫਾਸ਼ਿਜ਼ਮ ਨੇ ਮਜ਼ਦੂਰਾਂ ਨੂੰ ਉੱਚੇ ਪੱਧਰ ਦੀ ਉਜਰਤ ਅਤੇ ਬੇਰੁਜ਼ਗਾਰਾਂ ਨੂੰ ਰੁਜ਼ਗਾਰ ਦੇਣ ਦਾ ਵਾਅਦਾ ਕੀਤਾ। ਨੌਜਵਾਨਾਂ ਨੂੰ ਸ਼ਾਨਦਾਰ ਭਵਿੱਖ ਦੀ ਤਸਵੀਰ ਦਿਖਾਈ ।ਧੜਾਧੜ ਬੇਰੁਜ਼ਗਾਰ ਨੌਜਵਾਨ ਫਾਸ਼ਿਸ਼ਟ ਹਿਟਲਰ ਦੀ ਫੌਜ ਬਣੇ ਅਤੇ ਆਪਣੇ ਭਰਾਵਾਂ ਵਿਰੁੱਧ ਲੜੇ। ਹਿਟਲਰ ਨੇ ਦਫਤਰੀ ਮੁਲਾਜ਼ਮਾਂ, ਅਧਿਕਾਰੀਆਂ ਅਤੇ ਬੁੱਧੀਜੀਵੀਆਂ ਵਾਸਤੇ ਕਿਹਾ ਕਿ ਉਨ੍ਹਾਂ ਦੀ ਸੁਰੱਖਿਆ ਯਕੀਨੀ ਹੋਵੇਗੀ। ਔਰਤਾਂ ਨੂੰ ਵੀ ਯਕੀਨ ਦਵਾਇਆ ਕਿ ਤੁਹਾਡੀ ਇੱਜ਼ਤ-ਆਬਰੂ ਨੂੰ ਕੋਈ ਹੱਥ ਨਹੀਂ ਪਾਵੇਗਾ ਅਤੇ ਤੁਹਾਨੂੰ ਰੁਜ਼ਗਾਰ ਪੱਕੇ ਰੂਪ ਵਿੱਚ ਮਿਲੇਗਾ।

ਪਰ ਫਾਸ਼ੀਵਾਦ ਤਾਂ ਇੱਕ ਸਰਮਾਏਦਾਰੀ ਦਾ ਉਚੇਰਾ ਤੇ ਵਿਗੜਿਆ ਰੂਪ ਹੈ। ਫਾਸ਼ੀਵਾਦ ਨੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੀ ਥਾਂ ਹੋਰ ਵੀ ਜ਼ਿਆਦਾ ਭੁੱਖਮਰੀ ਵਿੱਚ ਧੱਕ ਦਿੱਤਾ। ਨੌਜਵਾਨਾਂ ਨੇ ਹਿਟਲਰ ਦੇ ਕਸ਼ਟ, ਜਬਰ ਤੇ ਜ਼ੁਲਮ ਝੱਲੇ ਅਤੇ ਗੁਲਾਮਾਂ ਵਰਗਾ ਕੰਮ ਕਰਨ ਲਈ ਮਜਬੂਰ ਹੋਏ। ਮਜ਼ਦੂਰਾਂ ਅਤੇ ਬੇਰੁਜ਼ਗਾਰ ਨੌਜਵਾਨਾਂ ਨੂੰ ਫਾਸ਼ੀਵਾਦੀ ਸਮਾਜ ਦੇ ਅਧਿਕਾਰ ਅਧੀਨ ਅਛੂਤਾਂ ਵਿੱਚ ਬਦਲ ਦਿੱਤਾ ਗਿਆ। ਮਜ਼ਦੂਰਾਂ ਦੇ ਹੜਤਾਲ ਕਰਨ ਦੇ ਅਧਿਕਾਰ ਅਤੇ ਉਨ੍ਹਾਂ ਨੂੰ ਮਜ਼ਦੂਰ-ਪੱਖੀ ਅਖ਼ਬਾਰਾਂ ਤੋਂ ਵੰਚਿਤ ਕਰ ਦਿੱਤਾ। ਦਫਤਰੀ ਮੁਲਾਜ਼ਮਾਂ, ਛੋਟੇ ਅਧਿਕਾਰੀਆਂ ਅਤੇ ਬੁੱਧੀਜੀਵੀਆਂ ਦੇ ਭਵਿੱਖ ਨੂੰ ਹੋਰ ਵੀ ਥੱਲੜੇ ਪੱਧਰ ਤੱਕ ਨਿਰਾਸ਼ਾਜਨਕ ਤੇ ਅਨਿਸਚਿਤ ਬਣਾਇਆ ।ਇਨ੍ਹਾਂ ਮੁਲਾਜ਼ਮਾਂ ਨੂੰ ਆਪਣੇ ਵੱਲੋਂ ਥਾਪੇ ਆਗਿਆਕਾਰੀ ਅਧਿਕਾਰੀਆਂ ਦੇ ਅਧੀਨ ਕਰ ਦਿੱਤਾ ਗਿਆ।

ਹਿਟਲਰ ਨੇ ਬੜੀ ਗੰਭੀਰਤਾ ਨਾਲ ਐਲਾਨ ਕੀਤਾ ਸੀ ਕਿ ਜਰਮਨੀ ਜਾਂ ਤਾਂ ਕਿਸਾਨਾਂ ਦਾ ਦੇਸ਼ ਬਣੇਗਾ ਜਾਂ ਫਿਰ ਇਸ ਦੀ ਹੋਂਦ ਹੀ ਮਿਟ ਜਾਵੇਗੀ। ਹੋਇਆ ਇਹ ਕਿ ਕਿਸਾਨਾਂ ਦੀ ਜਾਇਦਾਦ ਵਾਲਾ ਵਿਰਾਸਤੀ ਕਾਨੂੰਨ ਭਾਵ ਖ਼ਤਮ ਹੋਣ ਨਾਲ ਕਿਸਾਨਾਂ ਦੇ ਲੱਖਾਂ ਧੀਆਂ-ਪੁੱਤਰ ਘੋਰ ਗਰੀਬੀ ਦੇ ਕਾਰਨ ਕੰਗਾਲ ਅਤੇ ਪਿੰਡਾਂ 'ਚੋਂ ਨਿਕਲਣ ਵਾਸਤੇ ਮਜਬੂਰ ਹੋਏ। ਇਸ ਹਾਲਤ ਵਿੱਚ ਖੇਤ ਮਜ਼ਦੂਰ ਅਰਧ-ਦਾਸ (ਗੁਲਾਮ) ਬਣ ਗਏ ।

ਬਦਮਾਸ਼ ਜਰਮਨ ਫਾਸ਼ਿਸਟ ਦੇ ਔਰਤਾਂ ਬਾਰੇ ਇਹ ਵਿਚਾਰ ਸਨ ਕਿ ਤੀਵੀਂ ਦੀ ਅਸਲ ਥਾਂ ਘਰ ਹੈ ਅਤੇ ਉਸ ਦਾ ਫਰਜ਼ ਥੱਕੇ ਹੋਏ ਬਹਾਦਰ ਯੋਧਿਆਂ ਨੂੰ ਪ੍ਰਸੰਨ ਕਰਨਾ ਹੈ । ਫਾਸ਼ਿਸਟ ਔਰਤਾਂ ਦੇ ਪਤੀਆਂ ਨੂੰ ਉਨ੍ਹਾਂ ਦੇ ਸਾਹਮਣੇ ਮਾਰ-ਮਾਰ ਕੇ ਖੂਨ ਨਾਲ ਲੱਥਪੱਥ ਮਲੀਦਾ ਬਣਾ ਦਿੰਦੇ ਅਤੇ ਕਤਲ ਕੀਤੇ ਪੁੱਤਰਾਂ ਦੀਆਂ ਅਸਥੀਆਂ ਨੂੰ ਪਾਰਸਲ ਰਾਹੀਂ ਉਨ੍ਹਾਂ ਦੀਆਂ ਮਾਵਾਂ ਨੂੰ ਭੇਜ ਦਿੰਦੇ। ਤਸੀਹਾਖਾਨਿਆਂ ਵਿੱਚ ਕੈਦ ਕੀਤੇ ਫਾਸ਼ਿਸਟ ਵਿਰੋਧੀਆਂ ਨੂੰ ਜ਼ਹਿਰ ਦੇ ਟੀਕੇ ਲਾਏ ਜਾਂਦੇ, ਉਨ੍ਹਾਂ ਦੀਆਂ ਬਾਹਾਂ ਭੰਨ ਦਿੱਤੀਆਂ ਜਾਂਦੀਆਂ, ਅੱਖਾਂ ਕੱਢ ਲਈਆਂ ਜਾਂਦੀਆਂ, ਉਨ੍ਹਾਂ ਨੂੰ ਪੁੱਠਿਆਂ ਟੰਗ ਕੇ ਉਨ੍ਹਾਂ ਅੰਦਰ ਪੰਪ ਨਾਲ ਪਾਣੀ ਭਰ ਦਿੱਤਾ ਜਾਂਦਾ, ਉਨ੍ਹਾਂ ਦੇ ਸਰੀਰ 'ਤੇ ਫਾਸ਼ੀ ਨਿਸ਼ਾਨ ਉਕਰ ਦਿੰਦੇ ਸਨ।

ਹਿਟਲਰ ਦੇ ਕਤਲੇਆਮ ਤੇ ਤਸੀਹਿਆਂ ਬਾਰੇ ਕੁਝ ਹੋਰ ਤੱਥ ਇਸ ਤਰ੍ਹਾਂ ਹੈ: ਜਰਮਨੀ ਵਿੱਚ ਜਦੋਂ ਤੋਂ ਨੈਸ਼ਨਲ ਸੋਸ਼ਲਿਸਟ ਰਾਜ ਵਿੱਚ ਆਏ 4200 ਤੋਂ ਜ਼ਿਆਦਾ ਫਾਸ਼ਿਸਟ ਵਿਰੋਧੀ ਮਜ਼ਦੂਰ, ਕਿਸਾਨ, ਕਰਮਚਾਰੀ, ਬੁੱਧੀਜੀਵੀ ਕਮਿਊਨਿਸਟ, ਸੋਸ਼ਲ ਡੈਮੋਕ੍ਰੇਟਿਕ ਅਤੇ ਈਸਾਈ ਵਿਰੋਧੀ ਜਥੇਬੰਦੀ ਦੇ ਮੈਂਬਰ ਕਤਲ ਕਰ ਦਿੱਤੇ ਗਏ, 218600 ਜ਼ਖ਼ਮੀ ਕੀਤੇ ਗਏ ਅਤੇ 317800 ਨੂੰ ਗ੍ਰਿਫਤਾਰ ਕੀਤਾ ਗਿਆ। ਇਸੇ ਤਰ੍ਹਾਂ ਫਾਸ਼ਿਜ਼ਮ ਨੇ ਆਸਟਰੀਆ ਵਿੱਚ 1900 ਇਨਕਲਾਬੀ ਕਤਲ ਕੀਤੇ, 10000 ਜ਼ਖ਼ਮੀ ਜਾਂ ਅਪਾਹਜ ਕੀਤੇ ਅਤੇ 40000 ਨੂੰ ਜੇਲ੍ਹਾਂ ਵਿੱਚ ਡੱਕਿਆ। ਉਕਤ ਸੂਚੀ ਤੋਂ ਜ਼ੁਲਮਾਂ ਦੀ ਗਿਣਤੀ ਕਿਤੇ ਵਧੇਰੇ ਹੈ।

ਫਾਸ਼ਿਸਟ ਹਿਟਲਰ ਦਾ ਇਹ ਵਰਤਾਰਾ ਦੂਜੀ ਵਿਸ਼ਵ ਜੰਗ, ਜੋ 1941 ਤੋਂ 1945 ਤੱਕ ਚੱਲੀ ਸੀ, ਉਸ ਵੇਲੇ ਵਾਪਰਿਆ ਸੀ। ਇਸ ਜੰਗ ਵਿੱਚ ਅਮਰੀਕਾ ਵੱਲੋਂ ਹੀਰੋਸ਼ੀਮਾ ਅਤੇ ਨਾਗਾਸਾਕੀ ਉੱਤੇ ਸੁੱਟੇ ਐਟਮੀ ਬੰਬਾਂ ਸਮੇਤ ਕੁੱਲ 5 ਕਰੋੜ ਦੇ ਕਰੀਬ ਮਨੁੱਖੀ ਜਾਨਾਂ ਗਈਆਂ, ਜਿਸ ਵਿੱਚ ਇਕੱਲੇ ਰੂਸ ਦੀਆਂ 2 ਕਰੋੜ ਤੋਂ ਵਧੇਰੇ ਹਨ । ਫਾਸ਼ੀਵਾਦੀ ਜੰਗ ਨੂੰ ਹਰਾਇਆ ਵੀ ਸੋਵੀਅਤ ਯੂਨੀਅਨ ਨੇ ਸੀ ਤੇ ਸ਼ਰਮ ਦੇ ਮਾਰੇ ਹਿਟਲਰ ਨੂੰ ਖੁਦਕਸ਼ੀ ਕਰਨ ਲਈ ਮਜਬੂਰ ਹੋਣਾ ਪਿਆ ਸੀ।

ਇਸ ਵੇਲੇ ਹਿੰਦੁਸਤਾਨ ਵਿੱਚ ਅਪੂਰਨ ਰੂਪ ਵਿੱਚ ਫਾਸ਼ੀਵਾਦੀ ਹਕੂਮਤ ਹੈ। ਘੱਟ ਗਿਣਤੀ ਮੁਸਲਿਮ ਵੱਸੋਂ ਇਸ ਵੇਲੇ ਭਾਜਪਾ ਸਰਕਾਰ ਦੇ ਨਿਸ਼ਾਨੇ 'ਤੇ ਹੈ ।ਜੰਮੂ-ਕਸ਼ਮੀਰ ਦੀ 375 ਧਾਰਾ ਤੋੜ ਕੇ ਡਿਕਟੇਟਰਸ਼ਿਪ ਵਰਤੀ ਗਈ । ਤਾਜ਼ਾ-ਤਾਜ਼ਾ ਜੰਮੂ ਕਸ਼ਮੀਰ 'ਚ 25 ਕਿਤਾਬਾਂ ਬੈਨ ਕਰ ਦਿੱਤੀਆਂ ਗਈਆਂ । ਵਕਫ ਬੋਰਡ ਦੀਆਂ ਜਾਇਦਾਦਾਂ ਜ਼ਬਤ ਕਰਨ ਲਈ ਇੱਕ ਨਵਾਂ ਕਾਨੂੰਨ ਬਣਾ ਦਿੱਤਾ ਗਿਆ। ਆਦਿਵਾਸੀਆਂ ਦੇ 300 ਦੇ ਕਰੀਬ ਪਿੰਡ ਥੇਹ ਬਣਾ ਦਿੱਤੇ ਗਏ। ਆਦਿਵਾਸੀਆਂ ਨੂੰ ਕੈਂਪਾਂ ਵਿੱਚ ਤਾੜਿਆ ਹੋਇਆ ਕਿ ਉਹ ਵਿਰੋਧ ਵੀ ਨਾ ਕਰ ਸਕਣ। ਆਦਿਵਾਸੀਆਂ ਦੇ ਜਲ, ਜੰਗਲ, ਜ਼ਮੀਨ ਕਾਰਪੋਰੇਟਰਾਂ ਨੂੰ ਬੇਜਿਝਕ ਸਰਕਾਰ ਵੇਚੀ ਜਾ ਰਹੀ ਹੈ। ਬਹਾਨਾ ਇਹ ਹੈ ਕਿ ਮਾਓਵਾਦ ਮਾਰਚ 2026 ਤੱਕ ਖ਼ਤਮ ਕਰਨਾ ਹੈ। ਅੱਜ ਮਾਓਵਾਦ ਹੈ ਬਾਅਦ ਵਿੱਚ ਜਲਦੀ ਹੀ ਦੇਸ਼ 'ਚੋਂ ਸਾਰੀ ਕਮਿਊਨਿਸਟ ਲਹਿਰ ਖ਼ਤਮ ਕੀਤੀ ਜਾਵੇਗੀ।

ਜਿਹੜਾ ਵੀ ਕੋਈ ਚੈਨਲ, ਬੁੱਧੀਜੀਵੀ, ਲੇਖਕ ਅਤੇ ਪੱਤਰਕਾਰ ਭਾਜਪਾ ਸਰਕਾਰ ਦੀ ਇਸ ਨੀਤੀ ਵਿਰੁੱਧ ਬੋਲਦਾ ਜਾਂ ਲਿਖਦਾ ਹੈ, ਉਸ ਨੂੰ ਜੇਲ੍ਹ ਵਿੱਚ ਡੱਕ ਦਿੱਤਾ ਜਾਂਦਾ ਹੈ। ਬਹੁਤ ਸਾਰੇ ਅਜਿਹੇ ਵਿਅਕਤੀ ਆਪਣੀ ਜ਼ਿੰਦਗੀ ਜੇਲ੍ਹਾਂ ਵਿੱਚ ਗੁਜ਼ਾਰ ਰਹੇ ਹਨ। ਪੰਜਾਬ ਵਿੱਚ ਕਮਿਊਨਿਸਟ ਧਿਰਾਂ ਦਾ ਇੱਕ ਫਾਸ਼ੀ ਹਮਲਿਆਂ ਵਿਰੋਧੀ ਫਰੰਟ ਬਣਿਆ ਹੈ, ਸਿਰਫ ਉਹ ਹੀ ਲੁਕਾਈ ਨੂੰ ਆਪਣੀ ਤਾਕਤ ਮੁਜਬ ਲਾਮਬੰਦ ਕਰ ਰਿਹਾ ਹੈ।

**ਮੈਂਬਰ ਸੀ ਪੀ ਆਈ ਕੌਮੀ ਕੌਂਸਲ,**
**# ਸੰਪਰਕ : 98760-78731**

26-AUG-PAGE-5.qxd 8/25/2025 10:47 PM Page 1



# ਸਿਸੋਦੀਆ ਦੇ ਪੰਜਾਬ ਚੋਣਾਂ ਜਿੱਤਣ ਬਾਰੇ ਦਿੱਤੇ ਬਿਆਨ ਨੂੰ ਲੋਕ ਕਬੂਲ ਨਹੀਂ ਕਰਨਗੇ : ਸੂਰਤ ਸਿੰਘ

## 21 ਦੀ ਰੈਲੀ 'ਚ ਫਰੀਦਕੋਟ ਜ਼ਿਲ੍ਹੇ ਦੇ ਤਿੰਨ ਸੌ ਤੋਂ ਵੱਧ ਸਾਥੀ ਸ਼ਾਮਲ ਹੋਣਗੇ : ਅਸ਼ੋਕ ਕੌਸ਼ਲ



**ਫਰੀਦਕੋਟ (ਪੱਤਰ ਪ੍ਰੇਰਕ)**

ਆਮ ਆਦਮੀ ਪਾਰਟੀ ਦੇ ਕੇਂਦਰੀ ਨੇਤਾ ਮਨੀਸ਼ ਸਿਸੋਦੀਆ ਵੱਲੋਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ 'ਸਾਮ, ਦਾਮ, ਦੰਡ, ਭੇਦ, ਮਤਲਬ ਹਰ ਹਰਬਾ ਵਰਤ ਕੇ ਜਿੱਤਣ ਲਈ ਦਿੱਤੇ ਬਿਆਨ ਨੂੰ ਪੰਜਾਬ ਦੇ ਸੂਝਵਾਨ ਤੇ ਅਣਖੀ ਲੋਕ ਕਦੇ ਕਬੂਲ ਨਹੀਂ ਕਰਨਗੇ ਤੇ ਸਮਾਂ ਆਉਣ 'ਤੇ ਹਰ ਚੀਜ਼ ਦਾ ਹਿਸਾਬ ਲੈਣਗੇ।ਇਹ ਸ਼ਬਦ ਭਾਰਤੀ ਕਮਿਊਨਿਸਟ ਪਾਰਟੀ ਦੇ 25ਵੇਂ ਮਹਾਂ-ਸੰਮੇਲਨ ਸਬੰਧੀ ਸਥਾਨਕ ਸ਼ਹੀਦ ਕਾਮਰੇਡ ਅਮੋਲਕ ਭਵਨ ਵਿਖੇ ਇੱਕ ਪਬਲਿਕ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਸੀਨੀਅਰ ਮੀਤ ਪ੍ਰਧਾਨ ਕਾਮਰੇਡ ਸੂਰਤ ਸਿੰਘ ਧਰਮਕੋਟ ਨੇ ਕਹੇ।ਉਨ੍ਹਾਂ ਪਾਰਟੀ ਵੱਲੋਂ ਲੜੇ ਇਤਿਹਾਸਕ 'ਪੈਪਸੂ ਮੁਜ਼ਾਰਾ ਘੋਲ' ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਸੰਸਾਰ ਦੇ ਇਤਿਹਾਸ ਵਿੱਚ ਸ਼ਾਇਦ ਹੀ ਕਿਸਾਨਾਂ ਨੇ ਇਹੋ ਜਿਹੀ ਪ੍ਰਾਪਤੀ ਕੀਤੀ ਹੋਵੇ ਕਿ ਸਿਰਫ਼ ਤਿੰਨ ਸਾਥੀ ਸ਼ਹੀਦ ਕਰਵਾ ਕੇ ਮੁਜ਼ਾਰਿਆਂ ਨੂੰ ਸਾਢੇ ਸੋਲਾਂ ਲੱਖ ਏਕੜ ਜ਼ਮੀਨ ਦੀ ਮਾਲਕੀ ਦੇ ਹੱਕ ਦਿਵਾਏ ਹੋਣ।ਇਕੱਠ ਨੂੰ ਸੰਬੋਧਨ ਕਰਦੇ ਹੋਏ ਸਾਬਕਾ ਫ਼ੌਜੀਆਂ ਦੀ ਜਥੇਬੰਦੀ ਦੇ ਪ੍ਰਧਾਨ ਗੁਰਮੀਤ ਸਿੰਘ ਨੇ ਕਿਹਾ ਕਿ ਮੋਦੀ ਸਰਕਾਰ ਨੇ ਅਗਨੀਪਥ ਸਕੀਮ ਚਲਾ ਕੇ ਨੌਜਵਾਨਾਂ ਦੇ ਭਵਿੱਖ ਨਾਲ ਹੀ ਖਿਲਵਾੜ ਨਹੀਂ ਕੀਤਾ, ਸਗੋਂ ਦੇਸ਼ ਦੀ ਸੁਰੱਖਿਆ ਲਈ ਵੀ ਖ਼ਤਰਾ ਪੈਦਾ ਕਰ ਦਿੱਤਾ ਹੈ।ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਫਰੀਦਕੋਟ ਦੇ ਨੇੜੇ ਕੋਠੇ ਚਹਿਲਾਂ ਦੇ ਅਗਨੀਵੀਰ ਅਰਸ਼ਦੀਪ ਸਿੰਘ ਨੂੰ ਸ਼ਹੀਦ ਦਾ ਦਰਜਾ ਦਿੱਤਾ ਜਾਵੇ ਤੇ ਉਸ ਦੇ ਦੁਖੀ ਮਾਪਿਆਂ ਦੀ ਪ੍ਰਸ਼ਾਸਨ ਵੱਲੋਂ ਸਾਰ ਲਈ ਜਾਵੇ।ਪਬਲਿਕ ਮੀਟਿੰਗ ਨੂੰ ਸਰਬ ਭਾਰਤ ਵਿਦਿਆਰਥੀ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਮਨ ਧਰਮੂਵਾਲਾ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਜੇ ਸਰਕਾਰਾਂ ਨੇ ਦੇਸ਼ ਦੇ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੀ ਜ਼ਿੰਮੇਵਾਰੀ ਨਿਭਾਈ ਹੁੰਦੀ ਤਾਂ ਉਨ੍ਹਾਂ ਨੂੰ ਬਦੇਸ਼ਾਂ ਵਿੱਚ ਨਾ ਰੁਲਣਾ ਪੈਂਦਾ ਤੇ ਨਾ ਹੀ ਨਸ਼ਿਆਂ ਜਾਂ ਅਪਰਾਧ ਵਾਲੇ ਗਲਤ ਰਸਤੇ 'ਤੇ ਤੁਰਨਾ ਪੈਂਦਾ।ਜ਼ਿਲ੍ਹਾ ਸੈਕਟਰੀ ਅਸ਼ੋਕ ਕੌਸ਼ਲ ਨੇ ਕਿਹਾ ਕਿ ਭਾਵੇਂ ਫਰੀਦਕੋਟ ਪੰਜਾਬ ਦੇ ਸਭ ਤੋਂ ਛੋਟੇ ਜ਼ਿਲ੍ਹਿਆਂ ਵਿੱਚ ਗਿਣਿਆ ਜਾਂਦਾ ਹੈ, ਪਰ ਸੰਘਰਸ਼ਾਂ ਵਿੱਚ ਇਸ ਦਾ ਸ਼ਾਨਦਾਰ ਰਿਕਾਰਡ ਰਿਹਾ ਹੈ।ਉਨ੍ਹਾਂ ਕਿਹਾ ਕਿ ਇਲਾਕਾ ਵਾਸੀਆਂ ਦੇ ਸਹਿਯੋਗ ਸਦਕਾ 21 ਸਤੰਬਰ ਨੂੰ ਸੀਪੀਆਈ ਵੱਲੋਂ ਮੁਹਾਲੀ ਦੀ ਸਬਜ਼ੀ ਮੰਡੀ (ਫੇਜ਼ 11) ਵਿੱਚ ਕੀਤੀ ਜਾ ਰਹੀ ਮਹਾਂ ਰੈਲੀ ਵਿੱਚ ਜ਼ਿਲ੍ਹੇ ਦੇ ਤਿੰਨ ਸੌ ਤੋਂ ਵੱਧ ਸਾਥੀ ਸ਼ਾਮਲ ਕਰਵਾਏ ਜਾਣਗੇ। ਇਸ ਮੌਕੇ ਪੰਜਾਬ ਇਸਤਰੀ ਸਭਾ ਦੀ ਜ਼ਿਲ੍ਹਾ ਜਨਰਲ ਸਕੱਤਰ ਸ਼ਸ਼ੀ ਸ਼ਰਮਾ, ਹਰਪਾਲ ਮਚਾਕੀ, ਸੁਖਜਿੰਦਰ ਸਿੰਘ ਤੂੰਬੜਭੰਨ, ਗੁਰਚਰਨ ਸਿੰਘ ਮਾਨ, ਵੀਰ ਸਿੰਘ ਕੰਮੇਆਣਾ, ਗੋਰਾ ਪਿੱਪਲੀ, ਚਰਨਜੀਤ ਚੰਮੇਲੀ, ਬਲਕਾਰ ਸਿੰਘ ਸਹੋਤਾ ਨੇ ਸੰਬੋਧਨ ਕਰਦਿਆਂ ਕੁਰਬਾਨੀਆਂ ਵਾਲੀ ਇਸ ਪਾਰਟੀ ਨੂੰ ਮਜ਼ਬੂਤ ਕਰਨ ਲਈ ਹਰ ਪਿੰਡ ਵਿੱਚ ਪਾਰਟੀ ਬਰਾਂਚ ਕਾਇਮ ਕਰਨ ਦੀ ਅਪੀਲ ਕੀਤੀ।ਇਸ ਮੌਕੇ ਬੈਂਕ ਮੁਲਾਜ਼ਮ ਆਗੂ ਸ਼ਵਿੰਦਰ ਪਾਲ ਸਿੰਘ ਸੰਧੂ, ਸੁਖਚੈਨ ਸਿੰਘ ਥਾਂਦੇਵਾਲਾ, ਪ੍ਰਦੀਪ ਬਰਾੜ, ਮੇਜਰ ਸਿੰਘ ਭੋਲੂਵਾਲਾ, ਜਤਿੰਦਰ ਸਿੰਘ, ਨਥਾ ਸਿੰਘ ਅਰਾਈਆਂਵਾਲਾ, ਗੁਰਮੇਲ ਸਿੰਘ ਡਗੋ ਰੁਮਾਣਾ, ਤਰਸੇਮ ਸਿੰਘ ਭਾਣਾ ਅਤੇ ਗੁਰਦੀਪ ਸਿੰਘ ਕੰਮੇਆਣਾ ਆਦਿ ਸ਼ਾਮਲ ਹੋਏ।

# ਨੌਜਵਾਨ ਲੜਕੀ ਦੀ ਪੀ ਆਰ ਟੀ ਸੀ ਦੀ ਬੱਸ ਨੇ ਲਈ ਜਾਨ

**ਬੱਧਨੀ ਕਲਾਂ (ਨਵਲ ਕੁਮਾਰ)**-ਇਥੋਂ ਨੇੜਲੇ ਪਿੰਡ ਸੁਜਾਪੁਰ ਦੀ ਇੱਕ ਨੌਜਵਾਨ ਲੜਕੀ ਦੀ ਪੀ ਆਰ ਟੀ ਸੀ ਦੀ ਬੱਸ ਦੇ ਡਰਾਇਵਰ ਦੀ ਅਣਗਹਿਲੀ ਕਾਰਨ ਮੌਤ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ।ਇਸ ਸਬੰਧੀ ਮ੍ਰਿਤਕ ਲੜਕੀ ਦੇ ਭਰਾ ਲਖਵੀਰ ਸਿੰਘ ਪੁੱਤਰ ਬਲਵੰਤ ਸਿੰਘ ਪਿੰਡ ਸੁਜਾਪੁਰ ਨੇ ਦੱਸਿਆ ਕਿ ਮੇਰੀ ਭੈਣ ਰਮਨਦੀਪ ਕੌਰ (28) ਜੋ ਲੁਧਿਆਣਾ ਦੇ ਆਈਲੈਟਸ ਸੈਂਟਰ ਵਿਖੇ ਵਿਦਿਆਰਥੀਆਂ ਨੂੰ ਪੜ੍ਹਾਉਣ ਲਈ ਰੋਜ਼ਾਨਾ ਪਿੰਡ ਸੁਜਾਪੁਰ ਤੋਂ



ਲੁਧਿਆਣਾ ਜਾਂਦੀ ਸੀ ਅਤੇ ਜਦੋਂ 21 ਅਗਸਤ ਸ਼ਾਮ ਨੂੰ ਆਈਲੈਟਸ ਸੈਂਟਰ ਤੋਂ ਛੁੱਟੀ ਕਰਕੇ ਲੁਧਿਆਣਾ ਬੱਸ ਅੱਡੇ ਦੇ ਬਾਹਰ ਜਗਰਾਉਂ ਵਾਲੀ ਬੱਸ ਚੜ੍ਹਨ ਲਈ ਸੜਕ ਪਾਰ ਕਰਨ ਲੱਗੀ ਤਾਂ ਪਿੱਛੇ ਤੋਂ ਤੇਜ਼ ਸਪੀਡ ਨਾਲ ਆ ਰਹੀ ਇੱਕ ਪੀ ਆਰ ਟੀ ਸੀ ਦੀ ਬੱਸ ਨੰਬਰ ਪੀ ਬੀ-13-ਬੀ ਯੂ-4402, ਜਿਸ ਦੀ ਡਰਾਈਵਰ ਦੀ ਜਾਣੀ ਘੂੱਲੀ ਹੋਣ ਕਰਕੇ ਜਾਣੀ ਅਤੇ ਅੱਗੇ ਵਾਲੀ ਬੱਸ ਦੇ ਵਿਚਕਾਰ ਰਮਨਦੀਪ ਕੌਰ ਘੁੱਟੀ ਗਈ ਤੇ ਜਿਸ ਦੀ ਮੌਕੇ 'ਤੇ ਹੀ ਮੌਤ ਹੋ ਗਈ।ਉਨ੍ਹਾਂ ਕਿਹਾ ਕਿ ਮੇਰੀ ਭੈਣ ਨੂੰ ਮੁੱਢਲੀ ਮੈਡੀਕਲ ਸਹੂਲਤ ਦੇਣੀ ਦੀ ਬਜਾਏ ਬੱਸ ਡਰਾਇਵਰ ਬੱਸ ਨੂੰ ਮੌਕੇ ਤੋਂ ਭਜਾ ਕੇ ਲੈ ਗਿਆ।ਉਨ੍ਹਾਂ ਦੱਸਿਆ ਕਿ ਪੀ ਆਰ ਟੀ ਸੀ ਦੀ ਬੱਸ ਨੰਬਰ ਪੀ ਬੀ-13-ਬੀ ਯੂ-4402 ਦੇ ਡਰਾਇਵਰ ਨਾਜ਼ਮ ਸਿੰਘ ਪੁੱਤਰ ਤੇਜਾ ਸਿੰਘ ਪਿੰਡ ਤਰਨਤਾਰਨ ਅੰਤਵਾਲੀ ਜ਼ਿਲ੍ਹਾ ਮਾਨਸਾ ਖਿਲਾਫ ਪੰਜਾਬ ਪੁਲਸ ਚੌਕੀ ਕੋਚਰ ਮਾਰਕੀਟ ਅਧੀਨ ਥਾਣਾ ਡਵੀਜ਼ਨ ਨੰਬਰ 05 ਲੁਧਿਆਣਾ ਵਿਖੇ ਮੁਕੱਦਮਾ ਨੰਬਰ 0257 ਧਾਰਾ 106,281,125 ਮਿਤੀ 22 ਅਗਸਤ 2025 ਨੂੰ ਮੁਕੱਦਮਾ ਦਰਜ ਹੋ ਗਿਆ ਹੈ।ਇਸ ਮੌਕੇ ਸਰਪੰਚ ਲਖਵਿੰਦਰ ਸਿੰਘ ਸੇਨੀ ਸੁਜਾਪੁਰ, ਪੰਚ ਮਨਪ੍ਰੀਤ ਸਿੰਘ, ਲਖਵੀਰ ਸਿੰਘ ਮੱਲ੍ਹਾ, ਗੁਰਦੀਪ ਸਿੰਘ ਕਾਉਕੇ ਕਲਾਂ, ਨੰਬਰਦਾਰ ਮੇਜਰ ਸਿੰਘ, ਜਗਮੋਹਣ ਸਿੰਘ, ਉਜਾਗਰ ਸਿੰਘ, ਸ਼ਿੰਗਾਰਾ ਸਿੰਘ, ਸੁਖਚੈਨ ਸਿੰਘ ਪ੍ਰਮਾਲ, ਸਰਬਜੀਤ ਸਿੰਘ, ਪ੍ਰਿਥੀਪਾਲ ਸਿੰਘ, ਹਰਜੰਗ ਸਿੰਘ, ਸਮੂਹ ਗ੍ਰਾਮ ਪੰਚਾਇਤ ਸੁਜਾਪੁਰ ਨੇ ਪੁਲਸ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਬੱਸ ਡਰਾਇਵਰ ਨਾਜ਼ਮ ਸਿੰਘ ਨੂੰ ਤੁਰੰਤ ਗ੍ਰਿਫਤਾਰ ਕੀਤਾ ਜਾਵੇ ਤੇ ਪੀ ਆਰ ਟੀ ਸੀ ਦੀ ਬੱਸ ਨੰਬਰ ਪੀ ਬੀ-13-ਬੀ ਯੂ-4402 ਨੂੰ ਪੁਲਸ ਚੌਕੀ ਕੋਚਰ ਮਾਰਕੀਟ ਵਿਖੇ ਜਬਤ ਕੀਤਾ ਜਾਵੇ।

# ਬਹਿਮਣ ਦੀਵਾਨਾ ਵਿਖੇ ਹੋਏ ਅੰਨ੍ਹੇ ਕਤਲ ਦੀ ਗੁੱਥੀ ਸੁਲਝੀ, ਮੁਲਜ਼ਮ ਪਤੀ-ਪਤਨੀ ਕਾਬੂ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਸੀਨੀਅਰ ਕਪਤਾਨ ਪੁਲਸ ਅਮਨੀਤ ਕੋਂਡਲ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਜਸਮੀਤ ਸਿੰਘ ਸਾਹੀਵਾਲ ਐਸ ਪੀ (ਡੀ) ਰਹਿਨੁਮਾਈ ਹੇਠ ਯਸ਼ਪ੍ਰੀਤ ਸਿੰਘ ਡੀ.ਐਸ.ਪੀ (ਡੀ) ਬਠਿੰਡਾ, ਹਰਜੀਤ ਸਿੰਘ ਮਾਨ ਡੀ.ਐੱਸ.ਪੀ. (ਦਿਹਾਤੀ) ਬਠਿੰਡਾ ਦੀ ਅਗਵਾਈ ਵਿੱਚ ਸੀ.ਆਈ.ਏ ਸਟਾਫ-1 ਬਠਿੰਡਾ ਤੇ ਥਾਣਾ ਸਦਰ ਬਠਿੰਡਾ ਦੀ ਟੀਮ ਵੱਲੋਂ ਇਸ ਅੰਨ੍ਹੇ ਕਤਲ ਦੀ ਗੁੱਥੀ ਨੂੰ ਸੁਲਝਾਉਂਦੇ ਹੋਏ ਟੈਕਨੀਕਲ ਤਰੀਕਿਆਂ ਤੇ ਸੋਰਸਾਂ ਦੀ ਮਦਦ ਨਾਲ ਕਾਰਵਾਈ ਕਰਦਿਆਂ ਮੁਕੱਦਮੇ ਵਿੱਚ ਨਾਮਦੇਵ ਸਿੰਘ ਉਰਫ ਪ੍ਰਦੀਪ ਸਿੰਘ ਪੁੱਤਰ ਸੁਖਦੇਵ ਸਿੰਘ ਤੇ ਇਸ ਦੀ ਪਤਨੀ ਰਮਨਦੀਪ ਕੌਰ ਉਰਫ ਦੈਪੀ ਨਾਮਜ਼ਦ ਕੀਤੇ ਗਏ, ਜਿਨ੍ਹਾਂ ਨੂੰ ਅੱਜ ਗ੍ਰਿਫਤਾਰ ਕੀਤਾ ਗਿਆ ਹੈ।ਇਨ੍ਹਾਂ ਕੋਲੋਂ ਕਤਲ ਲਈ ਵਰਤਿਆ ਗਿਆ ਹਥਿਆਰ ਚਾਕੂ ਤੇ ਮ੍ਰਿਤਕ ਦਾ ਗਲ ਘੁੱਟਣ ਲਈ ਵਰਤੀ ਗਈ ਚੁੰਨੀ ਬਰਾਮਦ ਕਰ ਲਈ ਗਈ ਹੈ।ਦੱਸਣਯੋਗ ਹੈ ਕਿ 23 ਅਗਸਤ ਨੂੰ ਕਰੀਬ 4 ਵਜੇ ਸ਼ਾਮ ਨੂੰ ਬਹਿਮਣ ਦੀਵਾਨਾ ਖੇਤਾਂ ਵਿੱਚ ਟਿਊਬਵੈੱਲ ਦੀ ਮੋਟਰ ਦੀ ਪਾਣੀ ਵਾਲੀ ਡਿੱਗੀ ਵਿੱਚ ਇੱਕ ਲਾਸ਼ ਦੀ ਸੂਚਨਾ ਮਿਲੀ, ਜਿਸ 'ਤੇ ਮੌਕਾ ਪਰ ਪੁੱਜ ਕੈਲਾਸ਼ ਦੀ ਸ਼ਨਾਖਤ ਗੁਰਪਾਲ ਸਿੰਘ ਉਰਫ ਗੋਰਵ ਉਮਰ ਕ੍ਰੀਬ 19 ਸਾਲ ਪੁੱਤਰ ਸੁਰਿੰਦਰ ਸਿੰਘ ਉਰਫ ਸਿੰਗਲਾ ਵਾਸੀ ਕਲੋਨੀਆ, ਬਹਿਮਣ ਦੀਵਾਨਾ ਵਜੋਂ ਹੋਈ, ਜਿਸ 'ਤੇ ਮ੍ਰਿਤਕ ਗੁਰਪਾਲ ਸਿੰਘ ਦੇ ਪਿਤਾ ਸੁਰਿੰਦਰ ਸਿੰਘ ਦੇ ਬਿਆਨਾਂ 'ਤੇ ਮੁਕੱਦਮਾ ਉਕਤ ਬਰ ਖਿਲਾਫ ਨਾ ਮਾਲੂਮ ਦੋਸ਼ੀਆਂ ਦਰਜ ਕੀਤਾ ਗਿਆ।ਦੋਸ਼ੀਆਂ ਪਾਸੋਂ ਕੀਤੀ ਗਈ ਪੁੱਛ-ਗਿੱਛ ਤੇ ਤਫਤੀਸ਼ ਤੋਂ ਹੁਣ ਤੱਕ ਇਹ ਪਾਇਆ ਗਿਆ ਕਿ ਮ੍ਰਿਤਕ ਗੁਰਪਾਲ ਸਿੰਘ ਦੋਸ਼ੀ ਨਾਮਦੇਵ ਸਿੰਘ ਦਾ ਗੁਆਂਢੀ ਹੈ, ਜੋ ਗੁਰਪਾਲ ਸਿੰਘ ਕੁਝ ਸਮਾਂ ਪਹਿਲਾਂ ਇੱਕ ਕਤਲ ਕੇਸ ਵਿੱਚ ਜਮਾਨਤ 'ਤੇ ਆਇਆ ਹੋਇਆ ਹੈ, ਜੋ ਮ੍ਰਿਤਕ ਗੁਰਪਾਲ ਸਿੰਘ ਦੋਸ਼ੀ ਨਾਮਦੇਵ ਸਿੰਘ ਦੀ ਪਤਨੀ ਰਮਨਦੀਪ ਕੌਰ ਉਰਫ ਦੈਪੀ ਨਾਲ ਜ਼ਬਰਦਸਤੀ ਸੰਬੰਧ ਬਣਾਉਣਾ ਚਾਹੁੰਦਾ ਸੀ, ਜਿਸ ਬਾਰੇ ਦੋਸ਼ੀ ਨਾਮਦੇਵ ਸਿੰਘ ਨੂੰ ਪਤਾ ਲੱਗ ਗਿਆ, ਜਿਸ ਨੇ ਗੁਰਪਾਲ ਸਿੰਘ ਨੂੰ ਆਪਣੇ ਘਰ ਆਉਣ ਤੋਂ ਰੋਕਿਆ ਸੀ, ਪਰ ਗੁਰਪਾਲ ਸਿੰਘ ਜ਼ਬਰਦਸਤੀ ਇਨ੍ਹਾਂ ਦੇ ਘਰ ਆਉਂਦਾ ਸੀ ਤੇ ਇਹ ਵੀ ਕਹਿੰਦਾ ਸੀ ਕਿ ਮੈਂ ਨਾਮਦੇਵ ਸਿੰਘ ਨੂੰ ਮਾਰ ਦੇਵਾਗਾ, ਜਿਸ 'ਤੇ 23 ਅਗਸਤ ਦੋਨਾ ਦੋਸ਼ੀਆਂ ਨੇ ਹਮਸ਼ਵਰਾ ਹੋ ਕੇ ਬਹਾਨੇ ਨਾਲ ਮੋਟਰ 'ਤੇ ਲਿਜਾ ਕੇ ਮ੍ਰਿਤਕ ਦਾ ਚੁੰਨੀ ਨਾਲ ਗਲਾ ਘੁੱਟ ਕੇ ਤੇ ਚਾਕੂ ਨਾਲ ਕਈ ਵਾਰ ਕਰ ਕੇ ਗੁਰਪਾਲ ਸਿੰਘ ਦਾ ਕਤਲ ਕਰ ਦਿੱਤਾ ਅਤੇ ਮੌਕੇ ਤੋਂ ਫਰਾਰ ਹੋ ਗਏ।

# ਸ਼ਿਵ ਕੁਮਾਰ ਬਟਾਲਵੀ ਦੀ ਯਾਦ ਨੂੰ ਸਮਰਪਤ ਕਵਿਤਾ ਮੁਕਾਬਲੇ ਕਰਾਏ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਸਕੂਲ ਸਿੱਖਿਆ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਰਕਾਰੀ ਪ੍ਰਾਇਮਰੀ ਸਕੂਲ ਢੰਡੀਆਂ ਵਾਲੀ ਵਿਖੇ ਪ੍ਰਸਿੱਧ ਕਵੀ ਸ਼ਿਵ ਕੁਮਾਰ ਬਟਾਲਵੀ ਜੀ ਦੇ ਜਨਮ ਦਿਨ ਨੂੰ ਸਮਰਪਤ ਰਾਸ਼ਟਰੀ ਕਵਿਤਾ ਮੁਕਾਬਲੇ ਕਰਾਏ ਗਏ।ਇਹ ਮੁਕਾਬਲੇ ਬਲਾਕ ਪੱਧਰ 'ਤੇ ਆਯੋਜਿਤ ਕੀਤੇ ਗਏ ਸਨ, ਜਿਸ ਵਿੱਚ ਬਲਾਕ ਦੇ ਪੰਜ ਕਲੱਸਟਰਾਂ ਦੇ ਜੇਤੂ ਸਕੂਲਾਂ ਦੇ ਵਿਦਿਆਰਥੀਆਂ ਨੇ ਵਧ-ਚੜ੍ਹ ਕੇ ਹਿੱਸਾ ਲਿਆ।ਸਮਾਗਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਪੰਜਾਬੀ ਕਵਿਤਾ ਦੀ ਸੁੰਦਰਤਾ ਤੇ ਮਹੱਤਤਾ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਤੇ ਉਨ੍ਹਾਂ ਦੀ ਪ੍ਰਤਿਭਾ ਨੂੰ ਨਿਖਾਰਨਾ ਸੀ।ਮੁਕਾਬਲੇ ਦੌਰਾਨ ਬੱਚਿਆਂ ਨੇ ਆਪਣੀਆਂ ਰਚਨਾਵਾਂ ਪੇਸ਼ ਕਰਕੇ ਦਰਸ਼ਕਾਂ ਦਾ ਮਨ ਮੋਹ ਲਿਆ।ਜ਼ਿਕਰਯੋਗ ਹੈ ਕਿ ਬਲਾਕ ਪੰਜ ਕਲੱਸਟਰਾਂ ਪਾਸ ਵਿਦਿਆਰਥੀਆਂ ਨੇ ਮੁਕਾਬਲੇ ਦੇ ਜੇਤੂ ਵਿਦਿਆਰਥੀਆਂ ਨੇ ਭਾਗ ਲਿਆ ਕਲੱਸਟਰਾਂ ਵਾਲੀ ਤੋਂ ਕਲੱਸਟਰਾਂ ਸਿੰਘ, ਜੰਡਵਾਲਾ ਕਲੱਸਟਰ ਤੋਂ ਗੁਰਨੂਰ ਕੌਰ, ਰਾਣਾ ਕਲੱਸਟਰ ਤੋਂ ਗਰਿਮਾ ਰਾਣੀ, ਟਾਹਲੀ ਵਾਲਾ ਬੋਦਲਾ ਤੋਂ ਵਾਰਿਸ ਤੇ ਬਧਿਕ ਬੋਦਲਾ ਕਲੱਸਟਰ ਤੋਂ ਸਵਰਾ ਨੇ ਆਪਣਾ ਆਪਣਾ ਕਲੱਸਟਰ ਜਿੱਤ ਕੇ ਬਲਾਕ ਪੱਧਰੀ ਕਵਿਤਾ ਮੁਕਾਬਲੇ ਵਿੱਚ ਭਾਗ ਲਿਆ।

ਇਸ ਬਲਾਕ ਪੱਧਰੀ ਕਵਿਤਾ ਮੁਕਾਬਲੇ ਨੂੰ ਗਰਿਮਾ ਰਾਣੀ ਨੇ ਜਿੱਤਿਆ।ਮੁਕਾਬਲੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਸੁਨੀਲ ਕੁਮਾਰ ਛਾਬੜਾ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਸੀ ਐਚ ਟੀ ਮੈਡਮ ਰਿਤੂ ਕਮਲ, ਗੀਤਾ ਛਾਬੜਾ, ਸੋਨਮ ਠਕਰਾਲ ਤੇ ਕੁਲਬੀਰ ਸਿੰਘ ਦੀ ਅਗਵਾਈ ਹੇਠ ਕਰਾਏ ਗਏ। ਇਨ੍ਹਾਂ ਮੁਕਾਬਲਿਆਂ ਲਈ ਜੱਜਮੈਂਟ ਲਈ ਨਰੇਸ਼ ਚਾਵਲਾ, ਰਜਿੰਦਰ ਕੁਮਾਰ, ਸੀਮਾ ਕਮਰਾ ਤੇ ਸਿਮਲਜੀਤ ਸਿੰਘ ਨੇ ਜੱਜਾਂ ਦੀ ਭੂਮਿਕਾ ਨਿਭਾਈ।

## ਕਾਤਰਾਂ

### ਮੈਡੀਕਲ ਦੀ ਦੁਕਾਨ 'ਚੋਂ ਸਾਮਾਨ ਚੋਰੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮਮਦੋਟ ਵਿਖੇ ਇਕ ਮੈਡੀਕਲ ਦੁਕਾਨ ਵਿੱਚੋਂ ਅਣਪਛਾਤੇ ਵਿਅਕਤੀਆਂ ਵੱਲੋਂ ਦੁਕਾਨ ਦਾ ਜ਼ਿੰਦਰਾ ਤੋੜ ਕੇ 27 ਹਜ਼ਾਰ ਰੁਪਏ ਦੀ ਨਗਦੀ, ਇਨਵੈਟਰ ਬੈਟਰਾ, ਹਿਸਾਬ ਕਿਤਾਬ ਦੀਆਂ ਪਰਚੀਆਂ, ਬੈਂਕ ਦੇ ਚੈੱਕ ਤੇ ਹੋਰ ਕੀਮਤੀ ਸਾਮਾਨ ਚੋਰੀ ਕਰਨ ਦੀ ਖਬਰ ਮਿਲੀ ਹੈ। ਇਸ ਸਬੰਧੀ ਥਾਣਾ ਮਮਦੋਟ ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ ਦੁਕਾਨ ਮਾਲਕ ਗਿਆਨ ਸਿੰਘ ਪੁੱਤਰ ਅਨੂਪ ਸਿੰਘ ਵਾਸੀ ਸਦਰਦੀਨ ਵਾਲਾ ਦੇ ਬਿਆਨਾਂ 'ਤੇ ਮਾਮਲਾ ਦਰਜ ਕਰਕੇ ਅੱਗੇ ਦੀ ਜਾਂਚ ਕੀਤੀ ਜਾ ਰਹੀ ਹੈ।

### ਕੁੱਟਮਾਰ ਦੇ ਦੋਸ਼ 'ਚ 3 ਵਿਅਕਤੀਆਂ ਵਿਰੁੱਧ ਪਰਚਾ

**ਜਲਾਲਾਬਾਦ (ਜੀਤ ਕੁਮਾਰ)**-ਪਿੰਡ ਬਲੇਲ ਕੇ ਹਾਸਿਲ ਵਿਖੇ ਹੋਈ ਲੜਾਈ ਦੇ ਸਬੰਧ ਵਿੱਚ ਥਾਣਾ ਅਮੀਰ ਖਾਸ ਦੀ ਪੁਲਸ ਵੱਲੋਂ 3 ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਪੂਰਨ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਹਰਭਜਨ ਸਿੰਘ ਪੁੱਤਰ ਕਾਲਾ ਸਿੰਘ ਵਾਸੀ ਤੇਜਾ ਰੁਹੇਲਾ (ਥਾਣਾ ਸਦਰ ਫਾਜ਼ਿਲਕਾ) ਦੁਆਰਾ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ ਉਹ ਰਿਸ਼ਤੇਦਾਰੀ ਵਿੱਚ ਘਰੇਲੂ ਝਗੜੇ ਦੇ ਰਾਜ਼ੀਨਾਮਾ ਲਈ ਮਿਤੀ 31-05-2025 ਨੂੰ ਪਿੰਡ ਬਲੇਲ ਕੇ ਹਾਸਿਲ ਇਕੱਠੇ ਹੋਏ ਸੀ, ਜਿੱਥੇ ਕੁਲਵਿੰਦਰ ਕੌਰ ਪੁੱਤਰੀ ਤਾਰਾ ਸਿੰਘ, ਮੰਗਤ ਸਿੰਘ ਪੁੱਤਰ ਤਾਰਾ ਸਿੰਘ ਤੇ ਕੁਲਵੰਤ ਕੌਰ ਪਤਨੀ ਮੰਗਤ ਸਿੰਘ ਵਾਸੀਆਨ ਬਲੇਲ ਕੇ ਹਾਸਲ ਵੱਲੋਂ ਉਸ ਦੀ ਕੁੱਟਮਾਰ ਕਰਕੇ ਸੱਟਾਂ ਮਾਰੀਆਂ, ਜਿਸ 'ਤੇ ਇਲਾਜ ਲਈ ਉਹ ਦਾਖਲ ਹੋਇਆ ਤੇ ਪੁਲਸ ਵੱਲੋਂ ਰਪਟ ਨੰਬਰ 18-05-2025 ਨੂੰ ਦਰਜ ਕੀਤੀ ਗਈ ਸੀ। ਹੁਣ ਥਾਣਾ ਅਮੀਰ ਖਾਸ ਵਿੱਚ ਐਕਸਰੇ ਰਿਪੋਰਟਾਂ ਆਉਣ ਉਪਰੰਤ ਪੁਲਸ ਵੱਲੋਂ ਮੁਦਈ ਹਰਭਜਨ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਕੁਲਵਿੰਦਰ ਕੌਰ, ਮੰਗਤ ਸਿੰਘ ਤੇ ਕੁਲਵੰਤ ਕੌਰ ਦੇ ਵਿਰੁੱਧ ਧਾਰਾ 115(2),117(2),3(5) ਬੀ.ਐਨ.ਐਸ. ਤਹਿਤ ਕੇਸ ਦਰਜ ਕੀਤਾ ਗਿਆ ਹੈ।

### ਕ੍ਰਿਸ਼ਨਾ ਦੇਵੀ ਨਮਿੱਤ ਅੰਤਿਮ ਅਰਦਾਸ ਅੱਜ



**ਬਠਿੰਡਾ (ਰਾਜੀਵ ਗੋਇਲ)**-ਜ਼ਿਲ੍ਹੇ ਦੇ ਕਸਬਾ ਭਗਤਾ ਭਾਈ ਕਾ ਦੇ ਵਸਨੀਕ ਉੱਘੇ ਸਮਾਜਸੇਵੀ ਤੇ ਭਾਜਪਾ ਆਗੂ ਬਬਲੇਸ਼ ਕੁਮਾਰ ਬੌਬੀ ਸਿੰਗਲਾ ਦੇ ਮਾਤਾ ਸ੍ਰੀਮਤੀ ਕ੍ਰਿਸ਼ਨਾ ਦੇਵੀ ਦੀ ਅੰਤਿਮ ਅਰਦਾਸ 26 ਅਗਸਤ ਨੂੰ ਅਗਰਵਾਲ ਧਰਮਸ਼ਾਲਾ ਭਗਤਾ ਭਾਈਕਾ ਵਿਖੇ ਦੁਪਹਿਰ 12 ਵਜੇ ਹੋ ਰਹੀ ਹੈ। ਦੱਸਣਾ ਬਣਦਾ ਹੈ ਕਿ ਪਿਛਲੇ ਦਿਨੀਂ ਸ੍ਰੀਮਤੀ ਕ੍ਰਿਸ਼ਨਾ ਦੇਵੀ ਸੰਖੇਪ ਬਿਮਾਰੀ ਦੇ ਚਲਦਿਆਂ ਇਸ ਸੰਸਾਰ ਨੂੰ ਅਲਵਿਦਾ ਆਖ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ, ਜਿਨ੍ਹਾਂ ਦੀ ਮੌਤ ਨੂੰ ਲੈ ਕੇ ਵੱਖ-ਵੱਖ ਧਾਰਮਿਕ, ਸਿਆਸੀ ਤੇ ਵਪਾਰਕ ਆਗੂਆਂ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

### ਦੁਰਘਟਨਾ 'ਚ ਮੌਤ ਹੋਣ ਦੇ ਸਬੰਧ 'ਚ 2 ਖਿਲਾਫ ਕੇਸ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਬੀਤੇ ਕੱਲ੍ਹ ਜਲਾਲਾਬਾਦ-ਫਾਜ਼ਿਲਕਾ ਰੋਡ 'ਤੇ ਵਾਪਰੇ ਹਾਦਸੇ ਦੇ ਸਬੰਧ ਵਿੱਚ 2 ਵਿਅਕਤੀਆਂ ਵਿਰੁੱਧ ਪਰਚਾ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਲਖਮੀਰ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਸੁਰਜੀਤ ਸਿੰਘ ਪੁੱਤਰ ਮੁਖਤਿਆਰ ਸਿੰਘ ਵਾਸੀ ਪਿੰਡ ਟਿਵਾਣਾ ਕਲਾਂ ਨ ਪੁਲਸ ਕੋਲ ਬਿਆਨ ਕਰਵਾਏ ਹਨ ਕਿ ਉਸ ਦਾ ਭਰਾ ਹਰਮੀਤ ਸਿੰਘ ਉਰਫ ਹਾਥੀ ਨੂੰ ਹੈਪੀ ਮਿੱਡਾ ਵੱਲੋਂ ਐਫ.-ਐੱਫ. ਰੋਡ 'ਤੇ ਸ਼ਿੰਦਰਪਾਲ ਐੱਮ. ਸੀ. ਵਾਲੀ ਗਲੀ ਦੇ ਕੋਲ ਰੋਕ ਕੇ ਸਿਰ ਵਿੱਚ ਰਾਡ ਮਾਰਨ ਦੀ ਕੋਸ਼ਿਸ਼ ਕੀਤੀ ਗਈ, ਜਿਸ 'ਤੇ ਉਹ ਬਚਾਅ ਲਈ ਭੱਜਿਆ ਤੇ ਇਸ ਦੌਰਾਨ ਬੱਸ ਦੀ ਲਪੇਟ ਵਿੱਚ ਆ ਕੇ ਹਾਦਸਾ ਵਾਪਰ ਗਿਆ ਅਤੇ ਹਰਮੀਤ ਸਿੰਘ ਉਰਫ ਹਾਥੀ ਦੀ ਮੌਕੇ 'ਤੇ ਮੌਤ ਹੋ ਗਈ, ਜਿਸ 'ਤੇ ਪੁਲਸ ਵੱਲੋਂ ਮੁਦੱਈ ਸੁਰਜੀਤ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਨੰਬਰ 114 ਮਿਤੀ 24-08-2025 ਨੂੰ ਧਾਰਾ 106,103(1),3(5) ਬੀ.ਐਨ.ਐਸ. ਤਹਿਤ ਹੈਪੀ ਮਿੱਡਾ ਵਾਸੀ ਛਿੰਦਰਪਪਾਲ ਐੱਮ ਸੀ ਵਾਲੀ ਗਲੀ ਜਲਾਲਾਬਾਦ ਤੇ ਅਣਪਛਾਤੇ ਬੱਸ ਡਰਾਇਵਰ ਵਿਰੁੱਧ ਦਰਜ ਕੀਤਾ ਗਿਆ ਹੈ।

### ਭਾਈ ਲੌਂਗੋਵਾਲ ਦੀ ਸਪੁੱਤਰੀ ਦੇ ਦੇਹਾਂਤ 'ਤੇ ਦੁੱਖ ਪ੍ਰਗਟਾਇਆ

**ਲੌਂਗੋਵਾਲ (ਪ੍ਰਦੀਪ ਸੱਪਲ)**-ਸ਼ਹੀਦ ਭਾਈ ਦਿਆਲਾ ਜੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਇੱਕ ਸੋਗ ਮੀਟਿੰਗ ਚੇਅਰਮੈਨ ਮਹਿੰਦਰ ਸਿੰਘ ਦੁੱਲਟ ਤੇ ਪ੍ਰਿੰ. ਨਰਪਿੰਦਰ ਸਿੰਘ ਢਿੱਲੋਂ ਦੀ ਰਹਿਨੁਮਾਈ ਹੇਠ ਹੋਈ, ਜਿਸ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਸਪੁੱਤਰੀ ਬੀਬਾ ਗੁਰਮਨ ਕੌਰ ਦੇ ਦਿਹਾਂਤ ਤੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਇਸ ਮੌਕੇ ਅਮਰ ਸਿੰਘ, ਪ੍ਰਿਤਪਾਲ ਸਿੰਘ, ਸੁਖਜਿੰਦਰ ਸਿੰਘ ਤੇ ਸਮੂਹ ਸਟਾਫ ਨੇ ਵੱਡੇ ਦੁੱਖ ਦਾ ਪ੍ਰਗਟਾਵਾ ਕੀਤਾ।

# ਗੋਲਡੀ ਨੇ ਹੜ੍ਹ ਪ੍ਰਭਾਵਿਤ ਪਿੰਡ ਸੰਤੋਖ ਸਿੰਘ ਵਾਲਾ ਦਾ ਦੌਰਾ ਕਰਕੇ ਪਸ਼ੂਆਂ ਲਈ ਵੰਡੀ ਫੀਡ



**ਮੰਡੀ ਘੁਬਾਇਆ (ਬਲਵਿੰਦਰ ਸਿੰਘ)**-ਵਿਧਾਇਕ ਜਲਾਲਾਬਾਦ ਜਗਦੀਪ ਕੰਬੋਜ ਗੋਲਡੀ ਵੱਲੋਂ ਹਲਕੇ ਦੇ ਹੜ੍ਹ ਪ੍ਰਭਾਵਿਤ ਪਿੰਡ ਸੰਤੋਖ ਸਿੰਘ ਵਾਲਾ ਦਾ ਦੌਰਾ ਕਰਕੇ ਪਿੰਡਾਂ ਵਾਸੀਆਂ ਦਾ ਹਾਲ ਚਾਲ ਜਾਣਿਆ ਤੇ ਮੀਂਹ ਦੇ ਪਾਣੀ ਨਾਲ ਪ੍ਰਭਾਵਿਤ ਹੋਈਆਂ ਫਸਲਾਂ ਦਾ ਵੀ ਜਾਇਜ਼ਾ ਲਿਆ।ਇਸ ਮੌਕੇ ਉਨ੍ਹਾਂ ਪਸ਼ੂਆਂ ਲਈ ਪਿੰਡ ਵਾਸੀਆਂ ਨੂੰ ਫੀਡ ਵੀ ਵੰਡੀ।

ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਇਸ ਕੁਦਰਤ ਦੀ ਕਰੋਪੀ ਦਾ ਡੱਟ ਕੇ ਸਾਹਮਣਾ ਕਰ ਰਹੀ ਹੈ ਤੇ ਉਹ ਇਸ ਮੁਸ਼ਕਲ ਦੀ ਘੜੀ ਵਿੱਚ ਲੋਕਾਂ ਦੇ ਨਾਲ ਹਨ।ਉਨ੍ਹਾਂ ਪਿੰਡ ਵਾਸੀਆਂ ਦੀਆਂ ਮੁਸ਼ਕਲਾਂ ਵੀ ਸੁਣੀਆਂ ਤੇ ਮੁਸ਼ਕਲਾਂ ਦੇ ਹੱਲ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਵੀ ਦਿੱਤੇ।ਉਨ੍ਹਾਂ ਕਿਹਾ ਕਿ ਉਹ ਹਲਕੇ ਦੇ ਲੋਕਾਂ ਦੀ ਮਦਦ ਲਈ ਉਨ੍ਹਾਂ ਦੇ ਨਾਲ ਖੜ੍ਹੇ ਹਨ ਤੇ ਲੋਕ ਕਿਸੇ ਵੇਲੇ ਵੀ ਉਨ੍ਹਾਂ ਨਾਲ ਰਾਬਤਾ ਕਰਕੇ ਮਦਦ ਲੈ ਸਕਦੇ ਹਨ।ਵਿਧਾਇਕ ਜਗਦੀਪ ਕੰਬੋਜ ਨੇ ਕਿਹਾ ਕਿ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਲਈ ਰਾਹਤ ਸਮੱਗਰੀ ਜਾਰੀ ਹੈ, ਜਿਹੜੇ ਪਿੰਡ ਪਾਣੀ ਦੀ ਪੂਰੀ ਤਰ੍ਹਾਂ ਮਾਰ ਹੇਠਾਂ ਆ ਗਏ ਹਨ, ਉਨ੍ਹਾਂ ਨੂੰ ਰਾਹਤ ਕੈਂਪਾਂ ਵਿੱਚ ਵੀ ਭੇਜਿਆ ਗਿਆ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੀ ਟੀਮਾਂ ਲੋਕਾਂ ਦੀ ਮਦਦ ਲਈ ਤਾਇਨਾਤ ਹਨ ਤੇ ਲੋਕਾਂ ਦੀ ਮਦਦ ਲਈ ਕੰਟਰੋਲ ਰੂਮ ਨੰਬਰ ਵੀ ਚਲਾਇਆ ਗਿਆ ਹੈ ਤੇ ਲੋਕ ਕਿਸੇ ਵੀ ਅਪਾਤ ਸਥਿਤੀ ਵਿੱਚ ਕੰਟਰੋਲ ਰੂਮ ਨੰਬਰ 01638-262153 'ਤੇ ਸੰਪਰਕ ਕਰ ਸਕਦੇ ਹਨ।ਉਨ੍ਹਾਂ ਹਲਕੇ ਦੀਆਂ ਸਮਾਜ ਸੇਵੀ ਸੰਸਥਾਵਾਂ ਨੂੰ ਇਸ ਮੁਸ਼ਕਲ ਦੀ ਘੜੀ ਵਿੱਚ ਅੱਗੇ ਆ ਕੇ ਲੋਕਾਂ ਤੇ ਸਰਕਾਰ ਦਾ ਸਾਥ ਦੇਣ ਦੀ ਅਪੀਲ ਵੀ ਕੀਤੀ।

# ਸਰਕਾਰੀ ਆਈ ਟੀ ਆਈਜ਼ ਠੇਕਾ ਯੂਨੀਅਨ ਵੱਲੋਂ ਤਿੱਖੇ ਸੰਘਰਸ਼ ਦਾ ਐਲਾਨ

**ਚੌਕੀਮਾਨ (ਇੰਜ ਬਲਬੀਰ ਸਿੰਘ ਮਾਨ)**

ਸੂਬਾ ਕਮੇਟੀ ਮੈਂਬਰਾਂ ਦੀ ਮੀਟਿੰਗ ਹੋਈ, ਜਿਸ ਵਿੱਚ ਸੂਬਾ ਕਮੇਟੀ ਮੈਂਬਰ ਸਹਿਬਾਨਾਂ ਨੇ ਸਰਬਸੰਮਤੀ ਨਾਲ ਇਹ ਫੈਸਲਾ ਕੀਤਾ ਕਿ ਸਰਕਾਰੀ ਆਈ ਟੀ ਆਈਜ ਠੇਕਾ ਮੁਲਾਜ਼ਮ ਯੂਨੀਅਨ ਪੰਜਾਬ ਦੇ ਬੈਨਰ ਹੇਠ ਆਮ ਆਦਮੀ ਪਾਰਟੀ ਪ੍ਰਧਾਨ, ਕੱਚਿਆਂ ਨੂੰ ਪੱਕਾ ਕਰਨ ਲਈ ਬਣਾਈ ਸਬ ਕਮੇਟੀ ਦੇ ਮੈਂਬਰ ਤੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਦੇ ਹਲਕੇ ਸੁਨਾਮ ਵਿਖੇ 07-09-25 ਨੂੰ ਧਰਨਾ ਦਿੱਤਾ ਜਾਵੇਗਾ, ਜਿਸ ਵਿੱਚ ਉਹਨਾਂ ਦੀ ਕੋਠੀ ਦਾ ਘਿਰਾਓ ਕੀਤਾ ਜਾਵੇਗਾ।ਸੂਬਾ ਕਮੇਟੀ ਮੈਂਬਰਾਂ ਨੇ ਦੱਸਿਆ ਕਿ ਅਸੀਂ ਪਿਛਲੇ 15-16 ਸਾਲਾਂ ਤੋਂ ਪੰਜਾਬ ਦੀਆਂ ਸਰਕਾਰੀ ਆਈ ਟੀ ਆਈਆਂ ਵਿੱਚ ਗਰੁੱਪ ਬੀ ਕਰਾਫਟ ਇੰਸਟਰਕਟਰ ਵਜੋਂ ਬਿਨਾਂ ਕਿਸੇ ਸਰਕਾਰੀ ਸਹੂਲਤਾਂ ਤੋਂ ਠੇਕੇ ਉੱਪਰ ਸਿਰਫ਼ 15000 ਪ੍ਰਤੀ ਮਹੀਨਾ ਉੱਪਰ ਆਪਣਾ ਸੋਸ਼ਣ ਕਰਾ ਰਹੇ ਹਾਂ।ਸਾਡੀ ਭਰਤੀ ਵਿਭਾਗ ਵੱਲੋਂ ਸਮੇਂ ਸਮੇਂ ਉੱਪਰ ਜਾਰੀ ਹਦਾਇਤਾਂ ਰਾਹੀਂ ਪਾਰਦਰਸ਼ੀ ਢੰਗ ਨਾਲ ਅਖ਼ਬਾਰਾਂ ਵਿੱਚ ਇਸ਼ਤਿਹਾਰ ਦੇ ਕੇ ਰੁਜ਼ਗਾਰ ਦਫ਼ਤਰਾਂ ਰਾਹੀਂ ਕੀਤੀ ਗਈ ਹੈ।

ਅਸੀਂ ਡੀ ਜੀ ਟੀ ਭਾਰਤ ਸਰਕਾਰ ਵੱਲੋਂ ਮੰਗੀਆਂ ਜਾਂਦੀਆਂ ਸਾਰੀਆਂ ਵਿੱਦਿਅਕ ਯੋਗਤਾਵਾਂ ਪੂਰੀਆਂ ਕਰਦੇ ਹਾਂ, ਪ੍ਰੰਤੂ ਫਿਰ ਵੀ ਸਾਡੇ ਨਾਲ ਪੰਜਾਬ ਸਰਕਾਰ ਸ਼ਰੇਆਮ ਧੱਕਾ ਕਰ ਰਹੀ ਹੈ।ਅਸੀਂ ਆਮ ਆਦਮੀ ਪਾਰਟੀ ਦੀ ਸਰਕਾਰ ਲਿਆਉਣ ਲਈ ਬਹੁਤ ਮਿਹਨਤ ਕੀਤੀ ਸੀ ਕਿ ਸ਼ਾਇਦ ਇਹ ਪਾਰਟੀ ਸਾਡੀਆਂ ਮੰਗਾਂ ਪੂਰੀਆਂ ਕਰੇਗੀ, ਪ੍ਰੰਤੂ ਇਹ ਸਰਕਾਰ ਵੀ ਪਹਿਲੀਆਂ ਸਰਕਾਰਾਂ ਵਾਂਗ ਹੀ ਲਾਰੇਬਾਜ਼ ਹੀ ਨਿਕਲੀ।ਅਸੀਂ ਇਸ ਸਰਕਾਰ ਵਿੱਚ ਪਿਛਲੇ 3 ਸਾਲਾਂ ਤੋਂ ਕੋਸ਼ਿਸ਼ ਕਰ ਰਹੇ ਹਾਂ ਕਿ ਗੱਲਬਾਤ ਰਾਹੀਂ ਕੋਈ ਹੱਲ ਨਿਕਲੇ ਇਸੇ ਦੇ ਚੱਲਦਿਆਂ ਬਹੁਤ ਵਾਰ ਤਕਨੀਕੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ, ਵਿੱਤ ਮੰਤਰੀ ਹਰਪਾਲ ਚੀਮਾ, ਕੈਬਨਿਟ ਮੰਤਰੀ ਅਮਨ ਅਰੋੜਾ ਤੇ ਹੋਰ ਕੈਬਨਿਟ ਮੰਤਰੀਆਂ ਨੂੰ ਮਿਲ ਚੁੱਕੇ ਹਾਂ ਪ੍ਰੰਤੂ ਇਨ੍ਹਾਂ ਵਿੱਚੋਂ ਕਿਸੇ ਨੇ ਵੀ ਸਾਡੀ ਗੱਲ ਉੱਪਰ ਗੌਰ ਨਹੀਂ ਕੀਤੀ।ਇਸ ਤੋਂ ਇਲਾਵਾ ਆਮ ਲੋਕਾਂ ਦੇ ਮੁੱਖ ਮੰਤਰੀ ਕਹਾਉਣ ਵਾਲੇ ਭਗਵੰਤ ਮਾਨ ਦੀ ਸਰਕਾਰੀ ਕੋਠੀ ਦੇ 50-60 ਚੱਕਰ ਲਾ ਚੁੱਕੇ ਹਾਂ, ਪ੍ਰੰਤੂ ਉਨ੍ਹਾਂ ਵੱਲੋਂ ਅੱਜ ਤੱਕ ਇੱਕ ਮਿੰਟ ਦਾ ਵੀ ਸਮਾਂ ਨਹੀਂ ਦਿੱਤਾ ਗਿਆ।ਹੁਣ ਜਥੇਬੰਦੀ ਨੇ ਮਜਬੂਰ ਹੋ ਕੇ ਪੰਜਾਬ ਸਰਕਾਰ ਵਿਰੁੱਧ ਖੁੱਲ੍ਹ ਕੇ ਸੰਘਰਸ਼ ਕਰਨ ਦਾ ਐਲਾਨ ਕੀਤਾ ਹੈ।ਇਸੇ ਦੇ ਚੱਲਦਿਆਂ ਸੰਘਰਸ਼ ਦੀ ਸ਼ੁਰੂਆਤ ਪਾਰਟੀ ਪ੍ਰਧਾਨ ਅਮਨ ਅਰੋੜਾ ਦੇ ਹਲਕੇ ਤੋਂ 07-09-25 ਨੂੰ ਧਰਨਾ ਦੇ ਕੇ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਉਨ੍ਹਾਂ ਦੀਆਂ ਮੰਗਾਂ ਕਰਾਫਟ ਇੰਸਟਰਕਟਰਾਂ ਨੂੰ ਵਿਭਾਗ ਅਧੀਨ ਲੈ ਕੇ ਮੁੱਢਲੀ ਤਨਖਾਹ 35400 ਰੁਪਏ ਕਰਕੇ 3% ਸਾਲਾਨਾ ਤਰੱਕੀ ਨਾਲ ਸੇਵਾ ਕਰਨ ਦੀ ਉਮਰ 58 ਯਕੀਨੀ ਬਣਾਈ ਜਾਵੇ।ਜੇਕਰ ਸਰਕਾਰ ਇਨ੍ਹਾਂ ਮੰਗਾਂ ਵੱਲ ਧਿਆਨ ਨਹੀਂ ਦੇਵੇਗੀ ਤਾਂ ਆਉਣ ਵਾਲੇ ਦਿਨਾਂ ਵਿੱਚ ਬਾਕੀ ਕੈਬਨਿਟ ਮੰਤਰੀਆਂ ਦੀ ਕੋਠੀ ਦਾ ਘਿਰਾਓ ਕੀਤਾ ਜਾਵੇਗਾ ਤੇ ਮੁੱਖ ਮੰਤਰੀ ਦੀ ਕੋਠੀ ਦਾ ਘਿਰਾਓ ਵੀ ਕੀਤਾ ਜਾਵੇਗਾ।

# ਲਗਾਤਾਰ ਹੋ ਰਹੀ ਬਾਰਸ਼ ਕਾਰਨ ਘਰਾਂ ਤੇ ਦੁਕਾਨਾਂ 'ਚ ਵੜਿਆ ਪਾਣੀ



**ਬੁਢਲਾਡਾ (ਅਸ਼ੋਕ ਲਾਕੜਾ)**-ਮਾਨਸਾ ਜ਼ਿਲ੍ਹੇ ਵਿੱਚ ਪੈਣ ਵਾਲੀ ਬਰਸਾਤ ਦੇ ਚਲਦਿਆਂ ਥਾਂ ਥਾਂ 'ਤੇ ਪਾਣੀ ਖੜ੍ਹਾ ਹੋ ਗਿਆ ਹੈ, ਜਿਸ ਕਾਰਨ ਆਮ ਜਨ ਜੀਵਨ 'ਤੇ ਅਸਰ ਪਿਆ ਹੈ, ਸ਼ਹਿਰ ਵਿਚ ਬਰਸਾਤ ਦਾ ਪਾਣੀ ਇਕੱਠਾ ਹੋਣ ਨਾਲ ਲੋਕਾਂ ਨੂੰ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਸ ਮੌਕੇ ਲੋਕਾਂ ਕਿਹਾ ਕਿ ਬਰਸਾਤ ਲਗਾਤਾਰ ਚੱਲ ਰਹੀ ਹੈ।ਬੁਢਲਾਡਾ ਦੇ ਰੇਲਵੇ ਰੋਡ, ਗਾਂਧੀ ਬਾਜ਼ਾਰ, ਗੋਲ ਚੱਕਰ, ਚੌੜੀ ਗਲ਼ੀ, ਧੋਬੀ ਵਾਲੀ ਗਲ਼ੀ ਆਦਿ ਚਾਰੇ ਪਾਸੇ ਪਾਣੀ ਹੀ ਪਾਣੀ ਹੈ ਤੇ ਸਾਰੇ ਬਜ਼ਾਰ ਜਲ ਥਲ ਹੋ ਚੁੱਕੇ ਹਨ, ਜਿਸ ਨਾਲ ਇਲਾਕੇ ਦੀ ਸੀਵਰੇਜ ਸਿਸਟਮ ਤੇ ਹੋਰ ਪ੍ਰਬੰਧਾਂ ਦੀ ਵੀ ਪੋਲ ਖੁੱਲ੍ਹ ਗਈ ਹੈ। ਵਰਣਨਯੋਗ ਗੱਲ ਇਹ ਹੈ ਕਿ ਬਰਸਾਤ ਦਾ ਪਾਣੀ ਇਲਾਕੇ ਦੀ ਹਰ ਗਲੀ ਮੁਹੱਲੇ ਵਿੱਚ ਖੜ ਗਿਆ ਹੈ ਤੇ ਜਿਸ ਨਾਲ ਇਲਾਕਾ ਨਿਵਾਸੀਆਂ ਨੂੰ ਆਵਾਜਾਈ ਵਿੱਚ ਭਾਰੀ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤੇ ਕਾਰੋਬਾਰ ਵੀ ਠੱਪ ਹੋਏ ਹਨ।

### ਹੜ੍ਹ ਪ੍ਰਭਾਵਤ ਪਿੰਡਾਂ 'ਚ ਸੈਨੀਟੇਸ਼ਨ ਵਿਭਾਗ ਦੀਆਂ ਟੀਮਾਂ ਤਾਇਨਾਤ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਹੜ੍ਹ ਪ੍ਰਭਾਵਤ ਲੋਕਾਂ ਨੂੰ ਹਰ ਪ੍ਰਕਾਰ ਦੀ ਮਦਦ ਤੇਜੀ ਨਾਲ ਮੁਹੱਈਆ ਕਰਾਉਣ ਦੇ ਨਿਰਦੇਸ਼ਾਂ ਅਨੁਸਾਰ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਦੇ ਹੁਕਮਾਂ ਅਨੁਸਾਰ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੀਆਂ ਟੀਮਾਂ ਹੜ੍ਹ ਪ੍ਰਭਾਵਤ ਪਿੰਡਾਂ ਵਿਚ ਤਾਇਨਾਤ ਕੀਤੀਆਂ ਗਈਆਂ ਹਨ।ਵਿਭਾਗ ਦੇ ਕਾਰਜਕਾਰੀ ਇੰਜਨੀਅਰ ਚਮਕ ਸਿੰਗਲਾ ਨੇ ਦੱਸਿਆ ਕਿ ਪਿੰਡਾਂ ਵਿੱਚ ਆਰਓ ਸਿਸਟਮ ਕੰਮ ਕਰ ਰਹੇ ਹਨ ਤੇ ਵਿਭਾਗ ਵੱਲੋਂ ਲੋਕਾਂ ਦੇ ਘਰਾਂ ਵਿੱਚ ਜਾ ਕੇ ਆਉਣ ਵਾਲੇ ਪੀਣ ਦੇ ਪਾਣੀ ਦੇ ਨਮੂਨੇ ਲੈ ਕੇ ਆਪਣੀ ਲੈਬ ਵਿਚ ਜਾਂਚ ਕੀਤੇ ਜਾ ਰਹੇ ਹਨ।ਇਸ ਤੋਂ ਬਿਨਾਂ ਢਾਣੀਆਂ ਤੇ ਪਿੰਡਾਂ ਵਿੱਚ ਜਿੱਥੇ ਪੀਣ ਦੇ ਪਾਣੀ ਦੀ ਉਪਲਬੱਧਤਾ ਦੀ ਘਾਟ ਸੀ, ਉਥੇ ਟੈਂਕਰਾਂ ਨਾਲ ਪੀਣ ਦਾ ਪਾਣੀ ਭੇਜਿਆ ਜਾ ਰਿਹਾ ਹੈ।ਪਸ਼ੂਆਂ ਲਈ ਵੀ ਟੈਂਕਰਾਂ ਨਾਲ ਪਾਣੀ ਭੇਜਿਆ ਜਾ ਰਿਹਾ ਹੈ।

# ਅਗਲੇ ਦੋ ਦਿਨ ਬਰਸਾਤ ਦੀ ਪੇਸ਼ੀਨਗੋਈ ਦੇ ਮੱਦੇਨਜ਼ਰ ਲੋਕ ਸਾਵਧਾਨੀ ਵਰਤਣ : ਡੀ ਸੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਅਗਲੇ ਦੋ ਦਿਨ ਬਰਸਾਤ ਦੀ ਪੇਸ਼ਨਗੋਈ ਦੇ ਮੱਦੇਨਜ਼ਰ ਜ਼ਿਲ੍ਹੇ ਦੇ ਵਸਨੀਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਹਿਤਿਹਾਤ ਵਰਤਣ।ਉਨ੍ਹਾਂ ਕਿਹਾ ਕਿ ਬਰਸਾਤ ਦੇ ਮੱਦੇਨਜ਼ਰ ਲੋਕ ਨਦੀਆਂ, ਟੋਭਿਆਂ ਤੇ ਬੰਨ੍ਹਾਂ ਤੋਂ ਦੂਰ ਰਹਿਣ ਖਾਸ ਤੌਰ 'ਤੇ ਬੱਚਿਆਂ ਨੂੰ ਟੋਭਿਆਂ ਆਦਿ ਤੋਂ ਦੂਰ ਰੱਖਿਆ ਜਾਵੇ।ਇਸ ਸਬੰਧੀ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਜ਼ਿਲ੍ਹੇ ਦੇ ਸਮੂਹ ਐੱਸ.ਡੀ.ਐਮਜ਼ ਤੇ ਨਗਰ ਨਿਗਮ ਦੇ ਅਧਿਕਾਰੀਆਂ ਨਾਲ ਆਨਲਾਈਨ ਮੀਟਿੰਗ ਕਰਦਿਆਂ ਕਿਹਾ ਕਿ ਅਗਲੇ ਦੋ ਦਿਨਾਂ ਬਰਸਾਤ ਦੀ ਹੋਈ ਪੇਸ਼ਨਗੋਈ ਦੇ ਮੱਦੇਨਜ਼ਰ ਆਪਣੇ ਅਧੀਨ ਪੈਂਦੇ ਖੇਤਰ ਅੰਦਰ ਖਾਸ ਚੌਕਸੀ ਰੱਖੀ ਜਾਵੇ ਤੇ ਨੀਵੇਂ ਖੇਤਰਾਂ ਵਿੱਚ ਬਰਸਾਤੀ ਪਾਣੀ ਖੜ੍ਹੇ ਹੋਣ ਦੀ ਸੂਰਤ ਵਿੱਚ ਇਸ ਦੀ ਨਿਕਾਸੀ ਦੇ ਪ੍ਰਬੰਧ ਕੀਤੇ ਜਾਣ ਇਸ ਮੌਕੇ ਏ.ਡੀ.ਸੀ. ਨਵਰੀਤ ਕੌਰ ਸੇਖੋਂ ਤੇ ਜ਼ਿਲ੍ਹਾ ਮਾਲ ਅਫ਼ਸਰ ਨਵਦੀਪ ਸਿੰਘ ਮੌਜੂਦ ਸਨ।ਡਾ. ਪ੍ਰੀਤੀ ਯਾਦਵ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਇਹ ਸਲਾਹਕਾਰੀ ਬਰਸਾਤ ਦੇ ਮੌਸਮ ਵਿੱਚ ਲੋਕਾਂ ਨੂੰ ਚੌਕਸ ਰਹਿਣ ਲਈ ਹੈ, ਤਾਂ ਜੋ ਕਿਸੇ ਵੀ ਤਰ੍ਹਾਂ ਦੀ ਕੋਈ ਅਣਸੁਖਾਵੀਂ ਘਟਨਾ ਨਾ ਵਾਪਰੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸਾਸ਼ਨ ਪੂਰੀ ਤਰ੍ਹਾਂ ਚੌਕਸ ਹੈ ਅਤੇ ਲੋਕਾਂ ਦੀ ਸਹੂਲਤ ਲਈ 24 ਘੰਟੇ ਕਾਰਜਸ਼ੀਲ ਹੈ।

# ਵੱਡੀ ਵਾਰਦਾਤ ਨੂੰ ਨਾਕਾਮ ਕਰਦਿਆਂ ਪੁਲਸ ਵੱਲੋਂ ਗਰੋਹ ਦੇ 4 ਮੈਂਬਰ ਅਸਲੇ ਸਮੇਤ ਕਾਬੂ



**ਫਰੀਦਕੋਟ (ਪੱਤਰ ਪ੍ਰੇਰਕ)**-ਡਾ. ਪ੍ਰਗਿਆ ਜੈਨ ਐਸ.ਐਸ.ਪੀ. ਫਰੀਦਕੋਟ ਦੀ ਅਗਵਾਈ ਹੇਠ ਫਰੀਦਕੋਟ ਨੂੰ ਇੱਕ ਸੁਰੱਖਿਅਤ ਜ਼ਿਲ੍ਹਾ ਬਣਾਈ ਰੱਖਣ ਦੇ ਮਕਸਦ ਨਾਲ ਮਾੜੇ ਅਨਸਰਾਂ ਖਿਲਾਫ ਇੱਕ ਸਖਤ ਤੇ ਨਿਰਨਾਇਕ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ।

ਇਸੇ ਤਹਿਤ ਇੱਕ ਹੋਰ ਸਫਲਤਾ ਹਾਸਲ ਕਰਦਿਆਂ ਫਰੀਦਕੋਟ ਪੁਲਸ ਵੱਲੋਂ ਇੱਕ ਗਰੋਹ ਵਿੱਚ ਸ਼ਾਮਲ 4 ਦੋਸ਼ੀਆਂ ਨੂੰ ਕਿਸੇ ਵੱਡੀ ਵਾਰਦਾਤ ਨੂੰ ਅੰਜਾਮ ਦੇਣ ਤੋਂ ਪਹਿਲਾਂ ਹੀ ਕਾਬੂ ਕੀਤਾ ਗਿਆ ਹੈ।ਇਹ ਜਾਣਕਾਰੀ ਸੰਦੀਪ ਕੁਮਾਰ ਐੱਸ ਪੀ (ਇੰਨਵੈਸਟੀਗੇਸ਼ਨ) ਫਰੀਦਕੋਟ ਵੱਲੋਂ ਪ੍ਰੈੱਸ ਕਾਨਫਰੰਸ ਦੌਰਾਨ ਦਿੱਤੀ ਗਈ।ਗ੍ਰਿਫਤਾਰ ਦੋਸ਼ੀਆਂ ਦੀ ਪਹਿਚਾਣ ਮਨਪ੍ਰੀਤ ਸਿੰਘ ਉਰਫ ਮਨੀ, ਸਰਬਜੀਤ ਸਿੰਘ ਉਰਫ ਬੱਬਲੂ, ਸਾਵਨ ਸਿੰਘ ਤੇ ਰਾਮੂ ਵਜੋ ਹੋਈ ਹੈ।ਇਹ ਸਾਰੇ ਦੋਸ਼ੀ ਫਰੀਦਕੋਟ ਸ਼ਹਿਰ ਨਾਲ ਸਬੰਧਤ ਹਨ।ਪੁਲਸ ਪਾਰਟੀ ਵੱਲੋਂ ਦੋਸ਼ੀਆ ਪਾਸੋਂ 01 ਦੇਸੀ ਪਿਸਟਲ, 02 ਜਿੰਦਾ ਕਾਰਤੂਸ, 01 ਖੰਡਾ, 01 ਕਾਪਾ ਤੇ 01 ਕ੍ਰਿਪਾਨ ਬਰਾਮਦ ਕੀਤੀ ਗਈ ਹੈ।

ਕਾਰਵਾਈ ਦੇ ਵੇਰਵੇ ਸਾਂਝੇ ਕਰਦਿਆਂ ਉਨ੍ਹਾ ਦੱਸਿਆ ਕਿ ਇੰਸਪੈਕਟਰ ਗੁਰਵਿੰਦਰ ਸਿੰਘ ਮੁੱਖ ਅਫਸਰ ਥਾਣਾ ਸਿਟੀ ਫਰੀਦਕੋਟ ਦੀ ਨਿਗਰਾਨੀ ਹੇਠ ਸ:ਥ ਇਕਬਾਲ ਚੰਦ ਪੁਲਸ ਪਾਰਟੀ ਸਮੇਤ ਗਸ਼ਤ ਕਰ ਰਹੇ ਸੀ ਤਾਂ ਉਨ੍ਹਾਂ ਨੂੰ ਇਤਲਾਹ ਮਿਲੀ ਉਪਰੋਕਤ ਦੋਸ਼ੀ ਤਲਵੰਡੀ ਫਾਟਕ ਦੇ ਥੱਲੇ ਬਣੇ ਅੰਡਰ ਬ੍ਰਿਜ ਹੇਠ ਬੈਠ ਕੇ ਕਿਸ ਵੱਡੀ ਵਾਰਦਾਤ ਨੂੰ ਅੰਜਾਮ ਦੇਣ ਦੀ ਤਾਕ ਵਿੱਚ ਹਨ।ਜਿਸ 'ਤੇ ਉਨ੍ਹਾ ਵੱਲੋਂ ਪੁਲਸ ਪਾਰਟੀ ਸਮੇਤ ਤੁਰੰਤ ਕਾਰਵਾਈ ਕਰਦੇ ਹੋਏ ਮੌਕੇ 'ਤੇ ਪਹੁੰਚ ਕੇ ਸਾਰੇ ਦੋਸ਼ੀਆਂ ਨੂੰ 01 ਦੇਸੀ ਪਿਸਟਲ, 02 ਕਾਰਤੂਸ, 01 ਖੰਡਾ, 01 ਕਾਪਾ ਅਤੇ 01 ਕ੍ਰਿਪਾਨ ਸਮੇਤ ਕਾਬੂ ਕੀਤਾ ਗਿਆ ਹੈ। ਇਸ ਸਬੰਧੀ ਥਾਣਾ ਸਿਟੀ ਫਰੀਦਕੋਟ ਵਿਖੇ ਮਕੱਦਮਾ ਨੰਬਰ 365 ਮਿਤੀ 24.08.2025 ਅਧੀਨ ਧਾਰਾ 111(2) ਬੀ.ਐਨ.ਐਸ 25/54/59 ਅਸਲਾ ਐਕਟ ਦਰਜ ਰਜਿਸਟਰ ਕੀਤਾ ਗਿਆ ਹੈ। ਉਹਨਾ ਦੱਸਿਆ ਕਿ ਇਹਨਾ ਦੋਸ਼ੀਆ ਨੂੰ ਗ੍ਰਿਫਤਾਰ ਕਰਨ ਨਾਲ ਫਰੀਦਕੋਟ ਪੁਲਸ ਵੱਲੋ ਕਿਸੇ ਵੱਡੀ ਵਾਰਦਾਤ ਨੂੰ ਰੋਕਣ ਵਿੱਚ ਸਫਲਤਾ ਹਾਸਲ ਕੀਤੀ ਹੈ।ਉਨ੍ਹਾ ਕਿਹਾ ਕਿ ਗ੍ਰਿਫਤਾਰ ਦੋਸ਼ੀਆਂ ਖਿਲਾਫ ਪਹਿਲਾਂ ਵੀ ਨਸ਼ੇ ਦੀ ਤਸਕਰੀ ਤੇ ਚੋਰੀ ਦੀਆਂ ਧਾਰਾਵਾ ਤਹਿਤ 6 ਮੁਕੱਦਮੇ ਦਰਜ ਰਜਿਸਟਰ ਹਨ।

ਉਕਤ ਮੁਕੱਦਮੇ ਵਿੱਚ ਗ੍ਰਿਫਤਾਰ ਦੋਸ਼ੀਆਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ।ਰਿਮਾਂਡ ਹਾਸਲ ਕਰਨ ਉਪਰੰਤ ਦੋਸ਼ੀਆਂ ਪਾਸੋਂ ਹੋਰ ਪੁੱਛਗਿੱਛ ਕੀਤੀ ਜਾਵੇਗੀ।

# ਸੜਕ ਦੁਰਘਟਨਾ 'ਚ ਇੱਕ ਮੌਤ, ਤਿੰਨ ਗੰਭੀਰ ਜ਼ਖ਼ਮੀ

**ਚੌਕੀਮਾਨ (ਇੰਜ. ਬਲਬੀਰ ਸਿੰਘ ਮਾਨ)**-ਬੀਤੇ ਕੱਲ੍ਹ ਪਿੰਡ ਸਵੱਦੀ ਕਲਾਂ ਦੇ ਨਜ਼ਦੀਕ ਇੱਕ ਕਵਾੜ ਨਾਲ ਭਰੇ ਟੈਂਪੂ 407 ਤੇ ਇੱਕ ਮੋਟਰਸਾਈਕਲ ਦੀ ਆਪਸੀ ਭਿਆਨਕ ਟੱਕਰ ਦੌਰਾਨ ਮੋਟਰਸਾਈਕਲ ਸਵਾਰ ਸਾਹਿਲ ਕੁਮਾਰ ਸਪੁੱਤਰ ਰਾਜ ਕੁਮਾਰ, ਸਾਜਨ ਕੁਮਾਰ ਸਪੁੱਤਰ ਰਾਜ ਕੁਮਾਰ, ਪਵਨ ਸਿੰਘ ਸਪੁੱਤਰ ਰਣਜੋਧ ਸਿੰਘ ਤੇ ਗੁਰਮੁੱਖ ਸਿੰਘ ਗੋਮਾ ਸਪੁੱਤਰ ਮਿਸਤਰੀ ਲਖਵੀਰ ਸਿੰਘ ਸਾਰੇ ਚੌਕੀਮਾਨ ਵਸਨੀਕ ਕ੍ਰਿਕਟ ਖਿਡਾਰੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਲੁਧਿਆਣਾ ਹਸਪਤਾਲ ਵਿਖੇ ਇਲਾਜ ਲਈ ਦਾਖਲ ਕਰਵਾਇਆ ਗਿਆ, ਜਿੱਥੇ ਨੌਜੁਆਨ ਸਾਹਿਲ ਕੁਮਾਰ ਜ਼ਖਮਾਂ ਦੀ ਤਾਬ ਨਾ ਝੱਲਦਾ ਹੋਇਆ ਦਮ ਤੋੜ ਗਿਆ।ਸਾਹਿਲ ਕੁਮਾਰ ਦਾ ਅੰਤਿਮ ਸੰਸਕਾਰ ਅੱਜ ਪੱਤੀ ਮਾਨ, ਪਿੰਡ ਚੌਕੀਮਾਨ ਵਿਖੇ ਕਰ ਦਿੱਤਾ ਗਿਆ, ਜਿੱਥੇ ਰਿਸ਼ਤੇਦਾਰ, ਦੋਸਤਾਂ ਮਿੱਤਰਾਂ, ਪਿੰਡ ਦੇ ਸਰਪੰਚ, ਗ੍ਰਾਮ ਪੰਚਾਇਤ, ਸਮੂਹ ਸੰਸਥਾਵਾਂ ਇਲਾਕੇ ਦੇ ਪਤਵੰਤੇ ਸੱਜਣਾਂ ਨੇ ਨਮ ਅੱਖਾਂ ਨਾਲ ਵਿਛੜੀ ਰੂਹ ਨੂੰ ਅੰਤਿਮ ਵਿਦਾਇਗੀ ਦਿੱਤੀ।ਇਸ ਮੌਕੇ ਪਿੰਡ ਦੇ ਹਰ ਘਰ ਪਰਵਾਰ ਨੇ ਪਰਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦਿਆਂ ਦੁੱਖ ਸਾਂਝਾ ਕਰਕੇ ਦੁੱਖ ਸਾਂਝਾ ਕੀਤਾ।

# ਕੇ ਕੇ ਯੂ ਦੇ ਆਗੂਆਂ ਨੇ ਸਰਹੱਦੀ ਖੇਤਰ ਦੇ ਹੜ੍ਹ ਪੀੜਤਾਂ ਦੀ ਲਈ ਸਾਰ



**ਫ਼ਾਜ਼ਿਲਕਾ (ਪਰਮਜੀਤ ਢਾਬਾਂ)**

ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਫਾਜ਼ਿਲਕਾ ਦੇ ਪ੍ਰਧਾਨ ਸੁਖਚੈਨ ਸਿੰਘ, ਸਕੱਤਰ ਮਨਦੀਪ ਸਿੰਘ, ਔਰਤ ਵਿੰਗ ਦੀ ਜ਼ਿਲ੍ਹਾ ਕਨਵੀਨਰ ਰਾਜ ਕੌਰ, ਬਲਾਕ ਪ੍ਰਧਾਨ ਹਰਮੀਤ ਸਿੰਘ ਤੇ ਬਲਾਕ ਮੀਤ ਪ੍ਰਧਾਨ ਜਸਕਰਨ ਸਿੰਘ ਨੇ ਸਰਹੱਦੀ ਖੇਤਰ ਦੇ ਪਿੰਡ ਮੁਹਾਰ ਜਮਸ਼ੇਦ, ਮੁਹਾਰ ਸੋਨਾ ਤੇ ਮੁਹਾਰ ਭਵਾਨੀ ਦੇ ਹੜ੍ਹਾਂ ਦੀ ਮਾਰ ਝੱਲ ਰਹੇ ਲੋਕਾਂ ਦਾ ਜਾਣਿਆ ਹਾਲ ਤੇ ਸਰਕਾਰ ਤੋਂ ਮੁਆਵਜ਼ਾ ਨੀਤੀ ਦਰੁਸਤ ਕਰਕੇ ਲਾਗੂ ਕਰਨ ਦੀ ਕੀਤੀ ਮੰਗ। ਇਸ ਮੌਕੇ ਜਾਣਕਾਰੀ ਦਿੰਦਿਆਂ ਆਗੂਆਂ ਨੇ ਕਿਹਾ ਕਿ ਸਰਹੱਦੀ ਖੇਤਰ ਦੇ ਲੋਕਾਂ ਨੂੰ ਅਨੇਕਾਂ ਮਾਰਾਂ ਪੈਂਦੀਆਂ ਨੇ ਕਦੇ ਜੰਗ ਦੀ ਮਾਰ ਤੇ ਕਦੇ ਹੜ੍ਹਾਂ ਦੀ ਮਾਰ ਝੱਲਣੀ ਪੈਂਦੀ ਹੈ, ਸਰਕਾਰਾਂ ਦੀ ਬੇਰੁਖੀ ਦਾ ਸ਼ਿਕਾਰ ਇਨ੍ਹਾਂ ਲੋਕਾਂ ਦਾ ਜਨ ਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਹੈ। ਸਰਕਾਰ ਵੱਲੋਂ ਕੀਤੇ ਦਾਅਵੇ ਫੋਕੇ ਸਾਬਿਤ ਹੋ ਰਹੇ ਨੇ, ਸਰਕਾਰ ਦੀ ਮੁਆਵਜ਼ਾ ਨੀਤੀ ਜੇਕਰ ਨੁਕਸਾਨ 33% ਹੈ ਤਾਂ ਸਰਕਾਰ ਨੁਕਸਾਨ ਹੀ ਨਹੀਂ ਮੰਨਦੀ, ਕੁਝ ਜੇਕਰ 75% ਨੁਕਸਾਨ ਹੈ ਤਾਂ 6700 ਜੇਕਰ 100% ਹੈ ਤਾਂ 15000 ਮੁਆਵਜ਼ਾ ਦਿੱਤਾ ਜਾਂਦਾ ਹੈ, ਜੋ ਕਿ ਕਿਸਾਨਾਂ ਨਾਲ ਇੱਕ ਕੋਝਾ ਮਜ਼ਾਕ ਹੈ ਕਿਉਂਕਿ ਫਸਲਾ ਦਾ ਲਾਗਤ ਖਰਚਾ ਹੀ ਮੁਆਵਜ਼ਾ ਰਾਸ਼ੀ ਤੋਂ ਚੌਗਣਾ ਆਉਂਦਾ ਹੈ, 5000 ਤਾਂ ਝੋਨੇ ਦੀ ਲਵਾਈ ਹੀ ਹੈ। ਸਰਕਾਰ ਨੂੰ ਪੁਰਾਣੀ ਮੁਆਵਜ਼ਾ ਨੀਤੀ ਦਰੁਸਤ ਕਰਕੇ ਨਵੀਂ ਮੁਆਵਜ਼ਾ ਨੀਤੀ ਲਾਗੂ ਕਰਨੀ ਚਾਹੀਦੀ ਹੈ।ਇਸ ਮੌਕੇ ਕਸ਼ਮੀਰ ਸਿੰਘ, ਵਜ਼ੀਰ ਸਿੰਘ, ਮੁਹਾਰ ਜਮਸ਼ੇਰ, ਰਾਜਨ ਮੁਹਾਰ ਸੋਨਾ, ਕਰਲਜੀਤ ਮੁਹਾਰ ਖੀਵਾ ਆਦਿ ਹਾਜ਼ਰ ਸਨ।

# ਪੰਜਾਬ ਸਰਕਾਰ ਕੇਂਦਰ ਨੂੰ ਆਮ ਲੋਕਾਂ ਦੇ ਹੱਕਾਂ 'ਤੇ ਡਾਕਾ ਨਹੀਂ ਮਾਰਨ ਦੇਵੇਗੀ : ਮੁੰਡੀਆਂ



**ਮੋਗਾ (ਇਕਬਾਲ ਸਿੰਘ ਖਹਿਰਾ)**-ਕੇਂਦਰ ਸਰਕਾਰ ਪੰਜਾਬ ਦੇ ਬਹੁਤ ਸਾਰੇ ਰਾਸ਼ਨ ਕਾਰਡਾਂ ਨੂੰ ਬੰਦ ਕਰਨ ਜਾ ਰਹੀ ਹੈ, ਜਿਹੜੀ ਕਿ ਬਹੁਤ ਹੀ ਨਿੰਦਣਯੋਗ ਗੱਲ ਹੈ, ਪੰਜਾਬ ਸਰਕਾਰ ਇਸ ਨੂੰ ਬਿਲਕੁਲ ਵੀ ਬਰਦਾਸ਼ਤ ਨਹੀਂ ਕਰੇਗੀ ਤੇ ਇਸ ਵਿਰੁੱਧ ਹਰ ਉਹ ਲੜਾਈ ਲੜੇਗੀ, ਜਿਸ ਨਾਲ਼ ਕਿਸੇ ਵੀ ਗਰੀਬ ਵਿਅਕਤੀ ਦਾ ਰਾਸ਼ਨ ਕਾਰਡ ਨਾ ਕੱਟਿਆ ਜਾ ਸਕੇ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਮੋਗਾ ਵਿਖੇ ਪੱਤਰਕਾਰਾਂ ਨਾਲ ਵਿਸ਼ੇਸ਼ ਗੱਲਬਾਤ ਕਰਨ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ 1.53 ਕਰੋੜ ਰਾਸ਼ਨ ਕਾਰਡਾਂ ਵਿੱਚੋਂ 55 ਲੱਖ ਗ਼ਰੀਬ ਪੰਜਾਬੀਆਂ ਨੂੰ ਮਿਲਣ ਵਾਲਾ ਮੁਫ਼ਤ ਰਾਸ਼ਨ ਬੰਦ ਕਰਨ ਜਾ ਰਹੀ ਹੈ, ਜਿਹੜਾ ਕਿ ਬਿਲਕੁਲ ਗ਼ਲਤ ਹੈ।

ਪ੍ਰੈੱਸ ਕਾਨਫ਼ਰੰਸ ਦੌਰਾਨ ਪੱਤਰਕਾਰਾਂ ਨਾਲ ਗੱਲ ਕਰਦੇ ਹੋਏ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਮੋਦੀ ਸਰਕਾਰ ਨੇ ਕੇ.ਵਾਈ.ਸੀ. ਨਾ ਹੋਣ ਦਾ ਬਹਾਨਾ ਲਗਾ ਕੇ 23 ਲੱਖ ਗ਼ਰੀਬਾਂ ਦਾ ਰਾਸ਼ਨ ਜੁਲਾਈ ਤੋਂ ਹੀ ਬੰਦ ਕਰ ਦਿੱਤਾ ਹੈ ਤੇ ਹੁਣ 32 ਲੱਖ ਹੋਰ ਲੋਕਾਂ ਦਾ ਰਾਸ਼ਨ 30 ਸਤੰਬਰ ਤੋਂ ਬਾਅਦ ਬੰਦ ਕਰਨ ਦੀ ਧਮਕੀ ਦਿੱਤੀ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦਾ ਇਹ ਲੋਕ ਤੇ ਗ਼ਰੀਬ ਵਿਰੋਧੀ ਫ਼ੈਸਲਾ ਪੰਜਾਬ ਉੱਪਰ ਸਿੱਧਾ ਹਮਲਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸ ਨੂੰ ਕੇਂਦਰ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਨਾਲ ਵਿਸ਼ਵਾਸਘਾਤ ਮੰਨਦੀ ਹੈ ਤੇ ਇਸ ਬੇਇਨਸਾਫ਼ੀ ਵਿਰੁੱਧ ਆਮ ਆਦਮੀ ਪਾਰਟੀ ਹਰ ਪੱਧਰ 'ਤੇ ਲੜਾਈ ਲੜੇਗੀ।ਸਮੂਹ ਵਿਧਾਇਕਾਂ ਨੇ ਕਿਹਾ ਕਿ ਅਸਲ ਵਿੱਚ ਦਿੱਲੀ ਦੇ ਏ. ਸੀ. ਕਮਰਿਆਂ ਵਿੱਚ ਬੈਠੇ ਲੋਕ ਪੰਜਾਬ ਦੇ ਪਿੰਡਾਂ ਦੀ ਅਸਲ ਹਾਲਤ ਨੂੰ ਨਹੀਂ ਸਮਝਦੇ।ਉਨ੍ਹਾਂ ਕੇਂਦਰ ਸਰਕਾਰ ਨੂੰ ਸਵਾਲ ਕੀਤਾ ਕਿ ਜੇਕਰ ਪੁੱਤਰ ਨੂੰ ਨੌਕਰੀ ਮਿਲਦੀ ਹੈ ਤਾਂ ਕੀ ਇਸ ਨਾਲ ਪੂਰਾ ਪਰਵਾਰ ਅਮੀਰ ਹੋ ਜਾਂਦਾ ਹੈ? ਕੀ ਪੁਰਾਣੀ ਕਾਰ ਹੋਣ ਦਾ ਮਤਲਬ ਹੈ ਕਿ ਪਰਵਾਰ ਭੁੱਖਾ ਨਹੀਂ ਰਹਿ ਸਕਦਾ? ਉਨ੍ਹਾਂ ਕਿਹਾ ਕਿ ਅਸਲ ਵਿੱਚ ਭਾਜਪਾ ਪੰਜਾਬ ਦੇ ਗ਼ਰੀਬਾਂ ਦੇ ਦਰਦ ਨੂੰ ਨਹੀਂ ਸਮਝਣਾ ਚਾਹੁੰਦੀ, ਇਹ ਸਿਰਫ਼ ਬਹਾਨੇ ਲੱਭ ਕੇ ਰਾਸ਼ਨ ਬੰਦ ਕਰ ਰਹੀ ਹੈ।ਕੈਬਨਿਟ ਮੰਤਰੀ ਮੁੰਡੀਆਂ ਨੇ ਕਿਹਾ ਕਿ ਜਿੰਨਾ ਚਿਰ ਸੂਬੇ ਵਿੱਚ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹੈ, ਕਿਸੇ ਵੀ ਗ਼ਰੀਬ ਦਾ ਰਾਸ਼ਨ ਨਹੀਂ ਰੁਕੇਗਾ।ਉਨ੍ਹਾਂ ਕਿਹਾ ਕਿ 1.29 ਕਰੋੜ ਰਾਸ਼ਨ ਲਾਭਪਾਤਰੀਆਂ ਦੀ ਤਸਦੀਕ ਪੂਰੀ ਹੋ ਗਈ ਹੈ ਤੇ ਬਾਕੀ ਰਹਿੰਦੇ ਲੋਕਾਂ ਦੀ ਤਸਦੀਕ ਅਗਲੇ 6 ਮਹੀਨਿਆਂ ਵਿੱਚ ਘਰ-ਘਰ ਜਾ ਕੇ ਪੂਰੀ ਕੀਤੀ ਜਾਵੇਗੀ।ਉਨ੍ਹਾਂ ਕਿਹਾ ਭਗਵੰਤ ਮਾਨ ਸਰਕਾਰ ਦਾ ਪੰਜਾਬੀਆਂ ਨਾਲ ਵਾਅਦਾ ਹੈ ਕਿ ਕਿਸੇ ਵੀ ਲਾਭਪਾਤਰੀ ਦਾ ਰਾਸ਼ਨ ਕਾਰਡ ਕੱਟਿਆ ਨਹੀਂ ਜਾਵੇਗਾ, ਕਿਸੇ ਮਾਂ ਦੀ ਥਾਲ਼ੀ ਖ਼ਾਲੀ ਨਹੀਂ ਰਹੇਗੀ ਤੇ ਨਾ ਹੀ ਕਿਸੇ ਦਾ ਬੱਚਾ ਭੁੱਖਾ ਰਹੇਗਾ।

ਇਸ ਮੌਕੇ ਉਨ੍ਹਾਂ ਨਾਲ ਮੋਗਾ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ, ਵਿਧਾਇਕ ਬਾਘਾ ਪੁਰਾਣਾ ਅੰਮ੍ਰਿਤਪਾਲ ਸਿੰਘ ਸੁਖਾਨੰਦ, ਵਿਧਾਇਕ ਨਿਹਾਲ ਸਿੰਘ ਵਾਲਾ, ਮਨਜੀਤ ਸਿੰਘ ਬਿਲਾਸਪੁਰ, ਵਿਧਾਇਕ ਧਰਮਕੋਟ ਦਵਿੰਦਰਜੀਤ ਸਿੰਘ ਲਾਡੀ ਢੋਸ, ਮੇਅਰ ਨਗਰ ਨਿਗਮ ਬਲਜੀਤ ਸਿੰਘ ਚਾਨੀ, ਮੀਡੀਆ ਇੰਚਾਰਜ ਗੁਰਮਿੰਦਰ ਸਿੰਘ, ਮੀਡੀਆ ਸੈਕਟਰੀ ਅੰਮ੍ਰਿਤਪਾਲ ਸਿੰਘ ਮੌਜੂਦ ਸਨ।

# ਮਨਰੇਗਾ ਵਰਕਰਜ਼ ਯੂਨੀਅਨ ਵੱਲੋਂ ਮਿੱਡਾ ਤੇ ਉੜਾਂਗ 'ਚ ਮੀਟਿੰਗਾਂ

## ਦੋਵੇਂ ਪਿੰਡਾਂ 'ਚ ਨਰੇਗਾ ਮਜ਼ਦੂਰਾਂ ਦੀਆਂ ਇਕਾਈਆਂ ਦਾ ਗਠਨ




**ਸ੍ਰੀ ਮੁਕਤਸਰ ਸਾਹਿਬ/ਮਲੋਟ (ਸ਼ਮਿੰਦਰ ਪਾਲ/ਓਮ ਪ੍ਰਕਾਸ਼ ਸੇਖੂ/ਪੂਜਾ)**-ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਲੰਬੀ ਬਲਾਕ ਦੇ ਪਿੰਡ ਮਿੱਡਾ ਤੇ ਮਲੋਟ ਬਲਾਕ ਦੇ ਪਿੰਡ ਉੜਾਂਗ ਵਿਖੇ ਮਨਰੇਗਾ ਵਰਕਰ ਯੂਨੀਅਨ ਪੰਜਾਬ ਵੱਲੋਂ ਨੁੱਕੜ ਮੀਟਿੰਗਾਂ ਕਰਕੇ ਪਿੰਡ ਦੀਆਂ ਇਕਾਈਆਂ ਬਣਾਈਆਂ ਗਈਆਂ। ਇਨ੍ਹਾਂ ਦੋਵੇਂ ਪਿੰਡਾਂ ਦੀਆਂ ਵੱਖ-ਵੱਖ ਧਰਮਸ਼ਾਲਾਵਾਂ ਵਿੱਚ ਨਰੇਗਾ ਮਜ਼ਦੂਰਾਂ ਨਾਲ ਮੀਟਿੰਗਾਂ ਕੀਤੀਆਂ ਗਈਆਂ, ਜਿਸ ਵਿੱਚ ਪਿੰਡ ਮਿੱਡਾ ਦੀ ਇਕਾਈ ਦੇ ਪ੍ਰਧਾਨ ਅਮਰ ਕੌਰ, ਮੀਤ ਪ੍ਰਧਾਨ ਬਲਵੀਰ ਕੌਰ, ਸੈਕਟਰੀ ਸਨਦੀਪ ਕੌਰ, ਮੀਤ ਸੈਕਟਰੀ ਰਾਜ ਕੌਰ ਤੇ ਕੈਸ਼ੀਅਰ ਗੁਰਮੀਤ ਕੌਰ ਖਾਲਸਾ ਨੂੰ ਬਣਾਇਆ ਗਿਆ।

ਇਸ ਮੌਕੇ ਮਲੋਟ ਬਲਾਕ ਦੇ ਪਿੰਡ ਉੜਾਂਗ ਨਰੇਗਾ ਮਜ਼ਦੂਰਾਂ ਦੀ ਇਕਾਈ ਬਣਾਈ ਗਈ, ਜਿਸ ਵਿੱਚ ਜਗਮੀਤ ਸਿੰਘ ਨੂੰ ਇਕਾਈ ਪ੍ਰਧਾਨ ਬਣਾਇਆ ਗਿਆ।ਮੀਤ ਪ੍ਰਧਾਨ ਗਿੰਦਰ ਸਿੰਘ ਨੂੰ ਬਣਾਇਆ ਗਿਆ।ਹਰਜਿੰਦਰ ਸਿੰਘ ਨੂੰ ਸਕੱਤਰ, ਹੀਰਾ ਸਿੰਘ ਨੂੰ ਮੀਤ ਸਕੱਤਰ, ਕੈਸ਼ੀਅਰ ਜਗਮੀਤ ਸਿੰਘ ਮੈਂਬਰ ਪੰਚਾਇਤ ਨੂੰ ਬਣਾਇਆ ਗਿਆ ਅਤੇ ਆਸ਼ਾ ਰਾਣੀ, ਰਾਜਵੰਤ ਕੌਰ, ਪਰਮਜੀਤ ਕੌਰ, ਪਰਮਜੀਤ ਕੌਰ, ਸੁਖਪ੍ਰੀਤ ਕੌਰ ਨੂੰ ਕਮੇਟੀ ਮੈਂਬਰ ਬਣਾਇਆ ਗਿਆ।

ਇਸ ਮੌਕੇ ਮਨਰੇਗਾ ਵਰਕਰ ਯੂਨੀਅਨ ਦੇ ਸੂਬਾ ਆਗੂ ਜਸਵਿੰਦਰ ਸਿੰਘ ਵੱਟੂ ਤੇ ਮਨਰੇਗਾ ਯੂਨੀਅਨ ਦੇ ਜ਼ਿਲ੍ਹਾ ਪ੍ਰੈੱਸ ਸਕੱਤਰ ਗੁਰਿੰਦਰ ਸਿੰਘ ਧੂੜੀਆ ਪਿੰਡ ਪੰਨੀ ਵਾਲਾ ਫੱਤਾ ਅਤੇ ਪੰਨੀ ਵਾਲਾ ਫੱਤਾ ਇਕਾਈ ਦੇ ਪ੍ਰਧਾਨ ਸੁਖਦੇਵ ਸਿੰਘ ਸਾਬਕਾ ਪੰਚਾਇਤ ਮੈਂਬਰ ਅਤੇ ਆਰ.ਐੱਮ.ਪੀ.ਆਈ. ਦੇ ਜ਼ਿਲ੍ਹਾ ਸਕੱਤਰ ਜਗਜੀਤ ਸਿੰਘ ਜੱਸੇਆਣਾ ਨੇ ਇਨ੍ਹਾਂ ਮੀਟਿੰਗਾਂ ਵਿੱਚ ਇਕੱਤਰ ਹੋਏ ਨਰੇਗਾ ਮਜ਼ਦੂਰਾਂ ਨੂੰ ਸੰਬੋਧਨ ਕੀਤਾ।ਇਨ੍ਹਾਂ ਮੀਟਿੰਗਾਂ ਵਿੱਚ ਨਰੇਗਾ ਮਜ਼ਦੂਰਾਂ ਨੂੰ ਉਨ੍ਹਾਂ ਦੇ ਹੱਕਾਂ ਪ੍ਰਤੀ ਜਾਗਰੂਕ ਕਰਨ ਹਿੱਤ ਵਿਸਥਾਰ ਪੂਰਵਕ ਢੰਗ ਨਾਲ ਨਰੇਗਾ ਮਜ਼ਦੂਰਾਂ ਦੀਆਂ ਮੰਗਾਂ ਤੇ ਮਜ਼ਦੂਰਾਂ ਦੇ ਮਸਲਿਆਂ ਪ੍ਰਤੀ ਜਾਣਕਾਰੀ ਸਾਂਝੀ ਕੀਤੀ।ਇਸ ਮੌਕੇ ਮਨਰੇਗਾ ਵਰਕਰ ਯੂਨੀਅਨ ਪੰਜਾਬ ਦੇ ਪ੍ਰਧਾਨ ਜਸਵਿੰਦਰ ਸਿੰਘ ਵੱਟੂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਨੂੰ ਪੰਜਾਬ ਤੇ ਪੱਛਮੀ ਬੰਗਾਲ ਵਿੱਚ ਨਰੇਗਾ ਦੇ ਕੰਮ ਨੂੰ ਬੰਦ ਕਰਕੇ ਨਰੇਗਾ ਮਜ਼ਦੂਰਾਂ ਨਾਲ ਵੱਡਾ ਧੋਖਾ ਕੀਤਾ ਹੈ।ਇਸ ਮੌਕੇ ਉਨ੍ਹਾਂ ਕਿਹਾ ਕਿ ਪਹਿਲਾਂ ਮਨਰੇਗਾ ਦਾ ਕੰਮ 100 ਦਿਨ ਦਾ ਨਿਗੂਣਾ ਜਿਹਾ ਕੰਮ ਮਿਲਦਾ ਸੀ, ਪਰ ਹੁਣ ਇਹ ਕੰਮ ਵੀ ਘੱਟ ਗਿਆ ਹੈ। ਉਨ੍ਹਾਂ ਕਿਹਾ ਕਿ ਮਨਰੇਗਾ ਦਾ ਹੱਕ ਮਾਰਨ ਵਾਲੀਆਂ ਸਰਕਾਰਾਂ ਖਿਲਾਫ ਤਿੱਖਾ ਸੰਘਰਸ਼ ਕੀਤਾ ਜਾਵੇਗਾ ਤੇ ਪੰਜਾਬ ਭਰ ਵਿੱਚ 27, 28 ਤੇ 29 ਅਗਸਤ ਨੂੰ ਸਾਰੇ ਪੰਜਾਬ ਅੰਦਰ ਕੇਂਦਰ ਦੀ ਮੋਦੀ ਸਰਕਾਰ ਤੇ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਪੁਤਲੇ ਫੂਕ ਕੇ ਪ੍ਰਦਰਸ਼ਨ ਕੀਤਾ ਜਾਵੇਗਾ ਅਤੇ ਬੀਡੀਪੀਓ ਤੇ ਏ.ਡੀ.ਸੀ. ਨੂੰ ਮੰਗ ਪੱਤਰ ਸੌਂਪੇ ਜਾਣਗੇ। ਉਨ੍ਹਾਂ ਕਿਹਾ ਕਿ ਪੇਂਡੂ ਖੇਤਰ ਵਿੱਚ ਖੇਤਾਂ ਵਿੱਚੋਂ ਮਸ਼ੀਨਾਂ ਆਉਣ ਕਾਰਨ ਮਜ਼ਦੂਰਾਂ ਦਾ ਕੰਮ ਘਟ ਗਿਆ ਹੈ ਤੇ ਰਹਿੰਦਾ ਖੂੰਹਦਾ ਕੰਮ ਛਿੜਕਣ ਵਾਲੀਆਂ ਦਵਾਈਆਂ ਨੇ ਖੋਹ ਲਿਆ ਹੈ। ਇਸ ਲਈ ਸਰਕਾਰਾਂ ਨੂੰ ਪੇਂਡੂ ਖੇਤਰ ਤੇ ਨਰੇਗਾ ਮਜ਼ਦੂਰਾਂ ਨੂੰ ਸਾਰਾ ਸਾਲ 365 ਦਿਨ ਕੰਮ ਦਿੱਤਾ ਜਾਵੇ ਤੇ 700 ਰੁਪਏ ਦਿਹਾੜੀ ਦਿੱਤੀ ਜਾਵੇ, ਨਰੇਗਾ ਬਜਟ ਵਿੱਚ ਵਾਧਾ ਕੀਤਾ ਜਾਵੇ ਅਤੇ ਨਰੇਗਾ ਵਿਰੋਧੀ ਫੈਸਲੇ ਵਾਪਸ ਲਏ ਜਾਣ। ਉਨ੍ਹਾਂ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਨੇ ਨੋਟੀਫਿਕੇਸ਼ਨ ਜਾਰੀ ਕਰਕੇ ਦਿਹਾੜੀ ਦਾ ਸਮਾਂ ਅੱਠ ਘੰਟੇ ਤੋਂ 12 ਘੰਟੇ ਕਰਨ ਦਾ ਨੋਟੀਫਿਕੇਸ਼ਨ ਵਾਪਸ ਲਿਆ ਜਾਵੇ।ਇਸ ਮੌਕੇ ਪਿੰਡ ਪੰਨੀ ਵਾਲਾ ਫੱਤਾ ਨਰੇਗਾ ਇਕਾਈ ਦੇ ਸਕੱਤਰ ਕੁਲਵੰਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਨਰੇਗਾ ਮਜ਼ਦੂਰ ਹਾਜ਼ਰ ਸਨ।

## ਕਾਂਗਰਸ ਵੱਲੋਂ ਕਸਤੂਰੀ ਲਾਲ ਮਿੰਟੂ ਅਬਜ਼ਰਵਰ ਨਿਯੁਕਤ



**ਮਾਛੀਵਾੜਾ ਸਾਹਿਬ (ਸ਼ੈਕੀ ਸ਼ਰਮਾ, ਰਾਏ)**-ਕਾਂਗਰਸ ਹਾਈ ਕਮਾਂਡ ਵੱਲੋਂ ਕਸਤੂਰੀ ਲਾਲ ਮਿੰਟੂ ਨੂੰ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦਾ ਸੰਗਠਨ ਸ੍ਰਿਜਨ ਅਭਿਆਨ ਦਾ ਅਬਜ਼ਰਵਰ ਨਿਯੁਕਤ ਕੀਤਾ ਗਿਆ ਹੈ। ਕਸਤੂਰੀ ਲਾਲ ਮਿੰਟੂ ਜੋ ਕਿ ਪੁਲਸ ਜ਼ਿਲ੍ਹਾ ਖੰਨਾ ਦੇ ਕਾਂਗਰਸ ਦੇ ਉਪ ਪ੍ਰਧਾਨ ਹਨ ਤੇ ਇਸ ਤੋਂ ਇਲਾਵਾ ਵਿਧਾਨ ਸਭਾ ਹਲਕਾ ਬਸੀ ਪਠਾਣਾ ਤੇ ਸਾਹਨੇਵਾਲ ਦੇ ਕੋਆਰਡੀਨੇਟਰ ਵਜੋਂ ਸੇਵਾਵਾਂ ਨਿਭਾਅ ਰਹੇ ਹਨ ਤੇ ਹੁਣ ਪਾਰਟੀ ਪ੍ਰਤੀ ਉਨ੍ਹਾਂ ਦੀਆਂ ਵਧੀਆ ਸੇਵਾਵਾਂ ਨੂੰ ਦੇਖਦੇ ਹੋਏ ਇੱਕ ਹੋਰ ਵੱਡੀ ਜ਼ਿੰਮੇਵਾਰੀ ਦੇ ਕੇ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦਾ ਅਬਜ਼ਰਵਰ ਨਿਯੁਕਤ ਕੀਤਾ ਗਿਆ ਹੈ। ਸੀਨੀਅਰ ਕਾਂਗਰਸੀ ਆਗੂ ਕਸਤੂਰੀ ਲਾਲ ਮਿੰਟੂ, ਜੋ ਕਿ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਨਜ਼ਦੀਕੀ ਹਨ ਤੇ ਜਿਨ੍ਹਾਂ ਦਾ ਪਰਿਵਾਰ ਦੇਸ਼ ਦੀ ਆਜ਼ਾਦੀ ਤੋਂ ਬਾਅਦ ਕਾਂਗਰਸ ਪਾਰਟੀ ਨਾਲ ਜੁੜਿਆ ਹੋਇਆ ਹੈ ਤੇ ਅੱਤਵਾਦ ਸਮੇਂ ਵੀ ਉਨ੍ਹਾਂ ਨੇ ਕਾਂਗਰਸ ਲਈ ਡੱਟ ਕੇ ਕੰਮ ਕੀਤਾ। ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦਾ ਅਬਜ਼ਰਵਰ ਨਿਯੁਕਤ ਕੀਤੇ ਜਾਣ 'ਤੇ ਕਸਤੂਰੀ ਲਾਲ ਮਿੰਟੂ ਨੇ ਕਿਹਾ ਕਿ ਪਾਰਟੀ ਹਾਈ ਕਮਾਂਡ ਵੱਲੋਂ ਉਨ੍ਹਾਂ ਨੂੰ ਪਹਿਲਾਂ ਵੀ ਜ਼ਿੰਮੇਵਾਰੀਆਂ ਸੌਂਪੀਆਂ ਹੋਈਆਂ ਹਨ ਤੇ ਹੁਣ ਇੱਕ ਵੱਡਾ ਮਾਣ ਬਖ਼ਸ਼ਿਆ ਹੈ, ਜਿਸ ਲਈ ਉਹ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਤੇ ਪੰਜਾਬ ਦੇ ਇੰਚਾਰਜ ਭੁਪੇਸ਼ ਬਘੇਲ ਦੇ ਧੰਨਵਾਦੀ ਹਨ। ਉਨ੍ਹਾਂ ਕਿਹਾ ਕਿ ਉਹ ਪਾਰਟੀ ਦੀ ਮਜ਼ਬੂਤੀ ਲਈ ਤਨਦੇਹੀ ਨਾਲ ਕੰਮ ਕਰਨਗੇ ਤੇ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿਚ ਕਾਂਗਰਸ ਨੂੰ ਮਜ਼ਬੂਤ ਕਰਨ ਲਈ ਵਰਕਰਾਂ ਤੇ ਲੋਕਾਂ ਨੂੰ ਲਾਮਬੰਦ ਕਰਨਗੇ। ਕਸਤੂਰੀ ਲਾਲ ਮਿੰਟੂ ਦੀ ਇਸ ਨਿਯੁਕਤੀ ਦਾ ਹਲਕਾ ਸਮਰਾਲਾ ਤੋਂ ਕਾਂਗਰਸ ਪਾਰਟੀ ਦੇ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ, ਐਡਵੋਕੇਟ ਜਸਪ੍ਰੀਤ ਸਿੰਘ ਕਲਾਲ ਮਾਜਰਾ, ਸਾਬਕਾ ਪ੍ਰਧਾਨ ਸੁਰਿੰਦਰ ਕੁੰਦਰਾ, ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ, ਸ਼ਹਿਰੀ ਪ੍ਰਧਾਨ ਕਪਿਲ ਆਨੰਦ, ਮਹਿਲਾ ਵਿੰਗ ਦੀ ਪ੍ਰਧਾਨ ਮਨਜੀਤ ਕੁਮਾਰੀ, ਜਸਪ੍ਰੀਤ ਸਿੰਘ ਸਹਿਜੋ ਮਾਜਰਾ, ਆੜ੍ਹਤੀ ਕ੍ਰਿਸ਼ਨ ਕੁਮਾਰ ਕਾਲੜਾ, ਯੂਸ਼ਲ ਲਾਲ ਮੜਕਨ, ਰਮੇਸ਼ ਖੁੱਲਰ ਆਦਿ ਨੇ ਸਵਾਗਤ ਕੀਤਾ।

## ਕਿਸੇ ਵੀ ਲੋੜਵੰਦ ਪਰਵਾਰ ਦਾ ਰਾਸ਼ਨ ਕਾਰਡ ਨਹੀਂ ਕੱਟਣ ਦਿੱਤਾ ਜਾਵੇਗਾ : ਖੁੱਡੀਆਂ

**ਬਠਿੰਡਾ (ਪਰਵਿੰਦਰ ਜੀਤ ਸਿੰਘ)** ਕੈਬਨਿਟ ਮੰਤਰੀ ਪੰਜਾਬ ਸ. ਗੁਰਮੀਤ ਸਿੰਘ ਖੁੱਡੀਆਂ ਨੇ 55 ਲੱਖ ਪੰਜਾਬੀਆਂ ਨੂੰ ਮੁਫ਼ਤ ਅਨਾਜ ਸਕੀਮ ਤੋਂ ਵਾਂਝਾ ਰੱਖਣ ਦੇ ਫੈਸਲੇ ਨੂੰ ਵਿਰੋਧੀ ਕਦਮ ਦੱਸਦਿਆਂ ਭਾਰਤੀ ਜਨਤਾ ਪਾਰਟੀ ਦੀ ਸਖ਼ਤ ਆਲੋਚਨਾ ਕੀਤੀ।ਉਹ ਇੱਥੇ ਮੀਡੀਆ ਨਾਲ ਗੱਲਬਾਤ ਕਰ ਰਹੇ ਸਨ।



ਮੀਡੀਆ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਸੂਬੇ ਵਿੱਚ 55 ਲੱਖ ਲੋਕਾਂ ਨੂੰ ਦਿੱਤੇ ਜਾ ਰਹੇ ਮੁਫ਼ਤ ਰਾਸ਼ਨ ਨੂੰ ਬੰਦ ਕਰਨ ਦੀ ਸਾਜ਼ਿਸ਼ ਰਚੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਵਿੱਚ 01 ਕਰੋੜ 53 ਲੱਖ ਲੋਕਾਂ ਨੂੰ ਰਾਸ਼ਨ ਕਾਰਡ ਰਾਹੀਂ ਮੁਫ਼ਤ ਅਨਾਜ ਮਿਲਦਾ ਹੈ।ਇਸ ਵਿੱਚੋਂ 55 ਲੱਖ ਲੋਕਾਂ ਨੂੰ ਦਿੱਤੇ ਜਾ ਰਹੇ ਮੁਫ਼ਤ ਰਾਸ਼ਨ ਨੂੰ ਬੰਦ ਕਰਨ ਦੀ, ਸਾਜ਼ਿਸ਼ ਰਚੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਕੇ ਵਾਈ.ਸੀ. ਦੀ ਰਜਿਸਟ੍ਰੇਸ਼ਨ ਨਾ ਹੋਣ ਦਾ ਬਹਾਨਾ ਬਣਾ ਕੇ ਜੁਲਾਈ ਮਹੀਨੇ ਵਿੱਚ 23 ਲੱਖ ਲੋਕਾਂ ਦਾ ਮੁਫ਼ਤ ਰਾਸ਼ਨ ਬੰਦ ਕਰ ਦਿੱਤਾ ਗਿਆ ਹੈ, ਜਦਕਿ 32 ਲੱਖ ਹੋਰ ਲੋਕਾਂ ਦਾ ਮੁਫ਼ਤ ਰਾਸ਼ਨ 30 ਸਤੰਬਰ ਤੋਂ ਬੰਦ ਕਰਨ ਦੀ ਗੱਲ ਆਖੀ ਜਾ ਰਹੀ ਹੈ।ਕੈਬਨਿਟ ਮੰਤਰੀ ਖੁੱਡੀਆਂ ਨੇ ਮੀਡੀਆ ਦੇ ਸਵਾਲਾਂ ਦਾ ਜਵਾਬ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕੇਂਦਰ ਦੇ ਇਸ ਫੈਸਲੇ ਦੀ ਸਖ਼ਤ ਨਿਖੇਧੀ ਕਰਦੀ ਹੈ, ਜਿਸ ਨਾਲ ਪੰਜਾਬ ਦੇ ਲੋੜਵੰਦ ਲੋਕਾਂ ਨੂੰ ਰੋਟੀ ਤੋਂ ਵਾਂਝੇ ਕੀਤਾ ਜਾ ਰਿਹਾ ਹੈ।ਉਨ੍ਹਾਂ ਇੱਕ ਹੋਰ ਸਵਾਲ ਦਾ ਜਵਾਬ ਦਿੰਦਿਆਂ ਕਿਹਾ ਕਿ ਪੰਜਾਬ ਅੰਨਦਾਤਾ ਦੀ ਧਰਤੀ ਹੈ, ਪੰਜਾਬ ਸਰਕਾਰ ਵੱਲੋਂ ਕੇਂਦਰ ਦੇ ਇਸ ਫੈਸਲੇ ਖਿਲਾਫ ਆਵਾਜ਼ ਬੁਲੰਦ ਕੀਤੀ ਜਾ ਰਹੀ ਹੈ, ਕਿਸੇ ਵੀ ਘਰ ਦਾ ਚੁੱਲ੍ਹਾ ਬਲਣ ਤੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ।ਉਨ੍ਹਾਂ ਪੂਰੇ ਦਾਅਵੇ ਨਾਲ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋੜਵੰਦ ਲੋਕਾਂ ਦਾ ਇਕ ਵੀ ਰਾਸ਼ਨ ਕਾਰਡ ਕੱਟਣ ਨਹੀਂ ਦਿੱਤਾ ਜਾਵੇਗਾ, ਗਰੀਬਾਂ ਦਾ ਰਾਸ਼ਨ ਇਸੇ ਤਰ੍ਹਾਂ ਜਾਰੀ ਰਹੇਗਾ।ਇਸ ਮੌਕੇ ਉਨ੍ਹਾਂ ਨਾਲ ਵਿਧਾਇਕ ਬਠਿੰਡਾ ਸ਼ਹਿਰੀ ਜਗਰੂਪ ਸਿੰਘ ਗਿੱਲ, ਵਿਧਾਇਕ ਮੌੜ ਸੁਖਬੀਰ ਸਿੰਘ ਮਾਈਸਰਖਾਨਾ, ਮੇਅਰ ਨਗਰ ਨਿਗਮ ਪਦਮਜੀਤ ਸਿੰਘ ਮਹਿਤਾ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਜਤਿੰਦਰ ਸਿੰਘ ਭੱਲਾ, ਚੇਅਰਮੈਨ ਨਵਦੀਪ ਸਿੰਘ ਜੀਦਾ, ਚੇਅਰਮੈਨ ਮਾਰਕਿਟ ਕਮੇਟੀ ਗੋਨਿਆਨਾ ਬਲਕਾਰ ਸਿੰਘ ਭੋਖੜਾ, ਵਿਧਾਨ ਸਭਾ ਹਲਕਾ ਬਠਿੰਡਾ ਦਿਹਾਤੀ ਦੇ ਇੰਚਾਰਜ ਜਸਵਿੰਦਰ ਸਿੰਘ ਛਿੰਦਾ ਨੰਦਗੜ੍ਹ ਤੇ ਮੀਡੀਆ ਸਕੱਤਰ ਜ਼ਿਲ੍ਹਾ ਬਠਿੰਡਾ ਰਿਪਨਦੀਪ ਸਿੰਘ ਸਿੱਧੂ ਆਦਿ ਹਾਜ਼ਰ ਰਹੇ।

## ਮੁਕਤਸਰ ਵਿਕਾਸ ਮਿਸ਼ਨ ਵੱਲੋਂ ਧੰਨਵਾਦ ਮੀਟਿੰਗ, ਹਿਸਾਬ-ਕਿਤਾਬ ਦੱਸਿਆ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪ੍ਰਸ)**-ਪ੍ਰਮੁੱਖ ਗੈਰ-ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਵੱਲੋਂ ਸਥਾਨਕ ਸਿਟੀ ਹੋਟਲ ਵਿਖੇ ਧੰਨਵਾਦੀ ਮੀਟਿੰਗ ਕੀਤੀ ਗਈ।ਮਿਸ਼ਨ ਮੁਖੀ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਮਿਸ਼ਨ ਗਾਇਡ ਇੰਜ. ਅਸ਼ੋਕ ਕੁਮਾਰ ਭਾਰਤੀ ਤੇ ਚੇਅਰਮੈਨ ਨਿਰੰਜਣ ਸਿੰਘ ਰੱਖਰਾ ਸਮੇਤ ਵਿਜੇ ਸਿਡਾਨਾ, ਸਾਹਿਲ ਕੁਮਾਰ ਹੈਪੀ, ਪ੍ਰੋ. ਕੁਲਵੰਤ ਸ਼ਰਮਾ, ਡਾ. ਜਸਵਿੰਦਰ ਸਿੰਘ, ਬਲਜੀਤ ਸਿੰਘ ਕੋਆਪ੍ਰੇਟਿਵ, ਕੇ. ਐਲ. ਮਹਿਰਾ ਤੇ ਨਰਿੰਦਰ ਕਾਕਾ ਆਦਿ ਅਹੁਦੇਦਾਰ ਸ਼ਾਮਲ ਸਨ।ਮੀਟਿੰਗ ਦੌਰਾਨ ਮਿਸ਼ਨ ਵੱਲੋਂ ਸ਼ਹਿਰ ਅੰਦਰ ਪਾਰਕ ਦੇ ਸੁੰਦਰੀਕਰਨ ਵਿੱਚ ਸਹਿਯੋਗ ਦੇਣ ਵਾਲੇ ਸਾਰੇ ਸੱਜਣਾਂ ਦਾ ਧੰਨਵਾਦ ਕੀਤਾ ਗਿਆ।ਜ਼ਿਕਰਯੋਗ ਹੈ ਕਿ ਇਹ ਪਾਰਕ ਸਮੂਹ ਬਾਵਾ ਪਰਵਾਰ ਵੱਲੋਂ ਕਰੀਬ ਵੀਹ ਸਾਲ ਪਹਿਲਾਂ ਆਪਣੀ ਨਿੱਜੀ ਜ਼ਮੀਨ ਵਿੱਚੋਂ ਸਮੂਹ ਲੋਕਾਂ ਨੂੰ ਜਗ੍ਹਾ ਦੇ ਕੇ ਬਣਾਇਆ ਗਿਆ ਸੀ।ਮੀਟਿੰਗ ਦੌਰਾਨ ਮਿਸ਼ਨ ਵੱਲੋਂ ਇਸ ਨੇਕ ਕਾਰਜ ਲਈ ਸਮੂਹ ਬਾਵਾ ਪਰਵਾਰ ਦਾ ਧੰਨਵਾਦ ਕੀਤਾ ਗਿਆ।ਬੜੇ ਲੰਮੇ ਸਮੇਂ ਤੋਂ ਦੇਸ਼ ਭਗਤ ਯੂਨੀਵਰਸਿਟੀ ਮੰਡੀ ਗੋਬਿੰਦਗੜ੍ਹ ਦੇ ਚਾਂਸਲਰ ਡਾ. ਜੋਰਾ ਸਿੰਘ ਤੇ ਉਨ੍ਹਾਂ ਦੇ ਸਪੁੱਤਰ ਡਾ. ਪ੍ਰੋ. ਸੰਦੀਪ ਸਿੰਘ ਦੇ ਦਿਸ਼ਾ ਨਿਰਦੇਸ਼ਾਂ 'ਤੇ ਯੂਨੀਵਰਸਿਟੀ ਦੇ ਚੀਫ਼ ਸੁਪਰਵਾਈਜ਼ਰ ਡਾ. ਦਿਲਬਾਗ ਸਿੰਘ ਬਾਗੀ ਖਿਡਾਰੀਆਂ ਵਾਲਾ ਤੇ ਦੇਸ਼ ਭਗਤ ਗਲੋਬਲ ਸਕੂਲ ਦੇ ਪ੍ਰਿੰਸੀਪਲ ਸੰਜੀਵ ਜਿੰਦਲ ਨੇ ਦੇਖ ਰੇਖ ਦਾ ਜ਼ਿੰਮਾ ਸੰਭਾਲਿਆ ਹੋਇਆ ਹੈ।ਪਾਰਕ ਨਵੀਨੀਕਰਨ ਦੇ ਕਾਰਜ ਵਿੱਚ ਵੀ ਯੂਨੀਵਰਸਿਟੀ ਵੱਲੋਂ ਸਾਰੇ ਮਿਸਤਰੀ ਤੇ ਮਜ਼ਦੂਰਾਂ ਸਮੇਤ ਸਾਰੀ ਲੇਬਰ ਮੁਹੱਈਆ ਕਰਵਾਈ ਗਈ ਹੈ, ਜਿਸ ਦਾ ਮੀਟਿੰਗ ਦੌਰਾਨ ਚਾਂਸਲਰ ਡਾ. ਜੋਰਾ ਸਿੰਘ ਦਾ ਧੰਨਵਾਦ ਕੀਤਾ ਗਿਆ।ਹਲਕਾ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਐਮ.ਐਲ.ਏ. ਵੱਲੋਂ ਪਾਰਕ ਨਵੀਨੀਕਰਨ ਲਈ ਵੱਡੀ ਆਰਥਿਕ ਸਹਾਇਤਾ ਕਰਨ ਲਈ ਵੀ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ। ਇਸ ਦੇ ਨਾਲ ਹੀ ਸਾਬਕਾ ਐਮ.ਐਲ.ਏ. ਭਾਈ ਹਰਨਿਰਪਾਲ ਸਿੰਘ ਕੁੱਕੂ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਹਰਪਾਲ ਸਿੰਘ ਬੇਦੀ ਤੇ ਮੌਜੂਦਾ ਪ੍ਰਧਾਨ ਸ਼ੰਮੀ ਤੇਰੀਆ ਸਮੇਤ ਆਰਥਿਕ ਸਹਿਯੋਗ ਦੇਣ ਵਾਲੇ ਸਮੂਹ ਸਹਿਯੋਗੀਆਂ ਦਾ ਧੰਨਵਾਦ ਕੀਤਾ। ਮੀਟਿੰਗ ਦੌਰਾਨ ਪ੍ਰਧਾਨ ਢੋਸੀਵਾਲ ਨੇ ਦੱਸਿਆ ਕਿ ਪਾਰਕ ਨਵੀਨੀਕਰਨ ਲਈ ਹੁਣ ਤੱਕ ਸਹਿਯੋਗੀ ਸੱਜਣਾਂ ਵੱਲੋਂ ਮਿਸ਼ਨ ਨੂੰ 1,80,200/- ਰੁਪਏ ਦੀ ਆਰਥਿਕ ਸਹਾਇਤਾ ਕੀਤੀ ਗਈ ਹੈ।ਇਸ ਵਿੱਚੋਂ ਹੁਣ ਤੱਕ 1,65,454/- ਰੁਪਏ ਦੀ ਰਾਸ਼ੀ ਖਰਚ ਕੀਤੀ ਜਾ ਚੁੱਕੀ ਹੈ।ਇਸ ਵੇਲੇ ਮਿਸ਼ਨ ਕੋਲ 14,746/- ਰੁਪਏ ਹੱਥ ਵਿੱਚ ਹਨ।ਢੋਸੀਵਾਲ ਨੇ ਇਹ ਵੀ ਦੱਸਿਆ ਕਿ ਹਿਸਾਬ ਕਿਤਾਬ ਦਾ ਵੇਰਵਾ ਮਿਸ਼ਨ ਵੱਲੋਂ ਹਰ ਰੋਜ਼ ਜਨਤਕ ਕੀਤਾ ਜਾਂਦਾ ਹੈ।ਨਵੀਨੀਕਰਨ ਕਾਰਜ ਸਮਾਪਤ ਹੋਣ ਉਪਰ ਹਿਸਾਬ ਕਿਤਾਬ ਦੀ ਅੰਤਿਮ ਰਿਪੋਰਟ ਜਨਤਕ ਕਰ ਦਿੱਤੀ ਜਾਵੇਗੀ।ਮੀਟਿੰਗ ਦੌਰਾਨ ਪ੍ਰਧਾਨ ਢੋਸੀਵਾਲ ਨੇ ਕਿਹਾ ਕਿ ਸ਼ਹਿਰ ਨਿਵਾਸੀਆਂ ਤੇ ਹੋਰਨਾਂ ਵੱਲੋਂ ਉਨ੍ਹਾਂ ਦੀ ਸੰਸਥਾ ਨੂੰ ਵਡਮੁੱਲਾ ਸਹਿਯੋਗ, ਮਿਸ਼ਨ ਦੀ ਵਧੀਆ ਕਾਰਜਸ਼ੈਲੀ ਤੇ ਹਿਸਾਬ ਕਿਤਾਬ ਬਾਰੇ ਪਾਰਦਰਸ਼ਤਾ ਦੀ ਹੀ ਦੇਣ ਹੈ।ਉਨ੍ਹਾਂ ਕਿਹਾ ਕਿ ਉਕਤ ਸਾਰੇ ਸਹਿਯੋਗ ਲਈ ਸਮੂਹ ਸੱਜਣਾਂ ਦਾ ਨਿੱਜੀ ਤੌਰ 'ਤੇ ਅਤੇ ਸੰਸਥਾ ਸਦਾ ਰਿਣੀ ਰਹੇਗੀ।

## ਵਰ੍ਹਦੇ ਮੀਂਹ 'ਚ ਲੇਖਕਾਂ ਨੇ ਭੈਣੀ ਸਾਹਿਬ 'ਚ ਰੰਗ ਜਮਾਏ



**ਸਮਰਾਲਾ/ਮਾਛੀਵਾੜਾ (ਸੁਰਜੀਤ ਸਿੰਘ/ਜਗਦੀਸ਼ ਰਾਏ, ਸ਼ੈਕੀ ਸ਼ਰਮਾ)**-ਪੰਜਾਬੀ ਲੇਖਕਾਂ ਲਈ ਪੰਜਾਬੀ ਸਾਹਿਤ ਸਭਾ ਸ੍ਰੀ ਭੈਣੀ ਸਾਹਿਬ ਦੀ ਮੀਟਿੰਗ ਇੱਕ ਵਿਸ਼ੇਸ਼ ਆਕਰਸ਼ਣ ਦਾ ਕੇਂਦਰ ਹੁੰਦੀ ਹੈ।ਇਸ ਦੀ ਮਹੀਨਾਵਾਰ ਮੀਟਿੰਗ ਵਿੱਚ ਜ਼ਿਲ੍ਹੇ ਦੇ ਮੁਖ਼ਤਲਿਫ ਹਿੱਸਿਆਂ ਤੋਂ ਸਾਹਿਤਕ ਜਜ਼ਬੇ ਨਾਲ ਲਬਰੇਜ਼ ਲੇਖਕ ਬੜੇ ਉਤਸ਼ਾਹ ਨਾਲ ਹੁੰਮਹੁਮਾ ਕੇ ਪਹੁੰਚਦੇ ਹਨ।ਇਹ ਵਿਚਾਰ ਪੰਜਾਬੀ ਸਾਹਿਤ ਸਭਾ ਸ੍ਰੀ ਭੈਣੀ ਸਾਹਿਬ ਦੇ ਪ੍ਰਧਾਨ ਗੁਰਸੇਵਕ ਸਿੰਘ ਢਿੱਲੋਂ ਨੇ ਮੀਟਿੰਗ ਸਮੇਂ ਇਸ ਪੱਤਰਕਾਰ ਨਾਲ ਗੱਲ ਕਰਦਿਆਂ ਪ੍ਰਗਟ ਕੀਤੇ।ਉਨ੍ਹਾਂ ਕਿਹਾ ਕਿ ਇਹ ਸਾਹਿਤ ਸਭਾ ਲੇਖਕਾਂ ਦੀ ਪ੍ਰਯੋਗਸ਼ਾਲਾ ਹੈ, ਜਿੱਥੇ ਨਵੇਂ ਤੇ ਪ੍ਰੌੜ੍ਹ ਲੇਖਕ ਮਿਲ ਬੈਠ ਕੇ ਆਪਣੀਆਂ ਰਚਨਾਵਾਂ ਦਾ ਆਦਾਨ ਪ੍ਰਦਾਨ ਕਰਦੇ ਹਨ।ਰਿਮਝਿਮ ਵਰ੍ਹਦੇ ਮੀਂਹ ਦੇ ਖ਼ੁਸ਼ਗਵਾਰ ਮੌਸਮ ਵਿੱਚ ਹੋਈ ਮੀਟਿੰਗ ਦੀ ਲੇਖਕ ਮਿਲਣੀ ਬਾਰੇ ਜਾਣਕਾਰੀ ਦਿੰਦਿਆਂ ਗੁਰਸੇਵਕ ਸਿੰਘ ਢਿੱਲੋਂ ਨੇ ਦੱਸਿਆ ਕਿ ਸ਼ੁਰੂਆਤੀ ਦੌਰ ਵਿੱਚ ਉਤਸ਼ਾਹ ਨਾਲ ਹਰਭਜਨ ਸਿੰਘ, ਪ੍ਰਸਿੱਧ ਕਾਮੇਡੀਅਨ ਜਸਵਿੰਦਰ ਸਿੰਘ ਭੱਲਾ, ਗ਼ਜ਼ਲਗੋ ਰਾਮ ਅਰਸ਼, ਪ੍ਰਸਿੱਧ ਲੇਖਕ ਕਮਲਜੀਤ ਸਿੰਘ ਨੀਲੋਂ ਦੇ ਭਰਾ ਰਾਮਪਾਲ ਸਿੰਘ ਨੀਲੋਂ ਤੇ ਸ਼ਰਨਜੀਤ ਕੌਰ ਦੀ ਮੌਤ 'ਤੇ ਸਭਾ ਵੱਲੋਂ ਸ਼ੋਕ ਮਤਾ ਪਾਇਆ ਗਿਆ।ਹਾਜ਼ਰ ਸ਼ਾਇਰਾਂ ਵਿੱਚ ਜੱਗਾ ਜਮਾਲਪੁਰੀ, ਗੋਪੀ ਜਮਾਲਪੁਰੀ, ਪਰਮਜੀਤ ਸਿੰਘ ਮੁੱਛੀਆਂ, ਬਲਵੰਤ ਵਿਰਕ, ਲਖਵੀਰ ਸਿੰਘ ਲੱਭਾ, ਜਗਤਾਰ ਸਿੰਘ ਰਾਈਆਂ ਤੇ ਜਗਵੀਰ ਸਿੰਘ ਵਿੱਕੀ ਰੂਹਾਂ ਨੇ ਗੀਤ ਪੇਸ਼ ਕੀਤੇ।ਹਰਪ੍ਰੀਤ ਸਿੰਘ, ਰਾਜਿੰਦਰ ਕੌਰ, ਮਨਜੀਤ ਸਿੰਘ ਰਾਗੀ, ਨੇਤਰ ਸਿੰਘ ਨੇਤਰ, ਗੁਰਬਚਨ ਸਿੰਘ ਰਾਈਆਂ ਨੇ ਕਵਿਤਾਵਾਂ ਪੇਸ਼ ਕੀਤੀਆਂ।ਇਸੇ ਤਰ੍ਹਾਂ ਹਰਬੰਸ ਸਿੰਘ ਰਾਏ ਨੇ ਗ਼ਜ਼ਲ, ਗੁਰਸੇਵਕ ਸਿੰਘ ਢਿੱਲੋਂ ਨੇ 'ਕਲਮ ਦੀ ਧਾਰ' ਕੋਰੜਾ ਛੰਦ ਤੇ ਤਰਨ ਸਿੰਘ ਬੱਲ ਨੇ ਕਹਾਣੀ ਆਦਿਕ ਰਚਨਾਵਾਂ ਦਾ ਪਾਠ ਕੀਤਾ।ਪੜ੍ਹੀਆਂ ਸੁਣੀਆਂ ਰਚਨਾਵਾਂ 'ਤੇ ਹਾਜ਼ਰ ਸਮੂਹ ਸਾਹਿਤਕਾਰਾਂ ਨੇ ਬਹੁਤ ਕੀਮਤੀ ਵਿਚਾਰ ਸਾਂਝੇ ਕੀਤੇ।ਜਗਵੀਰ ਸਿੰਘ ਵਿੱਕੀ ਨੇ ਮੀਟਿੰਗ ਦੀ ਕਾਰਵਾਈ ਖ਼ੂਬਸੂਰਤ ਅੰਦਾਜ਼ ਨਾਲ ਚਲਾਈ।ਗੁਰਸੇਵਕ ਸਿੰਘ ਢਿੱਲੋਂ ਨੇ ਵਰ੍ਹਦੇ ਮੀਂਹ ਵਿੱਚ ਪੁੱਜੇ ਲੇਖਕਾਂ ਦਾ ਅਦਬ ਸਤਿਕਾਰ ਤੇ ਧੰਨਵਾਦ ਕੀਤਾ।

## ਵਡੇਰਾ ਗੋਤ ਦੇ ਜਠੇਰਿਆਂ ਦਾ ਮੇਲਾ 30 ਨੂੰ

**ਸਮਰਾਲਾ (ਸੁਰਜੀਤ ਸਿੰਘ)**-ਕਰੀਬ 200 ਸਾਲ ਤੋਂ ਚਲੀ ਆ ਰਹੀ ਬਾਬਾ ਲਾਲ ਵਡੇਰਾ ਦੇ ਪੂਜਾ ਸਥੱਲ ਉੱਤੇ ਵਡੇਰਾ ਗੋਤ ਪੂਜਣ ਦੀ ਪ੍ਰਥਾ ਅੱਜ ਵੀ ਬਰਕਰਾਰ ਹੈ।ਇੱਥੇ ਇਹ ਜਾਣਕਾਰੀ ਦਿੰਦਿਆਂ ਵਡੇਰਾ ਵੈੱਲਫੇਅਰ ਸੁਸਾਇਟੀ ਦੇ ਪ੍ਰਧਾਨ ਰਜਿੰਦਰ ਕੁਮਾਰ ਵਡੇਰਾ ਨੇ ਦੱਸਿਆ ਕਿ ਹਰ ਸਾਲ ਪੰਜਾਬ, ਹਰਿਆਣਾ ਤੇ ਦਿੱਲੀ ਸਮੇਤ ਦੇਸ਼ ਦੇ ਵੱਖ ਵੱਖ ਹਿੱਸਿਆਂ ਤੋਂ ਭਾਦੋਂ ਮਹੀਨੇ ਦੀ [illegible]ਯੋਂ ਨੂੰ ਸਮਰਾਲੇ ਤੋਂ ਕਰੀਬ 2 ਕਿਲੋਮੀਟਰ ਦੂਰ ਪਿੰਡ ਹਰਿਓਂ ਰੋਡ 'ਤੇ ਵਡੇਰਾ ਗੋਤ ਦੇ ਸ਼ਰਧਾਲੂ ਆਪਣੇ ਪੂਰਵਜਾਂ ਦੀ ਪੂਜਾ ਅਰਚਨਾ ਕਰਨ ਲਈ ਇਕੱਤਰ ਹੁੰਦੇ ਹਨ।ਉਨ੍ਹਾਂ ਦੱਸਿਆ ਕਿ ਇਸ ਦਿਨ ਸਮੁੱਚਾ ਵਡੇਰਾ ਗੋਤ ਇੱਕ ਭਾਈਚਾਰੇ ਵਾਂਗ ਇੱਕ ਦੂਜੇ ਨੂੰ ਮਿਲ ਕੇ ਵਧਾਈਆਂ ਦਿੰਦਾ ਹੈ ਤੇ ਆਪਣੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਦਾ ਹੋਇਆ ਅਗਲੇ ਸਾਲ ਮਿਲਣ ਦਾ ਵਾਇਦਾ ਕਰਦਾ ਹੋਇਆ ਵਿੱਛੜ ਜਾਂਦਾ ਹੈ।ਇਸ ਦਿਨ ਵਡੇਰਾ ਪਰਵਾਰਾਂ ਦੀਆਂ ਔਰਤਾਂ ਤੇ ਆਦਮੀ ਮਿਲ ਕੇ ਭਜਨ ਕੀਰਤਨ ਕਰਦੇ ਹੋਏ ਬਾਬਾ ਲਾਲ ਵਡੇਰਾ ਦੀ ਮਹਿਮਾ ਦਾ ਗੁਣਗਾਨ ਕਰਦੇ ਹਨ।ਉਨ੍ਹਾਂ ਦੱਸਿਆ ਕਿ ਇਸ ਮੌਕੇ ਸਾਰਾ ਦਿਨ ਅਤੁੱਟ ਲੰਗਰ ਵਰਤਾਇਆ ਜਾਂਦਾ ਹੈ।

## ਮੁੱਖ ਮੰਤਰੀ ਦੇ ਚੱਕਰ 'ਚ ਧੂਰੀ ਵਾਲਿਆਂ ਨੇ ਵਿਧਾਇਕ ਵੀ ਗੁਆ ਲਿਆ : ਗੋਲਡੀ ਖੰਗੂੜਾ

**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਸਾਬਕਾ ਹਲਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਖੰਗੂੜਾ ਨੇ ਜਨਤਾ ਨਗਰ ਇਲਾਕੇ ਦੇ ਕੀਤੇ ਗਏ ਦੌਰੇ ਦੌਰਾਨ ਹਲਕੇ ਦੀ ਮੌਜੂਦਾ ਹਾਲਤ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਸ਼ਹਿਰ ਦੇ ਲੋਕਾਂ ਦੀ ਬੇਕਦਰੀ ਤੇ ਸ਼ਹਿਰ ਦੀ ਮਾੜੀ ਹਾਲਤ ਨੂੰ ਲੋਕਾਂ ਦੀ ਤ੍ਰਾਸਦੀ ਦੱਸਦਿਆਂ ਕਿਹਾ ਕਿ ਲੋਕਾਂ ਨੇ ਵੱਡੇ ਸੁਪਨੇ ਦੇਖ ਕੇ ਮੁੱਖ ਮੰਤਰੀ ਨੂੰ ਆਪਣਾ ਪ੍ਰਤਿਨਿਧੀ ਚੁਣਿਆ ਸੀ, ਪਰ ਉਸਦੇ ਚੱਕਰ ਵਿੱਚ ਉਨ੍ਹਾਂ ਨੇ ਆਪਣਾ ਵਿਧਾਇਕ ਵੀ ਗੁਆ ਲਿਆ।ਲੋਕਾਂ ਦੀਆਂ ਜਾਇਜ਼ ਸਮੱਸਿਆਵਾਂ ਸੁਣਨ ਵਾਲਾ ਕੋਈ ਨਹੀਂ ਤੇ ਹਲਕੇ ਵਿੱਚ ਸਥਾਪਤ ਕੀਤੇ ਗਏ, ਮੁੱਖ ਮੰਤਰੀ ਕੈਂਪਸ ਦਫ਼ਤਰ ਤੇ ਹਰੇਕ ਦਫ਼ਤਰਾਂ ਵਿੱਚ ਨਾਗਰਿਕਾਂ ਦੀ ਕੋਈ ਸੁਣਵਾਈ ਨਹੀਂ ਹੁੰਦੀ।ਗੋਲਡੀ ਖੰਗੂੜਾ ਨੇ ਕਿਹਾ ਕਿ ਜਦੋਂ ਵੀ ਪੰਜਾਬ ਦੇ ਹੋਰ ਹਲਕਿਆਂ 'ਚ ਮੁੱਖ ਮੰਤਰੀ ਬਣੇ ਹਨ, ਉਨ੍ਹਾਂ ਨੇ ਆਪਣੇ ਹਲਕੇ ਦੀ ਕਿਸਮਤ ਬਦਲ ਕੇ ਰੱਖ ਦਿੱਤੀ ਹੈ, ਪਰ ਧੂਰੀ ਹਲਕੇ ਦਾ ਹਾਲ ਇਹ ਹੈ ਕਿ ਇੱਥੇ ਦੇ ਲੋਕ ਮੁੱਢਲੀਆਂ ਸਹੂਲਤਾਂ ਲਈ ਵੀ ਤਰਸ ਰਹੇ ਹਨ।ਪਾਣੀ, ਸੜਕਾਂ, ਸਫ਼ਾਈ ਤੇ ਬੁਨਿਆਦੀ ਢਾਂਚੇ ਦੀ ਹਾਲਤ ਦਿਨੋ-ਦਿਨ ਖਰਾਬ ਹੋ ਰਹੀ ਹੈ।ਨਾ ਤਾਂ ਕੋਈ ਨਵਾਂ ਪ੍ਰਾਜੈਕਟ ਆਇਆ ਤੇ ਨਾ ਹੀ ਪੁਰਾਣੇ ਵਿਕਾਸ ਕਾਰਜਾਂ ਨੂੰ ਪੂਰਾ ਕੀਤਾ ਗਿਆ। ਉਨ੍ਹਾਂ ਸਖ਼ਤ ਸ਼ਬਦਾਂ 'ਚ ਕਿਹਾ ਕਿ ਮੌਜੂਦਾ ਮੁੱਖ ਮੰਤਰੀ ਨੇ ਕਦੇ ਵੀ ਹਲਕਾ ਨਿਵਾਸੀਆਂ ਦਾ ਧੰਨਵਾਦ ਨਹੀਂ ਕੀਤਾ।ਚੋਣਾਂ ਦੌਰਾਨ ਵਾਅਦੇ ਵੱਡੇ-ਵੱਡੇ ਕੀਤੇ ਗਏ ਸਨ, ਪਰ ਚੋਣ ਜਿੱਤਣ ਤੋਂ ਬਾਅਦ ਧੂਰੀ ਦੇ ਲੋਕ ਆਪਣੇ ਆਪ ਨੂੰ ਠੱਗਿਆ ਮਹਿਸੂਸ ਕਰ ਰਹੇ ਹਨ।ਖ਼ਾਸ ਕਰਕੇ ਐੱਸ.ਟੀ.ਪੀ. ਪਲਾਂਟ ਵਰਗੇ ਜ਼ਰੂਰੀ ਪ੍ਰਾਜੈਕਟਾਂ ਲਈ ਕੋਈ ਕਦਮ ਨਹੀਂ ਚੁੱਕਿਆ ਗਿਆ। ਗੰਦਗੀ, ਨਿਕਾਸੀ ਤੇ ਪ੍ਰਦੂਸ਼ਣ ਦੀ ਸਮੱਸਿਆ ਜਿਉਂ ਦੀ ਤਿਉਂ ਹੈ, ਜਿਸ ਨਾਲ ਲੋਕਾਂ ਦੀ ਸਿਹਤ ਤੇ ਜੀਵਨ-ਮਿਆਰ ਪ੍ਰਭਾਵਿਤ ਹੋ ਰਹੇ ਹਨ।ਉਨ੍ਹਾਂ ਅੰਤ 'ਚ ਕਿਹਾ ਕਿ ਜੇ ਧੂਰੀ ਹਲਕੇ ਦੇ ਲੋਕ ਇਕਜੁਟ ਹੋ ਕੇ ਆਪਣਾ ਹੱਕ ਮੰਗਣ, ਤਾਂ ਕੋਈ ਵੀ ਸਰਕਾਰ ਉਨ੍ਹਾਂ ਦੀ ਆਵਾਜ਼ ਨੂੰ ਨਜ਼ਰਅੰਦਾਜ਼ ਨਹੀਂ ਕਰ ਸਕਦੀ, ਪਰ ਜੇਕਰ ਉਹ ਚੁੱਪ ਰਹੇ ਤਾਂ ਹਾਲਾਤ ਹੋਰ ਵੀ ਖਰਾਬ ਹੋ ਸਕਦੇ ਹਨ।ਉਨ੍ਹਾਂ ਪ੍ਰਸ਼ਾਸਨ ਨੂੰ ਦੋ ਦਿਨਾਂ ਦਾ ਅਲਟੀਮੇਟਮ ਦਿੰਦਿਆਂ ਕਿਹਾ ਕਿ ਜੇਕਰ ਦੋ ਦਿਨਾਂ ਅੰਦਰ ਪ੍ਰਸ਼ਾਸਨ ਨੇ ਇਸ ਸਮੱਸਿਆ ਦਾ ਹੱਲ ਨਾ ਕੀਤਾ ਤਾਂ ਅਗਲਾ ਸੰਘਰਸ਼ੀ ਕਦਮ ਪੁੱਟਣ ਲਈ ਮਜਬੂਰ ਹੋਣਗੇ।



## ਹੈੱਡ ਮਾਸਟਰਜ਼ ਐਸੋਸੀਏਸ਼ਨ ਨੇ ਸਿਹਤ ਮੰਤਰੀ ਬਲਬੀਰ ਸਿੰਘ ਤੇ ਵਿਧਾਇਕ ਸਵਨਾ ਨੂੰ ਦਿੱਤਾ ਮੰਗ ਪੱਤਰ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਹੈੱਡਮਾਸਟਰਜ਼ ਐਸੋਸੀਏਸ਼ਨ ਪੰਜਾਬ ਵੱਲੋਂ ਦਿੱਤੇ ਸੱਦੇ 'ਤੇ ਰੱਖੇ ਗਏ ਪ੍ਰੋਗਰਾਮ 'ਚ ਪੰਜਾਬ ਦੇ 117 ਵਿਧਾਇਕਾਂ ਤੇ 13 ਮੈਂਬਰ ਪਾਰਲੀਮੈਂਟ ਨੂੰ ਮੰਗ ਪੱਤਰ ਦੇਣ ਅਤੇ ਮੰਗਾਂ ਨਾ ਮੰਨੀਆਂ ਜਾਣ ਵਿਰੁੱਧ ਰੋਸ ਪ੍ਰਗਟ ਕਰਨ ਦੀ ਲੜੀ ਤਹਿਤ ਹੈੱਡਮਾਸਟਰਜ਼ ਐਸੋਸੀਏਸ਼ਨ, ਫਾਜ਼ਿਲਕਾ ਵੱਲੋਂ ਸਿਹਤ ਮੰਤਰੀ ਪੰਜਾਬ ਬਲਬੀਰ ਸਿੰਘ ਤੇ ਹਲਕਾ ਵਿਧਾਇਕ ਫਾਜ਼ਿਲਕਾ ਨਰਿੰਦਰਪਾਲ ਸਿੰਘ ਸਵਨਾ ਨੂੰ ਮੰਗ ਪੱਤਰ ਦਿੱਤਾ ਗਿਆ।ਉਨ੍ਹਾਂ ਨੇ ਹੈੱਡਮਾਸਟਰ ਕਾਡਰ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਮਾਨਯੋਗ ਮੁੱਖ ਮੰਤਰੀ ਪੰਜਾਬ ਨੂੰ ਪਹੁੰਚਦਾ ਕਰਨ ਦਾ ਵਾਅਦਾ ਕੀਤਾ।ਇਸ ਮੌਕੇ ਬੋਲਦਿਆਂ ਜ਼ਿਲ੍ਹਾ ਪ੍ਰਧਾਨ ਸਤਿੰਦਰ ਬੱਤਰਾ ਨੇ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਅਣਗੌਲੇ ਕੀਤੇ ਹੈੱਡਮਾਸਟਰ ਕਾਡਰ ਵਿੱਚ ਉਨ੍ਹਾਂ ਦੀਆਂ ਜਾਇਜ਼ ਤੇ ਹੱਕੀ ਮੰਗਾਂ ਨਾ ਮੰਨੇ ਜਾਣ ਦੇ ਵਿਰੁੱਧ ਭਾਰੀ ਰੋਸ ਹੈ, ਜਿਸ ਦੇ ਚੱਲਦਿਆਂ ਸਰਕਾਰ ਤੇ ਸਿੱਖਿਆ ਵਿਭਾਗ ਵੱਲੋਂ ਕੀਤੀ ਜਾ ਰਹੀ ਅਣਦੇਖੀ ਵਿਰੁੱਧ ਆਵਾਜ਼ ਬੁਲੰਦ ਕਰਨ ਲਈ ਰਣਨੀਤੀ ਘੜੀ ਜਾਵੇਗੀ।ਉਨ੍ਹਾਂ ਕਿਹਾ ਕਿ ਚਾਹੇ 2019 ਵਿੱਚ ਨਿਕਲੀ ਭਰਤੀ ਦੌਰਾਨ ਪਹਿਲਾਂ ਹੀ ਸਾਲਾਂ-ਬੱਧੀ ਸਰਕਾਰੀ ਸਕੂਲਾਂ ਵਿੱਚ ਕੰਮ ਕਰਦੇ ਅਧਿਆਪਕਾਂ ਨੇ ਪੀ. ਪੀ. ਐੱਸ. ਸੀ. ਦਾ ਇਮਤਿਹਾਨ ਪਾਸ ਕਰਕੇ ਜਨਵਰੀ 2020 ਵਿੱਚ ਹੈੱਡਮਾਸਟਰਾਂ ਵਜੋਂ ਜੁਆਇਨ ਕੀਤਾ ਤੇ ਦਿਨਾਂ ਵਿੱਚ ਹੀ ਸਕੂਲਾਂ ਦੀ ਨੁਹਾਰ ਬਦਲ ਦਿੱਤੀ, ਪਰ ਪੰਜਾਬ ਸਰਕਾਰ ਤੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੇ ਉਨ੍ਹਾਂ ਦੀਆਂ ਜਾਇਜ਼ ਤੇ ਹੱਕੀ ਮੰਗਾਂ ਵੱਲ ਕਦੇ ਵੀ ਸੁਹਿਰਦਤਾ ਨਾਲ ਧਿਆਨ ਨਹੀਂ ਦਿੱਤਾ।ਉਨ੍ਹਾਂ ਵੱਲੋਂ ਹੈੱਡਮਾਸਟਰ ਕਾਡਰ ਦੇ ਗਰੇਡ ਪੇ ਵਿੱਚ ਵਾਧਾ ਕਰਨ, ਹਾਇਰ ਰਿਸਪਾਂਸੀਬਿਲਟੀ ਇੰਕਰੀਮੈਂਟ ਦੇਣ, ਹੁਣ ਤੱਕ ਬਣਦੇ ਬੈਕਲਾਗ ਕੋਟੇ ਦੀਆਂ ਤਰੱਕੀਆਂ ਤੇ ਪ੍ਰਿੰਸੀਪਲ ਦੀ ਪੋਸਟ ਲਈ ਪ੍ਰਮੋਸ਼ਨ ਕੋਟੇ ਵਿੱਚ 50% ਵਾਧੇ ਦੀਆਂ ਬਿਲਕੁਲ ਜਾਇਜ਼, ਹੱਕੀ ਤੇ ਤਰਕਸੰਗਤ ਮੰਗਾਂ ਪ੍ਰਤੀ ਸੁਹਿਰਦਤਾ ਨਾਲ ਧਿਆਨ ਦੇਣ ਦੀ ਮੰਗ ਕੀਤੀ।ਇਸ ਮੌਕੇ ਹੈੱਡਮਾਸਟਰ ਵਿਕਰਾਂਤ ਸਚਦੇਵਾ, ਵਿਕਾਸ ਗਰੋਵਰ, ਸੁਰਿੰਦਰਪਾਲ ਸਿੰਘ, ਮਨਜਿੰਦਰ ਸਿੰਘ ਆਦਿ ਹਾਜ਼ਰ ਸਨ।

## ਜ਼ਿਲ੍ਹਾ ਪੱਧਰੀ ਸਾਹਿਤ ਮੁਕਾਬਲੇ 'ਚ ਕੋਮਲਪ੍ਰੀਤ ਰਹੀ ਅੱਵਲ



**ਬਠਿੰਡਾ (ਰਾਜੀਵ ਗੋਇਲ)**-ਪੰਜਾਬ ਸਰਕਾਰ ਤੇ ਭਾਸ਼ਾ ਵਿਭਾਗ ਪੰਜਾਬ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਭਾਸ਼ਾ ਦਫ਼ਤਰ ਬਠਿੰਡਾ ਵੱਲੋਂ ਵਿਦਿਆਰਥੀਆਂ ਦੇ ਸਾਹਿਤ ਸਿਰਜਣ ਤੇ ਕਵਿਤਾ ਗਾਇਨ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ ਦੇ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਜ਼ਿਲ੍ਹਾ ਪੱਧਰੀ ਸਾਹਿਤ ਸਿਰਜਣ ਮੁਕਾਬਲੇ ਵਿੱਚ ਸਰਕਾਰੀ ਹਾਈ ਸਕੂਲ ਰਾਜਗੜ੍ਹ ਦੀ ਵਿਦਿਆਰਥਣ ਕੋਮਲਪ੍ਰੀਤ ਕੌਰ ਜਮਾਤ ਸੱਤਵੀਂ ਨੇ ਕਹਾਣੀ ਰਚਨਾ ਮੁਕਾਬਲੇ ਵਿੱਚ ਪੂਰੇ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਉਪਰੋਕਤ ਵਿਦਿਆਰਥਣ ਨੇ ਇਸ ਮਾਣ ਮੱਤੀ ਪ੍ਰਾਪਤੀ ਨਾਲ ਸਕੂਲ ਦਾ ਨਾਮ ਰੌਸ਼ਨ ਕੀਤਾ। ਇਸ ਮੌਕੇ ਸਕੂਲ ਦੇ ਮੁੱਖ ਅਧਿਆਪਕ ਮਨਦੀਪ ਸਿੰਘ ਨੇ ਗਾਈਡ ਅਧਿਆਪਕ ਸਿਮਰਜੀਤ ਕੌਰ ਤੇ ਜੇਤੂ ਵਿਦਿਆਰਥਣ ਨੂੰ ਸਵੇਰ ਦੀ ਸਭਾ ਵਿੱਚ ਵਧਾਈ ਦਿੱਤੀ ਅਤੇ ਸਨਮਾਨਤ ਕੀਤਾ। ਇਸ ਮੌਕੇ ਅਧਿਆਪਕਾਂ ਵੱਲੋਂ ਵਿਦਿਆਰਥਣ ਨੂੰ ਰਾਜ ਪੱਧਰੀ ਮੁਕਾਬਲਿਆਂ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ। ਇਸ ਮੌਕੇ ਰਾਜਦੀਪ ਕੌਰ, ਸ਼ਸ਼ੀ ਕੁਮਾਰ, ਜਸਵਿੰਦਰ ਸਿੰਘ, ਗੁਰਿੰਦਰ ਸਿੰਘ, ਏਕਤਾ ਰਾਣੀ, ਮਨਪ੍ਰੀਤ ਸਿੰਘ, ਹਰਬੰਸ ਕੌਰ ਤੇ ਨਜੀਰ ਖਾਨ ਮੌਜੂਦ ਸਨ।

## ਮਾਤਾ ਸੁੰਦਰੀ ਗਰੁੱਪ ਢੱਡੇ ਵਿਖੇ 'ਪਿੰਡਾਂ 'ਚ ਲਾਇਬ੍ਰੇਰੀਆਂ ਦੀ ਲੋੜ ਕਿਉਂ' ਵਿਸ਼ੇ 'ਤੇ ਸੈਮੀਨਾਰ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਭਾਰਤੀ ਸਾਹਿਤ ਅਕੈਡਮੀ ਦਿੱਲੀ ਵੱਲੋਂ ਮਾਤਾ ਸੁੰਦਰੀ ਗਰੁੱਪ ਆਫ ਇੰਸਟੀਚਿਊਸ਼ਨਜ਼ ਢੱਡੇ ਵਿਖੇ 'ਪਿੰਡਾਂ 'ਚ ਲਾਇਬ੍ਰੇਰੀਆਂ ਦੀ ਲੋੜ ਕਿਉਂ' ਵਿਸ਼ੇ 'ਤੇ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ, ਜਿਸ ਦੀ ਪ੍ਰਧਾਨਗੀ ਡਾ. ਸਤੀਸ਼ ਕੁਮਾਰ ਵਰਮਾ ਨੇ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੂੰ ਪੰਜਾਬ ਦੇ ਸਮੂਹ ਪਿੰਡਾਂ 'ਚ ਲਾਇਬ੍ਰੇਰੀਆਂ ਸਥਾਪਤ ਕਰਨੀਆਂ ਚਾਹੀਦੀਆਂ ਹਨ। ਉਨ੍ਹਾ ਦੱਸਿਆ ਕਿ ਲਾਇਬ੍ਰੇਰੀਆਂ 'ਚ ਬਕਾਇਦਾ ਤੌਰ 'ਤੇ ਸਟਾਫ ਹੋਵੇ,ਆਧੁਨਿਕ ਸਹੂਲਤਾਂ ਹੋਣ, ਪਾਠਕਾਂ ਦੀ ਮੰਗ ਅਨੁਸਾਰ ਨਵੀਆਂ ਛਪੀਆਂ ਕਿਤਾਬਾਂ ਮੰਗਵਾਉਣ ਦੀ ਸਹੂਲਤ ਹੋਵੇ।ਉਨ੍ਹਾਂ ਕਿਹਾ ਕਿ ਲਾਇਬ੍ਰੇਰੀਆਂ ਦੇ ਵਿਸਥਾਰ ਕਾਰਨ ਪੰਜਾਬ ਵਿੱਚ ਆਪਸੀ ਭਾਈਚਾਰਾ, ਕੌਮੀ ਏਕਤਾ ਤੇ ਮੋਹ-ਮੁਹੱਬਤ ਦਾ ਵਿਸਥਾਰ ਹੋਵੇਗਾ।ਸਮਾਗਮ ਦੇ ਵਕਤਾ ਪ੍ਰੋ. ਡਾ. ਸਤਨਾਮ ਸਿੰਘ ਜੱਸਲ ਨੇ ਪਿੰਡਾਂ 'ਚ ਲਾਇਬ੍ਰੇਰੀਆਂ ਦੀ ਲੋੜ ਨੂੰ ਦਰਸਾਉਂਦਿਆਂ ਦੇਸ਼ ਪੱਧਰ ਤੇ ਵੱਖ ਵੱਖ ਰਾਜਾਂ ਵਿੱਚ ਲਾਇਬ੍ਰੇਰੀਆਂ ਦੀ ਸਥਿਤੀ, ਕਿਤਾਬਾਂ ਦੀ ਗਿਣਤੀ, ਡਿਜੀਟਲ ਲਾਇਬ੍ਰੇਰੀਆਂ ਦੀ ਗੱਲ ਕਰਦਿਆਂ ਪੰਜਾਬ ਵਿਚਲੀਆਂ ਵਿੱਦਿਅਕ ਸੰਸਥਾਵਾਂ 'ਚ ਲਾਇਬ੍ਰੇਰੀਆਂ ਦੀ ਭੂਮਿਕਾ ਬਾਰੇ ਸੰਜੀਦਾ ਵਿਚਾਰ ਪ੍ਰਗਟ ਕੀਤੇ ਤੇ ਨਾਲ ਹੀ ਪਿੰਡਾਂ 'ਚ ਦਿਹਾਤੀ ਲਾਇਬ੍ਰੇਰਿਆਂ ਸਥਾਪਤ ਕਰਨ ਦੀ ਲੋੜ ਸਬੰਧੀ ਵਿਚਾਰ ਪ੍ਰਗਟ ਕੀਤੇ।

ਬਹੁਪੱਖੀ ਲੇਖਕ ਤੇ ਮੈਂਬਰ ਗਵਰਨਿੰਗ ਕੌਂਸਲ ਪੰਜਾਬੀ ਸਾਹਿਤ ਅਕੈਡਮੀ ਦਿੱਲੀ ਬੂਟਾ ਸਿੰਘ ਚੌਹਾਨ ਨੇ ਕਿਹਾ ਕਿ ਜੇਕਰ ਪ੍ਰਸਿੱਧ ਕਿਤਾਬਾਂ ਪ੍ਰਸਿੱਧ ਵਿਅਕਤੀ ਸਿਰਜਦੇ ਹਨ ਤਾਂ ਕਿਤਾਬਾਂ ਵੀ ਪ੍ਰਸਿੱਧ ਮਨੁੱਖ ਸਿਰਜਦੀਆਂ ਹਨ।ਸਮਾਗਮ ਦੇ ਵਕਤਾ ਡਾ. ਜਸਮੀਤ ਸਿੰਘ ਨੇ ਕਿਹਾ ਕਿ ਪਿੰਡਾਂ ਦੇ ਜਨ ਸਧਾਰਨ ਨੂੰ ਲੋਕ ਸਮੱਸਿਆਵਾਂ ਦੇ ਹੱਲ ਲੱਭਣ ਲਈ ਲਾਇਬ੍ਰੇਰੀਆਂ ਨਾਲ ਜੋੜਿਆ ਜਾਵੇ।ਇਸ ਸੈਮੀਨਾਰ ਦੌਰਾਨ ਮਹਿਮਾਨਾਂ ਨੂੰ ਜੀ ਆਇਆਂ ਨੂੰ ਸੰਸਥਾ ਦੇ ਪ੍ਰਿੰਸੀਪਲ ਰਾਜ ਸਿੰਘ ਬਾਘਾ ਨੇ ਆਖਿਆ ਤੇ ਸੰਸਥਾ ਦੇ ਡਾਇਰੈਕਟਰ ਅਕਾਦਮਿਕ ਪਰਮਿੰਦਰ ਸਿੰਘ ਸਿੱਧੂ ਨੇ ਸਭਨਾਂ ਦਾ ਧੰਨਵਾਦ ਕੀਤਾ।ਇਸ ਸਮਾਗਮ 'ਚ ਸੰਸਥਾ ਦੇ ਮੈਨੇਜਿੰਗ ਡਾਇਰੈਕਟਰ ਗੁਰਬਿੰਦਰ ਸਿੰਘ ਬੱਲੀ, ਮੈਡਮ ਸਿੰਬਲਜੀਤ ਕੌਰ ਨੇ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ, ਜਦਕਿ ਵਿਦੇਸ਼ੀ ਦੌਰੇ 'ਤੇ ਹੁੰਦਿਆਂ ਵੀ ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਢੱਡੇ ਤੇ ਖਜ਼ਾਨਚੀ ਸ਼੍ਰੀਮਤੀ ਪ੍ਰਸ਼ੋਤਮ ਕੌਰ ਨੇ ਵੀ ਉਚੇਚੇ ਤੌਰ 'ਤੇ ਇਸ ਸਮਾਗਮ ਦੀ ਸਫਲਤਾ ਲਈ ਵਧਾਈ ਦਿੱਤੀ।ਸਟੇਜ ਸੰਚਾਲਨ ਦੇ ਫਰਜ਼ ਬਹੁਪੱਖੀ ਲੇਖਕ ਤੇ ਭਾਰਤੀ ਸਾਹਿਤ ਅਕੈਡਮੀ ਦਿੱਲੀ ਦੀ ਗਵਰਨਿੰਗ ਕੌਂਸਲ ਦੇ ਮੈਂਬਰ ਬੂਟਾ ਸਿੰਘ ਚੌਹਾਨ ਤੇ ਕਾਲਜ ਦੇ ਪ੍ਰੋ. ਰਾਜਵਿੰਦਰ ਸਿੰਘ ਨੇ ਨਿਭਾਏ।

## ਸਰਹਿੰਦ ਰੇਲਵੇ ਸਟੇਸ਼ਨ ਨੇੜੇ ਫੁੱਟਪਾਥ ਤੋਂ ਅਣਪਛਾਤੀ ਲਾਸ਼ ਬਰਾਮਦ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜੀ.ਆਰ.ਪੀ. ਵੱਲੋਂ ਸਰਹਿੰਦ ਦੇ ਰੇਲਵੇ ਸਟੇਸ਼ਨ ਨੇੜਿਓਂ ਫੁੱਟਪਾਥ ਤੋਂ ਇੱਕ ਨਾਮਾਲੂਮ ਵਿਅਕਤੀ ਦੀ ਲਾਸ਼ ਬਰਾਮਦ ਕੀਤੇ ਜਾਣ ਦਾ ਸਮਾਚਾਰ ਹੈ।ਜੀ.ਆਰ.ਪੀ. ਥਾਣਾ ਸਰਹਿੰਦ ਵਿਖੇ ਤਾਇਨਾਤ ਸਹਾਇਕ ਥਾਣੇਦਾਰ ਕੇਵਲ ਸਿੰਘ ਨੇ ਦੱਸਿਆ ਕਿ ਸਰਹਿੰਦ ਰੇਲਵੇ ਸਟੇਸ਼ਨ ਦੇ ਸਰਕੂਲੇਟਿੰਗ ਏਰੀਏ ਦੇ ਫੁੱਟਪਾਥ ਤੋਂ ਦੇਖਣ ਨੂੰ ਚਕਰਵਰਤੀ ਜਾਪਦੇ ਇੱਕ ਨਾਮਾਲੂਮ ਵਿਅਕਤੀ ਦੀ ਲਾਸ਼ ਬਰਾਮਦ ਹੋਈ ਹੈ।ਉਨ੍ਹਾਂ ਦੱਸਿਆ ਕਿ ਮ੍ਰਿਤਕ ਦਾ ਰੰਗ ਸਾਫ਼, ਕੁੜਤਾ ਪਜ਼ਾਮਾ ਪਹਿਨਿਆ ਹੋਇਆ, ਸੱਜੀ ਬਾਂਹ 'ਚ ਕੜਾ, ਉਮਰ ਕਰੀਬ 45 ਸਾਲ, ਸਿਰ ਦੇ ਵਾਲ ਕਤਰੇ ਹੋਏ ਤੇ ਦਾੜ੍ਹੀ ਲੰਮੀ ਹੈ, ਜਿਸ ਦੀ ਹਾਲੇ ਸ਼ਨਾਖ਼ਤ ਨਹੀਂ ਹੋ ਸਕੀ।ਉਨ੍ਹਾਂ ਅਪੀਲ ਕੀਤੀ ਕਿ ਮ੍ਰਿਤਕ ਸਬੰਧੀ ਜੇਕਰ ਕਿਸੇ ਕੋਲ ਕੋਈ ਵੀ ਜਾਣਕਾਰੀ ਹੋਵੇ ਤਾਂ ਤੁਰੰਤ ਜੀ.ਆਰ.ਪੀ. ਥਾਣਾ ਸਰਹਿੰਦ ਜਾਂ ਫੋਨ ਨੰਬਰ 89683-31263 'ਤੇ ਸਾਂਝੀ ਕੀਤੀ ਜਾਵੇ।

## ਜਸਵਿੰਦਰ ਭੱਲਾ ਦੀ ਮੂਰਤੀ ਬਣਾ ਕੇ ਮਨਜੀਤ ਘੱਲਕਲਾਂ ਨੇ ਦਿੱਤੀ ਸ਼ਰਧਾਂਜਲੀ



**ਮੋਗਾ (ਇਕਬਾਲ ਸਿੰਘ ਖਹਿਰਾ)**-ਪਹਿਲਾਂ ਛਣਕਾਟੇ ਦੀਆਂ ਕੈਸਟਾਂ ਰਾਹੀਂ ਤੇ ਹੁਣ ਪੰਜਾਬੀ ਫਿਲਮਾਂ ਰਾਹੀਂ ਲੋਕਾਂ ਨੂੰ ਹਸਾਉਣ ਵਾਲੇ ਪ੍ਰਸਿੱਧ ਫਿਲਮ ਅਦਾਕਾਰ ਜਸਵਿੰਦਰ ਭੱਲਾ ਦੀ ਬੇਵਕਤੀ ਮੌਤ ਨੇ ਜਿੱਥੇ ਉਨ੍ਹਾਂ ਦੇ ਚਾਹੁਣ ਵਾਲਿਆਂ ਨੂੰ ਗਹਿਰਾ ਸਦਮਾ ਦਿੱਤਾ ਹੈ, ਉੱਥੇ ਹੀ ਇੱਕ ਕਲਾਕਾਰ ਹੋਣ ਦੇ ਨਾਤੇ ਮੈਨੂੰ ਵੀ ਝੰਜੋੜਿਆ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪ੍ਰਸਿੱਧ ਮੂਰਤੀਕਾਰ ਮਨਜੀਤ ਸਿੰਘ ਘੱਲਕਲਾਂ ਨੇ ਨਮ ਅੱਖਾਂ ਨਾਲ ਜਸਵਿੰਦਰ ਭੱਲਾ ਦੀ ਮੂਰਤੀ ਬਣਾਉਂਦਿਆਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਮਨਜੀਤ ਸਿੰਘ ਨੇ ਕਿਹਾ ਕਿ ਪੰਜਾਬੀ ਜਗਤ ਵਿੱਚ ਕਾਮੇਡੀਅਨ ਕਲਾਕਾਰ ਵਜੋਂ ਜਾਣੇ ਜਾਂਦੇ ਜਸਵਿੰਦਰ ਭੱਲਾ ਦੀ ਘਾਟ ਪੰਜਾਬੀ ਫਿਲਮੀ ਜਗਤ ਤੇ ਸਰੋਤਿਆਂ ਨੂੰ ਹਮੇਸ਼ਾ ਰੜਕਦੀ ਰਹੇਗੀ।ਮੂਰਤੀਕਾਰ ਮਨਜੀਤ ਸਿੰਘ ਘੱਲਕਲਾਂ ਨੇ ਦੱਸਿਆ ਕਿ ਜਦੋਂ ਉਹ ਆਪਣੇ ਖੇਤਾਂ ਵਿੱਚ ਕੰਮ ਕਰ ਰਹੇ ਸੀ ਤਾਂ ਉਨ੍ਹਾਂ ਨੇ ਸੋਸ਼ਲ ਮੀਡੀਆ ਤੇ ਜਸਵਿੰਦਰ ਭੱਲਾ ਦੀ ਮੌਤ ਦੀ ਖਬਰ ਸੁਣੀ ਤੇ ਉਹ ਤੁਰੰਤ ਉਹ ਆਪਣੇ ਘਰ ਪਰਤ ਆਏ ਤੇ ਘਰ ਆਉਂਦਿਆਂ ਮਨ ਵਿੱਚ ਫੁਰਨਾ ਆਇਆ ਕਿ ਜਸਵਿੰਦਰ ਭੱਲਾ ਜੋ ਕਿ ਉਨ੍ਹਾਂ ਦੇ ਬਹੁਤ ਨਜ਼ਦੀਕੀ ਸਨ, ਉਨ੍ਹਾਂ ਨੂੰ ਸ਼ਰਧਾਂਜਲੀ ਦੇਣ ਲਈ ਉਨ੍ਹਾਂ ਦੀ ਮੂਰਤੀ ਬਣਾਈ ਜਾਵੇ ਤੇ ਤਕਰੀਬਨ ਚਾਰ ਤੋਂ ਪੰਜ ਘੰਟਿਆਂ ਦੇ ਵਿੱਚ ਅਸੀਂ ਮੂਰਤੀ ਤਿਆਰ ਕੀਤੀ।ਮਨਜੀਤ ਸਿੰਘ ਨੇ ਦੱਸਿਆ ਕਿ ਅਸੀਂ ਬਚਪਨ ਤੋਂ ਹੀ ਇਨ੍ਹਾਂ ਦੀਆਂ ਕੈਸਟਾਂ ਸੁਣਦੇ ਸੀ ਤੇ ਇਨ੍ਹਾਂ ਨਾਲ ਸਾਡੀ ਕਈ ਮੁਲਾਕਾਤਾਂ ਵੀ ਹੋਈਆਂ ਤੇ ਸਾਡੀਆਂ ਨਜ਼ਦੀਕੀਆਂ ਵੀ ਰਹੀਆਂ।ਅੱਜ ਜਸਵਿੰਦਰ ਭੱਲਾ ਦੀ ਮੂਰਤੀ ਬਣਾ ਕੇ ਇੱਕ ਕਲਾਕਾਰ ਨੇ ਕਲਾਕਾਰ ਨੂੰ ਅਕੀਦਤ ਭੇਟ ਕੀਤੀ ਹੈ ਤੇ ਆਉਣ ਵਾਲੇ ਸਮੇਂ ਦੇ ਵਿੱਚ ਇਹ ਵੀ ਤੈਅ ਕਰਾਂਗੇ ਕਿ ਮੂਰਤੀ ਕਿੱਥੇ ਸਥਾਪਤ ਕੀਤੀ ਜਾਵੇ।

## ਨਕਦੀ ਖੋਹਣ ਦੇ ਮਾਮਲੇ 'ਚ ਪੰਜ ਵਿਅਕਤੀ ਗ੍ਰਿਫਤਾਰ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਚਾਰ ਦਿਨ ਪਹਿਲਾਂ ਬਸੀ ਪਠਾਣਾਂ ਵਿਖੇ ਇੱਕ ਫਾਈਨੈਂਸ ਕੰਪਨੀ ਦੇ ਕਰਮਚਾਰੀ ਤੋਂ ਨਕਦੀ ਖੋਹ ਕੇ ਲੈ ਜਾਣ ਦੇ ਕਥਿਤ ਮਾਮਲੇ 'ਚ ਬਸੀ ਪਠਾਣਾਂ ਸਿਟੀ ਪੁਲਸ ਵੱਲੋਂ ਪੰਜ ਵਿਅਕਤੀਆਂ ਨੂੰ ਗ੍ਰਿਫਤਾਰ ਕਰਦੇ ਹੋਏ ਲੁੱਟ ਦੀ ਇਸ ਵਾਰਦਾਤ ਨੂੰ ਸੁਲਝਾਉਣ ਦਾ ਦਾਅਵਾ ਕੀਤਾ ਗਿਆ ਹੈ।ਹਾਲਾਂਕਿ ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਦੇ ਜ਼ਖਮੀ ਹੋਣ ਦੀ ਵੀ ਸੂਚਨਾ ਹੈ।ਡੀ.ਐੱਸ.ਪੀ. ਬਸੀ ਪਠਾਣਾਂ ਰਾਜ ਕੁਮਾਰ ਸ਼ਰਮਾ ਨੇ ਪੱਤਰਕਾਰਾਂ ਨੂੰ ਮਾਮਲੇ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਬੀਤੀ 20 ਅਗਸਤ ਨੂੰ ਭਾਰਤ ਫਾਈਨੈਂਸ ਕੰਪਨੀ ਦਾ ਕਰਮਚਾਰੀ ਸੰਦੀਪ ਸਿੰਘ ਰਾਏਕਾ ਲੋਨ ਦੀਆਂ ਕਿਸ਼ਤਾਂ ਇਕੱਠੀਆਂ ਕਰਕੇ ਦੁਪਹਿਰ ਸਮੇਂ ਮੋਟਰਸਾਈਕਲ 'ਤੇ ਮੋਰਿੰਡਾ ਵੱਲ ਨੂੰ ਜਾ ਰਿਹਾ ਸੀ ਤਾਂ ਬਸੀ ਪਠਾਣਾਂ ਦੇ ਡੀ. ਕੇ. ਹੋਟਲ ਨਜ਼ਦੀਕ ਮੋਟਰਸਾਈਕਲ 'ਤੇ ਆਏ ਵਿਅਕਤੀ, ਜਿਨ੍ਹਾਂ ਦੇ ਮੂੰਹ ਬੰਨ੍ਹੇ ਹੋਏ ਸਨ, ਤੇਜ਼ਧਾਰ ਹਥਿਆਰ ਦਿਖਾ ਕੇ ਉਸ ਤੋਂ ਨਕਦੀ ਵਾਲਾ ਪਿੱਠੂ ਬੈਗ, ਜਿਸ ਵਿੱਚ 82,300/- ਰੁਪਏ ਤੇ ਹੋਰ ਸਾਮਾਨ ਵੀ ਸੀ ਖੋਹ ਕੇ ਫਰਾਰ ਹੋ ਗਏ ਸਨ, ਜਿਸ ਸਬੰਧੀ ਥਾਣਾ ਬਸੀ ਪਠਾਣਾਂ ਵਿਖੇ ਮੁਕੱਦਮਾ ਦਰਜ ਕਰਕੇ ਸੀਨੀਅਰ ਅਧਿਕਾਰੀਆਂ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਿਕ ਤਫਤੀਸ਼ ਸ਼ੁਰੂ ਕੀਤੀ ਗਈ, ਜਿਸ ਦੇ ਅਧਾਰ 'ਤੇ ਵਿਜੈ, ਮਨਿੰਦਰ ਸਿੰਘ ਉਰਫ ਮਨੀ, ਸ਼ਰਨਜੀਤ ਸਿੰਘ ਉਰਫ ਘੁੱਗੀ, ਹਰਦੀਪ ਸਿੰਘ ਉਰਫ ਨੀਸ਼ੂ ਤੇ ਰਜਨੀਸ਼ ਕੁਮਾਰ ਵਾਸੀਆਨ ਬਸੀ ਪਠਾਣਾਂ ਨੂੰ ਗ੍ਰਿਫਤਾਰ ਕੀਤਾ ਗਿਆ।ਡੀ.ਐੱਸ.ਪੀ. ਰਾਜ ਕੁਮਾਰ ਨੇ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਉਕਤ ਵਿਅਕਤੀਆਂ ਤੋਂ ਬਰਾਮਦਗੀ ਕਰਵਾਉਣ ਲਈ ਪੁਲਸ ਪਾਰਟੀ ਜਦੋਂ ਉਨ੍ਹਾਂ ਨੂੰ ਇੱਕ ਬੇਅਬਾਦ ਮਕਾਨ 'ਚ ਲੈ ਕੇ ਗਈ ਤਾਂ ਉਕਤ ਵਿਅਕਤੀਆਂ ਨੇ ਪੁਲਸ ਤੋਂ ਬਚਣ ਲਈ ਛੱਤ ਤੋਂ ਛਾਲਾਂ ਮਾਰ ਦਿੱਤੀਆਂ, ਜਿਨ੍ਹਾਂ ਨੂੰ ਪੁਲਸ ਕਰਮਚਾਰੀਆਂ ਨੇ ਤੁਰੰਤ ਕਾਬੂ ਤਾਂ ਕਰ ਲਿਆ, ਪਰ ਛੱਤ ਤੋਂ ਡਿੱਗਣ ਕਾਰਨ ਉਕਤ ਨੌਜਵਾਨਾਂ 'ਚੋਂ ਚਾਰ ਦੇ ਪੈਰਾਂ 'ਤੇ ਅਤੇ ਇੱਕ ਦੀ ਬਾਂਹ 'ਤੇ ਸੱਟ ਲੱਗੀ।

## ਨੈਤਿਕ ਸਿੱਖਿਆ ਇਮਤਿਹਾਨ 'ਚ 5000 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ



**ਸੰਗਰੂਰ (ਪ੍ਰਵੀਨ ਸਿੰਘ)** ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਸੰਗਰੂਰ-ਬਰਨਾਲਾ-ਮਾਨਸਾ-ਮਾਲੇਰਕੋਟਲਾ ਜ਼ੋਨ ਅਧੀਨ ਸਾਲਾਨਾ ਨੈਤਿਕ ਸਿੱਖਿਆ ਇਮਤਿਹਾਨ ਕਰਾਇਆ ਗਿਆ।ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਤ ਕਰਾਏ ਇਸ ਇਮਤਿਹਾਨ ਵਿੱਚ ਸਰਕਾਰੀ, ਕਾਨਵੈਂਟ, ਪ੍ਰਾਈਵੇਟ ਤੇ ਅਕਾਲ ਅਕੈਡਮੀਆਂ ਤੋਂ 5000 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ, ਜਿਸ ਲਈ 60 ਤੋਂ ਵੱਧ ਪ੍ਰੀਖਿਆ ਕੇਂਦਰ ਸਥਾਪਤ ਕੀਤੇ ਗਏ।ਅਜਮੇਰ ਸਿੰਘ ਜ਼ੋਨਲ ਸਕੱਤਰ, ਕੁਲਵੰਤ ਸਿੰਘ ਨਾਗਰੀ ਜ਼ੋਨਲ ਪ੍ਰਧਾਨ, ਗੁਰਮੇਲ ਸਿੰਘ ਕੋਆਰਡੀਨੇਟਰ, ਲਾਭ ਸਿੰਘ, ਸੁਰਿੰਦਰ ਪਾਲ ਸਿੰਘ ਸਿਦਕੀ ਡਿਪਟੀ ਚੀਫ਼ ਆਰਗੇਨਾਈਜ਼ਰ, ਪ੍ਰੋ. ਨਰਿੰਦਰ ਸਿੰਘ ਐਡੀਸ਼ਨਲ ਸਕੱਤਰ ਅਕਾਦਮਿਕ, ਗੁਲਜ਼ਾਰ ਸਿੰਘ ਜਥੇਬੰਦਕ ਸਕੱਤਰ, ਬਲਵੰਤ ਸਿੰਘ ਭਿੱਖੀ ਸਲਾਹਕਾਰ, ਹਰਵਿੰਦਰ ਕੌਰ, ਅਮਨਦੀਪ ਕੌਰ ਐਡੀਸ਼ਨਲ ਸਕੱਤਰ ਇਸਤਰੀ ਕੌਂਸਲ, ਹਰਪ੍ਰੀਤ ਕੌਰ ਪ੍ਰਧਾਨ ਬੇਬੇ ਨਾਨਕੀ ਸਿਲਾਈ ਸੈਂਟਰ ਤੋਂ ਇਲਾਵਾ ਅਵਤਾਰ ਸਿੰਘ ਲੀਲਾ ਬਰਨਾਲਾ, ਗੁਰਮੀਤ ਕੌਰ ਮਾਲੇਰਕੋਟਲਾ, ਜਰਨੈਲ ਸਿੰਘ ਬੁਢਲਾਡਾ ਦੀ ਦੇਖ-ਰੇਖ ਹੇਠ ਹੋਏ ਇਸ ਇਮਤਿਹਾਨ ਦੇ ਸੰਚਾਲਨ ਵਿੱਚ ਵੱਖ ਵੱਖ ਸਕੂਲਾਂ ਦੇ ਪ੍ਰਿੰਸੀਪਲ ਸਾਹਿਬ ਦੀ ਨਿਗਰਾਨੀ ਹੇਠ ਸਕੂਲ ਅਧਿਆਪਕਾਂ ਨੇ ਸਹਿਯੋਗ ਦਿੱਤਾ।ਸੁਰਿੰਦਰ ਪਾਲ ਸਿੰਘ ਸਿਦਕੀ ਨੇ ਦੱਸਿਆ ਕਿ ਸੰਗਰੂਰ ਅਤੇ ਬਰਨਾਲਾ ਦੇ ਜ਼ਿਲ੍ਹਾ ਸਿੱਖਿਆ ਅਧਿਕਾਰੀਆਂ ਅਤੇ ਕਲਗੀਧਰ ਐਜੂਕੇਸ਼ਨ ਟਰੱਸਟ ਬੜੂ ਸਾਹਿਬ ਵੱਲੋਂ ਸਕੂਲਾਂ ਤੇ ਅਕਾਲ ਅਕੈਡਮੀਆਂ ਨੂੰ ਇਮਤਿਹਾਨ ਕਰਾਉਣ ਸਬੰਧੀ ਵਿਸ਼ੇਸ਼ ਨਿਰਦੇਸ਼ ਪੱਤਰ ਜਾਰੀ ਕਰਕੇ ਵਡਮੁੱਲਾ ਯੋਗਦਾਨ ਪਾਇਆ ਹੈ।ਇਮਤਿਹਾਨ ਸਬੰਧੀ ਐਜੂਕੇਟ ਪ੍ਰੋਜੈਕਟ ਦੇ ਕੋਆਰਡੀਨੇਟਰ ਰਾਜਵੀਰ ਸਿੰਘ, ਰਣਜੀਤ ਕੌਰ, ਗਿਆਨ ਸਿੰਘ, ਗੁਰਸੇਵਕ ਸਿੰਘ ਭਵਾਨੀਗੜ੍ਹ, ਗੁਰਤੇਜ ਸਿੰਘ ਨਾਗਰੀ, ਜਸਵੀਰ ਸਿੰਘ ਖਾਲਸਾ, ਹਰਭਜਨ ਸਿੰਘ ਭੱਟੀ, ਸੁਖਦੇਵ ਸਿੰਘ ਰਤਨ, ਕੁਲਵੰਤ ਸਿੰਘ ਅਕੋਈ, ਅਮਰੀਕ ਸਿੰਘ ਬਾਸੀਅਰਕ ਤੇ ਸੰਤ ਅਤਰ ਸਿੰਘ ਗੁਰਮਤਿ ਕਾਲਜ ਦੇ ਵਿਦਿਆਰਥੀਆਂ ਨੇ ਨਿਗਰਾਨ ਅਮਲੇ ਦੀਆਂ ਡਿਊਟੀਆਂ ਨਿਭਾਈਆਂ। ਵੱਖ-ਵੱਖ ਸੰਸਥਾਵਾਂ ਦੇ ਚੇਅਰਮੈਨ ਬਾਬਾ ਕਿਰਪਾਲ ਸਿੰਘ ਜੋਤੀਸਰ, ਜੀਵਨ ਗਰਗ ਸਪਰਿੰਗਡੇਲਜ਼ ਸੀਨੀਅਰ ਸੈਕੰਡਰੀ ਸਕੂਲ ਸੰਗਰੂਰ, ਬਲਵੀਰ ਸਿੰਘ ਸੋਹੀ ਬਾਗੜੀਆਂ ਸਕੂਲ, ਡਾ. ਗੁਰਵੀਰ ਸਿੰਘ ਡਾਇਰੈਕਟਰ ਗੁਰਮਤਿ ਕਾਲਜ ਮਸਤੂਆਣਾ ਸਾਹਿਬ ਆਦਿ ਨੇ ਇਸ ਇਮਤਿਹਾਨ ਰਾਹੀਂ ਵਿਦਿਆਰਥੀਆਂ ਨੂੰ ਨੈਤਿਕ ਕਦਰਾਂ ਕੀਮਤਾਂ ਪ੍ਰਤੀ ਜਾਗਰੂਕ ਕਰਨ ਅਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਸੰਦੇਸ਼ਾਂ ਨੂੰ ਪ੍ਰਚਾਰਨ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਹੈ।ਜ਼ੋਨਲ ਸਕੱਤਰ ਨੇ ਦੱਸਿਆ ਕਿ ਇਸ ਇਮਤਿਹਾਨ ਦਾ ਨਤੀਜਾ ਜਲਦੀ ਐਲਾਨਿਆ ਜਾਵੇਗਾ, ਜਿਸ ਅਨੁਸਾਰ ਜ਼ੋਨ ਦੇ ਵੱਖ-ਵੱਖ ਦਰਜਿਆਂ ਦੇ ਜੇਤੂਆਂ ਨੂੰ ਨਕਦ ਤੇ ਹੋਰ ਉਤਸ਼ਾਹਤ ਇਨਾਮ ਦਿੱਤੇ ਜਾਣਗੇ।

## ਯੂਨੀਵਰਸਿਟੀ ਕਾਲਜ ਬੇਨੜਾ 'ਚ ਗਾਈਡੈਂਸ ਤੇ ਸਵੈ ਰੁਜ਼ਗਾਰ ਕੈਂਪ ਲਾਇਆ

**ਧੂਰੀ (ਮਨੋਹਰ ਸਿੰਘ ਸੱਗੂ)**-ਯੂਨੀਵਰਸਿਟੀ ਕਾਲਜ ਬੇਨੜਾ ਵਿਖੇ ਜ਼ਿਲ੍ਹਾ ਰੁਜ਼ਗਾਰ ਤੇ ਕਾਰੋਬਾਰ ਬਿਊਰੋ ਸੰਗਰੂਰ ਵੱਲੋਂ ਕਾਲਜ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਮੰਡ ਦੇ ਸਹਿਯੋਗ ਨਾਲ ਗਾਈਡੈਂਸ ਤੇ ਸਵੈ ਰੁਜ਼ਗਾਰ ਕੈਂਪ ਲਾਇਆ ਗਿਆ।ਇਸ ਵਿੱਚ ਏ ਪੀ ਔਰਗੈਨਿਕਸ, ਮਰਾਹੜ ਪਾਵਰ ਕੰਟਰੋਲ ਪ੍ਰਾਈਵੇਟ ਲਿਮ: ਤੇ ਅਰਿਹਾਂਤ ਸਪੀਨਿੰਗ ਮਿੱਲ ਕੰਪਨੀਆਂ ਦੇ ਅਧਿਕਾਰੀਆਂ ਨੇ ਭਾਗ ਲਿਆ।ਜ਼ਿਕਰਯੋਗ ਹੈ ਕਿ ਇਸ ਕੈਂਪ 'ਚ ਕੁੱਲ 35 ਉਮੀਦਵਾਰਾਂ ਨੇ ਭਾਗ ਲਿਆ, ਜਿਨ੍ਹਾਂ 'ਚੋਂ ਕੁੱਲ 18 ਉਮੀਦਵਾਰ ਵੱਖ-ਵੱਖ ਅਸਾਮੀਆਂ ਲਈ ਚੁਣੇ ਗਏ।ਜੈ ਸਿੰਘ ਮਰਾਹੜ ਨੇ ਕੰਪਨੀਆਂ ਦੇ ਰੁਜ਼ਗਾਰ ਸਬੰਧੀ ਨਿਯਮਾਂ ਤੋਂ ਜਾਣੂ ਕਰਾਇਆ।ਸਵੈ ਰੁਜ਼ਗਾਰ ਕੈਂਪ ਦਾ ਪ੍ਰਬੰਧ ਕਾਲਜ ਦੇ ਗਾਈਡੈਂਸ ਅਤੇ ਪਲੇਸਮੈਂਟ ਸੈੱਲ ਦੇ ਕਨਵੀਨਰ ਡਾ. ਅਮਿਤਾ ਜੈਨ, ਡਾ. ਗਗਨਦੀਪ ਸਿੰਘ, ਡਾ. ਕਰਮਜੀਤ ਸਿੰਘ, ਪ੍ਰੋ. ਗੁਰਬਖਸ਼ੀਸ਼ ਸਿੰਘ ਅਤੇ ਕਮਰਸ ਵਿਭਾਗ ਦੇ ਪ੍ਰੋ. ਪ੍ਰਭਜੋਤ ਕੌਰ ਤੇ ਰੁਪਾਲੀ ਗਰਗ ਵੱਲੋਂ ਕੀਤਾ ਗਿਆ।

## ਜਨਹਿਤ ਸਮਿਤੀ ਵੱਲੋਂ ਹਜ਼ਾਰ ਰੁੱਖ ਲਗਾਉਣਾ ਸ਼ਲਾਘਾਯੋਗ ਉਪਰਾਲਾ : ਢੀਂਡਸਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸੰਸਥਾ ਜਨਹਿਤ ਸਮਿਤੀ ਵੱਲੋਂ ਹਰ ਸਾਲ 1000 ਰੁੱਖ ਲਗਾ ਕੇ ਸਾਂਭੇ ਜਾਂਦੇ ਹਨ।ਇਸੇ ਲੜੀ ਤਹਿਤ ਅੱਜ ਸੰਸਥਾ ਵੱਲੋਂ ਤਿਰਕੋਣੀ ਪਾਰਕ ਵਿਖੇ ਛਾਂਦਾਰ ਤੇ ਫੁੱਲਾਂ ਵਾਲੇ ਬੂਟੇ ਲਗਾਏ ਗਏ।ਇਸ ਮੌਕੇ ਮੁੱਖ ਮਹਿਮਾਨ ਦੇ ਰੂਪ ਵਿੱਚ ਸ੍ਰ. ਜਸਵੀਰ ਸਿੰਘ ਢੀਂਡਸਾ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ।ਉਨ੍ਹਾਂ ਰੁੱਖ ਲਗਾਉਣ ਨੂੰ ਸਭ ਤੋਂ ਵੱਡੀ ਸੇਵਾ ਦੱਸਿਆ।ਉਨ੍ਹਾਂ ਕਿਹਾ ਕਿ ਸੰਸਥਾ ਰੁੱਖਾਂ ਨੂੰ ਸੰਭਾਲਣ ਲਈ ਬਹੁਤ ਬੜਾ ਉਪਰਾਲਾ ਕਰ ਰਹੀ ਹੈ, ਜੋ ਸ਼ਲਾਘਾਯੋਗ ਹੈ। ਉਨ੍ਹਾਂ ਸੰਸਥਾ ਦੇ ਸਮਾਜ ਸੇਵੀ ਕੰਮਾਂ ਲਈ ਸੰਸਥਾ ਨੂੰ ਮੁਬਾਰਕਵਾਦ ਦਿੱਤੀ।ਇਸ ਮੌਕੇ ਵਿਸ਼ੇਸ਼ ਮਹਿਮਾਨ ਭਜਨ ਪ੍ਰਤਾਪ ਸਿੰਘ ਨੇ ਕਿਹਾ ਕਿ ਰੁੱਖ ਲਗਾਉਣ ਦੇ ਨਾਲ ਸਾਂਭਣੇ ਬਹੁਤ ਜ਼ਰੂਰੀ ਹਨ।ਜਨਹਿਤ ਸਮਿਤੀ ਇਸ ਕੰਮ ਵਾਸਤੇ ਹਰ ਸਾਲ ਲਗਾਤਾਰ ਪਰਿਆਸ ਕਰ ਰਹੀ ਹੈ।ਇਸ ਮੌਕੇ ਜੁਆਇੰਟ ਸਕੱਤਰ ਤੇ ਬਲਾਕ ਪ੍ਰਧਾਨ ਜਗਤਾਰ ਜੱਗੀ ਨੇ ਦੱਸਿਆ ਕਿ ਜੇਕਰ ਹਰੇਕ ਸੰਸਥਾ ਰੁੱਖ ਲਗਾਉਣ ਦੇ ਨਾਲ ਉਨ੍ਹਾਂ ਰੁੱਖਾਂ ਦੀ ਸੰਭਾਲ ਵੀ ਕਰੇ ਤਾਂ ਹੀ ਧਰਤੀ ਨੂੰ ਹਰਿਆਵਲ ਤੇ ਸੋਹਣਾ ਬਣਾਇਆ ਜਾ ਸਕਦਾ ਹੈ।ਉਨ੍ਹਾਂ ਦੱਸਿਆ ਕਿ ਸ਼ਹਿਰ ਦੇ ਪਾਰਕਾਂ ਨੂੰ ਸੋਹਣਾ ਬਣਾਉਣ ਲਈ ਹਰ ਕੋਸ਼ਿਸ਼ ਕੀਤੀ ਜਾ ਰਹੀ ਹੈ।ਜ਼ਿਕਰਯੋਗ ਹੈ ਕਿ ਸੰਸਥਾ ਵੱਲੋਂ ਬਰਸਾਤ ਦੇ ਮਹੀਨਿਆਂ ਵਿੱਚ ਵੱਡੀ ਮਾਤਰਾ ਵਿੱਚ ਰੁੱਖ ਲਗਾ ਕੇ ਸਾਂਭੇ ਜਾਂਦੇ ਹਨ।ਇਸ ਮੌਕੇ ਵਿਮਲ ਚੋਪੜਾ ਵੱਲੋਂ ਜਨਹਿਤ ਸਮਿਤੀ ਵੱਲੋਂ ਰੁੱਖ ਲਗਾ ਕੇ ਸਾਂਭੇ ਜਾਣ ਨੂੰ ਆਪਣੇ ਆਪ ਵਿੱਚ ਬਹੁਤ ਵੱਡਾ ਉਪਰਾਲਾ ਦੱਸਿਆ।ਸੰਸਥਾ ਦੇ ਜਨਰਲ ਸਕੱਤਰ ਵਿਨੋਦ ਸ਼ਰਮਾ ਨੇ ਦੱਸਿਆ ਕਿ ਸੰਸਥਾ ਵੱਲੋਂ ਐਂਬੂਲੈਂਸ ਸੇਵਾ ਵੀ ਚਲਾਈ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਇਕ ਹੋਰ ਐਂਬੂਲੈਂਸ ਲੈਣ ਲਈ ਅੱਜ ਜਸਵੀਰ ਸਿੰਘ ਢੀਂਡਸਾ ਵੱਲੋਂ 25000 ਤੇ ਭਜਨ ਪਰਤਾਪ ਸਿੰਘ ਵੱਲੋਂ 25000 ਤੇ ਬਿਮਲ ਚੋਪੜਾ ਵੱਲੋਂ 5000 ਦੀ ਦਾਨ ਰਾਸ਼ੀ ਸੰਸਥਾ ਨੂੰ ਦਿੱਤੀ ਗਈ ਹੈ।ਉਨ੍ਹਾਂ ਦਾਨੀ ਸਜਣਾਂ ਦਾ ਧੰਨਵਾਦ ਕੀਤਾ।ਇਸ ਮੌਕੇ ਪਹੁੰਚੀਆ ਸ਼ਖ਼ਸੀਅਤਾਂ ਵਿੱਚ ਐਡਵੋਕੇਟ ਐੱਚ ਐੱਨ ਮਹਿਸਮਪੁਰੀ, ਬੀ ਪੀ ਸਿੰਘ ਧਾਲੀਵਾਲ, ਰਾਜਨ ਜੈਨ, ਅਸ਼ੋਕ ਕੁਮਾਰ, ਡਾਕਟਰ ਮੋਹਨ ਕੌਸ਼ਲ, ਐਡਵੋਕੇਟ ਹਰਜਿੰਦਰ ਸਿੰਘ, ਰਣਜੀਤ ਸਿੰਘ, ਡੀ ਪੀ ਸਿੰਘ, ਰਜਨੀਸ਼ ਸਹਿਗਲ ਤੇ ਹੋਰ ਸੱਜਣ ਸ਼ਾਮਲ ਸਨ।

## ਅਨੀਕੇਤ ਸਿਹਤ ਭਲਾਈ ਸੰਸਥਾ ਵੱਲੋਂ ਮੁਫ਼ਤ ਮੈਡੀਕਲ ਚੈੱਕਅੱਪ ਕੈਂਪ

**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਮਾਤਾ ਸ੍ਰੀ ਮਹਾਕਾਲੀ ਦੇਵੀ ਮੰਦਰ ਦੇ ਸ਼ਕਤੀ ਭਵਨ ਵਿਖੇ ਅਨੀਕੇਤ ਸਿਹਤ ਭਲਾਈ ਸੰਸਥਾ ਵੱਲੋਂ ਮੰਦਰ ਕਮੇਟੀ ਦੇ ਸਹਿਯੋਗ ਨਾਲ ਵਿਸ਼ਾਲ ਮੈਡੀਕਲ ਚੈੱਕਅਪ ਕੈਂਪ ਤੇ ਵਿਸ਼ਵ ਸੀਨੀਅਰ ਸਿਟੀਜਨ ਦਿਹਾੜੇ ਨੂੰ ਸਮਰਪਤ ਸਮਾਗਮ ਸੰਸਥਾ ਦੇ ਪ੍ਰਧਾਨ ਮਹਾਸਾ ਵਰਿੰਦਰ ਗੁਪਤਾ, ਗੁਰਪਾਲ ਸਿੰਘ ਗਿੱਲ, ਰਾਜ ਕੁਮਾਰ ਅਰੋੜਾ, ਲਾਜਪਤ ਰਾਏ ਛਾਬੜਾ, ਵਰਿੰਦਰ ਬਜਾਜ, ਆਰ. ਐੱਲ. ਪਾਂਧੀ, ਓ. ਪੀ. ਅਰੋੜਾ, ਹਿਮਾਂਸ਼ੂ ਮਦਾਨ, ਸੀਤਾ ਰਾਮ, ਹਰਬੰਸ ਸਿੰਘ ਕੁਮਾਰ, ਗੁਰਮੀਤ ਸਿੰਘ, ਡਾ. ਵਿਕਾਸ ਗੁਪਤਾ, ਡਾ. ਮੋਹਿਤ ਗੋਇਲ ਦੀ ਦੇਖ-ਰੇਖ ਵਿੱਚ ਲਗਾਇਆ ਗਿਆ। ਜਨਰਲ ਸਕੱਤਰ ਸ੍ਰੀ ਓ. ਪੀ. ਅਰੋੜਾ ਵੱਲੋਂ ਕੀਤੇ ਗਏ ਮੰਚ ਸੰਚਾਲਨ ਦੌਰਾਨ ਸੀਨੀਅਰ ਮੀਤ ਪ੍ਰਧਾਨ ਸ੍ਰੀ ਰਾਜ ਕੁਮਾਰ ਅਰੋੜਾ, ਜੋ ਕਿ ਸੰਗਰੂਰ ਸੋਸ਼ਲ ਵੈੱਲਫੇਅਰ ਐਸੋਸੀਏਸ਼ਨ ਦੇ ਵੀ ਪ੍ਰਧਾਨ ਹਨ ਨੇ ਕਿਹਾ ਕਿ ਅਨੀਕੇਤ ਸਿਹਤ ਭਲਾਈ ਸੰਸਥਾ ਵੱਲੋਂ ਪਿਛਲੇ ਕਈ ਸਾਲਾਂ ਤੋਂ ਮੈਡੀਕਲ ਕੈਂਪ ਲਗਾ ਕੇ ਮਰੀਜ਼ਾਂ ਦਾ ਚੈੱਕਅਪ ਕੀਤਾ ਜਾਂਦਾ ਹੈ ਤੇ ਸੰਸਥਾ ਸਮਾਜ ਸੇਵਾ ਨੂੰ ਸਮਰਪਤ ਹੈ।ਉਨ੍ਹਾਂ ਕਿਹਾ ਕਿ ਸਾਨੂੰ ਬਜ਼ੁਰਗਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ ਤੇ ਉਨ੍ਹਾਂ ਦਾ ਆਸ਼ੀਰਵਾਦ ਲੈਣਾ ਚਾਹੀਦਾ ਹੈ।ਪ੍ਰਧਾਨ ਵਰਿੰਦਰ ਮਹਾਸਾ ਨੇ ਕਿਹਾ ਕਿ ਬਜ਼ੁਰਗਾਂ ਦੀ ਆਨ, ਸ਼ਾਨ ਤੇ ਸਤਿਕਾਰ ਲਈ ਕੋਈ ਕਸਰ ਬਾਕੀ ਨਹੀਂ ਛੱਡਣੀ ਚਾਹੀਦੀ, ਕਿਉਂਕਿ ਬਜ਼ੁਰਗ ਸਮਾਜ ਦਾ ਸਰਮਾਇਆ ਹਨ।ਇਸ ਕੈਂਪ ਵਿੱਚ ਮੁੱਖ ਮਹਿਮਾਨ ਅਗਰਵਾਲ ਸਭਾ ਦੇ ਪ੍ਰਧਾਨ ਬਦਰੀ ਜਿੰਦਲ, ਵਿਸ਼ੇਸ਼ ਮਹਿਮਾਨ ਦੀਪਕ ਅਗਰਵਾਲ, ਰਾਮ ਸ਼ਰਨ ਬਾਂਸਲ ਵੱਲੋਂ ਸ਼ਿਰਕਤ ਕੀਤੀ ਗਈ।ਇਸ ਕੈਂਪ ਵਿੱਚ ਮਾਹਰ ਡਾਕਟਰਾਂ ਡਾ. ਸੰਜੀਵ ਮਹਾਜਨ (ਓਰਥੋ), ਗੁਰਸਿਮਰਨ ਕੌਰ (ਗਾਇਨੀ), ਰਣਜੀਤ ਸਿੰਘ ਫੇਫੜੇ (ਮੈਡੀਸਨ), ਡਾ. ਦੀਪ ਚੰਦ (ਅੱਖਾਂ), ਡਾ. ਪ੍ਰਵੀਨ ਰਾਣੀ ਦੀ ਟੀਮ ਵੱਲੋਂ 253 ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ।ਇਸ ਕੈਂਪ ਦੌਰਾਨ ਵਿਸ਼ਵ ਸੀਨੀਅਰ ਸਿਟੀਜਨ ਦਿਹਾੜੇ ਨੂੰ ਸਮਰਪਤ 80 ਸਾਲ ਤੇ 80 ਸਾਲਾਂ ਤੋਂ ਉੱਪਰ ਵਾਲੀਆਂ ਸ਼ਖ਼ਸੀਅਤਾਂ, ਜਿਨ੍ਹਾਂ 'ਚ ਗੁਰਪਾਲ ਸਿੰਘ ਗਿੱਲ, ਵਰਿੰਦਰ ਗੁਪਤਾ, ਓ. ਪੀ. ਅਰੋੜਾ, ਵਰਿੰਦਰ ਬਜਾਜ, ਹਰਬੰਸ ਸਿੰਘ ਕੁਮਾਰ, ਗੁਰਮੀਤ ਸਿੰਘ ਸ਼ਾਮਲ ਹਨ, ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਭਾਰਤੀ ਯੋਗ ਸੰਸਥਾਨ ਵੱਲੋਂ ਪੂਰਾ ਸਹਿਯੋਗ ਦਿੱਤਾ ਗਿਆ, ਜਿਨ੍ਹਾਂ ਵਿੱਚ ਕਿਰਨ ਗੁਪਤਾ, ਅੰਜੂ ਗਰਗ, ਨਿਸ਼ਾ ਸਿੰਗਲਾ, ਨੀਲਮ ਮਿੱਤਲ, ਕਿਰਨ ਦੁਆ, ਮਮਤਾ ਜਿੰਦਲ, ਲਲਿਤਾ ਗੋਇਲ, ਬਿਮਲਾ ਅਰੋੜਾ, ਸੁਰਿੰਦਰ ਸਿੰਘ ਸਿਦਕੀ, ਰਾਜ ਕੁਮਾਰ ਜਿੰਦਲ ਪ੍ਰਧਾਨ, ਰਮੇਸ਼ ਕੁਮਾਰ ਜਨਰਲ ਸਕੱਤਰ, ਰਜਨੀ ਵਲੇਚਾ, ਪਰਮਜੀਤ ਕੌਰ, ਰੀਨੂੰ ਜਿੰਦਲ, ਸਰੋਜ ਗੋਇਲ, ਜੈਸਿਟ ਜੈਨ ਆਦਿ ਸ਼ਾਮਲ ਸਨ।ਪ੍ਰਧਾਨ ਵਰਿੰਦਰ ਮਹਾਸਾ ਨੇ ਦਿੱਤੇ ਗਏ ਸਹਿਯੋਗ ਲਈ ਸ਼ਹਿਰ ਨਿਵਾਸੀਆਂ ਦਾ ਧੰਨਵਾਦ ਕੀਤਾ।

### ਸੰਸਥਾ ਵੱਲੋਂ 80 ਸਾਲ ਤੋਂ ਉੱਪਰ ਦੀਆਂ ਸ਼ਖ਼ਸੀਅਤਾਂ ਦਾ ਸਨਮਾਨ



## ਧੂਰੀ-ਛੀਟਾਂਵਾਲਾ ਰੋਡ ਦੀ ਖਸਤਾ ਹਾਲਤ ਸੁਧਾਰਨ ਦੀ ਮੰਗ

**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**

ਧੂਰੀ ਤੋਂ ਨਾਭਾ ਨੂੰ ਜੋੜਨ ਵਾਲੀ ਛੀਟਾਂਵਾਲਾ ਰੋਡ, ਖਾਸਕਰ ਪਿੰਡ ਮੀਰਹੇੜੀ ਦੇ ਰੇਲਵੇ ਕਰਾਸਿੰਗ ਨਜ਼ਦੀਕ ਹਿੱਸੇ ਵਿੱਚ ਬੇਹੱਦ ਖਰਾਬ ਹੋ ਚੁੱਕੀ ਹੈ।ਇਸ ਸੜਕ ਦੀ ਮਾੜੀ ਹਾਲਤ ਕਾਰਨ ਇਲਾਕਾ ਵਾਸੀਆਂ 'ਚ ਸਰਕਾਰ ਪ੍ਰਤੀ ਕਾਫ਼ੀ ਰੋਸ ਪੈਦਾ ਹੋ ਰਿਹਾ ਹੈ।ਲੋਕਾਂ ਦਾ ਕਹਿਣਾ ਹੈ ਕਿ ਜਿੱਥੇ ਇੱਕ ਪਾਸੇ ਸਰਕਾਰ ਵੱਡੇ-ਵੱਡੇ ਵਿਕਾਸੀ ਦਾਅਵੇ ਕਰਦੀ ਹੈ, ਉੱਥੇ ਦੂਜੇ ਪਾਸੇ ਅਹਿਮ ਰਸਤੇ ਅਣਡਿੱਠੇ ਛੱਡੇ ਜਾ ਰਹੇ ਹਨ।

ਜੰਮੂ ਕੱਟੜਾ ਐਕਸਪ੍ਰੈੱਸ ਵੇਅ ਹੇਠਾਂ ਲੰਘਣ ਵਾਲੇ ਇਸ ਰਸਤੇ ਵਿੱਚ ਵੱਡੇ-ਵੱਡੇ ਟੋਏ ਬਣ ਚੁੱਕੇ ਹਨ। ਬਾਰਿਸ਼ ਦੇ ਦੌਰਾਨ ਇਨ੍ਹਾਂ ਟੋਆਂ ਵਿੱਚ ਪਾਣੀ ਭਰ ਜਾਣ ਕਰਕੇ ਵਾਹਨ ਚਾਲਕਾਂ ਨੂੰ ਆਪਣਾ ਰਾਹ ਪਹਿਚਾਣਨਾ ਮੁਸ਼ਕਲ ਹੋ ਜਾਂਦਾ ਹੈ।ਖਾਸ ਕਰਕੇ ਦੋਪਹੀਆ ਵਾਹਨਾਂ ਲਈ ਇਹ ਹਿੱਸਾ ਰਾਤ ਦੇ ਸਮੇਂ ਜਾਨਲੇਵਾ ਸਾਬਿਤ ਹੋ ਸਕਦਾ ਹੈ।ਕਈ ਵਾਰ ਵਾਹਨ ਫਿਸਲ ਕੇ ਹਾਦਸਿਆਂ ਦਾ ਸ਼ਿਕਾਰ ਹੋ ਜਾਂਦੇ ਹਨ, ਜਿਸ ਨਾਲ ਸਵਾਰੀਆਂ ਨੂੰ ਗੰਭੀਰ ਚੋਟਾਂ ਆਉਣ ਦੇ ਮਾਮਲੇ ਵੀ ਸਾਹਮਣੇ ਆਏ ਹਨ।ਸਰਪੰਚ ਯੂਨੀਅਨ ਦੇ ਸੀ. ਮੀਤ ਪ੍ਰਧਾਨ ਹਰਜੀਤ ਸਿੰਘ ਬੁਗਰਾ ਦਾ ਕਹਿਣਾ ਹੈ ਕਿ ਇਹ ਸੜਕ ਧੂਰੀ, ਨਾਭਾ ਤੇ ਆਲੇ-ਦੁਆਲੇ ਦੇ ਕਈ ਪਿੰਡਾਂ ਲਈ ਆਵਾਜਾਈ ਦਾ ਪ੍ਰਮੁੱਖ ਰਸਤਾ ਹੈ।ਇੱਥੋਂ ਰੋਜ਼ਾਨਾ ਸੈਂਕੜਿਆਂ ਵਾਹਨ, ਸਕੂਲੀ ਬੱਚਿਆਂ ਵਾਲੀਆਂ ਬੱਸਾਂ, ਦੁਕਾਨਦਾਰ ਤੇ ਆਮ ਯਾਤਰੀ ਗੁਜ਼ਰਦੇ ਹਨ। ਪਰ ਸੜਕ ਦੀ ਖਸਤਾ ਹਾਲਤ ਕਾਰਨ ਲੋਕਾਂ ਨੂੰ ਸੁਰੱਖਿਆ ਸੰਬੰਧੀ ਗੰਭੀਰ ਚਿੰਤਾਵਾਂ ਪ੍ਰੇਸ਼ਾਨ ਕਰ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਕਈ ਵਾਰ ਸਮੱਸਿਆ ਨੂੰ ਲੈ ਕੇ ਅਧਿਕਾਰੀਆਂ ਨੂੰ ਅਗਾਹ ਕੀਤਾ ਗਿਆ ਹੈ, ਪਰ ਅੱਜ ਤੱਕ ਕੋਈ ਹੱਲ ਨਹੀਂ ਨਿਕਲਿਆ।ਲੋਕਾਂ ਨੇ ਮੰਗ ਕੀਤੀ ਹੈ ਕਿ ਮੰਗ ਕੀਤੀ ਹੈ ਕਿ ਸਰਕਾਰ ਤੇ ਸੰਬੰਧਤ ਵਿਭਾਗ ਤੁਰੰਤ ਕਾਰਵਾਈ ਕਰਕੇ ਇਸ ਸੜਕ ਦੀ ਮੁਰੰਮਤ ਕਰਵਾਏ।

ਉਨ੍ਹਾਂ ਦਾ ਕਹਿਣਾ ਹੈ ਕਿ ਜੇਕਰ ਜਲਦ ਹੀ ਹਾਲਾਤ ਨਾ ਸੁਧਾਰੇ ਗਏ ਤਾਂ ਨਿਵਾਸੀ ਧਰਨਾ ਪ੍ਰਦਰਸ਼ਨ ਕਰਨ ਲਈ ਮਜਬੂਰ ਹੋ ਜਾਣਗੇ।ਵਾਹਨ ਚਾਲਕਾਂ ਦਾ ਕਹਿਣਾ ਹੈ ਕਿ ਵਿਕਾਸ ਦੇ ਨਾਂਅ 'ਤੇ ਅਰਬਾਂ ਰੁਪਏ ਖਰਚੇ ਜਾ ਰਹੇ ਹਨ, ਪਰ ਬੁਨਿਆਦੀ ਸੁਵਿਧਾਵਾਂ 'ਤੇ ਧਿਆਨ ਨਹੀਂ ਦਿੱਤਾ ਜਾ ਰਿਹਾ।ਜੇਕਰ ਸਰਕਾਰ ਸਾਡੇ ਜੀਵਨ ਦੀ ਸੁਰੱਖਿਆ ਨਹੀਂ ਕਰ ਸਕਦੀ ਤਾਂ ਇਹ ਵਿਕਾਸੀ ਦਾਅਵੇ ਕਾਗ਼ਜ਼ੀ ਹੀ ਰਹਿ ਜਾਂਦੇ ਹਨ।

### ਜੰਮੂ ਕੱਟੜਾ ਐਕਸਪ੍ਰੈੱਸ ਵੇਅ ਦੇ ਨਜ਼ਦੀਕ ਪਏ ਵੱਡੇ ਟੋਏ



# ਨਸ਼ਿਆਂ ਦੀ ਰੋਕਥਾਮ ਲਈ ਐੱਨ ਸੀ ਓ ਆਰ ਡੀ ਕਮੇਟੀ ਵੱਲੋਂ ਚੁੱਕੇ ਕਦਮਾਂ ਦੀ ਸਮੀਖਿਆ



**ਮਲੇਰਕੋਟਲਾ (ਅਗਸਰ ਪਰਹਾਰ)** ਵਧੀਕ ਡਿਪਟੀ ਕਮਿਸ਼ਨਰ (ਜ) ਸੁਖਪ੍ਰੀਤ ਸਿੰਘ ਸਿੱਧੂ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਗੱਲਬਾਤ ਕਰਦਿਆਂ ਨਸ਼ਿਆਂ ਦੀ ਰੋਕਥਾਮ ਲਈ ਵੱਧ ਤੋਂ ਵੱਧ ਲੋਕਾਂ ਨੂੰ ਜਾਗਰੂਕ ਕਰਨ, ਨਸ਼ਿਆਂ ਦੇ ਆਦੀ ਵਿਅਕਤੀਆਂ ਦੇ ਮੁੜ ਵਸੇਬੇ ਲਈ ਠੋਸ ਉਪਰਾਲਿਆਂ ਤੋਂ ਇਲਾਵਾ ਨਸ਼ਿਆਂ ਵਿਰੁੱਧ ਜਨਤਕ ਮੁਹਿੰਮ ਨੂੰ ਅਮਲ ਵਿਚ ਲਿਆਉਣ ਦੀ ਲੋੜ 'ਤੇ ਜ਼ੋਰ ਦਿੱਤਾ।ਉਨ੍ਹਾਂ ਸਬੰਧਤ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਨਾਰਕੋ ਕੋਆਰਡੀਨੇਸ਼ਨ (ਐਨਕੋਰਡ) ਤਹਿਤ ਕੀਤੇ ਜਾ ਰਹੇ ਉਪਰਾਲਿਆਂ ਦੀ ਰਿਪੋਰਟ ਸਮੇਂ ਸਿਰ ਜਮ੍ਹਾਂ ਕਰਾਉਣ ਨੂੰ ਯਕੀਨੀ ਬਣਾਉਣ ।ਵਧੀਕ ਡਿਪਟੀ ਕਮਿਸ਼ਨਰ ਨੇ ਸਬੰਧਤ ਵਿਭਾਗਾਂ ਨੂੰ ਤਾਕੀਦ ਕੀਤੀ ਕਿ ਉਹ ਆਪੋ-ਆਪਣੇ ਪੱਧਰ 'ਤੇ ਨਸ਼ਿਆਂ ਦੀ ਰੋਕਥਾਮ ਲਈ ਠੋਸ ਯਤਨ ਕਰਨ ਤਾਂ ਜੁ ਨੌਜਵਾਨ ਪੀੜ੍ਹੀ ਨੂੰ ਇਸ ਅਲਾਮਤ ਤੋਂ ਬਚਾ ਕੇ ਉਨ੍ਹਾਂ ਦੀ ਅਥਾਹ ਊਰਜਾ ਨੂੰ ਸੁਚੱਜੇ ਪਾਸੇ ਲਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਵੱਖ-ਵੱਖ ਪੱਧਰ 'ਤੇ ਨਸ਼ਿਆਂ ਵਿਰੁੱਧ ਹੋਰ ਅਸਰਦਾਰ ਢੰਗ ਨਾਲ ਕਦਮ ਚੁੱਕੇ ਜਾਣ।ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਗ੍ਰਿਫਤ ਵਿਚ ਆ ਚੁੱਕੇ ਵਿਅਕਤੀਆਂ ਨੂੰ ਜ਼ਿਲ੍ਹਾ ਨਸ਼ਾ ਮੁਕਤੀ ਤੇ ਮੁੜ ਵਸੇਬਾ ਕੇਂਦਰ ਤੇ ਹੋਰਨਾਂ ਸੈਂਟਰਾਂ ਵਿਚ ਭਰਤੀ ਕਰਾ ਕੇ ਉਨ੍ਹਾਂ ਦਾ ਇਲਾਜ ਕਰਾਉਣ ਲਈ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਨਸ਼ਿਆਂ ਖਿਲਾਫ ਮੁਹਿੰਮ ਤਹਿਤ ਪਿੰਡਾਂ ਤੇ ਸ਼ਹਿਰਾਂ ਵਿਚ ਵੱਖ-ਵੱਖ ਸੰਸਥਾਵਾਂ ਦੇ ਸਹਿਯੋਗ ਨਾਲ ਇਨ੍ਹਾਂ ਯਤਨਾਂ ਨੂੰ ਜਨਤਕ ਮੁਹਿੰਮ ਬਣਾਇਆ ਜਾਵੇ।ਉਨ੍ਹਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨਾਲ ਨਸ਼ਾ ਮੁਕਤੀ ਕੇਂਦਰਾਂ ਬਾਰੇ ਜਾਣਕਾਰੀ ਇਕੱਤਰ ਕਰਦਿਆ ਦੱਸਿਆ ਕਿ ਜ਼ਿਲ੍ਹੇ ਵਿੱਚ 07 ਓਟ ਕਲੀਨਿਕ ਕਾਰਜਸ਼ੀਲ ਹਨ।ਸੱਤਵਾਂ ਓਟ ਕਲੀਨਿਕ ਲੋਕਾਂ ਦੀ ਸਹੂਲਤ ਲਈ ਜੇਲ ਵਿਖੇ ਕਾਰਜਸ਼ੀਲ ਕੀਤਾ ਗਿਆ ਤਾਂ ਜੁ ਉੱਥੇ ਰਹਿ ਰਹੇ ਲੋਕਾਂ ਨੂੰ ਦਿੱਕਤ ਪੇਸ਼ ਨਾ ਆਵੇ।ਉਨ੍ਹਾਂ ਦੱਸਿਆ ਕਿ ਨਸ਼ਾ ਛੁਡਾਊ ਕੇਂਦਰਾਂ ਵਿਚ ਦਾਖਲ ਨੌਜਵਾਨਾਂ ਨੂੰ ਪੂਰੀ ਤਰ੍ਹਾਂ ਤੰਦਰੁਸਤ ਕਰਨ ਲਈ ਵਰਜਿਸ਼, ਜਿੰਮ ਦੇ ਪ੍ਰਬੰਧਾਂ ਤੋਂ ਇਲਾਵਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਯੋਗਾ ਕਲਾਸਾਂ ਵੀ ਸ਼ੁਰੂ ਕਰਵਾਈਆਂ ਜਾ ਰਹੀਆਂ ਹਨ ਤਾਂ ਜੁ ਇਹ ਨੌਜਵਾਨ ਪੂਰੀ ਤਰ੍ਹਾਂ ਰਿਸ਼ਟ-ਪੁਸ਼ਟ ਹੋ ਸਕਣ। ਪੁਲਿਸ ਵਿਭਾਗ ਤੋਂ ਪਿਛਲੇ ਦਿਨੀਂ ਕੀਤੀ ਕਾਰਵਾਈ ਬਾਰੇ ਐਸ.ਪੀ ਰਾਜਨ ਸ਼ਰਮਾ ਨੇ ਵਧੀਕ ਡਿਪਟੀ ਕਮਿਸ਼ਨਰ ਨੂੰ ਜਾਣੂ ਕਰਾਇਆ ਤੇ ਦੱਸਿਆ ਕਿ ਜ਼ਿਲ੍ਹਾ ਪੁਲਿਸ ਵਲੋਂ 01 ਅਗਸਤ ਤੋਂ 22 ਅਗਸਤ 2025 ਤੱਕ ਐਨ.ਡੀ.ਪੀ.ਐਸ. ਦੇ 50 ਮਾਮਲੇ ਦਰਜ ਕੀਤੇ ਗਏ ਹਨ ਤੇ 71 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।ਇਸੇ ਤਰ੍ਹਾਂ 319 ਗ੍ਰਾਮ ਹੈਰੋਇਨ, 33 ਕਿਲੋ ਭੁੱਕੀ, 2850 ਨਸ਼ੀਲੇ ਕੈਪਸੂਲ/ਗੋਲੀਆਂ, 12 ਸੀਰਪ ਬੋਤਲਾਂ ਜ਼ਬਤ ਕੀਤੀਆਂ ਗਈਆਂ ਹਨ।ਇਸ ਤੋਂ ਇਲਾਵਾ ਹੁਣ ਤੱਕ ਨਸ਼ਾ ਤਸਕਰ ਦੀਆਂ 03 ਪ੍ਰਾਪਰਟੀਆਂ ਜਿਸ ਦੀ ਕੀਮਤ ਕਰੀਬ 70 ਲੱਖ 32 ਹਜ਼ਾਰ ਰੁਪਏ ਹੈ, ਅਟੈਚ ਕੀਤੀ ਗਈ ਹੈ।ਇਸ ਉਪਰੰਤ ਵਧੀਕ ਡਿਪਟੀ ਕਮਿਸ਼ਨਰ ਨੇ ਸਿਹਤ ਤੇ ਪੁਲਿਸ ਵਿਭਾਗ ਨੂੰ ਨਸ਼ੀਲੇ ਪਦਾਰਥਾਂ ਦੀ ਵਿਕਰੀ ਵਿਰੁੱਧ ਸਾਂਝੀ ਚੈਕਿੰਗ ਕਰਨ ਦੀ ਲੋੜ 'ਤੇ ਵੀ ਜ਼ੋਰ ਦਿੱਤਾ।

# ਆਸ਼ਾ ਵਰਕਰਾਂ ਤੇ ਫੈਸੀਲੇਟਰ ਦੇ ਸੰਘਰਸ਼ ਦੀ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਨੇ ਕੀਤੀ ਹਮਾਇਤ

**ਕੋਟਕਪੂਰਾ (ਰਛਪਾਲ ਭੁੱਲਰ)** ਸਿਹਤ ਸੇਵਾਵਾਂ ਦੇ ਖੇਤਰ 'ਚ ਪਿਛਲੇ 15 ਸਾਲਾਂ ਤੋਂ ਕੰਮ ਕਰ ਰਹੀਆਂ ਆਸ਼ਾ ਵਰਕਰਾਂ ਤੇ ਆਸ਼ਾ ਫੈਸੀਲੇਟਰ ਦਾ ਹੁਕਮਰਾਨ ਸਰਕਾਰਾਂ ਵੱਲੋਂ ਵੱਡੇ ਪੱਧਰ ਤੇ ਆਰਥਿਕ ਸ਼ੋਸ਼ਣ ਕੀਤਾ ਜਾ ਰਿਹਾ ਹੈ।ਇਸ ਖਿਲਾਫ਼ ਸਾਂਝਾ ਮੋਰਚਾ ਪੰਜਾਬ ਵੱਲੋਂ ਸੁਖਵਿੰਦਰ ਕੌਰ ਸੁੱਖੀ ਮਾਨਸਾ ਚੇਅਰਮੈਨ, ਅਮਰਜੀਤ ਕੌਰ ਰਣ ਸਿੰਘ ਵਾਲਾ ਕਨਵੀਨਰ, ਰਾਣੋ ਖੇੜੀ ਗਿੱਲਾਂ ਕਨਵੀਨਰ, ਹਰਿੰਦਰ ਕੌਰ ਸ਼ਤਰਾਣਾ ਕਨਵੀਨਰ ਤੇ ਸੰਤੋਸ਼ ਕੁਮਾਰੀ ਫਿਰੋਜ਼ਪੁਰ ਕਨਵੀਨਰ ਦੀ ਅਗਵਾਈ ਹੇਠ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪੰਜਾਬ ਦੇ ਸਿਹਤ ਮੰਤਰੀ ਡਾ. ਬਲਵੀਰ ਸਿੰਘ ਦੇ ਨਾਂਅ ਲਗਭਗ 15 ਦਿਨ ਪਹਿਲਾਂ ਮੰਗ ਪੱਤਰ ਭੇਜ ਕੇ ਨੋਟਿਸ ਦੇਣ ਦੇ ਬਾਵਜੂਦ ਪੰਜਾਬ ਸਰਕਾਰ ਦੇ ਕੰਨਾਂ 'ਤੇ ਕੋਈ ਜੂੰ ਨਹੀਂ ਸਰਕੀ।ਮਜਬੂਰ ਹੋ ਕੇ ਪੰਜਾਬ ਦੀਆਂ ਆਸ਼ਾ ਵਰਕਰਾਂ ਵੱਲੋਂ 25 ਤੋਂ 31 ਅਗਸਤ ਤੱਕ ਸਿਹਤ ਵਿਭਾਗ ਦੇ ਸਾਰੇ ਕੰਮਾਂ ਦਾ ਬਾਈਕਾਟ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ।ਹਰ ਕਿਸੇ ਨੂੰ ਆਪਣੀਆਂ ਜਾਇਜ਼ ਮੰਗਾਂ ਨੂੰ ਮਨਵਾਉਣ ਦਾ ਸੰਵਿਧਾਨਕ ਹੱਕ ਹੈ।ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ 1680 ਸੈਕਟਰ 22-ਬੀ ਚੰਡੀਗੜ੍ਹ ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਸੀਨੀਅਰ ਮੀਤ ਪ੍ਰਧਾਨ ਗੁਰਮੇਲ ਸਿੰਘ ਮੈਲੜੇ ਤੇ ਗੁਰਪ੍ਰੀਤ ਸਿੰਘ ਮੰਗਵਾਲ, ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ,



ਐਡੀਸ਼ਨਲ ਜਨਰਲ ਸਕੱਤਰ ਪ੍ਰੇਮ ਚਾਵਲਾ, ਪ੍ਰੈਸ ਸਕੱਤਰ ਟਹਿਲ ਸਿੰਘ ਸਰਾਭਾ ਤੇ ਪ੍ਰਭਜੀਤ ਸਿੰਘ ਉੱਪਲ, ਸੂਬਾਈ ਆਗੂ ਰਣਦੀਪ ਸਿੰਘ ਨੇ ਆਸ਼ਾ ਵਰਕਰ ਤੇ ਫੈਸਿਲੀਟੇਰ ਸਾਂਝਾ ਮੋਰਚਾ ਪੰਜਾਬ ਵੱਲੋਂ ਲੜੇ ਜਾ ਰਹੇ ਸੰਘਰਸ਼ ਦੀ ਪੂਰਨ ਹਮਾਇਤ ਕੀਤੀ ਹੈ ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਸਾਂਝੇ ਮੋਰਚੇ ਨਾਲ ਤੁਰੰਤ ਗੱਲਬਾਤ ਕਰਕੇ ਹੱਕੀ ਤੇ ਜਾਇਜ਼ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ। ਜਥੇਬੰਦੀ ਪੰਜਾਬ ਸਰਕਾਰ ਤੋਂ ਮੰਗ ਕਰ ਰਹੀ ਹੈ ਕਿ ਆਸ਼ਾ ਵਰਕਰਾਂ ਅਤੇ ਆਸ਼ਾ ਫੈਸਿਲੀਟੇਟਰ ਨੂੰ ਤੁਰੰਤ ਸਿਹਤ ਵਿਭਾਗ ਪੰਜਾਬ ਸਰਕਾਰ ਅਧੀਨ ਲੈ ਕੇ ਰੈਗੂਲਰ ਕੀਤਾ ਜਾਵੇ ਤੇ ਘੱਟੋ ਘੱਟ ਉਜਰਤ 26000 ਰੁਪਏ ਮਹੀਨਾ ਕੀਤੀ ਜਾਵੇ, ਆਸ਼ਾ ਵਰਕਰਾਂ ਦੇ ਕੱਟੇ ਗਏ ਭੱਤੇ ਤੁਰੰਤ ਬਹਾਲ ਕੀਤੇ ਜਾਣ ਤੇ ਭੱਤਿਆਂ ਦੀਆਂ ਦਰਾਂ ਵਿੱਚ ਵਾਧਾ ਕੀਤਾ ਜਾਵੇ, ਆਸ਼ਾ ਵਰਕਰਾਂ ਨੂੰ ਸੇਵਾਮੁਕਤ ਹੋਣ ਸਮੇਂ ਗੁਆਂਢੀ ਰਾਜ ਹਰਿਆਣਾ ਵਾਂਗ 5 ਲੱਖ ਰੁਪਏ ਦਿੱਤੇ ਜਾਣ ਤੇ ਮਿਲ ਰਹੀ ਤਨਖਾਹ ਅਨੁਸਾਰ ਘੱਟੋ ਘੱਟ ਅੱਧੀ ਪੈਨਸ਼ਨ ਦਿੱਤੀ ਜਾਵੇ।

# ਪੰਜਾਬ ਅੰਦਰ ਪੁਲਸ ਸ਼ਹੀਦ ਪਰਵਾਰਾਂ ਦਾ ਵਜੂਦ ਹੋ ਰਿਹਾ ਖਤਮ ਬਚਾਉਣ ਦੀ ਲੋੜ : ਸਹੋਤਾ/ਗੋਰਸੀਆਂ

**ਜਗਰਾਓਂ (ਅਮਿਤ ਖੰਨਾ)** ਪੰਜਾਬ ਦੀ ਸ਼ਾਂਤੀ ਬਹਾਲੀ ਲਈ ਸਭ ਤੋਂ ਵੱਡਾ ਯੋਗਦਾਨ ਪੰਜਾਬ ਪੁਲਸ ਦੇ ਸ਼ਹੀਦਾਂ ਦਾ ਹੈ।ਕਰੀਬ 1700 ਸੀਨੀਅਰ ਪੁਲਸ ਅਧਿਕਾਰੀਆਂ, ਪੁਲਸ ਅਧਿਕਾਰੀਆਂ ਤੇ ਪੁਲਸ ਕ੍ਰਮਚਾਰੀਆਂ ਨੇ ਆਪਣੀ ਜਾਨ ਦੀ ਕੁਰਬਾਨੀ ਦੇ ਕੇ ਯੋਗਦਾਨ ਪਾਇਆ।ਪੰਜਾਬ ਦੀ ਸ਼ਾਂਤੀ ਬਹਾਲੀ ਲਈ ਯੋਗਦਾਨ ਪਾਉਣ ਵਾਲੇ ਤੇ ਭਾਰਤ ਦੇਸ਼ ਦੀ ਸ਼ਾਂਤੀ ਬਹਾਲੀ ਲਈ ਯੋਗਦਾਨ ਪਾਉਣ ਵਾਲੇ ਵਰਦੀਧਾਰੀ ਫੋਰਸਾਂ ਪੁਲਸ ਜਵਾਨਾਂ ਦੇ ਪਰਵਾਰਾਂ ਨੂੰ ਮਾਨ-ਸਨਮਾਨ ਦੇਣ ਤੇ ਉਨ੍ਹਾਂ ਦੀਆਂ ਕਿਸੇ ਵੀ ਕਿਸਮ ਦੀਆਂ ਸਮੱਸਿਆਵਾਂ ਦਾ ਹੱਲ ਕਰਨ ਦਾ ਜ਼ਿੰਮਾ ਰਾਜ ਸਰਕਾਰਾਂ ਦੇ ਜ਼ਿੰਮੇ ਹੈ।ਪੰਜਾਬ ਅੰਦਰ ਸ਼ਹੀਦਾਂ ਦੇ ਪਰਵਾਰਾਂ ਦਾ ਵਜੂਦ ਦਿਨੋ ਦਿਨ ਖ਼ਤਮ ਹੋ ਰਿਹਾ ਹੈ।ਇਸ ਲਈ ਪੰਜਾਬ ਸਰਕਾਰ ਤੇ ਪੰਜਾਬ ਪੁਲਸ ਸਿੱਧੇ ਤੌਰ 'ਤੇ ਜ਼ਿੰਮੇਵਾਰ ਹਨ, ਜਦੋਂ ਵੀ ਕਿਸੇ ਵੀ ਕਿਸਮ ਦੀ ਸ਼ਹੀਦ ਪਰਵਾਰਾਂ ਨੂੰ ਮੱਦਦ ਦੀ ਜ਼ਰੂਰਤ ਹੁੰਦੀ ਹੈ।ਉਸ ਸਮੇਂ ਪੰਜਾਬ ਸਰਕਾਰ ਤੇ ਪੰਜਾਬ ਪੁਲਿਸ ਦਾ ਸਹਿਯੋਗ ਜ਼ੀਰੋ ਹੁੰਦਾ ਹੈ, ਪ੍ਰੰਤੂ 21 ਅਕਤੂਬਰ ਨੂੰ ਪੂਰੇ ਦੇਸ਼ ਅੰਦਰ ਵਰਦੀਧਾਰੀ ਫੋਰਸਾਂ ਪੁਲਸ ਜਵਾਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਜਾਂਦੀ ਹੈ।ਉਸ ਦਿਨ ਕੁੱਝ ਘੰਟੇ ਲਈ ਸ਼ਹੀਦਾਂ ਦੇ ਪਰਵਾਰਾਂ ਨੂੰ ਹੀਰੋ ਦਾ ਦਰਜਾ ਦਿੱਤਾ ਜਾਂਦਾ ਹੈ।ਕੁੱਝ ਘੰਟਿਆਂ ਬਾਅਦ ਤੋਂ ਲੈ ਕੇ ਅਗਲੇ ਸਾਲ ਦੀ 21 ਅਕਤੂਬਰ ਤੱਕ ਸ਼ਹੀਦ ਪਰਵਾਰਕ ਮੈਂਬਰਾਂ ਨੂੰ ਹੀਰੋ ਬਣਾਉਣ ਵਾਲਾ ਪ੍ਰਸ਼ਾਸਨ ਸਿਵਲ, ਪੁਲਸ ਅਧਿਕਾਰੀ ਤੇ ਕ੍ਰਮਚਾਰੀ ਭੁੱਲ ਜਾਂਦੇ ਹਨ, ਕਿਉਂ ਇਹ ਸਵਾਲ ਹਰ ਇਕ ਪੰਜਾਬ ਪੁਲਸ ਸ਼ਹੀਦ ਜਵਾਨ ਦੇ ਪਰਵਾਰਕ ਮੈਂਬਰ ਦਾ ਹੈ।ਖ਼ਾਸ ਕਰ ਪੁਲਸ ਜ਼ਿਲ੍ਹਾ ਲੁਧਿਆਣਾ ਦਿਹਾਤੀ ਪੁਲਸ ਦੇ



ਘੇਰੇ ਅੰਦਰ ਆਉਂਦੇ ਪੁਲਸ ਸ਼ਹੀਦ ਜਵਾਨਾਂ ਦੇ ਪਰਵਾਰਾਂ ਦਾ ਹੈ।ਅਜਿਹੇ ਕਾਰਨਾਂ ਕਰਕੇ ਪੰਜਾਬ ਅੰਦਰ ਤੇ ਕਈ ਵਾਰ ਪੁਲਸ ਜ਼ਿਲ੍ਹਾ ਲੁਧਿਆਣਾ ਦਿਹਾਤੀ ਜਗਰਾਉਂ ਅੰਦਰ ਵੀ ਸ਼ਹੀਦ ਪਰਵਾਰਾਂ ਨੂੰ ਸੰਘਰਸ਼ ਦਾ ਰਾਹ ਅਖਤਿਆਰ ਕਰਨਾ ਪਿਆ ਹੈ।

ਪਿਛਲੇ ਦਿਨੀਂ ਲੋੜ ਪੈਣ 'ਤੇ ਥਾਣਾ ਚੌਕੀਮਾਨ ਤੇ ਥਾਣਾ ਦਾਖਾ ਵੱਲੋਂ ਬਿਲਕੁਲ ਸਹਿਯੋਗ ਨਹੀਂ ਦਿੱਤਾ ਗਿਆ।ਇਸ ਤੋਂ ਸਾਫ਼ ਜ਼ਾਹਰ ਹੁੰਦਾ ਹੈ ਕਿ ਪੰਜਾਬ ਪੁਲਸ ਦੇ ਸ਼ਹੀਦਾਂ ਦੇ ਪਰਵਾਰਾਂ ਦਾ ਆਪਣੇ ਹੀ ਪੁਲਸ ਵਿਭਾਗ ਅੰਦਰ ਵਜੂਦ ਖ਼ਤਮ ਹੋ ਚੁੱਕਿਆ ਹੈ।ਇਹ ਵੀ ਸੱਚ ਹੈ ਜਿਹੜੀਆਂ ਕੌਮਾਂ ਆਪਣੇ ਸ਼ਹੀਦਾਂ ਤੇ ਉਨ੍ਹਾਂ ਦੇ ਪਰਵਾਰਾਂ ਨੂੰ ਵਿਸਾਰ ਦਿੰਦੀਆਂ ਹਨ, ਉਨ੍ਹਾਂ ਦਾ ਭਵਿੱਖ ਬਹੁਤਾ ਵਧੀਆ ਨਹੀਂ ਹੁੰਦਾ।ਬਲਜੀਤ ਸਿੰਘ ਗੋਰਸੀਆਂ ਨੇ ਕਾਲੇ ਦੌਰ ਦੌਰਾਨ ਸੇਵਾ ਨਿਭਾਉਣ ਵਾਲੇ ਸੀਨੀਅਰ ਪੁਲਿਸ ਕਪਤਾਨ ਸਵਰਨ ਸਿੰਘ ਘੋਟਨਾ, ਸੀਨੀਅਰ ਪੁਲਿਸ ਕਪਤਾਨ ਹਰਚਰਨ ਸਿੰਘ ਭੁੱਲਰ, ਸੀਨੀਅਰ ਪੁਲਿਸ ਕਪਤਾਨ ਸੁਰਜੀਤ ਸਿੰਘ ਵਰਗੇ ਅਫ਼ਸਰਾਂ ਨੂੰ ਯਾਦ ਕਰਦਿਆਂ ਕਿਹਾ ਕਿ ਅੱਤਵਾਦ ਮੌਕੇ ਦੇ ਅਫ਼ਸਰ ਭਿਅੰਕਰ ਹਾਲਾਤਾਂ ਚੋਂ ਗੁਜ਼ਰੇ ਹੋਣ ਕਰਕੇ, ਉਹ ਪੁਲਸ ਦੇ ਸ਼ਹੀਦ ਜਵਾਨਾਂ ਦੀ ਕੁਰਬਾਨੀ ਤੇ ਬਾਅਦ ਸ਼ਹੀਦ ਪਰਵਾਰਾਂ ਦੇ ਹਾਲ ਤੇ ਦਰਦ ਨੂੰ ਸਮਝਦੇ ਸਨ।ਅਫ਼ਸਰ 21 ਅਕਤੂਬਰ ਨੂੰ ਸ਼ਹੀਦਾਂ ਨੂੰ ਯਾਦ ਕਰਕੇ ਸ਼ਰਧਾਂਜਲੀ ਜ਼ਰੂਰ ਭੇਟ ਕਰਦੇ ਹਨ।ਪਰਵਾਰਾਂ ਦੀਆਂ ਦੁੱਖ ਤਕਲੀਫ਼ਾਂ ਸੁਣਦੇ ਜ਼ਰੂਰ ਹਨ, ਪਰ ਉਨ੍ਹਾਂ ਦਾ ਹੱਲ ਨਹੀਂ ਕਰਦੇ।ਕਾਲੇ ਦੌਰ ਦੇ ਅਫਸਰ ਹਰ ਸਮੱਸਿਆ ਦਾ ਹੱਲ ਕਰਕੇ ਘਰ ਸੁਨੇਹਾ ਭੇਜਦੇ ਸਨ, ਜੋ ਵੱਡੇ ਮਾਣ ਵਾਲੀ ਗੱਲ ਸੀ।ਪੰਜਾਬ ਪੁਲਸ ਦੇ ਸ਼ਹੀਦ ਜਵਾਨਾਂ ਦੇ ਪਰਵਾਰਾਂ ਨੂੰ ਉਪਰੋਕਤ ਅਫਸਰਾਂ ਦੀ ਅੱਜ ਵੀ ਯਾਦ ਆਉਂਦੀ ਹੈ।

**ਵਿਆਹ ਪੁਰਬ ਸਮਾਗਮ :**

# ਵਰ੍ਹਦੇ ਮੀਂਹ 'ਚ ਸ਼ੈਰੀ ਕਲਸੀ ਤੇ ਵਧੀਕ ਡਿਪਟੀ ਕਮਿਸ਼ਨਰ ਡਾ. ਬੇਦੀ ਨੇ ਬਟਾਲਾ ਸ਼ਹਿਰ 'ਚ ਸਫ਼ਾਈ ਪ੍ਰਬੰਧਾਂ ਦਾ ਲਿਆ ਜਾਇਜ਼ਾ



**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਦੇ ਸਬੰਧ ਵਿੱਚ ਸੋਮਵਾਰ ਵਰ੍ਹਦੇ ਮੀਂਹ ਵਿੱਚ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਅਤੇ ਡਾ. ਹਰਜਿੰਦਰ ਸਿੰਘ ਬੇਦੀ, ਵਧੀਕ ਡਿਪਟੀ ਕਮਿਸ਼ਨਰ (ਜ) ਗੁਰਦਾਸਪੁਰ ਨੇ ਸ਼ਹਿਰ ਦੇ ਸਫਾਈ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਮੌਕੇ 'ਤੇ ਸਬੰਧਤ ਅਧਿਕਾਰੀਆਂ ਨੂੰ ਸ਼ਹਿਰ ਨੂੰ ਸਾਫ਼-ਸੁਥਰਾ ਤੇ ਸੁੰਦਰ ਰੱਖਣ ਲਈ ਸਖ਼ਤ ਹਦਾਇਤ ਕੀਤੀ।ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਵਿਆਹ ਪੁਰਬ ਦੇ ਸਮਾਗਮ ਵਿੱਚ ਬਟਾਲਾ ਵਿਖੇ ਲੱਖਾਂ ਦੀ ਗਿਣਤੀ ਵਿੱਚ ਦੇਸ਼-ਵਿਦੇਸ਼ ਤੋਂ ਸੰਗਤਾਂ ਆਉਦੀਆਂ ਹਨ ਅਤੇ ਉਨ੍ਹਾਂ ਦੀਆਂ ਸਹੂਲਤਾਂ ਲਈ ਪੁਖਤਾ ਪ੍ਰਬੰਧ ਕੀਤੇ ਜਾ ਰਹੇ ਹਨ। ਉਨ੍ਹਾਂ ਕਾਰਪੋਰੇਸ਼ਨ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਸਖ਼ਤ ਹਦਾਇਤ ਕਰਦਿਆਂ ਕਿਹਾ ਕਿ ਸ਼ਹਿਰ ਅੰਦਰ ਸਾਫ਼-ਸਫਾਈ ਵਿਵਸਥਾ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇ ਅਤੇ ਕੂੜੇ ਦੇ ਢੇਰਾਂ ਨੂੰ ਨਾਲ ਦੀ ਨਾਲ ਚੁੱਕਣ ਨੂੰ ਯਕੀਨੀ ਬਣਾਇਆ ਜਾਵੇ। ਉਨਾਂ ਕਿਹਾ ਕਿ ਸਫਾਈ ਵਿਵਸਥਾ ਵਿੱਚ ਕਿਸੇ ਕਿਸਮ ਦੀ ਕੋਈ ਢਿੱਲਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਅਣਗਹਿਲੀ ਵਰਤਣ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਡਾ. ਹਰਜਿੰਦਰ ਸਿੰਘ ਬੇਦੀ, ਵਧੀਕ ਡਿਪਟੀ ਕਮਿਸ਼ਨਰ (ਜ) ਗੁਰਦਾਸਪੁਰ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਿਆਹ ਪੁਰਬ ਸਮਾਗਮ ਮਨਾਉਣ ਲਈ ਪੱਬਾਂ ਭਾਰ ਹੈ ਅਤੇ ਦੇਸ਼-ਵਿਦੇਸ਼ ਵਿੱਚ ਆਉਣ ਵਾਲੀਆਂ ਸੰਗਤਾਂ ਦੀ ਸਹੂਲਤ ਲਈ ਸੁਚਾਰੂ ਢੰਗ ਨਾਲ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜਿਥੇ ਵੱਖ-ਵੱਖ ਵਿਭਾਗਾਂ ਵਲੋਂ ਵਿਆਹ ਪੁਰਬ ਸਮਾਗਮ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ ਉਸ ਦੇ ਨਾਲ ਸ਼ਹਿਰ ਵਾਸੀ ਅਤੇ ਦੁਕਾਨਦਾਰ ਵੀ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣ ਲਈ ਸਹਿਯੋਗ ਕਰਨ। ਲੋਕ ਸਫਾਈ ਸੇਵਕਾਂ ਨੂੰ ਅਲੱਗ-ਅਲੱਗ ਗਿੱਲਾ ਅਤੇ ਸੁੱਕਾ ਕੂੜਾ ਮੁਹੱਈਆ ਕਰਵਾਉਣ। ਦੁਕਾਨਦਾਰ ਆਪਣੀਆਂ ਦੁਕਾਨਾਂ ਵਿੱਚ ਡਸਟਬਿਨ ਰੱਖਣ । ਇਸ ਤੋਂ ਇਲਾਵਾ ਜੇਕਰ ਕਿਸੇ ਵੀ ਸ਼ਹਿਰ ਵਾਸੀ ਨੂੰ ਸਫ਼ਾਈ ਆਦਿ ਸਬੰਧੀ ਕੋਈ ਮੁਸ਼ਕਲ ਪੇਸ਼ ਆਉਂਦੀ ਹੈ ਤਾਂ ਹੈਲਪ ਲਾਈਨ ਨੰਬਰ 99153-62910 'ਤੇ ਸੰਪਰਕ ਕੀਤਾ ਜਾਵੇ।ਇਸ ਮੌਕੇ ਰਜਿੰਦਰ ਸ਼ਰਮਾ ਸਹਾਇਕ ਕਮਿਸ਼ਨਰ ਨਗਰ ਨਿਗਮ, ਇੰਜੀ. ਰੋਹਿਤ ਉੱਪਲ, ਸੀਨੀਅਰ ਆਗੂ ਬਲਬੀਰ ਸਿੰਘ ਬਿੱਟੂ, ਮਾਸਟਰ ਤਿਲਕ ਰਾਜ, ਅਮਿਤ ਸੋਢੀ, ਸੈਨੇਟਰੀ ਇੰਸਪੈਕਟਰ ਵਿਕਾਸ ਵਾਸੂਦੇਵ ਸਮੇਤ ਅਧਿਕਾਰੀ ਆਦਿ ਮੌਜੂਦ ਸਨ।

# ਸਰਾਫ਼ ਐਜੂਵਿਕਨ ਗਲੋਬਲ ਸਕੂਲ ਦੇ ਵਿਦਿਆਰਥੀਆਂ ਨੇ ਕੀਤੀ ਕਮਾਲ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਸੀਬੀਐਸਈ ਨਾਲ ਸਬੰਧਤ ਸਰਾਫ ਐਜੂਵਿਕਨ ਗਲੋਬਲ ਡਿਕਸ਼ਨਰੀ ਸਕੂਲ ਦੇ ਵਿਦਿਆਰਥੀਆਂ ਨੇ ਜ਼ੋਨਲ ਪੱਧਰ 'ਤੇ ਵਧੀਆ ਪ੍ਰਦਰਸ਼ਨ ਕਰਨ ਤੋਂ ਬਾਅਦ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ 'ਚ ਵੀ ਆਪਣਾ ਝੰਡਾ ਲਹਿਰਾਇਆ।ਵਿਦਿਆਰਥੀਆਂ ਨੇ ਵੱਖ-ਵੱਖ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਤੇ ਕਈ ਤਗਮੇ ਜਿੱਤੇ ਤੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਜ਼ਿਲ੍ਹਾ ਪੱਧਰ 'ਤੇ ਹੋਏ ਅੰਡਰ-14, 17, 19 ਖੇਡ ਮੁਕਾਬਲਿਆਂ 'ਚ ਬੱਚਿਆਂ ਨੇ ਤਾਇਕਵਾਂਡੋ ਵਿੱਚ 10 ਤਗਮੇ, ਕਰਾਟੇ ਵਿੱਚ 9 ਤਗਮੇ, ਬੈਡਮਿੰਟਨ ਵਿੱਚ 1 ਤਗਮਾ, ਖੋ-ਖੋ ਵਿੱਚ 4 ਤਗਮੇ, ਨੈੱਟਬਾਲ ਵਿੱਚ 9 ਤਗਮੇ, ਸਪੇਕ ਟਾਕਰਾ ਵਿੱਚ 5 ਤਗਮੇ, ਕਬੱਡੀ ਵਿੱਚ 2 ਤਗਮੇ, ਜੂਡੋ ਵਿੱਚ 8 ਤਗਮੇ ਅਤੇ ਰਗਬੀ ਵਿੱਚ 29 ਤਗਮੇ ਜਿੱਤੇ।ਇਸ ਤਰ੍ਹਾਂ ਸਕੂਲ ਦੇ ਹੁਸ਼ਿਆਰ ਬੱਚਿਆਂ ਨੇ ਆਪਣੇ ਸਕੂਲ ਲਈ 10 ਸੋਨੇ ਦੇ ਤਗਮੇ, 40 ਚਾਂਦੀ ਦੇ ਤਗਮੇ ਅਤੇ 27 ਕਾਂਸੀ ਦੇ ਤਗਮੇ ਜਿੱਤੇ।ਸਕੂਲ ਦੇ ਵਾਈਸ-ਚੇਅਰਮੈਨ ਅਮਿਤ ਸਰਾਫ ਨੇ ਸਾਰੇ ਵਿਦਿਆਰਥੀਆਂ, ਕੋਚਾਂ ਤੇ ਅਧਿਆਪਕਾਂ ਨੂੰ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਚੰਗੇ ਪ੍ਰਦਰਸ਼ਨ ਲਈ ਦਿਲੋਂ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਖੇਡਾਂ ਬੱਚਿਆਂ 'ਚ ਲੀਡਰਸ਼ਿਪ, ਅਨੁਸ਼ਾਸਨ ਅਤੇ ਆਤਮ-ਵਿਸ਼ਵਾਸ ਵਰਗੇ ਗੁਣਾਂ ਦਾ ਵਿਕਾਸ ਕਰਦੀਆਂ ਹਨ।ਖੇਡਾਂ ਵਿੱਚ ਗਲੋਬਲ ਡਿਸਕਵਰੀ ਸਕੂਲ ਦੇ ਵਿਦਿਆਰਥੀਆਂ ਦਾ ਇਹ ਸ਼ਾਨਦਾਰ ਪ੍ਰਦਰਸ਼ਨ ਆਉਣ ਵਾਲੇ ਸਮੇਂ 'ਚ ਰਾਜ ਅਤੇ ਰਾਸ਼ਟਰੀ ਪੱਧਰ 'ਤੇ ਸਕੂਲ ਦੀ ਪਛਾਣ ਨੂੰ ਹੋਰ ਮਜਬੂਤ ਕਰੇਗਾ।



# ਸਮਾਜਿਕ ਸੁਧਾਰਾਂ ਲਈ ਬੁਗਰਾ ਦੀ ਗ੍ਰਾਮ ਸਭਾ ਵੱਲੋਂ ਅਹਿਮ ਮਤੇ ਪਾਸ

**ਧੂਰੀ, (ਮੋਹਿਤ ਗਰਗ, ਬਿੰਨੀ ਗਰਗ)** ਪਿੰਡ ਬੁਗਰਾ ਦੇ ਸਰਪੰਚ ਤੇ ਬਲਾਕ ਸਰਪੰਚ ਯੂਨੀਅਨ ਦੇ ਸੀ. ਮੀਤ ਪ੍ਰਧਾਨ ਹਰਜੀਤ ਸਿੰਘ ਬੁਗਰਾ ਨੇ ਦੱਸਿਆ ਕਿ ਪਿੰਡ ਬੁਗਰਾ ਦੇ ਵਸਨੀਕਾਂ ਤੇ ਪਿੰਡ ਦੇ ਸਮਾਜਿਕ ਸੁਧਾਰਾਂ ਲਈ ਆਯੋਜਤ ਕੀਤੀ ਗਈ ਗ੍ਰਾਮ ਸਭਾ ਵਿੱਚ ਅਹਿਮ ਮਤੇ ਪਾਸ ਕੀਤੇ ਗਏ ਹਨ।ਉਨ੍ਹਾਂ ਦੱਸਿਆ ਕਿ ਜੇਕਰ ਕੋਈ ਵੀ ਨਸ਼ਾ ਵੇਚਦਾ ਜਾਂ ਕੋਈ ਪਿੰਡ ਵਿੱਚੋਂ ਸਮਾਨ ਚੋਰੀ ਕਰਦਾ ਫੜਿਆ ਗਿਆ ਤਾਂ ਉਸ ਦੀ ਕੋਈ ਵੀ ਪੰਚਾਇਤ ਮੈਂਬਰ ਜਾਂ ਨੰਬਰਦਾਰ ਜ਼ਮਾਨਤ ਨਹੀਂ ਦੇਵੇਗਾ, ਪਿੰਡ ਵਿੱਚ ਕਿਸੇ ਵੀ ਧਾਰਮਿਕ ਸਥਾਨ ਦੀ ਸਥਾਪਨਾ ਪੰਚਾਇਤ ਦੀ ਮਨਜ਼ੂਰੀ ਤੋਂ ਬਿਨਾਂ ਨਹੀਂ ਹੋਵੇਗੀ, ਖੇਤਾਂ ਨੂੰ ਜਾਂਦੇ ਸਾਰੇ ਰਸਤੇ ਸਰਕਾਰੀ ਰਿਕਾਰਡ ਅਨੁਸਾਰ ਛੱਡ ਦਿੱਤੇ ਜਾਣ, ਕੋਈ ਵੀ ਦੁਕਾਨਦਾਰ ਪਿੰਡ ਵਿੱਚ ਸਟਿੰਗ, ਪਤੰਗ ਜਾਂ ਚਾਇਨਾ ਡੋਰ ਨਹੀਂ ਵੇਚੇਗਾ, ਪਿੰਡ ਦੀ ਕਿਸੇ ਵੀ ਸਾਂਝੀ ਜਗ੍ਹਾ 'ਤੇ ਬੈਠ ਕੇ ਨਸ਼ਾ ਕਰਨ ਤੇ ਪਾਬੰਦੀ ਹੈ, ਜੇਕਰ ਪਿੰਡ ਦਾ ਕੋਈ ਬੱਚਾ ਬਾਲਗ ਹੋ ਕੇ ਘਰਦਿਆਂ ਦੀ ਮਰਜ਼ੀ ਦੇ ਖਿਲਾਫ ਪਿੰਡ ਵਿੱਚ ਹੀ ਵਿਆਹ ਕਰਾਉਣ ਦੀ ਕੋਸ਼ਿਸ਼ ਕਰਦਾ ਹੈ ਤਾਂ ਉਸ ਬੱਚੇ ਦਾ ਪਿੰਡ ਵੱਲੋਂ ਬਾਈਕਾਟ ਕੀਤਾ ਜਾਵੇਗਾ, ਪਿੰਡ ਨੂੰ ਸਾਫ ਤੇ ਸੋਹਣਾ ਰੱਖਣ ਲਈ ਪਿੰਡ ਦੀਆਂ ਕੰਧਾਂ ਜਾਂ ਖੰਭੇ ਉੱਪਰ ਪੋਸਟਰ ਅਤੇ ਵਾਲਪੇਂਟਿੰਗ ਕਰਨਾ ਸਖਤ ਮਨ੍ਹਾ ਹੈ, ਪਿੰਡ ਵਿੱਚ ਮਹੰਤਾਂ ਦੀ ਵਧਾਈ 1100 ਰੁਪਏ ਤੋਂ 2100 ਰੁਪਏ ਤੱਕ ਰੱਖੀ ਗਈ ਹੈ, ਕੋਈ ਪਰਵਾਰ ਨਵਾਂ ਮਕਾਨ ਬਣਾਉਂਦਾ ਹੈ ਤਾਂ ਕ੍ਰਿਪਾ ਕਰਕੇ ਆਪਣੀ ਦੇਹਲੀ ਅਤੇ ਘਰ ਦਾ ਵਾਧਰਾ ਆਪਣੀ ਜਗ੍ਹਾ ਤੋਂ ਬਾਹਰ ਨਾ ਕੱਢੇ, ਹਰ ਸਾਲ ਪਿੰਡ ਦਾ ਕੋਈ ਵੀ ਬੱਚਾ-ਬੱਚੀ ਸਰਕਾਰੀ ਜਾਂ ਪ੍ਰਾਈਵੇਟ ਸਕੂਲ ਪੜ੍ਹਾਈ ਜਾਂ ਖੇਡਾਂ ਵਿੱਚੋਂ ਕੋਈ ਪੁਜ਼ੀਸ਼ਨ ਪ੍ਰਾਪਤ ਕਰਦਾ ਹੈ ਤਾਂ ਪੰਚਾਇਤ ਵੱਲੋਂ ਉਸ ਨੂੰ ਸਨਮਾਨਤ ਕੀਤਾ ਜਾਵੇਗਾ। ਪਿੰਡ ਨੂੰ ਸੋਹਣਾ ਬਣਾਉਣ ਲਈ ਕਿਸੇ ਵੀ ਤਰ੍ਹਾਂ ਦੀ ਕੋਈ ਸਲਾਹ ਲਿਖ ਕੇ ਪੰਚਾਇਤ ਨੂੰ ਦੇ ਸਕਦੇ ਹੋ, ਉਸ 'ਤੇ ਪੰਚਾਇਤ ਵਿਚਾਰ ਕਰੇਗੀ। ਬਾਹਰੋਂ ਕੋਈ ਮੰਗਤਾ, ਕਬਾੜੀਆ, ਉਗਰਾਹੀ 'ਕੱਠੀ ਕਰਨ ਵਾਲੇ ਬਾਬੇ, ਸਬਜ਼ੀਆਂ ਵਾਲੇ ਜਾਂ ਪਿੰਡ ਤੋਂ ਬਾਹਰਲੇ ਕਿਸੇ ਵੀ ਵਿਅਕਤੀ ਨੂੰ ਪਿੰਡ ਦੀਆਂ ਗਲੀਆਂ ਵਿੱਚ ਜਾਣ ਤੋਂ ਪਹਿਲਾਂ ਪੰਚਾਇਤੀ ਮਨਜ਼ੂਰੀ ਲੈਣੀ ਜ਼ਰੂਰੀ ਹੈ, ਜੇ ਕੋਈ ਫੜਿਆ ਗਿਆ ਤਾਂ ਉਸ 'ਤੇ ਪੁਲਸ ਕਰਵਾਈ ਕੀਤੀ ਜਾਵੇਗੀ।ਪਿੰਡ ਦੀਆਂ ਗਲੀਆਂ 'ਚ ਸਪੀਕਰ ਲਾ ਕੇ ਘੁੰਮਣ 'ਤੇ ਮਨਾਹੀ ਹੈ।



# ਕਲਾਸੀਫਾਈਡ ਇਸ਼ਤਿਹਾਰ

## Change of Name

I, Babbaljeet Kaur W/o. S. Balwinder Singh, VPO. SATHIALA, Tehsil Baba Bakala Sahib (Amritsar), have changed my Name from Babbaljeet Kaur to Babaljit Kaur. Concerned Note.

I, hitherto Known as Paramvir Singh S/o Manmohan Singh R/o Village Nangal Araian, PO. Binpalke District Jalandhar, Punjab 144201, have changed my name as Singh Paramvir and now given name Paramvir and my Surname is Singh.

I, Jasmel Kaur W/o Sarwan Singh R/o VPO Sohal, Tehsil & Distt. Tarn Taran, Punjab have changed my name from Jasmel Kaur to Jasmail Kaur.

I, Gora S/o Tarsem Singh R/o VPO Chawinda Devi Tehsil and District Amritsar have changed my name from Gora to Gora Singh

I, Balhar Singh S/o Kulwant Singh R/o Chogawan, PO Chogawan District Amritsar have changed my name from Balhar Singh to Balihar Singh

I, Harpreet Singh S/o Gurdev Singh R/o VPO Bhangali Kalan, Tehsil Majitha District Amritsar have declare that Harpreet is my Given name and Singh is my Surname

I, Harpreet Kaur W/o Jodh Singh R/o VPO Chabba, Tehsil & Distt. Amritsar have declare that Harpreet is my Given name and Kaur is my Surname

I Gyan Sewanand Alias Anil Nayyar Son of Satpal Nayyar R/o 25/2905 Gali No.6 New Tehsil Pura Amritsar have change my name to Gyan Sewanand

I, Rupinder Kaur Gill W/o Ravinderpal Singh R/o Vill Hadaitpur PO Bhilowal, Amritsar have changed my name from Rupinder Kaur Gill to Rupinder Kaur

I, Sulakshan Kumar Bhalla S/o Ramji Dass Bhalla R/o 95-A, Joshi Colony, Amritsar have changed my name from Sulakshan Kumar Bhalla to Sulakshan Kumar.

I, Ravideep Singh S/o Jagtar Singh R/o VPO. Nasarke, Tehsil Batala, District Gurdaspur, Punjab have changed my name from Ravideep Singh to Singh Ravideep. That Singh is my Surname & Ravideep is my Given Name. Concerned Note.

I, Mohinder Singh S/O Veer Singh R/O Village Lakhan Khurd Lakhan Kalan, District Kapurthala 144601 (Punjab) Have Changed My Name From Mohinder Singh To Mahinder Singh. All Concerned Please Note.

I, Abhishek S/o Ashwani Kumar R/o H.No. 50, Guru Ram Dass Enclave Near Sher Singh Colony, Jalandhar, Punjab, India have changed my name from Abhishek to Abhishek Sharma. All concerned please note.

I, Archana Pawar W/o Abhishek Sharma R/o H.No. 50, Guru Ram Dass Enclave Near Sher Singh Colony, Jalandhar, Punjab, India have changed my name from Archana Pawar to Archana Sharma. All concerned please note.

I, Charanjit S/O Balwinder Kumar, R/o Vill- Khanpur, Khanpur-Hoshiarpur, Punjab- 144527, have changed my name and shall hereafter be Known as Charanjit Suman.

I, Hardit S/O Gurdeep Singh, R/o Near Ram Llla Chonk Gali Master Tara Singh Wali, Inder Nagari, Jalalabad, Fazilka, Punjab- 152024, have changed my name and shall hereafter be Known as Hardit Singh.

I, Jaspreet Kaur, D/O Jarnail Singh R/o Makha, Mansa, Punjab- 151505. have changed my name and shall hereafter be Known as Japji Kaur.

I, Tania Kaur D/O Rajinder Singh R/O H.NO. 363, Ward No. 10, Moh. Dherian, Tehsil Shahkot, Jalandhar, Pin 144702, Punjab, India have changed my name to Kaur Tania. Kaur Considered as Surname and Tania considered as Given Name. Note Please.

I, Amrit Pal Singh S/O Sharan Pal Singh, R/o House No-175, Ward No-05, Mohalla Kasba, Dasuya, PO: Dasuya, Dist: Hoshiarpur, Punjab-144205, have changed my name and shall hereafter be Known as Amrit Pal Singh Randhawa.

I, Sukhjit kaur W/O Amrit Pal Singh Randhawa, R/o House No-175, Ward No-5, Mohalla Kasba, Dasuya PO: Dasuya, Dist: Hoshiarpur, Punjab-144205. have changed my name and shall hereafter be Known as Sukhjit Kaur Randhawa.

I Hardip Singh son of Darshan Singh resident of Village Chugawan, PO Samipur, Jalandhar declare That I have changed my name from Hardip Singh to Hardeep Singh.

I, BALKAR Son of Jeet Ram, R/o Village Bhuai, P.O. Sheikhupur, District Kapurthala, Punjab, declare that I have changed my name from BALKAR to BALKAR SINGH. All Concerned noted.

## Change of Name

I, Prince S/O Jaswinder Singh, R/o Khudda, Ralhan, PO: Khudda, Dist: Hoshiarpur. Punjab- 144305, have changed my name and shall hereafter be Known as Pawanpreet Singh.

I, Rosy W/O Kulbhushan Kumar, R/o House No 212, Ward No 12 Kainthan, Dasuya, Dist: Hoshiarpur, Punjab- 144205. have changed my name and shall hereafter be Known as Rosy Sharma.

I, Opinder Singh S/O Narinder Singh, R/o H.No- 4121, RYL Road, Hamayon Pur Sirhind, Fatehgarh Sahib, Punjab- 140406, have changed my name and shall hereafter be Known as Opinder Singh Roop Rai.

I, Sonu Alias Sameer Gupta S/o Raj Kumar Gupta R/o H.No.23-24 C, Surya Enclave Extension Near Kendriya Sadan, Jalandhar-144009 have changed my name to Sameer Gupta. All concerned please note.

I Anu Bala W/O Sewa Singh R/O Vill. Fatehgarh, Po. Pandori, Tehsil Phagwara, Distt. Kapurthala, Punjab I Have Changed My Name From Anu Bala To Annu Bala.

I, Lucky Sharma W/o Narendra Kumar Basediya R/o Flat No. S-1106, Jalandhar Heights-1, 66 Feet Road, Jalandhar. Punjab, India, have changed my name after marriage from LUCKY SHARMA to LUCKY BASEDIYA. All concerned please note.

I, Manjeet Kaur W/o Mohinder Singh Sidhu R/o NRI Colony, VPO Lambra, Distt.Jalandhar, Punjab have changed my name from Manjeet Kaur Singh Sidhu to Manjeet Kaur. All please note.

I, Rachpal Kaur W/o Varinder Singh, R/o Village Dulla Nangal, PO. Bangowani, Tehsil / Distt. Gurdaspur, Punjab, India. Have changed my name from Rachpal Kaur to Rashpal Kaur Tatla.

I, Jaswinder Kaur w/o Malkit Singh R/o Village Dulowal, P.O. Khiranwali, Tehsil & District Kapurthala, have changed my name from JASVINDER KAUR to JASWINDER KAUR. All concerned may please note.

I, Ansh S/o Varinder Kumar R/o H.No. N.J. 121, Mohalla Mohindru, Jalandhar City have changed my name from Ansh to Ansh Bhardwaj. Please Note.

I, Jasdeep Hayre w/o Gurpreet Singh Ghag r/o NarangShahpura, Hadiabad, Phagwara, Kapurthala have changed my name to Jasdeep Kaur Ghag. After Marriage. All Please Note.

I, Narinder Kaur w/o Saravjeet Singh r/o VPO. Badala Mahi, Distt. Hoshiarpur-144105, Punjab have change my name as Narendra Jeet Kaur. All Please Note.

I, Ripa Rani Saha W/o Utpal Saha R/o H.No.21 C, Bharat Nagar, Jalandhar have changed my name from Ripa Rani Saha to Ripa Saha. All Please Note.

I, Naitik S/o Rajesh Kumar R/o H.No.B-47/0014, Gali No.2, Diamond Avenue, Batala, Gurdaspur, Punjab-143505 changed my name to Naitik Wadhawan. (Surname as Wadhawan) All Please Note.

I, Beena Devi W/o Gian Chand, resident of Mohalla Number 21, 3rd Floor, Bawa Complex, Phagwara Road, Jalandhar Cantt, have changed my name from Beena Devi to Veena Devi. All Please Note.

I, hitherto Known as Kuldeep Singh Walia S/o Avtar Singh R/o H.No. 11-B Model Town, Phagwara Kapurthala, Punjab-144401, India have changed my name and shall hereafter be known as Kuldeep Singh.

I, Kirandeep W/o Amandeep Mahay R/o VPO. Dhesian Kahna, District Jalandhar have changed my name from Kirandeep to Kirandeep Kaur. All Please Note.

I, GAGANPREET Son of Jaswinder Singh, R/o Village Nawan Pind, Dewa Singhwala, Kapurthala, declare that I'm holder of Indian Passport T9178546. I want to change my name from GAGANPREET to GAGANPREET SINGH. on my said passport. All Concerned noted.

## ਬੇਦਖਲੀ ਨੋਟਿਸ

ਮੈਂ, ਸੁਰਜੀਤ ਸਿੰਘ ਪੁੱਤਰ ਹਰਨਾਮ ਸਿੰਘ, ਵਾਸੀ ਉਠੀਆਂ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਜੰਤਿਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਮੈਂ ਅਤੇ ਮੇਰਾ ਪਰਵਾਰ ਇਸ ਦੇ ਕਿਸੇ ਲੈਣ-ਦੇਣ ਦਾ ਜ਼ਿੰਮੇਵਾਰ ਨਹੀਂ ਹੋਵੇਗਾ।

## ਬੇਦਖਲੀ ਨੋਟਿਸ

ਅਸੀਂ ਕੁਲਦੀਪ ਮੁਹੰਮਦ ਪੁੱਤਰ ਤਾਜ ਮੁਹੰਮਦ ਅਤੇ ਰਾਜਵਿੰਦਰ ਬੇਗਮ ਪਤਨੀ ਕੁਲਦੀਪ ਮੁਹੰਮਦ ਵਸੀਆਨ ਪਿੰਡ ਟੂਟੋਮਜਾਰਾ ਤਹਿਸੀਲ ਗੜ੍ਹਸ਼ੰਕਰ ਜ਼ਿਲਾ ਹੁਸ਼ਿਆਰਪੁਰ ਬਿਆਨ ਕਰਦੇ ਹਾਂ ਕਿ ਸਾਡਾ ਸ਼ਾਦੀਸ਼ੁਦਾ ਲੜਕਾ ਦਿਲਬਹਾਰ ਅਤੇ ਉਸਦੀ ਪਤਨੀ ਫਰੀਦਾ ਸਾਡੇ ਕਹਿਣੇ ਤੋਂ ਬਾਹਰ ਹਨ। ਇਸ ਕਰਕੇ ਅਸੀ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਹ ਆਪਣੇ ਕੀਤੇ ਚੰਗੇ ਮਾੜੇ ਕੰਮ, ਦੇ ਖੁਦ ਜ਼ੁੰਮੇਵਾਰ ਹੋਣਗੇ।

ਮੈਂ ਪ੍ਰਵੀਨ ਕੁਮਾਰ ਪੁੱਤਰ ਮੁਲਖ ਰਾਜ ਵਾਸੀ ਸੋਨੀਆ ਸਟਰੀਟ ਕਰਤਾਰਪੁਰ ਜ਼ਿਲਾ ਜਲੰਧਰ ਦਾ ਹਾਂ ਮੇਰਾ ਲੜਕਾ ਰਾਘਵ ਕੁਮਾਰ ਤੇ ਉਸ ਦੀ ਪਤਨੀ ਮੁਸਕਾਨ ਵਰਮਾ ਮੇਰੇ ਕਹਿਣੇ ਤੋਂ ਬਾਹਰ ਹਨ ਇਸ ਲਈ ਮੈਂ ਇਹਨਾਂ ਦੋਵਾਂ ਨੂੰ ਆਪਣੀ ਚਲ -ਅਚਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਅਗਾਂਹ ਤੋਂ ਉਸ ਨਾਲ ਲੈਣ ਦੇਣ ਰੱਖਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ ਪਰਮਜੀਤ ਕੌਰ ਪਤਨੀ ਲੇਟ ਅੰਗਰੇਜ਼ ਸਿੰਘ ਵਾਸੀ ਮਕਾਨ ਨੰ.ਐਲ-5/20, ਨਾਮਦੇਵ ਕਲੋਨੀ, ਨੇੜੇ ਗੁਰੂਦੁਆਰਾ ਤੂਤ ਸਾਹਿਬ, ਸੁਲਤਾਨਵਿੰਡ ਰੋਡ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਜਗਰੂਪ ਸਿੰਘ ਅਤੇ ਉਸਦੀ ਪਤਨੀ ਪ੍ਰਦੀਪ ਕੌਰ ਜੋ ਕਿ ਮੇਰੇ ਕਹਿਣੇ,ਸੁਣਨੇ ਤੋਂ ਬਾਹਰ ਹਨ, ਆਪਣੀ ਮਨ ਮਰਜ਼ੀ ਦੇ ਮਾਲਕ ਹਨ ਅਤੇ ਮੈਨੂੰ ਬਹੁਤ ਤੰਗ ਪਰੇਸ਼ਾਨ ਕਰਦੇ ਹਨ। ਮੈਂ ਉਨ੍ਹਾਂ ਦੋਵਾਂ ਨੂੰ ਆਪਣੀ ਹਰ ਕਿਸਮ ਦੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਅਤੇ ਮੇਰਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਣਗੇ। ਮੇਰਾ ਅਤੇ ਮੇਰੇ ਪਰਿਵਾਰ ਦਾ ਉਨ੍ਹਾਂ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ ਪ੍ਰਵੀਨ ਕੁਮਾਰ ਪੁੱਤਰ ਕਸ਼ਮੀਰੀ ਲਾਲ ਵਾਸੀ ਸੋਨੀਆ ਮਹੱਲਾ ਨੇੜੇ ਕੰਧ ਸਾਹਿਬ ਬਟਾਲਾ ਮੇਰਾ ਲੜਕਾ ਰਾਗਵ ਗਰਗ ਮੇਰੇ ਕਹਿਣੇ ਤੋਂ ਬਾਹਰ ਹੈ ਮੈਂ ਆਪਣੇ ਲੜਕੇ ਰਾਗਵ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ ਜੋ ਇਸ ਨਾਲ ਲੈਣ ਦੇਣ ਕਰਨ ਵਾਲੇ ਖੁਦ ਜਿੰਮੇਵਾਰ ਹੋਣਗੇ ਸੰਬੰਧਿਤ ਨੋਟ ਕਰਨ।

ਮੈਂ, ਬਹਾਦਰ ਸ਼ਾਹ ਪੁੱਤਰ ਰਣਦੇਵ ਸ਼ਾਹ ਵਾਸੀ ਮਕਾਨ ਨੰ: 16, ਗਲੀ ਨੰ: 4, ਨਿਊ ਸ਼ੀਤਲ ਨਗਰ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੋਨੂੰ ਕੁਮਾਰ ਅਤੇ ਉਸਦੀ ਪਤਨੀ ਬਬਿਤਾ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜ਼ੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ, ਸੁਖਚੈਨ ਕੌਰ ਪਤਨੀ ਗੁਰਬਚਨ ਸਿੰਘ ਵਾਸੀ ਸੁਲਹਾਨੀ, ਤਹਿ: ਵਾ ਜ਼ਿਲ੍ਹਾ ਫਿਰੋਜ਼ਪੁਰ ਬਿਆਨ ਕਰਦੀ ਹਾਂ ਕਿ ਮੇਰੀ ਨੂੰਹ ਰਮਨਦੀਪ ਕੌਰ ਵਿਧਵਾ ਸੁਖਦੇਵ ਸਿੰਘ, ਮੇਰੀ ਪੋਤਰੀ ਮਨਪ੍ਰੀਤ ਕੌਰ ਪੁੱਤਰੀ ਸੁਖਦੇਵ ਸਿੰਘ ਅਤੇ ਮੇਰਾ ਪੋਤਰਾ ਸਹਿਜਦੀਪ ਸਿੰਘ ਪੁੱਤਰ ਸੁਖਦੇਵ ਸਿੰਘ ਵਾਸੀਆਨ ਪਿੰਡ ਸੁਲਹਾਨੀ, ਤਹਿ: ਵਾ ਜ਼ਿਲ੍ਹਾ ਫਿਰੋਜ਼ਪੁਰ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਬਲਬੀਰ ਕੌਰ ਪਤਨੀ ਲੇਟ ਸੁਖਦੇਵ ਸਿੰਘ ਵਾਸੀ ਮਕਾਨ ਨੰਬਰ 436, ਗਲੀ ਨੰਬਰ 3, ਨਿਊ ਹਰਗੋਬਿੰਦ ਨਗਰ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਮੋਹਨਪ੍ਰੀਤ ਸਿੰਘ ਪੁੱਤਰ ਸੁਖਦੇਵ ਸਿੰਘ ਅਤੇ ਬਬੀਤਾ ਮੇਰੀ ਨੂੰਹ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਕੁਲਵਿੰਦਰ ਕੌਰ ਪਤਨੀ ਦਵਿੰਦਰ ਸਿੰਘ ਵਾਸੀ ਮਕਾਨ ਨੰ: 95, ਏ. ਐਸ. ਵਿਲਾ, ਨਜ਼ਦੀਕ ਡੋਲੀ ਪੈਲੇਸ, ਕਾਲਾ ਸੰਘਿਆਂ ਰੋਡ, ਜਲੰਧਰ ਦੀ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਅਵਤਾਰ ਸਿੰਘ ਉਰਫ ਲਵ ਅਤੇ ਉਸ ਦੀ ਪਤਨੀ ਨਿਕੀਤਾ ਮੇਰੀ ਨੂੰਹ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਹਰਜਿੰਦਰ ਸਿੰਘ ਪੁੱਤਰ ਸ੍ਰੀ ਉਜਾਗਰ ਸਿੰਘ ਵਾਸੀ ਪਿੰਡ ਨਿੰਝਰਾਂ, ਤਹਿ. ਵਾ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਜੀਤ ਸਿੰਘ ਅਤੇ ਸਤਿੰਦਰ ਕੌਰ ਪਤਨੀ ਗੁਰਜੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਅਵਤਾਰ ਕ੍ਰਿਸ਼ਨ ਧਵਨ ਪੁੱਤਰ ਰਾਮ ਦਾਸ ਧਵਨ, ਵਾਸੀ ਪਿੰਡ ਅਲਗੋਂ ਕੋਠੀ, ਤਹਿ. ਭਿੱਖੀਵਿੰਡ, ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਨੁਰਾਜਾ ਧਵਨ ਅਤੇ ਉਸ ਦੀ ਪਤਨੀ ਨਵਨੀਤ ਅਰੋੜਾ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਰਮਾ ਰਾਣੀ ਪਤਨੀ ਜਗਵੰਤ ਸਿੰਘ ਵਾਸੀ ਪਿੰਡ ਰਣੀਕੇ, ਚੋਗਾਵਾਂ ਰੋਡ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸੰਨੂੰ ਕੁਮਾਰ ਅਤੇ ਉਸ ਦੀ ਪਤਨੀ ਚਾਂਦਨੀ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਜੋਗਿੰਦਰ ਸਿੰਘ ਪੁੱਤਰ ਕੁੰਦਨ ਸਿੰਘ ਵਾਸੀ ਮਕਾਨ ਨੰ. 136, ਬਸਤੀ ਗੁਜ਼ਾਂ ਖੁਰਦ ਅੱਡਾ, ਪ੍ਰੀਤ ਨਗਰ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਬਲਵਿੰਦਰ ਸਿੰਘ ਉਰਫ ਸੋਨੂੰ ਅਤੇ ਉਸਦੀ ਪਤਨੀ ਆਰਤੀ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਸੁਖਵਿੰਦਰ ਸਿੰਘ ਪੁੱਤਰ ਸਿੰਗਾਰਾ ਸਿੰਘ, ਵਾਸੀ ਭੰਡਿਆਰ, ਡਾਕਖਾਨਾ ਰਣਗੜ੍ਹ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਸੇਵਕ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਮੇਰਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

## ਬੇਦਖਲੀ ਨੋਟਿਸ

ਮੈਂ, ਕਰਨੈਲ ਸਿੰਘ ਪੁੱਤਰ ਬਲਵੰਤ ਰਾਏ, ਵਾਸੀ ਪਿੰਡ ਭਵਾਨੀਪੁਰ, ਜ਼ਿਲ੍ਹਾ ਕਪੂਰਥਲਾ, ਪੰਜਾਬ, ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਜਿੰਦਰ ਸਿੰਘ ਅਤੇ ਨੂੰਹ ਕੁਲਜਿੰਦਰ ਕੌਰ ਮੇਰੇ ਕਹਿਣੇਕਾਰ ਵਿੱਚ ਨਹੀਂ ਹਨ, ਜਿਸ ਕਰਕੇ ਮੈਂ ਆਪਣੇ ਲੜਕੇ ਹਰਜਿੰਦਰ ਸਿੰਘ, ਨੂੰਹ ਕੁਲਜਿੰਦਰ ਕੌਰ ਅਤੇ ਪੋਤੇ ਤੇਗਵੀਰ ਸਿੰਘ, ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਕਿਸੇ ਵੀ ਕਿਸਮ ਦੀ ਲੈਣ-ਦੇਣ ਕਰਨ ਵਾਲਾ ਵਿਅਕਤੀ ਖੁਦ ਜ਼ਿੰਮੇਵਾਰ ਹੋਵੇਗਾ। ਮੈਂ ਜਾਂ ਮੇਰੇ ਪਰਿਵਾਰ ਦੇ ਹੋਰ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

## PUBLIC NOTICE

I, Gagandeep S/o Mohinder Pal R/o H.No. B4/43, Prabhat Nagar, Jalandhar, Punjab declare that my wife Taniya has gone out of my control. I disinherit her from my moveable and immovable properties. I and my family shall not be held responsible for any of her acts, deeds and things. All please note.

I, Amarjeet Singh S/o Dalip Raj, R/o Village Sharaf Chak, PO. Rattangarh, Tehsil/District Pathankot, Punjab. Declare that my daughter name Sehajpreet Kaur is studying in 10th Class in HRA International School Gurdaspur. In the School Record of my name Amarjeet Singh and my daughter name Sehajpreet are Wrong. But my name Amarjit Singh and my daughter name Sehajpreet Kaur are correct.

## ਆਮ ਸੂਚਨਾ

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ10/0533 ਤਾਰਾ ਸਿੰਘ ਪੁੱਤਰ ਮਹਿਲ ਸਿੰਘ ਨੂੰ ਆਪਣੇ ਨਾਂਅ ਕਰਨ ਲਈ ਅਮਰੀਕ ਸਿੰਘ ਪੁੱਤਰ ਬੋਹੜ ਸਿੰਘ ਰਕਬਾ ਮੱਲਾਂਵਾਲਾ ਸ਼ਾਮਲੀ, ਤਹਿ. ਜ਼ੀਰਾ ਨੇ ਇਸ ਦਫ਼ਤਰ ਨੂੰ ਬੇਨਤੀ ਕੀਤੀ ਹੈ। ਇਤਰਾਜ਼ਯੋਗ ਵਿਅਕਤੀ 10 ਦਿਨਾਂ ਦੇ ਵਿਚ ਐੱਸ ਡੀ ਓ ਵੰਡ ਮੱਲਾਂਵਾਲਾ ਨਾਲ ਸੰਪਰਕ ਕਰੇ।

ਮੋਟਰ ਕੁਨੈਕਸ਼ਨ ਖਾਤਾ ਨੰਬਰ 3004064293 ਬੋਹੜ ਸਿੰਘ ਪੁੱਤਰ ਮਹਿਲ ਸਿੰਘ ਨੂੰ ਆਪਣੇ ਨਾਂਅ ਕਰਨ ਲਈ ਅਮਰੀਕ ਸਿੰਘ ਪੁੱਤਰ ਬੋਹੜ ਸਿੰਘ, ਰਕਬਾ ਮੱਲਾਂਵਾਲਾ ਸ਼ਾਮਲੀ, ਤਹਿ. ਜ਼ੀਰਾ ਨੇ ਇਸ ਦਫ਼ਤਰ ਨੂੰ ਬੇਨਤੀ ਕੀਤੀ ਹੈ। ਇਤਰਾਜ਼ਯੋਗ ਵਿਅਕਤੀ 10 ਦਿਨਾਂ ਦੇ ਵਿਚ ਐੱਸ ਡੀ ਓ ਵੰਡ ਮੱਲਾਂਵਾਲਾ ਨਾਲ ਸੰਪਰਕ ਕਰੇ।

ਮੋਟਰ ਕੁਨੈਕਸ਼ਨ ਖਾਤਾ ਨੰਬਰ 3004064283 ਬੋਹੜ ਸਿੰਘ ਪੁੱਤਰ ਮਹਿਲ ਸਿੰਘ ਨੂੰ ਆਪਣੇ ਨਾਂਅ ਕਰਨ ਲਈ ਅਮਰੀਕ ਸਿੰਘ ਪੁੱਤਰ ਬੋਹੜ ਸਿੰਘ ਰਕਬਾ ਮੱਲਾਂਵਾਲਾ ਸ਼ਾਮਲੀ, ਤਹਿ. ਜ਼ੀਰਾ ਨੇ ਇਸ ਦਫ਼ਤਰ ਨੂੰ ਬੇਨਤੀ ਕੀਤੀ ਹੈ। ਇਤਰਾਜ਼ਯੋਗ ਵਿਅਕਤੀ 10 ਦਿਨਾਂ ਦੇ ਵਿਚ ਐੱਸ ਡੀ ਓ ਵੰਡ ਮੱਲਾਂਵਾਲਾ ਨਾਲ ਸੰਪਰਕ ਕਰੇ।

ਟਿਊਬਵੈਲ ਕੁਨੈਕਸ਼ਨ ਖਾਤਾ ਨੰ : AP06/0604 ਜੋ ਕਿ ਮਨਮੋਹਨ ਸਿੰਘ ਪੁੱਤਰ ਹਰਨਾਮ ਸਿੰਘ ਦੇ ਨਾਮ ਚੱਲ ਰਿਹਾ ਹੈ ਨੂੰ ਜਸਪਾਲ ਸਿੰਘ ਪੁੱਤਰ ਮੁਨਸ਼ਾ ਸਿੰਘ ਦੇ ਨਾਮ ਤਬਦੀਲ ਕਰ ਰਿਹਾ ਹੈ। ਜੇ ਕਿਸੇ ਨੂੰ ਇਤਰਾਜ਼ ਹੈ ਤਾਂ ਉਹ 15 ਦਿਨ ਦੇ ਅੰਦਰ SDO ਨੌਸ਼ਹਿਰਾ ਮੱਝਾ ਸਿੰਘ PSPCL ਨੂੰ ਸੂਚਿਤ ਕਰੇ।

ਮੈਂ ਜੋਤੀ ਸੁੰਦਰ ਪੁੱਤਰੀ ਲੇਟ ਤਿਲਕ ਰਾਜ ਸੁੰਦਰ ਵਾਸੀ ਮਕਾਨ ਨੰ. 220-ਏ, ਗੁਰੂ ਨਗਰ, ਵੇਰਕਾ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਸੱਕਾ ਭਰਾ ਅਮਨ ਸੁੰਦਰ ਜੋ ਕਿ ਮੇਰੇ ਕਹਿਣੇ, ਸੁਣਨੇ ਤੋਂ ਬਾਹਰ ਹੈ, ਆਪਣੀ ਮਨ ਮਰਜ਼ੀ ਕਰਦਾ ਹੈ ਮੈਂ ਇਸਨੂੰ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੈਂ ਅੱਜ ਤੋਂ ਉਸ ਨਾਲ ਆਪਣੇ ਸਾਰੇ ਸਬੰਧ ਖਤਮ ਕਰਦੀ ਹਾਂ। ਉਸ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਅਤੇ ਮੇਰਾ ਪਰਿਵਾਰ ਜਿੰਮੇਵਾਰ ਨਹੀ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਪਰਿਵਾਰ ਦਾ ਉਸ ਨਾਲ ਕੋਈ ਤਲਕਵਾਸਤਾ ਨਹੀਂ।

## ਟੈਂਡਰ ਨੋਟਿਸ

ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਗੱਗੋਬੂਆ (ਤਰਨ ਤਾਰਨ) ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਖ਼ਸਤਾ ਹੋ ਚੁੱਕੇ ਤਿੰਨ ਕਮਰੇ ਅਤੇ ਇੱਕ ਵੱਡਾ ਵਰਾਂਡਾ ਢਾਹ ਦਿੱਤਾ ਗਿਆ। ਜਿਸਦੇ ਢਾਉਣ ਉਪ੍ਰੰਤ ਪੁਰਾਣੀਆਂ ਇੱਟਾਂ ਅਤੇ ਪੁਰਾਣੇ ਸਰੀਏ ਦਾ ਟੈਂਡਰ ਕੀਤਾ ਜਾਣਾ ਹੈ।ਸੰਪਰਕ 30 ਅਗਸਤ 2025 ਤੱਕ ਇਸ ਨੰ. 98143-83500 ਕੀਤਾ ਜਾਵੇ।

ਪ੍ਰਿੰਸੀਪਲ

## PUBLIC NOTICE

Jaswant Singh S/o Dhara Singh & Kulwinder Kaur W/o Jaswant Singh, Both R/o # Village Kaka Kandiala, Tehsil & Distt. Tarn-Taran, 143401, wants to avail a LAP loan against property from Hero Housing Finance Ltd., having its branch at SCO No. 28, Ranjit Avenue, B-Block, Amritsar

The owner of the property below is Smt. Kulwinder Kaur W/o Jaswant Singh, who is the owner of the below-mentioned property vide Sale deed dated 21.01.2022, having document no. 2021-22/168/1/2952.

Owner of property, total measuring an area of 0-6 marle 242 sqft, Khasra no. Qitte 21, Situated at Village Kaka Kandiala, Tehsil & Distt. Tarn Taran, having its Measurement East-35ft, West-35ft, North- 53ft-6inch, South 53ft-6inch, bounded as East-Property of Sawinder Singh & Others, West-Property of Kapoor & others, North- Property of Paramjit Kaur & Others, South-Property of Paramjit Kaur & Others.

That Original sale deed dated 14-06-2012, doc no. 1615, in favour of Smt. Shindi W/o Raj is lost/missing.

If any person/Entity/DSA/Financial Institution/Bank/Govt. The department may have obtained or have issued any loan/Stay Order/Court Case against the said Sale deed or have any objection of any kind with regard to said Sale deed, He/she can file an objection regarding the use of above said documents as well as property within 20 days from the date of the present Publication to below mentioned person on the address or contact numbers given and after 10 days no claim shall be admitted and it would be assumed that the property is free from encumbrances/Litigation as far as the above documents are concerned.

M.R. ASSOCIATES
114-A/1, District Courts, Amritsar
Mobile No. 8054660650

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ / ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ 'ਚ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਪੁਲਸ ਵੱਲੋਂ ਡਰੱਗ ਇੰਸਪੈਕਟਰ ਸਮੇਤ 18 ਮੈਡੀਕਲ ਸਟੋਰਾਂ ਦੀ ਚੈਕਿੰਗ



**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ)** ਜ਼ਿਲ੍ਹਾ ਪੁਲਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਡਾ. ਅਖਿਲ ਚੌਧਰੀ ਐਸ.ਐਸ.ਪੀ ਵੱਲੋਂ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਦੇ ਚੱਲਦਿਆਂ ਜ਼ਿਲ੍ਹਾ ਪੁਲਸ ਵੱਲੋਂ ਡਰੱਗ ਇੰਸਪੈਕਟਰਾਂ ਨਾਲ ਸਾਂਝੇ ਤੌਰ 'ਤੇ ਕਾਰਵਾਈ ਕਰਦੇ ਹੋਏ ਸਬ ਡਵੀਜ਼ਨ ਮਲੋਟ ਵਿੱਚ 18 ਮੈਡੀਕਲ ਸਟੋਰਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਮੁਹਿੰਮ ਜ਼ਿਲ੍ਹੇ ਦੇ ਸਬ ਡਵੀਜ਼ਨ ਦੇ ਇਲਾਕਿਆਂ ਵਿੱਚ ਚਲਾਈ ਗਈ। ਇਸ ਮੌਕੇ ਸ੍ਰੀ ਇਕਬਾਲ ਸਿੰਘ ਡੀ.ਐਸ.ਪੀ ( ਮਲੋਟ), ਐਸ.ਆਈ ਹਰਪ੍ਰੀਤ ਸਿੰਘ ਮੁੱਖ ਅਫਸਰ ਥਾਣਾ ਸਿਟੀ ਮਲੋਟ ਸਮੇਤ 50 ਪੁਲਸ ਅਧਿਕਾਰੀ/ਕ੍ਰਮਚਾਰੀ ਅਤੇ ਸ੍ਰੀ ਰਮਨਦੀਪ ਗੁਪਤਾ ਡਰੱਗ ਇੰਸਪੈਕਟਰ ਦੀਆਂ ਟੀਮਾਂ ਨੇ ਭਾਗ ਲਿਆ। ਟੀਮਾਂ ਵੱਲੋਂ ਮੈਡੀਕਲ ਸਟੋਰਾਂ 'ਤੇ ਪਹੁੰਚ ਕੇ ਦਵਾਈਆਂ ਦੇ ਸਟਾਕ ਰਜਿਸਟਰ, ਪ੍ਰਚੀ ਲਿਖਤ, ਮਾਨਤਾ ਪ੍ਰਾਪਤ ਲਾਇਸੰਸ, ਵਿਸ਼ੇਸ਼ ਤੌਰ 'ਤੇ ਨਸ਼ੀਲੀਆਂ ਦਵਾਈਆਂ ਦੀ ਵਿਕਰੀ ਸੰਬੰਧੀ ਰਿਕਾਰਡ ਜਾਂਚਿਆ ਗਿਆ। ਚੈਕਿੰਗ ਟੀਮਾਂ ਨੇ ਕੁਝ ਥਾਂਵਾਂ 'ਤੇ ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਦਵਾਈਆਂ ਦੇ ਨਮੂਨੇ ਵੀ ਉਠਾਏ।ਨਾਲ ਹੀ ਦਵਾਈਆਂ ਦੀ ਮਿਆਦ ਅਤੇ ਪੈਕਿੰਗ ਤੇ ਲਿਖੀ ਜਾਣਕਾਰੀ ਦੀ ਵੀ ਜਾਂਚ ਕੀਤੀ ਗਈ।ਇਹ ਚੈਕਿੰਗ ਸਿਰਫ਼ ਨਿਯਮਾਂ ਦੀ ਉਲੰਘਣਾ ਦੀ ਜਾਂਚ ਤੱਕ ਸੀਮਤ ਨਹੀਂ ਸੀ, ਸਗੋਂ ਇਸਦਾ ਮਕਸਦ ਜ਼ਿਲ੍ਹੇ ਵਿੱਚ ਨਸ਼ਿਆਂ ਦੀ ਉਪਲਬਧਤਾ 'ਤੇ ਨਿਗਰਾਨੀ ਰੱਖਣ ਦੇ ਨਾਲ-ਨਾਲ, ਮੈਡੀਕਲ ਸਟੋਰਾਂ ਨੂੰ ਵੀ ਸੂਚਿਤ ਕਰਨਾ ਸੀ ਕਿ ਆਉਣ ਵਾਲੇ ਦਿਨਾਂ ਵਿੱਚ ਹੋਰ ਵੀ ਇਸ ਤਰ੍ਹਾਂ ਦੀਆਂ ਜਾਂਚਾਂ ਹੋਣਗੀਆਂ ਤੇ ਕਿਸੇ ਕਿਸਮ ਦੀ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਚੈਕਿੰਗ ਦੌਰਾਨ ਸਾਰੇ ਮੈਡੀਕਲ ਸਟੋਰਾਂ ਨੂੰ ਨਸ਼ਾ ਵਿਰੋਧੀ ਕਾਨੂੰਨ ਤੇ ਮੈਡੀਕਲ ਨਿਯਮਾਂ ਦੀ ਪੂਰੀ ਪਾਲਣਾ ਕਰਨ ਸੰਬੰਧੀ ਹਦਾਇਤਾਂ ਦਿੱਤੀਆਂ ਗਈਆਂ।ਕਿਸੇ ਵੀ ਗੈਰ ਕਾਨੂੰਨੀ ਕਾਰਵਾਈ ਦੀ ਜਾਣਕਾਰੀ ਮਿਲਣ 'ਤੇ ਤੁਰੰਤ ਅਤੇ ਸਖ਼ਤ ਕਾਰਵਾਈ ਦੀ ਚੇਤਾਵਨੀ ਵੀ ਦਿੱਤੀ ਗਈ।ਚੈਕਿੰਗ ਦੌਰਾਨ ਪੁਲਿਸ ਵੱਲੋਂ 01 ਮੁਕਦਮਾ ਦਰਜ ਕਰਕੇ 02 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ, ਜਿਨ੍ਹਾਂ ਪਾਸੋਂ 100 ਨਸ਼ੀਲੇ ਪ੍ਰੀਗਾਬਾਲਿਨ ਕੈਪਸੂਲ ਬਰਾਮਦ ਕੀਤੇ ਗਏ।ਇਹ ਕਾਰਵਾਈ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ ਦਾ ਹਿੱਸਾ ਹੈ।ਪੁਲਸ ਵੱਲੋਂ ਸਮਾਜ ਨੂੰ ਨਸ਼ੇ ਤੋਂ ਮੁਕਤ ਕਰਨ ਦੀ ਦਿਸ਼ਾ ਵਿੱਚ ਗੰਭੀਰਤਾ ਨਾਲ ਕੰਮ ਕੀਤਾ ਜਾ ਰਿਹਾ ਹੈ ਤੇ ਅਜਿਹੀਆਂ ਜਾਂਚਾਂ ਅੱਗੇ ਵੀ ਜਾਰੀ ਰਹਿਣਗੀਆਂ।

## COURT NOTICE

(U/o 5 Rule 20 CPC)
In The Court of
Ms. Manni Arora
Civil Judge (Senior Division), Patiala
CNR No. PBPT02-002723-2025
Next Date : 26-09-2025
Kiran Kapoor
Vs.
General Public
Notice To:
General Public

In above titled case, the defendant(s)/ respondent(s) could not be served. It is ordered that defendant(s) /respondent(s) should appear in person or through counsel on 26-09-2025 at 10.00 a.m.

For details logon to https://highcourtchd.gov.in/?mod=district_notice&district=Patiala

Civil Judge (Senior Division), Patiala
Dated, this day of 25-08-2025

## COURT NOTICE

(U/o 5 Rule 20 CPC)
In The Court of
Kamaldeep Kaur
Civil Judge (Junior Division) Amritsar
CNR No. PBAS02-002368-2024
Next Date : 17-09-2025
Bank of India
Vs.
Chand Rani
CS Recovery
Publication Issued To:
Chand Rani
Spouse : Surjit Pal R/o Ward No. 9, Ajnala, Distt. Amritsar, Punjab

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 17-09-2025 at 10.00 a.m.

For details logon to https://highcourtchd.gov.in/?trs=district_notice&district=Amritsar

Civil Judge (Junior Division), Amritsar
Dated, this day of 24-08-2025

## CREDIFIN LIMITED

(FORMERLY KNOWN AS PHF LEASING LIMITED)
CIN: L65110PB1992PLC012488
Regd. Off: 87, Radio Colony, BMC Chowk, Jalandhar-144001, PB
E-Mail id:compliance@credif.in Website : www.credif.in, Ph : +91 91151-00401

### ਸਾਲਾਨਾ ਜਨਰਲ ਮੀਟਿੰਗ ਦਾ ਨੋਟਿਸ

ਕੰਪਨੀਜ਼ ਐਕਟ, 2013 ਦੀਆਂ ਲਾਗੂ ਵਿਵਸਥਾਵਾਂ ਅਤੇ ਇਸ ਤਹਿਤ ਬਣੇ ਨਿਯਮਾਂ ਅਤੇ ਸਕਿਉਰਟੀਜ਼ ਐਂਡ ਐਕਸਚੇਂਜ ਬੋਰਡ ਆਫ ਇੰਡੀਆ (ਲਿਸਟਿੰਗ ਆਬਲੀਗੇਸ਼ਨਜ਼ ਐਂਡ ਡਿਸਕਲੋਜ਼ਰ ਰਿਕੁਆਇਰਮੈਂਟਸ) ਰੈਗੂਲੇਸ਼ਨਜ਼, 2015, ਕਾਰਪੋਰੇਟ ਮਾਮਲਿਆਂ ਬਾਰੇ ਮੰਤਰਾਲੇ (ਐੱਮ ਸੀ ਏ) ਅਤੇ ਸਕਿਉਰਟੀਜ਼ ਐਂਡ ਐਕਸਚੇਂਜ ਬਿਊਰੋ ਆਫ ਇੰਡੀਆ (ਸੇਬੀ) ਵੱਲੋਂ ਏ ਜੀ ਐੱਮ ਸੱਦਣ ਲਈ ਨੋਟਿਸ 'ਚ ਉਲੇਖ ਕੀਤੇ ਅਟੱਲ ਵਿਸ਼ੇਸ਼ ਕਾਰੋਬਾਰ ਅਤੇ ਆਮ ਕਾਰੋਬਾਰ ਦੇ ਮਾਮਲੇ 'ਚ ਜਾਰੀ ਲਾਗੂ ਸਰਕੂਲਰਾਂ ਦੀ ਪਾਲਣਾ 'ਚ ਨੋਟਿਸ ਦਿੱਤਾ ਜਾਂਦਾ ਹੈ ਕਿ ਕਰੈਡੀਫਿਨ ਲਿਮਟਿਡ ਦੀ 33ਵੀਂ ਸਾਲਾਨਾ ਜਨਰਲ ਮੀਟਿੰਗ ਸ਼ੁੱਕਰਵਾਰ, 19 ਸਤੰਬਰ 2025 ਨੂੰ ਸਵੇਰੇ 11.30 ਵਜੇ ਆਈ ਐੱਸ ਟੀ ਨੂੰ ਵੀਡੀਓ ਕਾਨਫਰੈਂਸਿੰਗ (ਵੀ ਸੀ)/ਆਡੀਓ-ਵਿਜ਼ੁਅਲ ਮੀਨਜ਼ (ਓ ਏ ਵੀ ਐੱਮ) ਰਾਹੀਂ ਹੋਵੇਗੀ। ਏ ਜੀ ਐੱਮ ਦਾ ਨੋਟਿਸ ਸਮੇਤ ਵਿੱਤੀ ਵਰ੍ਹੇ 2024-2025 ਦੀ ਸਾਲਾਨਾ ਰਿਪੋਰਟ, ਉਹਨਾਂ ਸਾਰੇ ਮੈਂਬਰਾਂ ਨੂੰ ਜਿਨ੍ਹਾਂ ਦੇ ਈ ਮੇਲ ਪਤੇ ਕੰਪਨੀ ਜਾਂ ਰਜਿਸਟਰਾਰ ਐਂਡ ਸ਼ੇਅਰ ਟਰਾਂਸਫਰ ਏਜੰਟ (ਆਰ ਟੀ ਏ) ਕੋਲ ਰਜਿਸਟਰਡ ਹੋਣਗੇ, ਇਲੈਕਟ੍ਰਾਨੀਕਲੀ ਭੇਜੇ ਜਾਣਗੇ। ਏ ਜੀ ਐੱਮ ਦਾ ਨੋਟਿਸ ਅਤੇ ਸਾਲਾਨਾ ਰਿਪੋਰਟ ਕੰਪਨੀ ਦੀ ਵੈੱਬਸਾਈਟ **www.credif.in** ਅਤੇ ਸਟਾਕ ਐਕਸਚੇਂਜ ਦੀ ਵੈੱਬਸਾਈਟ MSEI Limited at www.msei.in 'ਤੇ ਵੀ ਉਪਲੱਬਧ ਹੋਣਗੇ।

**ਈ-ਵੋਟਿੰਗ ਰਾਹੀਂ ਵੋਟ ਪਾਉਣ ਵਾਸਤੇ ਈ-ਮੇਲ ਪਤੇ ਰਜਿਸਟਰ/ਅਪਡੇਟ ਕਰਨ ਦਾ ਢੰਗ**

(i) ਡੀਮਟਰੇਲਾਈਜ਼ਡ ਮੋਡ 'ਚ ਸ਼ੇਅਰ ਰੱਖਣ ਵਾਲੇ ਮੈਂਬਰਾਂ ਨੂੰ ਆਪਣੇ ਈਮੇਲ ਪਤੇ ਅਤੇ ਸੰਬੰਧਤ ਡਿਪਾਜ਼ਟਰੀਜ਼ ਕੋਲ ਆਪਣੇ ਡਿਪਾਜ਼ਟਰੀ ਪਾਰਟੀਸੀਪੈਂਟਸ ਰਾਹੀਂ ਰਜਿਸਟਰ ਕਰਵਾਉਣ ਦੀ ਬੇਨਤੀ ਕੀਤੀ ਜਾਂਦੀ ਹੈ। ਬੇਸ਼ੱਕ, ਇਸ ਨੋਟਿਸ ਦੀ ਪ੍ਰਾਪਤੀ ਦੇ ਮੰਤਵ ਲਈ ਆਰਜ਼ੀ ਰਜਿਸਟਰੇਸ਼ਨ ਵਾਸਤੇ ਸ਼ੇਅਰ ਹੋਲਡਰ ਆਪਣੇ ਈਮੇਲ ਪਤੇ ਕੁਮਾਰੀ ਸ਼ਿਖਾ ਕਪੂਰ, ਕੰਪਨੀ ਦੀ ਕੰਪਨੀ ਸੈਕਟਰੀ ਨੂੰ ਉਸ ਦੀ ਈਮੇਲ ਆਈ ਡੀ **compliance@credif.in** 'ਤੇ ਲਿਖ ਕੇ ਰਜਿਸਟਰ ਕਰਵਾ ਸਕਦੇ ਹਨ।

(ii) ਫਿਜ਼ੀਕਲ ਮੋਡ 'ਚ ਸ਼ੇਅਰ ਰੱਖਣ ਵਾਲੇ ਮੈਂਬਰਾਂ ਨੂੰ ਆਪਣੇ ਈਮੇਲ ਪਤੇ ਕੰਪਨੀ ਕੋਲ ਰਜਿਸਟਰ ਕਰਵਾਉਣ ਲਈ ਕੁਮਾਰੀ ਸ਼ਿਖਾ ਕਪੂਰ, ਕੰਪਨੀ ਸੈਕਟਰੀ ਦੀ ਈਮੇਲ ਆਈ ਡੀ **compliance@credif.in** ਜਾਂ ਰਜਿਸਟਰਾਰ ਐਂਡ ਸ਼ੇਅਰ ਟਰਾਂਸਫਰ ਏਜੰਟ, ਮੈਸ: ਸਕਾਈਲਾਈਨ ਫਾਇਨੈਂਸ਼ੀਅਲ ਸਰਵਿਸਿਜ ਪ੍ਰਾਈਵੇਟ ਲਿਮ: ਦੀ ਈਮੇਲ ਆਈ ਡੀ **admin@skylinerta.com** 'ਤੇ ਤੁਹਾਡਾ ਫੋਲੀਓ ਨੰ:, ਪੈਨ, ਮੋਬਾਈਲ ਨੰ:, ਈ ਮੇਲ ਆਈ ਡੀ ਸਮੇਤ ਖੁਦ ਤਸਦੀਕਸ਼ੁਦਾ ਤੁਹਾਡੇ ਪੈਨ ਕਾਰਡ/ਆਧਾਰ ਕਾਰਡ ਅਤੇ ਸ਼ੇਅਰ ਸਰਟੀਫਿਕੇਟ (ਸਾਹਮਣੇ ਤੋਂ ਅਤੇ ਪਿੱਛੇ ਤੋਂ) ਦੀ ਕਾਪੀ ਦੇ ਨਾਲ ਲਿਖ ਕੇ ਭੇਜਣ ਦੀ ਬੇਨਤੀ ਕੀਤੀ ਜਾਂਦੀ ਹੈ।

**ਈ-ਵੋਟਿੰਗ ਰਾਹੀਂ ਵੋਟ ਪਾਉਣ ਦਾ ਢੰਗ**

ਏ ਜੀ ਐੱਮ ਦੌਰਾਨ ਈ ਵੋਟਿੰਗ ਅਤੇ ਵੀ ਸੀ/ਓ ਏ ਵੀ ਐੱਮ ਰਾਹੀਂ ਏ ਜੀ ਐੱਮ 'ਚ ਹਿੱਸਾ ਲੈਣ ਵਾਸਤੇ ਕੰਪਨੀ ਨੇ ਰਿਮੋਟ ਈ-ਵੋਟਿੰਗ ਰਾਹੀਂ ਵੋਟਿੰਗ ਦੀ ਸਹੂਲਤ ਲਈ ਨੈਸ਼ਨਲ ਸਕਿਉਰਟੀਜ਼ ਡਿਪਾਜ਼ਟਰੀ ਲਿਮ: ਦੀਆਂ ਸੇਵਾਵਾਂ ਹਾਸਲ ਕੀਤੀਆਂ ਹਨ। ਵੋਟਿੰਗ ਦਾ ਢੰਗ ਸਮੇਤ ਡੀਮਟੀਰੇਲਾਈਜਡ ਮੋਡ 'ਚ ਫਿਜ਼ੀਕਲ ਮੋਡ 'ਚ ਸ਼ੇਅਰ ਰੱਖਣ ਵਾਲੇ ਮੈਂਬਰਾਂ ਅਤੇ ਜਿਨ੍ਹਾਂ ਮੈਂਬਰਾਂ ਨੇ ਆਪਣੇ ਈਮੇਲ ਪਤੇ ਰਜਿਸਟਰਡ ਨਹੀਂ ਕਰਵਾਏ ਹਨ, ਏ ਜੀ ਐੱਮ ਨੋਟਿਸ 'ਚ ਮੁਹੱਈਆ ਕਰਵਾਇਆ ਗਿਆ ਹੈ। ਏ ਜੀ ਐੱਮ 'ਚ ਸ਼ਾਮਲ ਮੈਂਬਰ ਜਿਨ੍ਹਾਂ ਨੇ ਰਿਮੋਟ ਈ-ਵੋਟਿੰਗ ਰਾਹੀਂ ਨਹੀਂ ਪਾਈ ਹੋਵੇਗੀ, ਏ ਜੀ ਐੱਮ ਵਿਖੇ ਇਲੈਕਟ੍ਰੋਨੀਕਲੀ ਵੋਟ ਪਾ ਸਕਣਗੇ।

**ਵੀ ਸੀ/ਓ ਏ ਵੀ ਐੱਮ ਰਾਹੀਂ ਏ ਜੀ ਐੱਮ 'ਚ ਸ਼ਾਮਲ ਹੋਣਾ**

ਲਾਗਇਨ ਪ੍ਰਮਾਣ ਪੱਤਰ ਦੀ ਵਰਤੋਂ ਅਤੇ ਏ ਜੀ ਐੱਮ 'ਚ ਹਾਜ਼ਰ ਹੋਣ ਸੰਬੰਧੀ ਉਠਾਏ ਜਾਣ ਵਾਲੇ ਕਦਮਾਂ ਸੰਬੰਧੀ ਵੇਰਵੇ ਏ ਜੀ ਐੱਮ ਦੇ ਨੋਟਿਸ 'ਚ ਦੱਸੇ ਗਏ ਹਨ। ਵੀ ਸੀ ਜਾਂ ਓ ਏ ਵੀ ਐੱਮ ਰਾਹੀਂ ਮੀਟਿੰਗ 'ਚ ਹਾਜ਼ਰ ਹੋਣ ਸੰਬੰਧੀ ਵਿਸਥਾਰਤ ਹਦਾਇਤਾਂ ਲਈ ਮੈਂਬਰਾਂ ਨੂੰ ਏ ਜੀ ਐੱਮ ਦੇ ਨੋਟਿਸ ਦਾ ਹਵਾਲਾ ਲੈਣ ਦੀ ਬੇਨਤੀ ਕੀਤੀ ਜਾਂਦੀ ਹੈ।

ਵਾਸਤੇ ਕਰੈਡੀਫਿਨ ਲਿਮਟਿਡ
ਸਹੀ/-
ਸ਼ਿਖਾ ਕਪੂਰ
ਕੰਪਨੀ ਸੈਕਟਰੀ, ਐੱਮ ਨੰ: ਏ-19146

ਸਥਾਨ : ਜਲੰਧਰ
ਮਿਤੀ : 26 ਅਗਸਤ 2025

26 Aug Page 3+8+9+12.qxd 8/25/2025 9:14 PM Page 4



# ਡਾ. ਰਾਹੁਲ ਸੂਦ 'ਤੇ ਗੋਲੀ ਚਲਾਉਣ ਵਾਲੇ ਅਣਪਛਾਤੇ ਵਿਅਕਤੀਆਂ 'ਚੋਂ 1 ਗ੍ਰਿਫ਼ਤਾਰ




**ਜਲੰਧਰ (ਸ਼ੈਲੀ ਐਲਬਰਟ)**- ਕਮਿਸ਼ਨਰੇਟ ਪੁਲਿਸ ਜਲੰਧਰ ਵੱਲੋਂ ਮਾੜੇ ਅਨਸਰਾਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਥਾਣਾ ਡਿਵੀਜ਼ਨ ਨੰਬਰ-7 ਜਲੰਧਰ ਦੀ ਪੁਲਿਸ ਟੀਮ ਨੇ ਮੋਰ ਸੁਪਰ ਮਾਰਕੀਟ ਸਟੋਰ, ਅਰਬਨ ਅਸਟੇਟ ਫੇਸ-2 ਦੇ ਸਾਹਮਣੇ ਹੋਈ ਗੋਲੀਬਾਰੀ ਦੀ ਘਟਨਾ ਵਿੱਚ ਤਿੰਨ ਵਿਅਕਤੀਆਂ ਦੀ ਪਛਾਣ ਕਰਕੇ ਉਹਨਾਂ ਵਿਚੋਂ ਇੱਕ ਦੋਸ਼ੀ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਪ੍ਰੈੱਸ ਕਾਨਫਰੰਸ ਦੌਰਾਨ ਇਸ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਦੱਸਿਆ ਕਿ ਮੁਕੱਦਮਾ ਨੰਬਰ ਦਰਜ ਕੀਤਾ ਗਿਆ। ਡਾ. ਰਾਹੁਲ ਸੂਦ ਕਿਡਨੀ ਹਸਪਤਾਲ ਜਲੰਧਰ ਵਿਖੇ ਡਾਕਟਰ ਹੈ, ਨੇ ਦੱਸਿਆ ਕਿ ਮਿਤੀ 19.08.2025 ਨੂੰ ਮੋਰ ਸੁਪਰ ਮਾਰਕੀਟ ਸਟੋਰ ਦੇ ਸਾਹਮਣੇ ਤਿੰਨ ਅਣਪਛਾਤੇ ਵਿਅਕਤੀਆਂ ਵੱਲੋਂ ਹਮਲਾ ਕਰਨ ਦੀ ਕੋਸ਼ਿਸ਼ ਵਿੱਚ ਉਸ 'ਤੇ ਗੋਲੀਬਾਰੀ ਕੀਤੀ ਗਈ। ਇਸ ਘਟਨਾ 'ਤੇ ਤੁਰੰਤ ਕਾਰਵਾਈ ਕਰਦੇ ਹੋਏ ਸੀ ਪੀ ਜਲੰਧਰ ਵੱਲੋਂ ਇੱਕ ਟੀਮ ਡੀ.ਸੀ.ਪੀ. (ਇਨਵੈਸਟੀਗੇਸ਼ਨ) ਮਨਪ੍ਰੀਤ ਸਿੰਘ ਢਿਲੋਂ, ਏ.ਡੀ.ਸੀ.ਪੀ. (ਇਨਵੈਸਟੀਗੇਸ਼ਨ) ਜੇਯੰਤ ਪੁਰੀ, ਏ ਡੀ ਸੀ ਪੀ (ਸਿਟੀ-2) ਹਰਿੰਦਰ ਸਿੰਘ ਗਿੱਲ, ਏ.ਡੀ.ਸੀ.ਪੀ. ਪਰਮਜੀਤ ਸਿੰਘ ਅਤੇ ਏ.ਸੀ.ਪੀ. ਰੂਪਦੀਪ ਕੌਰ ਦੀ ਨਿਗਰਾਨੀ ਹੇਠ ਮੁੱਖ ਅਫਸਰ ਥਾਣਾ ਬਲਜਿੰਦਰ ਸਿੰਘ ਅਤੇ ਸੀ.ਆਈ.ਏ ਇੰਚਾਰਜ ਸੁਰਿੰਦਰ ਕੁਮਾਰ ਦੀ ਅਗਵਾਈ ਹੇਠ ਪੁਲਿਸ ਟੀਮ ਸਮੇਤ ਸੀ ਆਈ ਏ ਸਟਾਫ ਦੀਆਂ ਟੀਮਾ ਦਾ ਗਠਨ ਕੀਤਾ ਗਿਆ। ਤਫ਼ਤੀਸ਼ ਦੌਰਾਨ ਸੀ ਸੀ ਟੀ ਵੀ ਕੈਮਰਿਆਂ, ਤਕਨੀਕੀ ਸਹਾਇਤਾ ਅਤੇ ਹੋਰ ਸਰੋਤਾਂ ਦੀ ਮਦਦ ਨਾਲ ਘਟਨਾ ਵਿੱਚ ਸ਼ਾਮਲ ਤਿੰਨ ਵਿਅਕਤੀਆਂ ਦੀ ਪਹਿਚਾਣ ਕੀਤੀ ਗਈ। ਇਹਨਾਂ ਵਿਚੋਂ ਇੱਕ ਦੋਸ਼ੀ ਸਤਿਆ ਨਾਰਾਇਣ ਪੁੱਤਰ ਛੋਟੀ ਰਾਮ, ਹਾਲ ਵਾਸੀ ਮਕਾਨ ਨੰਬਰ 236, ਰਾਮ ਸਿੰਘ ਦਾ ਵਿਹੜਾ, ਇੰਡਸਟਰੀ ਏਰੀਆ, ਥਾਣਾ ਡਿਵੀਜ਼ਨ ਨੰਬਰ 8, ਜਲੰਧਰ ਨੂੰ ਮਿਤੀ 24.08.2025 ਨੂੰ ਅਯੋਧਿਆ, ਉੱਤਰ ਪ੍ਰਦੇਸ਼ ਤੋਂ ਪੁਲਿਸ ਪਾਰਟੀ ਵੱਲੋਂ ਗ੍ਰਿਫ਼ਤਾਰ ਕਰਕੇ ਮਾਣਯੋਗ ਅਦਾਲਤ, ਜਲੰਧਰ ਵਿਖੇ ਪੇਸ਼ ਕੀਤਾ ਗਿਆ।ਦੋਸ਼ੀ ਦਾ 7 ਦਿਨਾਂ ਦਾ ਰਿਮਾਂਡ ਹਾਸਲ ਕੀਤਾ ਗਿਆ ਹੈ, ਤਾਂ ਜੋ ਇਸ ਤੋਂ ਡੂੰਘਾਈ ਨਾਲ ਪੁੱਛਗਿੱਛ ਕਰਕੇ ਬਾਕੀ ਬਚੇ ਦੋਸ਼ੀਆਂ ਦੀ ਗ੍ਰਿਫ਼ਤਾਰੀ ਜਲਦੀ ਕੀਤੀ ਜਾ ਸਕੇ।



# ਕਰਾਟੇ ਮੁਕਾਬਲੇ 'ਚ ਸੰਤ ਬਾਬਾ ਨਿਧਾਨ ਸਿੰਘ ਸਕੂਲ ਦੇ ਬੱਚਿਆਂ ਦਾ ਸ਼ਾਨਦਾਰ ਪ੍ਰਦਰਸ਼ਨ

**ਕਰਤਾਰਪੁਰ (ਹਰਮੇਸ਼ ਦੱਤ)**- ਸੰਤ ਬਾਬਾ ਨਿਧਾਨ ਸਿੰਘ ਜੀ ਸਕੂਲ ਦੇ ਬੱਚਿਆਂ ਨ ਸੀ ਕੇ ਸੀ ਆਲ ਇੰਡੀਆ ਕਰਾਟੇ ਮੁਕਾਬਲੇ ਵਿੱਚ ਹਿੱਸਾ ਲੈ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਕੋਬਰਾ ਕਰਾਟੇ ਸੈਂਟਰ ਵੱਲੋਂ ਐਚ ਐਮ ਵੀ ਕਾਲੇਜ ਜਲੰਧਰ ਵਿਖੇ ਕਰਾਟੇ ਚੈਂਪੀਅਨਸ਼ਿਪ ਕਰਵਾਈ ਗਈ ਜਿਸ ਵਿੱਚ 44 ਕਲੱਬਾਂ ਅਤੇ ਸਕੂਲਾਂ ਦੇ ਲਗਭਗ 520 ਬੱਚਿਆਂ ਨੇ ਹਿੱਸਾ ਲਿਆ। ਕੋਚ ਜਤਿੰਦਰ ਕੁਮਾਰ, ਮੁੱਖ ਕੋਚ ਰੰਜੀਵ ਕੁਮਾਰ ਨਾਗਪਾਲ ਦੀ ਨਿਗਰਾਨੀ ਹੇਠ ਬੱਚਿਆਂ ਨੇ ਕਰਾਟੇ ਮੁਕਾਬਲੇ ਵਿੱਚ ਹਿੱਸਾ ਲਿਆ । ਜਿਸ ਵਿੱਚ ਸੰਤ ਬਾਬਾ ਨਿਧਾਨ ਸਿੰਘ ਜੀ ਪਬਲਿਕ ਸਕੂਲ ਦੇ ਵਿਦਿਆਰਥੀਆਂ ਅਭਿਜੋਤ ਸਿੰਘ (ਕਲਾਸ ਚੌਥੀ), ਗੁਰਫਤਿਹ ਸਿੰਘ (ਕਲਾਸ ਚੌਥੀ) ਨੇ ਗੋਲਡ ਮੈਡਲ, ਉਦੈ ਕੁਮਾਰ (ਕਲਾਸ ਚੌਥੀ) ਨੇ ਸਿਲਵਰ ਮੈਡਲ, ਦੀਕਸ਼ਾ (ਕਲਾਸ ਦੂਜੀ) ਨੇ ਸਿਲਵਰ ਮੈਡਲ ਅਤੇ ਸਾਹਿਬ ਮਲੀ (ਕਲਾਸ ਪੰਜਵੀਂ) ਨੇ ਕਾਂਸੀ ਦਾ ਮੈਡਲ ਜਿੱਤਿਆ। ਕੋਬਰਾ ਕਰਾਟੇ ਸੈਂਟਰ ਵੱਲੋਂ ਆਯੋਜਿਤ ਕਰਾਟੇ ਚੈਂਪੀਅਨਸ਼ਿਪ ਵਿੱਚ ਬੱਚਿਆਂ ਨੂੰ ਮਲੇਸ਼ੀਆ, ਥਾਈਲੈਂਡ, ਯੂਏਈ, ਯੂਰਪੀਅਨ ਦੇਸ਼ਾਂ ਵਿੱਚ ਆਯੋਜਿਤ ਕਰਾਟੇ ਮੁਕਾਬਲਿਆਂ ਵਿੱਚ ਲਿਜਾਇਆ ਜਾਂਦਾ ਹੈ। ਇਸ ਮੌਕੇ ਪ੍ਰਿੰਸੀਪਲ ਕੰਵਲਜੀਤ ਕੌਰ ਨੇ ਬੱਚਿਆਂ ਨੂੰ ਵਧਾਈ ਦਿੱਤੀ। ਸਕੂਲ ਦੇ ਚੇਅਰਪਰਸਨ ਸੁਰਿੰਦਰ ਕੌਰ, ਡਾ. ਚਰਨ ਸਿੰਘ, ਡਾ. ਪਿਆਰਾ ਸਿੰਘ, ਮਨਦੀਪ ਕੌਰ, ਸਤਨਾਮ ਸਿੰਘ, ਪਲਵਿੰਦਰ ਕੌਰ ਨੇ ਬੱਚਿਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

# ਮੁਸਲਮਾਨ ਸਿਆਸੀ ਆਗੂਆਂ ਦੀਆਂ ਗੱਲਾਂ 'ਤੇ ਅੰਨ੍ਹੇਵਾਹ ਵਿਸ਼ਵਾਸ ਨਹੀਂ ਕਰਨਗੇ : ਨਈਮ ਖਾਨ

**ਜਲੰਧਰ (ਰਾਜੇਸ਼ ਥਾਪਾ)**- ਮੁਸਲਿਮ ਆਰਗੇਨਾਈਜ਼ੇਸ਼ਨ ਪੰਜਾਬ ਦੀ ਇੱਕ ਮਹੱਤਵਪੂਰਨ ਮੀਟਿੰਗ ਸੰਗਠਨ ਦੇ ਚੇਅਰਮੈਨ ਸਈਦ ਅਲੀ ਅਤੇ ਮੁੱਖ ਐਡਵੋਕੇਟ ਨਈਮ ਖਾਨ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸੂਬੇ ਭਰ ਦੇ ਵੱਖ-ਵੱਖ ਖੇਤਰਾਂ ਤੋਂ ਸੰਗਠਨ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਹਿੱਸਾ ਲਿਆ। ਮੀਟਿੰਗ ਵਿੱਚ ਸੰਗਠਨ ਦੀ ਭਵਿੱਖੀ ਰੂਪ-ਰੇਖਾ, ਸਮਾਜਿਕ ਕਾਰਜਾਂ ਅਤੇ ਭਾਈਚਾਰੇ ਦੇ ਉਥਾਨ ਨਾਲ ਸਬੰਧਤ ਕਈ ਮਹੱਤਵਪੂਰਨ/ਮੁੱਖ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਮੀਟਿੰਗ ਵਿੱਚ ਹੋਰ ਅਹੁਦੇਦਾਰਾਂ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ ਅਤੇ ਸੰਗਠਨ ਨੂੰ ਮਜ਼ਬੂਤ ਕਰਨ ਦਾ ਸੰਕਲਪ ਲਿਆ। ਇਸ ਮੌਕੇ ਸੰਗਠਨ ਦੇ ਨਵੇਂ ਅਹੁਦੇਦਾਰਾਂ ਦੀ ਚੋਣ ਵੀ ਕੀਤੀ ਗਈ। ਮਜ਼ਹਰ ਆਲਮ ਨੂੰ ਸਰਬਸੰਮਤੀ ਨਾਲ ਸੰਗਠਨ ਦਾ ਜਨਰਲ ਸਕੱਤਰ ਚੁਣਿਆ ਗਿਆ। ਮੁਸਲਿਮ ਆਰਗੇਨਾਈਜੇਸ਼ਨ ਪੰਜਾਬ ਦੇ ਮੁਖੀ




ਐਡਵੋਕੇਟ ਨਈਮ ਖਾਨ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਵਿੱਚ ਵੱਖ-ਵੱਖ ਸਮਾਜਿਕ ਅਤੇ ਵਿਦਿਅਕ ਪ੍ਰੋਗਰਾਮ ਆਯੋਜਿਤ ਕੀਤੇ ਜਾਣਗੇ, ਜਿਸ ਵਿੱਚ ਸਮਾਜ ਦੇ ਹਰ ਵਰਗ ਨੂੰ ਜੋੜਨ ਦੇ ਯਤਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਮੁਸਲਮਾਨਾਂ ਵਿੱਚ ਇੱਕ ਨਵੀਂ ਸੋਚ ਅਤੇ ਜਾਗਰੂਕਤਾ ਦੇਖਣ ਨੂੰ ਮਿਲ ਰਹੀ ਹੈ। ਹੁਣ ਉਹ ਰਾਜਨੀਤਿਕ ਨੇਤਾਵਾਂ ਦੀਆਂ ਗੱਲਾਂ 'ਤੇ ਅੰਨ੍ਹੇਵਾਹ ਵਿਸ਼ਵਾਸ ਨਹੀਂ ਕਰਨਗੇ। ਮੀਟਿੰਗ ਨੂੰ ਮੇਹਰ ਮਲਿਕ, ਇੰਤੇਜ਼ਾਰ ਖਾਨ ਸ਼ਾਹਕੋਟ, ਦਾਊਦ ਆਲਮ ਜਲੰਧਰ ਕੈਂਟ, ਸਈਅਦ ਅਲੀ, ਖਾਲਿਦ ਖਾਨ ਨਕੋਦਰ, ਮੌਲਾਨਾ ਜ਼ਾਕਿਰ ਹੁਸੈਨ ਨਕੋਦਰ, ਮੌਲਾਨਾ, ਅਮਾਨਉੱਲਾ ਮਜਾਹੀਰੀ ਕਪੂਰਥਲਾ, ਮੇਹਰਬਾਨ ਫਗਵਾੜਾ ਅਤੇ ਹੋਰਾਂ ਨੇ ਸੰਬੋਧਨ ਕੀਤਾ । ਮਜ਼ਹਰ ਆਲਮ ਦੀ ਨਿਯੁਕਤੀ 'ਤੇ ਸੰਗਠਨ ਦੇ ਅਧਿਕਾਰੀਆਂ, ਵਰਕਰਾਂ ਅਤੇ ਸਮਰਥਕਾਂ ਨੇ ਉਨ੍ਹਾਂ ਨੂੰ ਹਾਰ ਪਾ ਕੇ ਵਧਾਈ ਦਿੱਤੀ। ਇਸ ਮੌਕੇ ਅਯੂਬ ਸਲਮਾਨੀ, ਰਹਿਮਤ ਅਲੀ ਆਦਮਪੁਰ ਹਲਕਾ, ਅਤਹਰ ਆਜ਼ਾਦ ਜੰਡਿਆਲਾ, ਸਰਫਰਾਜ਼ ਖਾਨ, ਸਿਕੰਦਰ ਸ਼ੇਖ, ਅਰਮਾਨ ਸ਼ੇਖ, ਅਸਲਮ, ਦੀਪ, ਸ਼ਕੀਲ ਖਾਨ, ਬਦਰੂਲ ਖਾਨ ਤੇ ਹੋਰ ਮੌਜੂਦ ਸਨ।

# ਗਾਇਕ ਸੁਖਵਿੰਦਰ ਪੰਛੀ ਦਾ ਨਵਾਂ ਗੀਤ 'ਸਾਡੀਆਂ ਜ਼ਮੀਨਾਂ' ਰਿਲੀਜ਼

**ਬਸਤੀ ਸ਼ੇਖ ਜਲੰਧਰ (ਲਖਵਿੰਦਰ ਸਿੰਘ)**- ਇੰਟਰਨੈਸ਼ਨਲ ਪੰਜਾਬੀ ਗਾਇਕ ਸੁਖਵਿੰਦਰ ਪੰਛੀ ਦਾ ਨਵਾਂ ਗੀਤ 'ਸਾਡੀਆਂ ਜ਼ਮੀਨਾਂ' ਗ਼ੀਤ ਰਿਲੀਜ਼ ਕੀਤਾ ਗਿਆ। ਇਹ ਗੀਤ ਚਰਚਿਤ ਗੀਤਕਾਰ ਜੌਰਾ ਲਸਾਰਾ ਯੂ ਐਸ ਏ ਵਲੋਂ ਲੈਂਡ ਪੂਲਿੰਗ ਨੂੰ ਮੁੱਖ ਰੱਖਦਿਆਂ ਲਿਖਿਆ ਗਿਆ ਹੈ ਗੀਤ ਦੀ ਸ਼ੂਟਿੰਗ ਪੰਜਾਬ ਦੀਆਂ ਵੱਖ ਵੱਖ ਥਾਵਾਂ ਤੇ ਕੀਤੀ ਗਈ। ਗੀਤ ਦਾ ਮਿਊਜ਼ਿਕ ਯੋਹ ਵੀ ਚੰਡੀਗੜ੍ਹ ਵੱਲੋਂ ਬਾ ਕਮਾਲ ਤਿਆਰ ਕੀਤਾ ਗਿਆ ਹੈ। ਗੀਤ 'ਸਾਡੀਆਂ ਜ਼ਮੀਨਾਂ' ਨੂੰ ਕੰਪਨੀ ਐਸ ਪੀ ਟ੍ਰੈਕ ਵੱਲੋਂ ਵਿਸ਼ਵ ਪੱਧਰ ਤੇ ਰਿਲੀਜ਼ ਕੀਤਾ ਗਿਆ ਹੈ ਇਸ ਗੀਤ ਵਿੱਚ ਗੀਤਕਾਰ ਜੌਰਾ ਲਸਾਰਾ ਯੂ ਐਸ ਏ ਵਲੋਂ ਕਿਸਾਨਾਂ ਦੇ ਹਿੱਤਾਂ ਦੀ ਗੱਲ ਕੀਤੀ ਹੈ।

# ਖ਼ਾਲਸਾ ਕਾਲਜ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਲੈਕਚਰ

**ਸ੍ਰੀ ਚਮਕੌਰ ਸਾਹਿਬ (ਅਮਰਜੀਤ ਸਿੰਘ ਕਲਸੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਸਥਾਪਿਤ ਬੀਬੀ ਸ਼ਰਨ ਕੌਰ ਖ਼ਾਲਸਾ ਕਾਲਜ ਸ੍ਰੀ ਚਮਕੌਰ ਸਾਹਿਬ ਵਿਖੇ ਕਾਲਜ ਪ੍ਰਿੰਸੀਪਲ ਡਾ. ਬਲਜੀਤ ਸਿੰਘ ਜੀ ਦੀ ਅਗਵਾਈ ਅਧੀਨ ਧਾਰਮਿਕ ਤੇ ਇਤਿਹਾਸ ਵਿਭਾਗ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ।ਕਾਲਜ ਪ੍ਰਿੰਸੀਪਲ ਡਾ. ਬਲਜੀਤ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਮੁੱਚੀ ਮਾਨਵਤਾ ਨੂੰ ਜੋੜਨ ਵਾਲੇ ਪਾਵਨ ਗ੍ਰੰਥ ਹਨ, ਜਿਸ ਵਿਚ ਹਰ ਧਰਮ, ਵਰਗ ਤੇ ਫਿਰਕੇ ਦੇ ਲੋਕਾਂ ਨੂੰ ਸਾਂਝਾ ਉਪਦੇਸ਼ ਦਰਜ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਗੁਰਬਾਣੀ ਮਨੁੱਖਤਾ ਨੂੰ ਉੱਤਮ ਜੀਵਨ ਜੀਉਣ ਲਈ ਪ੍ਰੇਰਿਤ ਕਰਨ ਦੇ ਨਾਲ-ਨਾਲ ਸਾਂਝੀਵਾਲਤਾ ਅਤੇ ਸਦਭਾਵਨਾ ਦਾ ਸੁਨੇਹਾ ਦਿੰਦੀ ਹੈ।ਇਸ ਲੈਕਚਰ ਦੌਰਾਨ ਧਾਰਮਿਕ ਅਧਿਆਪਕ ਗੁਰਜਿੰਦਰ ਸਿੰਘ ਨੇ ਵਿਦਿਆਰਥੀਆਂ ਨਾਲ ਵਿਚਾਰਾਂ ਦੀ ਸਾਂਝ ਪਾਉਂਦਿਆਂ ਕਿਹਾ ਕਿ ਗੁਰਬਾਣੀ ਦੀ ਵਿਚਾਰਧਾਰਾ ਅਧਿਆਤਮਕ ਤੇ ਸਮਾਜਿਕ ਜੀਵਨ ਸੇਧਾਂ ਦਾ ਸੋਮਾ ਹੈ, ਜਿਸ ਅਨੁਸਾਰ



ਜੀਵਨ ਬਤੀਤ ਕਰ ਕੇ ਮਨੁੱਖੀ ਜੀਵਨ ਨੂੰ ਹਰ ਪੱਖ ਤੋਂ ਮੁਕੰਮਲ ਬਣਾਇਆ ਜਾ ਸਕਦਾ ਹੈ।ਸਾਨੂੰ ਗੁਰਬਾਣੀ ਦੀਆਂ ਮੁੱਲਵਾਨ ਸਿੱਖਿਆਵਾਂ ਨੂੰ ਆਪਣੇ ਹਿਰਦੇ ਵਿਚ ਵਸਾਉਣਾ ਚਾਹੀਦਾ ਹੈ ਅਤੇ ਗੁਰਮਤਿ ਆਸ਼ੇ ਅਨੁਸਾਰ ਜੀਵਨ ਜਿਊਣਾ ਚਾਹੀਦਾ ਹੈ।ਇਸ ਮੌਕੇ ਇਤਿਹਾਸ ਵਿਭਾਗ ਦੇ ਮੁਖੀ ਪ੍ਰੋ. ਹਰਿੰਦਰ ਕੌਰ, ਪ੍ਰੋ. ਸੁਖਵਿੰਦਰ ਕੌਰ ਪੰਜਾਬੀ ਵਿਭਾਗ, ਧਾਰਮਿਕ ਅਧਿਆਪਕ ਗੁਰਜਿੰਦਰ ਸਿੰਘ, ਸਮੂਹ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

# ਏਕਮ ਪਬਲਿਕ ਸਕੂਲ ਦੇ ਲੜਕਿਆਂ ਨੇ 18 ਗੋਲਡ, 4 ਸਿਲਵਰ ਤੇ 5 ਬਰੌਂਜ਼ ਮੈਡਲ ਜਿੱਤੇ

**ਮਹਿਤਪੁਰ (ਰਾਜਾ)**- ਏਕਮ ਪਬਲਿਕ ਸਕੂਲ ਮਹਿਤਪੁਰ ਦੀਆਂ ਕੁੜੀਆਂ ਦੀ ਵੱਡੀ ਪ੍ਰਾਪਤੀ ਤੋਂ ਬਾਅਦ ਮੁੰਡਿਆਂ ਨੇ ਵੀ ਪੰਜਾਬ ਸਕੂਲ ਖੇਡਾਂ ਦੇ ਜੋਨਲ ਐਥਲੈਟਿਕ ਮੀਟ 2025 ਵਿੱਚ ਅੰਡਰ 14,17 ਅਤੇ 19 (ਲੜਕਿਆਂ) ਦੇ ਟਰੈਕ ਇਵੈਂਟਸ ਵਿੱਚ 18 ਗੋਲਡ,4 ਸਿਲਵਰ ਅਤੇ 5 ਬਰੌਂਜ਼ ਮੈਡਲ ਜਿੱਤ ਕੇ ਆਪਣੀ ਝੰਡੀ ਗੱਡ ਕੇ ਜਿਲਾ ਪੱਧਰੀ ਖੇਡਾਂ ਵਿੱਚ ਪ੍ਰਵੇਸ਼ ਕੀਤਾ। ਇਸ ਬਾਰੇ ਸਕੂਲ ਡਾਇਰੈਕਟਰ ਸਰਦਾਰ ਨਿਰਮਲ ਸਿੰਘ ਥਿੰਦ ਅਤੇ ਪ੍ਰਿੰਸੀਪਲ ਸ਼੍ਰੀਮਤੀ ਅਮਨਦੀਪ ਕੌਰ ਵਲੋਂ ਸਾਂਝੇ ਤੌਰ ਤੇ ਦੱਸਿਆ ਗਿਆ। ਉਨ੍ਹਾਂ ਕਿਹਾ ਕਿ ਇਸ ਮੌਕੇ ਅੰਡਰ 14 ਵਿੱਚ ਦਿਲਸ਼ਾਨ ਸਿੰਘ ਨੇ 100 ਮੀਟਰ ਰੇਸ ਵਿਚ ਫਸਟ,ਅਭੀਜੋਤ ਸਿੰਘ ਥਰਡ, 80 ਮੀਟਰ ਹਰਡਲਜ਼ ਵਿੱਚ ਅਗਮਬੀਰ ਸਿੰਘ ਫਸਟ, 200 ਅਤੇ 400 ਮੀਟਰ ਵਿੱਚ ਨਮਨਜੋਤ ਸਿੰਘ ਨੇ ਫਸਟ ਪੁਜੀਸ਼ਨ ਹਾਸਿਲ ਕੀਤੀ।ਇਸੇ ਪ੍ਰਕਾਰ ਅੰਡਰ 17 ਲੜਕਿਆਂ ਵਿੱਚ 100 ਮੀਟਰ ਰੇਸ ਅਤੇ ਲੌਂਗ ਜੰਪ ਵਿੱਚ ਹਿਤੇਸ਼ ਰਾਣਾ ਨੇ ਫਸਟ, 400 ਮੀਟਰ ਅਤੇ 200 ਮੀਟਰ ਰੇਸ ਵਿੱਚ ਯੁਵਰਾਜ ਅਰੋੜਾ ਫਸਟ, ਸ਼ਾਰਟਪੁੱਟ ਵਿੱਚ ਸ਼ੁਭਮ ਕੁਮਾਰ ਸੈਕਿੰਡ ,ਟਰਿੱਪਲ ਜੰਪ ਵਿੱਚ ਸਾਹਿਬਵੀਰ ਸਿੰਘ ਫਸਟ, 110 ਮੀਟਰ ਹਰਡਲਜ਼ ਵਿੱਚ ਸੁਖਪ੍ਰੀਤ ਵਿਰਦੀ



ਫਸਟ , 1500 ਮੀਟਰ ਅਤੇ 3000 ਮੀਟਰ ਰੇਸ ਵਿੱਚ ਸ਼ੁਭਮ ਵਿਰਦੀ ਫਸਟ ਅਤੇ ਥਰਡ , 4ਗ100 ਅਤੇ 4ਗ400 ਮੀਟਰ ਰੀਲੇਅ ਰੇਸ ਵਿੱਚ ਇਹਨਾਂ ਹੀ ਖਿਡਾਰੀਆਂ ਵਲੋਂ ਪਹਿਲੀ ਪੁਜੀਸ਼ਨ ਹਾਸਲ ਕੀਤੀ ਗਈ। ਆਪਣੀ ਗੱਲਬਾਤ ਦੌਰਾਨ ਉਨ੍ਹਾਂ ਅੱਗੇ ਦੱਸਿਆ ਕਿ ਅੰਡਰ 19 ਲੜਕਿਆਂ ਵਿੱਚ 100 ਮੀਟਰ ਅਤੇ 200 ਮੀਟਰ ਰੇਸ ਵਿੱਚ ਕਮਲਪ੍ਰੀਤ ਵਿਰਦੀ ਫਸਟ, 400 ਮੀਟਰ ਰੇਸ ਵਿੱਚ ਹਰਮਨਦੀਪ ਸਿੰਘ ਥਿੰਦ ਥਰਡ, 800 ਮੀਟਰ ਰੇਸ ਵਿੱਚ ਪਰਮਪਾਲ ਸਿੰਘ ਥਰਡ ,3000 ਮੀਟਰ ਰੇਸ ਵਿੱਚ ਮੇਜਰ ਸਿੰਘ ਥਰਡ , ਸ਼ੌਰਟ ਪੁੱਟ ਅਤੇ ਡਿਸਕਸ ਥਰੋ ਵਿੱਚ ਹਰਮਨ ਪ੍ਰੀਤ ਸਿੰਘ ਫਸਟ ਅਤੇ ਥਰਡ, 110 ਮੀਟਰ ਹਰਡਲਜ਼ ਅਤੇ ਟਰਿੱਪਲ ਜੰਪ ਵਿੱਚ ਜਗਦੀਪ ਸਿੰਘ ਫਸਟ, 4ਗ100 ਅਤੇ 4ਗ400 ਮੀਟਰ ਰੀਲੇਅ ਰੇਸ ਵਿੱਚ ਇਹਨਾਂ ਹੀ ਖਿਡਾਰੀਆਂ ਵੱਲੋਂ ਸੈਕਿੰਡ ਅਤੇ ਫਸਟ ਪੁਜੀਸ਼ਨ ਹਾਸਿਲ ਕੀਤੀ।

# ਅਜੇ ਮੰਗੂਪੁਰ ਦੀ ਅਗਵਾਈ ਹੇਠ ਕਾਂਗਰਸ ਨੂੰ ਮਿਲੀ ਵਧੇਰੇ ਮਜ਼ਬੂਤੀ



**ਬਲਾਚੌਰ (ਜਸਵਿੰਦਰ ਬੈਂਸ)**- ਹਲਕਾ ਬਲਾਚੌਰ ਵਿਖੇ ਕਾਂਗਰਸ ਪਾਰਟੀ ਦੀਆਂ ਜੜ੍ਹਾਂ ਹੋ ਰਹੀਆਂ ਹੋਰ ਵੀ ਮਜ਼ਬੂਤ ਹੋਈਆਂ। ਇਹ ਕਹਿਣਾ ਹੈ ਸ਼ਹੀਦ ਭਗਤ ਸਿੰਘ ਨਗਰ ਤੋਂ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਦਾ। ਬੀਤੇ ਦਿਨੀ ਸ਼ਹਿਰ ਬਲਾਚੌਰ ਦੇ ਵੱਖ-ਵੱਖ ਵਾਰਡਾਂ ਤੋਂ ਜਿਨ੍ਹਾਂ ਵਿੱਚ ਹਰਮੇਸ਼ ਕੁਮਾਰ, ਗੁਰਿੰਦਰ ਪਾਲ, ਭਜਨ ਲਾਲ, ਰਾਮੂ ਕੁਮਾਰ, ਜਸਵੰਤ ਸਿੰਘ, ਅਮਰਜੀਤ, ਬੀਰੂ, ਰਾਮ ਲੁਭਾਇਆ, ਜੋਗਿੰਦਰ ਸਿੰਘ, ਅਜੀਤ ਸਿੰਘ ਆਦਿ ਪਰਿਵਾਰਾਂ ਸਮੇਤ ਵੱਖ-ਵੱਖ ਪਾਰਟੀਆਂ ਨੂੰ ਛੱਡ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ।ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਨੇ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਏ ਸਾਥੀਆਂ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਕਾਂਗਰਸ ਪਾਰਟੀ ਉਨ੍ਹਾਂ ਲਈ ਹਰ ਸਮੇਂ ਹਾਜ਼ਰ ਰਹੇਗੀ। ਇਸ ਮੌਕੇ ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ, ਰਾਜਿੰਦਰ ਸਿੰਘ ਸ਼ਿੰਦੀ ਦਫ਼ਤਰ ਸਕੱਤਰ ਡੀ.ਸੀ.ਸੀ., ਚਮਨ ਲਾਲ ਭੂੰਬਲਾ ਰਿਟਾਇਰਡ ਡੀ.ਐਸ.ਪੀ., ਮੋਹਿੰਦਰ ਪਾਲ ਸੀਨੀਅਰ ਮੀਤ ਪ੍ਰਧਾਨ ਬੀ.ਸੀ.ਸੀ., ਆਤਮਾ ਰਾਮ ਸੀਨੀਅਰ ਆਗੂ ਆਦਿ ਕਾਂਗਰਸੀ ਵਰਕਰ ਹਾਜ਼ਰ ਸਨ।

# ਸਿੱਖ ਮਿਸ਼ਨਰੀ ਕਾਲਜ ਵੱਲੋਂ ਸੈਮੀਨਾਰ ਕਰਵਾਇਆ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਸਿੱਖ ਮਿਸ਼ਨਰੀ ਕਾਲਜ ਲੁਧਿਆਣਾ ਦੇ ਜਲੰਧਰ ਜੋਨ ਵੱਲੋਂ ਭੁੰਗਰਨੀ ਸਰਕਲ ਦੇ ਸਹਿਯੋਗ ਨਾਲ ਸ਼੍ਰੀ ਗੁਰੂ ਹਰਗੋਬਿੰਦ ਸਿੱਖ ਮਿਸ਼ਨਰੀ ਸਿੱਖੀ ਪਬਲਿਕ ਸਕੂਲ ਪਾਸ਼ਟਾ ਵਿਖੇ ਵਿਦਿਆਰਥੀਆਂ ਦੀ ਉਜਵੱਲ ਭਵਿੱਖ ਵਿਸ਼ੇ ਤੇ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਵਿੱਚ ਗੁਰਵਿੰਦਰ ਸਿੰਘ ਲੁਧਿਆਣਾ ਨੇ ਵਿਦਿਆਰਥੀਆਂ ਨਾਲ ਅਸੀਂ ਆਪਣਾ ਭਵਿੱਖ ਕਿਵੇਂ ਉਜਵੱਲ ਕਰ ਸਕਦੇ ਹਾਂ 'ਤੇ ਆਪਣੇ ਵਿਚਾਰ ਸਾਂਝੇ ਕੀਤੇ। ਸੈਮੀਨਾਰ ਵਿੱਚ ਅਵਤਾਰ ਸਿੰਘ ਜੋਨਲ ਆਰਗੇਨਾਈਜ਼ਰ ਹੁਸ਼ਿਆਰਪੁਰ, ਪ੍ਰਿੰਸੀਪਲ ਹਰਜਿੰਦਰ ਸਿੰਘ ਹੁਸ਼ਿਆਰਪੁਰ, ਪ੍ਰਿੰਸੀਪਲ ਮਨਦੀਪ ਸਿੰਘ ਜਲੰਧਰ, ਸਵੇਗ ਸਿੰਘ ਸਰਕਲ ਇੰਚਾਰਜ ਕਾਲਰਾ, ਸਤਪਾਲ ਸਿੰਘ ਸਰਕਲ ਇੰਚਾਰਜ ਭੁੰਗਰਨੀ ਨੇ ਹਾਜ਼ਰੀ ਭਰੀ।



# ਪੈਨਸ਼ਨਰਜ਼ ਯੂਨੀਅਨ ਦੀ ਮੀਟਿੰਗ ਹੋਈ



**ਬੰਗਾ (ਅਵਤਾਰ ਕਲੇਰ)**- ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਮੀਟਿੰਗ ਸ਼ਹੀਦ ਮਲਕੀਤ ਚੰਦ ਮੇਹਲੀ ਭਵਨ ਨਵਾਂ ਸ਼ਹਿਰ ਵਿਖੇ ਕੀਤੀ ਗਈ ਜਿਸ ਵਿੱਚ ਪੈਨਸ਼ਨ ਸਾਥੀਆਂ ਦੀ ਹਾਜ਼ਰੀ ਵਿੱਚ ਪੰਜਾਬ ਰੋਡਵੇਜ਼ ਦੀ ਮਾੜੀ ਹਾਲਤ ਲਈ ਵੀ ਜਿੰਮੇਵਾਰ ਪਿਛਲੀਆਂ ਸਰਕਾਰਾਂ ਵਾਂਗ ਹੀ ਇਸ ਸਰਕਾਰ ਨੇ ਵੀ ਕੁਝ ਨਹੀਂ ਕੀਤਾ। ਮਜ਼ਦੂਰਾਂ ਨੂੰ ਤਨਖਾਹਾਂ ਲਈ ਸੰਘਰਸ਼ ਕਰਨਾ ਪੈ ਰਿਹਾ ਹੈ। ਪੈਨਸ਼ਨ ਯੂਨੀਅਨ ਮੰਗ ਕਰਦੀ ਹੈ ਕਿ ਸਿਰਫ 60 ਸਾਲ ਔਰਤਾਂ ਲਈ ਹੀ ਸਫਰ ਸਹੂਲਤਾਂ ਦਿੱਤੀਆਂ ਜਾਣ ਤਾਂ ਜੋ ਮਹਿਕਮੇ ਦੀ ਨਿੱਗਰ ਵੀ ਹਾਲਤ ਨੂੰ ਬਚਾਇਆ ਜਾ ਸਕੇ । ਠੇਕੇ ਤੇ ਰੱਖੇ ਕਰਮਚਾਰੀਆਂ ਨੂੰ ਬਿਨਾਂ ਸ਼ਰਤ ਪੱਕਾ ਕੀਤਾ ਜਾਵੇ ਤੇ ਮਾਨਯੋਗ ਅਦਾਲਤ ਦੇ ਫੈਸਲਿਆਂ ਨੂੰ ਇਨ ਬਿਨ ਲਾਗੂ ਕੀਤਾ ਜਾਵੇ ਜਿਸ ਵਿੱਚ ਬਰਾਬਰ ਕੰਮ ਬਰਾਬਰ ਤਨਖਾਹ ਵੀ ਸ਼ਾਮਲ ਹੈ ਤੇ ਪੈਨਸ਼ਨ ਸਾਥੀਆਂ ਦਾ ਬਕਾਇਆ ਤੇ ਮਹਿਗਾਈ ਭੱਤੇ ਦੀਆਂ ਕਿਸ਼ਤਾਂ 13 ਫੀਸਦੀ ਦਰ ਨਾਲ ਤੁਰੰਤ ਰਿਲੀਜ਼ ਕੀਤੀਆਂ ਜਾਣ। ਮੀਟਿੰਗ ਵਿੱਚ ਸੈਕਟਰੀ ਗੁਰਮੇਲ ਚੰਦ ਨੇ ਦੱਸਿਆ ਕਿ 13 ਸਤੰਬਰ ਨੂੰ ਲੁਧਿਆਣਾ ਵਿੱਚ ਲੁਧਿਆਣਾ ਵਿੱਚ ਮੰਤਰੀ ਰਜੀਵ ਅਰੋੜਾ ਨੂੰ ਸੰਜੀਵ ਅਰੋੜਾ ਨੂੰ ਰੋਸ ਪੱਤਰ ਦੇਣ ਲਈ ਭਾਰੀ ਗਿਣਤੀ ਵਿੱਚ ਸਾਥੀ ਸ਼ਾਮਲ ਹੋਣਗੇ। ਮੀਟਿੰਗ ਸਾਥੀ ਗੁਰਮੇਲ ਚੰਦ, ਅਮਰਾਓ ਸਿੰਘ, ਸੋਹਣ ਸਿੰਘ ,ਗੁਰਪਾਲ ਸਿੰਘ, ਜਸਵਿੰਦਰ ਭੰਗਲ, ਦਸੋਂਧਾ ਸਿੰਘ, ਸੁਰਿੰਦਰ ਸਿੰਘ, ਪ੍ਰੇਮ ਸਿੰਘ, ਪ੍ਰੇਮ ਲਾਲ, ਕੇਹਰ ਚੰਦ ਆਦਿ ਸ਼ਾਮਲ ਹੋਏ ਸਨ।

# ਸਿਲਵਰ ਓਕ ਸਕੂਲ 'ਚ 40ਵੇਂ ਅੱਖਾਂ ਦਾਨ ਪੰਦਰਵਾੜੇ ਦੀ ਸ਼ੁਰੂਆਤ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀ. ਸੈਕੰ ਸਕੂਲ, ਸ਼ਾਹਬਾਜ਼ਪੁਰ ਵਿਖੇ ਮਿਤੀ 25 ਅਗਸਤ ਨੂੰ 40ਵੇਂ ਕੌਮੀ ਅੱਖਾਂ ਦਾਨ ਪੰਦਰਵਾੜੇ ਦੀ ਸ਼ੁਰੂਆਤ ਕੀਤੀ ਗਈ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ 'ਚ ਇਸ ਸ਼ੁਭ ਕਾਰਜ ਦੀ ਸ਼ੁਰੂਆਤ ਕੀਤੀ ਗਈ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਨੇ ਦੱਸਿਆ ਕਿ 40ਵਾਂ ਕੌਮੀ ਅੱਖਾਂ ਦਾਨ ਪੰਦਰਵਾੜਾ 25 ਅਗਸਤ ਤੋਂ 8 ਸਤੰਬਰ 2025 ਤੱਕ ਮਨਾਇਆ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਅਸੀਂ ਬੜਾ ਮਾਣ ਮਹਿਸੂਸ ਕਰਦੇ ਹਾਂ ਕਿ ਇਸ ਦੀ ਸ਼ੁਰੂਆਤ ਇਸ ਸਾਲ ਸਿਲਵਰ ਓਕ ਇੰਟਰਨੈਸ਼ਨਲ ਸਕੂਲ ਵਿੱਚ ਕੀਤੀ ਜਾ ਰਹੀ ਹੈ। ਇਸ ਮੌਕੇ ਤੇ ਨੇਤਰਦਾਨ ਸੰਸਥਾ ਹੁਸ਼ਿਆਰਪੁਰ ਦੇ ਮੈਂਬਰ ਅਤੇ ਉੱਘੇ ਸਮਾਜ ਸੇਵੀ ਡਾ.ਕੇਵਲ ਸਿੰਘ, ਡਾ. ਲਵਪ੍ਰੀਤ ਸਿੰਘ ਪਾਬਲਾ, ਸ.ਅਵਤਾਰ ਸਿੰਘ ਅਤੇ ਸਟੇਟ ਅਵਾਰਡੀ ਸਮਾਜ ਸੇਵੀ ਭਾਈ ਬਰਿੰਦਰ ਸਿੰਘ ਮਸੀਤੀ ਖਾਸ ਮਹਿਮਾਨਾਂ ਦੇ ਤੌਰ ਤੇ ਸ਼ਾਮਿਲ ਹੋਏ। ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਇਸ ਮੌਕੇ ਆਏ ਹੋਏ ਸ਼ਖਸੀਅਤਾਂ ਦਾ ਸਵਾਗਤ ਕੀਤਾ ਅਤੇ ਦੱਸਿਆ ਕਿ ਅੱਖਾਂ ਦਾਨ ਕਰਨ ਵਰਗਾ ਮਹਾਦਾਨ ਕੋਈ ਨਹੀਂ ਹੈ। ਇਸ ਮੌਕੇ ਪਹੁੰਚੀਆਂ ਹੋਈਆਂ ਸਮਾਜ ਦੀਆਂ ਉੱਘੀਆਂ ਸ਼ਖਸੀਅਤਾਂ ਨੇ ਚੇਅਰਮੈਨ ਤਰਲੋਚਨ ਸਿੰਘ ਦਾ ਧੰਨਵਾਦ ਕੀਤਾ ਕਿ ਸਿਲਵਰ ਓਕ ਸਕੂਲ ਦੀ ਪਹਿਲ ਕਦਮੀ ਦੇ ਨਾਲ ਪੂਰੇ ਸਮਾਜ ਵਿੱਚ ਇੱਕ ਵਧੀਆ ਸੁਨੇਹਾ ਜਾਏਗਾ।ਇਸ ਮੌਕੇ 'ਤੇ ਮੈਨੇਜਰ ਗਜਿੰਦਰ ਪਾਲ ਸਿੰਘ, ਤਰਨ ਸੈਣੀ, ਰਿਸੋਰਸ ਕੋਆਰਡੀਨੇਟਰ ਬਿਕਰਮਜੀਤ ਸਿੰਘ ਭੇਲਾ, ਅਮਰਜੀਤ ਕੌਰ ਸੈਣੀ, ਸੁਰੇਸ਼, ਜਗਬੰਧਨ ਸਿੰਘ, ਰਾਜਵਿੰਦਰ ਕੌਰ, ਰਾਜਵੀਰ ਕੌਰ, ਵਿਸ਼ਾਲੀ, ਗੁਰਪ੍ਰੀਤ ਕੌਰ, ਬਾਕੀ ਸਟਾਫ ਅਤੇ ਵਿਦਿਆਰਥੀ ਵੀ ਮੌਜੂਦ ਸੀ।





# ਆਪਣੇ ਪੱਧਰ 'ਤੇ ਕਾਜ਼ਵੇਅ ਤੇ ਸੜਕਾਂ ਨੂੰ ਬਚਾਉਣ ਦੀ ਕੋਸ਼ਿਸ਼ ਕਰੋ : ਤਲਵਾੜ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਭਾਰੀ ਬਾਰਿਸ਼ ਕਾਰਨ ਹੁਸ਼ਿਆਰਪੁਰ ਦੇ ਹਰ ਬਰਸਾਤੀ ਨਾਲੇ ਵਿੱਚ ਪਾਣੀ ਭਰ ਗਿਆ ਹੈ ਅਤੇ ਪ੍ਰਸ਼ਾਸਨ ਕੋਲ ਕਾਜ਼ਵੇਅ ਅਤੇ ਸੜਕਾਂ ਦੀ ਦੇਖਭਾਲ ਲਈ ਲੋੜੀਂਦੇ ਸਾਧਨ ਨਹੀਂ ਹਨ। ਇਸ ਲਈ ਗੈਰ-ਸਰਕਾਰੀ ਸੰਗਠਨਾਂ ਨੂੰ ਆਪਣੇ ਪੱਧਰ 'ਤੇ ਵੱਧ ਤੋਂ ਵੱਧ ਯਤਨ ਕਰਕੇ ਇਨ੍ਹਾਂ ਜਾਇਦਾਦਾਂ ਨੂੰ ਬਚਾਉਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਉਪਰੋਕਤ ਸ਼ਬਦ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਸੰਜੀਵ ਤਲਵਾੜ ਨੇ ਆਪਣੇ ਸਾਥੀਆਂ ਨਾਲ ਹੁਸ਼ਿਆਰਪੁਰ ਤੋਂ ਬੱਸੀ ਗੁਲਾਮ ਹੁਸੈਨ ਨੂੰ ਜਾਣ ਵਾਲੇ ਇਕਲੌਤੇ ਕਾਜ਼ਵੇਅ ਨੂੰ ਬਚਾਉਣ ਦੀਆਂ ਕੋਸ਼ਿਸ਼ਾਂ ਸ਼ੁਰੂ ਕਰਦਿਆਂ ਕਹੇ। ਤਲਵਾੜ ਨੇ ਕਿਹਾ ਕਿ ਕਈ ਥਾਵਾਂ 'ਤੇ ਦੇਖਿਆ ਗਿਆ ਹੈ ਕਿ ਮੀਂਹ ਦਾ ਪਾਣੀ ਇੱਕ ਥਾਂ 'ਤੇ ਇਕੱਠਾ ਹੁੰਦਾ ਹੈ ਤੇ ਡਿੱਗਦਾ ਹੈ ਜਿਸ ਕਾਰਨ ਉਸ ਕਾਜ਼ਵੇਅ ਦੀ ਨੀਂਹ ਕਮਜ਼ੋਰ ਹੋ ਰਹੀ ਹੈ। ਜੇਕਰ ਅਸੀਂ ਇਸ ਪਾਣੀ ਨੂੰ ਫੈਲਾ ਦੇਈਏ ਤਾਂ ਆਵਾਜਾਈ ਨਹੀਂ ਰੁਕੇਗੀ ਤੇ ਅਸੀਂ ਸੜਕ ਨੂੰ ਵੀ ਬਚਾ ਸਕਦੇ ਹਾਂ। ਇਸ ਮੌਕੇ ਰਣਯੋਧ ਸਿੰਘ ਬਿੱਟੂ ਅਤੇ ਉਨ੍ਹਾਂ ਦੇ ਸਾਥੀਆਂ ਨੇ ਕਾਜ਼ਵੇਅ ਨੂੰ ਸੁਚਾਰੂ ਬਣਾਉਣ ਲਈ ਸ਼੍ਰਮਦਾਨ ਵੀ ਕੀਤਾ।

# ਰਾਮਾਇਣ ਗਿਆਨ ਮੁਕਾਬਲੇ 'ਚ ਝੁੱਗੀਆਂ ਦੇ ਬੱਚਿਆਂ ਨੇ ਲਿਆ ਹਿੱਸਾ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਸ਼੍ਰੀ ਰਾਮਲੀਲਾ ਕਮੇਟੀ ਡੇਰਾ ਬੱਸੀ, ਭਾਰਤ ਵਿਕਾਸ ਪ੍ਰੀਸ਼ਦ ਵਿਵੇਕਾਨੰਦ ਡੇਰਾਬੱਸੀ ਦੇ ਸਹਿਯੋਗ ਨਾਲ, ਸਕੂਲਾਂ ਵਿੱਚ ਪੜ੍ਹਦੇ ਬੱਚਿਆਂ ਵਿੱਚ ਸੱਭਿਆਚਾਰਕ ਅਤੇ ਧਾਰਮਿਕ ਗਿਆਨ ਵਧਾਉਣ ਦੇ ਯਤਨ ਵਿੱਚ ਪਿਛਲੇ 3 ਸਾਲਾਂ ਤੋਂ ਲਗਾਤਾਰ ਸ਼੍ਰੀ ਰਾਮਾਇਣ ਗਿਆਨ ਮੁਕਾਬਲਾ ਆਯੋਜਿਤ ਕਰ ਰਹੀ ਹੈ। ਇਸ ਵਾਰ ਤੀਜਾ ਰਾਮਾਇਣ ਗਿਆਨ ਮੁਕਾਬਲਾ ਮੁਬਾਰਕਪੁਰ ਸਥਿਤ ਗਊਸ਼ਾਲਾ ਦੇ ਸ਼੍ਰੀ ਰਾਧਾ ਕ੍ਰਿਸ਼ਨ ਮੰਦਰ ਵਿੱਚ ਆਯੋਜਿਤ ਕੀਤਾ ਗਿਆ। ਇਸ ਗਊਸ਼ਾਲਾ ਦੇ ਡਾਇਰੈਕਟਰ ਸਮਾਜ ਸੇਵਕ ਕੇਵਲ ਗਰਗ ਮੁੱਖ ਮਹਿਮਾਨ ਵਜੋਂ ਪਹੁੰਚੇ। ਇਸ ਪ੍ਰੀਖਿਆ ਬਾਰੇ ਜਾਣਕਾਰੀ ਦਿੰਦੇ ਹੋਏ ਕਮੇਟੀ ਦੇ ਮੁਖੀ ਰਵਿੰਦਰ ਵੈਸ਼ਨਵ ਡੇਰਾਬੱਸੀ ਨੇ ਕਿਹਾ ਕਿ ਇਸ ਪ੍ਰੀਖਿਆ ਵਿੱਚ ਲਗਭਗ ਤਿੰਨ ਦਰਜਨ ਬੱਚੇ ਬੈਠੇ ਸਨ, ਲਗਭਗ 100 ਬੱਚੇ ਅਤੇ ਮਾਪੇ ਵੀ ਉਨ੍ਹਾਂ ਨੂੰ ਦੇਖਣ ਲਈ ਉਤਸੁਕਤਾ ਨਾਲ ਮੰਦਰ 'ਚ ਮੌਜੂਦ ਸਨ। ਉਮੀਦਵਾਰਾਂ ਨੂੰ ਖਾਣ-ਪੀਣ ਦੀਆਂ ਚੀਜ਼ਾਂ, ਲਿਖਣ ਸਮੱਗਰੀ, ਧਰਮ ਅਤੇ ਸੱਭਿਆਚਾਰ ਗਿਆਨ 'ਤੇ ਕਿਤਾਬਾਂ ਸਮੇਤ ਕਈ ਇਨਾਮ ਦਿੱਤੇ ਗਏ। ਇਸ ਮੌਕੇ ਬਰਖਾਰਾਮ, ਉਪੇਸ਼ ਬਾਂਸਲ, ਰਵਿੰਦਰ ਵੈਸ਼ਨਵ, ਦਿਨੇਸ਼ ਕੁਮਾਰ, ਬਲਬੀਰ ਮਾਗੋ, ਪ੍ਰੋਫੈਸਰ ਮੀਨੂੰ ਤੇ ਸ਼ਵੇਤਾ ਆਹੂਜਾ ਨੇ ਦੋਵਾਂ ਸੰਸਥਾਵਾਂ ਵੱਲੋਂ ਸਮਾਜ ਸੇਵਕ ਕੇਵਲ ਗਰਗ ਨੂੰ ਸਨਮਾਨਤ ਕੀਤਾ।



# 6 ਬਲਾਕਾਂ ਨੂੰ ਤੋੜਨ ਦੇ ਫੈਸਲੇ ਦਾ ਸਰਕਾਰੀ ਨੋਟੀਫਿਕੇਸ਼ਨ ਕੀਤਾ ਰੱਦ

● 8 ਨੂੰ ਔੜ ਵਿਚ ਰੋਸ ਮਾਰਚ ਉਪਰੰਤ ਸਰਕਾਰ ਦਾ ਪੁਤਲਾ ਫੂਕਿਆ ਜਾਵੇਗਾ

**ਬੰਗਾ (ਅਵਤਾਰ ਕਲੇਰ)**- ਬਲਾਕ ਔੜ ਦੀਆਂ ਪੰਚਾਇਤਾਂ ਤੇ ਸਮੂਹ ਜਨਤਕ ਰਾਜਨੀਤਕ ਧਿਰਾਂ ਨੂੰ ਸ਼ਾਮਲ ਕਰਕੇ ਬਣਾਈ 'ਬਲਾਕ ਔੜ ਬਚਾਉ ਸੰਘਰਸ਼ ਕਮੇਟੀ' ਵਲੋਂ ਇੱਥੇ ਮੀਟਿੰਗ ਕਰਕੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਉਸ ਪੱਤਰ ਨੂੰ ਸਰਵ-ਸੰਮਤੀ ਨਾਲ ਰੱਦ ਕਰ ਦਿੱਤਾ ਜਿਸ ਰਾਹੀਂ ਔੜ ਅਤੇ ਪੰਜ ਹੋਰ ਬਲਾਕਾਂ ਨੂੰ ਤੋੜਨ ਦੇ ਫ਼ੈਸਲੇ ਨੂੰ ਬਰਕਰਾਰ ਰੱਖਦੇ ਹੋਏ ਇਨ੍ਹਾਂ ਸਟੇਸ਼ਨਾਂ ਉੱਪਰ ਐਡੀਸ਼ਨਲ ਸਟਾਫ਼ ਲਗਾਉਣ ਅਤੇ ਇਨ੍ਹਾਂ ਦਾ ਰੱਖ-ਰਖਾਅ ਪੰਚਾਇਤ ਸੰਮਤੀ ਦੇ ਫੰਡਾਂ ਨਾਲ ਕਰਨ ਦਾ ਨਵਾਂ ਫਾਰਮੂਲਾ ਪੇਸ਼ ਕੀਤਾ ਗਿਆ ਹੈ। ਮੀਟਿੰਗ ਉਪਰੰਤ ਸੰਘਰਸ਼ ਕਮੇਟੀ ਦੇ ਆਗੂਆਂ ਅੰਬੇਡਕਰੀ ਮਿਸ਼ਨਰੀ ਪ੍ਰਵੀਨ ਬੰਗਾ, ਰੂਪ ਲਾਲ ਧੀਰ, ਰਾਜ ਕੁਮਾਰ ਮਾਹਿਲ ਖੁਰਦ, ਬੂਟਾ ਸਿੰਘ ਮਹਿਮੂਦਪੁਰ, ਗੁਰਵਿੰਦਰ ਸਿੰਘ ਛੋਕਰ, ਕੇਸਰ ਸਿੰਘ ਮੱਲ੍ਹੀ, ਕੰਵਲਜੀਤ ਸਿੰਘ ਕੰਵਲ, ਰਾਮ ਜੀ ਦਾਸ, ਸਰਪੰਚ ਕਮਲਜੀਤ ਦੁੱਗਲ ਔੜ, ਸਰਪੰਚ ਨਿੰਦਰਪਾਲ ਮਾਈ ਦਿੱਤਾ, ਸਰਪੰਚ ਮਨਜੀਤ ਸਿੰਘ ਅੜਕ ਚਾਹਲ ਖੁਰਦ, ਬਚਿੱਤਰ ਸਿੰਘ ਮਹਿਮੂਦਪੁਰ, ਭੁਪਿੰਦਰ ਸਿੰਘ ਗਿੱਲ, ਸੁਖਵਿੰਦਰ ਸਿੰਘ ਧਾਵਾ, ਅਮਿਤ ਦੁੱਗਲ, ਕਮਲਜੀਤ ਸਾਜਨ ਨੇ ਆਖਿਆ ਕਿ ਕਮੇਟੀ ਵੱਲੋਂ ਇਲਾਕੇ ਵਿਚ ਮੁਹਿੰਮ ਚਲਾ ਕੇ ਜਨਤਕ ਅੰਦੋਲਨ ਨੂੰ ਮਜਬੂਤ ਕੀਤਾ ਜਾਵੇਗਾ ਅਤੇ ਨਾਲ ਹੀ ਕਾਨੂੰਨੀ ਪੱਖ ਵੱਲ ਪੂਰਾ ਧਿਆਨ ਦੇ ਕੇ ਬਲਾਕ ਦੀ ਮੁੜ-ਬਹਾਲੀ ਤੱਕ ਲੜਾਈ ਲੜੀ ਜਾਵੇਗੀ। ਜੇਕਰ ਔੜ ਬਲਾਕ ਨੂੰ ਮੁਕੰਮਲ ਬਹਾਲ ਨਾ ਕੀਤਾ ਗਿਆ 8 ਸਤੰਬਰ ਨੂੰ ਔੜ ਵਿੱਚ ਰੋਸ ਮਾਰਚ ਕਰਦੇ ਹੋਏ ਬਲਾਕ ਦਫ਼ਤਰ ਦੇ ਬਾਹਰ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਜਾਵੇਗਾ।



# ਰਾਜਾ ਨੇ ਬੇਟ ਖੇਤਰ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)**- ਪੌਂਗ ਡੈਮ ਤੋਂ ਬਿਆਸ ਦਰਿਆ ਵਿੱਚ ਲਗਾਤਾਰ ਪਾਣੀ ਛੱਡੇ ਜਾਣ ਤੇ ਲਗਾਤਾਰ ਹੋ ਰਹੀ ਬਾਰਿਸ਼ ਦੇ ਕਾਰਨ ਉਤਪੰਨ ਹੋਈ ਸਥਿਤੀ ਦਾ ਜਾਇਜ਼ਾ ਲੈਣ ਲਈ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਬੇਟ ਖੇਤਰ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ। ਇਸ ਮੌਕੇ ਉਨਾਂ ਦੇ ਡੀ.ਐਸ.ਪੀ ਟਾਂਡਾ ਦਵਿੰਦਰ ਸਿੰਘ ਬਾਜਵਾ, ਐਸ ਐਚ ਓ ਟਾਂਡਾ ਗੁਰਿੰਦਰਜੀਤ ਸਿੰਘ ਨਾਗਰਾ, ਨਾਇਬ ਤਹਿਸੀਲਦਾਰ ਟਾਂਡਾ ਮਨਪ੍ਰੀਤ ਸਿੰਘ, ਸ਼ਹੀਦ ਬਾਬਾ ਦੀਪ ਸਿੰਘ ਸੇਵਾ ਸੋਸਾਇਟੀ ਗੜਦੀਵਾਲ ਦੇ ਮੁੱਖ ਸੇਵਾਦਾਰ ਮਨਜੋਤ ਸਿੰਘ ਤਲਵੰਡੀ, ਸਰਬੱਤ ਦਾ ਭਲਾ ਸੇਵਾ ਸੁਸਾਇਟੀ ਮੂਨਕਾਂ ਦੇ ਸੇਵਾਦਾਰ ਜਥੇਦਾਰ ਦਵਿੰਦਰ ਸਿੰਘ ਮੂਨਕਾਂ, ਤੇ ਵੱਖ-ਵੱਖ ਪਿੰਡਾਂ ਦੇ ਪਤਵੰਤੇ ਸੱਜਣ ਵੀ ਮੌਜੂਦ ਸਨ। ਵਿਧਾਇਕ ਜਸਵੀਰ ਰਾਜਾ ਨੇ ਇਸੇ ਦੌਰਾਨ ਹੀ ਪਿੰਡ ਫੱਤਾ ਕੁਲਾ, ਮਿਆਣੀ, ਅਬਦੁੱਲਾਪੁਰ, ਰੜਾ ਮੰਡ ਟਾਹਲੀ ਆਦਿ ਪਿੰਡਾਂ ਦਾ ਦੌਰਾ ਕੀਤਾ।ਉਹਨਾਂ ਜਾਣਕਾਰੀ ਦਿੰਦੇ ਦੱਸਿਆ ਕਿ ਵੱਖ-ਵੱਖ ਸੇਵਾ ਸੋਸਾਇਟੀਆਂ ਦੇ ਸਹਿਯੋਗ ਨਾਲ ਪਿੰਡ ਅਬਦੁੱਲਾਪੁਰ ਵਿੱਚੋਂ ਲੋਕਾਂ ਦਾ ਰੈਸਕਿਊ ਕਰਕੇ ਸੁਰੱਖਿਆ ਥਾਵਾਂ ਤੇ ਪਿਛਲੇ ਦਿਨਾਂ ਤੋਂ ਪਹੁੰਚਾਇਆ ਜਾ ਰਿਹਾ ਹੈ ਅਤੇ ਇਹ ਸਥਿਤੀ ਅਜੇ ਲਗਾਤਾਰ ਜਾਰੀ ਹੈ ਕਿਉਂਕਿ ਬਿਆਸ ਦਰਿਆ ਵਿੱਚ ਪਾਣੀ ਦਾ ਪੱਧਰ ਜਿਆਦਾ ਤੇ ਓਵਰਫਲੋ ਹੋਣ ਕਾਰਨ ਕਈ ਪਿੰਡਾਂ ਵਿੱਚ ਦਾਖਲ ਹੋ ਚੁੱਕਾ ਹੈ। ਉਨਾਂ ਦੱਸਿਆ ਕਿ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਇਹਨਾਂ ਪਿੰਡਾਂ ਦੇ ਲੋਕਾਂ ਨਾਲ ਲਗਾਤਾਰ ਸੰਪਰਕ ਵਿੱਚ ਹੈ।






# ਗੁਰੂ ਨਾਨਕ ਖਾਲਸਾ ਕਾਲਜ 'ਚ ਐਂਟੀ ਰੈਗਿੰਗ ਸਪਤਾਹ ਮਨਾਇਆ

**ਸੁਲਤਾਨਪੁਰ ਲੋਧੀ (ਹਨੀ)**- ਗੁਰੂ ਨਾਨਕ ਖਾਲਸਾ ਕਾਲਜ ਵਿਖੇ ਕਾਰਜਕਾਰੀ ਪ੍ਰਿੰਸੀਪਲ ਜਸਬੀਰ ਕੌਰ ਦੀ ਅਗਵਾਈ ਤੇ ਡਾ. ਮਨੀ ਛਾਬੜਾ ਦੀ ਦੇਖਰੇਖ ਵਿਚ ਐਂਟੀ ਰੈਗਿੰਗ ਸਪਤਾਹ ਮਨਾਇਆ ਗਿਆ। ਇਸ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਗਤੀਵਿਧੀਆਂ ਵਿਚ ਹਿੱਸਾ ਲਿਆ । ਜਿਸ ਵਿਚ ਸਭ ਤੋਂ ਪਹਿਲਾਂ ਵਿਦਿਆਰਥੀਆਂ ਦੇ ਪੋਸਟਰ ਮੇਕਿੰਗ ਮੁਕਾਬਲੇ ਕਰਾਏ ਗਏ। ਇਹਨਾਂ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਰੈਗਿੰਗ ਵਿਸ਼ੇ ਪ੍ਰਤੀ ਜਾਗਰੂਕ ਕਰਨ ਲਈ ਵੱਖ-ਵੱਖ ਪੋਸਟਰ ਬਣਾਏ। ਇਸ ਦੇ ਨਾਲ ਹੀ ਵਿਦਿਆਰਥੀਆਂ ਨੂੰ ਰੈਗਿੰਗ ਖਿਲਾਫ ਜਾਗਰੂਕ ਕਰਨ ਲਈ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਡਾ.ਮਨੀ ਛਾਬੜਾ ਨੇ ਵਿਦਿਆਰਥੀਆਂ ਨੂੰ ਰੈਗਿੰਗ ਖਿਲਾਫ ਜਾਗਰੂਕ ਕਰਨ ਲਈ ਵਿਸ਼ੇਸ਼ ਜਾਣਕਾਰੀ ਇੱਕ ਵੀਡੀਓ ਰਾਹੀਂ ਦਿੱਤੀ। ਇਸ ਦੌਰਾਨ ਵਿਦਿਆਰਥੀਆਂ ਵੱਲੋ ਸਹੁੰ ਵੀ ਚੁੱਕੀ ਗਈ। ਇਸ ਮੌਕੇ ਪ੍ਰੋ. ਕੋਮਲਪ੍ਰੀਤ ਕੌਰ ਪ੍ਰੋ. ਇਸ਼ਿਤਾ, ਪੋ. ਨਿਵਿਆ, ਪੋ. ਜਸਪ੍ਰੀਤ ਕੌਰ, ਪੋ. ਗਿਸ਼ੂ ਬਾਲਾ, ਪੋ. ਰਾਜਪ੍ਰੀਤ ਕੌਰ ਅਤੇ ਪ੍ਰੋ. ਰਮਨਦੀਪ ਕੌਰ, ਪ੍ਰੋ. ਹਰਪ੍ਰੀਤ ਕੌਰ ਆਦਿ ਸਟਾਫ਼ ਮੈਂਬਰ ਹਾਜ਼ਰ ਸਨ ।

# ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਪਲੇਸਮੈਂਟ ਕੈਂਪ ਭਲਕੇ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਦੇ ਮਿਸ਼ਨ ਘਰ ਘਰ ਰੋਜ਼ਗਾਰ ਤਹਿਤ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਐਸ.ਏ.ਐਸ ਨਗਰ ਵੱਲੋਂ 27 ਅਗਸਤ ਨੂੰ ਪਲੇਸਮੈਂਟ ਕੈਂਪ ਦਾ ਆਯੋਜਨ ਟੈਕ ਮਹਿੰਦਰਾ ਫਾਊਂਡੇਸ਼ਨ ਦੇ ਸਹਿਯੋਗ ਨਾਲ ਡੀ.ਬੀ.ਈ.ਈ, ਕਮਰਾ ਨੰ. 461, ਤੀਜੀ ਮੰਜ਼ਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੈਕਟਰ-76 ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਕੀਤਾ ਜਾ ਰਿਹਾ ਹੈ, ਜਿਸ ਦਾ ਸਮਾਂ ਸਵੇਰੇ 10:00 ਵਜੇ ਤੋਂ ਦੁਪਹਿਰ 02.00 ਵਜੇ ਤੱਕ ਹੋਵੇਗਾ। ਡੀ.ਬੀ.ਈ.ਈ. ਐਸ.ਏ.ਐਸ ਨਗਰ ਦੇ ਡਿਪਟੀ ਡਾਇਰੈਕਟਰ, ਹਰਪ੍ਰੀਤ ਸਿੰਘ ਮਾਨਸ਼ਾਹੀਆਂ ਵੱਲੋਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ ਪ੍ਰਾਰਥੀਆਂ ਨੂੰ ਰੋਜ਼ਗਾਰ ਦੇਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ, ਜਿਸ ਤਹਿਤ ਉਕਤ ਪਲੇਸਮੈਂਟ ਕੈਂਪ ਦਾ ਆਯੋਜਨ ਕੀਤਾ ਜਾਣਾ ਹੈ।

# ਲੈਕਚਰਾਰ ਤੇ ਮਾਸਟਰ ਕਾਡਰ ਦੀਆਂ ਪਦਉਨਤੀਆਂ ਲਈ ਸਾਰੇ ਖਾਲੀ ਸਟੇਸ਼ਨ ਦਰਸਾਉਣ ਦੀ ਮੰਗ

**ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੋਬੀ)**- ਗੌਰਮਿੰਟ ਟੀਚਰਜ਼ ਯੂਨੀਅਨ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਮਾਸਟਰ ਕਾਡਰ ਤੋਂ ਲੈਕਚਰਾਰ ਅਤੇ ਪ੍ਰਾਇਮਰੀ ਤੋਂ ਮਾਸਟਰ ਕਾਡਰ ਪਦਉੱਨਤੀਆਂ ਵਿੱਚ ਸਾਰੇ ਖਾਲੀ ਸਟੇਸ਼ਨ ਚੋਣ ਵੇਲੇ ਦਰਸਾਏ ਜਾਣ। ਯੂਨੀਅਨ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ ਅਤੇ ਪ੍ਰੈਸ ਸਕੱਤਰ ਧਰਮਿੰਦਰ ਸਿੰਘ ਭੰਗੂ ਨੇ ਕਿਹਾ ਹੈ ਕਿ ਜਿਨ੍ਹਾਂ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਘੱਟ ਗਿਣਤੀ ਹੈ ਉਸ ਦਾ ਅਸਲ ਕਾਰਨ ਸਕੂਲਾਂ ਵਿਚ ਅਧਿਆਪਕਾਂ ਦੀ ਘਾਟ ਹੈ। ਇਸ ਲਈ ਸਿੱਖਿਆ ਵਿਭਾਗ ਨੂੰ ਸਮੱਸਿਆ ਦੀ ਅਸਲ ਜੜ੍ਹ ਫੜਦਿਆਂ ਪਹਿਲਾਂ ਸਕੂਲਾਂ ਵਿੱਚ ਪੂਰੇ ਅਧਿਆਪਕ ਤਾਇਨਾਤ ਕਰਨੇ ਚਾਹੀਦੇ ਹਨ, ਕਿਉਂਕਿ ਸਕੂਲਾਂ ਵਿੱਚ ਬੱਚਿਆਂ ਦੀ ਘੱਟ ਗਿਣਤੀ ਹੋਣ ਦਾ ਕਾਰਨ ਅਧਿਆਪਕਾਂ ਦਾ ਨਾ ਹੋਣਾ ਹੀ ਹੈ। ਅਧਿਆਪਕ ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਪਦ ਉੱਨਤੀਆਂ ਵਿੱਚ ਸਾਰੀਆਂ ਖਾਲੀ ਅਸਾਮੀਆਂ ਦਰਸਾਵੇ ਤਾਂ ਵਿਦਿਆਰਥੀਆਂ ਦੀ ਗਿਣਤੀ ਵਿੱਚ ਆਪਣੇ ਆਪ ਹੀ ਵਾਧਾ ਹੋ ਜਾਵੇਗਾ। ਉਨ੍ਹਾਂ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਤੋਂ ਮੰਗ ਕੀਤੀ ਕਿ ਉਹ ਪਹਿਲ ਕਦਮੀ ਕਰਦੇ ਹੋਏ ਅਧਿਕਾਰੀਆਂ ਨੂੰ ਇਹ ਹਦਾਇਤ ਕਰਨ ਕਿ ਸਾਰੀਆਂ ਖਾਲੀ ਅਸਾਮੀਆਂ ਪਦਉਨਤੀਆਂ ਦੀ ਸਟੇਸ਼ਨ ਚੋਣ ਵੇਲੇ ਪ੍ਰਦਰਸ਼ਿਤ ਕੀਤੀਆਂ ਜਾਣ। ਉਨ੍ਹਾਂ ਇਹ ਵੀ ਮੰਗ ਕੀਤੀ ਕਿ ਪਿਛਲੀ ਸਰਕਾਰ ਵੱਲੋਂ ਇਤਿਹਾਸ ਅਤੇ ਰਾਜਨੀਤੀ ਸ਼ਾਸਤਰ ਦੀਆਂ ਖਤਮ ਕੀਤੀਆਂ ਪੋਸਟਾਂ ਮੁੜ ਸੁਰਜੀਤ ਕੀਤੀਆਂ ਜਾਣ। ਇਸ ਮੌਕੇ ਕੁਲਵੀਰ ਸਿੰਘ ਕੰਧੋਲਾ, ਅਵਨੀਤ ਚੱਢਾ, ਗੁਰਚਰਨ ਸਿੰਘ, ਗੁਰਪ੍ਰੀਤ ਸਿੰਘ ਹੀਰਾ, ਕੁਲਦੀਪ ਸਿੰਘ ਤੇ ਜਗਦੀਪ ਸਿੰਘ ਆਦਿ ਹਾਜ਼ਰ ਸਨ।

# ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪਹਿਲਾ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ

**ਐੱਸ ਏ ਐੱਸ ਨਗਰ (ਗੁਰਜੀਤ ਬਿੱਲਾ)**- ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਸਮਾਗਮ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਗਿਆ । ਇਸ ਦਿਹਾੜੇ ਦੀ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਬੀਬੀ ਦਲਜੀਤ ਕੌਰ ਖਾਲਸਾ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਵਿੱਚ ਦਰਜ ਛੇ ਗੁਰੂ ਸਾਹਿਬਾਨ ਅਤੇ 15 ਭਗਤ ਸਾਹਿਬਾਨ ਜੀ ਦੀ ਬਾਣੀ ਬਾਰੇ ਸੰਗਤਾਂ ਨੂੰ ਵਿਸਥਾਰ ਵਿੱਚ ਜਾਣੂੰ ਕਰਵਾਇਆ। ਭਾਈ ਸਤਿੰਦਰਬੀਰ ਸਿੰਘ ਤੇ ਭਾਈ ਅਜਮੇਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਨੇ ਆਪਣੇ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਨਾਲ ਜੋੜਣ ਦਾ ਉਪਰਾਲਾ ਕੀਤਾ। ਸ਼੍ਰੋਮਣੀ ਪ੍ਰਚਾਰਕ ਭਾਈ ਜਰਨੈਲ ਸਿੰਘ ਲੁਧਿਆਣੇ ਵਾਲਿਆਂ ਨੇ ਆਪਣੇ ਪ੍ਰਵਚਨਾਂ ਤੇ ਵਿਆਖਿਆ ਰਾਹੀਂ ਪੰਜਵੇਂ ਗੁਰੂ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੁਆਰਾ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਖੇ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਪਹਿਲੇ ਪ੍ਰਕਾਸ਼ ਕਰਵਾਉਣ ਅਤੇ ਬਾਬਾ ਬੁੱਢਾ ਜੀ ਦੁਆਰਾ ਉਸ ਮੌਕੇ ਲਏ ਗਏ ਪਹਿਲੇ ਹੁਕਮਨਾਮਾ ਸਾਹਿਬ ਜੀ ਬਾਰੇ ਦੱਸਿਆ। ਇਸ ਤੋਂ ਇਲਾਵਾ ਭਾਈ ਜਗਰੂਪ ਸਿੰਘ ਜੀ ਹਜ਼ੂਰੀ ਰਾਗੀ ਤਖਤ ਸ੍ਰੀ ਕੇਸਗੜ੍ਹ ਸਾਹਿਬ ਜੀ, ਭਾਈ ਜਸਵੰਤ ਸਿੰਘ ਜੀ ਰਤਵਾੜਾ ਸਾਹਿਬ ਵਾਲੇ, ਭਾਈ ਗਬਰਨਾਮ ਸਿੰਘ ਜੀ ਜਵੱਦੀ ਟਕਸਾਲ, ਬੀਬੀ ਜਤਿੰਦਰ ਕੌਰ ਜੀ, ਕਵੀਸ਼ਰ ਭਾਈ ਸੁਰਜੀਤ ਸਿੰਘ, ਭਾਈ ਸੁਖਵਿੰਦਰ ਸਿੰਘ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਜੱਥੇ ਭਾਈ ਇੰਦਰਜੀਤ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਸੁਰਿੰਦਰ ਸਿੰਘ ਅਤੇ ਭਾਈ ਹਰਬਖ਼ਸ਼ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ । ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਦਰਬਾਰ ਸਾਹਿਬ ਜੀ ਦੀ ਅੰਦਰੋਂ ਫੁੱਲਾਂ ਨਾਲ ਸਜਾਵਟ ਕੀਤੀ ਗਈ ਸੀ। ਦਰਬਾਰ ਸਾਹਿਬ ਜੀ ਨੂੰ ਬਾਹਰੋਂ ਅਤੇ ਗੇਟ ਤੱਕ ਦੇ ਰਸਤੇ ਨੂੰ ਬਹੁਤ ਸੁੰਦਰ ਢੰਗ ਨਾਲ ਸਜਾਇਆ ਗਿਆ ਸੀ। ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਹਜ਼ਾਰਾਂ ਸੰਗਤਾਂ ਨੇ ਇਸ ਅਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਦਾ ਮੁਆਇਨਾ ਕੀਤਾ ਗਿਆ ਅਤੇ ਦਵਾਈ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਤੀ ਗਈ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ।




# ਡਿਪਲੋਮਾ ਇੰਜੀਨੀਅਰਜ਼ ਐਸੋ. ਵੱਲੋਂ ਮੰਗਾਂ ਦੇ ਸੰਬੰਧ 'ਚ ਅਹਿਮ ਮੀਟਿੰਗ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਡਿਪਲੋਮਾ ਇੰਜੀਨੀਅਰਜ਼ ਐਸੋਸੀਏਸ਼ਨ, ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ) ਸ਼ਾਖਾ ਪੰਜਾਬ ਵੱਲੋਂ ਇੰਜ: ਦਿਲਪ੍ਰੀਤ ਸਿੰਘ ਲੋਹਟ ਦੀ ਪ੍ਰਧਾਨਗੀ ਹੇਠ ਸੂਬਾ ਪੱਧਰੀ ਮੀਟਿੰਗ ਸਥਾਨਕ ਰੈਸਟ ਹਾਊਸ ਫਗਵਾੜਾ ਵਿਖੇ ਕੀਤੀ ਗਈ। ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ) ਸ਼ਾਖਾ ਪੰਜਾਬ ਵਿੱਚ ਬਤੌਰ ਤਾਇਨਾਤ ਜੂਨੀਅਰ ਇੰਜੀਨੀਅਰਜ਼-ਸਹਾਇਕ ਇੰਜੀਨੀਅਰਜ਼/ਉਪ ਮੰਡਲ ਇੰਜੀਨੀਅਰਜ਼/ਕਾਰਜਕਾਰੀ ਇੰਜੀਨੀਅਰਜ਼-ਜੇ ਈ ਕਾਡਰ ਪਦ ਉੱਨਤ ਦੀ ਨੁਮਾਇੰਦਾ ਡਿਪਲੋਮਾ ਇੰਜੀਨੀਅਰਜ਼ ਐਸੋਸੀਏਸ਼ਨ ਜੱਥੇਬੰਦੀ ਵੱਲੋਂ ਜਮਾਤ ਦੀਆਂ ਵੱਖ-ਵੱਖ ਜਾਇਜ਼, ਹੱਕੀ ਮੰਗਾਂ ਦੇ ਸਬੰਧ ਵਿੱਚ ਗੰਭੀਰਤਾ ਨਾਲ ਵਿਚਾਰ ਚਰਚਾ ਕੀਤੀ। ਮੀਟਿੰਗ ਵਿੱਚ ਕੌਂਸਲ ਜੱਥੇਬੰਦੀ ਦੇ ਸੀਨੀਅਰ ਆਗੂ ਇੰਜ: ਬਲਦੇਵ ਰਾਜ ਵਰਮਾ-ਸੇਵਾ ਮੁਕਤ ਜੂਨੀਅਰ ਇੰਜੀਨੀਅਰ-ਨਗਰ ਨਿਗਮ ਲੁਧਿਆਣਾ ਦੇ ਅਚਾਨਕ ਸਦੀਵੀ ਵਿਛੋੜੇ ਤੇ ਗਹਿਰਾ ਦੁੱਖ ਪ੍ਰਗਟ ਕਰਦਿਆਂ ਸ਼ਰਧਾਂਜਲੀ ਭੇਟ ਕੀਤੀ ਗਈ। ਇੰਜ: ਮਨਜਿੰਦਰ ਸਿੰਘ ਚੇਅਰਮੈਨ ਕੌਂਸਲ ਆਫ ਡਿਪਲੋਮਾ ਇੰਜੀਨੀਅਰਜ਼ ਪੰਜਾਬ,ਹਿਮਾਚਲ ਪ੍ਰਦੇਸ਼ ਚੰਡੀਗੜ੍ਹ (ਯੂ ਟੀ ) ਹਰਿਆਣਾ ਅਤੇ ਜੰਮੂ ਤੇ ਕਸ਼ਮੀਰ ਮੀਟਿੰਗ ਨੂੰ ਸੰਬੋਧਨ ਕਰਦਿਆਂ ਸਮੂਹ ਮੁਲਾਜ਼ਮਤ ਵਰਗ ਨੂੰ ਇੱਕਜੁੱਟ ਹੋ ਕੇ ਜਮਾਤੀ ਹਿੱਤਾਂ ਤੇ ਪਹਿਰਾ ਦੇਣ ਲਈ ਕਿਹਾ ਗਿਆ। ਇੰਜ: ਗੁਰਵਿੰਦਰ ਸਿੰਘ ਬੇਦੀ ਸੂਬਾ ਮੁੱਖ ਸਲਾਹਕਾਰ, ਇੰਜ: ਰਾਜਿੰਦਰ ਕੁਮਾਰ ਕੱਕੜ ਸੂਬਾ ਸਲਾਹਕਾਰ ਵੱਲੋਂ ਜੋਸ਼ੋ ਖਰੋਸ਼ ਨਾਲ ਹੋ ਰਹੀਆਂ ਜੱਥੇਬੰਦਕ ਸਰਗਰਮੀਆਂ ਦੀ ਸ਼ਲਾਘਾ ਕੀਤੀ ਗਈ। ਮੀਟਿੰਗ ਵਿੱਚ ਸਰਕਾਰ ਨੂੰ ਵਿਭਾਗ ਦੇ ਜੂਨੀਅਰ ਇੰਜੀਨੀਅਰਜ਼ ਨਾਲ ਸਬੰਧਤ ਜਾਇਜ਼, ਹੱਕੀ ਤੇ ਵਾਜ਼ਬ ਮੰਗਾਂ ਨੂੰ ਤਰੁੰਤ ਮੰਨਣ ਦੀ ਅਪੀਲ ਕੀਤੀ।

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ

**ਅੱਡਾ ਸਰਾਂ (ਜਸਵੀਰ ਕਾਜਲ)**- ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸੱਤਿਆ ਸਰੂਪ ਕੇਰਾਂ (ਸੀਕਰੀ) ਤੋਂ ਮਹਾਨ ਨਗਰ ਕੀਰਤਨ ਸਜਾਇਆ ਗਿਆ। ਇਹ ਨਗਰ ਕੀਰਤਨ ਪਿੰਡ ਸੀਕਰੀ ਤੋਂ ਆਰੰਭ ਹੋ ਤੱਗੜਾ ਬਡਾਲਾ, ਗੋਰਾਇਆ, ਚੌਟਾਲਾ,ਮਿਰਜਾਪੁਰ ਬੈਂਚ ਖੁਰਦ,ਧੁਤ ਖੁਰਦ,ਸੰਧਰਾਂ ਤੂੰ ਹੁੰਦਾ ਹੋਇਆ ਗੁਰੂਦੁਆਰਾ ਸਾਹਿਬ ਵਿਖੇ ਆ ਕੇ ਸਮਾਪਤ ਹੋਇਆ। ਇਸ ਮੌਕੇ ਇਹਨਾਂ ਸਾਰੇ ਪਿੰਡਾਂ ਦੀਆਂ ਸੰਗਤਾਂ ਵੱਲੋਂ ਨਗਰ ਕੀਰਤਨ ਦੀ ਫੁੱਲਾਂ ਦੀ ਵਰਖਾ ਕਰਕੇ ਹੋਏ ਸਵਾਗਤ ਕੀਤਾ ਅਤੇ ਸੰਗਤਾਂ ਵਾਸਤੇ ਚਾਹ ਪਕੌੜੇ ਫਲ ਫਰੂਟਾਂ ਦੇ ਲੰਗਰ ਲਗਾਏ। ਇਸੇ ਤਰ੍ਹਾਂ ਪਿੰਡ ਗੋਰਾਇਆ ਵਿੱਚ ਨਗਰ ਕੀਰਤਨ ਦਾ ਭਰਮਾਂ ਸਵਾਗਤ ਕੀਤਾ ਗਿਆ। ਗੋਰਾਇਆ ਦੀਆਂ ਸਮੂਹ ਸੰਗਤਾਂ ਵੱਲੋਂ ਚਾਹ ਪਕੌੜਿਆਂ ਦੇ ਲੰਗਰ ਅਤੇ ਕੋਲਡ ਡਰਿੰਕ ਦਾ ਲੰਗਰ ਲਗਾਇਆ ਗਿਆ। ਗੋਰਾਇਆਂ ਦੀ ਸੰਗਤ ਵੱਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਤਿਕਾਰ ਕਰਦਿਆਂ ਪੰਜ ਪਿਆਰਿਆਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਰੋਪਾਓ ਦੇ ਕੇ ਜੀ ਆਇਆ ਆਖਿਆ ਗਿਆ। ਇਸ ਮੌਕੇ ਗੁਰਦੁਆਰਾ ਸਾਹਿਬ ਗੋਰਾਇਆ ਦੇ ਮੁੱਖ ਗ੍ਰੰਥੀ ਭਾਈ ਸੰਦੀਪ ਸਿੰਘ ਕੂੰਟਾਂ ਵਾਲਿਆਂ ਦੇ ਕੀਰਤਨੀ ਜਥੇ ਨੇ ਸੰਗਤਾਂ ਨੂੰ ਗੁਰਬਾਣੀ ਕਥਾ ਵਿਚਾਰਾਂ ਅਤੇ ਕੀਰਤਨ ਨਾਲ ਨਿਹਾਲ ਕੀਤਾ।



## ਜੇਲ੍ਹਾਂ ਲਈ ਅਤੀ ਆਧੁਨਿਕ ਸੁਰੱਖਿਆ ਉਪਕਰਨ ਖਰੀਦ ਕਰਨ ਦੀ ਪ੍ਰਕਿਰਿਆ ਆਰੰਭ

**ਜੇਲ੍ਹਾਂ ਹੋਣਗੀਆਂ ਆਧੁਨਿਕ ਜੈਮਰਾਂ ਨਾਲ ਲੈਸ**

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਜੇਲ੍ਹ ਵਿਭਾਗ ਵੱਲੋਂ ਸੁਰੱਖਿਆ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਸੂਬੇ ਦੀਆਂ ਜੇਲ੍ਹਾਂ ਲਈ ਅਤੀ ਆਧੁਨਿਕ ਸੁਰੱਖਿਆ ਉਪਕਰਨ ਖਰੀਦ ਕਰਨ ਦੀ ਪ੍ਰਕਿਰਿਆ ਆਰੰਭ ਕਰ ਲਈ ਹੈ।ਇਹ ਜਾਣਕਾਰੀ ਦਿੰਦਿਆਂ ਪੰਜਾਬ ਦੇ ਜੇਲ੍ਹ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੀਆਂ ਜੇਲ੍ਹਾਂ ਦੀ ਸੁਰੱਖਿਆ ਲਈ ਹਮੇਸ਼ਾ ਗੰਭੀਰ ਰਹੀ ਹੈ। ਉਨ੍ਹਾਂ ਦੱਸਿਆ ਕਿ ਮੌਜੂਦਾ ਵਿੱਤੀ ਸਾਲ ਵਿੱਚ ਜੇਲ੍ਹਾਂ ਦੇ ਸੁਰੱਖਿਆ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਪ੍ਰਮੁੱਖ ਸੁਰੱਖਿਆ ਉਪਕਰਨਾਂ ਤੋਂ ਇਲਾਵਾ ਫੁੱਲ ਬਾਡੀ ਸਕੈਨਰ, ਬਾਡੀ ਵਾਰਨ ਕੈਮਰੇ, ਫਲੱਡ ਲਾਈਟਸ, ਵਾਕੀ ਟਾਕੀ ਸੈੱਟ, ਬੂਮ ਬੈਰੀਅਰ, ਸੀਸੀਟੀਵੀ ਕੈਮਰੇ, ਸਨੀਫਰ ਡੌਗਜ਼, ਐਕਸਰੇ ਬੈਗੇਜ ਸਕੈਨਰ, ਸਰਚ ਲਾਈਟਸ, ਹਾਈ ਮਾਸਟ ਪੋਲਜ਼, ਨਾਨ ਲਾਈਨਰ ਜੰਕਸ਼ਨ ਡਿਟੈਕਟਰ, ਐਂਟੀ ਟਨਲਿੰਗ ਕਿੱਟਸ, ਈ-ਕਾਰਟਸ, ਵਾਇਰ ਮੈਸ਼ ਇਨ ਹਾਈ ਸਕਿਉਰਟੀ ਜ਼ੋਨ ਆਦਿ ਸੁਰੱਖਿਆ ਉਪਕਰਨਾਂ ਦੀ ਖਰੀਦ ਕੀਤੀ ਜਾ ਰਹੀ ਹੈ। ਭੁੱਲਰ ਨੇ ਦੱਸਿਆ ਕਿ ਸੂਬੇ ਦੀਆਂ 2 ਜੇਲ੍ਹਾਂ ਵਿੱਚ ਟੀ-ਐਚ.ਸੀ.ਬੀ.ਐਸ (ਟਾਵਰ ਫਾਰ ਹਾਰਮੋਨੀਅਸ ਕਾਲ ਬਲਾਕਿੰਗ ਸਿਸਟਮ) ਜੈਮਰ ਸਥਾਪਿਤ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਜੇਲ੍ਹ ਦੀ ਮੁੱਖ ਕੰਧ ਦੇ ਬਾਹਰੋਂ ਪਾਬੰਦੀਸ਼ੁਦਾ ਪਦਾਰਥ ਸੁੱਟਣ ਦੀ ਸੂਰਤ ਵਿੱਚ ਕੰਧ ਸਕੇਲਿੰਗ, ਦੰਗੇ ਅਤੇ ਮੋਬਾਇਲ ਦੀ ਵਰਤੋਂ ਆਦਿ ਦੀ ਸੂਰਤ ਵਿੱਚ ਅਲਾਰਮ ਪੈਦਾ ਕਰਨ ਲਈ ਅੱਠ ਕੇਂਦਰੀ ਜੇਲ੍ਹਾਂ ਵਿੱਚ ਏ. ਆਈ. ਬੇਸਡ ਸੀਸੀਟੀਵੀ ਸਿਸਟਮ ਦੀ ਇੰਸਟਾਲੇਸ਼ਨ ਮੁਕੰਮਲ ਹੋ ਚੁੱਕੀ ਹੈ ਅਤੇ ਇਹ ਪ੍ਰਣਾਲੀ ਸੂਬੇ ਦੀਆਂ 17 ਹੋਰ ਜੇਲ੍ਹਾਂ ਵਿੱਚ ਵੀ ਲਾਗੂ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸੂਬੇ ਦੀਆਂ 13 ਸੰਵੇਦਨਸ਼ੀਲ ਜੇਲ੍ਹਾਂ ਨੂੰ ਕਵਰ ਕਰਨ ਲਈ 19 ਐਕਸ-ਰੇ ਬੈਗੇਜ ਸਕੈਨਰਾਂ ਦੀ ਖਰੀਦ ਵੀ ਕੀਤੀ ਗਈ ਹੈ।ਜੇਲ੍ਹ ਮੰਤਰੀ ਨੇ ਦੱਸਿਆ ਕਿ ਅਪਰਾਧ ਦੀ ਨਿਗਰਾਨੀ ਕਰਨ ਲਈ 200 ਬਾਡੀ ਵਾਰਨ ਕੈਮਰੇ ਵਰਤੋਂ ਵਿੱਚ ਲਿਆਂਦੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਜੇਲ੍ਹਾਂ ਵਿੱਚ ਹਾਈ ਰਿਸਕ ਵਾਲੇ ਕੈਦੀ ਬੰਦ ਹਨ, ਉਨ੍ਹਾਂ ਹਾਈ ਸਕਿਉਰਿਟੀ ਜ਼ੋਨਾਂ ਦੇ ਸਾਰੇ ਸੈਲਾਂ ਨੂੰ ਕਵਰ ਕਰਨ ਲਈ 295 ਸੀਸੀਟੀਵੀ ਕੈਮਰੇ ਲਗਾਏ ਜਾ ਰਹੇ ਹਨ। ਇਸ ਤਰ੍ਹਾਂ ਹਾਈ ਸਕਿਉਰਿਟੀ ਜ਼ੋਨ ਵਾਲੀਆਂ 13 ਸੰਵੇਦਨਸ਼ੀਲ ਜੇਲ੍ਹਾਂ ਵਿੱਚ ਨਿਰਧਾਰਤ ਥਾਵਾਂ ਉੱਤੇ ਮੋਬਾਇਲ ਨੈਟਵਰਕ ਜੈਮਿੰਗ ਸਲਿਊਸ਼ਨ ਨੂੰ ਇੰਸਟਾਲ ਕੀਤਾ ਜਾ ਰਿਹਾ ਹੈ। ਭੁੱਲਰ ਨੇ ਦੱਸਿਆ ਕਿ ਪੁਲਸ ਵਿਭਾਗ ਵੱਲੋਂ ਜੇਲ੍ਹਾਂ ਵਿੱਚ ਬੰਦ ਬੰਦੀਆਂ ਨੂੰ ਸੰਬੰਧਤ ਕੋਰਟਾਂ ਵਿੱਚ ਪੇਸ਼ ਕਰਾਉਣ ਲਈ ਆ ਰਹੇ ਖਰਚੇ ਅਤੇ ਸਟਾਫ ਦੀ ਬੱਚਤ ਲਈ ਵੱਧ ਤੋਂ ਵੱਧ ਬੰਦੀਆਂ ਨੂੰ ਵੀ.ਸੀ. ਰਾਹੀਂ ਪੇਸ਼ ਕਰਾਉਣ ਦਾ ਉਪਰਾਲਾ ਵੀ ਵਿਭਾਗ ਵੱਲੋਂ ਕੀਤਾ ਗਿਆ ਹੈ, ਇਸ ਸਬੰਧੀ ਜੇਲ੍ਹਾਂ ਵਿੱਚ 159 ਵੀ.ਸੀ. ਸਿਸਟਮ ਸਥਾਪਿਤ ਕਰ ਦਿੱਤੇ ਗਏ ਹਨ ਅਤੇ 200 ਤੋਂ ਵੱਧ ਵੀ.ਸੀ. ਸਿਸਟਮ ਅਤੇ ਵੀ.ਸੀ. ਰੂਮ ਬਣਾਉਣ ਬਾਰੇ ਇੱਕ ਤਜਵੀਜ਼ ਵਿਚਾਰ ਅਧੀਨ ਹੈ।

## ਨਸ਼ੇ ਦੀ ਓਵਰਡੋਜ਼ ਨਾਲ ਸੜਕਾਂ ’ਤੇ ਬੇਹੋਸ਼ ਹੋ ਕੇ ਡਿੱਗਦੇ ਨੌਜਵਾਨ ਪੁਲਸ ਦੀ ਕਾਰਗੁਜ਼ਾਰੀ ’ਤੇ ਸਵਾਲ : ਬੇਗਮਪੁਰਾ ਟਾਈਗਰ ਫੋਰਸ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਬੇਗਮਪੁਰਾ ਟਾਈਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੇਗਮਪੁਰਾ ਟਾਈਗਰ ਫੋਰਸ ਦੀ ਇੱਕ ਮੀਟਿੰਗ ਫੋਰਸ ਦੇ ਸਬ ਦਫਤਰ ਵਿਸ਼ਵਕਰਮਾ ਵੈਲਡਿੰਗ ਵਰਕਸ ਨੇੜੇ ਸੂਦ ਫਾਰਮ ਔਂਡਾ ਪੁਰਾਣੀ ਬੱਸੀ ਹੁਸ਼ਿਆਰਪੁਰ ਵਿਖੇ ਫੋਰਸ ਦੇ ਪੰਜਾਬ ਪ੍ਰਧਾਨ ਬੀਰਪਾਲ ਠਰੋਲੀ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸਤੀਸ਼ ਕੁਮਾਰ ਸ਼ੇਰਗੜ੍ਹ ਅਤੇ ਬਲਾਕ ਭੂੰਗਾ ਦੇ ਪ੍ਰਧਾਨ ਅਨਿਲ ਕੁਮਾਰ ਬੰਟੀ ਨੇ ਆਪਣੇ ਸਾਥੀਆਂ ਨਾਲ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ ।ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਨਸ਼ਿਆਂ ਨਾਲ ਪੰਜਾਬ ਦੀ ਜਵਾਨੀ ਬਰਬਾਦ ਹੋ ਰਹੀ ਹੈ, ਨਸ਼ੇ ਦੀ ਓਵਰਡੋਜ਼ ਨਾਲ ਸੜਕਾਂ ਤੇ ਬੇਹੋਸ਼ ਹੋ ਕੇ ਡਿੱਗਦੇ ਨੌਜਵਾਨਾਂ ਦੀਆਂ ਨਿੱਤ ਨਵੀਆਂ ਵੀਡੀਓ ਅਤੇ ਫੋਟੋਆਂ ਸਾਹਮਣੇ ਆ ਰਹੀਆਂ ਹਨ, ਜਿਸ ਕਰਕੇ ਪੁਲਸ ਦੀ ਕਾਰਗੁਜ਼ਾਰੀ ’ਤੇ ਸਵਾਲ ਉਠਣੇ ਸ਼ੁਰੂ ਹੋ ਗਏ ਹਨ। ਉਹਨਾਂ ਕਿਹਾ ਕਿ ਹੁਣ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵੀ ਦਮ ਤੋੜਦੀ ਹੋਈ ਨਜ਼ਰ ਆ ਰਹੀ ਹੈ। ਲੱਗਭਗ ਪੰਜਾਬ ਵਿੱਚ ਆਏ ਦਿਨ ਸੜਕਾਂ ’ਤੇ ਨੌਜਵਾਨਾਂ ਦੇ ਨਸ਼ਿਆਂ ਦੀ ਓਵਰਡੋਜ਼ ਨਾਲ ਡਿੱਗਣ ਦੀਆਂ ਤਸਵੀਰਾਂ ਸਾਹਮਣੇ ਆਉਂਦੀਆਂ ਰਹਿੰਦੀਆਂ ਹਨ।ਉਹਨਾਂ ਕਿਹਾ ਕਿ ਹੁਣ ਸਰਕਾਰ ਇਹ ਦੱਸੇ ਕਿ ਜੇਕਰ ਨਸ਼ੇ ਦੀ ਸਮੱਗਲਿੰਗ ਰੁਕ ਗਈ ਹੈ ਤਾਂ ਫਿਰ ਕਿਸ ਕਰਕੇ ਹੀ ਨਸ਼ੇ ਦੀ ਓਵਰਡੋਜ਼ ਹੋਣ ਕਰਕੇ ਇਹ ਨੌਜਵਾਨ ਸੜਕਾਂ ਤੇ ਡਿੱਗਦੇ ਹੋਏ ਮਿਲ ਰਹੇ ਹਨ ? ਸਵਾਲ ਤਾਂ ਇਹ ਵੀ ਖੜ੍ਹਾ ਹੁੰਦਾ ਹੈ ਕਿ ਆਖ਼ਰਕਾਰ ਫਿਰ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਕੀ ਨਤੀਜੇ ਸਾਹਮਣੇ ਆ ਰਹੇ ਹਨ ? ਉਧਰ ਮੁੱਖ ਮੰਤਰੀ ਅਤੇ ਡੀ ਜੀ ਪੀ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਦਾਅਵੇ ਕਰਦੇ ਨਹੀਂ ਥੱਕਦੇ, ਫਿਰ ਉਹਨਾਂ ਵਿੱਚ ਕੀ ਸਚਾਈ ਹੈ ? ਇਸ ਮੌਕੇ ਹੋਰਨਾਂ ਤੋਂ ਇਲਾਵਾ ਸਤੀਸ਼ ਕੁਮਾਰ, ਕਮਲਜੀਤ ਗੋਗਾ, ਅਮਨਦੀਪ, ਢਿੱਲੋਂ ਬੱਧਣ, ਡਾ. ਨਿਨਿਤ ਸੈਣੀ, ਵਿਜੇ ਟੈਂਟ ਹਾਊਸ, ਵਿਸ਼ਾਲ, ਨੌਨੀ ਆਦਿ ਹਾਜ਼ਰ ਸਨ।

**● ਪਿੰਡਾਂ, ਸ਼ਹਿਰਾਂ ਤੇ ਕਸਬਿਆਂ ਵਿੱਚ ਧੜੱਲੇ ਨਾਲ ਵਿਕ ਰਿਹਾ ਨਸ਼ਾ : ਬੀਰਪਾਲ, ਸਤੀਸ਼, ਬੰਟੀ**

## ਮੁਫ਼ਤ ਰਾਸ਼ਨ ਨੂੰ ਬੰਦ ਕਰਨ ਦੀ ਭਾਜਪਾ ਦੀਆਂ ਚਾਲਾਂ ਨੂੰ ਸਫ਼ਲ ਨਹੀਂ ਹੋਣ ਦੇਵਾਂਗੇ : ਕੁਲਵੰਤ, ਕੁਲਜੀਤ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ 55 ਲੱਖ ਲੋੜਵੰਦ ਲੋਕਾਂ ਦੀ ਈ ਕੇ ਵਾਈ ਸੀ ਅਤੇ ਹੋਰ ਸ਼ਰਤਾਂ ਦੇ ਅਧਾਰ ਤੇ ਮੁਫ਼ਤ ਰਾਸ਼ਨ ਦੀ ਸੁਵਿਧਾ ਖੋਹਣ ਦੇ ਕੇਂਦਰ ਦੀ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਖ਼ਿਲਾਫ਼ ਲਏ ਸਟੈਂਡ ਦਾ ਸਮਰਥਨ ਕਰਦਿਆਂ ਮੋਹਾਲੀ ਤੇ ਡੇਰਾਬੱਸੀ ਦੇ ਵਿਧਾਇਕਾਂ ਕੁਲਵੰਤ ਸਿੰਘ ਅਤੇ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਲੋੜਵੰਦ ਲੋਕਾਂ ਦੇ ਮੁਫ਼ਤ ਰਾਸ਼ਨ ਨੂੰ ਬੰਦ ਕਰਨ ਦੀਆਂ ਭਾਜਪਾ ਦੀਆਂ ਚਾਲਾਂ ਨੂੰ ਸਫ਼ਲ ਨਹੀਂ ਹੋਣ ਦਿੱਤਾ ਜਾਵੇਗਾ ਤੇ ਇਸ ਦਾ ਹਰ ਪਲੇਟਫਾਰਮ ਤੇ ਵਿਰੋਧ ਕੀਤਾ ਜਾਵੇਗਾ। ਮੋਹਾਲੀ ਵਿਖੇ ਐਮ ਐਲ ਏ ਕੁਲਵੰਤ ਸਿੰਘ ਦੇ ਸੈਕਟਰ 79 ਸਥਿਤ ਦਫਤਰ ਵਿਖੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਇਨ੍ਹਾਂ ਦੋਵਾਂ ਵਿਧਾਇਕਾਂ ਨੇ ਕਿਹਾ ਕਿ ਅਨਾਜ ਉਤਪਾਦਨ ਨਾਲ ਦੇਸ਼ ਦਾ ਢਿੱਡ ਭਰਨ ਵਾਲੇ ਪੰਜਾਬ ਦੇ ਲੋੜਵੰਦ ਤੇ ਗਰੀਬ ਲੋਕਾਂ ਨਾਲ ਬੇ-ਇਨਸਾਫੀ ਨਹੀਂ ਹੋਣ ਦਿੱਤੀ ਜਾਵੇਗੀ। ਇਸ ਮੌਕੇ ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ ਦੇ ਚੈਅਰਮੈਨ ਡਾ. ਸੰਨੀ ਸਿੰਘ ਆਹਲੂਵਾਲੀਆ ਅਤੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਪਰਸਨ ਅਤੇ ਜ਼ਿਲ੍ਹਾ ਆਪ ਪ੍ਰਧਾਨ ਪ੍ਰਭਜੋਤ ਕੌਰ ਵੀ ਮੌਜੂਦ ਸਨ।

## ਨਵਤੇਜ ਸਿੰਘ ਚੀਮਾ ਅਬਜ਼ਰਵਰ ਨਿਯੁਕਤ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਸਾਬਕਾ ਵਿਧਾਇਕ ਨਵਤੇਜ ਸਿੰਘ ਚੀਮਾ ਨੂੰ ਕਾਂਗਰਸ ਪਾਰਟੀ ਵੱਲੋਂ ਫਰੀਦਕੋਟ ਜ਼ਿਲੇ ਦਾ ਅਬਜ਼ਰਵਰ ਨਿਯੁਕਤ ਕੀਤਾ ਗਿਆ ਹੈ। ਸਾਬਕਾ ਵਿਧਾਇਕ ਨਵਤੇਜ ਸਿੰਘ ਚੀਮਾ ਵੱਲੋਂ ਅਬਜਰਵਰ ਨਿਯੁਕਤ ਹੋਣ ਤੇ ਹਾਈਕਮਾਂਡ ਦਾ ਧੰਨਵਾਦ ਕੀਤਾ ਗਿਆ। ਉਹਨਾਂ ਕਿਹਾ ਕਿ ਮੈਂ ਪਾਰਟੀ ਹਾਈਕਮਾਂਡ ਦਾ ਤਹਿ ਦਿਲੋਂ ਰਿਣੀ ਹਾਂ ਜਿਨ੍ਹਾਂ ਨੇ ਮੈਨੂੰ ਜ਼ਿਲ੍ਹਾ ਫਰੀਦਕੋਟ ਦਾ ਅਬਜ਼ਰਵਰ ਨਿਯੁਕਤ ਕਰ ਕੇ ਮਾਣ ਬਖਸ਼ਿਆ। ਉਹਨਾਂ ਕਿਹਾ ਕਿ ਕਾਂਗਰਸ ਪਾਰਟੀ ਦੀ 2027 ਦੀਆਂ ਚੋਣਾਂ ਵਿੱਚ ਜਿੱਤ ਪੱਕੀ ਹੈ। ਜ਼ਿਕਰਯੋਗ ਹੈ ਕਿ ਸਾਲ 2027 ’ਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਠੀਕ ਪਹਿਲਾਂ ਪੰਜਾਬ ਕਾਂਗਰਸ ਨੇ ਪਾਰਟੀ ਨੂੰ ਮਜ਼ਬੂਤ ਕਰਨ ਲਈ ਸੰਗਠਨ ਸਿਰਜਣ ਮੁਹਿੰਮ ਦੀ ਸ਼ੁਰੂਆਤ ਕੀਤੀ ਹੈ।

## ਵੈਟਰਨਰੀ ਇੰਸਪੈਕਟਰਾਂ ਨੇ ਕੀਤਾ ਰੋਸ ਪ੍ਰਦਰਸ਼ਨ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪਸ਼ੂ ਪਾਲਣ ਵਿਭਾਗ ਵਿੱਚ ਕੰਮ ਕਰਦੇ ਵੈਟਨਰੀ ਇੰਸਪੈਕਟਰ ਕਾਫੀ ਲੰਬੇ ਸਮੇਂ ਤੋਂ ਆਪਣੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਕਰਦੇ ਆ ਰਹੇ ਹਨ। ਇਸ ਸੰਬੰਧ ਵਿੱਚ ਵੈਟਰਨਰੀ ਇੰਸਪੈਕਟਰਾਂ ਦੀਆਂ ਕਈ ਮੀਟਿੰਗਾਂ ਵਿਭਾਗ ਦੇ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਤੇ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਹੋ ਚੁੱਕੀਆਂ ਹਨ, ਪਰ ਇਹ ਸਾਰੀਆਂ ਮੀਟਿੰਗਾਂ ਬੇਸਿੱਟਾ ਰਹੀਆਂ ਹਨ। ਵੈਟਰਨਰੀ ਇੰਸਪੈਕਟਰ ਕੇਡਰ ਵਿਭਾਗ ਦੀ ਰੀੜ ਦੀ ਹੱਡੀ ਸਮਝੇ ਜਾਂਦੇ ਹਨ ਵਿਭਾਗ ਦਾ 90% ਕੰਮ ਇਸ ਕੇਡਰ ਵੱਲੋਂ ਕੀਤਾ ਜਾਂਦਾ ਹੈ। ਮੰਗਾਂ ਸੰਬੰਧੀ ਮੀਟਿੰਗਾਂ ਜਥੇਬੰਦੀ ਦੀਆਂ ਵਿਭਾਗ ਦੇ ਅਧਿਕਾਰੀਆਂ ਤੇ ਮਾਨਯੋਗ ਮੰਤਰੀ ਨਾਲ ਹੋ ਚੁੱਕੀਆਂ ਹਨ ਪਰ ਵੈਟਨਰੀ ਇੰਸਪੈਕਟਰਾਂ ਨੂੰ ਸਿਵਾਏ ਲਾਰਿਆਂ ਤੋਂ ਹੋਰ ਕੁਝ ਨਹੀਂ ਮਿਲਿਆ। ਵੈਟਨਰੀ ਇੰਸਪੈਕਟਰ ਐਸੋਸੀਏਸ਼ਨ ਦੇ ਸੱਦੇ ਤੇ 24 ਅਗਸਤ ਨੂੰ ਵੈਟਰਨਰੀ ਇੰਸਪੈਕਟਰਾਂ ਨੇ ਸੂਬਾ ਪ੍ਰਧਾਨ ਗੁਰਦੀਪ ਸਿੰਘ ਬਾਸੀ ਦੀ ਪ੍ਰਧਾਨਗੀ ਹੇਠਾਂ ਇੱਕ ਜਬਰਦਸਤ ਰੋਸ ਪ੍ਰਦਰਸ਼ਨ ਕੀਤਾ ਜਿਸ ਵਿੱਚ ਪੰਜਾਬ ਭਰ ਦੇ ਸਾਰੇ ਵੈਟਰਨਰੀ ਇੰਸਪੈਕਟਰਾਂ ਨੇ ਹਿੱਸਾ ਲਿਆ। ਬਾਰਿਸ਼ ਦੀ ਪਰਵਾਹ ਨਾ ਕਰਦਿਆਂ ਹੋਇਆਂ ਵੈਟਰਨਰੀ ਇੰਸਪੈਕਟਰ ਵੱਡੀ ਗਿਣਤੀ ਵਿੱਚ ਇੱਥੇ ਪਹੁੰਚੇ ਅਤੇ ਉਹਨਾਂ ਨੇ ਪੰਜਾਬ ਸਰਕਾਰ ਅਤੇ ਵਿਭਾਗ ਦੇ ਅਫਸਰਾਂ ਅਫਸਰ ਸ਼ਾਹੀ ਵਿਰੁੱਧ ਜਬਰਦਸਤ ਰੋਸ਼ ਪ੍ਰਦਰਸ਼ਨ ਕੀਤਾ। ਇਸ ਮੌਕੇ ਤੇ ਵਿਪਨ ਗੋਇਲ, ਗੁਰਦੀਪ ਸਿੰਘ ਛੰਨਾ, ਗੁਰਪ੍ਰੀਤ ਸਿੰਘ ਸੰਗਰੂਰ ,ਸਤਨਾਮ ਸਿੰਘ ਅੰਮ੍ਰਿਤਸਰ, ਗੁਰਜੀਤ ਸਿੰਘ ਸੂਬਾ ਪ੍ਰੈੱਸ ਸਕੱਤਰ, ਦਵਿੰਦਰ ਸਿੰਘ ਧੁੱਗਾ ,ਹਰਦੀਪ ਸਿੰਘ ਗਿਆਨਾ, ਹਰਦੀਪ ਸਿੰਘ ਮੋਗਾ, ਪਰਮਜੀਤ ਸਿੰਘ ਸੋਹੀ, ਦਲਜੀਤ ਸਿੰਘ ਚਾਹਲ ਨੇ ਧਰਨੇ ਨੂੰ ਸੰਬੋਧਨ ਕੀਤਾ।

## ਨੌਜਵਾਨਾਂ ਨੂੰ ਵੋਟ ਚੋਰੀ ਬਾਰੇ ਜਾਗਰੂਕ ਹੋਣ ਦੀ ਲੋੜ : ਸੈਣੀ



**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਦੇਸ਼ ਦੇ ਲੋਕਤੰਤਰ ਨੂੰ ਬਚਾਉਣ ਲਈ ਨੌਜਵਾਨਾਂ ਨੂੰ ਵੋਟ ਚੋਰੀ ਪ੍ਰਤੀ ਜਾਗਰੂਕ ਹੋਣਾ ਪਵੇਗਾ। ਡੇਰਾਬੱਸੀ ਦੇ ਪਿੰਡ ਰਾਮਪੁਰ ਬਹਿਲ ਵਿੱਚ ਇੱਕ ਜਨ ਸੰਵਾਦ ਪ੍ਰੋਗਰਾਮ ਵਿੱਚ ਨੌਜਵਾਨਾਂ ਨੂੰ ਅਪੀਲ ਕਰਦੇ ਹੋਏ ਆਲ ਇੰਡੀਆ ਕਾਂਗਰਸ ਕਮੇਟੀ ਦੇ ਰਾਸ਼ਟਰੀ ਸੰਯੁਕਤ ਕੋਆਰਡੀਨੇਟਰ ਅਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਡੇਰਾਬੱਸੀ ਵਿਧਾਨ ਸਭਾ ਹਲਕੇ ਤੋਂ ਡੈਲੀਗੇਟ ਅਮਿਤ ਬਾਵਾ ਸੈਣੀ ਨੇ ਕਿਹਾ ਕਿ ਵੋਟ ਚੋਰੀ ਲੋਕਤੰਤਰ ਦੀ ਭਾਵਨਾ ਤੇ ਕਲਪਨਾ ’ਤੇ ਹਮਲਾ ਹੈ। ਭਾਰਤੀ ਜਨਤਾ ਪਾਰਟੀ ਤੇ ਚੋਣ ਕਮਿਸ਼ਨ ਮਾਨਯੋਗ ਸੁਪਰੀਮ ਕੋਰਟ ਨੂੰ ਵੱਖ-ਵੱਖ ਬੇਬੁਨਿਆਦ ਜਵਾਬ ਦਿੰਦੇ ਰਹੇ। ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਵੋਟਾਂ ਨਾਲ ਚੋਣਾਂ ਜਿੱਤਣ ਦੀ ਬਜਾਏ ਸੰਵਿਧਾਨਕ ਸੰਸਥਾਵਾਂ ਦੀ ਦੁਰਵਰਤੋਂ ਕਰਕੇ ਜਿੱਤਣ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਵੋਟ ਚੋਰੀ ਦੇ ਮੁੱਦੇ ’ਤੇ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਇੱਕ ਪ੍ਰੈਸ ਕਾਨਫਰੰਸ ਵਿੱਚ ਤੱਥਾਂ ਰਾਹੀਂ ਦੇਸ਼ ਦੇ ਸਾਹਮਣੇ ਮਹਾਦੇਵਪੁਰਾ ਵੋਟਾਂ ਦੇ ਅੰਕੜੇ ਪੇਸ਼ ਕੀਤੇ ਅਤੇ ਧਾਂਦਲੀ ਨੂੰ ਗੰਭੀਰਤਾ ਨਾਲ ਉਜਾਗਰ ਕੀਤਾ। ਨਾਲ ਹੀ ਵੋਟਿੰਗ ਪ੍ਰਕਿਰਿਆ ਵਿੱਚ ਸ਼ੁੱਧਤਾ ਦੀ ਜ਼ਰੂਰਤ ਨੂੰ ਗੰਭੀਰਤਾ ਨਾਲ ਜਨਤਾ ਦੇ ਸਾਹਮਣੇ ਰੱਖਿਆ ਗਿਆ। ਇੰਨੇ ਦਿਨ ਬੀਤ ਜਾਣ ਤੋਂ ਬਾਅਦ ਵੀ, ਭਾਰਤੀ ਜਨਤਾ ਪਾਰਟੀ ਅਤੇ ਚੋਣ ਕਮਿਸ਼ਨ ਮਹਾਦੇਵਪੁਰਾ ’ਤੇ ਕੋਈ ਤੱਥਾਂ ਵਾਲਾ ਜਵਾਬ ਦੇਣ ਵਿੱਚ ਅਸਮਰੱਥ ਰਹੇ ਹਨ। ਜਨ ਸੰਵਾਦ ਪ੍ਰੋਗਰਾਮ ਵਿੱਚ ਤਰਸੇਮ ਰਾਣਾ, ਰਵਿੰਦਰ ਰਾਣਾ, ਰਾਜੂ ਰਾਣਾ, ਬਬਲੂ ਰਾਣਾ, ਮੋਂਗਾ ਰਾਣਾ, ਸੋਨੂੰ ਸ਼ਰਮਾ, ਕਾਲੂ ਰਾਣਾ, ਅਭਿਸ਼ੇਕ ਰਾਣਾ ਮੌਜੂਦ ਸਨ।

## ਆਰਥਿਕ ਤੌਰ ’ਤੇ ਕਮਜ਼ੋਰ ਤੇ ਅਨਾਥ ਬੱਚਿਆਂ ਲਈ ਪੰਜਾਬ ਸਰਕਾਰ ਵੱਲੋਂ 4000 ਰੁਪਏ ਪ੍ਰਤੀ ਬੱਚਾ ਸਹਾਇਤਾ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਜਿੱਥੇ ਸੂਬੇ ਦੇ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਦਿਨ-ਰਾਤ ਯਤਨਸ਼ੀਲ ਹੈ, ਉੱਥੇ ਹੀ ਆਰਥਿਕ ਤੌਰ ’ਤੇ ਕਮਜ਼ੋਰ ਪਰਵਾਰਾਂ ਦੇ ਬੱਚਿਆਂ ਅਤੇ ਅਨਾਥ ਬੱਚਿਆਂ ਦੀ ਦੇਖਭਾਲ ਲਈ ਵੀ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਇਹ ਪ੍ਰਗਟਾਵਾ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕੀਤਾ।ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਪਾਂਸਰਸ਼ਿਪ ਸਕੀਮ ਹੇਠ ਆਰਥਿਕ ਤੌਰ ’ਤੇ ਕਮਜ਼ੋਰ, ਬੇਸਹਾਰਾ ਅਤੇ ਅਨਾਥ ਬੱਚਿਆਂ ਨੂੰ 4000 ਰੁਪਏ ਪ੍ਰਤੀ ਬੱਚਾ ਪ੍ਰਤੀ ਮਹੀਨਾ ਆਰਥਿਕ ਸਹਾਇਤਾ ਦਿੱਤੀ ਜਾਂਦੀ ਹੈ। ਇਹ ਰਾਸ਼ੀ ਉਹਨਾਂ ਬੱਚਿਆਂ ਲਈ ਹੈ ਜਿਨ੍ਹਾਂ ਦੇ ਪਰਵਾਰ ਆਰਥਿਕ ਕਮਜ਼ੋਰੀ ਕਾਰਨ ਉਨ੍ਹਾਂ ਦੀ ਸੰਭਾਲ ਕਰਨ ਵਿੱਚ ਅਸਮਰੱਥ ਹਨ ਜਾਂ ਅਨਾਥ ਬੱਚੇ ਜੋ ਆਪਣੇ ਰਿਸ਼ਤੇਦਾਰਾਂ ਨਾਲ ਰਹਿ ਰਹੇ ਹਨ।ਉਨ੍ਹਾਂ ਦੱਸਿਆ ਕਿ ਇਹ ਸਹਾਇਤਾ ਬੱਚਿਆਂ ਨੂੰ 18 ਸਾਲ ਦੀ ਉਮਰ ਤੱਕ ਦਿੱਤੀ ਜਾਂਦੀ ਹੈ ਅਤੇ ਹੁਣ ਤੱਕ ਕੁੱਲ 5475 ਬੱਚਿਆਂ ਨੂੰ ਇਸ ਯੋਜਨਾ ਦਾ ਲਾਭ ਮਿਲ ਚੁੱਕਾ ਹੈ।ਡਾ. ਬਲਜੀਤ ਕੌਰ ਨੇ ਕਿਹਾ ਕਿ ਇਹ ਸਕੀਮ ਸਿਰਫ਼ ਆਰਥਿਕ ਸਹਾਇਤਾ ਦੇਣ ਤੱਕ ਹੀ ਸੀਮਿਤ ਨਹੀਂ ਹੈ, ਸਗੋਂ ਇਹ ਬੱਚਿਆਂ ਨੂੰ ਸੁਨਹਿਰਾ ਭਵਿੱਖ ਦੇਣ ਦਾ ਸਰਕਾਰ ਦਾ ਯਤਨ ਹੈ। ਇਸ ਨਾਲ ਬੱਚੇ ਨਾ ਕੇਵਲ ਸਿੱਖਿਆ ਜਾਰੀ ਰੱਖ ਸਕਦੇ ਹਨ, ਸਗੋਂ ਆਪਣੇ ਸੁਪਨੇ ਪੂਰੇ ਕਰਕੇ ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਲ ਹੋ ਸਕਦੇ ਹਨ।ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਸਾਡੀ ਸਰਕਾਰ ਦਾ ਮੁੱਖ ਉਦੇਸ਼ ਹੈ ਕਿ ਹਰ ਬੱਚਾ ਪੜ੍ਹ-ਲਿਖ ਕੇ ਆਤਮ-ਨਿਰਭਰ ਬਣੇ ਅਤੇ ਚੰਗਾ ਨਾਗਰਿਕ ਬਣ ਕੇ ਸਮਾਜ ਤੇ ਸੂਬੇ ਦੀ ਤਰੱਕੀ ਵਿੱਚ ਯੋਗਦਾਨ ਪਾਏ। ਇਸ ਲਈ ਸਰਕਾਰ ਵੱਲੋਂ ਉਹਨਾਂ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ ਜੋ ਸਮਾਜ ਦੀ ਮੁੱਖ ਧਾਰਾ ਤੋਂ ਪਛੜੇ ਹੋਏ ਹਨ।

## ਝੁੱਗੀਆਂ ’ਚ ਪੜ੍ਹਨ ਸਮੱਗਰੀ ਤੇ ਮਿਠਾਈਆਂ ਵੰਡੀਆਂ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਇੱਥੇ ਅਲਾਇੰਸ ਕਲੱਬ ਹੁਸ਼ਿਆਰਪੁਰ ਪ੍ਰਿੰਸ ਦੇ ਜ਼ਿਲ੍ਹਾ ਕੈਬਨਿਟ ਸਕੱਤਰ ਐਲੀ. ਨਰੇਸ਼ ਕੁਮਾਰ ਦੇ ਜਨਮ ਦਿਨ ਦੇ ਮੌਕੇ ਕਲੱਬ ਸਰਪ੍ਰਸਤ ਐਲੀ. ਸੋਮੇਸ਼ ਕੁਮਾਰ ਵਰਮਾ ਦੀ ਪ੍ਰਧਾਨਗੀ ਹੇਠ ਦੁਸਹਿਰਾ ਗਰਾਊਂਡ (ਖਾਨਪੁਰੀ ਚੌਂਕ) ਦੀਆਂ ਝੁੱਗੀਆਂ ਵਿੱਚ ਪੜ੍ਹਨ ਸਮੱਗਰੀ ਅਤੇ ਮਿਠਾਇਆਂ ਵੰਡੀਆਂ ਗਈਆਂ। ਇਸ ਮੌਕੇ ਐਲੀ. ਡਾ. ਐਮ. ਜ਼ਮੀਲ ਬਾਲੀ, ਇੰਟਰਨੈਸ਼ਨਲ ਡਾਇਰੈਕਟਰ ਐਲੀ. ਅਸ਼ੋਕ ਪੁਰੀ, ਡਿਸਟ੍ਰਿਕਟ ਗਾਈਡ ਐਲੀ. ਰਮੇਸ਼ ਕੁਮਾਰ ਵਿਸ਼ੇਸ਼ ਤੌਰ ’ਤੇ ਹਾਜ਼ਰ ਹੋਏ। ਐਲੀ. ਸੋਮੇਸ਼ ਕੁਮਾਰ ਵਰਮਾ ਵਲੋਂ ਸਾਰਿਆਂ ਨੂੰ ਜੀ ਆਇਆਂ ਨੂੰ ਕਹਿਣ ਉਪਰੰਤ ਪ੍ਰੋਗਰਾਮ ਦੀ ਚੇਅਰਪਰਸਨ ਸ਼ਿਵਾਨੀ ਸੰਧੂ (ਅਧਿਆਪਕਾ ਝੁੱਗੀਆਂ ਦੇ ਸੈਂਟਰ) ਨੇ ਪੜ੍ਹਾਉਣ ਦੀ ਪ੍ਰਕਿਰਿਆ ਦੀ ਜਾਣਕਾਰੀ ਦਿੱਤੀ। ਇਸ ਖੁਸ਼ੀ ਦੇ ਮੌਕੇ ਤੇ ਡਾ. ਐਮ. ਜ਼ਮੀਲ ਬਾਲੀ ਨੇ ਸਾਰੇ ਬੱਚਿਆਂ ਨੂੰ ਯਕੀਨ ਦਿਵਾਇਆ ਕੀ ਉਨ੍ਹਾਂ ਨੂੰ ਪੜ੍ਹਨ ਵਿੱਚ ਕਿਸੇ ਚੀਜ਼ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ ਅਲਾਇੰਸ ਕਲੱਬ ਦੇ ਇੰਟਰਨੈਸ਼ਨਲ ਡਾਇਰੈਕਟਰ ਅਸ਼ੋਕ ਪੁਰੀ ਨੇ ਸੈਂਟਰ ਦੀ ਅਧਿਆਪਕਾ ਸ਼ਿਵਾਨੀ ਸੰਧੂ, ਕਲੱਬ ਦੇ ਸਰਪ੍ਰਸਤ ਐਲੀ. ਸੋਮੇਸ਼ ਕੁਮਾਰ ਵਰਮਾ, ਡਿਸਟ੍ਰਿਕਟ-119 ਦੇ ਗਾਈਡ ਐਲੀ. ਰਮੇਸ਼ ਕੁਮਾਰ ਅਤੇ ਐਲੀ. ਨਰੇਸ਼ ਐਸ. ਗਰਗ ਨੂੰ ਵਧਾਈ ਦਿੱਤੀ। ਇਸ ਮੌਕੇ ਕਲੱਬ ਵਲੋਂ ਐਲੀ. ਡਾ. ਐਮ. ਜ਼ਮੀਲ ਬਾਲੀ, ਐਲੀ. ਨਰੇਸ਼ ਐਸ. ਗਰਗ, ਅਧਿਆਪਕਾ ਸ਼ਿਵਾਨੀ ਸੰਧੂ ਅਤੇ ਐਲੀ. ਅਸ਼ੋਕ ਪੁਰੀ ਨੂੰ ਇਕ ਰੁੱਖ ਅਤੇ ਦੋਸ਼ਾਲੇ ਭੇਟ ਕਰਕੇ ਸਨਮਾਨਤ ਕੀਤਾ ਗਿਆ।

## ਗਰੀਬ ਲੋਕਾਂ ਦੀ ਰੋਟੀ ’ਤੇ ਡਾਕਾ ਕਿਸੇ ਕੀਮਤ ’ਤੇ ਬਰਦਾਸ਼ਤ ਨਹੀਂ : ਮੋਹਿੰਦਰ ਭਗਤ




**ਜਲੰਧਰ (ਸ਼ੈਲੀ ਐਲਬਰਟ, ਇਕਬਾਲ ਸਿੰਘ ਉੱਭੀ)**- ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਪੰਜਾਬ ਦੇ 55 ਲੱਖ ਲੋੜਵੰਦ ਲੋਕਾਂ ਦਾ ਰਾਸ਼ਨ ਖੋਹਣ ਦੀ ਕੋਝੀ ਸਾਜ਼ਿਸ਼ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਸੂਬੇ ਦੇ ਗਰੀਬ ਲੋਕਾਂ ਦੀ ਰੋਟੀ ’ਤੇ ਡਾਕਾ ਕਿਸੇ ਕੀਮਤ ’ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਥੇ ਸਰਕਟ ਹਾਊਸ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ, ਜਿਨ੍ਹਾਂ ਨਾਲ ਕਰਤਾਰਪੁਰ ਤੋਂ ਵਿਧਾਇਕ ਬਲਕਾਰ ਸਿੰਘ ਵੀ ਮੌਜੂਦ ਸਨ, ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪੰਜਾਬ ਦੇ ਆਮ ਤੇ ਗਰੀਬ ਲੋਕਾਂ ਦੇ ਹੱਕ ’ਤੇ ਡਾਕਾ ਮਾਰਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੇ ਪੰਜਾਬ ਦੇ 8 ਲੱਖ ਰਾਸ਼ਨ ਕਾਰਡ ਕੱਟਣ ਦੇ ਹੁਕਮ ਕਰਕੇ ਸੂਬੇ ਦੇ ਕਰੀਬ 32 ਲੱਖ ਲੋਕ ਰਾਸ਼ਨ ਤੋਂ ਵਾਂਝੇ ਹੋ ਜਾਣਗੇ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੀ ਪੰਜਾਬ ਦੇ ਆਮ ਤੇ ਗਰੀਬ ਲੋਕਾਂ ਦੇ ਮੂੰਹੋਂ ਰੋਟੀ ਖੋਹਣ ਦੀ ਇਸ ਕੋਝੀ ਸਾਜ਼ਿਸ਼ ਨੂੰ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ। ਭਗਤ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਗੈਰ-ਭਾਜਪਾ ਸ਼ਾਸਿਤ ਸੂਬਿਆਂ ਦੀਆਂ ਸਰਕਾਰਾਂ ਅਤੇ ਲੋਕਾਂ ਨਾਲ ਧੱਕੇਸ਼ਾਹੀ ਦੀ ਨੀਤੀ ਜੱਗ-ਜ਼ਾਹਰ ਹੋ ਚੁੱਕੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਕੇਂਦਰ ਦੀ ਭਾਜਪਾ ਸਰਕਾਰ ਪਹਿਲਾਂ ਸੂਬਿਆਂ ਦੀਆਂ ਗੈਰ-ਭਾਜਪਾ ਸਰਕਾਰਾਂ ਨਾਲ ਧੱਕਾ ਕਰਦੀ ਸੀ ਪਰ ਹੁਣ ਇਸ ਸਰਕਾਰ ਨੇ ਉਨ੍ਹਾਂ ਰਾਜਾਂ ਦੇ ਲੋਕਾਂ ਨਾਲ ਵੀ ਧੱਕਾ ਕਰਨਾ ਸ਼ੁਰੂ ਕਰ ਦਿੱਤਾ ਹੈ। ਪੰਜਾਬ ਦੇ ਗਰੀਬ ਲੋਕਾਂ ਨਾਲ ਧੱਕਾ ਵੀ ਇਸੇ ਨੀਤੀ ਦਾ ਹਿੱਸਾ ਹੈ।ਉਨ੍ਹਾਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਨੇ ਪਹਿਲਾਂ ਕੇ.ਵਾਈ.ਸੀ. ਤੇ ਵੈਰੀਫਿਕੇਸ਼ਨ ਦੇ ਨਾਂ ਉੱਤੇ 23 ਲੱਖ ਲੋਕਾਂ ਦਾ ਰਾਸ਼ਨ ਨਾ ਦੇਣ ਦਾ ਤੁਗਲਕੀ ਫਰਮਾਨ ਜਾਰੀ ਕਰ ਦਿੱਤਾ ਹੈ ਅਤੇ ਹੁਣ ਹੋਰ 32 ਲੱਖ ਲੋਕਾਂ ਨੂੰ ਰਾਸ਼ਨ ਨਾ ਦੇਣ ਲਈ ਕਿਹਾ ਗਿਆ ਹੈ। ਇਸ ਨਾਲ 55 ਲੱਖ ਲੋੜਵੰਦ ਲੋਕਾਂ ਨੂੰ ਰਾਸ਼ਨ ਤੋਂ ਵਾਂਝੇ ਕਰਨ ਦੀ ਕੋਝੀ ਸਾਜ਼ਿਸ਼ ਰਚੀ ਜਾ ਰਹੀ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪ੍ਰੈਸ ਕਾਨਫਰੰਸ ਕਰਕੇ ਪਹਿਲਾਂ ਹੀ ਸਪੱਸ਼ਟ ਕਰ ਚੁੱਕੇ ਹਨ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਦੇ ਗਰੀਬ ਲੋਕਾਂ ਨਾਲ ਖੜ੍ਹੀ ਹੈ ਅਤੇ ਕਿਸੇ ਪਰਵਾਰ ਨੂੰ ਰਾਸ਼ਨ ਤੋਂ ਵਾਂਝਾ ਨਹੀਂ ਹੋਣ ਦਿੱਤਾ ਜਾਵੇਗਾ। ਇਸ ਮੌਕੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅੰਮ੍ਰਿਤਪਾਲ ਸਿੰਘ, ਚੇਅਰਮੈਨ ਪੰਜਾਬ ਰਾਜ ਸਹਿਕਾਰੀ ਬੈਂਕ ਪਵਨ ਕੁਮਾਰ ਟੀਨੂੰ, ਚੇਅਰਮੈਨ ਨਗਰ ਸੁਧਾਰ ਟਰੱਸਟ ਰਮਨੀਕ ਸਿੰਘ ਰੰਧਾਵਾ, ਚੇਅਰਮੈਨ ਪੰਜਾਬ ਐਗਰੀ ਐਕਸਪੋਰਟ ਕਾਰਪੋਰੇਸ਼ਨ ਲਿਮਟਡ ਮੰਗਲ ਸਿੰਘ ਬੱਸੀ, ਆਪ ਆਗੂ ਰਾਜਵਿੰਦਰ ਕੌਰ ਥਿਆੜਾ, ਦਿਨੇਸ਼ ਢੱਲ, ਪ੍ਰਿੰ. ਪ੍ਰੇਮ ਕੁਮਾਰ, ਪਿੰਦਰ ਪੰਡੋਰੀ ਆਦਿ ਵੀ ਮੌਜੂਦ ਸਨ।

## ਬਾਬਾ ਗੁੱਗਾ ਜਾਹਰ ਪੀਰ ਦੀ ਯਾਦ ’ਚ ਸਾਲਾਨਾ ਧਾਰਮਿਕ ਸਮਾਗਮ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਈਸਪੁਰ ਵਿਖੇ ਦਰਬਾਰ ਬਾਬਾ ਗੁੱਗਾ ਜਾਹਰ ਪੀਰ ਜੀ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਾਬਾ ਗੁੱਗਾ ਜਾਹਰ ਪੀਰ ਜੀ ਦੀ ਯਾਦ ਵਿੱਚ ਸਲਾਨਾ ਧਾਰਮਿਕ ਸਮਾਗਮ ਸਰਧਾ ਭਾਵਨਾ ਨਾਲ ਕਰਵਾਏ ਗਏ। ਡੇਰੇ ਦੇ ਮੁੱਖ ਸੇਵਾਦਾਰ ਸਾਈਂ ਸੁਰਜੀਤ ਸ਼ਾਹ ਈਸਪੁਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਬਾਬਾ ਗੁੱਗਾ ਜਾਹਰ ਪੀਰ ਜੀ ਦੀ ਪੂਜਾ ਅਰਚਨਾ ਕੀਤੀ ਗਈ। ਉਪਰੰਤ ਸਮੂਹ ਸੰਗਤਾਂ ਵਲੋਂ ਝੰਡੇ ਦੀ ਰਸਮ ਅਦਾ ਕੀਤੀ ਗਈ।ਪ੍ਰਬੰਧਕਾਂ ਨੇ ਦੱਸਿਆ ਕਿ ਬਾਬਾ ਗੁੱਗਾ ਜਾਹਰ ਪੀਰ ਜੀ ਦੀ ਯਾਦ ਵਿੱਚ ਸਾਲਾਨਾ ਧਾਰਮਿਕ ਸਮਾਗਮ ਦੌਰਾਨ ਬਾਬਾ ਜੀ ਦੀਆਂ ਆਰਤੀਆਂ ਕੀਤੀਆਂ ਗਈਆ।ਉਨ੍ਹਾਂ ਦੱਸਿਆ ਕਿ ਸਲਾਨਾ ਧਾਰਮਿਕ ਸਮਾਗਮ ਅਤੇ ਛਿੰਝ ਮੇਲੇ ਦੌਰਾਨ ਮੁੱਖ ਮਹਿਮਾਨ ਡਾਕਟਰ ਪਰਮਿੰਦਰ ਸੂਦ ਐੱਸ ਜੀ ਆਰ ਹਸਪਤਾਲ ਕੋਟ ਫਤੂਹੀ, ਰਾਮ ਪ੍ਰਕਾਸ਼ ਸੂਦ ਰੀਹਲਾ ਤੇ ਹੋਰ ਇਲਾਕੇ ਦੀਆਂ ਪ੍ਰਮੁੱਖ ਸਖਸ਼ੀਅਤਾਂ ਪੁੱਜ ਕੇ ਹਾਜਰੀਆ ਭਰੀਆ। ਇਸ ਮੌਕੇ ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸਲਾਨਾ ਗੁੱਗਾ ਜਾਹਰ ਪੀਰ ਜੀ ਦੀ ਯਾਦ ਵਿੱਚ ਧਾਰਮਿਕ ਸਮਾਗਮ ਮੌਕੇ ਸਾਈਂ ਸੁਰਜੀਤ ਸ਼ਾਹ ਈਸਪੁਰ, ਬਿੱਟੂ ਭਗਤ ਵਾਧਾ, ਜੱਸੀ ਮਹੰਤ ਬਹਿਬਲਪੁਰ ਨੇ ਪੁੱਜ ਕੇ ਹਾਜ਼ਰੀ ਭਰੀ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸਲਾਨਾ ਧਾਰਮਿਕ ਸਮਾਗਮ ਚਾਹ ਪਕੌੜੇ ਤੇ ਲੰਗਰ ਅਤੁੱਟ ਵਰਤਾਏ ਗਏ।

## ਸੰਜੀਵਨ ਦੇ ਨਾਟਕ ‘ਸੁੰਨਾ-ਵਿਹੜਾ’ ’ਤੇ ਫਿਲਮਾਂ ਦੇ ਚਰਚਿਤ ਅਦਾਕਾਰਾਂ ਨੇ ਰਚਾਇਆ ਸੰਵਾਦ




**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬੀ ਫਿਲਮਾਂ ਦੇ ਚਰਚਿੱਤ ਹਾਸ-ਕਲਾਕਾਰ ਜਸਵਿੰਦਰ ਭੱਲਾ ਦੀ ਆਤਮਿਕ ਸ਼ਾਂਤੀ ਲਈ ਹਾਜ਼ਰੀਨ ਨੇ ਦੋ ਮਿੰਟ ਲਈ ਮੋਨ ਧਾਰ ਕੇ ਸ਼ਰਧਾ-ਸੁਮਨ ਭੇਂਟ ਕੀਤੇ। ਵਰਲਡ ਪੰਜਾਬੀ ਸੈਂਟਰ, ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਉੱਘੇ ਨਾਟਕਕਾਰ ਅਤੇ ਨਾਟ-ਨਿਰਦੇਸ਼ਕ ਸੰਜੀਵਨ ਦੇ ਪੇਂਡੂ ਪੰਜਾਬੀ ਖੁਸ਼ਹਾਲ ਕਿਸਾਨ ਪ੍ਰੀਵਾਰ ਦੇ ਬੇਔਲਾਦ ਜੋੜੇ ਦੀ ਮਾਨਿਸਕ ਅਤੇ ਸਮਾਜਿਕ ਸਥਿਤੀ/ਪ੍ਰਸਥਿਤੀ ਬਿਆਨਦੇ ਨਾਟਕ ਸੁੰਨਾ-ਵਿਹੜਾ’ ’ਤੇ ਤਿੰਨ ਦਰਜਨ ਦੇ ਕਰੀਬ ਪੰਜਾਬੀ ਰੰਗਮੰਚ ਅਤੇ ਫਿਲਮਾਂ ਦੇ ਚਰਚਿੱਤ ਅਦਾਕਾਰਾ ਨੇ ਸੰਵਾਦ ਰਚਾਇਆ।ਇਸ ਮੌਕੇ ਮੁੱਖ-ਮਹਿਮਾਨ ਡਾ. ਸਵਰਾਜ ਸਿੰਘ ਸਨ ਅਤੇ ਪ੍ਰਧਾਨਗੀ ਰੰਗਮੰਚ ਅਤੇ ਫਿਲਮਾਂ ਦੀ ਚਰਚਿੱਤ ਅਦਾਕਾਰਾ ਅਤੇ ਪੰਜਾਬੀ ਯੂਨੀਵਿਸਰਟੀ ਪਟਿਆਲ ਦੇ ਸਾਬਕਾ ਮੁੱਖੀ ਡਾ. ਸੁਨੀਤਾ ਧੀਰ ਨੇ ਕੀਤੀ।ਸਮਾਗਮ ਦੇ ਆਰੰਭ ਵਿਚ ਵਿਛੌੜਾ ਦੇ ਗਏ ਪੰਜਾਬੀ ਫਿਲਮਾਂ ਦੇ ਚਰਚਿੱਤ ਹਾਸ-ਕਲਾਕਾਰ ਜਸਵਿੰਦਰ ਭੱਲਾ ਦੀ ਆਤਮਿਕ ਸ਼ਾਤੀ ਲਈ ਹਾਜ਼ਰਨਿ ਨੇ ਦੋ ਮਿੰਟ ਲਈ ਮੋਨ ਧਾਰ ਕੇ ਸ਼ਰਧਾ-ਸੁਮਨ ਭੇਂਟ ਕੀਤੇ।

## ਫੁੱਟਬਾਲ ਟੂਰਨਾਮੈਂਟ ’ਚ ਲਗਾਤਾਰ ਦੂਜੀ ਵਾਰ ਜ਼ੋਨ ਸ਼ੇਰਗੜ੍ਹ ਬਣਿਆ ਜ਼ਿਲ੍ਹਾ ਜੇਤੂ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਿੱਖਿਆ ਵਿਭਾਗ ਪੰਜਾਬ ਦੇ ਕੈਲੰਡਰ ਅਨੁਸਾਰ ਸੈਸ਼ਨ 2025-26 ਦੇ ਅੰਤਰ ਜ਼ੋਨਲ ਟੂਰਨਾਮੈਂਟ ਵਿੱਚ ਜ਼ਿਲ੍ਹਾ ਸਿੱਖਿਆ ਅਫਸਰ (ਸੈ. ਸਿੱ) ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਉਪ-ਜਿਲ੍ਹਾ ਸਿੱਖਿਆ ਅਫਸਰ ਧੀਰਜ ਵਿਸ਼ਿਸ਼ਟ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਜਗਜੀਤ ਸਿੰਘ ਦੀ ਨਿਗਰਾਨੀ ਹੇਠ ਚੱਲ ਰਹੇ ਫੁਟਬਾਲ ਅੰਤਰ ਜ਼ੋਨਲ ਟੂਰਨਾਮੈਂਟ ਮਾਹਿਲਪੁਰ ਵਿੱਚ ਅੱਜ ਜ਼ੋਨ ਸ਼ੇਰਗੜ੍ਹ ਨੇ ਕੁਆਰਟਰ ਫਾਈਨਲ ਵਿੱਚ ਗੜ੍ਹਸ਼ੰਕਰ ਨੂੰ 1-0 ਨਾਲ, ਸੈਮੀ ਫਾਈਨਲ ਵਿੱਚ ਪਾਲਦੀ ਜ਼ੋਨ ਨੂੰ 1-0 ਨਾਲ ਅਤੇ ਜ਼ੋਨ ਮਾਹਿਲਪੁਰ ਨਾਲ ਹੋਏ ਫਾਈਨਲ ਮੁਕਾਬਲੇ ਵਿੱਚ 4-0 ਦੀ ਬੜ੍ਹਤ ਨਾਲ ਸ਼ੇਰਗੜ੍ਹ ਜ਼ੋਨ ਦੀ ਅੰਡਰ 17 ਸਾਲ ਲੜਕਿਆਂ ਦੀ ਫੁੱਟਬਾਲ ਟੀਮ ਨੇ ਜ਼ਿਲ੍ਹੇ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਪਿਛਲੇ ਸਾਲ ਦੀ ਪੁਜੀਸ਼ਨ ਨੂੰ ਬਰਕਰਾਰ ਰੱਖਿਆ। ਇਸ ਟੀਮ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋਹਣ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਫਲਾਹੀ, ਸ.ਸ.ਸ.ਸ. ਜਲੋਵਾਲ ਖਨੂਰ, ਜੀ ਐਮ ਏ ਸਕੂਲ ਚੱਬੇਵਾਲ, ਸਰਕਾਰੀ ਹਾਈ ਸਕੂਲ ਬਿਹਾਲਾ ਦੇ ਖਿਡਾਰੀਆਂ ਨੇ ਭਾਗ ਲਿਆ। ਇਸ ਮੌਕੇ ਟੀਮ ਇੰਚਾਰਜ ਲੈਕਚਰਾਰ ਪ੍ਰਭਜੋਤ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋਹਣ (ਜਰਨਲ ਸਕੱਤਰ ਡੀ.ਟੀ.ਸੀ.) ਨੇ ਦੱਸਿਆ ਕਿ ਇਹ ਸਿਹਰਾ ਪ੍ਰਿੰਸੀਪਲ ਮਲਕੀਤ ਕੌਰ ਦੀ ਖੇਡਾਂ ਪ੍ਰਤੀ ਰੁਚੀ ਕਾਰਨ ਟੀਮ ਮੈਨੇਜਰ ਸ੍ਰੀ ਅਮਰਜੀਤ ਰਾਏ ਪੀ ਟੀ ਆਈ ਸ.ਸ.ਸ.ਸਕੂਲ ਬੋਹਣ ਅਤੇ ਸਮੂਹ ਸਟਾਫ ਮੈਂਬਰਾਂ ਦੇ ਸਹਿਯੋਗ, ਸਾਥੀ ਸਕੂਲਾਂ ਦੇ ਟੀਮ ਇੰਚਾਰਜ ਸਾਹਿਬਾਨ, ਜ਼ੋਨ ਸਕੱਤਰ ਗੁਰਕਿਰਨਜੀਤ ਸਿੰਘ, ਸੁਖਵਿੰਦਰ ਸਿੰਘ ਫੁਟਬਾਲ ਕੋਚ ਫਿਟ ਅਕੈਡਮੀ ਦੇ ਸਹਿਯੋਗ ਸਦਕਾ ਪ੍ਰਾਪਤ ਹੋਇਆ ।

## ਇੰਡਕਸ਼ਨ ਸੈਰੇਮਨੀ ‘ਆਗਾਜ਼’ ਦਾ ਆਯੋਜਨ



**ਜਲੰਧਰ (ਇਕਬਾਲ ਸਿੰਘ ਉਭੀ)**- ਸੇਂਟ ਸੋਲਜਰ ਕਾਲਜ (ਕੋ-ਐਡ) ਦੇ ਫਿਜ਼ੀਓਥੈਰੇਪੀ ਵਿਭਾਗ ਨੇ ਨਵੇਂ ਬੈਚ ਲਈ ਇੰਡਕਸ਼ਨ ਸੈਰੇਮਨੀ ‘ਆਗਾਜ਼’ ਦਾ ਆਯੋਜਨ ਕੀਤਾ। ਇਸ ਸਮਾਗਮ ਨੇ ਨਵੇਂ ਵਿਦਿਆਰਥੀਆਂ ਲਈ ਫਿਜ਼ੀਓਥੈਰੇਪੀ ਦੇ ਪੇਸ਼ੇਵਰ ਸਫ਼ਰ ਵਿੱਚ ਪ੍ਰਵੇਸ਼ ਦਾ ਜਸ਼ਨ ਮਨਾ ਕੇ ਇੱਕ ਯਾਦਗਾਰੀ ਸ਼ੁਰੂਆਤ ਕੀਤੀ। ਡਾ. ਕਿਰਨ ਅਰੋੜਾ, ਸਾਬਕਾ ਵਾਈਸ ਚਾਂਸਲਰ, ਐਸ ਡੀ ਐਜੂਕੇਸ਼ਨ ਟਰੱਸਟ, ਜਲੰਧਰ ਮੁੱਖ ਮਹਿਮਾਨ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਅਕਾਦਮਿਕ ਉੱਤਮਤਾ ਪ੍ਰਾਪਤ ਕਰਨ ਅਤੇ ਸਿਹਤ ਸੰਭਾਲ ਵਿੱਚ ਸਮਰਪਣ ਅਤੇ ਸੇਵਾ ਦੇ ਮੁੱਲਾਂ ਨੂੰ ਬਰਕਰਾਰ ਰੱਖਣ ਲਈ ਪ੍ਰੇਰਿਤ ਕੀਤਾ। ਇਹ ਪ੍ਰੋਗਰਾਮ ਡਾਇਰੈਕਟਰ ਡਾ. ਵੀਨਾ ਦਾਦਾ ਤੇ ਪ੍ਰਿੰਸੀਪਲ ਡਾ. ਮਨਜੀਤ ਕੌਰ ਦੀ ਅਗਵਾਈ ਹੇਠ ਕਰਵਾਇਆ ਗਿਆ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੇ ਪੇਸ਼ੇਵਰ ਵਿਕਾਸ ਵਿੱਚ ਅਨੁਸ਼ਾਸਨ, ਨਵੀਨਤਾ ਅਤੇ ਵਚਨਬੱਧਤਾ ਨੂੰ ਗ੍ਰਹਿਣ ਕਰਨ ਲਈ ਉਤਸ਼ਾਹਿਤ ਕੀਤਾ। ਸਮਾਰੋਹ ਦੇ ਹਿੱਸੇ ਵਜੋਂ, ਨਵੇਂ ਵਿਦਿਆਰਥੀਆਂ ਦਾ ਸਵਾਗਤ ਕਰਨ ਲਈ ਸੱਭਿਆਚਾਰਕ ਪ੍ਰੋਗਰਾਮ ਤੇ ਇੰਟਰਐਕਟਿਵ ਸੈਸ਼ਨ ਆਯੋਜਿਤ ਕੀਤੇ ਗਏ। ਇਸ ਸਮਾਗਮ ਦੀ ਮੁੱਖ ਗੱਲ ਮਿਸਟਰ ਤੇ ਮਿਸ ਫਰੈਸ਼ਰ ਮੁਕਾਬਲਾ ਸੀ ਜਿਸ ਵਿੱਚ ਅਮਿਤੋਜਪਾਲ ਸਿੰਘ ਅਤੇ ਨਵਰੂਪ ਕੌਰ ਨੂੰ ਕ੍ਰਮਵਾਰ ਮਿਸਟਰ ਫਰੈਸ਼ਰ ਅਤੇ ਮਿਸ ਫਰੈਸ਼ਰ ਦਾ ਖਿਤਾਬ ਦਿੱਤਾ ਗਿਆ। ਇਸ ਮੌਕੇ ਗਰੁੱਪ ਚੇਅਰਮੈਨ ਅਨਿਲ ਚੋਪੜਾ ਨੇ ਸਾਰੇ ਨਵੇਂ ਵਿਦਿਆਰਥੀਆਂ ਦਾ ਸਵਾਗਤ ਕੀਤਾ ਤੇ ਉਨ੍ਹਾਂ ਦੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਸੈਣੀ ਵੱਲੋਂ ਪਟਾਕ ਮਾਜਰਾ ’ਚ ਵਿਕਾਸ ਲਈ 21 ਲੱਖ ਰੁਪਏ ਦੇਣ ਦਾ ਐਲਾਨ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਐਤਵਾਰ ਨੂੰ ਕੁਰੂਕਸ਼ੇਤਰ ਦੇ ਪਿੰਡ ਪਟਾਕ ਮਾਜਰਾ ਵਿੱਚ ਆਯੋਜਿਤ ਪ੍ਰੋਗਰਾਮ ਨੂੰ ਸੰਬੋਧਿਤ ਕਰ ਰਹੇ ਸਨ। ਮੁੱਖ ਮੰਤਰੀ ਨੇ ਗ੍ਰਾਮੀਣਾਂ ਵੱਲੋਂ ਰੱਖੀ ਗਈ ਸਾਰੀਆਂ ਮੰਗਾਂ ਨੂੰ ਸਬੰਧਿਤ ਵਿਭਾਗ ਦੇ ਕੋਲ ਭੇਜ ਕੇ ਪੂਰਾ ਕਰਵਾਉਣ ਦਾ ਭਰੋਸਾ ਦਿੱਤਾ ਤੇ ਨਾਲ ਹੀ ਪੰਚਾਇਤ ਦੇ ਕੰਮਾਂ ਲਹੀ 21 ਲੱਖ ਰੁਪਏ ਦੇਣ ਦਾ ਐਲਾਨ ਵੀ ਕੀਤਾ।

## ਭਗਵਾਨ ਮਹਾਂਵੀਰ ਦੀ ਵਰ੍ਹੇਗੰਢ ਮਨਾਈ



**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਦੇ ਜੈਨ ਸਥਾਨਕ ਵਿੱਚ ਜੈਨ ਭਾਈਚਾਰੇ ਵੱਲੋਂ ਭਗਵਾਨ ਮਹਾਵੀਰ ਸਵਾਮੀ ਜੀ ਦੀ ਜਨਮ ਵਰ੍ਹੇਗੰਢ ਬਹੁਤ ਸ਼ਰਧਾ, ਉਤਸ਼ਾਹ ਨਾਲ ਮਨਾਈ ਗਈ। ਸਵੇਰ ਤੋਂ ਹੀ ਸਥਾਨਕ ਪਰਿਸਰ ਸ਼ਰਧਾ ਅਤੇ ਭਜਨਾਂ ਦੀਆਂ ਧੁਨਾਂ ਨਾਲ ਗੂੰਜ ਉੱਠਿਆ। ਸਮਾਜ ਦੇ ਲੋਕ, ਮਰਦ ਤੇ ਬੱਚੇ, ਸਾਰੇ ਰਵਾਇਤੀ ਪਹਿਰਾਵੇ ਵਿੱਚ ਵਿਸ਼ੇਸ਼ ਪ੍ਰੋਗਰਾਮ ਵਿੱਚ ਸ਼ਾਮਲ ਹੋਏ।ਪ੍ਰੋਗਰਾਮ ਦੀ ਸ਼ੁਰੂਆਤ ਮੰਗਲਾਚਰਨ ਅਤੇ ਮਹਾਂਵੀਰ ਵੰਦਨਾ ਨਾਲ ਹੋਈ। ਇਸ ਤੋਂ ਬਾਅਦ, ਸਾਧੂਆਂ ਅਤੇ ਸਾਧਵੀਆਂ ਦੀ ਪ੍ਰੇਰਨਾਦਾਇਕ ਮੌਜੂਦਗੀ ਵਿੱਚ ਇੱਕ ਧਾਰਮਿਕ ਸਭਾ ਦਾ ਆਯੋਜਨ ਕੀਤਾ ਗਿਆ। ਬੁਲਾਰਿਆਂ ਨੇ ਭਗਵਾਨ ਮਹਾਂਵੀਰ ਸਵਾਮੀ ਦੇ ਜੀਵਨ, ਅਹਿੰਸਾ, ਸੱਚ ਤੇ ਮੁਆਫ਼ੀ ਵਰਗੇ ਅਨਮੋਲ ਸੰਦੇਸ਼ਾਂ ’ਤੇ ਚਾਨਣਾ ਪਾਇਆ। ਸਵੇਰੇ ਪ੍ਰਭਾਤ ਫੇਰੀ ਕੱਢੀ ਗਈ ਜਿਸ ਵਿੱਚ ਸ਼ਰਧਾਲੂਆਂ ਨੇ ਸ਼ਹਿਰ ਦੇ ਵੱਖ-ਵੱਖ ਰਸਤਿਆਂ ’ਤੇ ਭਜਨ ਗਾ ਕੇ ਸ਼ਾਂਤੀ ਦਾ ਸੰਦੇਸ਼ ਫੈਲਾਇਆ। ਬੱਚਿਆਂ ਅਤੇ ਨੌਜਵਾਨਾਂ ਨੇ ਭਗਵਾਨ ਮਹਾਂਵੀਰ ਦੇ ਜੀਵਨ ਨਾਲ ਸਬੰਧਤ ਝਾਕੀਆਂ ਸਜਾਈਆਂ ਅਤੇ ਪੇਸ਼ ਕੀਤੀਆਂ। ਇਨ੍ਹਾਂ ਝਾਕੀਆਂ ਵਿੱਚ ਮਹਾਵੀਰ ਸਵਾਮੀ ਦੇ ਜਨਮ, ਤਪੱਸਿਆ ਅਤੇ ਉਪਦੇਸ਼ ਦੇ ਦ੍ਰਿਸ਼ਾਂ ਨੂੰ ਦਰਸਾਇਆ ਗਿਆ ਸੀ, ਜਿਨ੍ਹਾਂ ਪ੍ਰਤੀ ਲੋਕਾਂ ਨੇ ਆਪਣੀ ਸ਼ਰਧਾ ਪ੍ਰਗਟ ਕੀਤੀ।ਵਰਤ ਰੱਖਣ ਵਾਲਿਆਂ ਨੂੰ ਸਨਮਾਨਤ ਕੀਤਾ ਗਿਆ। ਬੱਚਿਆਂ ਨੇ ਭਗਵਾਨ ਮਹਾਵੀਰ ’ਤੇ ਕਵਿਤਾਵਾਂ ਅਤੇ ਭਾਸ਼ਣ ਪੇਸ਼ ਕੀਤੇ।

## ਪਹਿਲੀ ਬਰਸੀ ਮੌਕੇ ਵੇਦ ਪ੍ਰਕਾਸ਼ ਨੂੰ ਦਿੱਤੀ ਸ਼ਰਧਾਂਜਲੀ



**ਗੁਰਾਇਆ (ਬਿੰਦਰ ਸੁਮਨ)**- ਪੀ.ਡਬਲਯੂ.ਡੀ.ਫੀਲਡ ਐਂਡ ਵਰਕਰਜ਼ ਯੂਨੀਅਨ ਪੰਜਾਬ, ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸਾਬਕਾ ਸੂਬਾ ਜਨਰਲ ਸਕੱਤਰ,ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ ਫੈਡਰੇਸ਼ਨ ਦੇ ਵਾਈਸ ਚੇਅਰਮੈਨ,ਆਲ ਇੰਡੀਆ ਸਟੇਟ ਗੌਰਮਿੰਟ ਪੈਨਸ਼ਨਰਜ਼ ਫੈਡਰੇਸ਼ਨ ਦੇ ਵਾਈਸ ਪ੍ਰਧਾਨ ਅਤੇ ਮੁਲਾਜ਼ਮ ਲਹਿਰ ਦੇ ਮੁੱਖ ਸੰਪਾਦਕ ਰਹੇ ਸਾਥੀ ਵੇਦ ਪ੍ਰਕਾਸ਼ ਨੂੰ ਉਹਨਾਂ ਦੀ ਪਹਿਲੀ ਬਰਸੀ ਮੌਕੇ ’ਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਜ਼ਿਲ੍ਹਾ ਜਲੰਧਰ ਵੱਲੋਂ ਬਲਵੀਰ ਸਿੰਘ ਦੀ ਪ੍ਰਧਾਨਗੀ ਹੇਠ ਗੁਰਾਇਆ ਵਿਖੇ ਯਾਦ ਕਰਦੇ ਹੋਏ ਸ਼ਰਧਾਂਜਲੀ ਭੇਂਟ ਕਰਦੇ ਹੋਏ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੇ ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ ਫੈਡਰੇਸ਼ਨ ਦੀ ਕੌਮੀ ਕਾਰਜਕਾਰਨੀ ਦੇ ਮੈਂਬਰ ਅਤੇ ਪੈਨਸ਼ਨਰ ਆਗੂ ਤਾਰਾ ਸਿੰਘ ਬੀਕਾ ਨੇ ਕਿਹਾ ਕਿ ਨੌਕਰੀ ਦੇ ਸ਼ੁਰੂਆਤੀ ਦਿਨਾਂ ਤੋਂ ਲੈ ਕੇ ਜ਼ਿੰਦਗੀ ਦੇ ਆਖ਼ਰੀ ਪਲਾਂ ਤੱਕ ਸਾਥੀ ਵੇਦ ਪ੍ਰਕਾਸ਼ ਨੇ ਹਰ ਵਰਗ ਦੇ ਮੁਲਾਜ਼ਮਾਂ ਨੂੰ ਜਥੇਬੰਦ ਕਰਨ ਅਤੇ ਜਥੇਬੰਦੀਆਂ ਬਣਾ ਕੇ ਸੰਘਰਸ਼ਾਂ ਦੇ ਰਾਹ ਤੋਰਨ ਦਾ ਬਹੁਤ ਹੀ ਵੱਡਮੁੱਲਾ ਕਾਰਜ ਕੀਤਾ।ਬਾਸੀ ਅਤੇ ਕੌੜਾ ਨੇ ਕਿਹਾ ਕਿ ਵੇਦ ਪ੍ਰਕਾਸ਼ ਨੂੰ ਉਹਨਾਂ ਦੀ ਪਹਿਲੀ ਬਰਸੀ ਦੇ ਮੌਕੇ ’ਤੇ ਸੱਚੀ ਸੁੱਚੀ ਸ਼ਰਧਾਂਜਲੀ ਇਹੋ ਹੋ ਸਕਦੀ ਹੈ ਉਹਨਾਂ ਦੇ ਅਧੂਰੇ ਕਾਰਜਾਂ ਨੂੰ ਪੂਰਾ ਕਰਨ ਲਈ ਸਮੂਹ ਵਰਗਾਂ ਦੇ ਕਿਰਤੀਆਂ ਨੂੰ ਜਥੇਬੰਦ ਕਰੀਏ। ਇਸ ਸਮੇਂ ਹੋਰਨਾਂ ਤੋਂ ਇਲਾਵਾ ਤੀਰਥ ਸਿੰਘ ਬਾਸੀ,ਤਾਰਾ ਸਿੰਘ ਬੀਕਾ, ਸਤਪਾਲ ਮਹਿਮੀ,ਓਮ ਪ੍ਰਕਾਸ਼, ਬਲਵੀਰ ਸਿੰਘ, ਰਤਨ ਸਿੰਘ, ਸਰਬਜੀਤ ਕੁਮਾਰ, ਮਨਦੀਪ ਸਿੰਘ, ਸੂਰਜ ਕੁਮਾਰ,ਹਰੀ ਰਾਮ, ਬਲਜੀਤ ਮਾਹਲ, ਅਸ਼ੋਕ ਕੁਮਾਰ ਆਦਿ ਹਾਜ਼ਰ ਸਨ।

## ਯਾਦਗਾਰੀ ਹੋ ਨਿੱਬੜਿਆ ਛਿੰਞ ਮੇਲਾ ਸੁੰਨੜ ਕਲਾਂ ਦਾ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਗੁੱਗਾ ਜਾਹਰ ਵੀਰ ਜੀ ਛਿੰਝ ਕਮੇਟੀ ਵਲੋਂ, ਐਨ ਆਰ ਆਈ ਵੀਰਾਂ, ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਗੁੱਗਾ ਜਾਹਰ ਵੀਰ ਦਾ ਸਲਾਨਾ 19 ਵਾਂ ਛਿੰਝ ਮੇਲਾ ਪਿੰਡ ਸੁੰਨੜ ਕਲਾਂ ਵਿਖੇ ਕਰਵਾਇਆ ਗਿਆ। ਜਿਸ ਵਿੱਚ ਵੱਖ ਵੱਖ ਪਹਿਲਵਾਨਾਂ ਨੇ ਹਿੱਸਾ ਲਿਆ। ਇਸ ਮੇਲੇ ਦੀ ਸ਼ੁਰੂਆਤ ਗੁੱਗਾ ਜਾਹਰ ਵੀਰ ਜੀ ਦੇ ਸ਼ਕੰਡੀ ਵਾਲੇ ਬਾਬਾ ਰਾਣਾ ਬਾਬਾ ਜੀ ਵਲੋਂ ਪਟਕੇ ਦੇ ਸਾਥ ਸਾਥ ਪਿੰਡ ਦੀ ਪ੍ਰਕਰਮਾ ਕਰਕੇ ਪਟਕਾ ਛਿੰਝ ਦੇ ਮੈਦਾਨ ਵਿੱਚ ਲਿਆਂਦਾ ਗਿਆ ਅਤੇ ਭੰਡਾਲ ਵਿੱਚ ਛਿੰਝ ਕਮੇਟੀ ਅਤੇ ਹੋਰ ਸੰਗਤਾਂ ਵਲੋਂ ਲੋਕਾਂ ਦੀ ਸੁੱਖ ਸ਼ਾਂਤੀ ਲਈ ਅਰਦਾਸ ਕੀਤੀ ਗਈ ਅਤੇ ਪ੍ਰਸ਼ਾਦ ਆਦਿ ਵਰਤਾਇਆ ਗਿਆ। ਮੇਲੇ ਦੀ ਸ਼ੁਰੂਆਤ ਵਿੱਚ ਇੰਟਰਨੈਸ਼ਨਲ ਗਾਇਕ ਦੋਗਾਣਾ ਜੋੜੀ ਸਰਫੂ ਸਦੀਕ ਅਤੇ ਰਣਵੀਰ ਕੌਰ ਨੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਅਤੇ ਦੁਪਹਿਰੋ ਬਾਅਦ ਇੰਟਰਨੈਸ਼ਨਲ ਪ੍ਰਸਿੱਧ ਗਾਇਕ ਦੋਗਾਣਾ ਜੋੜੀ ਅਮਰ ਅਰਸ਼ੀ ਅਤੇ ਬੀਬਾ ਨਰਿੰਦਰਜੋਤ ਨੇ ਗੀਤਾਂ ਰਾਹੀਂ ਰੰਗ ਬੰਨ੍ਹਿਆ। ਉਪਰੰਤ ਛਿੰਝ ਦੇ ਇਸ ਮੈਦਾਨ ਅੰਦਰ ਪਹਿਲੇ ਪਟਕੇ ਦੀ ਕੁਸ਼ਤੀ ਵਿੱਚ ਅਸ਼ੀਸ਼ ਹੁੰਡਾ ਅਤੇ ਭੁਪਿੰਦਰ ਅਜਨਾਲਾ ਵਿੱਚ ਬਹੁਤ ਜ਼ਬਰਦਸਤ ਮੁਕਾਬਲਾ ਹੋਇਆ ਤੇ ਆਖ਼ਰਕਾਰ ਭੁਪਿੰਦਰ ਅਜਨਾਲਾ ਨੇ ਅਸ਼ੀਸ਼ ਹੁੰਡਾ ਨੂੰ ਚਿੱਤ ਕਰਕੇ ਪਟਕੇ ਦਾ ਪਹਿਲਾ ਇਨਾਮ ਫੋਰਡ ਟਰੈਕਟਰ ਸਵ; ਲਹਿੰਬਰ ਸਿੰਘ ਫਰੀਦ ਦੇ ਪਰਵਾਰ ਬਲਰਾਜ ਸਿੰਘ ਫਰੀਦ, ਸਰਬਜੀਤ ਸਿੰਘ ਫਰੀਦ, ਅਮ੍ਰਿਤ ਸਿੰਘ ਫਰੀਦ, ਮਹਿੰਦਰ ਸਿੰਘ ਫਰੀਦ ਦੇ ਪਰਵਾਰ ਵਲੋਂ ਦਿੱਤਾ ਗਿਆ।ਦੂਸਰੀ ਕੁਸ਼ਤੀ ਦਾ ਇਨਾਮ 51 ਹਜ਼ਾਰ ਰੁਪਏ ਕੁੰਦਨ ਸਿੰਘ ਵਾਰੀਆ ਦੇ ਪਰਵਾਰ ਗੁਰਮੁੱਖ ਸਿੰਘ, ਕੁਲਜੀਤ ਸਿੰਘ ਵਲੋਂ ਦਿੱਤਾ ਗਿਆ। ਤੀਸਰਾ ਇਨਾਮ 35 ਹਜ਼ਾਰ ਰੁਪਏ ਦਾ ਅਭਿਤਾਜ ਸਿੰਘ ਜਵਾਹਰਕੇ, ਸੁਖਰਾਜ ਸਿੰਘ ਜਵਾਹਰਕੇ ਦੇ ਪਰਵਾਰ ਵਲੋਂ ਅਤੇ ਚੌਥਾ ਇਨਾਮ 21 ਹਜ਼ਾਰ ਰੁਪਏ ਹਰਜੀਤ ਸਿੰਘ ਗਹੀਰ ਦੇ ਬੇਟੇ ਅਮਨਦੀਪ ਸਿੰਘ ਗਹੀਰ ਕਨੇਡਾ ਵਲੋਂ ਦਿੱਤਾ ਗਿਆ। ਸਪੈਸ਼ਲ ਕੁਸ਼ਤੀ 25 ਹਜ਼ਾਰ ਰੁਪਏ ਦਾ ਇਨਾਮ ਗੁਰਚੇਤਨ ਸਿੰਘ ਯੂ ਕੇ ਵਲੋਂ ਦਿੱਤਾ ਗਿਆ। ਵਿਸ਼ੇਸ਼ ਤੌਰ +ਤੇ ਸਪੈਸ਼ਲ ਕੁਸਤੀ ਦਾ ਇਨਾਮ ਜੋ ਕਿ ਲਗਾਤਾਰ ਪਿਛਲੇ ਤਿੰਨ ਸਾਲਾਂ ਤੋਂ ਸੱਜਰੀ ਸੂਈ ਝੋਟੀ ਦਿੰਦੇ ਆ ਰਹੇ ਹਨ ਅਤੇ ਇਸ ਵਾਰ ਵੀ ਜਵਾਹਰਕੇ ਪਰਵਾਰ ਦੇ ਸੁਲਿੰਦਰ ਸਿੰਘ ਲੱਖੋ ਜਵਾਹਰਕੇ, ਹਰਵਿੰਦਰ ਸਿੰਘ ਜਵਾਹਰਕੇ, ਪਰਵਾਰ ਵਲੋਂ ਸੱਜਰੀ ਸੂਈ ਝੋਟੀ ਦਿੱਤੀ ਗਈ। ਮੇਲੇ ਵਿਚ ਫ਼ਰੀਦ ਪਰਵਾਰ ਦੇ ਉੱਘੇ ਸਮਾਜ ਸੇਵਕ ਅਤੇ ਰਹਿ ਚੁੱਕੇ ਪੰਚਾਇਤ ਮੈਂਬਰ ਅਵਤਾਰ ਸਿੰਘ ਤਾਰੀ ਵਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਲੋਕਾਂ ਵਿੱਚਕਾਰ 5 ਸਾਈਕਲ ਦਿੱਤੇ ਗਏ। ਕਲਾਕਾਰਾਂ ਦੀ ਸਪੌਂਸਰ ਦੀ ਸੇਵਾ ਕੁਲਵਿੰਦਰ ਸਿੰਘ ਯੂਕੇ, ਅਮਨਾ, ਨੀਤੀ ਇਟਲੀ, ਨਵਨੀਤ ਪ੍ਰਸਾਦ ਇਟਲੀ ਅਤੇ ਹੋਰ ਐਨ ਆਰ ਆਈ ਵੀਰਾਂ ਵਲੋਂ ਕੀਤੀ ਗਈ। ਛਿੰਝ ਮੇਲੇ ਦੀ ਖੁਸ਼ੀ ਵਿੱਚ ਮਸ਼ਹੂਰ ਦਾਨੀ ਸੱਜਣ ਅਤੇ ਸਾਬਕਾ ਸਰਪੰਚ ਗੁਰਦੇਵ ਚੰਦ, ਅਸ਼ੋਕ ਕੁਮਾਰ ਅਤੇ ਚਰਨਜੀਤ ਸਿੰਘ ਕਨੇਡਾ ਦੇ ਪਰਵਾਰ ਵਲੋਂ ਇੱਕ ਲੱਖ ਰੁਪਏ ਦੀ ਸੇਵਾ ਕੀਤੀ ਗਈ। ਲੰਗਰ ਦੀ ਸੇਵਾ ਵੀ ਜਵਾਹਰਕੇ ਪਰਵਾਰ ਵਲੋਂ ਚਾਹ, ਪਾਣੀ, ਠੰਢੇ ਮਿੱਠੇ ਜਲ ਦੀਆਂ ਛਬੀਲਾਂ, ਮਠਿਆਈਆਂ, ਦਾਲ ਰੋਟੀ ਆਦਿ ਦੇ ਲੰਗਰ ਵਰਤਾਏ ਗਏ। ਇਸ ਮੇਲੇ ਵਿੱਚ ਸਾਰਾ ਪ੍ਰਬੰਧ ਛਿੰਝ ਕਮੇਟੀ, ਐਨ ਆਰ ਆਈ ਵੀਰਾ, ਸਮੂਹ ਨਗਰ ਨਿਵਾਸੀਆਂ ਨੇ ਏਕੇ ਦਾ ਸਾਥ ਦੇ ਕੇ ਆਏ ਹੋਏ ਮਹਿਮਾਨਾਂ, ਅਤੇ ਹੋਰ ਉੱਘੀਆਂ ਮਹਾਂਨ ਸ਼ਖ਼ਸੀਅਤਾਂ, ਉੱਘੇ ਸਮਾਜ ਸੇਵਕ ਅਤੇ ਜੋਤਿਸ਼ ਦੇ ਮਾਹਿਰ ਪ੍ਰਮਜੀਤ ਪੰਮਾਂ ਚਾਹਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਸਮੇਂ ਨਾਇਬ ਤਹਿਸੀਲਦਾਰ ਨੂਰਮਹਿਲ ਦੇ ਮਾਹੀ ਸਾਹਿਬ ਅਤੇ ਨੂਰਮਹਿਲ ਦੇ ਠਾਣੇ ਦੇ ਐਸ ਐਚ ਓ ਦਾ ਮਾਣ ਸਨਮਾਨ ਕੀਤਾ ਗਿਆ। ਇਸ ਛਿੰਝ ਮੇਲੇ ਵਿੱਚ ਛਿੰਝ ਕਮੇਟੀ ਦੇ ਪ੍ਰਧਾਨ ਅਮਰਜੀਤ ਸਿੰਘ ਜਵਾਹਰਕੇ, ਖਜ਼ਾਨਚੀ ਅਮਰਜੀਤ ਸਿੰਘ ਨੇ ਲੰਬੜਦਾਰ, ਕੈਸ਼ੀਅਰ ਬਗੀਚਾ ਸਿੰਘ, ਵਾਈਸ ਪ੍ਰਧਾਨ ਰਾਜੀਵ ਜੋਸ਼ੀ, ਜੁਝਾਰ ਸਿੰਘ, ਪਰਮਜੀਤ ਸਿੰਘ, ਮਨਿੰਦਰ ਸਿੰਘ, ਸੀਨੀਅਰ ਪੱਤਰਕਾਰ ਅਵਤਾਰ ਚੰਦ, ਕੁਲਵਿੰਦਰ ਸਿੰਘ ਜਵਾਹਰਕੇ, ਜੱਸਾ ਸਿੰਘ, ਸੁਖਵਿੰਦਰ ਸਿੰਘ ਪੰਚ, ਸੁਖਜੀਤ ਸਿੰਘ ਸੀਤਾ, ਨੀਤੀ ਇਟਲੀ, ਬੱਬੂ ਲੰਬੜਦਾਰ, ਪਰਮਜੀਤ ਸਿੰਘ ਕਾਲ਼ਾ, ਸਰਪ੍ਰੀਤ ਸਿੰਘ ਚੇਲੇ ਪਰਵਾਰ, ਮਨਿੰਦਰ ਸਿੰਘ ਵਾਰੀਆ, ਤਜਿੰਦਰ ਸਿੰਘ, ਮਨਿੰਦਰ ਸਿੰਘ, ਲੱਕੀ ਬਿਹਾਲ, ਬਿਹਾਲ ਪਰਵਾਰ, ਗੁਰਸ਼ਰਨ ਸਿੰਘ ਜਸਪਰੀਤ ਸਿੰਘ, ਇਕਬਾਲ ਸਿੰਘ, ਪਰਮਜੀਤ ਸਿੰਘ, ਕੁਲਵਿੰਦਰ ਸਿੰਘ ਆਦਿ ਮੈਂਬਰਾਂ ਨੇ ਸੇਵਾਵਾਂ ਨਿਭਾਈਆਂ।

26-AUG-PAGE-10.qxd 8/25/2025 10:44 PM Page 1



## ਖ਼ੂਨਦਾਨ ਕੈਂਪ 'ਚ 106 ਯੂਨਿਟ ਖ਼ੂਨਦਾਨ



**ਬੁਢਲਾਡਾ (ਅਸ਼ੋਕ ਲਾਕੜਾ)**-ਬ੍ਰਹਮਕੁਮਾਰੀਜ਼ ਦੇ ਸਹਿਯੋਗ ਨਾਲ ਸਮਾਜ ਸੇਵੀ ਸੰਸਥਾ ਨੇਕੀ ਫਾਊਂਡੇਸ਼ਨ ਵੱਲੋਂ ਬ੍ਰਹਮਕੁਮਾਰੀ ਸੇਵਾ ਕੇਂਦਰ, ਨਜ਼ਦੀਕ ਸਿਟੀ ਪੁਲਿਸ ਥਾਣਾ ਵਿਖੇ ਵਿਸ਼ਾਲ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ।ਕੈਂਪ ਵਿੱਚ ਕੁੱਲ 106 ਯੂਨਿਟ ਖ਼ੂਨ ਇਕੱਠਾ ਹੋਇਆ, ਜੋ ਮਰੀਜ਼ਾਂ ਦੀ ਜ਼ਿੰਦਗੀ ਬਚਾਉਣ ਲਈ ਵਰਤਿਆ ਜਾਵੇਗਾ। ਕੈਂਪ ਰਾਜਯੋਗਿਨੀ ਦਾਦੀ ਪ੍ਰਕਾਸ਼ਮਣੀ ਜੀ ਦੀ 18ਵੀਂ ਬਰਸੀ ਨੂੰ ਸਮਰਪਤ ਕੀਤਾ ਗਿਆ। ਦਾਦੀ ਪ੍ਰਕਾਸ਼ਮਣੀ ਜੀ ਬ੍ਰਹਮਕੁਮਾਰੀ ਸੰਸਥਾ ਦੀ ਮੁੱਖ ਪ੍ਰਬੰਧਕ ਰਹੇ ਹਨ ਤੇ ਉਨ੍ਹਾਂ ਨੇ ਸਾਰੀ ਜ਼ਿੰਦਗੀ ਸਮਾਜ ਸੇਵਾ, ਅਧਿਆਤਮਕਤਾ ਤੇ ਨੈਤਿਕ ਮੁੱਲਾਂ ਦੇ ਪ੍ਰਚਾਰ ਲਈ ਸਮਰਪਤ ਕੀਤੀ।ਉਨ੍ਹਾਂ ਦੇ ਆਦਰਸ਼ਾਂ ਤੋਂ ਪ੍ਰੇਰਿਤ ਹੋ ਕੇ ਇਹ ਕੈਂਪ ਆਯੋਜਤ ਕੀਤਾ ਗਿਆ।ਸਮਾਗਮ ਦੌਰਾਨ ਬ੍ਰਹਮਕੁਮਾਰੀ ਰਜਿੰਦਰ ਦੀਦੀ ਜੀ ਨੇ ਸਭ ਖ਼ੂਨਦਾਨੀਆਂ ਨੂੰ ਸਨਮਾਨਤ ਕੀਤਾ ਤੇ ਉਨ੍ਹਾਂ ਨੂੰ ਮੈਡਲ, ਬੈਗ ਤੇ ਸਰਟੀਫਿਕੇਟ ਭੇਟ ਕਰਕੇ ਹੌਸਲਾ ਅਫ਼ਜ਼ਾਈ ਕੀਤੀ।

## ਹੜ੍ਹ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਦਾ ਮਸੀਹਾ ਬਣ ਕੇ ਆਏ ਆਵਲਾ



**ਜਲਾਲਾਬਾਦ (ਜੰਗੀਰ ਕੌਰ, ਜੀਤ ਕੁਮਾਰ)**-ਸਰਹੱਦੀ ਇਲਾਕੇ ਦੇ ਹੜ੍ਹਾਂ ਦੀ ਮਾਰ ਹੇਠ ਆਏ ਪਿੰਡਾਂ ਦੀ ਸਾਰ ਲੈਣ ਲਈ ਸਾਬਕਾ ਵਿਧਾਇਕ ਰਮਿੰਦਰ ਸਿੰਘ ਆਂਵਲਾ ਵੱਲੋਂ ਦੌਰਾ ਕੀਤਾ ਗਿਆ। ਆਵਲਾ ਲੋਕਾਂ ਲਈ ਹਮੇਸ਼ਾ ਦੀ ਤਰ੍ਹਾਂ ਜਲਾਲਾਬਾਦ ਤੋਂ ਇੱਕ ਮਸੀਹਾ ਬਣ ਕੇ ਅੱਗੇ ਆਏ ਹਨ। ਉਨ੍ਹਾਂ ਵੱਲੋਂ ਆਪਣੀ ਟੀਮ ਨਾਲ ਹੜ੍ਹ ਪ੍ਰਭਾਵਤ ਇਲਾਕਿਆਂ ਦਾ ਦੌਰਾ ਕੀਤਾ ਗਿਆ ਤੇ ਇੱਥੋਂ ਦੇ ਲੋਕਾਂ ਦੀਆਂ ਸਮੱਸਿਆਂਵਾਂ ਸੁਣੀਆਂ। ਸਤਲੁਜ ਦਰਿਆ 'ਚ ਪਾਣੀ ਵਧਣ ਕਾਰਨ ਸਰਹੱਦੀ ਇਲਾਕੇ ਦੇ ਕਈ ਪਿੰਡਾਂ ਦਾ ਸੰਪਰਕ ਆਮ ਲੋਕਾਂ ਨਾਲੋਂ ਟੁੱਟ ਚੁੱਕਿਆ ਹੈ। ਲੋਕਾਂ ਨੂੰ ਨਿੱਤ ਵਰਤੋਂ ਦੀਆਂ ਚੀਜ਼ਾਂ ਦੀ ਬੜੀ ਦਿੱਕਤ ਪੇਸ਼ ਆ ਰਹੀ ਹੈ। ਸਾਬਕਾ ਵਿਧਾਇਕ ਰਮਿੰਦਰ ਆਂਵਲਾ ਨੂੰ ਲੋਕਾਂ ਵੱਲੋਂ ਦੱਸਿਆ ਗਿਆ ਕਿ ਸਭ ਵੱਧ ਤੋਂ ਤੰਗੀ ਪਸ਼ੂਆਂ ਲਈ ਹਰੇ ਚਾਰੇ ਦੀ ਆ ਰਹੀ ਹੈ। ਵਿਧਾਇਕ ਆਂਵਲਾ ਵੱਲੋਂ ਤੁਰੰਤ ਨੇੜਲੀਆਂ ਸਾਰੀਆਂ ਮੱਕੀ ਦਾ ਆਚਾਰ ਪੈਕ ਕਰਨ ਵਾਲੀਆਂ ਫੈਕਟਰੀਆਂ ਤੋਂ ਆਚਾਰ ਦੀਆਂ ਗੱਠਾਂ ਮੰਗਵਾ ਕੇ ਕਈ ਟਰਾਲੀਆਂ ਆਚਾਰ ਦੀਆਂ ਬਲਾਕ ਜਲਾਲਾਬਾਦ ਦੇ ਪੈਂਦੇ ਪਿੰਡ ਸੰਤੋਖ ਸਿੰਘ ਵਾਲਾ, ਆਤੂਵਾਲਾ, ਚੱਕ ਖੀਵਾ, ਧੁਕਨੀਆ, ਢਾਣੀ ਬਚਨ ਤੇ ਦਰਿਆ ਦੇ ਨਾਲ ਲਗਦੇ ਪਿੰਡਾਂ ਦੇ ਲੋਕਾਂ ਨੂੰ ਵੰਡੀਆਂ ਗਈਆਂ। ਉਨ੍ਹਾਂ ਵੱਲੋਂ ਹੜ੍ਹ ਪ੍ਰਭਾਵਿਤ ਪਿੰਡਾਂ ਦੇ ਲੋਕਾਂ ਨੂੰ ਕਿਹਾ ਕਿ ਜਿਸ ਵੀ ਚੀਜ਼ ਦੀ ਲੋੜ ਹੋਵੇ ਤਾਂ ਤੁਰੰਤ ਸਾਡੀ ਟੀਮ ਨਾਲ ਸੰਪਰਕ ਕੀਤਾ ਜਾਵੇ ਤਾਂ ਜੋ ਉਹਨਾ ਸਮੇਂ ਅਨੁਸਾਰ ਜਿੱਥੇ ਵੀ ਹਰ ਤਰ੍ਹਾਂ ਜ਼ਰੂਰਤ ਦੀਆਂ ਚੀਜ਼ਾਂ ਲੋਕਾਂ ਨੂੰ ਲੋੜ ਪੈਂਦੀ ਹੈ, ਅਸੀਂ ਉਨ੍ਹਾਂ ਨਾਲ ਖੜੇ ਹਾਂ।

## ਸੁਨਾਮ ਟ੍ਰੈਫਿਕ ਪੁਲਸ ਵੱਲੋਂ ਈ ਰਿਕਸ਼ਾ ਦੀ ਚੈਕਿੰਗ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਟ੍ਰੈਫਿਕ ਪੁਲਸ ਸੁਨਾਮ ਦੇ ਇੰਚਾਰਜ ਏਐੱਸਆਈ ਨਿਰਭੈ ਸਿੰਘ ਵੱਲੋਂ ਸੁਨਾਮ ਸ਼ਹਿਰ ਵਿੱਚ ਚੱਲ ਰਹੇ ਈ ਰਿਕਸ਼ਿਆਂ ਦੀ ਚੈਕਿੰਗ ਕੀਤੀ ਗਈ, ਜਿਹੜੇ ਡਰਾਈਵਰ ਸ਼ਰਾਬ ਪੀ ਕੇ ਵਾਹਨ ਚਲਾਉਂਦੇ ਹਨ, ਉਨ੍ਹਾਂ ਦੇ ਚਲਾਨ ਵੀ ਕੱਟੇ ਗਏ। ਇਸ ਮੌਕੇ ਏ ਐੱਸ ਆਈ ਨਿਰਭੈ ਸਿੰਘ ਨੇ ਕਿਹਾ ਕਿ ਜਿਹੜੇ ਵਾਹਨ ਚਾਲਕ ਚਾਹੇ ਕਿਸੇ ਤਰ੍ਹਾਂ ਦਾ ਵੀ ਵਹੀਕਲ ਹੋਵੇ, ਸ਼ਰਾਬ ਪੀ ਕੇ ਡਰਾਈਵਰਿੰਗ ਕਰਨਗੇ। ਉਨ੍ਹਾਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ, ਉਨ੍ਹਾਂ ਦੇ ਚਲਾਨ ਵੀ ਕੀਤੇ ਜਾਣਗੇ ਤੇ ਜਬਤ ਵੀ ਕੀਤਾ ਜਾ ਸਕਦਾ ਹੈ। ਇਸ ਮੌਕੇ ਉਨ੍ਹਾਂ ਨਾਲ ਪੁਲਸ ਮੁਲਾਜ਼ਮ ਐੱਚ ਸੀ ਪਰਮਿੰਦਰ ਸਿੰਘ, ਏਐੱਸਆਈ ਜਰਨੈਲ ਸਿੰਘ, ਟ੍ਰੈਫਿਕ ਮਾਰਸ਼ਲ ਇੰਚਾਰਜ ਪੰਕਜ ਅਰੋੜਾ, ਟ੍ਰੈਫਿਕ ਮਾਰਸ਼ਲ ਸੁਖਦੇਵ ਸਿੰਘ, ਸੁਨੀਲ ਕੁਮਾਰ ਹਾਜ਼ਰ ਸਨ।

## ਲੋੜਵੰਦ ਪਰਵਾਰਾਂ ਨੂੰ ਸਹਾਇਤਾ ਰਾਸ਼ੀ ਦੇ ਚੈੱਕ ਵੰਡੇ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਦੁਬਈ ਦੇ ਉੱਘੇ ਕਾਰੋਬਾਰੀ ਤੇ ਉੱਘੇ ਸਮਾਜ ਸੇਵੀ ਡਾ. ਐੱਸ ਪੀ ਸਿੰਘ ਉਬਰਾਏ ਦੀ ਯੋਗ ਅਗਵਾਈ ਵਿੱਚ ਤੇ ਕੌਮੀ ਪ੍ਰਧਾਨ ਜੱਸਾ ਸਿੰਘ ਸੰਧੂ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਫਿਰੋਜ਼ਪੁਰ ਸਿਟੀ ਦੇ ਬੱਸ ਸਟੈਂਡ ਅੰਦਰ ਬਣੇ ਕਾਮਰੇਡ ਦਿਆਲ ਸਿੰਘ ਸੰਧੂ ਹਾਲ ਵਿਚ ਕਰਵਾਏ ਗਏ ਸਾਦੇ ਸਮਾਗਮ ਦੌਰਾਨ ਫਿਰੋਜ਼ਪੁਰ ਤੇ ਮਮਦੋਟ ਇਲਾਕੇ ਨਾਲ ਸਬੰਧਤ 30 ਜ਼ਰੂਰਤਮੰਦਾਂ, ਵਿਧਵਾਵਾਂ ਤੇ ਅੰਗਹੀਣ ਪਰਿਵਾਰਾਂ ਨੂੰ ਆਰਥਕ ਸਹਾਇਤਾ ਰਾਸ਼ੀ ਦੇ ਚੈੱਕ ਵੰਡੇ ਗਏ। ਇਹ ਚੈੱਕ ਸੰਸਥਾ ਦੇ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ ਅਮਰਜੀਤ ਕੌਰ ਛਾਬੜਾ ਅਤੇ ਸਿਟੀ ਤੇ ਛਾਉਣੀ ਦੇ ਇੰਚਾਰ ਬਲਵਿੰਦਰਪਾਲ ਸ਼ਰਮਾ ਅਤੇ ਹੋਰ ਮੈਂਬਰਾਂ ਵੱਲੋਂ ਵੰਡੇ ਗਏ। ਇਸ ਮੌਕੇ ਜ਼ਿਲ੍ਹਾ ਮੀਤ ਪ੍ਰਧਾਨ ਦਵਿੰਦਰ ਸਿੰਘ ਛਾਬੜਾ ਸਿਟੀ, ਛਾਉਣੀ ਦੇ ਇਸਤਰੀ ਵਿੰਗ ਦੇ ਇੰਚਾਰਜ ਤਲਵਿੰਦਰ ਕੌਰ ਤੇ ਰਣਧੀਰ ਜੋਸ਼ੀ ਨੇ ਦੱਸਿਆ ਕਿ ਸੰਸਥਾ ਦੇ ਬਾਨੀ ਡਾ. ਐੱਸ ਪੀ ਸਿੰਘ ਓਬਰਾਏ ਵੱਲੋਂ ਲੰਮੇ ਸਮੇਂ ਤੋਂ ਲੋੜਵੰਦਾਂ ਦੀ ਭਲਾਈ ਦੇ ਕਿਸੇ ਹੋਰ ਤੋਂ ਮਾਲੀ ਮੱਦਦ ਲਏ ਆਪਣੇ ਕੋਲੋਂ ਹੀ ਲਗਾਤਾਰ ਆਰਥਿਕ ਸਹਾਇਤਾ ਕੀਤੀ ਜਾ ਰਹੀ ਹੈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ, ਸਿਟੀ ਤੇ ਛਾਉਣੀ ਦੇ ਇੰਚਾਰਜ਼ ਬਲਵਿੰਦਰ ਪਾਲ ਸ਼ਰਮਾ, ਇੰਚਾਰਜ ਇਸਤਰੀ ਵਿੰਗ ਛਾਉਣੀ ਤੇ ਸਿਟੀ ਤਲਵਿੰਦਰ ਕੌਰ, ਮੈਂਬਰ ਰਣਧੀਰ ਜੋਸ਼ੀ, ਕੰਵਲਜੀਤ ਸਿੰਘ ਤੇ ਹੋਰ ਪਤਵੰਤੇ ਮੌਜੂਦ ਸਨ।

## ਸਾਈਕਲ ਕੰਪੇਨ ਫਿੱਟ ਇੰਡੀਆ ਮੁਹਿੰਮ ਤਹਿਤ ਸਾਈਕਲ ਰੈਲੀ



**ਜਗਰਾਓਂ (ਅਮਿਤ ਖੰਨਾ)**-ਐਸਐਸਪੀ ਡਾਕਟਰ ਅੰਕੁਰ ਗੁਪਤਾ ਆਈਪੀਐਸ ਦੇ ਦਿਸ਼ਾ ਨਿਰਦੇਸ਼ਾਂ ਤੇ ਪੰਜਾਬ ਪੁਲਿਸ ਲੁਧਿਆਣਾ ਦਿਹਾਤੀ ਵੱਲੋਂ ਸਾਡੇ ਸਮਾਜ ਨੂੰ ਨਸ਼ੇ ਤੋਂ ਦੂਰ ਰਹਿਣ ਤੇ ਆਪਣੀ ਸਿਹਤ ਸੰਭਾਲ ਜਾਗਰੂਕਤਾ ਲਈ ਸ਼ਹਿਰ ਨਿਵਾਸੀਆਂ ਦੇ ਸਹਿਯੋਗ ਨਾਲ ਸੰਡੇ ਆਨ ਸਾਈਕਲ ਕੈਮਪੇਨ ਫਿਟ ਇੰਡੀਆ ਮੁਹਿੰਮ ਤਹਿਤ ਸਾਈਕਲ ਰੈਲੀ ਦਾ ਆਯੋਜਨ ਕੀਤਾ ਗਿਆ, ਜੋ ਤਹਿਸੀਲ ਚੌਂਕ ਤੋਂ ਸ਼ੁਰੂ ਹੋ ਕੇ ਝਾਂਸੀ ਰਾਣੀ ਚੌਂਕ ਤੋਂ ਹੋਟਲ ਫਾਈਵ ਰਿਵਰ ਹੁੰਦੀ ਹੋਈ ਤਹਿਸੀਲ ਚੌਂਕ 'ਤੇ ਸਮਾਪਤ ਹੋਈ, ਜਿਸ ਵਿੱਚ ਜਸਜੋਤ ਸਿੰਘ ਡੀਐਸਪੀ ਸਿਟੀ ਜਗਰਾਉਂ, ਇੰਸਪੈਕਟਰ ਅਮਰਜੀਤ ਸਿੰਘ ਐਸ.ਐਚ.ਓ ਸਿਟੀ ਰਾਏਕੋਟ, ਇੰਸਪੈਕਟਰ ਪਰਮਿੰਦਰ ਸਿੰਘ ਐਸਐਚਓ ਸਿਟੀ, ਟੋਨੀ ਵਰਮਾ ਮੈਂਬਰ ਜ਼ਿਲ੍ਹਾ ਸਾਂਝ ਕਮੇਟੀ ਸਬ ਇੰਸਪੈਕਟਰ ਸੁਰਜੀਤ ਸਿੰਘ ਐਸ.ਐਚ.ਓ ਸਦਰ, ਸਬ ਇੰਸਪੈਕਟਰ ਗੁਰਦੀਪ ਸਿੰਘ ਐਸ ਐਚ ਓ ਸੁਧਾਰ, ਏਐਸਆਈ ਸੁਖਵਿੰਦਰ ਸਿੰਘ ਇੰਚਾਰਜ ਬਸ ਸਟੈਂਡ ਚੌਂਕੀ, ਏਐਸਆਈ ਤਰਸੇਮ ਸਿੰਘ ਇੰਚਾਰਜ ਗਾਲਿਬ ਚੌਂਕੀ, ਏਐਸਆਈ ਸਤਬੀਰ ਸਿੰਘ ਇੰਚਾਰਜ ਜ਼ਿਲ੍ਹਾ ਸਾਂਝ, ਹੈੱਡ ਕਾਂਸਟੇਬਲ ਹਰਪ੍ਰੀਤ ਸਿੰਘ ਸਾਂਝ, ਕਲਰਕ ਜਸਬੀਰ ਸਿੰਘ ਐਸਐਸਪੀ ਆਫ਼ਿਸ, ਜਗਤਾਰ ਸਿੰਘ ਪੀਏ ਐਸਐਸਪੀ ਸ਼ਹਿਰ ਨਿਵਾਸੀ ਸ਼ਾਮਲ ਹੋਏ।

## ਗੁਰੂ ਗ੍ਰੰਥ ਸਾਹਿਬ ਦੇ ਪਹਿਲੇ ਪ੍ਰਕਾਸ਼ ਪੁਰਬ ਮੌਕੇ ਗ੍ਰੰਥੀਆਂ ਦਾ ਸਨਮਾਨ



**ਸੰਗਰੂਰ (ਪ੍ਰਵੀਨ ਸਿੰਘ)**-ਗੁਰਦੁਆਰਾ ਸਾਹਿਬਾਨ ਪ੍ਰਬੰਧਕ ਤਾਲਮੇਲ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਸ੍ਰੀ ਗੁਰੂ ਰਵਿਦਾਸ ਜੀ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਹਿਲੇ ਪ੍ਰਕਾਸ਼ ਪੁਰਬ ਤੇ ਗ੍ਰੰਥੀ ਸਥਾਪਨਾ ਦਿਵਸ ਮੌਕੇ ਵਿਸ਼ੇਸ਼ ਗੁਰਮਤਿ ਸਮਾਗਮ ਕਰਾਇਆ ਗਿਆ। ਗੁਰਦੁਆਰਾ ਸਾਹਿਬ ਦੇ ਗ੍ਰੰਥੀ ਭਾਈ ਮੱਖਣ ਸਿੰਘ ਦੀ ਨਿਗਰਾਨੀ ਹੇਠ ਤੇ ਗੁਰਮਤਿ ਪ੍ਰਚਾਰਕ ਰਾਗੀ ਗ੍ਰੰਥੀ ਸਭਾ ਦੇ ਕਾਰਜਕਾਰੀ ਪ੍ਰਧਾਨ ਗੁਰਪ੍ਰੀਤ ਸਿੰਘ ਰਾਮਪੁਰਾ ਦੀ ਅਗਵਾਈ ਵਿੱਚ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਵੱਲੋਂ ਹਫ਼ਤਾਵਾਰੀ ਸਮਾਗਮ ਅਧੀਨ ਸ੍ਰੀ ਸੁਖਮਨੀ ਸਾਹਿਬ ਦੇ ਸੰਗਤੀ ਰੂਪ ਵਿੱਚ ਪਾਠ ਕੀਤੇ ਗਏ। ਉਪਰੰਤ ਸੁਸਾਇਟੀ ਸੇਵਕ ਚਰਨਜੀਤਪਾਲ ਸਿੰਘ, ਸੁਰਿੰਦਰ ਪਾਲ ਸਿੰਘ ਸਿਦਕੀ ਤੇ ਗੁਰਿੰਦਰ ਸਿੰਘ ਗੁਜਰਾਲ ਦੇ ਜਥੇ ਨੇ ਰਸਭਿੰਨਾ ਕੀਰਤਨ ਕੀਤਾ।ਗ੍ਰੰਥੀ ਸਥਾਪਨਾ ਦਿਵਸ ਨੂੰ ਮੁੱਖ ਰੱਖਦਿਆਂ ਤਾਲਮੇਲ ਕਮੇਟੀ ਵੱਲੋਂ ਚਰਨਜੀਤ ਪਾਲ ਸਿੰਘ ਦੇ ਸਟੇਜ ਸੰਚਾਲਨ ਅਧੀਨ ਵੱਖ-ਵੱਖ ਗੁਰਦੁਆਰਾ ਸਾਹਿਬਾਨ ਦੇ ਗ੍ਰੰਥੀ ਸਾਹਿਬਾਨ ਨੂੰ ਜਸਵਿੰਦਰ ਸਿੰਘ ਪ੍ਰਿੰਸ ਮੁੱਖ ਸੇਵਾਦਾਰ, ਹਰਪ੍ਰੀਤ ਸਿੰਘ ਪ੍ਰੀਤ ਜਨਰਲ ਸਕੱਤਰ, ਗੁਰਦੁਆਰਾ ਸਾਹਿਬ ਦੇ ਪ੍ਰਧਾਨ ਦਰਸ਼ਨ ਸਿੰਘ, ਬਲਦੇਵ ਸਿੰਘ, ਰਾਜਵਿੰਦਰ ਸਿੰਘ ਲੱਕੀ ਸੁਸਾਇਟੀ ਪ੍ਰਧਾਨ, ਹਰਦੀਪ ਸਿੰਘ ਸਾਹਨੀ, ਹਰਭਜਨ ਸਿੰਘ ਭੱਟੀ, ਸੁਰਿੰਦਰ ਪਾਲ ਸਿੰਘ ਸਿਦਕੀ, ਗੁਰਿੰਦਰ ਸਿੰਘ ਗੁਜਰਾਲ, ਗੁਰਵਿੰਦਰ ਸਿੰਘ ਸਰਨਾ, ਜਗਤਾਰ ਸਿੰਘ, ਉਪਿੰਦਰਜੀਤ ਸਿੰਘ, ਬੀਬੀ ਸ਼ਵਿੰਦਰ ਕੌਰ ਸਕੱਤਰ ਗੁਰਦੁਆਰਾ ਸਾਹਿਬ ਮਹਿਲ ਮੁਬਾਰਕ ਨੇ ਸਨਮਾਨਤ ਕੀਤਾ।

# ਪੰਜਾਬ 'ਚ 'ਆਪ' ਦੀ ਲੋਕਪ੍ਰਿਅਤਾ ਤੋਂ ਮੋਦੀ ਸਰਕਾਰ ਡਰੀ : ਲਖਬੀਰ ਰਾਏ

### ਰਾਸ਼ਨ ਕਾਰਡ ਕੱਟਣ ਦੇ ਨਾਂਅ 'ਤੇ ਲੋਕਾਂ ਨਾਲ ਧੱਕੇਸ਼ਾਹੀ ਬਰਦਾਸ਼ਤ ਨਹੀਂ ਕਰਾਂਗੇ : ਰੁਪਿੰਦਰ ਹੈਪੀ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬੱਚਤ ਭਵਨ ਵਿਖੇ ਸੱਦੀ ਪ੍ਰੈੱਸ ਕਾਨਫਰੰਸ ਦੌਰਾਨ ਫ਼ਤਹਿਗੜ੍ਹ ਸਾਹਿਬ ਦੇ ਵਿਧਾਇਕ ਲਖਬੀਰ ਸਿੰਘ ਰਾਏ, ਬਸੀ ਪਠਾਣਾ ਦੇ ਵਿਧਾਇਕ ਰੁਪਿੰਦਰ ਸਿੰਘ ਹੈਪੀ, ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਤੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅਜੈ ਸਿੰਘ ਲਿਬੜਾ ਤੇ ਮਾਰਕੀਟ ਕਮੇਟੀ ਸਰਹਿੰਦ ਦੇ ਚੇਅਰਮੈਨ ਗੁਰਵਿੰਦਰ ਸਿੰਘ ਢਿੱਲੋਂ ਨੇ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਪੰਜਾਬ ਵਿੱਚ ਆਟਾ-ਦਾਲ ਸਕੀਮ ਅਧੀਨ ਜਾਰੀ ਕੀਤੇ ਗਏ ਕਾਰਡਾਂ ਵਿੱਚੋਂ 23 ਲੱਖ 39 ਹਜ਼ਾਰ 564 ਕਾਰਡ ਕੱਟਣ ਸਬੰਧੀ ਕੀਤੀ ਜਾ ਰਹੀ ਕਾਰਵਾਈ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ। ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਲਖਬੀਰ ਸਿੰਘ ਰਾਏ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਲੋਕਪ੍ਰਿਅਤਾ ਤੋਂ ਡਰ ਗਈ ਹੈ ਤੇ ਭਾਜਪਾ ਨੂੰ ਜਦੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਕੋਈ ਤੋੜ ਨਹੀਂ ਲੱਭ ਰਿਹਾ ਤਾਂ ਉਹ ਸੂਬੇ ਦੇ ਲੋਕਾਂ ਨਾਲ ਖਾਰ ਰੱਖਦੇ ਹੋਏ, ਲੋਕ ਵਿਰੋਧੀ ਫੈਸਲੇ ਕਰਨ 'ਤੇ ਉੱਤਰ ਪਈ ਹੈ।ਉਨ੍ਹਾਂ ਕਿਹਾ ਕਿ ਆਟਾ-ਦਾਲ ਸਕੀਮ ਅਧੀਨ ਸੂਬੇ ਦੇ ਡੇਢ ਕਰੋੜ ਤੋਂ ਵਧੇਰੇ ਪਰਵਾਰਾਂ ਨੂੰ ਰਾਸ਼ਨ ਦਿੱਤਾ ਜਾ ਰਿਹਾ ਹੈ ਤੇ ਕੇਂਦਰ ਦੀ ਮੋਦੀ ਸਰਕਾਰ ਨੇ ਆਪਣੀ ਮਨਮਰਜ਼ੀ ਕਰਦੇ ਹੋਏ 23 ਲੱਖ ਤੋਂ ਵਧੇਰੇ ਕਾਰਡ ਕੱਟਣ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਰਾਸ਼ਨ ਕਾਰਡਾਂ ਸਬੰਧੀ 30 ਸਤੰਬਰ ਤੱਕ ਕੇ.ਵਾਈ.ਸੀ. ਮੁਕੰਮਲ ਕਰਨ ਲਈ ਕਿਹਾ ਹੈ, ਜਦੋਂਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਨੇ ਇਸ ਸਬੰਧੀ 6 ਮਹੀਨੇ ਦਾ ਸਮਾਂ ਮੰਗਿਆ ਸੀ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਕੇਂਦਰ ਦੀ ਇਸ ਸਾਜ਼ਿਸ਼ ਨੂੰ ਕਾਮਯਾਬ ਨਹੀਂ ਹੋਣ ਦੇਵੇਗੀ ਤੇ ਕਿਸੇ ਵੀ ਪੰਜਾਬੀ ਦਾ ਬਿਨਾਂ ਕਿਸੇ ਕਾਰਨ ਤੋਂ ਕਾਰਡ ਨਹੀਂ ਕੱਟਿਆ ਜਾਵੇਗਾ। ਇਸ ਮੌਕੇ ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਹਮੇਸ਼ਾ ਹੀ ਪੰਜਾਬ, ਪੰਜਾਬੀ ਤੇ ਪੰਜਾਬੀਅਤ ਦੇ ਹੱਕ ਲਈ ਸੰਘਰਸ਼ ਕੀਤਾ ਹੈ ਅਤੇ ਹੁਣ ਵੀ ਲੋਕਾਂ ਨਾਲ ਰਾਸ਼ਨ ਦੇ ਨਾਮ 'ਤੇ ਹੋਣ ਵਾਲਾ ਧੱਕਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾ ਕਿਹਾ ਕਿ ਪਹਿਲਾਂ ਕੇਂਦਰ ਸਰਕਾਰ ਵੱਲੋਂ ਪੰਜਾਬ ਅੰਦਰ ਮਗਨਰੇਗਾ ਸਕੀਮ ਨੂੰ ਰੋਕਣ ਸਬੰਧੀ ਕੋਝੀਆਂ ਚਾਲਾਂ ਚੱਲੀਆਂ ਹਨ ਤੇ ਹੁਣ ਰਾਸ਼ਨ ਕਾਰਡ ਕੱਟ ਕੇ ਸੂਬੇ ਦੇ ਮਿਹਨਤੀ ਲੋਕਾਂ ਨੂੰ ਭੁੱਖਾ ਮਾਰਨ ਦੀ ਤਿਆਰੀ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਮਿਹਨਤੀ ਕਿਸਾਨਾਂ ਨੇ ਦੇਸ਼ ਦੇ ਅੰਨ ਭੰਡਾਰ ਵਿੱਚ ਵੱਡਾ ਹਿੱਸਾ ਪਾਇਆ ਹੈ, ਪਰ ਫਿਰ ਵੀ ਅਫ਼ਸੋਸ ਦੀ ਗੱਲ ਹੈ ਕਿ ਭਾਜਪਾ ਦੀ ਸਰਕਾਰ ਪੰਜਾਬ ਦੇ ਮਿਹਨਤੀ ਲੋਕਾਂ ਦੀ ਰੋਟੀ ਖੋਹਣਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਸਪੱਸ਼ਟ ਕੀਤਾ ਹੈ ਕਿ ਜਦੋਂ ਤੱਕ ਉਹ ਮੁੱਖ ਮੰਤਰੀ ਹਨ, ਸੂਬੇ ਦੇ ਇੱਕ ਵੀ ਪਰਵਾਰ ਦਾ ਕਾਰਡ ਨਹੀਂ ਕੱਟਿਆ ਜਾਵੇਗਾ। ਪ੍ਰੈੱਸ ਕਾਨਫਰੰਸ ਦੌਰਾਨ ਮਾਰਕੀਟ ਕਮੇਟੀ ਸਰਹਿੰਦ ਦੇ ਚੇਅਰਮੈਨ ਗੁਰਵਿੰਦਰ ਸਿੰਘ ਢਿੱਲੋਂ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ ਤੇ ਕਿਸੇ ਵੀ ਨਾਗਰਿਕ ਦਾ ਕਾਰਡ ਕੱਟਣ ਨਹੀਂ ਦਿੱਤਾ ਜਾਵੇਗਾ ਅਤੇ ਲੋਕਾਂ ਦੇ ਹੱਕ ਵਿੱਚ ਜਿਹੜੇ ਵੀ ਪੱਧਰ ਦਾ ਅੰਦੋਲਨ ਕਰਨਾ ਪਿਆ, ਉਸ ਨੂੰ ਕਰਦੇ ਹੋਏ ਲੋਕਾਂ ਦੇ ਹੱਕ ਵਿੱਚ ਆਮ ਆਦਮੀ ਪਾਰਟੀ ਮੁਕੰਮਲ ਤੌਰ 'ਤੇ ਖੜ੍ਹੇਗੀ।ਇਸ ਮੌਕੇ ਆਮ ਆਦਮੀ ਪਾਰਟੀ ਦੇ ਆਗੂ ਅਸ਼ੀਸ਼ ਅੱਤਰੀ, ਗੁਰਮੀਤ ਸਿੰਘ ਬਾਜਵਾ, ਦੀਪਕ ਬਾਤਿਸ਼, ਬਲਬੀਰ ਸਿੰਘ ਸੋਢੀ, ਸਤੀਸ਼ ਲਟੌਰ ਹਾਜ਼ਰ ਸਨ।

## ਬਿਜਲੀ ਗਰਿੱਡ 'ਚ ਸਵਿੱਚ ਲਗਾਉਂਦਿਆਂ ਦੋ ਮੁਲਾਜ਼ਮ ਝੁਲਸੇ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪਾਤੜਾਂ ਦੇ ਬਿਜਲੀ ਗਰਿੱਡ 'ਚ 2 ਕਰਮਚਾਰੀਆਂ ਨੂੰ ਉਸ ਵੇਲੇ ਬਿਜਲੀ ਦਾ ਕਰੰਟ ਲੱਗ ਗਿਆ, ਜਦੋਂ ਉਹ ਗਰਿੱਡ ਅੰਦਰ ਇੱਕ ਲਾਈਨ ਨੂੰ ਚਲਾਉਣ ਵਾਸਤੇ ਸਵਿੱਚ ਲਾ ਰਹੇ ਸਨ।

ਬੁਰੀ ਤਰ੍ਹਾਂ ਝੁਲਸੇ ਇੱਕ ਕਰਮਚਾਰੀ ਨੂੰ ਮੁੱਢਲੀ ਸਹਾਇਤਾ ਦੇਣ ਮਗਰੋਂ ਪੀਜੀਆਈ ਚੰਡੀਗੜ੍ਹ ਰੈਫਰ ਕੀਤੇ ਜਾਣ ਦੀ ਸੂਚਨਾ ਮਿਲੀ ਹੈ, ਜਦੋਂਕਿ ਦੂਸਰੇ ਨੂੰ ਇਲਾਜ ਮਗਰੋਂ ਘਰ ਭੇਜ ਦਿੱਤਾ ਗਿਆ ਹੈ।ਇਸ ਵਾਪਰੇ ਹਾਦਸੇ 'ਤੇ ਦੁੱਖ ਪ੍ਰਗਟ ਕਰਦਿਆਂ ਪੰਜਾਬ ਪਾਵਰ ਟਰਾਂਸਮਿਸ਼ਨ ਕਾਰਪੋਰੇਸ਼ਨ ਗਰਿੱਡ ਪਾਤੜਾਂ ਦੇ ਐਕਸੀਅਨ ਸੁਨੀਲ ਕੁਮਾਰ ਨੇ ਕਿਹਾ ਕਿ ਇਸ ਹਾਦਸੇ ਵਿੱਚ ਜ਼ਖ਼ਮੀ ਕਰਮਚਾਰੀਆਂ ਦਾ ਇਲਾਜ ਤੇ ਬੰਦ ਹੋਈ ਬਿਜਲੀ ਸਪਲਾਈ ਨੂੰ ਨਿਰਵਿਘਨ ਚਾਲੂ ਕਰਨਾ ਸਾਡਾ ਪਹਿਲਾ ਮੰਤਵ ਹੈ ਅਤੇ ਇਸ ਤੋਂ ਬਾਅਦ ਜ਼ਖ਼ਮੀ ਕਰਮਚਾਰੀਆਂ ਦੇ ਬਿਆਨ ਲੈਣ ਮਗਰੋਂ ਹਾਦਸੇ ਦੇ ਕਾਰਨਾਂ ਦਾ ਪਤਾ ਲਾਇਆ ਜਾਵੇਗਾ ਅਤੇ ਅੱਗੇ ਤੋਂ ਅਜਿਹਾ ਕੋਈ ਹਾਦਸਾ ਨਾ ਵਾਪਰੇ ਇਸ ਦੇ ਪ੍ਰਬੰਧ ਕੀਤੇ ਜਾਣਗੇ।

## ਸੁਖਬੀਰ ਵੱਲੋਂ ਫਤਿਹ ਰੈਲੀ ਨੂੰ ਲੈ ਕੇ ਸੰਨੀ ਗਿੱਲ ਨੇ ਕੀਤੀ ਮੀਟਿੰਗ

### ਰੈਲੀ ਨੂੰ ਕਾਮਯਾਬ ਕਰਨ ਲਈ ਲਗਾਈਆਂ ਡਿਊਟੀਆਂ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼੍ਰੋਮਣੀ ਅਕਾਲੀ ਦਲ ਹਲਕਾ ਇੰਚਾਰਜ ਮੋਗਾ ਸੰਜੀਤ ਸਿੰਘ ਸੰਨੀ ਗਿੱਲ ਨੇ 31 ਅਗਸਤ ਨੂੰ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਕੀਤੀ ਜਾ ਰਹੀ ਫਤਿਹ ਰੈਲੀ ਸਬੰਧੀ ਹਲਕੇ ਦੇ ਦੋ ਸਰਕਲਾਂ, ਜਿਸ ਵਿੱਚ ਸਰਕਾਰ ਦੌਲਤਪੁਰਾ ਤੇ ਸਰਕਲ ਡਰੋਲੀ ਭਾਈ ਦੇ ਵਰਕਰਾਂ ਨਾਲ ਮੀਟਿੰਗ ਕੀਤੀ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਤਲਵੰਡੀ ਭੰਗੇਰੀਆਂ, ਸਰਕਲ ਪ੍ਰਧਾਨ ਰਵਦੀਪ ਸਿੰਘ ਦਾਰਾਪੁਰ, ਗੁਰਮੀਤ ਸਿੰਘ ਡਰੋਲੀ ਭਾਈ ਉਪ ਸਰਕਲ ਪ੍ਰਧਾਨ ਤੋਂ ਇਲਾਵਾ ਸੀਨੀਅਰ ਆਗੂ ਬੂਟਾ ਸਿੰਘ ਦੌਲਤਪੁਰਾ ਵਿਸ਼ੇਸ ਤੌਰ 'ਤੇ ਹਾਜ਼ਰ ਸਨ।ਵਰਕਰਾਂ ਨੂੰ ਸੰਬੋਧਨ ਕਰਦਿਆਂ ਸੰਜੀਤ ਸਿੰਘ ਸੰਨੀ ਗਿੱਲ ਨੇ ਕਿਹਾ ਕਿ ਜਦੋਂ ਵੀ ਸ਼੍ਰੋਮਣੀ ਅਕਾਲੀ ਦਲ ਨੇ ਮੋਗਾ ਵਿੱਚ ਰੈਲੀ ਕੀਤੀ ਹੈ ਤਾਂ ਸ਼੍ਰੋਮਣੀ ਅਕਾਲੀ ਦਲ ਦੀ ਫਤਿਹ ਹੋਈ ਹੈ ਤੇ ਇਸ ਵਾਰ ਤਾਂ ਇਸ ਰੈਲੀ ਦਾ ਨਾਮ ਹੀ ਫਤਿਹ ਰੈਲੀ ਰੱਖਿਆ ਗਿਆ ਹੈ, ਕਿਉਂਕਿ ਖੇਤੀ ਕਾਨੂੰਨਾਂ ਵਾਂਗ ਜੋ ਭਗਵੰਤ ਮਾਨ ਦੀ ਸਰਕਾਰ ਨੇ ਲੈਂਡ ਪੂਲਿੰਗ ਨੀਤੀ ਬਣਾਈ ਤਾਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਇਸ ਨੀਤੀ ਖਿਲਾਫ ਡੱਟ ਕੇ ਲੜਾਈ ਲੜੀ ਤੇ ਵਿੱਢੇ ਸੰਘਰਸ਼ ਤੋਂ ਬਾਅਦ ਆਖਰ ਸਰਕਾਰ ਨੇ ਗੋਡੇ ਟੇਕਦਿਆਂ ਇਸ ਨੀਤੀ ਨੂੰ ਰੱਦ ਕਰ ਦਿੱਤਾ ਅਤੇ ਇਹ ਸ਼੍ਰੋਮਣੀ ਅਕਾਲੀ ਦਲ ਦੀ ਵੱਡੀ ਜਿੱਤ ਸੀ। ਇਸ ਲਈ ਹੀ ਉਸੇ ਦੇ ਸਬੰਧ ਵਿੱਚ ਇਹ ਰੈਲੀ ਕੀਤੀ ਜਾ ਰਹੀ ਹੈ ਤੇ ਇਹ ਫਤਿਹ ਰੈਲੀ ਇੱਕ ਇਤਿਹਾਸਕ ਹੋਵੇਗੀ ਅਤੇ ਸਾਲ 2027 ਦੀਆਂ ਚੋਣਾਂ ਜਿੱਤਣ ਲਈ ਵੀ ਫਤਿਹ ਸਾਬਿਤ ਹੋਵੇਗੀ।ਉਨ੍ਹਾਂ ਕਿਹਾ ਕਿ ਇਸ ਰੈਲੀ ਨੂੰ ਕਾਮਯਾਬ ਕਰਨ ਲਈ ਅੱਜ ਦੋ ਸਰਕਲਾਂ ਨਾਲ ਮੀਟਿੰਗ ਕੀਤੀ ਗਈ ਹੈ ਤੇ ਜਲਦੀ ਹੀ ਦੂਸਰੇ ਦੋ ਸਰਕਲਾਂ ਨਾਲ ਵੀ ਮੀਟਿੰਗ ਕਰਕੇ ਵਰਕਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਜਾਣਗੀਆਂ।ਉਨ੍ਹਾਂ ਵਰਕਰਾਂ ਨੂੰ ਅਪੀਲ ਕੀਤੀ ਕਿ 31 ਅਗਸਤ ਨੂੰ ਹੋਣ ਵਾਲੀ ਰੈਲੀ ਵਿੱਚ ਵਹੀਰਾਂ ਘੱਤ ਕੇ ਪੁੱਜੋ ਤਾਂ ਕਿ ਰੈਲੀ ਨੂੰ ਸਫ਼ਲ ਬਣਾਇਆ ਜਾ ਸਕੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਜੀਤ ਸਿੰਘ ਸਰਪੰਚ ਡਰੋਲੀ ਭਾਈ, ਜੁਗਰਾਜ ਸਿੰਘ ਸਰਪੰਚ ਡਗਰੂ, ਗੁਰਮੀਤ ਸਿੰਘ ਨੰਬਰਦਾਰ ਡਗਰੂ, ਗੁਰਚਰਨ ਸਿੰਘ ਕਾਲੀਏ ਵਾਲਾ ਸਰਪੰਚ ਸਾਬਕਾ, ਜਸਵੀਰ ਸਿੰਘ, ਜਗਸੀਰ ਸਿੰਘ ਡਰੋਲੀ ਭਾਈ, ਮੁਖਤਿਆਰ ਸਿੰਘ ਆਦਿ ਹਾਜ਼ਰ ਸਨ।

## ਹਾਈਫਨ ਸ਼ੂਟਿੰਗ ਅਕੈਡਮੀ ਵੱਲੋਂ ਜ਼ਿਲ੍ਹਾ ਪੱਧਰੀ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ



**ਧੂਰੀ (ਸੁਖਦੇਵ ਧੂਰੀ)**-ਹਾਈਫਨ ਸ਼ੂਟਿੰਗ ਅਕੈਡਮੀ ਧੂਰੀ ਦੇ ਖਿਡਾਰੀਆਂ ਨੇ ਸੰਗਰੂਰ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ।ਅਕੈਡਮੀ ਦੇ ਕੋਚ ਲੈਫਟੀਨੈਂਟ ਦਵਿੰਦਰ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 10 ਮੀਟਰ ਰਾਈਫਲ ਮੁਕਾਬਲਿਆਂ ਵਿੱਚ 14 ਸਾਲਾਂ ਮੁੰਡਿਆਂ ਦੇ ਓਪਨ ਸਾਈਟ ਮੁਕਾਬਲਿਆਂ ਵਿੱਚ ਫਤਿਹਵੀਰ ਸਿੰਘ ਨੇ ਗੋਲਡ ਮੈਡਲ ਤੇ ਲਕਸ਼ ਭੁਟਾਨੀ ਨੇ ਸਿਲਵਰ ਮੈਡਲ ਤੇ ਜਸਕਰਨ ਸਿੰਘ ਨੇ ਬਰੌਨਜ਼ ਮੈਡਲ ਹਾਸਲ ਕੀਤਾ।ਇਸੇ ਤਰ੍ਹਾਂ 14 ਸਾਲਾਂ ਕੁੜੀਆਂ ਦੇ ਓਪਨ ਸਾਈਟ ਮੁਕਾਬਲਿਆਂ ਵਿੱਚ ਸਰਵੀਨ ਰਾਜਪੂਤ ਨੇ ਗੋਲਡ ਮੈਡਲ, ਸਨੇਹ ਪ੍ਰੀਤ ਕੌਰ ਨੇ ਸੀਲਵਰ ਮੈਡਲ ਹਾਸਲ ਕੀਤਾ ਅਤੇ 14 ਸਾਲਾਂ ਕੁੜੀਆਂ ਦੇ ਪੀਪ ਸਾਈਡ ਮੁਕਾਬਲਿਆਂ ਵਿੱਚ ਖੇਡਦੇ ਹੋਏ ਦ੍ਰਿਸ਼ਟੀ ਗੋਇਲ ਨੇ ਸਿਲਵਰ ਮੈਡਲ ਪ੍ਰਾਪਤ ਕੀਤਾ।ਇਸੇ ਤਰ੍ਹਾਂ ਅੰਡਰ-17 ਵਿੱਚ ਖੇਡਦੇ ਹੋਏ ਸਮਰੱਥ ਸਿੰਘ ਥਿੰਦ ਨੇ ਲਗਾਤਾਰ ਤੀਜੇ ਸਾਲ ਵੀ ਗੋਲਡ ਮੈਡਲ 'ਤੇ ਆਪਣੀ ਜਗ੍ਹਾ ਪੱਕੀ ਰੱਖੀ ਤੇ ਨਵਤਾਜ ਸ਼ਰਮਾ ਨੇ ਬਰੌਨਜ਼ ਮੈਡਲ ਹਾਸਲ ਕੀਤਾ।ਅੰਡਰ-17 ਪੀਪ ਸਾਈਡ ਮੁਕਾਬਲਾ ਵਿੱਚ ਸ਼ੁਭਦੀਪ ਸਿੰਘ ਨੇ ਗੋਲਡ ਮੈਡਲ ਪੱਕਾ ਕੀਤਾ।17 ਸਾਲਾਂ ਕੁੜੀਆਂ ਦੇ ਪਿਸਟਲ ਮੁਕਾਬਲੇ ਵਿੱਚ ਅਸਮੀਤ ਕੌਰ ਨੇ ਤੀਜ਼ੀ ਪੁਜ਼ੀਸ਼ਨ ਪ੍ਰਾਪਤ ਕੀਤੀ ਤੇ 19 ਸਾਲਾਂ ਵਿੱਚ ਓਪਨ ਸਾਈਟ ਵਿੱਚ ਰਣਬੀਰ ਕੌਸ਼ਲ ਨੇ ਸਿਲਵਰ ਮੈਡਲ ਤੇ ਆਰਵਿੰਦਰ ਸਿੰਘ ਚਹਿਲ ਬਰੌਨਜ਼ ਮੈਡਲ ਤੇ 19 ਸਾਲਾਂ ਪਿਸਟਲ ਮੁਕਾਬਲਿਆਂ ਵਿੱਚ ਧਰੁਵ ਸ਼ਰਮਾ ਨੇ ਗੋਲਡ ਮੈਡਲਾਂ ਦੀ ਲਿਸਟ ਵਿੱਚ ਇੱਕ ਹੋਰ ਵਾਧਾ ਕੀਤਾ।ਇਹ ਸਭ ਖਿਡਾਰੀ 69ਵੀਆਂ ਸੂਬਾ ਪੱਧਰੀ ਖੇਡਾਂ ਵਿੱਚ ਭਾਗ ਲੈਣਗੇ।ਇਸ ਮੌਕੇ ਅਕੈਡਮੀ ਦੇ ਡਾਇਰੈਕਟਰ ਕੋਚ ਲੈਫਟੀਨੈਂਟ ਦਵਿੰਦਰ ਸਿੰਘ ਨੇ ਬੱਚਿਆਂ ਨੂੰ ਅੱਗੇ ਆਉਣ ਵਾਲੀਆਂ ਖੇਡਾਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ ਅਤੇ ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।ਇਸ ਦੇ ਨਾਲ ਨਾਲ ਹੀ ਧੂਰੀ ਸ਼ਹਿਰ ਦੇ ਉੱਘੇ ਸਮਾਜ ਸੇਵੀ ਅਮਿਤ ਬਾਂਸਲ, ਜਰਨਲਿਜ਼ਮ ਐਸੋਸੀਏਸ਼ਨ ਧੂਰੀ ਦੇ ਪ੍ਰਧਾਨ ਲਖਵੀਰ ਸਿੰਘ ਧਾਂਦਰਾ, ਮਨਦੀਪ ਸਿੰਘ ਬੇਨੜਾ, ਸੁਰਿੰਦਰ ਪਾਲ ਸ਼ਰਮਾ, ਐਡਵੋਕੇਟ ਭੁਪਿੰਦਰ ਕੌਸ਼ਲ, ਕੁਸ਼ਲਜੀਤ ਸਿੰਘ ਸ਼ੇਰਗਿੱਲ, ਮਾਸਟਰ ਕੁਲਦੀਪ ਸਿੰਘ, ਮਾਸਟਰ ਕੁਲਵੰਤ ਸਿੰਘ, ਮਨਪ੍ਰੀਤ ਸਿੰਘ ਬੱਗਾ, ਰਾਜੇਸ਼ ਗੋਇਲ, ਡਾਕਟਰ ਰਿਸ਼ੀ ਸ਼ਰਮਾ, ਗੁਰਪ੍ਰੀਤ ਸਿੰਘ ਚਹਿਲ, ਹਰਜੀਤ ਕੌਰ ਥਿੰਦ, ਜ਼ੋਨ ਸਕੱਤਰ ਸੁਖਚੈਨ ਸਿੰਘ ਭਸੌੜ ਨੇ ਖਿਡਾਰੀਆਂ ਨੂੰ ਹੱਲਾ ਸ਼ੇਰੀ ਦਿੰਦੇ ਹੋਏ ਆਉਣ ਵਾਲੀਆਂ ਖੇਡਾਂ ਵਿੱਚ ਨੈਸ਼ਨਲ ਪੱਧਰ ਤੇ ਇੰਟਰਨੈਸ਼ਨਲ ਪੱਧਰ 'ਤੇ ਵਧੀਆ ਪ੍ਰਦਰਸ਼ਨ ਕਰਕੇ ਧੂਰੀ ਸ਼ਹਿਰ ਤੇ ਆਪਣੇ ਮਾਪਿਆਂ ਦਾ ਨਾਂ ਰੋਸ਼ਨ ਕਰਨ ਲਈ ਪ੍ਰੇਰਿਤ ਕੀਤਾ ਅਤੇ ਉਨ੍ਹਾਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ।

## ਚੋਰੀ ਦੇ ਦੋਸ਼ 'ਚ 3 ਵਿਅਕਤੀਆਂ ਵਿਰੁੱਧ ਪਰਚਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਪਿੰਡ ਟਿਵਾਣਾ ਕਲਾਂ ਵਿਖੇ ਅੱਧਾ ਤੋਲਾ ਸੋਨਾ ਸਮੇਤ ਹੋਰ ਸਮਾਨ ਚੋਰੀ ਕਰਨ ਦੇ ਦੋਸ਼ ਵਿੱਚ 3 ਵਿਅਕਤੀਆਂ ਦੇ ਵਿਰੁੱਧ ਪਰਚਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਲਖਮੀਰ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਸ਼ੀਲੋ ਬਾਈ ਪਤਨੀ ਪਾਲਾ ਸਿੰਘ ਵਾਸੀ ਟਿਵਾਣਾ ਕਲਾਂ (ਜਲਾਲਾਬਾਦ) ਨੇ ਪੁਲਿਸ ਕੋਲ ਹਰਮੇਸ਼ ਸਿੰਘ ਵਗੈਰਾ ਦੇ ਵਿਰੁੱਧ ਬਿਆਨ ਦਰਜ ਕਰਾਏ ਗਏ ਹਨ ਕਿ ਮਿਤੀ 13-07-2025 ਨੂੰ ਦੁਪਹਿਰ ਬਾਅਦ ਉਹ ਆਪਣੇ ਘਰ ਵਿੱਚ ਮੌਜੂਦ ਨਹੀਂ ਸੀ ਤੇ ਇਸ ਦੌਰਾਨ ਹਰਮੇਸ਼ ਸਿੰਘ ਪੁੱਤਰ ਚੰਨ ਸਿੰਘ, ਸੁਰਿੰਦਰ ਸਿੰਘ ਉਰਫ ਸ਼ਿੰਦਾ ਸਿੰਘ ਪੁੱਤਰ ਚੰਨ ਸਿੰਘ ਅਤੇ ਚਿਮਨ ਸਿੰਘ ਪੁੱਤਰ ਚੰਨ ਸਿੰਘ ਵਾਸੀਆਨ ਟਿਵਾਣਾ ਕਲਾਂ ਨੇ ਉਸਦੇ ਘਰ ਅੰਦਰ ਦਾਖਲ ਹੋ ਕੇ ਉਸਦਾ ਅੱਧਾ ਤੋਲਾ ਸੋਨੇ ਦੇ ਟੋਪਸ, ਇਕ ਚਾਂਦੀ ਦਾ ਕੜਾ ਵਜ਼ਨ ਕਰੀਬ 5 ਗ੍ਰਾਮ, 2 ਐ.ਸੀ.ਡੀ., 2 ਸਿਲਾਈ ਮਸ਼ੀਨਾਂ, 2 ਏ.ਸੀ, 2 ਮੰਜੇ, 50-60 ਕਿੱਲੋ ਕਣਕ, ਇਕ ਟੋਕੇ ਦੀ ਮੋਟਰ, ਸਮਰਸੀਬਲ ਮੋਟਰ ਚੋਰੀ ਕਰਕੇ ਲੈ ਗਏ ਹਨ, ਜਿਸ 'ਤੇ ਥਾਣਾ ਸਿਟੀ ਜਲਾਲਾਬਾਦ ਵਿਖੇ ਮੁੱਦਈ ਸ਼ੀਲੋ ਬਾਈ ਦੇ ਬਿਆਨਾਂ ਦੇ ਅਧਾਰ 'ਤੇ ਹਰਮੇਸ਼ ਸਿੰਘ, ਸੁਰਿੰਦਰ ਸਿੰਘ ਤੇ ਚਿਮਨ ਸਿੰਘ ਵਾਸੀਆਨ ਟਿਵਾਣਾ ਕਲਾਂ ਦੇ ਵਿਰੁੱਧ ਮੁਕੱਦਮਾ ਨੰਬਰ 113 ਮਿਤੀ 23-08-2025 ਨੂੰ ਧਾਰਾ 331 (3),331(4), 305, 324(4) ਬੀ.ਐਨ.ਐਸ. ਤਹਿਤ ਦਰਜ ਕਰਕੇ ਪੁਲਸ ਵੱਲੋਂ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

## ਕਿਸਾਨ ਮੋਰਚੇ ਦੀ ਦਿੱਲੀ ਹੋਣ ਵਾਲੀ ਮਹਾਂ-ਪੰਚਾਇਤ 'ਚ ਦੇਸ਼ ਦੇ ਲੱਖਾਂ ਕਿਸਾਨ ਸ਼ਾਮਲ ਹੋਣਗੇ

**ਦੇਵੀਗੜ੍ਹ/ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਭਾਰਤ ਦੇ ਕਿਸਾਨਾਂ ਦੀਆਂ ਖੇਤੀਬਾੜੀ ਨਾਲ ਸਬੰਧਿਤ ਭਖਦੀਆਂ ਮੰਗਾਂ ਬਾਰੇ ਜੋ ਸੰਯੁਕਤ ਕਿਸਾਨ ਮੋਰਚਾ ਗ਼ੈਰ ਰਾਜਨੀਤਕ ਬੈਨਰ ਹੇਠ ਜਗਜੀਤ ਸਿੰਘ ਡੱਲੇਵਾਲ ਦੀ ਦੇਖ-ਰੇਖ 'ਚ 25 ਅਗਸਤ ਨੂੰ ਜੰਤਰ ਮੰਤਰ ਦਿੱਲੀ ਵਿਖੇ 16 ਸੂਬਿਆਂ ਤੋਂ ਵੱਧ ਕਿਸਾਨ ਜਥੇਬੰਦੀਆਂ ਵੱਲੋਂ ਕੌਮੀ ਕਿਸਾਨ ਪੰਚਾਇਤ ਹੋ ਰਹੀ ਹੈ, ਉਸਦੀ ਵਿਸਥਾਰ ਸਹਿਤ ਜਾਣਕਾਰੀ ਦਿੰਦਿਆਂ ਇੰਡੀਅਨ ਫਾਰਮਰਜ਼ ਐਸੋਸੀਏਸ਼ਨ ਦੇ ਕੌਮੀ ਪ੍ਰਧਾਨ ਸਤਨਾਮ ਸਿੰਘ ਬਹਿਰੂ ਨੇ ਕਿਹਾ ਕਿ ਇਸ ਕੌਮੀ ਕਿਸਾਨ ਪੰਚਾਇਤ ਦਾ ਫ਼ੈਸਲਾ ਪਿਛਲੇ ਮਹੀਨੇ 7 ਜੁਲਾਈ ਨੂੰ ਕਰਨਾਟਕਾ ਦੀ ਰਾਜਧਾਨੀ ਬੰਗਲੌਰ ਵਿਖੇ ਦੇਸ ਦੇ ਵੱਖ-ਵੱਖ ਸੂਬਿਆਂ ਦੀਆਂ ਕਿਸਾਨ ਜਥੇਬੰਦੀਆਂ ਨੇ ਜਗਜੀਤ ਸਿੰਘ ਡੱਲੇਵਾਲ ਦੀ ਪ੍ਰਧਾਨਗੀ ਹੇਠ ਹੰਗਾਮੀ ਮੀਟਿੰਗ ਕਰਕੇ ਕਿਸਾਨਾਂ ਦੇ ਆਰਥਿਕ ਵਿਸਫ਼ੋਟਕ ਮਸਲਿਆਂ ਨੂੰ ਗੰਭੀਰਤਾ ਨਾਲ ਲੈਂਦਿਆਂ 25 ਅਗਸਤ ਨੂੰ ਦਿੱਲੀ ਵਿਖੇ ਇੱਕ ਵੱਡੀ ਕੌਮੀ ਕਿਸਾਨ ਪੰਚਾਇਤ ਕੀਤੀ ਜਾਵੇ ਤਾਂ ਜੁ ਦੇਸ ਦੇ ਹੁਕਮਰਾਨਾਂ ਸਾਹਮਣੇ ਕਿਸਾਨਾਂ ਦਾ ਪੱਖ ਮਜ਼ਬੂਤੀ ਨਾਲ ਰੱਖਿਆ ਜਾ ਸਕੇ। ਬਹਿਰੂ ਨੇ ਇਸ ਹੋ ਰਹੀ ਕਿਸਾਨ ਪੰਚਾਇਤ ਦੇ ਏਜੰਡੇ ਬਾਰੇ ਗੱਲ ਕਰਦਿਆਂ ਦੱਸਿਆ ਕਿ ਜੋ 2021 'ਚ ਦਿੱਲੀ ਦੀਆਂ ਬਰੂਹਾਂ 'ਤੇ ਦੇਸ਼ ਵਿਆਪਕ ਅੰਦੋਲਨ ਹੋਇਆ ਸੀ, ਉਸ 'ਤੇ ਕੇਂਦਰ ਸਰਕਾਰ ਨੇ ਅੰਦੋਲਨਕਾਰੀ ਕਿਸਾਨਾਂ ਨਾਲ ਤਿੰਨ ਕਾਲੇ ਕਾਨੂੰਨ ਵਾਪਸ ਲੈਣ ਤੋਂ ਬਾਅਦ ਲਿਖਤੀ ਸਮਝੌਤਾ ਕੀਤਾ ਸੀ ਕਿ ਕੇਂਦਰ ਸਰਕਾਰ ਆਰਥਿਕ ਵਿਗਿਆਨੀਆਂ ਦੀ ਇੱਕ ਕਮੇਟੀ ਬਣਾ ਕੇ ਰਹਿੰਦੀਆਂ ਮੰਗਾਂ ਤੇ ਐਮ.ਐਸ.ਪੀ ਦੀ ਕਾਨੂੰਨੀ ਗਾਰੰਟੀ ਲਿਆਵੇ ਗਈ ਤੇ ਕਿਸਾਨਾਂ ਨੂੰ ਲਗਤ ਖਰਚਿਆਂ ਮੁਤਾਬਕ ਫ਼ਸਲਾਂ ਦੀਆਂ ਕੀਮਤਾਂ ਨਾ ਮਿਲਣ ਕਾਰਨ ਉਨ੍ਹਾਂ 'ਤੇ ਚੜ੍ਹੇ ਕਰਜ਼ਿਆਂ ਨੂੰ ਖਤਮ ਕਰਕੇ ਖੇਤੀ ਲਈ ਕਿਸਾਨਾਂ ਨੂੰ ਮਾਮੂਲੀ ਵਿਆਜ ਨਾਲ ਕਰਜ਼ਾ ਦੇਣਾ ਸ਼ੁਰੂ ਕਰੇਗੀ ਤੇ ਮੌਸਮ ਵਿੱਚ ਆਈ ਤਬਦੀਲੀ ਕਾਰਨ ਕਿਸਾਨਾਂ ਦੀਆਂ ਫ਼ਸਲਾਂ ਵੱਡੀ ਪੱਧਰ 'ਤੇ ਖਰਾਬ ਹੋ ਰਹੀਆਂ ਹਨ, ਉਨ੍ਹਾਂ ਨੂੰ 100 ਪ੍ਰਤੀਸ਼ਤ ਮੁਆਵਜ਼ਾ ਦੇਣ ਲਈ ਕੇਂਦਰ ਸਰਕਾਰ ਕੌਮੀ ਫੰਡ ਕਾਇਮ ਕਰੇਗੀ ਤੇ ਅੰਦਲੋਨ ਦੌਰਾਨ ਜਿਹੜੇ 700 ਤੋਂ ਵੱਧ ਕਿਸਾਨ ਸ਼ਹੀਦ ਹੋਏ ਹਨ, ਕੇਂਦਰ ਉਨ੍ਹਾਂ ਪਰਵਾਰਾਂ ਦੀ ਆਰਥਿਕ ਮੱਦਦ ਕਰੇਗੀ ਤੇ ਅੰਦਲੋਨਕਾਰੀ ਕਿਸਾਨਾਂ 'ਤੇ ਬਣੇ ਮੁਕੱਦਮੇ ਵਾਪਸ ਲਵੇਗੀ, ਪਰ ਇਨ੍ਹਾਂ ਲੰਮਾ ਸਮਾਂ ਬੀਤਣ 'ਤੇ ਵੀ ਕੇਂਦਰ ਸਰਕਾਰ ਵੱਲੋਂ ਦੇਸ਼ ਦੇ ਕਿਸਾਨਾਂ ਨਾਲ ਵਾਅਦਾਖਿਲਾਫ਼ੀ ਕੀਤੀ ਜਾ ਰਹੀ ਹੈ। ਬਹਿਰੂ ਨੇ ਇਹ ਵੀ ਕਿਹਾ ਪੰਜਾਬ ਸਮੇਤ ਪੂਰੇ ਦੇਸ਼ ਵਿੱਚੋਂ ਕਿਸਾਨਾਂ ਦੇ ਜੱਥੇ 24 ਅਗਸਤ ਨੂੰ ਦਿੱਲੀ ਵਿਖੇ ਰੇਲ ਗੱਡੀਆਂ ਰਾਹੀਂ ਪੁੱਜਣੇ ਸ਼ੁਰੂ ਹੋ ਜਾਣਗੇ ਤੇ ਇਹ ਕੌਮੀ ਕਿਸਾਨ ਪੰਚਾਇਤ 25 ਅਗਸਤ ਨੂੰ 11 ਵਜੇ ਸ਼ੁਰੂ ਹੋ ਕੇ ਸ਼ਾਮ 4 ਵਜੇ ਸਮਾਪਤ ਹੋ ਜਾਵੇਗੀ ਤੇ ਸਰਕਾਰ ਦੇ ਰਹਵੀਏ ਮੁਤਾਬਕ ਸੰਯੁਕਤ ਕਿਸਾਨ ਮੋਰਚਾ ਗ਼ੈਰ ਰਾਜਨੀਤਕ ਆਪਣੀ ਅਗਲੀ ਰਣਨੀਤੀ ਦਾ ਐਲਾਨ ਕਰੇਗਾ।

## ਅਧਿਆਪਕਾਂ ਦੀਆਂ ਬਦਲੀਆਂ 'ਚ ਵੱਡੀ ਹੇਰਾਫੇਰੀ ਦਾ ਦੋਸ਼

### ਡੀ ਟੀ ਐੱਫ ਨੇ ਸਿੱਖਿਆ ਵਿਭਾਗ ਦੀ ਤਬਾਦਲਾ ਨੀਤੀ 'ਤੇ ਚੁੱਕੇ ਸਵਾਲ !

**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**

ਸਿੱਖਿਆ ਵਿਭਾਗ ਪੰਜਾਬ ਨੇ ਅਧਿਆਪਕਾਂ ਲਈ ਬਣਾਈ ਬਦਲੀ ਨੀਤੀ ਸਵਾਲਾਂ ਦੇ ਘੇਰੇ ਵਿੱਚ ਆ ਗਈ ਹੈ। 22 ਅਗਸਤ ਨੂੰ ਜਾਰੀ ਹੋਏ ਅਧਿਆਪਕਾਂ ਦੀਆਂ ਬਦਲੀਆਂ ਦੇ ਆਰਡਰ ਦੇਖ ਕੇ ਅਧਿਆਪਕ ਹੱਕੇ-ਬੱਕੇ ਰਹਿ ਗਏ, ਕਿਉਂਕਿ ਇਸ ਵਿੱਚ ਵੱਡੇ ਪੱਧਰ 'ਤੇ ਸਿਫ਼ਾਰਸ਼ਾਂ ਅਤੇ ਪੈਸੇ ਦੇ ਲੈਣ ਦੇਣ ਕਰਕੇ ਬਦਲੀਆਂ ਹੋਈਆਂ ਹਨ।ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਤੇ ਸੂਬਾ ਸਕੱਤਰ ਰੇਸ਼ਮ ਸਿੰਘ ਖੇਮੂਆਣਾ ਨੇ ਦੱਸਿਆ ਪਿਛਲੇ ਦੋ-ਢਾਈ ਮਹੀਨੇ ਤੋ ਬਦਲੀਆਂ ਦੀ ਪ੍ਰਕਿਰਿਆ ਚਲਾਉਣ ਤੋਂ ਬਾਅਦ ਜਦ ਹੁਣ ਬਦਲੀਆਂ ਦੇ ਆਰਡਰ ਆਏ ਤਾਂ ਬਹੁਤ ਸਾਰੇ ਅਜਿਹੇ ਸਟੇਸ਼ਨ ਤੇ ਸਿਫ਼ਾਰਸ਼ ਨਾਲ ਬਦਲੀਆਂ ਹੋ ਗਈਆਂ, ਜੋ ਸਟੇਸ਼ਨ ਸ਼ੋਅ ਹੀ ਨਹੀਂ ਸਨ ਕੀਤੇ, ਕਈ ਅਧਿਆਪਕਾਂ ਦੇ ਗੰਭੀਰ ਬਿਮਾਰੀਆਂ ਤੋਂ ਪੀੜਤ ਹੋਣ ਦੇ ਬਾਵਜੂਦ ਉਨ੍ਹਾਂ ਦੀ ਖਾਲੀ ਸਟੇਸ਼ਨ 'ਤੇ ਬਦਲੀ ਨਹੀਂ ਹੋਈ। ਅਧਿਆਪਕ ਆਗੂਆਂ ਨੇ ਕਿਹਾ ਕਿ ਸਰਕਾਰ ਨੇ ਆਪਣੇ ਚਹੇਤਿਆਂ ਨੂੰ ਅਡਜਸਟ ਕਰਨ ਲਈ ਬਹੁਤ ਸਾਰੇ ਸਟੇਸ਼ਨ ਪਹਿਲਾਂ ਸਟੇਸ਼ਨ ਚੁਆਇਸ ਵੇਲੇ ਦਿਖਾਏ ਹੀ ਨਹੀਂ ਤੇ ਆਨਲਾਈਨ ਬਦਲੀ ਨੀਤੀ ਤੋੜ ਕੇ ਸ਼ਹਿਰਾਂ ਦੇ ਸਕੂਲਾਂ ਦੀਆਂ ਖਾਲੀ ਪੋਸਟਾਂ ਛੁਪਾ ਕੇ ਉਹਨਾਂ ਤੇ ਬਦਲੀਆਂ ਕਰ ਦਿੱਤੀਆਂ।ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਸਰਵਣ ਸਿੰਘ ਔਜਲਾ, ਮੀਤ ਪ੍ਰਧਾਨ ਸੁਖਵਿੰਦਰ ਸੁੱਖੀ, ਸੰਯੁਕਤ ਸਕੱਤਰ ਦਲਜੀਤ ਸਮਰਾਲਾ ਤੇ ਪ੍ਰੈਸ ਸਕੱਤਰ ਲਖਵੀਰ ਮੁਕਤਸਰ ਨੇ ਦੱਸਿਆ ਕਿ ਅਧਿਆਪਕਾਂ ਵੱਲੋਂ ਪਹਿਲੇ ਤੇ ਦੂਜੇ ਨੰਬਰ 'ਤੇ ਚੋਇਸ ਦੇਣ ਦੇ ਬਾਵਜੂਦ ਉਨ੍ਹਾਂ ਨੂੰ ਤੀਜੇ ਜਾਂ ਚੌਥੇ ਸਟੇਸ਼ਨ 'ਤੇ ਆਰਡਰ ਕਰ ਦਿੱਤੇ ਗਏ। ਉਨ੍ਹਾਂ ਦੱਸਿਆ ਕਿ ਪੂਰੇ ਪੰਜਾਬ ਵਿੱਚ ਪੀ ਟੀ ਆਈ ਅਧਿਆਪਕਾਂ ਦੀ ਇੱਕ ਵੀ ਬਦਲੀ ਨਹੀਂ ਹੋਈ, ਹਾਲਾਂਕਿ ਉਹਨਾਂ ਨੂੰ ਸਟੇਸ਼ਨ ਚੋਇਸ ਕਰਾਈ ਗਈ ਸੀ। ਜਥੇਬੰਦੀ ਦੇ ਵਿੱਤ ਸਕੱਤਰ ਜਸਵਿੰਦਰ ਬਠਿੰਡਾ ਨੇ ਦੋਸ਼ ਲਾਉਂਦੇ ਦੱਸਿਆ ਕਿ ਸਰਕਾਰੀ ਹਾਈ ਸਕੂਲ ਗਿੱਲਪੱਤੀ (ਜ਼ਿਲ੍ਹਾ ਬਠਿੰਡਾ) ਵਿਖੇ ਤਾਇਨਾਤ ਵਿਧਵਾ ਕੈਟਾਗਰੀ ਅਧੀਨ ਆਉਣ ਵਾਲੀ ਅਧਿਆਪਕਾ ਨੂੰ 16 ਅਗਸਤ ਨੂੰ ਕਰਾਈ ਸਟੇਸ਼ਨ ਚੋਣ ਸਮੇਂ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਮਾਲ ਰੋਡ ਬਠਿੰਡਾ ਤੇ ਸਰਕਾਰੀ ਹਾਈ ਸਕੂਲ ਚੰਦਸਰ ਬਸਤੀ ਬਠਿੰਡਾ ਦਿਖਾਏ ਗਏ।ਫਿਰ ਪਹਿਲਾਂ ਵਾਲੀ ਸਟੇਸ਼ਨ ਚੋਣ ਰੱਦ ਕਰਕੇ ਹੁਣ ਹੋਈਆਂ ਬਦਲੀਆਂ 'ਚ ਇਹ ਦੋਵੇਂ ਸਟੇਸ਼ਨ ਛੁਪਾ ਲਏ, ਜਿਸ ਕਾਰਨ ਕਿਸੇ ਵੀ ਅਧਿਆਪਕ ਨੂੰ ਉਕਤ ਸਟੇਸ਼ਨਾਂ ਦੀ ਚੁਆਇਸ ਹੀ ਉਪਲਬਧ ਨਹੀਂ ਹੋਈ, ਪਰ ਹੈਰਾਨੀਜਨਕ ਪੱਖ ਇਹ ਹੈ ਕਿ 22 ਅਗਸਤ ਨੂੰ ਜਾਰੀ ਬਦਲੀਆਂ ਵਿੱਚ ਪਹਿਲਾਂ ਛੁਪਾਏ ਗਏ ਇਹ ਦੋਵੇਂ ਸਟੇਸ਼ਨਾਂ 'ਤੇ ਆਪਣੇ ਚਹੇਤੇ ਅਧਿਆਪਕਾਂ ਦੀਆਂ ਬਦਲੀਆਂ ਕਰ ਦਿੱਤੀਆਂ ਗਈਆਂ।ਇਹ ਸਰਾਸਰ ਧੱਕਾ ਤੇ ਆਨਲਾਈਨ ਬਦਲੀ ਦੀ ਆੜ ਹੇਠ ਇੱਕ ਵਿਧਵਾ ਨਾਲ ਧੋਖਾ ਕੀਤਾ ਗਿਆ।ਇੱਥੇ ਹੀ ਬੱਸ ਨਹੀਂ, ਮੂਸਾ ਸਕੂਲ ਦੇ ਲਾਇਬ੍ਰੇਰੀਅਨ ਬਲਵਿੰਦਰ ਸਿੰਘ ਆਪਣੇ ਬੱਚੇ ਦੀ ਗੰਭੀਰ ਬਿਮਾਰੀ ਕਾਰਨ ਸਪੈਸ਼ਲ ਕੈਟਾਗਰੀ 'ਚ ਬਦਲੀ ਫੱਤਾ ਮਲੋਕਾ ਸਕੂਲ ਵਿੱਚ ਅਪਲਾਈ ਕੀਤੀ, ਪਰ ਉਸਦੀ ਬਦਲੀ ਨਹੀਂ ਕੀਤੀ, ਹਾਲਾਂਕਿ ਉਹ ਸਟੇਸ਼ਨ ਖਾਲੀ ਹੀ ਪਿਆ ਹੈ। ਆਗੂਆਂ ਨੇ ਸ਼ੱਕ ਜ਼ਾਹਰ ਕਰਦਿਆਂ ਕਿਹਾ ਕਿ ਆਉਣ ਵਾਲੇ ਅੰਤਰ ਜ਼ਿਲ੍ਹਾ ਰਾਊਂਡ ਵਿੱਚ ਵੀ ਵੱਡੇ ਪੱਧਰ 'ਤੇ ਧਾਂਦਲੀਆਂ ਹੋਣ ਦਾ ਅੰਦੇਸ਼ਾ ਹੈ।ਆਗੂਆਂ ਅੱਗੇ ਦੱਸਿਆ ਕਿ ਇੱਕ ਇੱਕ ਸਟੇਸ਼ਨ 'ਤੇ ਦੋ-ਦੋ ਅਧਿਆਪਕਾਂ ਦੀਆਂ ਬਦਲੀਆਂ ਹੋਣ ਦਾ ਮਾਮਲਾ ਵੀ ਸਾਹਮਣੇ ਆਇਆ ਹੈ।

## ਸ੍ਰੀ ਗਣੇਸ਼ ਮਹਾਂਉਤਸਵ ਸੰਬੰਧੀ ਧਾਰਮਿਕ ਸਮਾਗਮ ਭਲਕ ਤੋਂ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇਤਿਹਾਸਕ ਤੇ ਪੁਰਾਤਨ ਸ੍ਰੀ ਸ਼ਿਵਾਲਾ ਬ੍ਰਹਮਚਾਰੀ ਮੰਦਰ ਵਿਖੇ ਸ੍ਰੀ ਗਣੇਸ਼ ਮਹਾਂਉਤਸਵ ਸਬੰਧੀ ਧਾਰਮਿਕ ਸਮਾਗਮ 27 ਅਗਸਤ ਤੋਂ ਸ਼ੁਰੂ ਹੋ ਰਹੇ ਹਨ, ਜੋ ਕਿ 6 ਸਤੰਬਰ ਨੂੰ ਮੂਰਤੀ ਵਿਸਰਜਨ ਤੱਕ ਜਾਰੀ ਰਹਿਣਗੇ।

ਇਸ ਸਬੰਧੀ ਪ੍ਰਬੰਧਕਾਂ ਨੇ ਦੱਸਿਆ ਕਿ ਮੰਦਰ ਹਾਲ ਵਿੱਚ 27 ਅਗਸਤ ਨੂੰ ਗਣੇਸ਼ ਜੀ ਦੀ ਮੂਰਤੀ ਸਥਾਪਤ ਕੀਤੀ ਜਾਵੇਗੀ। ਰੋਜ਼ਾਨਾ ਸ਼ਾਮ ਨੂੰ 5 ਵਜੇ ਕੀਰਤਨ ਹੋਵੇਗਾ ਤੇ 8 ਵਜੇ ਆਰਤੀ ਹੋਵੇਗੀ, ਉਪਰੰਤ ਆਈ ਸੰਗਤ ਲਈ ਅਤੁੱਟ ਲੰਗਰ ਵਰਤਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਹ ਧਾਰਮਿਕ ਸਮਾਗਮ 5 ਸਤੰਬਰ ਤੱਕ ਜਾਰੀ ਰਹਿਣਗੇ ਤੇ 6 ਸਤੰਬਰ ਇੱਕ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਜਾਵੇਗੀ। ਪ੍ਰਬੰਧਕਾਂ ਅਨੁਸਾਰ ਭਗਵਾਨ ਸ੍ਰੀ ਗਣੇਸ਼ ਜੀ ਦੀ ਮੂਰਤੀ ਸ਼ੋਭਾ ਯਾਤਰਾ ਦੌਰਾਨ ਸਰਹਿੰਦ ਨਹਿਰ ਪੁੱਜੇਗੀ, ਜਿੱਥੇ ਇਸ ਨੂੰ ਵਿਸਰਜਿਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸ੍ਰੀ ਗਣੇਸ਼ ਮਹਾਂਉਤਸਵ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ ਤੇ ਇਲਾਕਾ ਵਾਸੀਆਂ ਵਿੱਚ ਇਸ ਸਬੰਧੀ ਭਾਰੀ ਉਤਸ਼ਾਹ ਹੈ।

## ਵਿਵੇਕਾਨੰਦ ਵਰਲਡ ਸਕੂਲ ਵਿਖੇ ਮਾਪੇ-ਅਧਿਆਪਕ ਮੀਟਿੰਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਵੇਕਾਨੰਦ ਵਰਲਡ ਸਕੂਲ ਦੇ ਵਿਦਿਆਰਥੀਆਂ ਨੇ ਹਾਲ ਹੀ ਵਿੱਚ ਆਪਣੀ ਰਚਨਾਤਮਕਤਾ ਤੇ ਵਾਤਾਵਰਣ ਪ੍ਰਤੀ ਜਾਗਰੂਕਤਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਮਾਪੇ-ਅਧਿਆਪਕ ਮੀਟਿੰਗ ਦੌਰਾਨ ਉਨ੍ਹਾਂ ਨੇ ਵੱਖ-ਵੱਖ ਕਿਸਮ ਦੇ ਸਿਹਤਮੰਦ ਭੋਜਨ ਤੇ ਪੀਣ ਵਾਲੇ ਪਦਾਰਥ ਤਿਆਰ ਕੀਤੇ। ਇਸ ਪ੍ਰੋਗਰਾਮ ਦਾ ਮੁੱਖ ਮਕਸਦ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਸਿਹਤਮੰਦ ਖਾਣ-ਪੀਣ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਸੀ। ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਨਾਲ ਇਹ ਦਰਸਾਇਆ ਕਿ ਕਿਵੇਂ ਸਿਹਤਮੰਦ, ਕੁਦਰਤੀ ਤੇ ਚੰਗੀ ਖ਼ੁਰਾਕ ਨਾਲ ਜੀਵਨ ਨੂੰ ਹੋਰ ਵੀ ਚਮਕਦਾਰ ਤੇ ਹਰਾ-ਭਰਾ ਬਣਾਇਆ ਜਾ ਸਕਦਾ ਹੈ। ਸਕੂਲ ਦੇ ਡਾਇਰੈਕਟਰ ਡਾ. ਐੱਸ ਐੱਨ ਰੁਦਰਾ ਤੇ ਮੁੱਖ ਪ੍ਰਸ਼ਾਸਕ ਪਰਮਵੀਰ ਸ਼ਰਮਾ ਨੇ ਵੀ ਇਸ ਪ੍ਰੋਗਰਾਮ ਵਿੱਚ ਹਿੱਸਾ ਲਿਆ ਤੇ ਬੱਚਿਆਂ ਵੱਲੋਂ ਬਣਾਈਆਂ ਗਈਆਂ ਰਚਨਾਤਮਕ ਚੀਜ਼ਾਂ ਦੀ ਬਹੁਤ ਸ਼ਲਾਘਾ ਕੀਤੀ। ਡਾ. ਰੁਦਰਾ ਨੇ ਬੱਚਿਆਂ ਦੀ ਤਾਰੀਫ਼ ਕਰਦਿਆਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਜਦੋਂ ਬੱਚੇ ਘਰ ਦੇ ਖਾਣੇ ਨਾਲੋਂ ਬਾਹਰ ਦਾ ਹਾਨੀਕਾਰਕ ਖਾਣਾ ਜ਼ਿਆਦਾ ਪਸੰਦ ਕਰਦੇ ਹਨ, ਅਜਿਹੀਆਂ ਗਤੀਵਿਧੀਆਂ ਉਨ੍ਹਾਂ ਨੂੰ ਸਹੀ ਭੋਜਨ ਦੀ ਚੋਣ ਕਰਨ ਤੇ ਉਸ ਨੂੰ ਘਰ ਵਿੱਚ ਹੀ ਬਣਾ ਕੇ ਖਾਣ ਲਈ ਪ੍ਰੇਰਿਤ ਕਰਦੀਆਂ ਹਨ। ਇਸ ਵਿਸ਼ੇਸ਼ ਪਹਿਲ ਨੇ ਵਿਦਿਆਰਥੀਆਂ ਨੂੰ ਨਵੇਂ ਭੋਜਨਾਂ ਦੀ ਖੋਜ ਕਰਨ ਲਈ ਪ੍ਰੇਰਿਆ ਤੇ ਨਾਲ ਹੀ ਉਨ੍ਹਾਂ ਵਿੱਚ ਟਿਕਾਊਪਨ, ਜ਼ਿੰਮੇਵਾਰੀ ਤੇ ਇਕ ਜਾਗਰੂਕ ਜੀਵਨ ਦੀ ਕਦਰ ਨੂੰ ਵੀ ਵਧਾਇਆ।

## ਡਾ. ਅੰਬੇਡਕਰ ਦੇ ਜੀਵਨ ਨਾਲ ਸੰਬੰਧਤ ਪੁਸਤਕ ਪ੍ਰਤੀਯੋਗਤਾ ਕਰਵਾਈ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਸ਼ੰਕਰ ਦਾਸ ਸੀਨੀਅਰ ਸੈਕੰਡਰੀ ਸਕੂਲ ਲੜਕੇ ਤੇ ਸਰਕਾਰੀ ਕੰਨਿਆ ਸਕੂਲ ਵਿਖੇ ਪ੍ਰਬੁੱਧ ਭਾਰਤ ਫਾਊਂਡੇਸ਼ਨ ਵੱਲੋਂ ਬੇਗਮਪੁਰਾ ਟਾਈਗਰ ਫੋਰਸ ਦੇ ਸਹਿਯੋਗ ਨਾਲ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਜੀਵਨ ਨਾਲ ਸਬੰਧਤ 16ਵੀਂ ਪੁਸਤਕ ਪ੍ਰਤੀਯੋਗਤਾ ਕਰਵਾਈ ਗਈ। ਬੇਗਮਪੁਰਾ ਟਾਈਗਰ ਫੋਰਸ ਦੇ ਕੌਮੀ ਪ੍ਰਧਾਨ ਧਰਮ ਪਾਲ ਤੇ ਹਲਕਾ ਪ੍ਰਧਾਨ ਬਲਵੀਰ ਚੰਦ ਦੀ ਅਗਵਾਈ ਹੇਠ ਪ੍ਰਿੰਸੀਪਲ ਹਰਦੀਪ ਕੌਰ ਤੇ ਪ੍ਰਿੰਸੀਪਲ ਨਿਰੰਜਨ ਸੂਖਮ ਦੇ ਸਹਿਯੋਗ ਨਾਲ ਕਰਵਾਈ ਇਸ ਪ੍ਰਤੀਯੋਗਤਾ ਵਿੱਚ 284 ਵਿਦਿਆਰਥੀਆਂ ਨੇ ਭਾਗ ਲਿਆ। ਇਸ ਪ੍ਰਤੀਯੋਗਤਾ ਵਿੱਚ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਮਾਛੀਵਾੜਾ ਸਾਹਿਬ ਸ਼ੋਸਲ ਵੈੱਲਫੇਅਰ ਸੁਸਾਇਟੀ ਦੇ ਪ੍ਰਧਾਨ ਸ਼ਿਵ ਕੁਮਾਰ ਸ਼ਿਵਲੀ ਨੇ ਸੰਸਥਾ ਦੇ ਇਸ ਕਾਰਜ ਦੀ ਸ਼ਲਾਘਾ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਗਦੀਸ਼ ਚਾਨਣਾ, ਪਰਮਜੀਤ ਹੰਸ, ਮਾਸਟਰ ਹਰਿੰਦਰ ਸਿੰਘ, ਨਰੇਸ਼ ਕੁਮਾਰ, ਆਸ਼ਾ ਰਾਣੀ, ਪਵਨ ਕੁਮਾਰ, ਮਨਪ੍ਰੀਤ ਕੌਰ, ਅਸ਼ਵਨੀ ਕੁਮਾਰ, ਛਿੰਦਰਪਾਲ ਸਿੰਘ, ਨਿਰਭੈ ਸਿੰਘ, ਛਿੰਦਰਪਾਲ ਸਿੰਘ ਫੌਜੀ, ਮਨਜੀਤ ਭੱਟੀ, ਸੁਖਵਿੰਦਰ ਕੌਰ, ਨਵਨੀਤ ਕੌਰ, ਮਹਿੰਦਰ ਸਿੰਘ, ਰਾਮਜੀ ਦਾਸ, ਬਲਜੀਤ ਕੌਰ, ਅਸ਼ਵਨੀ ਕੁਮਾਰ ਆਦਿ ਮੌਜੂਦ ਸਨ।

## ਪੱਤਰਕਾਰ ਰੇਸ਼ਮ ਸਿੰਘ ਦਾਦੂ ਨਾਲ ਅਫਸੋਸ ਕਰਨ ਪੁੱਜੇ ਗੁਰਬਾਜ਼ ਸਿੱਧੂ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਇਲਾਕੇ ਦੇ ਪੱਤਰਕਾਰੀ ਖੇਤਰ 'ਚ ਵਿਚਰਦਿਆਂ ਆਪਣਾ ਨਾਂਅ ਬਣਾ ਚੁੱਕੇ ਪੱਤਰਕਾਰ ਰੇਸ਼ਮ ਸਿੰਘ ਦਾਦੂ ਦੇ ਪਿਤਾ ਸ੍ਰ. ਨੇਤ ਸਿੰਘ ਦੇ ਪਿਛਲੇ ਦਿਨੀਂ ਹੋਏ ਅਕਾਲ ਚਲਾਣੇ 'ਤੇ ਅਫਸੋਸ ਜ਼ਾਹਰ ਕਰਨ ਲਈ ਕਾਂਗਰਸ ਦੇ ਲੋਕ ਸਭਾ ਇੰਚਾਰਜ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਦੇ ਸਪੁੱਤਰ ਤੇ ਨੌਜਵਾਨ ਕਾਂਗਰਸੀ ਆਗੂ ਗੁਰਬਾਜ਼ ਸਿੰਘ ਸਿੱਧੂ ਵਿਸ਼ੇਸ਼ ਤੌਰ 'ਤੇ ਉਨ੍ਹਾਂ ਦੇ ਘਰ ਪੁੱਜੇ। ਰੇਸ਼ਮ ਸਿੰਘ ਦਾਦੂ ਨਾਲ ਦੁੱਖ ਦਾ ਇਜ਼ਹਾਰ ਕਰਦਿਆਂ ਗੁਰਬਾਜ਼ ਸਿੰਘ ਸਿੱਧੂ ਨੇ ਕਿਹਾ ਕਿ ਪਿਤਾ, ਹਰ ਮਨੁੱਖ ਦਾ ਰਾਹ ਦਸੇਰਾ ਹੁੰਦਾ ਹੈ ਤੇ ਬੰਦਾ ਭਾਵੇਂ ਕਿਸੇ ਵੀ ਖੇਤਰ ਵਿੱਚ ਕਿੰਨਾ ਵੀ ਕਾਮਯਾਬ ਕਿਉਂ ਨਾ ਹੋ ਜਾਵੇ, ਪਿਤਾ ਦੇ ਚਲੇ ਜਾਣ 'ਤੇ ਇੱਕ ਵਾਰ ਉਹ ਅੰਧਕਾਰ ਭਰੀ ਗਲੀ 'ਚ ਗੁੰਮ ਹੋ ਜਾਂਦਾ ਹੈ।ਉਨ੍ਹਾਂ ਕਿਹਾ ਕਿ ਨੇਤ ਸਿੰਘ ਵਰਗੀ ਮਿਲਾਪੜੀ ਸ਼ਖ਼ਸੀਅਤ ਦੇ ਚਲੇ ਜਾਣ ਦਾ ਘਾਟਾ ਤਾਂ ਕਦੇ ਪੂਰਾ ਨਹੀਂ ਹੋ ਸਕਦਾ, ਪਰ ਭਾਣਾ ਮੰਨਣ ਤੋਂ ਬਿਨਾਂ ਹੋਰ ਹੱਲ ਵੀ ਕੋਈ ਨਹੀਂ।ਇਸ ਮੌਕੇ ਉਨ੍ਹਾਂ ਨਾਲ ਸੀਨੀ. ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਮਨਜੀਤ ਸਿੰਘ ਲਾਲੇਆਣਾ ਹਲਕਾ ਪ੍ਰਧਾਨ ਜੱਟਮਹਾਂ ਸਭਾ, ਜਸਪਾਲ ਸਿੰਘ ਪਾਲਾ ਸਾਬਕਾ ਪ੍ਰਧਾਨ ਬਲਾਕ ਕਾਂਗਰਸ, ਮੇਜਰ ਸਿੰਘ ਸਕੱਤਰ ਇੰਟਕ, ਮਨਜੀਤ ਸਿੰਘ ਸ਼ਿੰਪੀ ਸਾਬਕਾ ਚੇਅਰਮੈਨ ਬਲਾਕ ਸੰਮਤੀ, ਗੁਰਜੀਵਨ ਸਿੰਘ ਗਾਟਵਾਲੀ ਸਾਬਕਾ ਪ੍ਰਧਾਨ ਟਰੱਕ ਯੂਨੀਅਨ ਰਾਮਾਂ, ਡੂੰਗਰ ਸਿੰਘ ਸੀਂਗੋ, ਹਰਪ੍ਰੀਤ ਸਿੰਘ ਸਰਾਂ, ਗੁਰਾਦਿੱਤਾ ਸਿੰਘ ਅਕਾਲੀ, ਜੱਗਾ ਸਿੰਘ, ਦਰਸ਼ਨ ਸਿੰਘ ਸਰਾਂ ਸੀਂਗੋ, ਡਾ. ਰਾਮਕਿਸ਼ਨ, ਮਹਿਤਾਬ ਸਿੰਘ ਕੌਰੇਆਣਾ, ਹਰਪਾਲ ਸਿੰਘ ਗਾਟਵਾਲੀ, ਸੁਰਜੀਤ ਸ਼ਰਮਾ ਜਗਾ ਰਾਮ ਤੀਰਥ, ਹੈਪੀ ਬਹਿਮਣ ਆਦਿ ਆਗੂ ਮੌਜੂਦ ਸਨ।

## ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਵਿਭਾਗ ਵੱਲੋਂ ਫ਼ੋਟੋਗ੍ਰਾਫ਼ੀ ਮੁਕਾਬਲੇ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਪੱਤਰਕਾਰੀ ਤੇ ਜਨ ਸੰਚਾਰ ਵਿਭਾਗ ਵੱਲੋਂ ਵਿਸ਼ਵ ਫ਼ੋਟੋਗ੍ਰਾਫ਼ੀ ਦਿਵਸ ਮੌਕੇ ਕਾਲਜ ਪੱਧਰ ਦੇ ਫ਼ੋਟੋਗ੍ਰਾਫ਼ੀ ਮੁਕਾਬਲੇ ਕਰਵਾਏ ਗਏ, ਜਿਸ ਵਿੱਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਇਸ ਮੁਕਾਬਲੇ ਦਾ ਥੀਮ 'ਕਾਲਜ ਤੇ ਕੁਦਰਤ' ਰੱਖਿਆ ਗਿਆ ਸੀ।ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਸਾਰੂ ਮੁਕਾਬਲਿਆਂ ਵਿੱਚ ਭਾਗ ਲੈਣ ਨਾਲ ਵਿਦਿਆਰਥੀਆਂ ਨੂੰ ਫ਼ੋਟੋਗ੍ਰਾਫ਼ੀ ਦੇ ਵੱਖ-ਵੱਖ ਤਕਨੀਕੀ ਪਹਿਲੂਆਂ ਬਾਰੇ ਜਾਣਨ ਦਾ ਅਵਸਰ ਮਿਲਦਾ ਹੈ।ਪੱਤਰਕਾਰੀ ਵਿਭਾਗ ਦੇ ਮੁਖੀ ਡਾ. ਹਰਗੁਣਪ੍ਰੀਤ ਸਿੰਘ ਨੇ ਕਿਹਾ ਕਿ ਵਿਭਾਗ ਵੱਲੋਂ ਇਹ ਮੁਕਾਬਲੇ ਵਿਸ਼ਵ ਫ਼ੋਟੋਗ੍ਰਾਫ਼ੀ ਦਿਵਸ ਦੇ ਮੱਦੇਨਜ਼ਰ ਕਰਵਾਏ ਗਏ ਸਨ ਤਾਂ ਕਿ ਵਿਦਿਆਰਥੀਆਂ ਨੂੰ ਆਪਣੀ ਵਿਹਾਰਕ ਪ੍ਰਤਿਭਾ ਨਿਖਾਰਨ ਦਾ ਮੌਕਾ ਮਿਲ ਸਕੇ।ਇਸ ਮੁਕਾਬਲੇ ਵਿੱਚ ਹੋਣਹਾਰ ਵਿਦਿਆਰਥੀਆਂ ਰਮਨਦੀਪ ਸਿੰਘ, ਸਾਹਿਬਪ੍ਰੀਤ ਸਿੰਘ, ਸੰਤੋਸ਼, ਹਰਸਿਮਰਨਜੀਤ ਸਿੰਘ, ਯੋਗਿਤਾ ਸ਼ਰਮਾ, ਪਲਕ ਅਰੋੜਾ, ਜਸ਼ਨਪ੍ਰੀਤ ਸਿੰਘ, ਕਵੀ ਕੁਮਾਰ, ਗੁਰਦਾਸ ਸਿੰਘ, ਗੁਰਸ਼ਾਨ ਸਿੰਘ ਤੇ ਦੇਵ ਸ਼ਰਮਾ ਆਦਿ ਨੇ ਸ਼ਲਾਘਾਯੋਗ ਪ੍ਰਦਰਸ਼ਨ ਕੀਤਾ। ਇਸ ਮੌਕੇ ਪ੍ਰੋਗਰਾਮ ਕੋਆਰਡੀਨੇਟਰ ਪ੍ਰੋ. ਭਗਵੰਤ ਸਿੰਘ, ਪ੍ਰੋ. ਲਵਨੀਤ ਵਸ਼ਿਸ਼ਠ, ਪ੍ਰੋ. ਨਾਦਿਸ਼ ਤੇ ਵਿਭਾਗ ਦੇ ਸਮੂਹ ਵਿਦਿਆਰਥੀ ਹਾਜ਼ਰ ਸਨ।

## ਮਾਪੇ-ਅਧਿਆਪਕ ਮੀਟਿੰਗ 'ਚ ਬੱਚਿਆਂ ਨੇ ਪ੍ਰਤਿਭਾ ਦੇ ਰੰਗ ਬਖੇਰੇ



**ਜੈਤੋ (ਸਤੀਸ਼ ਕੁਮਾਰ ਭੀਰੀ)**-ਅਲਾਇੰਸ ਇੰਟਰਨੈਸ਼ਨਲ ਸਕੂਲ ਵਿੱਚ ਇੱਕ ਵਿਸ਼ਾਲ ਮਾਪੇ-ਅਧਿਆਪਕ ਮੀਟਿੰਗ ਤੇ ਕਲਾ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਮਾਪਿਆਂ ਨੇ ਅਧਿਆਪਕਾਂ ਨਾਲ ਗੱਲਬਾਤ ਕੀਤੀ ਤੇ ਆਪਣੇ ਬੱਚਿਆਂ ਦੀ ਅਕਾਦਮਿਕ ਪ੍ਰਗਤੀ ਅਤੇ ਵਿਵਹਾਰਕ ਵਿਕਾਸ ਬਾਰੇ ਜਾਣਕਾਰੀ ਪ੍ਰਾਪਤ ਕੀਤੀ।ਸਕੂਲ ਦੇ ਵਿਹੜੇ ਵਿੱਚ ਆਯੋਜਿਤ ਕਲਾ ਪ੍ਰਦਰਸ਼ਨੀ ਨੇ ਸਾਰਿਆਂ ਨੂੰ ਮੋਹਿਤ ਕਰ ਦਿੱਤਾ।ਵਿਦਿਆਰਥੀਆਂ ਦੁਆਰਾ ਬਣਾਏ ਗਏ ਆਕਰਸ਼ਕ ਪੇਂਟਿੰਗਾਂ, ਰੰਗੀਨ ਸ਼ਿਲਪਕਾਰੀ ਦੇ ਕੰਮ ਤੇ ਰਚਨਾਤਮਕ ਮਾਡਲਾਂ ਨੇ ਉਨ੍ਹਾਂ ਦੀ ਪ੍ਰਤਿਭਾ ਤੇ ਕਲਪਨਾ ਨੂੰ ਜੀਵਤ ਕਰ ਦਿੱਤਾ। ਮਾਪਿਆਂ ਨੇ ਬੱਚਿਆਂ ਦੀ ਸਖ਼ਤ ਮਿਹਨਤ ਤੇ ਸਮਰਪਣ ਦੀ ਪ੍ਰਸੰਸਾ ਕੀਤੀ।ਪ੍ਰਿੰਸੀਪਲ ਗੁਰਸੇਵਕ ਕੌਰ ਮਾਨ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਦੀਆਂ ਰਚਨਾਤਮਕ ਯੋਗਤਾਵਾਂ ਨੂੰ ਉਜਾਗਰ ਕਰਦੇ ਹਨ ਅਤੇ ਉਨ੍ਹਾਂ ਨੂੰ ਵਿਸ਼ਵਾਸ ਤੇ ਨਵੀਂ ਪ੍ਰੇਰਣਾ ਪ੍ਰਦਾਨ ਕਰਦੇ ਹਨ।ਪ੍ਰੋਗਰਾਮ ਨੇ ਨਾ ਸਿਰਫ਼ ਮਾਪਿਆਂ ਤੇ ਅਧਿਆਪਕਾਂ ਵਿਚਕਾਰ ਸਕਾਰਾਤਮਕ ਸੰਵਾਦ ਨੂੰ ਮਜ਼ਬੂਤ ? ?ਕੀਤਾ, ਸਗੋਂ ਬੱਚਿਆਂ ਦੇ ਅੰਦਰ ਛੁਪੀ ਕਲਾ ਤੇ ਸਿਰਜਣਾਤਮਕਤਾ ਨੂੰ ਵੀ ਉਜਾਗਰ ਕੀਤਾ।ਪੂਰੇ ਸਮਾਗਮ ਨੇ ਸਕੂਲ ਦੇ ਵਾਤਾਵਰਣ ਨੂੰ ਖ਼ੁਸ਼ੀ ਤੇ ਸਿਰਜਣਾਤਮਕਤਾ ਨਾਲ ਭਰ ਦਿੱਤਾ।

## ਸਾਬਕਾ ਮੰਤਰੀ ਜੋਸਨ ਨੂੰ ਧਮਕੀਆਂ ਦੇਣ ਵਾਲੇ ਵਿਅਕਤੀ ਵਿਰੁੱਧ ਪਰਚਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਸਾਬਕਾ ਮੰਤਰੀ ਹੰਸ ਰਾਜ ਜੋਸਨ ਨੂੰ ਫੋਨ 'ਤੇ ਧਮਕੀਆਂ ਦੇਣ ਵਾਲੇ ਇਕ ਵਿਅਕਤੀ ਵਿਰੁੱਧ ਥਾਣਾ ਵੈਰੋਕੇ ਦੀ ਪੁਲਸ ਵੱਲੋਂ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸਵਾਰ ਸਿੰਘ ਨੇ ਦੱਸਿਆ ਕਿ ਉਸ ਦੇ ਮੋਬਾਇਲ ਫੋਨ 'ਤੇ ਵਟਸਐਪ ਰਾਹੀਂ ਸਾਬਕਾ ਮੰਤਰੀ ਹੰਸ ਰਾਜ ਜੋਸਨ ਵੱਲੋਂ ਇਕ ਵੀਡੀਓ ਭੇਜੀ ਗਈ। ਇਸ ਬਾਰੇ ਸਾਬਕਾ ਮੰਤਰੀ ਹੰਸ ਰਾਜ ਜੋਸਨ ਨੇ ਕਿਹਾ ਕਿ ਉਸ ਨੂੰ ਰਾਮ ਦੇਵ ਪੁੱਤਰ ਹਰਕ੍ਰਿਸ਼ਨ ਲਾਲ ਵਾਸੀ ਚੱਕ ਸੋਤਰੀਆ ਉਰਫ ਬੰਦੀਵਾਲਾ ਨੇ ਮੰਦਾ-ਚੰਗਾ ਬੋਲਿਆ ਤੇ ਡਰਾ-ਧਮਕਾ ਰਿਹਾ ਹੈ, ਜਿਸ 'ਤੇ ਥਾਣਾ ਵੈਰੋਕੇ ਵਿਖੇ ਮੁਕੱਦਮਾ ਨੰਬਰ 115 ਮਿਤੀ 24-08-2025 ਨੂੰ ਧਾਰਾ 321(2) ਬੀ.ਐਨ.ਐਸ. ਐਕਟ ਤਹਿਤ ਰਾਮ ਦੇਵ ਦੇ ਵਿਰੁੱਧ ਦਰਜ ਕਰਕੇ ਪੁਲਸ ਵੱਲੋਂ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।


# 55 ਲੱਖ ਲੋੜਵੰਦ ਪੰਜਾਬੀਆਂ ਦੇ ਮੁਫ਼ਤ ਰਾਸ਼ਨ ਨੂੰ ਬੰਦ ਕਰਨ ਦੀ ਕੇਂਦਰ ਸਰਕਾਰ ਦੀ ਸਾਜ਼ਿਸ਼ ਨੂੰ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ : ਸ਼ੈਰੀ ਕਲਸੀ

ਗੁਰਦਾਸਪੁਰ (ਦਿਨੇਸ਼ ਕੁਮਾਰ)- ਭਾਰਤੀ ਜਨਤਾ ਪਾਰਟੀ ਦੀ ਕੇਂਦਰ ਸਰਕਾਰ ਪੰਜਾਬ ਦੇ ਕੁੱਲ 1.53 ਕਰੋੜ ਰਾਸ਼ਨ ਕਾਰਡਾਂ ਵਿੱਚੋਂ 55 ਲੱਖ ਗ਼ਰੀਬ ਪੰਜਾਬੀਆਂ ਨੂੰ ਮਿਲਣ ਵਾਲਾ ਮੁਫ਼ਤ ਰਾਸ਼ਨ ਬੰਦ ਕਰਨ ਜਾ ਰਹੀ ਹੈ, ਜੋ ਕਿਸੇ ਕੀਮਤ ਉੱਪਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਹ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੂਬਾ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਤੋਂ ਵਿਧਾਇਕ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਨੇ ਅੱਜ ਸਥਾਨਕ ਪੰਚਾਇਤ ਭਵਨ ਵਿਖੇ ਇੱਕ ਪ੍ਰੈੱਸ ਕਾਨਫ਼ਰੰਸ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਉਨ੍ਹਾਂ ਨਾਲ ਸ੍ਰੀ ਹਰਗੋਬਿੰਦਪੁਰ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ, ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ, ਜਗਰੂਪ ਸਿੰਘ ਸੇਖਵਾਂ, ਬਲਬੀਰ ਸਿੰਘ ਪੰਨੂ, ਸ਼ਮਸ਼ੇਰ ਸਿੰਘ ਦੀਨਾਨਗਰ, ਜ਼ਿਲ੍ਹਾ ਪ੍ਰਧਾਨ ਜੋਬਨ ਰੰਧਾਵਾ ਤੇ ਪਾਰਟੀ ਦੇ ਜ਼ਿਲ੍ਹਾ ਮੀਡੀਆ ਇੰਚਾਰਜ ਮੁਖਦੇਵ ਸਿੰਘ ਆਲੋਵਾਲ ਵੀ ਮੌਜੂਦ ਸਨ।ਪ੍ਰੈੱਸ ਕਾਨਫ਼ਰੰਸ ਦੌਰਾਨ ਪੱਤਰਕਾਰਾਂ ਨਾਲ ਗੱਲ ਕਰਦੇ ਹੋਏ ਸੂਬਾ ਕਾਰਜਕਾਰੀ ਪ੍ਰਧਾਨ ਸ਼ੈਰੀ ਕਲਸੀ ਨੇ ਕਿਹਾ ਕਿ ਮੋਦੀ ਸਰਕਾਰ ਨੇ ਕੇ.ਵਾਈ.ਸੀ. ਨਾ ਹੋਣ ਦਾ ਬਹਾਨਾ ਲਗਾ ਕੇ 23 ਲੱਖ ਗ਼ਰੀਬਾਂ ਦਾ ਰਾਸ਼ਨ ਜੁਲਾਈ ਤੋਂ ਹੀ ਬੰਦ ਕਰ ਦਿੱਤਾ ਹੈ ਅਤੇ ਹੁਣ 32 ਲੱਖ ਹੋਰ ਲੋਕਾਂ ਦਾ ਰਾਸ਼ਨ 30 ਸਤੰਬਰ ਤੋਂ ਬਾਅਦ ਬੰਦ ਕਰਨ ਦੀ ਧਮਕੀ ਦਿੱਤੀ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦਾ ਇਹ ਲੋਕ ਤੇ ਗ਼ਰੀਬ ਵਿਰੋਧੀ ਫ਼ੈਸਲਾ ਪੰਜਾਬ ਉੱਪਰ ਸਿੱਧਾ ਹਮਲਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸ ਨੂੰ ਕੇਂਦਰ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਨਾਲ ਵਿਸ਼ਵਾਸਘਾਤ ਮੰਨਦੀ ਹੈ ਅਤੇ ਇਸ ਬੇਇਨਸਾਫ਼ੀ ਵਿਰੁੱਧ ਆਮ ਆਦਮੀ ਪਾਰਟੀ ਹਰ ਪੱਧਰ 'ਤੇ ਲੜਾਈ ਲੜੇਗੀ। ਸ਼ੈਰੀ ਕਲਸੀ ਨੇ ਕਿਹਾ ਕਿ ਜਿੰਨਾ ਚਿਰ ਸੂਬੇ ਵਿੱਚ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹੈ, ਕਿਸੇ ਵੀ ਗ਼ਰੀਬ ਦਾ ਰਾਸ਼ਨ ਨਹੀਂ ਰੁਕੇਗਾ। ਉਨ੍ਹਾਂ ਕਿਹਾ ਕਿ 1.29 ਕਰੋੜ ਰਾਸ਼ਨ ਲਾਭਪਾਤਰੀਆਂ ਦੀ ਤਸਦੀਕ ਪੂਰੀ ਹੋ ਗਈ ਹੈ ਅਤੇ ਬਾਕੀ ਰਹਿੰਦੇ ਲੋਕਾਂ ਦੀ ਤਸਦੀਕ ਅਗਲੇ 6 ਮਹੀਨਿਆਂ ਵਿੱਚ ਘਰ-ਘਰ ਜਾ ਕੇ ਪੂਰੀ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਇਹ ਸਿਰਫ਼ ਰਾਸ਼ਨ ਨਹੀਂ, ਸਨਮਾਨ ਦੀ ਲੜਾਈ ਹੈ, ਅਧਿਕਾਰਾਂ ਦੀ ਲੜਾਈ ਹੈ ਅਤੇ ਜੇਕਰ ਲੋੜ ਪਈ ਤਾਂ ਆਮ ਆਦਮੀ ਪਾਰਟੀ ਵੱਲੋਂ ਪੂਰੇ ਪੰਜਾਬ ਵਿੱਚ ਅੰਦੋਲਨ ਹੋਵੇਗਾ। ਉਨ੍ਹਾਂ ਕਿਹਾ ਕਿ ਅਸੀਂ ਪੰਜਾਬ ਦੇ ਗ਼ਰੀਬਾਂ ਦੇ ਅਧਿਕਾਰਾਂ ਨਾਲ ਸਮਝੌਤਾ ਨਹੀਂ ਕਰਾਂਗੇ।



# ਕੇਂਦਰ ਸਰਕਾਰ ਹੜ੍ਹ ਪ੍ਰਭਾਵਿਤ ਇਲਾਕਿਆਂ ਦੇ ਕਿਸਾਨਾਂ ਨੂੰ ਇੱਕ ਏਕੜ ਵਾਸਤੇ ਇੱਕ ਲੱਖ ਮੁਆਵਜ਼ੇ ਦਾ ਐਲਾਨ ਕਰੇ : ਕਿਸਾਨ ਆਗੂ


**ਚੋਹਲਾ ਸਾਹਿਬ (ਰਮਨ ਚੱਢਾ)**-ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਬਲਵਿੰਦਰ ਸਿੰਘ ਦਦੇਹਰ ਸਾਹਿਬ ਨੇ ਦੱਸਿਆ ਕਿ ਕੇਂਦਰ ਦੀ ਮੋਦੀ ਸਰਕਾਰ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ। ਅੱਜ ਕਿਸਾਨ ਦੇਸ਼ ਦੀ ਰੀੜ੍ਹ ਦੀ ਹੱਡੀ ਪੂਰੀ ਤਰ੍ਹਾਂ ਰੁਲ ਰਿਹਾ ਹੈ। ਪਹਿਲਾਂ ਕਰਜ਼ੇ ਦਾ ਬੋਝ ਅਤੇ ਫਸਲਾਂ ਦੇ ਲਾਹੇਵੰਦ ਭਾਅ ਨਹੀਂ ਮਿਲ ਰਹੇ, ਦੂਜੇ ਪਾਸੇ ਦਵਾਈਆਂ ਅਤੇ ਖਾਦ ਦੇ ਰੇਟ ਅਸਮਾਨੀ ਛੂਹ ਰਹੇ ਹਨ। ਹੁਣ ਹੜ੍ਹ ਨੇ ਝੋਨੇ ਦੀ ਫਸਲ ਨੂੰ ਤਬਾਹ ਕਰਕੇ ਰੱਖ ਦਿੱਤਾ ਹੈ। ਪੰਜਾਬ ਦੇ ਕਿਸਾਨ ਘਰੋਂ ਬੇਘਰ ਹੋਏ ਫਿਰਦੇ ਹਨ । ਅਜੇ ਤੱਕ ਕੇਂਦਰ ਸਰਕਾਰ ਦੇ ਕਿਸੇ ਮੰਤਰੀ ਨੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਨਹੀਂ ਕੀਤਾ ਨਾ ਇਸ ਬਾਰੇ ਕੋਈ ਬਿਆਨ ਦਿੱਤਾ ਹੈ। ਇਸ ਤੋਂ ਉਲਟ ਬੀ ਜੇ ਪੀ ਵਾਲੇ ਪਿੰਡਾਂ ਵਿੱਚ ਕੈਂਪ ਲਾ ਕੇ ਗਰੀਬ ਲੋਕਾਂ ਦੇ ਰਾਸ਼ਨ ਕਾਰਡ ਕੱਟ ਰਹੇ ਹਨ। ਜੇ ਸਰਕਾਰ ਨੇ ਕਿਸਾਨਾਂ ਦੇ ਮੁਆਵਜ਼ੇ ਦਾ ਕੋਈ ਵੀ ਐਲਾਨ ਨਾ ਕੀਤਾ, ਜੇ ਰਾਸ਼ਨ ਕਾਰਡ ਕੱਟਣੇ ਬੰਦ ਨਾ ਕੀਤੇ ਤਾਂ ਪੰਜਾਬ ਦੀਆਂ 2027 ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੇ ਬਹਾਦਰ ਇਹਨਾਂ ਦੀਆਂ ਜ਼ਮਾਨਤਾਂ ਜ਼ਬਤ ਕਰ ਦੇਣਗੇ।



# ਬਟਾਲਾ ਪੁਲਸ ਨੇ ਬੀ ਕੇ ਆਈ ਦੀ ਅੱਤਵਾਦੀ ਸਾਜ਼ਿਸ਼ ਕੀਤੀ ਨਾਕਾਮ; ਚਾਰ ਹੈਂਡ ਗ੍ਰਨੇਡ, 2 ਕਿਲੋਗ੍ਰਾਮ ਆਈ ਈ ਡੀ ਬਰਾਮਦ

ਬਟਾਲਾ (ਡਾਕਟਰ ਮਲਵਿੰਦਰ ਸਿੰਘ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਬਟਾਲਾ ਪੁਲਸ ਨੇ ਪਾਕਿ-ਆਈ ਐਸ ਆਈ ਸਮਰਥਿਤ ਅੱਤਵਾਦੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਚਾਰ ਐਸ ਪੀ ਐਲ ਐਚ ਜੀ ਆਰ-84 ਹੈਂਡ ਗ੍ਰਨੇਡ (ਜਿਸ ਨੂੰ ਆਰਗੇਸ ਐਚ ਜੀ-84 ਵੀ ਕਿਹਾ ਜਾਂਦਾ ਹੈ) ਅਤੇ ਇੱਕ ਕਾਲੇ ਧਾਤੂ ਦੇ ਡੱਬੇ ਵਿੱਚ ਪੈਕ ਆਰ ਡੀ ਐਕਸ-ਅਧਾਰਤ ਇੰਪ੍ਰੋਵਾਈਜ਼ਡ ਐਕਸਪਲੋਸਿਵ ਡਿਵਾਈਸ (ਆਈ ਈ ਡੀ) ਲਗਭਗ 2 ਕਿਲੋਗ੍ਰਾਮ ਨੂੰ ਅੰਮ੍ਰਿਤਸਰ ਵੱਲ ਜਾਣ ਵਾਲੀ ਸੜਕ ਦੇ ਨੇੜੇ ਝਾੜੀਆਂ ਵਿੱਚੋਂ ਬਰਾਮਦ ਕੀਤਾ। ਇਹ ਜਾਣਕਾਰੀ ਐਸ ਐਸ ਪੀ ਬਟਾਲਾ ਸੁਹੇਲ ਕਾਸਿਮ ਮੀਰ ਨੇ ਪੁਲਸ ਲਾਈਨ ਬਟਾਲਾ ਵਿਖੇ ਪ੍ਰੈੱਸ ਕਾਨਫੰਰਸ ਦੌਰਾਨ ਦਿੱਤੀ।ਇਸ ਤੋਂ ਇਲਾਵਾ ਐਫ ਐਮ ਟ੍ਰਾਂਸੀਵਰ ਸੈੱਟ, ਇੱਕ ਡੀ-ਆਕਾਰ ਵਾਲਾ ਹੈੱਡਸੈੱਟ ਜੋ ਆਮ ਤੌਰ 'ਤੇ ਵਾਕੀ-ਟਾਕੀ ਨਾਲ ਵਰਤਿਆ ਜਾਂਦਾ ਹੈ, ਸਮੇਤ ਹੋਰ ਉਪਕਰਣ ਵੀ ਬਰਾਮਦ ਕੀਤੇ ਹਨ।ਉਨ੍ਹਾਂ ਦੱਸਿਆ ਕਿ ਮੁਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਖੇਪ ਯੂਕੇ ਅਧਾਰਤ ਬੱਬਰ ਖਾਲਸਾ ਇੰਟਰਨੈਸ਼ਨਲ (ਬੀ ਕੇ ਆਈ) ਦੇ ਅੱਤਵਾਦੀ ਨਿਸ਼ਾਨ ਸਿੰਘ ਉਰਫ ਨਿਸ਼ਾਨ ਜੋੜੀਆਂ, ਜੋ ਕਿ ਪਾਕਿ ਆਈ ਐਸ ਆਈ ਹਮਾਇਤ ਪ੍ਰਾਪਤ ਪਾਕਿਸਤਾਨ ਅਧਾਰਤ ਅੱਤਵਾਦੀ ਹਰਵਿੰਦਰ ਸਿੰਘ ਰਿੰਦਾ ਦੇ ਇਸ਼ਾਰਿਆਂ 'ਤੇ ਕੰਮ ਕਰ ਰਿਹਾ ਹੈ, ਦੇ ਨਿਰਦੇਸ਼ਾਂ 'ਤੇ ਰੱਖੀ ਗਈ ਸੀ।ਉਨ੍ਹਾਂ ਨੇ ਦੱਸਿਆ ਕਿ ਇੱਕ ਦੋਸ਼ੀ, ਜਿਸ ਦੀ ਪਛਾਣ ਰਵਿੰਦਰ ਪਾਲ ਸਿੰਘ ਉਰਫ਼ ਰਵੀ ਵਾਸੀ ਪਿੰਡ ਪੂਰੀਆ ਕਲਾਂ ਵਜੋਂ ਹੋਈ ਹੈ, ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਇੱਕ ਹੋਰ ਦੋਸ਼ੀ ਦੀ ਪਛਾਣ ਕਰ ਲਈ ਗਈ ਹੈ ਅਤੇ ਪੁਲਸ ਟੀਮਾਂ ਵੱਲੋਂ ਉਸ ਨੂੰ ਕਾਬੂ ਕਰਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸਰਹੱਦ ਪਾਰੋਂ ਇਸ ਪੂਰੇ ਨੈਟਵਰਕ ਦਾ ਪਰਦਾਫਾਸ਼ ਕਰਨ ਲਈ ਜਾਂਚ ਜਾਰੀ ਹੈ।ਹੋਰ ਵੇਰਵੇ ਸਾਂਝੇ ਕਰਦਿਆਂ, ਸੀਨੀਅਰ ਸੁਪਰਡੈਂਟ ਆਫ਼ ਪੁਲਸ ਬਟਾਲਾ ਸੁਹੇਲ ਕਾਸਿਮ ਮੀਰ ਨੇ ਦੱਸਿਆ ਕਿ ਹੋਰ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਨੇ ਗੈਂਗਸਟਰ-ਅੱਤਵਾਦੀ ਨਿਸ਼ਾਨ ਸਿੰਘ ਉਰਫ਼ ਨਿਸ਼ਾਨ ਜੋੜੀਆਂ, ਜਿਸ ਨੇ ਵਿਸਫੋਟਕ ਛੁਪਾਉਣ ਅਤੇ ਪ੍ਰਾਪਤ ਕਰਨ ਦਾ ਪ੍ਰਬੰਧ ਕੀਤਾ ਸੀ, ਦੇ ਨਿਰਦੇਸ਼ਾਂ 'ਤੇ ਇੱਕ ਡੈੱਡ ਲੈਟਰ ਬਾਕਸ ਤਕਨੀਕ ਜ਼ਰੀਏ ਖੇਪ ਇਕੱਠੀ ਕੀਤੀ ਸੀ। ਉਨ੍ਹਾਂ ਦੱਸਿਆ ਕਿ ਇਸ ਖੇਪ ਦੀ ਬਰਾਮਦਗੀ ਨੇ ਪੰਜਾਬ ਵਿੱਚ ਸ਼ਾਂਤੀ ਅਤੇ ਸਦਭਾਵਨਾ ਨੂੰ ਭੰਗ ਦੇ ਉਦੇਸ਼ ਨਾਲ ਸਰਹੱਦ ਪਾਰੋਂ ਰਚੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਹੈ।ਐਸ ਐਸ ਪੀ ਨੇ ਦੱਸਿਆ ਕਿ ਨਿਸ਼ਾਨ ਜੋੜੀਆਂ ਨੂੰ ਗ੍ਰਿਫ਼ਤਾਰ ਕਰਨ ਅਤੇ ਉਸ ਵਿਰੁੱਧ ਕਾਨੂੰਨੀ ਕਾਰਵਾਈ ਕਰਨ ਲਈ ਭਾਰਤ ਵਾਪਸ ਡਿਪੋਰਟ ਕਰਵਾਉਣ ਦੇ ਯਤਨ ਕੀਤੇ ਜਾ ਰਹੇ ਹਨ। ਇਸ ਸਬੰਧੀ ਪੰਜਾਬ ਪੁਲਸ ਨੇ ਵਿਦੇਸ਼ ਮੰਤਰਾਲੇ ਅਤੇ ਬਰਮਿੰਘਮ ਵਿੱਚ ਭਾਰਤ ਦੇ ਕੌਂਸਲੇਟ ਜਨਰਲ ਨਾਲ ਪੱਤਰ ਵਿਹਾਰ ਸ਼ੁਰੂ ਕੀਤਾ ਹੈ ਅਤੇ ਉਸ ਨੂੰ ਡਿਪੋਰਟ ਕਰਨ ਦੀ ਪ੍ਰਕਿਰਿਆ ਚੱਲ ਰਹੀ ਹੈ।ਇਸ ਸਬੰਧੀ ਐਫ ਆਈ ਆਰ ਨੰਬਰ 129 ਮਿਤੀ 21.08.2025 ਨੂੰ ਥਾਣਾ ਸਦਰ ਬਟਾਲਾ ਵਿਖੇ ਵਿਸਫੋਟਕ ਪਦਾਰਥ ਐਕਟ ਦੀ ਧਾਰਾ 3 ਅਤੇ 4 ਤਹਿਤ ਦਰਜ ਕੀਤੀ ਗਈ ਸੀ।





# ਬਾਬਾ ਸ੍ਰੀ ਚੰਦ ਜੀ ਦਾ ਜਨਮ ਦਿਹਾੜਾ 28 ਨੂੰ ਮਨਾਇਆ ਜਾਵੇਗਾ : ਬਾਬਾ ਬੇਦੀ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ ) ਬਾਬਾ ਸ਼੍ਰੀ ਚੰਦ ਜੀ ਚੈਰੀਟੇਬਲ ਟਰੱਸਟ ਡੇਰਾ ਬਾਬਾ ਨਾਨਕ ਵੱਲੋਂ ਹਰ ਸਾਲ ਦੀ ਤਰਾ 28 ਅਗਸਤ ਨੂੰ ਪਹਿਲੀ ਪਾਤਸ਼ਾਹੀ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਵੱਡੇ ਸਪੁੱਤਰ ਬਾਬਾ ਸ਼੍ਰੀ ਚੰਦ ਜੀ ਦਾ 531ਵਾਂ ਜਨਮ ਦਿਹਾੜਾ ਡੇਰਾ ਬਾਬਾ ਨਾਨਕ ਦੇ ਦਸ ਡੇਰਾਗਾ ਮਾਰਗ ਸਥਿਤ ਗੁਰਦੁਆਰਾ ਬਾਬਾ ਸ਼੍ਰੀ ਚੰਦ ਜੀ ਵਿਖੇ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਜਾਵੇਗਾ ।ਇਸ ਸੰਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਵਧੇਰੇ ਦਿੰਦਿਆਂ ਗੁਰਦੁਆਰਾ ਬਾਬਾ ਸ਼੍ਰੀ ਚੰਦ ਜੀ ਵਿਖੇ ਉਘੇ ਸਮਾਜ ਸੇਵੀ ਤੇ ਬਾਬਾ ਸ਼੍ਰੀ ਚੰਦ ਚੈਰੀਟੇਬਲ ਟਰੱਸਟ ਡੇਰਾ ਬਾਬਾ ਨਾਨਕ ਦੇ ਚੇਅਰਮੈਨ ਐਨ.ਆਰ.ਆਈ ਬਾਬਾ ਰਜਿੰਦਰ ਸਿੰਘ ਬੇਦੀ ਨੇ ਦੱਸਿਆ ਕਿ ਇਸ ਸਬੰਧੀ 26 ਅਗਸਤ ਦਿਨ ਮੰਗਲਵਾਰ ਨੂੰ ਸਵੇਰੇ 11 ਵਜੇ ਗੁਰਦੁਆਰਾ ਬਾਬਾ ਸ਼੍ਰੀ ਚੰਦ ਜੀ ਵਿਖੇ ਸ਼੍ਰੀ ਅਖੰਡ ਪਾਠ ਸਾਹਿਬ ਅਰੰਭ ਕਰਵਾਏ ਜਾਣਗੇ ,ਜਿੰਨਾ ਦੇ ਭੋਗ ਮਿਤੀ 28 ਅਗਸਤ ਦਿਨ ਵੀਰਵਾਰ ਨੂੰ ਸਵੇਰੇ 10 ਵਜੇ ਪਾਏ ਜਾਣਗੇ । ਉਪਰੰਤ 11 ਵਜੇ ਤੋਂ ਦੁਪਹਿਰ 1 ਵਜੇ ਤੱਕ ਧਾਰਮਿਕ ਸਮਾਗਮ ਕਰਵਾਏ ਜਾਣਗੇ ਅਤੇ ਕਥਾ ਕੀਰਤਨ ਦੇ ਪ੍ਰਵਾਹ ਚਲਾਏ ਜਾਣਗੇ । ਉਨਾਂ ਕਿਹਾ ਕਿ ਟਰੱਸਟ ਵੱਲੋਂ ਇਸ ਮੌਕੇ ਵਿਸ਼ੇਸ਼ ਰੂਪ ਵਿੱਚ ਸੇਵਾ ਤੇ ਸਨਮਾਨ ਯੋਗ ਸ਼ਖਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਜਾਵੇਗਾ , ਅਤੇ ਸੰਗਤਾਂ ਲਈ ਗੁਰੂ ਕਾ ਅਟੁੱਟ ਲੰਗਰ ਵੀ ਵਰਤਾਇਆ ਜਾਵੇਗਾ ।ਉਨਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ 28 ਅਗਸਤ ਦਿਨ ਵੀਰਵਾਰ ਨੂੰ ਬਾਬਾ ਸ਼੍ਰੀ ਚੰਦ ਜੀ ਦੇ ਜਨਮ ਦਿਹਾੜੇ ਮੌਕੇ ਵੱਡੀ ਗਿਣਤੀ ਵਿੱਚ ਗੁਰਦੁਆਰਾ ਬਾਬਾ ਸ਼੍ਰੀ ਚੰਦ ਜੀ ਵਿਖੇ ਪਹੁੰਚ ਕੇ ਹਾਜਰੀ ਭਰਨ ਅਤੇ ਗੁਰੂ ਘਰ ਦੀਆ ਖੁਸ਼ੀਆਂ ਪ੍ਰਾਪਤ ਕਰਨ । ਇਸ ਮੌਕੇ ਮਾਤਾ ਆਤਮਜੀਤ ਕੌਰ ਬੇਦੀ,ਸੁੱਚਾ ਸਿੰਘ ਸੈਕਟਰੀ ਸ਼ਿਕਾਰ,ਸਾਬਕਾ ਵਾਈਸ ਚੇਅਰਮੈਨ ਨਿਰਮਲ ਸਿੰਘ ਹਰੂਵਾਲ, ਗੁਰਦੀਪ ਸਿੰਘ ਬਿੱਟਾ ਚੰਦੂ ਨੰਗਲ ,ਬਲਜਿੰਦਰ ਸਿੰਘ ਬੱਬੂ (ਰੱਤਾ )ਵਿਕਰਮਜੀਤ,ਪਰਮਜੀਤ ਸਿੰਘ ਸਾਬੀ, ਹੈਡ ਗ੍ਰੰਥੀ ਬਾਬਾ ਭੁਪਿੰਦਰ ਸਿੰਘ,ਮਨਮੋਹਨ ਸਿੰਘ ਆਦਿ ਹਾਜਰ ਸਨ ।

# ਪੰਜਾਬ 'ਚ ਹੜ੍ਹਾਂ ਕਾਰਨ ਹੋ ਰਹੇ ਜਾਨੀ ਮਾਲੀ ਨੁਕਸਾਨ ਦੇ ਮੁਆਵਜ਼ੇ ਲਈ ਹਰਿਆਣਾ ਤੇ ਰਾਜਸਥਾਨ ਸਰਕਾਰਾਂ ਵੀ ਵੱਡਾ ਹਿੱਸਾ ਪਾਉਣ : ਧਾਲੀਵਾਲ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਹਲਕਾ ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਕੁਲਦੀਪ ਸਿੰਘ ਧਾਲੀਵਾਲ ਨੇ ਪੰਜਾਬ ਦੇ ਗੁਆਂਢੀ ਸੂਬਿਆਂ ਹਰਿਆਣਾ ਤੇ ਰਾਜਸਥਾਨ ਸਰਕਾਰਾਂ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਪਹਾੜਾਂ 'ਚ ਉੱਚੀਆਂ ਥਾਵਾਂ 'ਤੇ (ਹਿਮਾਚਲ ਪ੍ਰਦੇਸ਼) 'ਚ ਬੱਦਲ ਫਟਣ ਦੀਆਂ ਘਟਨਾਵਾਂ ਕਾਰਨ ਅੱਚਰੇ ਮੀਂਹ ਦੇ ਮੱਦੇਨਜ਼ਰ ਪੰਜਾਬ 'ਚ ਹੜ੍ਹਾਂ ਦੀ ਸਥਿਤੀ ਬਣਨ ਕਾਰਨ ਹੋ ਰਹੇ ਜਾਨੀ ਮਾਲੀ ਨੁਕਸਾਨ ਦੀ ਭਰਪਾਈ ਦੇ ਮੁਆਵਜ਼ੇ ਵਜੋਂ ਭਰਪਾਈ ਕਰਨ ਲਈ ਪੰਜਾਬ ਸਰਕਾਰ ਨੂੰ ਆਪਣੇ ਹਿੱਸੇ ਦੇ ਫੰਡ ਜਾਰੀ ਕਰਨ । ਧਾਲੀਵਾਲ ਨੇ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸੋਮਵਾਰ ਵਿਧਾਨ ਸਭਾ ਹਲਕਾ ਅਜਨਾਲਾ 'ਚੋਂ ਲੰਘਦੇ ਕੌਮਾਂਤਰੀ ਰਾਵੀ ਦਰਿਆ ਨੇੜਲੇ ਪਿੰਡਾਂ ਘੋਨੇਵਾਲਾ, ਦਰਿਆ ਮੂਸਾ, ਕੋਟ ਰਜ਼ਾਦਾ, ਚਾਹੜਪੁਰ, ਆਦਿ ਦਰਜਨ ਦੇ ਕਰੀਬ ਪਿੰਡਾਂ ਦਾ ਦੌਰਾ ਕਰਦਿਆਂ ਗ੍ਰਾਮ ਪੰਚਾਇਤਾਂ, ਕਿਸਾਨਾਂ, ਖੇਤ ਮਜ਼ਦੂਰਾਂ, ਸਰਹੱਦੀ ਲੋਕਾਂ ਨਾਲ ਸੰਗਵਾਈ ਹੜ੍ਹਾਂ ਦੀ ਤਾਜ਼ਾ ਸਥਿਤੀ ਦਾ ਜਾਇਜ਼ਾ ਲੈਣ ਅਤੇ ਸਰਹੱਦੀ ਬੀ ਐਸ ਐਫ ਚੌਕੀ ਕਮਾਲਪੁਰ 'ਚ ਤਾਇਨਾਤ ਬੀ ਐਸ ਐਫ ਅਧਿਕਾਰੀਆਂ ਤੇ ਜੁਆਨਾਂ ਨਾਲ ਵੀ ਮੀਟਿੰਗ ਕਰਕੇ ਰਾਵੀ ਦਰਿਆ ਵਿਚਲੇ ਉਛਾਲੇ ਮਾਰ ਰਹੇ ਪਾਣੀ ਦੀ ਤਾਜ਼ਾ ਹਾਲਤ ਦੀ ਜਾਣਕਾਰੀ ਹਾਸਲ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਸਰਕਾਰ ਸੰਭਾਵੀ ਹੜ੍ਹਾਂ ਤੋਂ ਬਚਾਅ ਤੇ ਹੜ੍ਹ ਆਉਣ ਦੀ ਸੂਰਤ 'ਚ ਲੋਕਾਂ ਦੇ ਬਚਾਅ ਲਈ ਪੂਰੀ ਤਰ੍ਹਾਂ ਮੁਸਤੈਦ ਤੇ ਵਚਨਬੱਧ ਹੈ, ਜਦੋਂਕਿ ਬਰਬਾਦ ਹੋ ਰਹੀਆਂ ਫਸਲਾਂ ਦਾ ਮੁਆਵਜ਼ਾ ਦੇਣ ਲਈ ਨੁਕਸਾਨੀਆਂ ਫਸਲਾਂ ਦੀਆਂ ਗਿਰਦਾਵਰੀਆਂ ਕਰਨ ਲਈ ਡਿਪਟੀ ਕਮਿਸ਼ਨਰਾਂ ਨੂੰ ਹੁਕਮ ਜਾਰੀ ਕਰ ਦਿੱਤੇ ਹਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਡਰੇਨਾਂ ਦੀ ਸਫਾਈ ਅਤੇ ਧੁੱਸੀ ਬੰਨ੍ਹਾਂ ਦੀ ਮੁਰੰਮਤ ਸਮੇਤ ਹੋਰ ਲੋੜੀਂਦੇ ਪ੍ਰਬੰਧਾਂ ਲਈ 276 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਹੈ। ਧਾਲੀਵਾਲ ਨੇ ਇਹ ਵੀ ਕਿਹਾ ਕਿ ਦਰਿਆਈ ਪਾਣੀਆਂ ਲਈ ਕੌਮਾਂਤਰੀ ਪੱਧਰ ਤੇ ਪ੍ਰਵਾਨਿਤ ਰਿਪੇਰੀਅਨ ਕਾਨੂੰਨ ਦੀ ਘੋਰ ਉਲੰਘਣਾ ਕਰਕੇ ਪੰਜਾਬ ਦੇ ਦਰਿਆਈ ਪਾਣੀਆਂ 'ਤੇ ਡਾਕਾ ਮਾਰਨ ਦੇ ਆਹਰ 'ਚ ਰਹਿੰਦੀਆਂ ਕੇਂਦਰੀ ਤੇ ਹਰਿਆਣਾ, ਰਾਜਸਥਾਨ ਸਰਕਾਰਾਂ ਇਸ ਵੇਲੇ ਹਿਮਾਚਲ 'ਚ ਕੁਦਰਤੀ ਭਾਰੀ ਮੀਂਹ ਦੀ ਆਫਤ ਤੇ ਬੱਦਲ ਫਟਣ ਦੀਆਂ ਮੰਦਭਾਗੀਆਂ ਘਟਨਾਵਾਂ ਦੇ ਮੱਦੇਨਜ਼ਰ ਪਹਾੜਾਂ ਤੋਂ ਮੈਦਾਨੀ ਇਲਾਕੇ ਪੰਜਾਬ ਵੱਲ ਹੇਠਾਂ ਨੂੰ ਪਾਣੀ ਦੇ ਅੰਨ੍ਹੇ ਤੇਜ਼ ਵਹਾਅ ਕਾਰਨ ਦਰਿਆਵਾਂ 'ਚ ਹੜ੍ਹਾਂ ਕਾਰਨ ਧੁੱਸੀ ਬੰਨ੍ਹਾਂ ਨੂੰ ਢਾਹ ਲਗਾਉਣ ਤੋਂ ਇਲਾਵਾ ਖੇਤਾਂ 'ਚ ਅੰਨਦਾਤਾ (ਕਿਸਾਨਾਂ) ਦੀਆਂ ਫਸਲਾਂ 'ਚ ਤਬਾਹੀ ਮਚਾਉਣ ਦੇ ਨਾਲ ਉਪਜਾਊ ਜ਼ਰਖੇਜ਼ ਜ਼ਮੀਨਾਂ ਨੂੰ ਵੀ ਖੋਰਾ ਲਗਾ ਕੇ ਆਪਣੀ ਚੁੰਗਲ 'ਚ ਫਸਾਉਂਦਿਆਂ ਤੇਜ਼ ਵਹਾਅ 'ਚ ਦਰਿਆ ਬੁਰਦ ਹੋਣ ਕਾਰਨ ਕੇਂਦਰੀ ਸਰਕਾਰਾਂ ਦੀਆਂ ਕਿਸਾਨ ਮਾਰੂ ਨੀਤੀਆਂ ਦੇ ਮੱਦੇਨਜ਼ਰ ਕਰਜ਼ੇ ਦੀ ਦਲਦਲ 'ਚ ਤੇ ਖੁਦਕੁਸ਼ੀਆਂ ਦੇ ਕਰਾਹੇ 'ਚ ਫਸੇ ਕਿਸਾਨਾਂ ਦੀਆਂ ਜ਼ਮੀਨਾਂ ਘਟ ਰਹੀਆਂ ਹਨ। ਜਿਸ ਦੇ ਮੱਦੇਨਜ਼ਰ ਗੁਆਂਢੀ ਸੂਬਿਆਂ ਰਾਜਸਥਾਨ ਤੇ ਹਰਿਆਣਾ ਸਰਕਾਰਾਂ ਨੂੰ ਪੰਜਾਬ 'ਚ ਹੜ੍ਹਾਂ ਨਾਲ ਹੋਏ ਨੁਕਸਾਨ ਦਾ ਬਰਾਬਰ ਮੁਆਵਜ਼ਾ ਦੇਣ ਲਈ ਅਤੇ ਪੀੜਤਾਂ ਦੇ ਹੱਕ 'ਚ ਹਾਅ ਦਾ ਨਾਅਰਾ ਮਾਰਨ ਲਈ ਅੱਗੇ ਆਉਣਾ ਚਾਹੀਦਾ ਸੀ ਪਰ ਪੰਜਾਬ ਦੇ ਪਾਣੀ ਨੂੰ ਹਥਿਆਉਣ ਲਈ ਬਜ਼ਿਦ ਗੁਆਂਢੀ ਸੂਬਿਆਂ ਦੀਆਂ ਇਹਨਾਂ ਸਰਕਾਰਾਂ ਨੇ ਅਜਿਹਾ ਕੋਈ ਵੀ ਬੋਲ ਨਹੀਂ ਬੋਲੇ। ਵਿਧਾਇਕ ਨੇ ਪਾਕਿਸਤਾਨ ਦੀਆਂ ਭਾਰਤ ਵਿਰੋਧੀ ਸਾਜ਼ਿਸ਼ਾਂ ਨੂੰ ਵੀ ਆੜੇ ਹੱਥੀਂ ਲੈਂਦਿਆਂ ਕਿਹਾ ਕਿ ਜਿੱਥੇ ਪਹਿਲਾਂ ਡਰੋਨਾਂ ਰਾਹੀਂ ਨਸ਼ਿਆਂ, ਮਾਰੂ ਹਥਿਆਰਾਂ, ਭਾਰਤ ਵਿਰੋਧੀ ਜਾਸੂਸੀ ਦੀਆਂ ਘਟਨਾਵਾਂ 'ਚ ਅੰਜਾਮ ਦੇਣ 'ਚ ਨਾਕਾਮ ਰਿਹਾ ਸੀ, ਉਥੇ ਹੁਣ ਪਾਕਿਸਤਾਨ ਸਰਕਾਰ ਜ਼ਿਲ੍ਹਾ ਗੁਰਦਾਸਪੁਰ ਤੇ ਜ਼ਿਲ੍ਹਾ ਅੰਮ੍ਰਿਤਸਰ ਸਮੇਤ ਅਜਨਾਲਾ ਸਬ ਡਵੀਜ਼ਨ ਦੇ ਲੰਘਦੇ ਰਾਵੀ ਦਰਿਆ 'ਚ ਆਪਣੇ ਖੇਤਰ 'ਚ ਉੱਚੇ ਹਿੱਸੇ ਸਟੈਂਡ ਬਣਾਉਣ ਤੋਂ ਬਾਜ਼ ਨਹੀਂ ਆ ਰਿਹਾ , ਜਿਸ ਦੇ ਨਤੀਜੇ ਵਜੋਂ ਰਾਵੀ ਦਰਿਆ ਦੇ ਤੇਜ਼ ਪਾਣੀ ਦੇ ਵਹਾਅ ਨਿਵਾਣਾਂ ਭਾਰਤ ਵੱਲ ਹੋਣ ਕਾਰਨ ਰਾਵੀ ਕੰਢੇ ਵੱਸਦੇ ਪਿੰਡਾਂ ਦੀਆਂ ਉਪਜਾਊ ਜ਼ਮੀਨਾਂ ਅਤੇ ਕੰਢਿਆਲੀ ਤਾਰ ਤੋਂ ਪਾਰ ਬੀ ਐਸ ਐਫ ਦੀਆਂ ਚੌਕੀਆਂ ਨੂੰ ਪ੍ਰਭਾਵਿਤ ਹੋ ਰਹੀਆਂ ਹਨ ।ਪਰ ਚਿੰਤਾ ਦਾ ਆਲਮ ਇਹ ਹੈ ਕਿ ਕੇਂਦਰ ਵਿੱਚ ਹੁਣ ਤੱਕ ਰਾਜ ਕਰਦੀਆਂ ਆ ਰਹੀਆਂ ਸਰਕਾਰਾਂ ਵਲੋਂ ਪਿਛਲੇ 75 ਸਾਲਾਂ 'ਚ ਇਨ੍ਹਾਂ ਸਰਹੱਦੀ ਲੋਕਾਂ ਦਾ ਜਨ ਜੀਵਨ ਉੱਚਾ ਚੁੱਕਣ ਲਈ ਕੋਈ ਵਿਸ਼ੇਸ਼ ਵਿੱਤੀ ਪੈਕੇਜ ਜਾਰੀ ਹੀ ਨਹੀਂ ਕੀਤੇ ।



# ਰੈਬੀਜ਼ ਤੋਂ ਬਚਾਓ ਲਈ ਸਮੇਂ ਸਿਰ ਟੀਕਾਕਰਨ ਕਰਵਾਇਆ ਜਾਵੇ : ਸਿਵਲ ਸਰਜਨ


ਗੁਰਦਾਸਪੁਰ (ਦਿਨੇਸ਼ ਕੁਮਾਰ)- ਸਿਵਲ ਸਰਜਨ ਗੁਰਦਾਸਪੁਰ ਡਾ. ਜਸਵਿੰਦਰ ਸਿੰਘ ਦੀ ਅਗਵਾਈ ਹੇਠ ਰੈਬੀਜ਼ (ਹਲਕਾਅ) ਬਾਰੇ ਜਾਣਕਾਰੀ ਦਿੱਤੀ ਗਈ। ਸਿਵਲ ਸਰਜਨ ਗੁਰਦਾਸਪੁਰ ਡਾਕਟਰ ਜਸਵਿੰਦਰ ਸਿੰਘ ਨੇ ਕਿਹਾ ਕਿ ਰੈਬੀਜ਼ ਇੱਕ ਜਾਨਲੇਵਾ ਰੋਗ ਹੈ। ਰੈਬੀਜ਼ ਜਾਨਵਰਾਂ ਦੇ ਕੱਟਣ ਤੇ ਮਨੁੱਖ ਨੂੰ ਹੁੰਦਾ ਹੈ। ਇਹ ਗਲਤਫਹਿਮੀ ਹੈ ਕਿ ਰੈਬੀਜ਼ ਸਿਰਫ ਕੁੱਤਾ ਕੱਟਣ ਤੇ ਹੀ ਹੁੰਦਾ ਹੈ। ਨੇਵਲਾ, ਬਾਂਦਰ, ਘੋੜਾ, ਗਲਿਹਰੀ ਆਦਿ ਦੇ ਕੱਟਣ ਨਾਲ ਵੀ ਰੈਬੀਜ਼ ਹੁੰਦਾ ਹੈ। ਇਹ ਵਾਇਰਸ ਜਾਨਵਰਾਂ ਦੀ ਲਾਰ ਵਿੱਚ ਮੌਜੂਦ ਰਹਿੰਦਾ ਹੈ। ਜਾਨਵਰ ਦੇ ਕੱਟਣ ਦੇ ਲੰਬਾ ਸਮਾਂ ਬਾਅਦ ਵੀ ਇਹ ਵਾਇਰਸ ਐਕਟਿਵ ਹੋ ਕੇ ਜਾਨ ਲੈ ਸਕਦਾ ਹੈ। ਜਾਨਵਰਾਂ ਦੇ ਕੱਟਣ 'ਤੇ ਤੁਰੰਤ ਜਖ਼ਮ ਨੂੰ ਧੋ ਦਿਉ ਅਤੇ ਤੁਰੰਤ ਟੀਕਾਕਰਨ ਕਰਵਾਓ। ਉਨ੍ਹਾਂ ਕਿਹਾ ਕਿ ਅਰਬਨ ਸੀ ਐਚ ਸੀ ਗੁਰਦਾਸਪੁਰ ਅਤੇ ਜ਼ਿਲ੍ਹਾ ਗੁਰਦਾਸਪੁਰ ਦੇ ਸਾਰੇ ਆਮ ਆਦਮੀ ਕਲੀਨਿਕ ਵਿਖੇ ਹੁਣ ਐਂਟੀਰੇਬੀਜ਼ ਟੀਕਾਕਰਨ ਸ਼ੁਰੂ ਹੋ ਚੁੱਕਿਆ ਹੈ।

ਕਿਸੇ ਨੂੰ ਵੀ ਜਦੋਂ ਕੁੱਤੇ ਜਾਂ ਕਿਸੇ ਹੋਰ ਜਾਨਵਰ ਦੁਆਰਾ ਕੱਟਿਆ ਜਾਂਦਾ ਹੈ ਤਾਂ ਉਹ ਆਪਣੇ ਜ਼ੀਰੋ , ਤੀਜੇ, ਸੱਤਵੇਂ ਅਤੇ 28ਵੇਂ ਦਿਨ ਇਥੋਂ ਟੀਕਾਕਰਨ ਕਰਵਾ ਸਕਦਾ ਹੈ। ਰੈਬੀਜ਼ ਤੋਂ ਬਚਾਓ ਦਾ ਸਫਲ ਤਰੀਕਾ ਹੈ ਕਿ ਸਮੇਂ ਸਿਰ ਟੀਕਾਕਰਨ ਕਰਵਾਇਆ ਜਾਵੇ।ਸਿਹਤ ਵਿਭਾਗ ਰੈਬੀਜ਼ ਦਾ ਮੁਫ਼ਤ ਟੀਕਾਕਰਨ ਕਰਦਾ ਹੈ। ਸਰਕਾਰੀ ਹਸਪਤਾਲਾਂ ਵਿੱਚ ਰੈਬੀਜ਼ ਟੀਕਾਕਰਨ ਸੁਵਿਧਾ ਮੁਹੱਈਆ ਹੈ।



# ਆਸ਼ਾ ਵਰਕਰਾਂ ਤੇ ਫੈਸੀਲਿਟੇਟਰਜ਼ ਵੱਲੋਂ ਪੰਜਾਬ ਸਰਕਾਰ ਦੇ ਝੂਠੇ ਵਾਅਦੇ ਖਿਲਾਫ਼ ਜ਼ੋਰਦਾਰ ਰੋਸ ਪ੍ਰਦਰਸ਼ਨ

ਝਬਾਲ (ਮੱਖਣ ਮਨੋਜ)-ਆਸ਼ਾ ਵਰਕਰਜ਼ ਫੈਸੀਲਿਟੇਟਰਜ਼ ਸਾਂਝਾ ਮੋਰਚਾ ਪੰਜਾਬ ਵੱਲੋਂ ਆਪਣੀਆਂ ਲਮਕ ਅਵਸਥਾ ਵਿਚ ਪਈਆਂ ਹੱਕੀ ਮੰਗਾਂ ਨੂੰ ਮਨਾਉਣ ਲਈ ਉਲੀਕੇ ਪ੍ਰੋਗਰਾਮ ਅਨੁਸਾਰ ਪੂਰੇ ਪੰਜਾਬ ਵਿਚ ਅੱਜ ਬਾਰਿਸ਼ ਕਾਰਨ ਕੋਈ ਵੀ ਪਰਵਾਹ ਨਹੀਂ ਕੀਤੀ ਤੇ ਆਪਣੇ ਮੋਰਚੇ ਬਣਾ ਕੇ ਡਟੇ ਰਹੇ। ਜ਼ਿਲ੍ਹਾ ਤਰਨ ਤਾਰਨ ਦੀ ਸਮੁੱਚੀ ਕਮੇਟੀ ਲਖਵਿੰਦਰ ਕੌਰ ਝਬਾਲ ਦੀ ਅਗਵਾਈ ਹੇਠ ਪਹਿਲੇ ਦਿਨ ਸੀ ਐਚ ਸੀ ਝਬਾਲ ਤੇ ਜ਼ਿਲ੍ਹੇ ਦੀਆਂ ਸਮੂਹ ਆਸ਼ਾ ਵਰਕਰ ਤੇ ਫੈਸੀਲਿਟੇਟਰਜ਼ ਵਲੋਂ ਪੰਜਾਬ ਸਰਕਾਰ ਦੇ ਝੂਠੇ ਵਾਅਦੇ ਖਿਲਾਫ਼ ਜ਼ੋਰਦਾਰ ਰੋਸ ਸਾਂਝਾ ਕੀਤਾ। ਧਰਨੇ ਵਿਚ ਲਖਵਿੰਦਰ ਕੌਰ ਝਬਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਵਾਲੀ ਪੰਜਾਬ ਸਰਕਾਰ ਪੰਜਾਬ ਭਰ ਦੀਆਂ ਵਰਕਰਾਂ ਨਾਲ ਵਾਅਦਾ ਖਿਲਾਫੀ ਵਾਲੇ ਸਲੂਕ ਕਰ ਰਹੀ ਹੈ। ਆਮ ਆਦਮੀ ਦੀ ਸਰਕਾਰ ਸਾਢੇ ਤਿੰਨ ਸਾਲ ਦਾ ਸਮਾਂ ਬੀਤ ਜਾਣ ਦੇ ਦੌਰਾਨ ਮੰਗਾਂ ਮੁਸ਼ਕਲਾਂ ਦੇ ਹਜ਼ਾਰਾਂ ਮੰਗ ਪੱਤਰ ਪੰਜਾਬ ਸਰਕਾਰ ਕੋਲ ਪਾਹੁਚ ਚੁੱਕੇ ਹਨ ਪਰ ਕਿਸੇ ਵੀ ਮੰਗ ਪੱਤਰ ਅਮਲੀ ਜਾਮਾ ਨਹੀਂ ਪਹਿਨਾਇਆ ਗਿਆ। ਲਮਕ ਅਵਸਥਾ ਵਾਲੀਆਂ ਮੰਗਾਂ ਉਜਰਤਾਂ ਦੇ ਕਾਨੂੰਨ ਲਾਗੂ ਕਰਦਿਆਂ ਛੇਵੇ ਪੇ ਕਮਿਸ਼ਨ ਤੇ ਘੱਟੋ ਘੱਟ 26000 ਰੁਪਏ ਦੇ ਕੇ ਰੈਗੂਲਰ ਕਰਨ, ਕੱਟੇ ਭੱਤੇ ਬਹਾਲ ਕਰਨ, ਫੈਸੀਲਿਟੇਟਰ ਦੀ ਟੂਰ ਮਨੀ ਵਿਚ ਵਾਧਾ ਕਰਨ, ਗੁਆਂਢੀ ਦੇਸ਼ ਹਰਿਆਣਾ ਦੀ ਤਰਜ਼ 'ਤੇ ਪੰਜ ਲੱਖ ਰੁਪਏ ਸਹਾਇਤਾ ਫੰਡ ਤੇ ਪੈਨਸ਼ਨ ਦਾ ਪ੍ਰਬੰਧ ਮਿਲਣ ਵਾਲਾ ਫਿਕਸ ਭੱਤੇ ਨੂੰ ਕੀਤੇ ਵਾਅਦੇ ਅਨੁਸਾਰ 2500 ਰੁਪਏ ਨੂੰ 10 ਹਜ਼ਾਰ ਕਰਨ, ਮੰਨੀਆਂ ਮੰਗਾਂ ਪ੍ਰਸੂਤੀ ਛੁੱਟੀ ਤੇ ਨੋਟੀਫਿਕੇਸ਼ਨ ਜਾਰੀ ਕਰਨਾ, ਰਹਿੰਦਿਆਂ ਜ਼ਿਲ੍ਹਿਆਂ ਵਿਚ ਮੁਬਾਇਲ ਸਿਮਾਂ ਪ੍ਰਾਪਤ ਕਰਾਉਣਾ ਆਦਿ ਮੰਗਾਂ ਲਈ ਵਰਕਰਾਂ ਵਿਚ ਇਹ ਰੋਸ ਪ੍ਰਦਰਸ਼ਨ ਇਕ ਲਹਿਰ ਬਣ ਗਈ ਹੈ। ਮੋਰਚੇ ਵਿਚ ਅਪੀਲ ਕੀਤੀ ਗਈ ਕਿ ਜੇਕਰ ਸਾਡੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਪੰਜਾਬ ਸਰਕਾਰ ਇਸ ਦੇ ਸਿੱਟਿਆਂ ਦੀ ਖੁਦ ਜ਼ਿੰਮੇਵਾਰ ਹੋਵੇਗੀ। ਧਰਨੇ ਵਿਚ ਆਸ਼ਾ ਵਰਕਰ ਗੁਰਵੰਤ ਕੌਰ, ਬਲਵਿੰਦਰ ਕੌਰ, ਮਨਦੀਪ ਕੌਰ, ਵੀਰਾ ਰਾਣੀ, ਪਰਮਜੀਤ ਕੌਰ, ਗੁਰਨਾਮ ਕੌਰ, ਨੀਤਾ, ਕਵਲਜੀਤ ਕੌਰ, ਸਰਨਜੀਤ ਕੌਰ, ਪ੍ਰਭਜੋਤ ਕੌਰ, ਦਵਿੰਦਰ ਕੌਰ, ਪਰਮਜੀਤ ਕੌਰ, ਕੰਵਲਪ੍ਰੀਤ ਕੌਰ ਆਦਿ ਸ਼ਾਮਲ ਸਨ।



# ਪ੍ਰਿੰਸੀਪਲ ਗੁਰਰਤਨ ਸਿੰਘ ਦੇ ਮਾਤਾ ਕੁਲਵੰਤ ਕੌਰ ਦਾ ਅੰਤਿਮ ਸੰਸਕਾਰ

ਅੰਮ੍ਰਿਤਸਰ (ਜਗਦੀਸ਼ ਕਮਲੇਸ਼)- ਸੰਤ ਸਿੰਘ ਸੁੱਖਾ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਗੁਰਰਤਨ ਸਿੰਘ ਦੇ ਮਾਤਾ ਕੁਲਵੰਤ ਕੌਰ ਜੋ ਕਿ ਬੀਤੀ ਰਾਤ ਪਰਮਾਤਮਾ ਵੱਲੋਂ ਬਖਸ਼ੀ ਸੁਆਸਾਂ ਦੀ ਪੂੰਜੀ ਭੋਗਦੇ ਹੋਏ ਅਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ, ਅੱਜ ਮਾਤਾ ਕੁਲਵੰਤ ਕੌਰ ਦਾ ਅੰਤਿਮ ਸੰਸਕਾਰ ਗੁਰਦੁਆਰਾ ਸ਼ਹੀਦਾਂ ਸਾਹਿਬ ਨੇੜੇ ਸ਼ਮਸ਼ਾਨਘਾਟ ਵਿਖੇ ਕੀਤਾ ਗਿਆ।ਇਸ ਦੌਰਾਨ ਪੰਥ ਦੀਆਂ ਵੱਖ ਵੱਖ ਧਾਰਮਿਕ, ਰਾਜਨੀਤਿਕ, ਸੰਤ ਸਿੰਘ ਸੁੱਖਾ ਸਿੰਘ ਸਕੂਲ ਦੀ ਕਮੇਟੀ ਅਤੇ ਪ੍ਰਮੁੱਖ ਸ਼ਖਸੀਅਤਾਂ ਨੇ ਉਹਨਾਂ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਮਾਤਾ ਕੁਲਵੰਤ ਕੌਰ ਦੇ ਸਪੁੱਤਰ ਪ੍ਰਿੰਸੀਪਲ ਗੁਰਰਤਨ ਸਿੰਘ ਨੇ ਚਿਖਾ ਨੂੰ ਅਗਨੀ ਦਿੱਤੀ। ਉਹਨਾਂ ਦੱਸਿਆ ਕਿ ਮਾਤਾ ਜੀ ਦੀ ਉਮਰ ਕਰੀਬ 80 ਸਾਲ ਸੀ। ਮਾਤਾ ਜੀ ਬੜੇ ਮਲਾਪੜੇ ਸੁਭਾਅ ਅਤੇ ਮਿਲਵਰਤਣ ਸੁਭਾਅ ਦੇ ਮਾਲਕ ਸਨ।ਉਹਨਾਂ ਦੀ ਅੰਤਿਮ ਅਰਦਾਸ 31 ਅਗਸਤ ਦਿਨ ਐਤਵਾਰ ਸਮਾਂ 1 ਤੋਂ 2 ਗੁਰੂ ਨਾਨਕ ਪ੍ਰਕਾਸ਼ ਗੁਰਦੁਆਰਾ ਗਾਰਡਨ ਇਨਕਲੇਵ ਸਾਹਮਣੇ ਰਿਆਨ ਇੰਟਰਨੈਸ਼ਨਲ ਸਕੂਲ ਬਾਈਪਾਸ ਰੋਡ, ਅੰਮ੍ਰਿਤਸਰ ਵਿਖੇ ਕੀਤੀ ਜਾਏਗੀ।



# ਸੇਂਟ ਕਬੀਰ ਸਕੂਲ ਸੁਲਤਾਨਪੁਰ ਦੇ ਵਿਦਿਆਰਥੀਆਂ ਦਾ ਖੇਡਾਂ 'ਚ ਸ਼ਾਨਦਾਰ ਪ੍ਰਦਰਸ਼ਨ

ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਜ਼ਿਲ੍ਹਾ ਗੁਰਦਾਸਪੁਰ ਦੀ ਨਾਮਵਰ ਸੰਸਥਾ ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ ਦੇ ਵਿਦਿਆਰਥੀ ਪੜ੍ਹਾਈ ਦੇ ਨਾਲ- ਨਾਲ ਖੇਡ ਮੁਕਾਬਲਿਆਂ ਵਿੱਚ ਵੀ ਹਮੇਸ਼ਾ ਮੋਹਰੀ ਸਥਾਨ ਬਣਾਉਣ ਵਿੱਚ ਕਾਮਯਾਬੀ ਹਾਸਲ ਕਰਦੇ ਆ ਰਹੇ ਹਨ। ਇਸੇ ਲੜੀ ਤਹਿਤ ਸਕੂਲ ਦੇ ਵਿਦਿਆਰਥੀਆਂ ਨੇ ਸਿੱਖਿਆ ਵਿਭਾਗ ਪੰਜਾਬ ਵੱਲੋਂ ਕਰਵਾਏ ਗਏ 76ਵੇਂ ਪੰਜਾਬ ਰਾਜ ਜ਼ੋਨਲ ਪੱਧਰ ਕ੍ਰਿਕਟ ਮੁਕਾਬਲੇ 2025- 26 ਵਿੱਚੋਂ ਲਾਜਵਾਬ ਪ੍ਰਦਰਸਨ ਕਰਕੇ ਸਕੂਲ ਨੂੰ ਜ਼ਿਲ੍ਹੇ ਭਰ ਦੇ ਸਕੂਲਾਂ ਵਿੱਚੋਂ ਮੋਹਰੀ ਬਣਾਇਆ ਹੈ।

ਪ੍ਰਿੰਸੀਪਲ ਐਸ.ਬੀ.ਨਾਯਰ ਅਤੇ ਪ੍ਰਬੰਧਕ ਮੈਡਮ ਨਵਦੀਪ ਕੌਰ ਤੇ ਕੁਲਦੀਪ ਕੌਰ ਨੇ ਖੁਸ਼ੀ ਪ੍ਰਗਟ ਕਰਦਿਆਂ ਦੱਸਿਆ ਕਿ ਸਾਡੇ ਸਕੂਲ ਦੀਆਂ ਦੋ ਟੀਮਾਂ (ਅੰਡਰ- 14 ਅਤੇ ਅੰਡਰ- 19 ਲੜਕਿਆਂ) ਨੇ ਰਾਜ ਪੱਧਰੀ ਜ਼ੋਨਲ ਮੁਕਾਬਲਿਆਂ ਵਿੱਚ ਹਿੱਸੇਦਾਰੀ ਲਈ ਸੀ, ਜਿਨ੍ਹਾਂ ਵਿੱਚੋਂ ਕਪਤਾਨ ਸਮਰ ਦੀ ਅਗਵਾਈ ਹੇਠ ਖੇਡੀ ਅੰਡਰ- 14 ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਕਪਤਾਨ ਨੈਲਸਨ ਸਹੋਤਾ ਦੀ ਅਗਵਾਈ ਹੇਠ ਖੇਡੀ ਅੰਡਰ- 19 ਦੀ ਟੀਮ ਨੇ ਤਿੱਬੜ ਜ਼ੋਨ ਅਧੀਨ ਖੇਡੇ ਰਾਜ ਪੱਧਰੀ ਮੁਕਾਬਲੇ ਵਿੱਚੋਂ ਚੌਥਾ ਸਥਾਨ ਹਾਸਲ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਂਅ ਇਲਾਕੇ ਵਿੱਚ ਰੋਸ਼ਨ ਕੀਤਾ ਹੈ। ਇਹਨਾਂ ਖੇਡ ਮੁਕਾਬਲਿਆਂ ਦੌਰਾਨ ਸਾਡੇ ਸਕੂਲ ਦੀਆਂ ਟੀਮਾਂ ਦੀ ਸ਼ਾਨਦਾਰ ਖੇਡ ਕਾਰਗੁਜ਼ਾਰੀ ਹੋਣ ਕਰਕੇ ਸਕੂਲ ਦੀ ਅੰਡਰ-14 ਦੀ ਟੀਮ ਵਿੱਚੋਂ 8 ਖਿਡਾਰੀ ਅਤੇ ਅੰਡਰ- 19 ਦੀ ਟੀਮ ਵਿੱਚੋਂ 2 ਖਿਡਾਰੀ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਲਈ ਚੁਣੇ ਗਏ ਹਨ, ਜੋ ਕਿ ਬਾਕੀ ਖਿਡਾਰੀ ਵਿਦਿਆਰਥੀਆਂ ਲਈ ਵੀ ਮੀਲ ਪੱਥਰ ਹੈ। ਸਕੂਲ ਪਹੁੰਚਣ 'ਤੇ ਸਾਰੇ ਜੇਤੂ ਖਿਡਾਰੀਆਂ ਨੂੰ ਪ੍ਰਿੰਸੀਪਲ ਐਸ.ਬੀ.ਨਾਯਰ ਅਤੇ ਪ੍ਰਬੰਧਕ ਮੈਡਮ ਨਵਦੀਪ ਕੌਰ ਤੇ ਕੁਲਦੀਪ ਕੌਰ ਵੱਲੋਂ ਸਨਮਾਨਿਤ ਕਰਦਿਆਂ ਵਧਾਈ ਦਿੱਤੀ ਗਈ। ਉਨ੍ਹਾਂ ਵਿਦਿਆਰਥੀਆਂ ਨੂੰ ਪੜ੍ਹਾਈ ਨੂੰ ਵੀ ਨਾਲ- ਨਾਲ ਸਰੀਰਕ ਤੰਦਰੁਸਤੀ ਵੱਲ ਧਿਆਨ ਦੇਣ ਅਤੇ ਖੇਡਾਂ ਵਿੱਚ ਵੀ ਵਧੇਰੇ ਰੁਚੀ ਰੱਖਣ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਸਕੂਲ ਦੇ ਡੀ ਪੀ ਅਧਿਆਪਕ ਸਮਸ਼ੇਰ ਸਿੰਘ, ਗੁਰਪ੍ਰੀਤ ਸਿੰਘ, ਬੇਅੰਤ ਸਿੰਘ, ਜਤਿੰਦਰ ਕੌਰ ਸਮੇਤ ਸਮੂਹ ਸਟਾਫ ਮੈਂਬਰ ਹਾਜਰ ਸਨ।



# ਸ਼ੇਰੇ ਏ ਪੰਜਾਬ ਪ੍ਰੈੱਸ ਕਲੱਬ ਦੇ ਦੂਸਰੀ ਵਾਰ ਹਰਜਿੰਦਰ ਕਲੇਰ ਪ੍ਰਧਾਨ, ਮੰਗਲਦੀਪ ਸਿੰਘ ਚੇਅਰਮੈਨ ਚੁਣੇ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਪੱਤਰਕਾਰਾਂ ਦੀਆਂ ਮੁਸ਼ਕਲਾਂ ਤੇ ਮੰਗਾਂ ਨੂੰ ਸੁਹਿਰਦਤਾ ਨਾਲ ਸਰਕਾਰ ਤੱਕ ਪਹੁੰਚਾਉਣ ਲਈ ਹਮੇਸ਼ਾ ਸਰਗਰਮ ਰਹਿਣ ਵਾਲੇ ਸ਼ੇਰੇ ਏ ਪੰਜਾਬ ਪ੍ਰੈੱਸ ਕਲੱਬ ਦੀ ਚੋਣ ਸਰਬਸੰਮਤੀ ਨਾਲ ਕਰਵਾਈ ਗਈ। ਇਸ ਚੋਣ ਵਿੱਚ ਸੀਨੀਅਰ ਪੱਤਰਕਾਰ ਹਰਜਿੰਦਰ ਸਿੰਘ ਕਲੇਰ ਆਪਣੀਆਂ ਚੰਗੀਆਂ ਸੇਵਾਵਾਂ ਨਿਭਾਉਣ ਕਰਕੇ ਲਗਾਤਾਰ ਦੂਸਰੀ ਵਾਰ ਪ੍ਰਧਾਨ ਚੁਣੇ ਗਏ, ਜਦਕਿ ਮੰਗਲਦੀਪ ਸਿੰਘ ਨੂੰ ਚੇਅਰਮੈਨ ਵਜੋਂ ਜ਼ਿੰਮੇਵਾਰੀ ਸੌਂਪੀ ਗਈ।ਇਹ ਮੀਟਿੰਗ ਜੰਡਿਆਲਾ ਗੁਰੂ ਦੇ ਇੱਕ ਨਿੱਜੀ ਹੋਟਲ ਵਿੱਚ ਹੋਈ ਜਿਸ ਵਿੱਚ ਸਮੂਹ ਪੱਤਰਕਾਰਾਂ ਨੇ ਭਾਗ ਲਿਆ। ਮੌਕੇ 'ਤੇ ਪੱਤਰਕਾਰਾਂ ਦੀਆਂ ਦਰਪੇਸ਼ ਸਮੱਸਿਆਵਾਂ 'ਤੇ ਵਿਚਾਰ ਵਟਾਂਦਰੇ ਕੀਤੇ ਗਏ। ਫ਼ੈਸਲਾ ਲਿਆ ਗਿਆ ਕਿ ਇਮਾਨਦਾਰੀ ਤੇ ਸੰਜੀਦਗੀ ਅਤੇ ਨਿਡਰਤਾ ਨਾਲ ਪੱਤਰਕਾਰ ਲੋਕਾਂ ਦੀਆਂ ਆਵਾਜ਼ਾਂ ਸਰਕਾਰ ਤੱਕ ਪਹੁੰਚਾਉਣਗੇ।ਮੀਟਿੰਗ ਦੌਰਾਨ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਗਿਆ ਕਿ ਚੰਗੀਆਂ ਸੇਵਾਵਾਂ ਨਿਭਾਉਣ ਵਾਲੇ ਪੱਤਰਕਾਰਾਂ ਨੂੰ ਵੱਖ-ਵੱਖ ਮੌਕਿਆਂ 'ਤੇ ਸਨਮਾਨਤ ਕੀਤਾ ਜਾਵੇਗਾ। ਇਸ ਤੋਂ ਇਲਾਵਾ ਹੋਰ ਅਹੁਦੇਦਾਰਾਂ ਦੀ ਚੋਣ ਦਾ ਅਧਿਕਾਰ ਪ੍ਰਧਾਨ ਤੇ ਚੇਅਰਮੈਨ ਨੂੰ ਸੌਂਪਿਆ ਗਿਆ।ਨਵੇਂ ਅਹੁਦੇਦਾਰਾਂ ਵਿੱਚ ਬਲਜੀਤ ਸਿੰਘ ਬਿੱਟੂ ਸੀਨੀਅਰ ਮੀਤ ਪ੍ਰਧਾਨ, ਸੁਰਜੀਤ ਸਿੰਘ ਖਾਲਸਾ ਮੀਤ ਪ੍ਰਧਾਨ, ਮਲਕੀਤ ਸਿੰਘ ਸੱਗੂ ਜਨਰਲ ਸਕੱਤਰ, ਪੰਜਾਬ ਸਿੰਘ ਬੱਲ ਮੁੱਖ ਸਲਾਹਕਾਰ, ਰਾਜੇਸ਼ ਪਾਠਕ ਸਿਆਸੀ ਸਲਾਹਕਾਰ, ਕੰਵਲਜੀਤ ਸਿੰਘ ਲਾਡੀ ਖਜ਼ਾਨਚੀ, ਸੁਖਜਿੰਦਰ ਸਿੰਘ ਸੋਨੂੰ ਖਜਾਨਚੀ ਸਲਾਹਕਾਰ, ਹਰਦੇਵ ਪ੍ਰਿੰਸ ਪ੍ਰੈਸ ਸਕੱਤਰ, ਹਰਿੰਦਰ ਸਿੰਘ ਡਡਵਾਲ ਜੁਆਇੰਟ ਸਕੱਤਰ, ਦਵਿੰਦਰ ਸਿੰਘ ਸਹੋਤਾ ਮੀਡੀਆ ਸਲਾਹਕਾਰ, ਤਰਲੋਚਨ ਸਿੰਘ ਜੋਧਾਨਗਰੀ ਸਕੱਤਰ, ਸਰਦੂਲ ਸਿੰਘ ਡਡਵਾਲ ਸਕੱਤਰ ਚੁਣੇ ਗਏ। ਜਦਕਿ ਗੁਲਸ਼ਨ ਵਿਨਾਇਕ, ਭਗਵਾਨ ਸਿੰਘ ਖੁਜਾਲਾ, ਸਾਹਿਬ ਦਿਆਲ, ਹਰੀਸ਼ ਕੁਮਾਰ, ਹਰਪ੍ਰੀਤ ਕੌਰ ਨੂੰ ਵਰਕਿੰਗ ਕਮੇਟੀ ਮੈਂਬਰ ਵਜੋਂ ਜ਼ਿੰਮੇਵਾਰੀ ਦਿੱਤੀ ਗਈ। ਇਹ ਵੀ ਐਲਾਨ ਕੀਤਾ ਗਿਆ ਕਿ ਜੇ ਕਿਸੇ ਪੱਤਰਕਾਰ ਨੂੰ ਸਰਕਾਰ, ਅਫ਼ਸਰਸ਼ਾਹੀ ਜਾਂ ਹੋਰ ਕਿਸੇ ਗਲਤ ਅਨਸਰ ਵੱਲੋਂ ਤੰਗ-ਪਰੇਸ਼ਾਨ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਕਲੱਬ ਦੀ ਪੂਰੀ ਟੀਮ ਉਸ ਦੇ ਹੱਕ ਵਿੱਚ ਸਖ਼ਤ ਕਾਰਵਾਈ ਲਈ ਵਚਨਬੱਧ ਰਹੇਗੀ।




# ਜੀ ਟੀ ਬੀ ਆਈ ਸਕੂਲ 'ਚ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਗੁਰਿਆਈ ਦਿਵਸ ਮਨਾਇਆ

ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਗੁਰੂ ਤੇਗ ਬਹਾਦਰ ਇੰਟਰਨੈਸ਼ਨਲ (ਜੀ.ਟੀ.ਬੀ.ਆਈ) ਸਕੂਲ ਕਲਿਆਣਪੁਰ (ਧਾਰੀਵਾਲ) ਵਿਖੇ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਗੁਰਿਆਈ ਦਿਵਸ ਮਨਾਇਆ ਗਿਆ। ਸਕੂਲ ਦੇ ਚੇਅਰਮੈਨ ਸੁਰਜੀਤ ਸਿੰਘ, ਡਾਇਰੈਕਟਰ ਐਡਵੋਕੇਟ ਪ੍ਰਿਤਪਾਲ ਸਿੰਘ, ਡਾ. ਕ੍ਰਿਤਇੰਦਰ ਪਾਲ ਕੌਰ ਅਤੇ ਪ੍ਰਿੰਸੀਪਲ ਸੈਮੂਅਲ ਦਾਸ ਨੇ ਦੱਸਿਆ ਕਿ ਇਸ ਸਬੰਧੀ ਸਮਾਗਮ ਦੌਰਾਨ ਸਕੂਲ ਦੇ ਅੱਠਵੀਂ ਕਲਾਸ ਦੇ ਅਰਜੁਨ ਹਾਊਸ ਦੇ ਵਿਦਿਆਰਥੀਆਂ ਦੁਆਰਾ ਸ੍ਰੀ ਜਪਜੀ ਸਾਹਿਬ ਦੇ ਪਾਠ ਕਰਨ ਉਪਰੰਤ ਕੀਰਤਨ ਕੀਤਾ ਗਿਆ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਅਧਿਆਪਿਕਾ ਰੁਪਿੰਦਰਜੀਤ ਕੌਰ ਨੇ ਬੱਚਿਆਂ ਨੂੰ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਜੀਵਨੀ ਬਾਰੇ ਚਾਨਣਾ ਪਾਇਆ। ਪ੍ਰਿੰਸੀਪਲ ਸੈਮੂਅਲ ਦਾਸ ਨੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਅਰਜਨ ਦੇਵ ਦੇ ਜੀਵਨ ਤੋਂ ਸੇਧ ਲੈਂਦੇ ਹੋਏ ਉਨ੍ਹਾਂ ਦੇ ਦਰਸਾਏ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਇਸ ਪ੍ਰੋਗਰਾਮ ਦੀ ਤਿਆਰੀ ਅਧਿਆਪਕ ਕੁਲਵਿੰਦਰ ਕੌਰ ਨੇ ਕਰਵਾਈ।




# ਖਾਲਸਾ ਕਾਲਜ ਗੁਰਦਾਸਨੰਗਲ ਵਿਖੇ ਲੜਕੀਆਂ ਦੇ ਜ਼ਿਲ੍ਹਾ ਪੱਧਰੀ ਮੁਕਾਬਲੇ ਕਰਵਾਏ

ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਐਡਵੋਕੇਟ ਹਰਜਿੰਦਰ ਸਿੰਘ ਧਾਮੀ,ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ.ਸੁਖਮਿੰਦਰ ਸਿੰਘ ਵਿੱਦਿਆ ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਰਪ੍ਰਸਤੀ ਹੇਠ , ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਦੀ ਦੇਖ-ਰੇਖ ਅਧੀਨ ਚੱਲ ਰਹੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਵਿਖੇ ਅੱਜ ਮਿਤੀ 25 ਅਗਸਤ ਨੂੰ ਜਿਲਾ ਪੱਧਰੀ ਸਕੂਲ ਅੰਡਰ -14,ਅੰਡਰ- 17 ਅਤੇ ਅੰਡਰ-19 ਲੜਕੀਆਂ ਦੇ ਕਿੱਕ ਬਾਕਸਿੰਗ ਮੁਕਾਬਲੇ ਕਰਵਾਏ ਗਏ। ਜ਼ਿਕਰਯੋਗ ਹੈ ਕਿ ਖੇਡ ਪ੍ਰਸ਼ਾਸਨ ਗੁਰਦਾਸਪੁਰ ਵੱਲੋਂ ਪਹਿਲਾਂ ਦੀ ਤਰਾਂ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਦੀ ਚੋਣ ਜਿਲਾ ਸਕੂਲ ਖੇਡਾਂ ਲਈ ਕੀਤੀ ਗਈ। ਕਿੱਕ ਬਾਕਸਿੰਗ ਖੇਡ ਮੁਕਾਬਲਿਆਂ ਲਈ ਕਾਲਜ ਵੱਲੋਂ ਲੋੜੀਂਦਾ ਸਾਜੋ- ਸਮਾਨ ਅਤੇ ਸਹੂਲਤਾਂ ਪ੍ਰਦਾਨ ਕੀਤੀਆਂ ਗਈਆਂ। ਇਹਨਾਂ ਮੁਕਾਬਲਿਆਂ ਵਿੱਚ ਇਲਾਕੇ ਦੇ ਵੱਖ-ਵੱਖ ਜੋਨਾਂ ਦੇ ਲਗਭਗ 12 ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਕੱਲ੍ਹ ਮਿਤੀ 26 ਅਗਸਤ ਨੂੰ ਲੜਕਿਆਂ ਦੇ ਮੁਕਾਬਲੇ ਵੀ ਕਾਲਜ ਵਿਖੇ ਕਰਵਾਏ ਜਾਣਗੇ। ਕਾਲਜ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਜੀ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਚਲਾਇਆ ਜਾ ਰਿਹਾ ਉਪਰੋਕਤ ਕਾਲਜ ਪੜ੍ਹਾਈ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਆਪਣੀ ਵਿਲੱਖਣ ਪਛਾਣ ਬਣਾ ਚੁੱਕਾ ਹੈ। ਕਾਲਜ ਵਿਖੇ ਹਾਕੀ, ਵਾਲੀਬਾਲ, ਫੁੱਟਬਾਲ, ਕਬੱਡੀ, ਰੱਸਾਕਸ਼ੀ, ਕ੍ਰਿਕਟ, ਅਥਲੈਟਿਕਸ, ਗਤਕਾ, ਵੁਸ਼ੂ, ਤਾਈਕਵਾਂਡੋ, ਕਿੱਕ ਬਾਕਸਿੰਗ ਆਦਿ ਖੇਡਾਂ ਕਰਵਾਈਆਂ ਜਾਂਦੀਆਂ ਹਨ। ਕਾਲਜ ਵਿਖੇ ਉਪਰੋਕਤ ਖੇਡਾਂ ਨਾਲ ਸਬੰਧਤ ਖੇਡ ਮੈਦਾਨ ਅਤੇ ਲੋੜੀਂਦਾ ਸਮਾਨ ਮੁਹੱਈਆ ਕਰਵਾਇਆ ਗਿਆ ਹੈ। ਇਥੇ ਵਰਨਣਯੋਗ ਹੈ ਕਿ ਕਾਲਜ ਦੇ ਅਣਗਿਣਤ ਖਿਡਾਰੀ ਵੱਖ-ਵੱਖ ਵਿਭਾਗਾਂ ਵਿੱਚ ਨੌਕਰੀਆਂ ਪ੍ਰਾਪਤ ਕਰ ਚੁੱਕੇ ਹਨ। ਕਾਲਜ ਖਿਡਾਰੀਆਂ ਨੇ ਰਾਸ਼ਟਰੀ ਅਤੇ ਅੰਤਰ-ਰਾਸ਼ਟਰੀ ਪੱਧਰ ਤੇ ਵੱਖ-ਵੱਖ ਮੁਕਾਬਲਿਆਂ ਵਿੱਚੋਂ ਜਿੱਤ ਪ੍ਰਾਪਤ ਕਰਕੇ ਕਾਲਜ, ਜਿਲੇ ਅਤੇ ਦੇਸ਼ ਦਾ ਨਾਮ ਰੌਸ਼ਨ ਕੀਤਾ ਹੈ। ਜਿੰਨਾ ਵਿੱਚੋਂ ਪ੍ਰਕਾਸ਼ ਮਸੀਹ ਨੇ ਇੰਟਰ ਕਾਲਜ ਬਾਕਸਿੰਗ ਮੁਕਾਬਲਿਆਂ ਵਿੱਚੋਂ ਗੋਲਡ ਮੈਡਲ ਹਾਸਲ ਕੀਤਾ। ਲਵਪ੍ਰੀਤ ਸਿੰਘ ਇੰਟਰਨੈਸ਼ਨਲ ਬਾਕਸਿੰਗ ਖਿਡਾਰੀ, ਮਨਰੂਪ ਸਿੰਘ ਕੈਪਟਨ ਪੰਜਾਬ ਕ੍ਰਿਕਟ ਟੀਮ, ਮੁਸਕਾਨ ਇੰਟਰਵਰਸਿਟੀ ਬਾਕਸਿੰਗ ਖਿਡਾਰਨ ਆਦਿ ਨੇ ਖੇਡਾਂ ਵਿੱਚ ਵਿਸ਼ੇਸ ਪ੍ਰਾਪਤੀਆਂ ਹਾਸਲ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ।



'ਖੇਡਾਂ ਵਤਨ ਪੰਜਾਬ ਦੀਆਂ-2025

# ਵਿਧਾਇਕ ਸ਼ੈਰੀ ਕਲਸੀ ਦਾ ਬਟਾਲਾ ਵਿਖੇ ਭਰਵਾਂ ਸਵਾਗਤ

ਬਟਾਲਾ (ਡਾਕਟਰ ਮਲਵਿੰਦਰ ਸਿੰਘ)- 'ਖੇਡਾਂ ਵਤਨ ਪੰਜਾਬ ਦੀਆਂ-2025 ਨੂੰ ਸਮਰਪਿਤ ਮਸ਼ਾਲ ਮਾਰਚ (ਟਾਰਚ ਰਿਲੇਅ) ਪ੍ਰੋਗਰਾਮ, ਆਮ ਲੋਕਾਂ ਤੇ ਖਿਡਾਰੀਆਂ ਨੂੰ ਖੇਡਾਂ ਪ੍ਰਤੀ ਜਾਗਰੂਕ ਕਰਨ ਦੇ ਮੰਤਵ ਨਾਲ ਸ਼ੁਰੂ ਕੀਤੀ ਗਈ ਹੈ। ਜਿਸ ਦਾ ਅੱਜ ਸ੍ਰੀ ਅੰਮ੍ਰਿਤਸਰ ਤੋਂ ਗੁਰਦਾਸਪੁਰ ਜ਼ਿਲ੍ਹੇ ਵਿੱਚ ਬਟਾਲਾ ਵਿਖੇ ਪਹੁੰਚਣ 'ਤੇ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵਲੋਂ ਭਰਵਾਂ ਸਵਾਗਤ ਕੀਤਾ ਗਿਆ।ਇਸ ਮੌਕੇ ਖਿਡਾਰੀਆਂ ਦਾ ਸਵਾਗਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਪਿਛਲੇ ਸਾਲ ਵੀ 'ਖੇਡਾਂ ਵਤਨ ਪੰਜਾਬ ਦੀਆਂ' ਸੀਜ਼ਨ-3 ਸਫਲਤਾਪੂਰਵਕ ਕਰਵਾਈਆਂ ਗਈਆਂ ਸਨ, ਜਿਸ ਵਿੱਚ ਕਰੀਬ 3 ਲੱਖ ਖਿਡਾਰੀਆਂ ਨੇ ਹਿੱਸਾ ਲਿਆ ਸੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਖਿਡਾਰੀਆਂ ਨੂੰ ਕਰੋੜਾਂ ਰੁਪਏ ਦੇ ਇਨਾਮ ਦੇਣ ਦੇ ਨਾਲ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਉਲੰਪਿਕ ਖੇਡਾਂ ਵਿੱਚ ਪੰਜਾਬ ਦੇ ਖਿਡਾਰੀਆਂ ਨੇ ਵੱਡੀਆਂ ਮੱਲਾਂ ਮਾਰੀਆਂ ਹਨ ਅਤੇ ਪੰਜਾਬ ਸਰਕਾਰ ਵਲੋਂ ਹਾਕੀ ਖਿਡਾਰੀਆਂ ਨੂੰ 1-1 ਕਰੋੜ ਰੁਪਏ ਦੇ ਇਨਾਮ ਨਾਲ ਸਨਮਾਨਿਤ ਕੀਤਾ ਗਿਆ ਹੈ।ਉਨ੍ਹਾਂ ਅੱਗੇ ਕਿਹਾ ਕਿ 'ਖੇਡਾਂ ਵਤਨ ਪੰਜਾਬ' ਦੀਆਂ ਨੇ ਸੂਬੇ ਅੰਦਰ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕੀਤਾ ਹੈ ਅਤੇ ਵੱਡੀ ਗਿਣਤੀ ਵਿੱਚ ਖਿਡਾਰੀ ਇਨਾਂ ਖੇਡਾਂ ਵਿੱਚ ਹਿੱਸਾ ਲੈਂਦੇ ਹਨ। ਉਨ੍ਹਾਂ ਦੱਸਿਆ ਕਿ ਖੇਡਾਂ ਕਰਵਾਉਣ ਦਾ ਮੁੱਖ ਮੰਤਵ ਨੌਜਵਾਨ ਨੂੰ ਸਹੀ ਦਿਸ਼ਾ ਪ੍ਰਦਾਨ ਕਰਨੀ ਹੈ ਤਾਂ ਜੋ ਉਹ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ। ਉਨ੍ਹਾਂ ਨੌਜਵਾਨਾਂ ਨੂੰ ਖੇਡਾਂ ਵਿੱਚ ਵੱਧ ਤੋਂ ਵੱਧ ਹਿੱਸਾ ਲੈਣ ਦਾ ਸੱਦਾ ਦਿੱਤਾ।ਇਸ ਮੌਕੇ ਖਿਡਾਰੀਆਂ ਨੂੰ ਰਿਫਰੈਸ਼ਮੈਂਟ ਦਿੱਤੀ ਗਈ ਤੇ ਮਸ਼ਾਲ ਮਾਰਚ ਅਗਲੇ ਪੜਾਅ ਲਈ ਰਵਾਨਾ ਹੋਈ। ਮਸ਼ਾਲ ਮਾਰਚ ਬਟਾਲਾ ਤੋਂ ਨੌਸ਼ਹਿਰਾ ਮੱਝਾ ਸਿੰਘ ਤੋਂ ਹੁੰਦੀ ਹੋਈ ਗੁਰਦਾਸਪੁਰ ਵਿਖੇ ਪਹੁੰਚੀ ਅਤੇ ਕੱਲ੍ਹ ਪਠਾਨਕੋਟ ਲਈ ਰਵਾਨਾ ਹੋਵੇਗੀ।ਇਸ ਮੌਕੇ ਤਹਿਸੀਲਦਾਰ ਅਰਜਨ ਸਿੰਘ, ਜ਼ਿਲ੍ਹਾ ਖੇਡ ਅਫਸਰ ਸਿਮਰਨਜੀਤ ਸਿੰਘ, ਬਲਦੇਵ ਸਿੰਘ ਬਾਜਵਾ ਐਸ.ਈ ਮੰਡੀ ਬੋਰਡ, ਐਸ.ਐਚ.ਓ ਨਿਰਮਲ ਸਿੰਘ, ਸੀਨੀਅਰ ਆਗੂ ਬਲਬੀਰ ਸਿੰਘ ਬਿੱਟੂ, ਮਾਸਟਰ ਤਿਲਕ ਰਾਜ, ਇੰਸਪੈਕਟਰ ਸੁਰਿੰਦਰ ਸਿੰਘ, ਭੁਪਿੰਦਰ ਸਿੰਘ, ਕੋਚ ਜਸਵੰਤ ਸਿੰਘ, ਨੈਸ਼ਨਲ ਪੱਧਰ ਦੇ ਖਿਡਾਰੀ, ਕੋਚ ਤੇ ਖੇਡ ਪ੍ਰੇਮੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



# ਰੇਲ ਗੱਡੀਆਂ ਬਿਨਾਂ ਕਿਸੇ ਦੇਰੀ ਦੇ ਅੰਮ੍ਰਿਤਸਰ ਡੇਰਾ ਬਾਬਾ ਨਾਨਕ ਦਰਮਿਆਨ ਚਲਾਉਣ ਦੀ ਮੰਗ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਡੇਰਾ ਬਾਬਾ ਨਾਨਕ ਇੱਕ ਬਹੁਤ ਹੀ ਮਹਾਨ ਧਾਰਮਿਕ, ਪਵਿੱਤਰ ਅਤੇ ਇਤਿਹਾਸਿਕ ਸ਼ਹਿਰ ਹੈ, ਜਿਸ ਨੂੰ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਦੀ ਚਰਨ ਛੋਹ ਪ੍ਰਾਪਤ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਵਸਤਰ ਚੋਲਾ ਸਾਹਿਬ ਦੇ ਰੂਪ ਵਿੱਚ ਇੱਥੇ ਗੁਰੂ ਦੁਆਰਾ ਚੋਲਾ ਸਾਹਿਬ ਵਿਖੇ ਸੁਸ਼ੋਭਤ ਹਨ। ਡੇਰਾ ਬਾਬਾ ਨਾਨਕ ਵਿਖੇ ਇੱਕ ਹੋਰ ਬਹੁਤ ਹੀ ਮਹਾਨ ਤੀਰਥ ਸਥਾਨ ਸ਼੍ਰੀ ਦਰਬਾਰ ਸਾਹਿਬ ਹੈ ਅਤੇ ਡੇਰਾ ਬਾਬਾ ਨਾਨਕ ਦੇ ਬਿਲਕੁਲ ਨਜ਼ਦੀਕ ਗੁਰਦੁਆਰਾ ਸ਼੍ਰੀ ਕਰਤਾਰਪੁਰ ਸਾਹਿਬ ਜੀ ਵੀ ਸ਼੍ਰੀ ਗੁਰੂ ਨਾਨਕ ਦੇਵ ਜੀ ਨਾਲ ਸੰਬੰਧਿਤ ਹੈ, ਜੋ ਇਸ ਸਮੇਂ ਪਾਕਿਸਤਾਨ ਵਿੱਚ ਹੈ ਅਤੇ ਜਿਨਾਂ ਸ਼ਰਧਾਲੂਆਂ ਨੇ ਸ੍ਰੀ ਕਰਤਾਰਪੁਰ ਸਾਹਿਬ ਜੀ ਦੇ ਦਰਸ਼ਨ ਕਰਨ ਜਾਣਾ ਹੁੰਦਾ, ਉਹ ਵੀ ਡੇਰਾ ਬਾਬਾ ਨਾਨਕ ਸ਼ਹਿਰ ਵਿੱਚੋਂ ਹੋ ਕੇ ਜਾਂਦੇ ਹਨ, ਪਰ ਬੜੇ ਅਫਸੋਸ ਦੀ ਗੱਲ ਹੈ ਕਿ ਲੱਗਭੱਗ 125 ਸਾਲ ਪਹਿਲਾਂ ਬਣੇ ਇਥੋਂ ਦੇ ਰੇਲਵੇ ਸਟੇਸ਼ਨ ਤੇ ਕਿਸੇ ਤਰ੍ਹਾਂ ਦੀ ਕੋਈ ਵੀ ਸਹੂਲਤ ਜਾਤਰੀਆਂ ਨੂੰ ਨਹੀਂ ਮਿਲ ਰਹੀ ਕੋਈ ਸਾਫ ਸੁਥਰੇ ਪੀਣ ਵਾਲੇ ਪਾਣੀ ਦਾ ਪ੍ਰਬੰਧ ਨਹੀਂ ਹੈ, ਟੋਇਲਟ ਬਾਥਰੂਮ ਨਹੀਂ ਹੈ, ਕਰਮਚਾਰੀਆਂ ਅਤੇ ਯਾਤਰੀਆਂ ਦੀ ਸੁਰੱਖਿਆ ਦਾ ਕੋਈ ਪ੍ਰਬੰਧ ਨਹੀਂ ਹੈ, ਲਾਈਟ ਦਾ ਵੀ ਪੱਕਾ ਪ੍ਰਬੰਧ ਨਹੀਂ ਹੈ, ਅਤੇ ਗੱਡੀਆਂ ਦੇ ਆਉਣ ਜਾਣ ਜਾਂ ਕੈਂਸਲ ਹੋਣ ਤੇ ਕਦੀ ਵੀ ਕੋਈ ਪਹਿਲਾਂ ਸੂਚਨਾ ਨਹੀਂ ਮਿਲਦੀ, ਫਰਵਰੀ 2015 ਤੋਂ ਰੇਲਵੇ ਵਿਭਾਗ ਨੇ ਬਿਨਾਂ ਕਿਸੇ ਕਾਰਨ ਦੇ ਡੇਰਾ ਬਾਬਾ ਨਾਨਕ ਤੋਂ ਅੰਮ੍ਰਿਤਸਰ ਜਾਣ ਵਾਲੀਆਂ ਰੇਲ ਗੱਡੀਆਂ ਸ਼ਾਟ ਟਰਮੀਨੇਟ ਕੀਤੀਆਂ ਹੋਈਆਂ ਹਨ ਇਹ ਗੱਡੀਆਂ ਡੇਰਾ ਬਾਬਾ ਨਾਨਕ ਤੋਂ ਅੰਮ੍ਰਿਤਸਰ ਜਾਣ ਦੀ ਬਜਾਏ ਸਿਰਫਵੇਰਕਾ ਜੰਕਸ਼ਨ ਤੱਕ ਹੀ ਜਾਂਦੀਆਂ ਹਨ ਅਤੇ ਵੇਰਕਾ ਜੰਕਸ਼ਨ ਤੋਂ ਹੀ ਡੇਰਾ ਬਾਬਾ ਨਾਨਕ ਵਾਪਸ ਆਉਂਦੀਆਂ ਹਨ ਬਜ਼ੁਰਗ, ਬੱਚੇ,ਔਰਤਾਂ ਅਤੇ ਘਰੇਲੂ ਸਮਾਨ ਲੈ ਕੇ ਜਾਣ ਵਾਲਿਆਂ ਨੂੰ ਬਹੁਤ ਜਿਆਦਾ ਮੁਸ਼ਕਿਲ ਹੁੰਦੀ ਹੈ। ਰੇਲ ਗੱਡੀਆਂ ਤੋਂ ਵੇਰਕੇ ਉੱਤਰ ਕੇ ਉਸ ਤੋਂ ਬਾਅਦ ਆਟੋ ਬੱਸ ਵਗੈਰਾ 'ਤੇ ਜਾਣਾ ਪੈਂਦਾ ਹੈ ਇੱਕ ਤੇ ਲੋਕਾਂ ਦਾ ਬੇਹੱਦ ਸਮਾਂ ਅਤੇ ਪੈਸੇ ਬਰਬਾਦ ਹੁੰਦੇ ਹਨ ਅਤੇ ਟਰੇਨ ਚੋਂ ਉਤਰ ਕੇ ਵੇਰਕੇ ਤੋਂ ਟ੍ਰੇਨ ਬਦਲਣਾ ਉਹ ਵੀ ਕੋਈ ਜ਼ੋਖਮ ਤੋਂ ਖਾਲੀ ਨਹੀਂ ਹੈ। ਕਈ ਵਾਰੀ ਵੇਰਕਾ ਰੇਲਵੇ ਸਟੇਸ਼ਨ ਤੇ ਇੱਕੋ ਸਮੇਂ ਹੀ ਤਿੰਨ ਰੇਲ ਗੱਡੀਆਂ ਆ ਜਾਂਦੀਆਂ ਹਨ ਤੇ ਇੱਕ ਗੱਡੀ ਤੋਂ ਦੂਜੀ ਗੱਡੀ 'ਤੇ ਜਾਣਾ ਉਹ ਆਪਣੀ ਜਾਨ ਨੂੰ ਜ਼ੋਖਮ ਵਿੱਚ ਪਾਉਣਾ ਹੁੰਦਾ ਹੈ ਇਹ ਰੇਲ ਗੱਡੀਆਂ ਜਿੱਥੇ ਸਰਕਾਰੀ ਪ੍ਰਾਈਵੇਟ ਰੇਲਵੇ ਦੇ ਕਰਮਚਾਰੀਆਂ ਅਤੇ ਆਮ ਲੋਕਾਂ ਨੂੰ ਡੇਰਾ ਬਾਬਾ ਨਾਨਕ ਤੋਂ ਅੰਮ੍ਰਿਤਸਰ ਲੈ ਕੇ ਜਾਂਦੀਆਂ ਹਨ, ਉਥੇ ਹੀ ਡੇਰਾ ਬਾਬਾ ਨਾਨਕ ਤੋਂ ਅੰਮ੍ਰਿਤਸਰ ਸੈਂਕੜੇ ਸ਼ਰਧਾਲੂ ਰੋਜਾਨਾ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਣ ਜਾਂਦੇ ਹਨ, ਕੁਝ ਇਹੋ ਜਿਹੇ ਸ਼ਰਧਾਲੂ ਵੀ ਹਨ, ਸਫਰ ਛੂਟ ਨਹੀਂ ਕਰਦਾ, ਉਹਨਾਂ ਨੇ ਕਰਤਾਰਪੁਰ ਸਾਹਿਬ ਆਉਣਾ ਹੁੰਦਾ ਹੈ ਅਤੇ ਡੇਰਾ ਬਾਬਾ ਨਾਨਕ ਤੋਂ ਅੰਮ੍ਰਿਤਸਰ ਜਾਣਾ ਹੁੰਦਾ ਹੈ, ਉਹ ਸ਼ਰਧਾਲੂ ਵੀ ਬੇਹੱਦ ਪਰੇਸ਼ਾਨ ਹਨ। ਕੁਝ ਸਮਾਂ ਪਹਿਲਾਂ ਹੀ ਭਾਰਤੀ ਰੇਲਵੇ ਵੱਲੋਂ ਵੈਸ਼ਨੋ ਮਾਤਾ ਜੀ ਕਟੜਾ ਤੋਂ ਸ੍ਰੀ ਹਰਿਮੰਦਰ ਸਾਹਿਬ ਜੀ ਅੰਮ੍ਰਿਤਸਰ ਦੇ ਦਰਸ਼ਨਾਂ ਕਰਨ ਵਾਸਤੇ ਸ਼ਰਧਾਲੂਆਂ ਵਾਸਤੇ ਵੰਦੇ ਭਾਰਤ ਟ੍ਰੇਨ ਚਲਾਈ। ਜੇਕਰ ਹਜ਼ਾਰਾਂ ਕਰੋੜਾਂ ਰੁਪਏ ਖਰਚ ਕੇ ਕਟੜਾ ਤੋਂ ਅੰਮ੍ਰਿਤਸਰ ਵਾਸਤੇ ਸ਼ਰਧਾਲੂਆਂ ਵਾਸਤੇ ਟ੍ਰੇਨ ਚੱਲ ਸਕਦੀ ਹੈ, ਫਿਰ ਡੇਰਾ ਬਾਬਾ ਨਾਨਕ ਤੋਂ ਅੰਮ੍ਰਿਤਸਰ ਸ੍ਰੀ ਹਰਿਮੰਦਰ ਸਾਹਿਬ ਦੇ ਸ਼ਰਧਾ ਲਾਉਣ ਵਾਸਤੇ ਟੇਨ ਅੰਮ੍ਰਿਤਸਰ ਕਿਉਂ ਨਹੀਂ ਜਾ ਰਹੀ। ਇਥੇ ਇਹ ਵਰਨਯੋਗ ਹੈ ਕਿ ਅੰਮ੍ਰਿਤਸਰ ਰੇਲਵੇ ਸਟੇਸ਼ਨ 'ਤੇ ਇਸ ਸਮੇਂ ਅੱਠ ਪਲੇਟਫਾਰਮ ਹਨ ਤੇ ਕਦੀ ਵੀ ਇਹੋ ਜਿਹਾ ਮੌਕਾ ਨਹੀਂ ਹੁੰਦਾ ਕਿ ਅੱਠ ਦੇ ਅੱਠ ਪਲੇਟਫਾਰਮ ਵਿਸੀ ਹੋਣ। ਡੇਰਾ ਬਾਬਾ ਨਾਨਕ ਦੀਆਂ ਗੱਡੀਆਂ ਅੰਮ੍ਰਿਤਸਰ ਜਾਣ ਸਮੇਂ ਅਤੇ ਅੰਮ੍ਰਿਤਸਰ ਤੋਂ ਉਹ ਗੱਡੀਆਂ ਵਾਪਸ ਡੇਰਾ ਬਾਬਾ ਨਾਨਕ ਉਸਮੇ ਕਾਫੀ ਪਲੇਟਫਾਰਮ ਕਈ ਕਈ ਘੰਟੇ ਖਾਲੀ ਰਹਿੰਦੇ ਹਨ ਵੇਰਕੇ ਤੋਂ ਅੰਮ੍ਰਿਤਸਰ ਰੇਲਵੇ ਲਾਈਨ ਬਿਲਕੁਲ ਕਲੀਅਰ ਹੈ ਕਿਸੇ ਤਰ੍ਹਾਂ ਦਾ ਕੋਈ ਕੰਮ ਨਹੀਂ ਚੱਲ ਰਿਹਾ ਇਸ ਤੋਂ ਇਲਾਵਾ ਰੇਲਵੇ ਕੋਲ ਡੀ ਐੱਮ ਯੂ ਰੈਕ ਕਾਫੀ ਮਾਤਰਾ ਵਿੱਚ ਮੌਜੂਦ ਹਨ ਇਨਾ ਕੁਝ ਹੋਣ ਦੇ ਬਾਵਜੂਦ ਵੀ ਡੇਰਾ ਬਾਬਾ ਨਾਨਕ ਦੀਆਂ 74652,74653,74656 ਅਤੇ 74657 ਵੇਰਕਾ ਜਨ: ਬਿਨਾਂ ਕਿਸੇ ਕਾਰਨ ਦੇ ਰੇਲਵੇ ਵਿਭਾਗ ਨੇ ਸ਼ਾਰਟ ਟਰਮੀਨੇਟ ਕੀਤੀਆਂ ਹੋਈਆਂ ਹਨ, ਬਾਕੀ ਰੇਲ ਗੱਡੀਆਂ 74651, 74554,74655 ਅਤੇ 74658 ਡੇਰਾ ਬਾਬਾ ਨਾਨਕ ਅੰਮ੍ਰਿਤਸਰ ਦਰਮਿਆਨ ਚੱਲ ਰਹੀਆਂ ਹਨ, ਸ਼ਾਟ ਟਰਮੀਨੇਟ ਰੱਦ ਕਰਨ ਸਬੰਧੀ ਡੇਰਾ ਬਾਬਾ ਨਾਨਕ ਅੰਮ੍ਰਿਤਸਰ ਰੇਲਵੇ ਯਾਤਰੀ ਯੂਨੀਅਨ ਅਤੇ ਸਿਟੀ ਵੈਲਫੇਅਰ ਕਲੱਬ ਡੇਰਾ ਬਾਬਾ ਨਾਨਕ ਵੱਲੋਂ ਡਿਵੀਜ਼ਨਲ ਰੇਲਵੇ ਮੈਨੇਜਰ ਫਿਰੋਜਪੁਰ ਸੀਨੀਅਰ ਡਵੀਨਰ ਰੇਲਵੇ ਮੈਨੇਜਰ ਫਿਰੋਜਪੁਰ ਜਨਰਲ ਮੈਨੇਜਰ ਉਤਰੀ ਰੇਲਵੇ ਨਵੀਂ ਦਿੱਲੀ ਰੇਲਵੇ ਮੰਤਰੀ ਭਾਰਤ ਸਰਕਾਰ ਨੂੰ ਕਈ ਪੱਤਰ ਲਿਖੇ ਗਏ ਹਨ ਈਮੇਲ ਕੀਤੀਆਂ ਗਈਆਂ ਹਨ ਅਤੇ ਕਈ ਵਾਰ ਫੋਨ ਤੇ ਵੀ ਗੱਲਬਾਤ ਹੋਈ ਹੈ, ਪਰੰਤੂ ਫਿਰੋਜ਼ਪੁਰ ਵਾਲੇ ਅਧਿਕਾਰੀ ਸਿਰਫ ਲਾਰਾ ਲੱਪਾ ਲਗਾ ਰਹੇ ਹਨ, ਜਲਦੀ ਕਰ ਰਹੇ ਆਂ ਜਲਦੀ ਕਰ ਰਹੇ ਹਾਂ, ਇਹ ਕਹਿ ਕੇ ਉਹਨਾਂ ਨੇ ਕਈ ਸਾਲ ਟਪਾ ਦਿੱਤੇ ਹਨ ਰੇਲ ਗੱਡੀਆਂ ਸ਼ਾਟ ਟਨਮੀਨੇਟ ਹੋਣ ਨਾਲ ਜਿੱਥੇ ਜ਼ਿਲ੍ਹਾ ਗੁਰਦਾਸਪੁਰ ਅਤੇ ਜ਼ਿਲ੍ਹਾ ਅੰਮ੍ਰਿਤਸਰ ਦੇ ਹਜ਼ਾਰਾਂ ਖਾਸ ਕਰਕੇ ਗਰੀਬ ਲੋਕ ਪਿੰਡਾਂ ਦੇ ਲੋਕ ਅਤੇ ਸ੍ਰੀ ਕਰਤਾਰਪੁਰ ਸਾਹਿਬ ਡੇਰਾ ਬਾਬਾ ਨਾਨਕ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਦੇ ਸ਼ਰਧਾਲੂ ਪਰੇਸ਼ਾਨ ਹੋ ਰਹੇ ਹਨ, ਉਥੇ ਇਸ ਸ਼ਾਰਟ ਟਰਮੀਨੇਸ਼ਨ ਕਰਕੇ ਰੇਲਵੇ ਨੂੰ ਵੀ ਬਹੁਤ ਜ਼ਿਆਦਾ ਘਾਟਾ ਪੈ ਰਿਹਾ ਹੈ । ਸਿਟੀ ਵੈਲਫੇਅਰ ਕਲੱਬ ਦੀ ਡਵੀਜ਼ਨਲ ਰੇਲਵੇ ਮੈਨੇਜਰ ਫਿਰੋਜ਼ਪੁਰ ਜਨਰਲ ਮੈਨੇਜਰ ਉੱਤਰੀ ਭਾਰਤ ਉੱਤਰੀ ਰੇਲਵੇ ਨਵੀਂ ਦਿੱਲੀ ਅਤੇ ਭਾਰਤ ਸਰਕਾਰ ਦੇ ਰੇਲਵੇ ਮੰਤਰੀ ਤੋਂ ਪੁਰਜੋਰ ਮੰਗ ਹੈ ਕਿ ਜੇਕਰ ਉਹ ਡੇਰਾ ਬਾਬਾ ਨਾਨਕ ਨੂੰ ਭਾਰਤ ਦਾ ਇੱਕ ਹਿੱਸਾ ਸਮਝਦੇ ਹਨ ਅਤੇ ਪਿੰਡਾਂ ਦੇ ਲੋਕਾਂ ਨਾਲ ਅਤੇ ਕਰਤਾਰਪੁਰ ਸਾਹਿਬ ਡੇਰਾ ਬਾਬਾ ਨਾਨਕ ਅਤੇ ਹਰਿਮੰਦਰ ਸਾਹਿਬ ਅੰਮ੍ਰਿਤਸਰ ਦੇ ਸ਼ਰਧਾਲੂਆਂ ਨਾਲ ਕਿਸੇ ਪ੍ਰਕਾਰ ਦਾ ਵਿਤਕਰਾ ਨਹੀਂ ਰੱਖਦੇ ਤਾਂ ਇਹ ਗੱਡੀਆਂ ਬਿਨਾਂ ਕਿਸੇ ਦੇਰੀ ਦੇ ਅੰਮ੍ਰਿਤਸਰ ਡੇਰਾ ਬਾਬਾ ਨਾਨਕ ਦਰਮਿਆਨ ਚਲਾਈਆਂ ਜਾਣ ਅਤੇ 10 ਸਾਲ ਤੋਂ ਵੱਧ ਸਮੇਂ ਦਾ ਟਰਮੀਨੇਸ਼ਨ ਖਤਮ ਕੀਤਾ ਜਾਵੇ ਇਸ ਤੋਂ ਇਲਾਵਾ ਰੇਲਵੇ ਸਟੇਸ਼ਨ ਡੇਰਾ ਬਾਬਾ ਨਾਨਕ ਵਿਖੇ ਸਾਫ ਸਫਾਈ ਦਾ ਪੀਣ ਵਾਲੇ ਸਾਫ ਪਾਣੀ ਦਾ ਸਾਫ ਸੁਥਰੇ ਬਾਥਰੂਮ ਰੇਲਵੇ ਕਰਮਚਾਰੀਆਂ ਅਤੇ ਯਾਤਰੀਆਂ ਦੀਆਂ ਸੁਰੱਖਿਆ ਅਤੇ ਪੱਕਾ ਬਿਜਲੀ ਦਾ ਪ੍ਰਬੰਧ ਜਲਦੀ ਕੀਤਾ ਜਾਵੇ

# ਭਾਜਪਾ ਵੱਲੋਂ ਲਗਾਏ ਕੈਂਪ ਨੂੰ ਪੁਲਸ ਨੇ ਵਰ੍ਹਦੇ ਮੀਂਹ 'ਚ ਬੰਦ ਕਰਵਾਇਆ

**ਤਲਵਾੜਾ/ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਇੱਥੇ ਪਿੰਡ ਹਲੇੜ ਵਿਖੇ ਕੇਂਦਰੀ ਸਕੀਮਾਂ ਦੀ ਆੜ ਹੇਠ ਭਾਜਪਾ ਵੱਲੋਂ ਕੀਤੀ ਇਕੱਤਰਤਾ ਨੂੰ ਪੁਲਸ ਨੇ ਲੰਮੀ ਜੱਦੋ ਜਹਿਦ ਮਗਰੋਂ ਬੰਦ ਕਰਵਾ ਦਿੱਤਾ। ਭਾਜਪਾ ਅਹੁਦੇਦਾਰਾਂ ਅਤੇ ਵਰਕਰਾਂ ਨੇ ਪੁਲਸ ਨਾਲ ਤਿੱਖੀ ਬਹਿਸ ਕੀਤੀ। ਭਾਜਪਾ ਵਰਕਰਾਂ ਨੇ ਪੰਜਾਬ ਸਰਕਾਰ ਤੇ



ਪੁਲਸ ਪ੍ਰਸ਼ਾਸਨ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਜ਼ਿਕਰਯੋਗ ਹੈ ਕਿ ਮੁਕੇਰੀਆਂ ਅਤੇ ਦਸੂਹਾ ਦੇ ਵੱਡੀ ਗਿਣਤੀ ਭਾਜਪਾ ਵਰਕਰ ਪਿੰਡ ਹਲੇੜ ਦੇ ਭਾਜਪਾ ਵਰਕਰ ਦੇ ਘਰ ਸਵੇਰੇ ਕਰੀਬ 9 ਵਜੇ ਇਕੱਤਰ ਹੋਏ ਸਨ। ਭਾਜਪਾ ਦੇ ਦਸੂਹਾ ਹਲਕਾ ਇੰਚਾਰਜ ਰਘੂਨਾਥ ਰਾਣਾ ਨੇ ਜਾਣਕਾਰੀ ਦਿੰਦੇ ਹੋਇਆਂ ਦਸਿਆ ਕਿ ਪੰਜਾਬ ਭਾਜਪਾ ਨੇ ਕੇਂਦਰ ਸਰਕਾਰ ਦੀਆਂ ਕਲਿਆਣਕਾਰੀ ਯੋਜਨਾਵਾਂ ਆਮ ਲੋਕਾਂ ਤੱਕ ਪਹੁੰਚਾਉਣ ਲਈ 'ਭਾਜਪਾ ਦੇ ਸੇਵਾਦਾਰ, ਆ ਗਏ ਤੁਹਾਡੇ ਦੁਆਰ ' ਮੁਹਿੰਮ ਤਹਿਤ ਪੰਜਾਬ ਦੇ 117 ਵਿਧਾਨ ਸਭਾ ਹਲਕਿਆਂ ਨੂੰ ਤਿੰਨ ਭਾਗਾਂ ਵਿੱਚ ਵੰਡਿਆ ਹੈ। ਪਿੰਡ ਹਲੇੜ 'ਚ ਇਹ ਕੈਂਪ ਆਯੋਜਿਤ ਕੀਤਾ ਗਿਆ ਸੀ, ਜਿਸ ਵਿੱਚ ਪੰਜਾਬ ਭਾਜਪਾ ਦੇ ਸੂਬਾ ਸਕੱਤਰ ਸਵੰਤ ਮਲਿਕ, ਜ਼ਿਲ੍ਹਾ ਪ੍ਰਧਾਨ ਅਜੇ ਕੌਸ਼ਲ ਸ਼ੇਠੂ, ਮੁਕੇਰੀਆਂ ਤੋਂ ਭਾਜਪਾ ਵਿਧਾਇਕ ਜੰਗੀ ਲਾਲ ਮਹਾਜਨ, ਪੰਜਾਬ ਭਾਜਪਾ ਕਾਰਜਕਾਰਣੀ ਦੇ ਸਾਬਕਾ ਮੈਂਬਰ ਸੁਸ਼ੀਲ ਕੁਮਾਰ ਪਿੰਕੀ, ਕਿਸਾਨ ਵਿੰਗ ਤੋਂ ਅਮਿਤਕ ਹੁੰਦਲ ਆਦਿ ਭਾਜਪਾ ਵਰਕਰ ਇਸ ਕੈਂਪ 'ਚ ਸ਼ਾਮਲ ਹੋਏ ਸਨ। ਕੈਂਪ ਸ਼ੁਰੂ ਹੁੰਦਿਆਂ ਹੀ ਡੀ ਐੱਸ ਪੀ ਬਲਵਿੰਦਰ ਸਿੰਘ ਜੌੜਾ ਅਤੇ ਥਾਣਾ ਤਲਵਾੜਾ ਮੁਖੀ ਸਤਪਾਲ ਸਿੰਘ ਸਮੇਤ ਪੁਲਸ ਬੰਦੋਬਸਤ ਮੌਕੇ 'ਤੇ ਪਹੁੰਚ ਗਏ। ਪੁਲਸ ਨੇ ਕੈਂਪ ਆਯੋਜਕਾਂ ਤੋਂ ਪ੍ਰਸ਼ਾਸਨ ਵੱਲੋਂ ਜਾਰੀ ਆਗਿਆ ਪੱਤਰ ਦੀ ਮੰਗ ਕੀਤੀ। ਇਸ ਦਰਮਿਆਨ ਭਾਜਪਾ ਵਰਕਰਾਂ ਅਤੇ ਅਹੁਦੇਦਾਰਾਂ ਨਾਲ ਪੁਲਸ ਪ੍ਰਸ਼ਾਸਨ ਨਾਲ ਤਿੱਖੀ ਬਹਿਸ ਹੋਈ। ਉਪਰੰਤ ਪੰਜਾਬ ਸਰਕਾਰ ਤੇ ਪੁਲਸ ਪ੍ਰਸ਼ਾਸਨ ਖ਼ਿਲਾਫ਼ ਭਾਜਪਾਈਆਂ ਨੇ ਨਾਅਰੇਬਾਜ਼ੀ ਕੀਤੀ। ਪੁਲਸ ਨੇ ਵਰ੍ਹਦੇ ਮੀਂਹ 'ਚ ਕੈਂਪ ਬੰਦ ਕਰਵਾ ਦਿੱਤਾ। ਥਾਣਾ ਮੁਖੀ ਸਤਪਾਲ ਸਿੰਘ ਨੇ ਕਿਹਾ ਕਿ ਉਨ੍ਹਾਂ ਨੂੰ ਕੈਂਪ ਲਾਉਣ ਤੋਂ ਕੋਈ ਇਤਰਾਜ਼ ਨਹੀਂ ਹੈ। ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਅਤੇ ਐਸ ਡੀ ਐਮ ਤੋਂ ਪ੍ਰਵਾਨਗੀ ਲੈ ਕੇ ਉਹ ਕੈਂਪ ਲਗਾ ਸਕਦੇ ਹਨ। ਉਨ੍ਹਾਂ ਭਾਜਪਾ ਵਰਕਰਾਂ ਵੱਲੋਂ ਪੁਲਸ ਧੱਕੇਸ਼ਾਹੀ ਦੇ ਲਗਾਏ ਦੋਸ਼ਾਂ ਨੂੰ ਬੇਬੁਨਿਆਦ ਦੱਸਿਆ।

# ਵਿਰਾਸਤ 'ਚ ਮਿਲੇ ਆਬਕਾਰੀ ਬਕਾਏ ਦੀ ਵਸੂਲੀ ਕੀਤੀ ਤੇਜ਼ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਵਿੱਤੀ ਅਨੁਸ਼ਾਸਨ ਨੂੰ ਮਜ਼ਬੂਤ ਕਰਨ ਅਤੇ ਮਾਲੀਆ ਪ੍ਰਾਪਤੀ ਨੂੰ ਵੱਧ ਤੋਂ ਵੱਧ ਕਰਨ ਲਈ ਇੱਕ ਦ੍ਰਿੜ੍ਹ ਯਤਨ ਵਿੱਚ ਪੰਜਾਬ ਦੇ ਵਿੱਤ, ਯੋਜਨਾਬੰਦੀ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਐਲਾਨ ਕੀਤਾ ਕਿ ਪੰਜਾਬ ਆਬਕਾਰੀ ਕਮਿਸ਼ਨਰੇਟ ਨੇ ਪਿਛਲੀਆਂ ਅਕਾਲੀ-ਭਾਜਪਾ ਤੇ ਕਾਂਗਰਸ ਸਰਕਾਰਾਂ ਤੋਂ ਵਿਰਾਸਤ ਵਿੱਚ ਮਿਲੇ ਲੰਬੇ ਸਮੇਂ ਤੋਂ ਬਕਾਇਆ ਆਬਕਾਰੀ ਬਕਾਏ ਦੀ ਵਸੂਲੀ ਲਈ ਯਤਨ ਤੇਜ਼ ਕਰ ਦਿੱਤੇ ਹਨ। ਵਿਭਾਗ ਵੱਲੋਂ ਮੌਜੂਦਾ ਵਿੱਤੀ ਸਾਲ 2025-26 ਵਿੱਚ 1.85 ਕਰੋੜ ਦੀ ਵਸੂਲੀ ਕੀਤੀ ਜਾ ਚੁੱਕੀ ਹੈ। ਵਿੱਤੀ ਜਵਾਬਦੇਹੀ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ 20.31 ਕਰੋੜ ਰੁਪਏ (ਕਲੈਕਟਰ ਰੇਟ 'ਤੇ) ਦੇ ਮੂਲ ਮੁੱਲ ਦੀਆਂ 27 ਜਾਇਦਾਦਾਂ ਨੂੰ ਵੇਚਣ ਦੀ ਰਿਜ਼ਰਵ ਦਿੱਤੀ ਗਈ ਹੈ।ਇੱਥੇ ਜਾਰੀ ਇੱਕ ਪ੍ਰੈਸ ਬਿਆਨ ਵਿੱਚ ਇਹ ਖੁਲਾਸਾ ਕਰਦੇ ਹੋਏ ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਇਨ੍ਹਾਂ ਜਾਇਦਾਦਾਂ ਦੀ ਨਿਲਾਮੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਰਿਕਵਰੀ ਮੁਹਿੰਮ ਦੇ ਹਿੱਸੇ ਵਜੋਂ ਸ੍ਰੀ ਮੁਕਤਸਰ ਸਾਹਿਬ, ਫਾਜ਼ਿਲਕਾ ਅਤੇ ਮਾਨਸਾ ਜ਼ਿਲ੍ਹਿਆਂ ਵਿੱਚ ਸਥਿਤ 14 ਜਾਇਦਾਦਾਂ ਦੀ ਨਿਲਾਮੀ ਸਤੰਬਰ ਦੇ ਪਹਿਲੇ ਦੋ ਹਫ਼ਤਿਆਂ ਦੌਰਾਨ ਕੀਤੀ ਜਾਵੇਗੀ। ਚੀਮਾ ਨੇ



ਦੱਸਿਆ ਕਿ ਮਾਨਸਾ ਅਤੇ ਬਠਿੰਡਾ ਜ਼ਿਲ੍ਹਿਆਂ ਵਿੱਚ ਛੇ ਜਾਇਦਾਦਾਂ ਜਿਨ੍ਹਾਂ ਵਿੱਚ 5.4 ਕਰੋੜ ਰੁਪਏ ਦੀ ਮੂਲ ਕੀਮਤ ਦੀਆਂ ਖੇਤੀਬਾੜੀ ਅਤੇ ਵਪਾਰਕ/ਰਿਹਾਇਸ਼ੀ ਜ਼ਮੀਨਾਂ ਸ਼ਾਮਲ ਹਨ, 4 ਸਤੰਬਰ ਨੂੰ ਨਿਲਾਮ ਕੀਤੀਆਂ ਜਾਣਗੀਆਂ। 8 ਸਤੰਬਰ ਨੂੰ ਸ੍ਰੀ ਮੁਕਤਸਰ ਸਾਹਿਬ ਵਿੱਚ 4.89 ਕਰੋੜ ਰੁਪਏ ਦੀ ਕੁੱਲ ਮੂਲ ਕੀਮਤ ਨਾਲ ਚਾਰ ਖੇਤੀਬਾੜੀ ਜਾਇਦਾਦਾਂ ਦੀ ਨਿਲਾਮੀ ਹੋਵੇਗੀ। ਸ੍ਰੀ ਮੁਕਤਸਰ ਸਾਹਿਬ ਅਤੇ ਫਾਜ਼ਿਲਕਾ ਵਿੱਚ ਚਾਰ ਖੇਤੀਬਾੜੀ ਜਾਇਦਾਦਾਂ ਦਾ ਇੱਕ ਹੋਰ ਸੈੱਟ, ਜਿਸ ਦੀ ਮੂਲ ਕੀਮਤ 1.99 ਕਰੋੜ ਰੁਪਏ ਹੈ, ਦੀ ਨਿਲਾਮੀ 11 ਸਤੰਬਰ ਨੂੰ ਕੀਤੀ ਜਾਵੇਗੀ।ਵਿੱਤ ਮੰਤਰੀ ਨੇ ਇਹ ਵੀ ਐਲਾਨ ਕੀਤਾ ਕਿ ਸਤੰਬਰ ਦੇ ਅਖੀਰ ਵਿੱਚ ਅੱਠ ਹੋਰ ਜਾਇਦਾਦਾਂ ਦੀ ਨਿਲਾਮੀ ਕਰਦਿਆਂ ਇਸ ਰਿਕਵਰੀ ਮੁਹਿੰਮ ਦੀ ਨਿਰੰਤਰ ਗਤੀ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਰਕਾਰ ਨੂੰ ਇਸ ਵਿੱਤੀ ਸਾਲ ਦੇ ਅੰਦਰ ਹੀ 67 ਲੰਬਿਤ ਬਕਾਇਆ ਮਾਮਲਿਆਂ ਤੋਂ ਕਾਫ਼ੀ ਮਾਲੀਆ ਵਸੂਲੀ ਦੀ ਉਮੀਦ ਹੈ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਵਿਰਾਸਤੀ ਬਕਾਏ ਨੂੰ ਸੁਚਾਰੂ ਬਣਾਉਣ ਅਤੇ ਰੁਕੇ ਹੋਏ ਮਾਲੀਏ ਨੂੰ ਅਨਲੌਕ ਕਰਨ ਦੀ ਇੱਕ ਵਿਆਪਕ ਰਣਨੀਤੀ ਦਾ ਹਿੱਸਾ ਹੈ।ਪਿਛਲੀਆਂ ਅਕਾਲੀ-ਭਾਜਪਾ ਅਤੇ ਕਾਂਗਰਸ ਸਰਕਾਰਾਂ ਦੀ ਤਿੱਖੀ ਆਲੋਚਨਾ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲਾਇਸੰਸ ਫੀਸਾਂ ਸਮੇਂ ਸਿਰ ਵਸੂਲੀਆਂ ਜਾ ਰਹੀਆਂ ਹਨ, ਜਿਸ ਨਾਲ ਕਿਸੇ ਤਰ੍ਹਾਂ ਦੇ ਬਕਾਏ ਲਈ ਕੋਈ ਥਾਂ ਹੀ ਨਹੀਂ ਬਚੀ। ਉਨ੍ਹਾਂ ਨੇ ਲੰਬੇ ਸਮੇਂ ਤੋਂ ਲਟਕ ਰਹੇ ਬਕਾਏ ਦੀ ਵਸੂਲੀ ਨੂੰ ਪੰਜਾਬ ਦੀ ਵਿੱਤੀ ਸਿਹਤ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਦੱਸਿਆ ਅਤੇ ਪਾਲਣਾ ਅਤੇ ਜਵਾਬਦੇਹੀ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਰੇਖਾਂਕਿਤ ਕੀਤਾ।

# ਦੁੱਧ ਉਤਪਾਦਕ ਸਹਿਕਾਰੀ ਸਭਾ ਦੀ ਨਵੀਂ ਬਿਲਡਿੰਗ ਦਾ ਉਦਘਾਟਨ



**ਆਦਮਪੁਰ (ਪਰਮਜੀਤ ਸਿੰਘ)**- ਦੀ ਜੰਡੂਸਿੰਘਾ ਦੁੱਧ ਉਤਪਾਦਕ ਸਹਿਕਾਰੀ ਸਭਾ ਜੰਡੂਸਿੰਘਾ ਵਿਖੇ ਪ੍ਰਧਾਨ ਰਮੇਸ਼ ਕੁਮਾਰ ਬਾਬਾ ਦੀ ਪ੍ਰਧਾਨਗੀ ਹੇਠ ਪਸ਼ੂ ਹਸਪਤਾਲ ਜੰਡੂ ਸਿੰਘਾ ਨਜ਼ਦੀਕ ਉਸਾਰੀ ਬਿਲਡਿੰਗ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਪੁੱਜੇ ਐਮ ਐਲ ਏ ਬਲਕਾਰ ਸਿੰਘ ਹਲਕਾ ਕਰਤਾਰਪੁਰ ਅਤੇ ਰਮੇਸ਼ਵਰ ਸਿੰਘ ਸਰਾਏ ਚੇਅਰਮੈਨ ਵੇਰਕਾ ਮਿਲਕ ਪਲਾਂਟ ਜਲੰਧਰ ਵੱਲੋਂ ਸਾਂਝੇ ਤੌਰ 'ਤੇ ਰੀਬਨ ਕੱਟ ਕੇ ਕੀਤਾ ਗਿਆ। ਇਸ ਮੌਕੇ ਨਗਰ ਵਾਸੀਆਂ ਨੂੰ ਸੰਬੋਧਨ ਕਰਦੇ ਹੋਏ ਐਮ ਐਲ ਏ ਬਲਕਾਰ ਸਿੰਘ ਨੇ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਜਾਣੂ ਕਰਵਾਇਆ। ਪ੍ਰਧਾਨ ਰਮੇਸ਼ ਕੁਮਾਰ ਬਾਬਾ, ਸੁਖਵਿੰਦਰ ਸਿੰਘ ਸੰਘਾ ਮੀਤ ਪ੍ਰਧਾਨ, ਮੈਂਬਰ ਕੁਲਵੀਰ ਸਿੰਘ ਸੰਘਾ, ਮੈਂਬਰ ਗੁਰਵਿੰਦਰ ਸਿੰਘ ਸੰਘਾ, ਮੈਂਬਰ ਮਨਵੀਰ ਸਿੰਘ ਸੰਘਾ, ਮੈਂਬਰ ਜਸਵੀਰ ਕੌਰ ਸੰਘਾ, ਮੈਂਬਰ ਚੇਚਲ ਸਿੰਘ ਸੰਘਾ, ਡਾਇਰੈਕਟਰ ਵੇਰਕਾ ਪਲਾਂਟ ਪ੍ਰਦੀਪ ਜੋਸ਼ੀ, ਗੁਰਵਿੰਦਰਜੀਤ ਸਿੰਘ ਡੀ.ਆਰ, ਸਰਪੰਚ ਚੰਪਾ ਜੋਸ਼ੀ ਜੰਡੂਸਿੰਘਾ, ਦਲਜੀਤ ਸਿੰਘ ਜੀ.ਐਮ, ਰਣਜੀਤ ਸਿੰਘ ਮੱਲ੍ਹੀ ਸਾਬਕਾ ਸਰਪੰਚ, ਜਸਵਿੰਦਰ ਕੌਰ ਏ.ਆਰ, ਜਸਵਿੰਦਰ ਸਿੰਘ ਸੰਘਾ,ਤੇ ਪਿੰਡ ਵਾਸੀ ਹਾਜ਼ਰ ਸਨ।

# ਅਣਸੁਖਾਵੇਂ ਹਾਲਾਤ ਨਾਲ ਨਜਿੱਠਣ ਲਈ ਪੁਖਤਾ ਪ੍ਰਬੰਧ ਕੀਤੇ ਗਏ : ਡਿਪਟੀ ਕਮਿਸ਼ਨਰ

**ਕਪੂਰਥਲਾ (ਬਲਵੀਰ ਸ਼ਾਲ੍ਹਾਪੁਰੀ)**- ਡਿਪਟੀ ਕਮਿਸ਼ਨਰ ਕਪੂਰਥਲਾ ਅਮਿਤ ਕੁਮਾਰ ਪੰਚਾਲ ਨੇ ਕਿਹਾ ਹੈ ਕਿ ਪ੍ਰਸ਼ਾਸਨ ਵੱਲੋਂ ਬਿਆਸ ਦਰਿਆ ਵਿੱਚ ਪਾਣੀ ਦੇ ਪੱਧਰ ਉਪਰ ਲਗਾਤਾਰ ਨਿਗਰਾਨੀ ਰੱਖੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਉਪਰਲੇ ਪਹਾੜੀ ਖੇਤਰਾਂ ਵਿੱਚ ਭਾਰੀ ਮੀਂਹ ਕਾਰਨ ਬਿਆਸ ਦਰਿਆ ਵਿਚ ਪਾਣੀ ਦਾ ਪੱਧਰ ਵਧਣ ਦੇ ਮੱਦੇਨਜ਼ਰ ਮੰਡ ਖੇਤਰ ਦੇ ਲੋਕ ਇਹਤਿਆਤ ਵਰਤਣ। ਪੰਚਾਲ ਨੇ ਕਿਹਾ ਕਿ ਪਿਛਲੇ ਕੁਝ ਸਮੇਂ ਦੌਰਾਨ ਉੱਪਰਲੇ ਪਹਾੜੀ ਖੇਤਰਾਂ ਵਿਚ ਭਾਰੀ ਬਾਰਿਸ਼ ਕਾਰਨ ਬਿਆਸ ਦਰਿਆ ਵਿੱਚ ਪਾਣੀ ਦੇ ਪੱਧਰ ਵਿੱਚ ਵਾਧਾ ਹੋ ਰਿਹਾ ਹੈ ਜਿਸ ਕਾਰਨ ਮੰਡ ਖੇਤਰ ਵਿਚ ਨੀਵੇਂ ਥਾਵਾਂ ਵਿਚ ਰਹਿ ਰਹੇ ਲੋਕ ਚੁਕੰਨੇ ਰਹਿਣ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਮੁਸਤੈਦ ਹੈ ਤੇ ਕਿਸੇ ਵੀ ਅਣਸੁਖਾਵੇਂ ਹਾਲਾਤ ਨਾਲ ਨਜਿੱਠਣ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਲੋਕਾਂ ਨੂੰ ਘਬਰਾਉਣ ਦੀ ਲੋੜ ਨਹੀਂ। ਲੋਕਾਂ ਦੇ ਜਾਨ-ਮਾਲ ਦੀ ਰਾਖੀ ਲਈ ਐਸ ਡੀ ਆਰ ਐਫ ਦੀਆਂ ਟੀਮਾਂ ਪਹਿਲਾਂ ਹੀ ਤਾਇਨਾਤ ਹਨ। ਇਸ ਤੋਂ ਇਲਾਵਾ ਲੋਕਾਂ ਦੀ ਸਿਹਤ, ਪਸ਼ੂ ਧਨ ਦੀ ਸਿਹਤ ਸੰਭਾਲ ਲਈ ਹਰ ਤਰ੍ਹਾਂ ਦੀਆਂ ਟੀਮਾਂ ਤਾਇਨਾਤ ਹਨ।

# ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਵੱਲੋਂ ਰੋਸ ਪ੍ਰਦਰਸ਼ਨ ਕਰਨ ਦਾ ਫੈਸਲਾ

**ਸ਼ਾਹਕੋਟ (ਗਿਆਨ ਸੈਦਪੁਰੀ)**- ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੀ ਮੀਟਿੰਗ ਵਿੱਚ ਕੇਂਦਰ ਸਰਕਾਰ ਵੱਲੋਂ ਮਗਨਰੇਗਾ ਤਹਿਤ ਮਜ਼ਦੂਰਾਂ ਨੂੰ ਮਿਲਦੇ ਨਿਗੂਣੇ ਰੁਜ਼ਗਾਰ ਨੂੰ ਲਗਾਤਾਰ ਛਾਂਗ ਕੇ ਮਨਰੇਗਾ ਸਕੀਮ ਦਾ ਭੋਗ ਪਾਉਣ ਤੇ ਪੰਜਾਬ ਸਰਕਾਰ ਵੱਲੋਂ ਲਗਾਤਾਰ ਪੇਂਡੂ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਦੀ ਅਣਦੇਖੀ ਕਰਨ ਦੇ ਰੋਸ ਵਜੋਂ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵਲੋਂ , ਮਾਲਵਾ ਖੇਤਰ 'ਚ ਮੁੱਖ ਮੰਤਰੀ ਦੀ ਰਿਹਾਇਸ਼ ਅੱਗੇ ਸੰਗਰੂਰ ਅਤੇ ਮਾਝਾ ਦੋਆਬਾ ਜ਼ੋਨ ਦਾ ਇਕੱਠ ਜਲੰਧਰ ਵਿਖੇ ਕਰਕੇ 17 ਸਤੰਬਰ ਨੂੰ ਵੱਡੇ ਰੋਸ ਪ੍ਰਦਰਸ਼ਨ ਕਰਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਮੁੱਖ ਮੰਤਰੀ ਭਗਵੰਤ ਮਾਨ ਦੇ ਪੁਤਲੇ ਫੂਕੇ ਜਾਣਗੇ। ਸਾਂਝੇ ਮਜ਼ਦੂਰ ਮੋਰਚੇ ਦੀ ਲੁਧਿਆਣਾ ਵਿਖੇ ਕੁਲ ਹਿੰਦ ਖੇਤ ਮਜਦੂਰ ਯੂਨੀਅਨ ਦੇ ਦਫ਼ਤਰ ਵਿਖੇ, ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਪ੍ਰਧਾਨ ਦਰਸ਼ਨ ਨਾਹਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੇ ਫੈਸਲੇ ਪ੍ਰੈੱਸ ਲਈ ਜਾਰੀ ਕਰਦਿਆਂ ਸਾਂਝੇ ਮਜ਼ਦੂਰ ਮੋਰਚੇ ਦੇ ਆਗੂ ਅਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ ਨੇ ਦੱਸਿਆ ਕਿ ਮਜ਼ਦੂਰ ਜਥੇਬੰਦੀਆਂ ਦਾ ਸਾਂਝਾ ਮੋਰਚਾ ਲੰਮੇ ਸਮੇਂ ਤੋਂ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰਦਾ ਆ ਰਿਹਾ ਹੈ ਪਰ ਪੰਜਾਬ ਸਰਕਾਰ ਲਗਾਤਾਰ ਮਜ਼ਦੂਰ ਮੰਗਾਂ ਪ੍ਰਤੀ ਹੰਕਾਰੀ ਰਵੱਈਆ ਅਪਨਾਅ ਕੇ ਉਲਟਾ ਸੰਘਰਸ਼ ਕਰਦੇ ਮਜ਼ਦੂਰਾਂ ਪ੍ਰਤੀ ਜਾਬਰ ਰਵੱਈਆ ਅਪਨਾਅ ਕੇ ਮਜ਼ਦੂਰਾਂ ਦੀ ਆਵਾਜ਼ ਦਬਾਉਣ ਦੇ ਰਾਹ ਪਈ ਹੋਈ ਹੈ। ਉਹਨਾਂ ਦੱਸਿਆ ਕਿ 17 ਸਤੰਬਰ ਦੇ ਪ੍ਰਦਰਸ਼ਨਾਂ 'ਚ ਮਨਰੇਗਾ ਦੇ ਕੰਮਾਂ ਚ ਕੀਤੀ ਕਟੌਤੀ ਵਾਪਸ ਲੈਣ, ਮਜ਼ਦੂਰਾਂ ਦੇ ਸਾਲ ਭਰ ਦੇ ਰੁਜ਼ਗਾਰ ਗਰੰਟੀ ਕਰਨ, ਚੋਣ ਗਰੰਟੀਆਂ ਅਨੁਸਾਰ ਔਰਤਾਂ ਨੂੰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ, ਪੈਨਸ਼ਨਾਂ ਦੀ ਰਾਸ਼ੀ ਪੰਜ ਹਜ਼ਾਰ ਰੁਪਏ ਪ੍ਰਤੀ ਮਹੀਨਾ ਕਰਨ, ਲੋੜਵੰਦ ਲੋਕਾਂ ਦੇ ਕੱਟੇ ਕਾਰਡ ਬਹਾਲ ਕਰਨ, ਜ਼ਮੀਨੀ ਹੱਦਬੰਦੀ ਸੁਧਾਰ ਕਾਨੂੰਨ ਲਾਗੂ ਕਰਕੇ ਵਾਧੂ ਨਿਕਲਦੀਆਂ ਜ਼ਮੀਨਾਂ ਦੀ ਵੰਡ ਪੇਂਡੂ ਖੇਤ ਮਜ਼ਦੂਰਾਂ ਅਤੇ ਬੇਜ਼ਮੀਨੇ ਤੇ ਥੁੜ ਜ਼ਮੀਨੇ 'ਚ ਕਰਨ ਤੇ ਪੰਚਾਇਤੀ ਜ਼ਮੀਨਾਂ ਦਾ ਤੀਜਾ ਹਿੱਸਾ ਜ਼ਮੀਨ ਮਜ਼ਦੂਰਾਂ ਨੂੰ ਸਸਤੇ ਭਾਅ ਠੇਕੇ ਤੇ ਦੇਣ ਅਤੇ ਮਜ਼ਦੂਰਾਂ 'ਤੇ ਸਰਕਾਰੀ ਤੇ ਸਮਾਜਿਕ ਜ਼ਬਰ ਬੰਦ ਕਰਨ ਵਰਗੀਆਂ ਮੰਗਾਂ ਲਾਗੂ ਕਰਨ ਦੀ ਮੰਗ ਕੀਤੀ ਜਾਵੇਗੀ। ਸਾਂਝੇ ਮਜ਼ਦੂਰ ਮੋਰਚੇ ਦੇ ਆਗੂਆਂ ਨੇ ਦੋਸ਼ ਲਾਇਆ ਕਿ 4 ਅਗਸਤ ਨੂੰ ਪੰਜ ਕੈਬਨਿਟ ਮੰਤਰੀਆਂ ਦੇ ਘਰਾਂ ਅੱਗੇ ਧਰਨੇ ਲਾ ਕੇ ਮਜ਼ਦੂਰਾਂ ਵਲੋਂ ਮੰਗ ਪੱਤਰ ਦਿੱਤੇ ਗਏ ਸਨ ਪਰ ਪੰਜਾਬ ਸਰਕਾਰ ਵਲੋਂ ਕੋਈ ਹੁੰਗਾਰਾ ਨਹੀਂ ਮਿਲਿਆ।



● ਰੋਸ ਵਜੋਂ ਪ੍ਰਧਾਨ ਮੰਤਰੀ ਤੇ ਮੁੱਖ ਮੰਤਰੀ ਦੇ ਫੂਕੇ ਜਾਣਗੇ ਪੁਤਲੇ

# ਤਿੰਨ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀ ਸਨਮਾਨਤ



**ਕਾਲਾ ਸੰਘਿਆਂ (ਮਨਜੀਤ ਮਾਨ)**- ਸਰਕਾਰੀ ਸੀਨੀ. ਸੈਕੰ. ਸਕੂਲ ਉਂਗੀ ਵਿਖੇ ਸਾਹਿਲ ਅਗਰਵਾਲ ਵੱਲੋਂ ਸੈਸ਼ਨ 2024-25 ਦੌਰਾਨ ਛੇਵੀਂ ਤੋਂ ਬਾਰ੍ਹਵੀਂ ਜਮਾਤ ਤੱਕ ਦੇ ਪਹਿਲੀਆਂ ਤਿੰਨ ਪੋਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ 5000/-,3000/-,2000/-ਰੁਪਏ ਦੀ ਰਾਸ਼ੀ ਨਾਲ ਸਨਮਾਨਤ ਕੀਤਾ ਗਿਆ। ਸਕੂਲ ਸਟਾਫ਼, ਸਕੂਲ ਮੈਨੇਜਮੈਂਟ ਕਮੇਟੀ ਤੇ ਰਜਨੀਸ਼ ਤਿਵਾੜੀ ਦੇ ਯਤਨਾਂ ਸਦਕਾ ਸਾਹਿਲ ਅਗਰਵਾਲ ਵੱਲੋਂ ਸਕੂਲ ਵਿਕਾਸ ਹਿੱਤ 35 ਲੱਖ ਦੀ ਲਾਗਤ ਨਾਲ ਤਿੰਨ ਵੱਡੇ ਕਲਾਸਰੂਮ ਬਣਾਉਣ ਅਤੇ 2 ਪੁਰਾਣੇ ਕਮਰਿਆਂ ਦਾ ਲੈਂਟਰ ਪਵਾ ਕੇ ਦੇਣ ਦਾ ਐਲਾਨ ਕੀਤਾ ਗਿਆ। ਸ੍ਰੀ ਰਜਨੀਸ਼ ਤਿਵਾੜੀ ਵੱਲੋਂ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਉੱਪਰ ਉੱਠਕੇ ਖੇਡਾਂ ਪ੍ਰਤੀ ਪ੍ਰੇਰਿਆ ਗਿਆ ਅਤੇ ਸਾਹਿਲ ਅਗਰਵਾਲ ਨੂੰ ਵਿਦਿਆਰਥੀਆਂ ਲਈ ਸਪੋਰਟਸ ਕਿੱਟਾਂ ਬਣਵਾਕੇ ਦੇਣ ਲਈ ਪ੍ਰਪੋਜ਼ਲ ਬਣਾਕੇ ਦਿੱਤੀ ਗਈ। ਸਮੂਹ ਸਕੂਲ ਸਟਾਫ਼ ਵੱਲੋਂ ਅਗਰਵਾਲ ਪਰਿਵਾਰ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਸੁਖਵਿੰਦਰ ਪਾਲ ਚੇਅਰਮੈਨ ਸਕੂਲ ਮੈਨੇਜਮੈਂਟ ਕਮੇਟੀ, ਪਿੰਡ ਦੇ ਸਰਪੰਚ ਪਾਲਾ ਰਾਮ, ਸ਼੍ਰੀਮਤੀ ਸ਼ਿਖਾ ਪੰਚ, ਸਤਵਿੰਦਰ ਪੰਚ, ਪਰਮਿੰਦਰ ਸਿੰਘ ਪੰਚ, ਗੁਰਪ੍ਰੀਤ ਸਿੰਘ ਪੰਚ ਤੇ ਨਗਰ ਨਿਵਾਸੀ ਹਾਜ਼ਰ ਸਨ।

# ਲਖਵਿੰਦਰ ਸਿੰਘ ਲੱਖੀ ਨੇ ਹੜ੍ਹ ਪ੍ਰਭਾਵਿਤ ਪਿੰਡਾਂ ਦਾ ਕੀਤਾ ਦੌਰਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਪਿਛਲੇ ਦਿਨਾਂ ਤੋਂ ਲਗਾਤਾਰ ਪੈ ਰਹੀ ਭਾਰੀ ਬਾਰਿਸ਼ ਕਰਕੇ ਬਿਆਸ ਦਰਿਆ ਦੇ ਪਾਣੀ ਦਾ ਪੱਧਰ ਲਗਾਤਾਰ ਵੱਧਦਾ ਜਾ ਰਿਹਾ ਹੈ ਜਿਸ ਕਰਕੇ ਮਿਆਣੀ ਖੇਤਰ ਅਧੀਨ ਆਉਂਦੇ ਵੱਖ ਵੱਖ ਪਿੰਡਾਂ ਵਿੱਚ ਬਿਆਸ ਦਰਿਆ ਦੇ ਪਾਣੀ ਦੀ ਮਾਰ ਪੈ ਰਹੀ ਹੈਂ ਜਿਸ ਕਾਰਨ ਬਿਆਸ ਦਰਿਆ ਦਾ ਪਾਣੀ ਕਾਫੀ ਵਧ ਚੁੱਕਾ ਹੈ ਜਿਸ ਨਾਲ ਮੰਡ ਖੇਤਰ ਦੇ ਪਿੰਡ ਪਾਣੀ ਵਿੱਚ ਘਿਰ ਚੁੱਕੇ ਹਨ, ਇਹਨਾਂ ਪਿੰਡਾਂ ਦੇ ਲੋਕ ਸੁਰੱਖਿਅਤ ਥਾਵਾਂ ਤੇ ਜਾ ਰਹੇ ਹਨ। ਇਸ ਸਬੰਧੀ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਜਿਨ੍ਹਾਂ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਹੜ੍ਹ ਪ੍ਰਭਾਵਿਤ ਖੇਤਰ ਦਾ ਦੌਰਾ ਕੀਤਾ। ਉਹਨਾਂ ਨੇ ਵੱਖ ਵੱਖ ਪਿੰਡਾਂ ਵਿਚ ਵੱਧ ਰਹੇ ਪਾਣੀ ਦੇ ਪੱਧਰ ਦਾ ਦਾ ਜਾਇਜ਼ਾ ਲਿਆ ਅਤੇ ਵੱਧ ਰਹੇ ਪਾਣੀ ਦੇ ਪੱਧਰ ਤੇ ਚਿੰਤਾ ਪ੍ਰਗਟ ਕੀਤੀ। ਇਸ ਮੌਕੇ ਤੇ ਲਖਵਿੰਦਰ ਸਿੰਘ ਲੱਖੀ ਨੇ ਕਿਹਾ ਕਿ ਹੜ੍ਹਾਂ ਕਾਰਨ ਮੰਡ ਖੇਤਰ ਦੀਆਂ ਹਜ਼ਾਰਾਂ ਏਕੜ ਝੋਨੇ ਦੀ ਫਸਲ ਅਤੇ ਹੋਰ ਫਸਲਾਂ ਵੱਡੀ ਪੱਧਰ ਤੇ ਪਾਣੀ ਦੀ ਮਾਰ ਹੇਠ ਆ ਚੁੱਕੇ। ਉਨ੍ਹਾਂ ਨੇ ਸਰਕਾਰ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਸੰਬੰਧਿਤ ਅਧਿਕਾਰੀ ਜਲਦ ਤੋਂ ਜਲਦ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਦੌਰਾ ਕਰਕੇ ਲੋਕਾਂ ਦੇ ਹੋਏ ਨੁਕਸਾਨ ਦੀਆਂ ਲਿਸਟਾਂ ਬਣਾ ਕੇ ਪ੍ਰਭਾਵਿਤ ਲੋਕਾਂ ਨੂੰ ਬਣਦਾ ਮੁਆਵਜ ਦੇਵੇ। ਇਸ ਮੌਕੇ ਤੇ ਉਨਾਂ ਦੇ ਨਾਲ ਦਲਿਤ ਅਕਾਲੀ ਆਗੂ ਸਰਬਜੀਤ ਸਿੰਘ ਮੋਮੀ ,ਜਸਵਿੰਦਰ ਸਿੰਘ ਪੱਪੀ ਰੜਾ, ਬਬਲੂ ਗਿੱਲਜੀਆਂ ਆਦਿ ਵੀ ਹਾਜ਼ਰ ਸਨ।



# ਰੈਗਿੰਗ ਵਿਰੋਧੀ ਜਾਗਰੂਕਤਾ ਤਹਿਤ ਸੈਮੀਨਾਰ



**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੋਬੀ)**- ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ ਆਫ਼ ਫਾਰਮੇਸੀ, ਬੇਲਾ (ਆਟੋਨੋਮਸ ਕਾਲਜ) ਨੇ ਹਾਲ ਹੀ ਵਿੱਚ ਰੈਗਿੰਗ ਵਿਰੋਧੀ ਜਾਗਰੂਕਤਾ ਹਫ਼ਤੇ ਦੌਰਾਨ ਇੱਕ ਸੈਮੀਨਾਰ ਲੜੀ ਦੀ ਮੇਜ਼ਬਾਨੀ ਕੀਤੀ, ਜਿਸ ਵਿੱਚ ਰੈਗਿੰਗ ਦੇ ਖ਼ਤਰਿਆਂ ਅਤੇ ਇਸ ਦੇ ਨਤੀਜਿਆਂ 'ਤੇ ਧਿਆਨ ਕੇਂਦਰਿਤ ਕੀਤਾ ਗਿਆ। ਸਮਾਗਮ ਵਿੱਚ ਸਾਰੇ ਕਾਲਜ ਦੇ ਵਿਦਿਆਰਥੀ ਸ਼ਾਮਲ ਹੋਏ, ਕੰਪਿਊਟਰ ਵਿਭਾਗ ਦੇ ਮੁਖੀ ਰਾਕੇਸ਼ ਜੋਸ਼ੀ ਅਤੇ ਕੈਮਿਸਟਰੀ ਵਿਭਾਗ ਦੀ ਮੁਖੀ ਪਰਮਿੰਦਰ ਕੌਰ ਨੇ ਸਮਝਦਾਰ ਭਾਸ਼ਣ ਦਿੱਤੇ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਰੈਗਿੰਗ ਦੀ ਪਛਾਣ ਕਰਨ, ਇਸ ਦੀ ਗੰਭੀਰਤਾ ਨੂੰ ਸਮਝਣ ਅਤੇ ਘਟਨਾਵਾਂ ਦੀ ਰਿਪੋਰਟ ਕਰਨ ਦੇ ਸਹੀ ਤਰੀਕਿਆਂ ਬਾਰੇ ਜਾਗਰੂਕ ਕੀਤਾ।

# ਸ਼ਾਹਕੋਟ ਦਾ ਨਾਂਅ ਚਮਕਾਉਣ ਵਾਲੇ ਅਧਿਕਾਰੀਆਂ ਤੇ ਕਰਮਚਾਰੀਆਂ ਦਾ ਸਨਮਾਨ

**ਜਲੰਧਰ (ਸ਼ੈਲੀ ਐਲਬਰਟ)**- ਨੀਤੀ ਆਯੋਗ ਵੱਲੋਂ ਸ਼ੁਰੂ ਕੀਤੇ ਐਸਪੀਰੇਸ਼ਨਲ ਬਲਾਕਸ ਪ੍ਰੋਗਰਾਮ ਤਹਿਤ ਬਲਾਕ ਸ਼ਾਹਕੋਟ ਦਾ ਸੰਪੂਰਨਤਾ ਅਭਿਆਨ ਸਨਮਾਨ ਸਮਾਰੋਹ ਕਰਵਾਇਆ ਗਿਆ, ਜਿਸ ਵਿੱਚ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਬਲਾਕ ਸ਼ਾਹਕੋਟ ਨੂੰ ਇਸ ਵੱਕਾਰੀ ਪ੍ਰੋਗਰਾਮ ਤਹਿਤ ਦੇਸ਼ (ਜ਼ੋਨ 99) 'ਚ ਅੱਵਲ ਨੰਬਰ 'ਤੇ ਲਿਆਉਣ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੇ ਅਧਿਕਾਰੀਆਂ/ ਕਰਮਚਾਰੀਆਂ ਦਾ ਸਨਮਾਨ ਕੀਤਾ ਗਿਆ। ਸਥਾਨਕ ਰੈੱਡ ਕਰਾਸ ਭਵਨ ਵਿਖੇ ਕਰਵਾਏ ਸਮਾਰੋਹ ਦੌਰਾਨ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਨੀਤੀ ਆਯੋਗ ਵੱਲੋਂ ਵੱਖ-ਵੱਖ ਜ਼ਿਲ੍ਹਿਆਂ ਨੂੰ ਵੱਖ-ਵੱਖ ਖਾਸ ਖੇਤਰਾਂ ਵਿੱਚ ਅੱਗੇ ਲਿਜਾਣ ਲਈ ਐਸਪੀਰੇਸ਼ਨਲ ਬਲਾਕ ਪ੍ਰੋਗਰਾਮ ਚਲਾਇਆ ਗਿਆ ਸੀ, ਜਿਸ ਤਹਿਤ ਬਲਾਕ ਸ਼ਾਹਕੋਟ ਨੂੰ ਐਸਪੀਰੇਸ਼ਨਲ ਬਲਾਕ ਘੋਸ਼ਿਤ ਕੀਤਾ ਗਿਆ ਸੀ। ਉਪਰੰਤ ਡਿਪਟੀ ਕਮਿਸ਼ਨਰ ਵੱਲੋਂ ਐਸ.ਡੀ.ਐਮ. ਸ਼ਾਹਕੋਟ ਸ਼ੁਭੀ ਆਂਗਰਾ, ਸਿਵਲ ਸਰਜਨ ਡਾ. ਗੁਰਮੀਤ ਲਾਲ, ਮੁੱਖ ਖੇਤੀਬਾੜੀ ਅਫ਼ਸਰ ਰਣਧੀਰ ਸਿੰਘ ਠਾਕੁਰ, ਡਿਪਟੀ ਈ.ਐਸ.ਏ. ਅਰੁਣ ਕੁਮਾਰ ਮਹਾਜਨ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਮਨਜਿੰਦਰ ਸਿੰਘ, ਐਸ.ਐਮ.ਓ. ਡਾ. ਦੀਪਕ ਚੰਦਰ, ਸਟੇਟ ਨੋਡਲ ਅਫ਼ਸਰ ਨੀਤੀ ਆਯੋਗ ਆਰੂਸ਼ੀ ਸ਼ਰਮਾ, ਬਾਲ ਵਿਕਾਸ ਪ੍ਰਾਜੈਕਟ ਅਫ਼ਸਰ ਰਾਜਵਿੰਦਰ ਕੌਰ, ਬਲਾਕ ਪ੍ਰਾਜੈਕਟ ਮੈਨੇਜਰ ਗੁਰਜੰਟ ਸਿੰਘ ਤੇ ਖੇਤੀਬਾੜੀ ਵਿਭਾਗ ਤੋਂ ਜਸਬੀਰ ਸਿੰਘ ਦਾ ਸਨਮਾਨ ਕੀਤਾ ਗਿਆ। ਇਸ ਤੋਂ ਇਲਾਵਾ ਵੱਖ-ਵੱਖ ਖੇਤਰਾਂ ਵਿੱਚ ਕੰਮ ਕਰ ਰਹੇ ਫਰੰਟ ਲਾਈਨ ਵਰਕਰਾਂ ਜਿਵੇ ਆਂਗਣਵਾੜੀ ਵਰਕਰਾਂ, ਸਟਾਫ਼ ਨਰਸਾਂ, ਆਸ਼ਾ ਵਰਕਰਾਂ ਨੂੰ ਵੀ ਸਨਮਾਨਿਤ ਕੀਤਾ ਗਿਆ।



# ਕੰਧਾਲਾ ਜੱਟਾਂ ਵਿਖੇ ਮੁਫ਼ਤ ਆਯੂਸ਼ ਕੈਂਪ ਲਗਾਇਆ



**ਅੱਡਾ ਸਰਾਂ (ਜਸਵੀਰ ਕਾਜਲ)**- ਡਾਇਰੈਕਟਰ ਆਯੁਰਵੇਦਾ, ਪੰਜਾਬ ਮਾਨਯੋਗ ਡਾ. ਰਵੀ ਕੁਮਾਰ ਡੂਮਰਾ ਜੀ ਦੇ ਨਿਰਦੇਸ਼ਾਂ ਅਨੁਸਾਰ ਅਤੇ ਜ਼ਿਲ੍ਹਾ ਆਯੁਰਵੇਦਿਕ ਅਤੇ ਯੂਨਾਨੀ ਅਫ਼ਸਰ, ਹੁਸ਼ਿਆਰਪੁਰ ਡਾ. ਪ੍ਰਦੀਪ ਸਿੰਘ ਤੇ ਜ਼ਿਲ੍ਹਾ ਹੋਮਿਓਪੈਥਿਕ ਅਫ਼ਸਰ ਡਾ. ਰੁਪਿੰਦਰ ਕੌਰ ਦੀ ਅਗਵਾਈ ਹੇਠ, ਡਾ. ਹਰੀਸ਼ ਭਾਟੀਆ ਆਯੁਰਵੈਦਿਕ ਮੈਡੀਕਲ ਅਫਸਰ (ਜੀ ਏ ਡੀ ) ਕੰਧਾਲਾਂ ਜੱਟਾਂ ਦੁਆਰਾ 20 ਅਗਸਤ 2025 (ਬੁੱਧਵਾਰ) ਨੂੰ ਗੁਰਦੁਆਰਾ ਬਾਬਾ ਬਿਸ਼ਨ ਸਿੰਘ ਮਹਾਰਾਜ ਜੀ, ਕੰਧਾਲਾ ਜੱਟਾਂ, ਹੁਸ਼ਿਆਰਪੁਰ ਵਿਖੇ 12ਵਾਂ ਮੁਫ਼ਤ ਆਯੂਸ਼ ਕੈਂਪ ਲਗਾਇਆ ਗਿਆ।ਕੈਂਪ ਦੌਰਾਨ ਕੁੱਲ 562 ਮਰੀਜ਼ਾਂ ਦੀ ਜਾਂਚ ਕੀਤੀ ਗਈ। ਆਯੁਰਵੈਦਿਕ ਡਾਕਟਰਾਂ ਦੀ ਟੀਮ ਵੱਲੋਂ 300 ਮਰੀਜ਼ਾਂ ਦੀ ਜਾਂਚ ਕੀਤੀ ਗਈ ਅਤੇ ਹੋਮਿਓਪੈਥਿਕ ਡਾਕਟਰਾਂ ਦੀ ਟੀਮ ਵੱਲੋਂ 262 ਮਰੀਜ਼ਾਂ ਦੀ ਜਾਂਚ ਕੀਤੀ ਗਈ।ਇਸ ਕੈਂਪ ਵਿੱਚ ਡਾਕਟਰ ਰੁਪਿੰਦਰਪ੍ਰੀਤ ਸਿੰਘ ਡਾਕਟਰ ਸ਼ਿਵਦੀਪ ਸਿੰਘ ਡਾਕਟਰ ਸੀਮਾ ਬੱਗਾ ਡਾਕਟਰ ਹਰਦੀਪ ਸਿੰਘ ਆਯੁਰਵੈਦਿਕ ਮੈਡੀਕਲ ਅਫਸਰ, ਡਾਕਟਰ ਮਨਜੀਤ ਸਿੰਘ ,ਡਾਕਟਰ ਸੀਮਾ ਹੋਮਿਓਪੈਥੀ ਮੈਡੀਕਲ ਅਫਸਰ ਅਤੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਸਾਰੇ ਆਯੁਰਵੈਦਿਕ ਮੈਡੀਕਲ ਅਫਸਰ ਸਾਰੇ ਫਾਰਮਾਸਿਸਟ ਅਤੇ ਸਮੂਹ ਟਰੇਂਡ ਦਾਈਆਂ ਅਤੇ ਦਫਤਰੀ ਸਟਾਫ ਨੇ ਸ਼ਮੂਲੀਅਤ ਕੀਤਾ। ਡਾ ਹਰੀਸ਼ ਭਾਟੀਆ ਨੇ ਗੁਰਦੁਆਰਾ ਪ੍ਰਬੰਧਕ ਕਮੇਟੀ ਬਾਬਾ ਬਿਸ਼ਨ ਸਿੰਘ ਜੀ ਗੁਰਦੁਆਰਾ ਸਾਹਿਬ, ਕਮੇਟੀ ਦੇ ਪ੍ਰਧਾਨ ਸਰਦਾਰ ਅੰਮ੍ਰਿਤ ਪਾਲ ਸਿੰਘ ਜੀ, ਕਮੇਟੀ ਦੇ ਸੈਕਟਰੀ ਅਤੇ ਕਮੇਟੀ ਦੇ ਖਜਾਨਚੀ ਅਤੇ ਸਮੂਹ ਕਮੇਟੀ ਮੈਂਬਰ ਦਾ ਬਹੁਤ ਧੰਨਵਾਦ ਕੀਤਾ।

# ਪੰਜਾਬ ਸਰਕਾਰ ਆਜ਼ਾਦੀ ਘੁਲਾਟੀਆਂ ਦਾ ਰੱਖ ਰਹੀ ਖ਼ਾਸ ਖਿਆਲ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਆਜ਼ਾਦੀ ਘੁਲਾਟੀਆਂ ਤੇ ਉਹਨਾਂ ਦੇ ਪਰਿਵਾਰਾਂ ਦੀ ਭਲਾਈ ਲਈ ਵਚਨਬੱਧ ਹੈ। ਦੇਸ਼ ਨੂੰ ਵਿਦੇਸ਼ੀ ਤਾਕਤਾਂ ਤੋਂ ਆਜ਼ਾਦ ਕਰਵਾਉਣ ਲਈ ਜਿਨ੍ਹਾਂ ਬਹਾਦਰ ਯੋਧਿਆਂ ਨੇ ਮਹਾਨ ਕੁਰਬਾਨੀਆਂ ਦਿੱਤੀਆਂ ਉਨ੍ਹਾਂ ਦੇ ਪਰਵਾਰਾਂ ਨੂੰ ਪੰਜਾਬ ਸਰਕਾਰ ਵੱਲੋਂ 11 ਹਜ਼ਾਰ ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦਿੱਤੀ ਜਾ ਰਹੀ ਹੈ। ਇਸ ਸਬੰਧੀ ਸੁਤੰਤਰਤਾ ਸੰਗਰਾਮੀ ਮੰਤਰੀ ਸ੍ਰੀ ਮੋਹਿੰਦਰ ਭਗਤ ਨੇ ਦੱਸਿਆ ਕਿ ਸੁਤੰਤਰਤਾ ਸੰਗਰਾਮੀਆਂ ਅਤੇ ਉਨ੍ਹਾਂ ਦੇ ਵਾਰਸਾਂ ਨੂੰ ਦਿੱਤੀ ਜਾ ਰਹੀ ਪੈਨਸ਼ਨ ਪਹਿਲਾਂ ਕੇਵਲ 9400 ਰੁਪਏ ਪ੍ਰਤੀ ਮਹੀਨਾ ਸੀ ਪਰੰਤੂ ਮਾਨ ਸਰਕਾਰ ਨੇ ਇਹ ਪੈਨਸ਼ਨ ਦੀ ਰਕਮ ਵਧਾ ਕੇ 11 ਹਜ਼ਾਰ ਰੁਪਏ ਕੀਤੀ ਜਿਸ ਨਾਲ ਪਰਿਵਾਰਾਂ ਦਾ ਸਨਮਾਨ ਹੋਰ ਵਧਿਆ । ਉਹਨਾਂ ਕਿਹਾ ਕਿ ਪੰਜਾਬ ਸਰਕਾਰ ਸੁਤੰਤਰਤਾ ਸੰਗਰਾਮੀਆ ਅਤੇ ਉਹਨਾਂ ਦੇ ਪਰਿਵਾਰਾਂ ਨਾਲ ਹਰ ਸਮੇਂ ਮੋਢੇ ਨਾਲ ਮੋਢਾ ਜੋੜ ਕੇ ਖੜੀ ਹੈ।

# ਸੇਵਾ ਦਲ ਪੰਜਾਬ ਸੰਗਠਨ ਦੀ ਸਥਾਪਨਾ



**ਹੁਸ਼ਿਆਰਪੁਰ (ਓ ਪੀ ਰਾਣਾ)**- ਸੰਤ ਸਰਵਣ ਦਾਸ ਦੀ ਅਗਵਾਈ ਹੇਠ ਇਕ ਵਿਸ਼ੇਸ਼ ਮੀਟਿੰਗ ਡੇਰਾ ਸੰਤ ਟਹਿਲ ਦਾਸ ਸਲੇਮਟਾਵਰੀ ਵਿਖੇ ਹੋਈ, ਜਿਸ ਵਿੱਚ ਪੰਜਾਬ ਸਮਾਜਿਕ ਮੁੱਦਿਆ ਉਤੇ ਗੰਭੀਰ ਚਰਚਾ ਕੀਤੀ ਗਈ ਤੇ ਇਹ ਫ਼ੈਸਲਾ ਕੀਤਾ ਗਿਆ ਕੇ ਪੰਜਾਬ ਦੀ ਜਵਾਨੀ ਨੂੰ ਬਚਾਉਣ ਲਈ ਅਤੇ ਸਮਾਜ ਸੇਵਾ ਨਾਲ ਜੋੜਨ ਲਈ ਇੱਕ ਸਮਾਜਿਕ ਸੰਗਠਨ ਦੀ ਸਥਾਪਨਾ ਕੀਤੀ ਜਾਵੇ। ਇਸ ਸੰਗਠਨ ਦਾ ਕੰਮ ਨੌਜਵਾਨ ਪੀੜੀ ਨੂੰ ਨਸ਼ਿਆਂ ਤੋਂ ਬਚਾਉਣਾ, ਗਰੀਬ ਬੱਚਿਆਂ ਦੀ ਸਿੱਖਿਆ ਦਾ ਪ੍ਰਬੰਧ ਕਰਨਾ ਅਤੇ ਬਿਮਾਰ ਲੋਕਾਂ ਨੂੰ ਇਲਾਜ ਮੁਹਿਆ ਕਰਵਾਉਣਾ ਹੋਵੇਗਾ। ਸੰਤ ਸਰਵਣ ਦਾਸ ਨੇ ਸੰਗਠਨ ਦਾ ਨਾਮ ਸੇਵਾ ਦਲ ਪੰਜਾਬ ਰੱਖਿਆ ਅਤੇ ਕਮਲ ਜਨਾਗਲ ਨੂੰ ਪੰਜਾਬ ਦਾ ਪ੍ਰਧਾਨ ਥਾਪਿਆ। ਸੇਵਾ ਦਲ ਪੰਜਾਬ ਦੇ ਅਹੁਦੇਦਾਰੀਆਂ ਦਿੰਦੇ ਹੋਏ ਪ੍ਰਗਟ ਸਿੰਘ ਨੂੰ ਪੰਜਾਬ ਦਾ ਇੰਚਾਰਜ, ਨਰੇਸ਼ ਬਸਰਾ ਨੂੰ ਜਨਰਲ ਸੈਕਟਰੀ, ਰੁਲਦੂ ਰਾਮ ਕਾਦੀਆ ਨੂੰ ਕੈਸ਼ੀਅਰ, ਬੰਕਾ ਲਾਲ ਚੁੱਬਰ ਨੂੰ ਮੀਡਿਆ ਇੰਚਾਰਜ ਲਗਾਇਆ ਗਿਆ। ਇਸ ਮੀਟਿੰਗ ਵਿਚ ਸ਼ਮਸ਼ੇਰ ਸਿੰਘ ਸ਼ੇਰਾ, ਸੁਰਿੰਦਰ ਕੁਮਾਰ ਬਾਹਮਣ, ਮੁਨੀਸ਼ ਜਨਾਗਲ, ਸੋਨੂ ਸ਼ਿਹਮਾਰ, ਪ੍ਰਿੰਸ ਜਨਾਗਲ, ਪੱਪੂ ਬਾਬਾ, ਕੁੱਕੀ ਮਹਿਮੀ, ਪਵਨ ਧਾਂਦਰਾ, ਕਮਲ ਕੁਮਾਰ ਆਦਿ ਹਾਜ਼ਰ ਸਨ।

# ਪਾਰਕ 'ਚ ਓਪਨ ਜਿੰਮ ਦਾ ਸਮਾਨ ਲਗਾਇਆ



**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**- ਪਿੰਡ ਇੱਟਾਂ ਬੱਧੀ ਦੇ ਕੁਲਵਿੰਦਰ ਸਿੰਘ ਮੌਜੂਦਾ ਸਰਪੰਚ ਦੇ ਸਦਕਾ ਪਿੰਡ ਦੀ ਪਾਰਕ ਦੇ ਵਿੱਚ ਓਪਨ ਜਿਮ ਦਾ ਸਾਮਾਨ ਲਗਾਇਆ ਗਿਆ ਹੈ। ਪਿੰਡ ਦੇ ਸਰਪੰਚ ਕੁਲਵਿੰਦਰ ਸਿੰਘ ਨੇ ਕਿਹਾ ਕਿ ਉਹਨਾਂ ਦਾ ਮੁੱਖ ਟੀਚਾ ਲੋਕਾਂ ਨੂੰ ਸਹੂਲਤਾਂ ਪ੍ਰਦਾਨ ਕਰਨਾ ਹੈ। ਉਨਾਂ ਨੂੰ ਪਿੰਡ ਵਾਸੀਆਂ ਵੱਲੋਂ ਪਾਰਕ 'ਚ ਜਿੰਮ ਬਣਾਉਣ ਲਈ ਕਿਹਾ ਗਿਆ ਸੀ, ਜਿਸ ਸਬੰਧੀ ਪਾਰਕ 'ਚ 6 ਮਸ਼ੀਨਾਂ ਲਗਾਈਆਂ ਗਈਆਂ ਹਨ। ਇਸ ਦੌਰਾਨ ਮੌਜੂਦ ਪੰਚ ਮਹਿੰਦਰ ਸਿੰਘ ਵਾਰਡ ਨੰਬਰ 2, ਡੇਵਿਡ ਮਸੀ ਵਾਰਡ ਨੰਬਰ 5, ਮਨਜੀਤ ਕੌਰ ਵਾਰਡ ਨੰਬਰ 3, ਗੁਰਦੇਵ ਸਿੰਘ ਵਾਰਡ ਨੰਬਰ 1, ਕਮਲਜੀਤ ਵਾਰਡ ਨੰਬਰ 4, ਬਲਜਿੰਦਰ ਕੌਰ, ਕੁਲਵਿੰਦਰ ਸਿੰਘ ਆਦਿ ਸ਼ਾਮਿਲ ਸਨ।

# ਜ਼ੋਨਲ ਸਕੂਲ ਟੂਰਨਾਮੈਂਟ 'ਚ ਵਡਾਲਾ ਸਕੂਲ ਨੇ ਮੱਲਾਂ ਮਾਰੀਆਂ

**ਜਲੰਧਰ (ਸੁਰਿੰਦਰ ਕੁਮਾਰ)**- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਡਾਲਾ (ਜਲੰਧਰ) ਨੇ ਜ਼ੋਨਲ ਸਕੂਲ ਟੂਰਨਾਮੈਂਟ 2025-26 ਅਨੇਕਾਂ ਮੁਕਾਬਲਿਆਂ ਚ ਜੇਤੂ ਰਹਿ ਕੇ ਸਕੂਲ ਦਾ ਨਾਂ ਰੋਸ਼ਨ ਕੀਤਾ। ਜੋਨ ਨੰਬਰ-03 ਦੀਆਂ ਸਕੂਲੀ ਖੇਡਾਂ ਵਿੱਚ ਵਡਾਲਾ ਸਕੂਲ ਦੇ ਖਿਡਾਰੀਆਂ ਦੀ ਅਣਥੱਕ ਮਿਹਨਤ ਨੇ ਸਕੂਲ ਅਤੇ ਵਡਾਲਾ ਪਿੰਡ ਦਾ ਖੇਡਾਂ ਵਿੱਚ ਨਾਮ ਚਮਕਾਇਆ, ਜਿਸ ਲਈ ਸਮੂਹ ਸਟਾਫ਼ ਮੈਂਬਰ, ਸਕੂਲ ਮੈਨੇਜਮੈਂਟ ਕਮੇਟੀ ਅਤੇ ਸਾਰੇ ਹੀ ਪਿੰਡ ਵਾਸੀਆਂ ਮਿਹਨਤ ਦੀ ਮਿਸਾਲ ਹੈ. ਵਡਾਲਾ ਸਕੂਲ ਦੇ ਖਿਡਾਰੀਆਂ ਦੀਆਂ ਸਾਲ 2025-26 ਦੀਆਂ ਜੋਨਲ ਸਕੂਲ ਖੇਡਾਂ ਦੀਆਂ ਪ੍ਰਾਪਤੀਆਂ ਦਾ ਵੇਰਵਾ: ਖੋ-ਖੋ (ਅੰਡਰ-17 ਸਾਲ ਲੜਕੀਆਂ) ਤੀਸਰਾ ਸਥਾਨ, 2 ਹੈਂਡਬਾਲ (ਅੰਡਰ-17 ਸਾਲ ਲੜਕੀਆਂ) 'ਚ ਦੂਜਾ ਸਥਾਨ, 3 ਹੈਂਡਬਾਲ (ਅੰਡਰ-19 ਸਾਲ ਲੜਕੇ) 'ਚ ਪਹਿਲਾ ਸਥਾਨ,4.ਕ੍ਰਿਕਟ(ਅੰਡਰ-19 ਸਾਲ ਲੜਕੇ) 'ਚ ਤੀਸਰਾ ਸਥਾਨ, ਹਾਈ ਜੰਪ.. ਪਹਿਲਾ ਅਤੇ ਦੂਜਾ ਸਥਾਨ (ਅੰਡਰ-17 ਸਾਲ ਲੜਕੀਆਂ), 3000 ਮੀਟਰ ਵਾਕ ਅਤੇ 400 ਮੀਟਰ ਦੌੜ (ਅੰਡਰ-17 ਸਾਲ ਲੜਕੀਆਂ) 'ਚ ਪਹਿਲਾ ਸਥਾਨ, ਸ਼ਾਟਪੁੱਟ ਅਤੇ ਲੌਂਗ ਜੰਪ (ਅੰਡਰ-17 ਸਾਲ ਲੜਕੇ) 'ਚ ਦੂਸਰਾ ਸਥਾਨ, ਡਿਸਕਸ ਥਰੋ,ਜੈਵਲਿਨ ਥਰੋ ਅਤੇ ਰਿਲੇ ਦੌੜ (ਅੰਡਰ-17 ਸਾਲ ਲੜਕੀਆਂ) ਚ ਤੀਜਾ ਸਥਾਨ, ਸ਼ੋਟ ਪੁੱਟ,3000 ਮੀਟਰ ਦੌੜ ਤੇ ਹਾਈ ਜੰਪ (ਅੰਡਰ-19 ਸਾਲ ਲੜਕੀਆਂ) ਚ ਪਹਿਲਾ ਸਥਾਨ, ਹਾਈ ਜੰਪ, 800 ਮੀਟਰ ਦੌੜ, 400 ਮੀਟਰ ਦੌੜ, 1500 ਮੀਟਰ ਦੌੜ, 200 ਮੀਟਰ ਦੌੜ, ਲੌਂਗ ਜੰਪ, ਜੈਵਲਿਨ ਥਰੋ ਅਤੇ ਰਿਲੇ ਦੌੜ (ਅੰਡਰ 19 ਸਾਲ ਲੜਕੀਆਂ) 'ਚ ਦੂਸਰਾ ਸਥਾਨ, 400 ਮੀਟਰ ਦੌੜ (ਅੰਡਰ 17 ਸਾਲ ਲੜਕੀਆਂ) 'ਚ ਤੀਜਾ ਸਥਾਨ, (ਅੰਡਰ 19 ਸਾਲ ਲੜਕੇ) ਡਿਸਕਸ ਥਰੋ, ਸ਼ਾਟ ਪੁੱਟ ਅਤੇ ਹਾਈ ਜੰਪ 'ਚ, ਪਹਿਲਾ ਸਥਾਨ, ਸ਼ਾਟ ਪੁੱਟ ਦੂਜਾ ਅਤੇ ਤੀਜਾ ਸਥਾਨ, 3000 ਮੀਟਰ ਦੌੜ ਤੀਜਾ ਸਥਾਨ, (ਅੰਡਰ 17 ਸਾਲ ਲੜਕੇ) 400 ਮੀਟਰ ਦੌੜ ਦੂਜਾ ਸਥਾਨ, (ਅੰਡਰ 14 ਸਾਲ ਲੜਕੇ) 400 ਮੀਟਰ ਦੌੜ ਤੀਜਾ ਸਥਾਨ ਸਕੂਲ ਦੇ ਬੱਚਿਆ ਨੂੰ ਮੁਕਾਬਲਿਆਂ 'ਚ ਤਿਆਰ ਕਰਨ ਲਈ ਗਾਈਡ ਅਧਿਆਪਕ ਸ਼੍ਰੀਮਤੀ ਆਸ਼ਾ ਰੰਧਾਵਾ (ਡੀ.ਪੀ.ਈ.) ਤੇ ਸ਼੍ਰੀਮਤੀ ਗੁਰਮੀਤ ਕੌਰ (ਸਕੂਲ ਇੰਚਾਰਜ) ਦਾ ਬਹੁਤ ਸਹਿਯੋਗ ਰਿਹਾ।



# ਭੂਨੋਂ 'ਚ ਸਾਲਾਨਾ ਛਿੰਞ ਮੇਲਾ ਧੂਮਧਾਮ ਨਾਲ ਮਨਾਇਆ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਛਿੰਞ ਕਮੇਟੀ ਭੂਨੋਂ ਵਲੋਂ ਸਰਪੰਚ ਦਲਜੀਤ ਸਿੰਘ ਅਤੇ ਸੇਵਾਦਾਰ ਬਾਬਾ ਚਰਨਜੀਤ ਸਿੰਘ ਦੀ ਅਗਵਾਈ ਵਿੱਚ ਪਿੰਡ ਵਾਸੀਆਂ ਅਤੇ ਐਨ ਆਰ ਆਈ ਭਰਾਵਾ ਦੇ ਸਹਿਯੋਗ ਨਾਲ ਧੰਨ ਧੰਨ ਗੁੱਗਾ ਜਾਹਰ ਪੀਰ ਦੀ ਯਾਦ ਨੂੰ ਸਮਰਪਿਤ ਸਲਾਨਾ ਛਿੰਜ ਮੇਲਾ ਬੜੀ ਧੂਮ ਧਾਮ ਨਾਲ ਮਨਾਇਆ ਗਿਆ। ਜਿਸ ਵਿੱਚ ਪੰਜਾਬ ਤੋਂ ਇਲਾਵਾ ਹਿਮਾਚਲ ਪ੍ਰਦੇਸ਼, ਜੰਮੂ, ਰਾਜਸਥਾਨ, ਦਿੱਲੀ, ਹਰਿਆਣਾ ਆਦਿ ਰਾਜਾਂ ਤੋਂ 150 ਦੇ ਕਰੀਬ ਨਾਮਵਰ ਪਹਿਲਵਾਨਾਂ ਆਪਣੀ ਤਾਕਤ ਦੇ ਜੌਹਰ ਦਿਖਾਏ। ਇਸ ਦੌਰਾਨ ਡਾ. ਇਸ਼ਾਂਕ ਕੁਮਾਰ ਵਿਧਾਇਕ ਚੱਬੇਵਾਲ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਗਨੀ ਹੁਸ਼ਿਆਰਪੁਰ ਨੇ ਚਿਰਾਗ ਜੱਖੋਵਾਲ ਨੂੰ ਫਸਵੇਂ ਮੁਕਾਬਲੇ ਨਾਲ ਚਿੱਤ ਕਰਕੇ ਬੜੀ ਰੁਮਾਲੀ ਤੇ ਕਬਜਾ ਕੀਤਾ। ਕਮੇਟੀ ਵਲੋਂ ਇਕ ਲੱਖ ਰੁਪਏ ਨਕਦ ਅਤੇ ਗੁਰਜ ਨਾਲ ਸਨਮਾਨਿਤ ਕੀਤਾ ਗਿਆ। ਬਾਕੀ ਮੁਕਾਬਲਿਆਂ ਵਿਚ ਸਨੀ ਰਾਮੇਵਾਲ ਨੇ ਨੂਰ ਆਲਮਗੀਰ ਨੂੰ ਭੋਲੂ ਉਨਾ ਨੇ ਅੰਕੁਸ਼ ਜਖੋਵਾਲ ਨੂੰ ਅਤੇ ਗਾਮਾ ਧਲੇਤਾ ਨੇ ਇੰਦਰਜੀਤ ਲੱਲੀਆਂ ਨੂੰ ਹਰਾਕੇ ਕਰਮਵਾਰ 31-31ਹਜ਼ਾਰ ਦੇ ਇਨਾਮ ਪ੍ਰਾਪਤ ਕੀਤੇ। ਇਸ ਮੌਕੇ ਵਿਧਾਇਕ ਡਾ ਇਸ਼ਾਂਕ ਕੁਮਾਰ ਵਲੋਂ ਪਿੰਡ ਦੇ ਵਿਕਾਸ ਕਾਰਜਾਂ ਲਈ 15 ਲੱਖ ਰੁਪਏ ਦੀ ਗ੍ਰਾਂਟ ਦੇਣ ਦਾ ਐਲਾਨ ਕੀਤਾ। ਇਸ ਮੋਕੇ1 ਇਸ ਮੌਕੇ ਸੁਖਜੀਤ ਸਿੰਘ ਸਹੋਤਾ ਕੈਨੇਡਾ, ਕਰਨੈਲ ਸਿੰਘ ਨੰਬਰਦਾਰ, ਰਵਿੰਦਰ ਸਿੰਘ ਨੋਨਾ ਪੰਚ ਆਦਿ ਸਮੇਤ ਆਸ ਪਾਸ ਪਿੰਡਾਂ ਦੇ ਕੁਸ਼ਤੀ ਪ੍ਰੇਮੀ ਮੌਜੂਦ ਸਨ।

# ਆਰਜ਼ੀ ਪਟਾਕਾ ਮਾਰਕੀਟ ਲਈ ਨਵੀਂ ਥਾਂ ਨਿਰਧਾਰਤ ਕਰਨ ਸੰਬੰਧੀ ਮੀਟਿੰਗ

**ਜਲੰਧਰ (ਸ਼ੈਲੀ ਐਲਬਰਟ)**- ਆਰਜ਼ੀ ਪਟਾਖਾ ਮਾਰਕੀਟ ਲਈ ਨਵੀਂ ਥਾਂ ਨਿਰਧਾਰਿਤ ਕਰਨ ਨੂੰ ਲੈ ਕੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਵਿਸਥਾਰਤ ਚਰਚਾ ਕੀਤੀ ਗਈ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਇਸ ਸਬੰਧੀ ਹੋਈ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਨਗਰ ਨਿਗਮ ਜਲੰਧਰ ਵੱਲੋਂ ਸ਼ਹਿਰੀ ਖੇਤਰ ਵਿੱਚ ਉਪਲਬਧ ਖਾਲੀ ਥਾਵਾਂ ਦੀ ਪੇਸ਼ ਕੀਤੀ ਸੂਚੀ 'ਤੇ ਵਿਚਾਰ ਕਰਨ ਤੋਂ ਇਲਾਵਾ ਹੋਰਨਾਂ ਵਿਭਾਗਾਂ ਵੱਲੋਂ ਸੁਝਾਈਆਂ ਖਾਲੀ ਥਾਵਾਂ 'ਤੇ ਵੀ ਗੌਰ ਕੀਤੀ ਗਈ। ਉਨ੍ਹਾਂ ਨਗਰ ਨਿਗਮ, ਪੁਲਸ ਅਤੇ ਫਾਇਰ ਵਿਭਾਗ ਦੇ ਅਧਿਕਾਰੀਆਂ ਨੂੰ ਮੀਟਿੰਗ ਵਿੱਚ ਤਜਵੀਜ਼ ਕੀਤੀਆਂ ਖਾਲੀ ਥਾਵਾਂ ਦੀ ਸੁੱਰਖਿਆ ਤੇ ਹੋਰ ਲੋੜੀਂਦੇ ਪ੍ਰਬੰਧਾਂ ਪੱਖੋਂ ਮੁਕੰਮਲ ਰਿਪੋਰਟ ਤਿਆਰ ਕਰਨ ਦੇ ਨਿਰਦੇਸ਼ ਦਿੱਤੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਲੰਧਰ ਸ਼ਹਿਰ ਵਿੱਚ ਹਰ ਸਾਲ ਦਿਵਾਲੀ ਦੇ ਤਿਉਹਾਰ ਮੌਕੇ ਪਟਾਖਾ ਮਾਰਕੀਟ ਬਰਲਟਨ ਪਾਰਕ ਵਿਖੇ ਲਗਾਈ ਜਾਂਦੀ ਹੈ ਪਰ ਇਸ ਵਾਰ ਪਾਰਕ ਵਿਖੇ ਨਵੀਨੀਕਰਨ ਦੇ ਕੰਮ ਦੇ ਚੱਲਦਿਆਂ ਪਾਰਕ ਨੂੰ ਆਰਜ਼ੀ ਪਟਾਖਾ ਮਾਰਕੀਟ ਲਈ ਵਰਤਣਾ ਸੁਰੱਖਿਆ ਪੱਖੋਂ ਉਚਿਤ ਨਹੀਂ ਹੋਵੇਗਾ। ਉਨ੍ਹਾਂ ਅਧਿਕਾਰੀਆਂ ਨੂੰ ਪ੍ਰਸਤਾਵਿਤ ਥਾਵਾਂ ਬਾਰੇ 26 ਅਗਸਤ ਤੱਕ ਮੁਕੰਮਲ ਰਿਪੋਰਟ ਪੇਸ਼ ਦੀ ਹਦਾਇਤ ਕੀਤੀ ਤਾਂ ਜੋ ਆਰਜ਼ੀ ਪਟਾਖਾ ਮਾਰਕੀਟ ਸਥਾਪਤ ਕਰਨ ਸਬੰਧੀ ਅਗਲੇਰੀ ਪ੍ਰਕਿਰਿਆ ਤੁਰੰਤ ਅਮਲ ਵਿੱਚ ਲਿਆਂਦੀ ਜਾ ਸਕੇ।ਇਸ ਮੌਕੇ ਨਗਰ ਨਿਗਮ, ਪੁਲਿਸ ਅਤੇ ਫਾਇਰ ਵਿਭਾਗ ਤੋਂ ਇਲਾਵਾ ਹੋਰਨਾਂ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

# ਸਾਬਕਾ ਰਾਜਪਾਲ ਸੱਤਿਆਪਾਲ ਮਲਕ ਨੂੰ ਕੀਤੀ ਸ਼ਰਧਾਂਜਲੀ ਭੇਟ



**ਰੂਪਨਗਰ (ਰਜਿੰਦਰ ਸੈਣੀ)**- ਇੱਥੇ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਨੇ ਆਪਣਾ ਜ਼ਿਲ੍ਹਾ ਪੱਧਰੀ ਇਕੱਠ ਕਰਕੇ ਸਾਬਕਾ ਰਾਜਪਾਲ ਸੱਤਿਆਪਾਲ ਮਲਕ ਨੂੰ ਸ਼ਰਧਾਂਜਲੀ ਭੇਂਟ ਕੀਤੀ। ਉਹ ਪਿਛਲੇ ਦਿਨੀ ਅਕਾਲ ਚਲਾਣਾ ਕਰ ਗਏ ਸਨ।ਇਸ ਮੌਕੇ 'ਤੇ ਜ਼ਿਲਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ, ਸਕੱਤਰ ਕਰਨੈਲ ਸਿੰਘ ਭੰਡੇਰ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਪਾਸ ਕੀਤੇ ਗਏ ਤਿੰਨ ਖੇਤੀ ਵਿਰੋਧੀ ਕਾਲੇ ਕਾਨੂੰਨਾਂ ਖਿਲਾਫ ਦੇਸ਼ ਪੱਧਰ ਤੇ ਭਾਵੇਂ ਬਹੁਤ ਵੱਡਾ ਵਿਰੋਧ ਹੋਇਆ। ਪਰ ਭਾਜਪਾ ਦਾ ਆਗੂ ਹੁੰਦੇ ਹੋਏ ਵੀ ਸੱਤਿਆਪਾਲ ਮਲਕ ਨੇ ਕਿਸਾਨਾਂ ਦਾ ਡੱਟ ਕੇ ਸਾਥ ਦਿੱਤਾ ਅਤੇ ਖੇਤੀ ਵਿਰੋਧੀ ਕਾਲੇ ਕਾਨੂੰਨਾਂ ਦਾ ਵਿਰੋਧ ਕੀਤਾ।ਉਹਨਾਂ ਨੇ ਹਮੇਸ਼ਾ ਹੀ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਲਿਆਂਦੀਆਂ ਜਾ ਰਹੀਆਂ ਨੀਤੀਆਂ ਦੀ ਆਲੋਚਨਾ ਕੀਤੀ।ਇਸ ਮੌਕੇ ਤੇ ਉਹਨਾਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਂਟ ਕੀਤੀ ਗਈ।ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਤਰਲੋਚਨ ਸਿੰਘ ਹਸੈਨਪੁਰ, ਜਰਨੈਲ ਸਿੰਘ ਸਦਾਬਰਤ, ਨਰਿੰਦਰ ਸ਼ਰਮਾ, ਪਵਨ ਕੁਮਾਰ ਚੱਕ ਕਰਮਾ, ਡਾਕਟਰ ਕੁਲਵੰਤ ਸਿੰਘ ਮਲਕਪੁਰ,ਭਜਨ ਸਿੰਘ ਸੰਦੋਆ, ਬਜਿੰਦਰ ਪੰਡਤ, ਸੂਬੇਦਾਰ ਕੁਲਵੰਤ ਸਿੰਘ, ਨਰਿੰਦਰ ਸਿੰਘ ਮਾਵੀ, ਗਿਆਨੀ ਰਾਮਪਾਲ ਸਿੰਘ ਭਲਾਣ,ਮਹਿੰਦਰ ਸਿੰਘ ਸੰਗਤਪੁਰ ਸਮੇਤ ਹੋਰ ਕਿਸਾਨ ਆਗੂ ਇਸ ਮੌਕੇ ਤੇ ਹਾਜ਼ਰ ਸਨ।

# ਰੌੜੀ ਵੱਲੋਂ ਸੁਖਮਨੀ ਸਾਹਿਬ ਨਿਸ਼ਕਾਮ ਸੇਵਾ ਸੋਸਾਇਟੀ ਨੂੰ 7 ਲੱਖ ਦਾ ਚੈੱਕ ਭੇਟ

**ਮਾਹਿਲਪੁਰ (ਸ.ਫ਼ਰੀ)** ਵਿਸ਼ਵਕਰਮਾ ਭਵਨ ਮਾਹਿਲਪੁਰ ਵਿਖੇ ਪ੍ਰਬੰਧਕ ਕਮੇਟੀ ਅਤੇ ਸ੍ਰੀ ਸੁਖਮਨੀ ਸਾਹਿਬ ਨਿਸ਼ਕਾਮ ਸੇਵਾ ਸੋਸਾਇਟੀ ਮਾਹਿਲਪੁਰ ਵੱਲੋਂ ਇੱਕ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ।ਇਸ ਸਮਾਗਮ ਵਿਚ ਮੁੱਖ ਮਹਿਮਾਨ ਹਲਕਾ ਵਿਧਾਇਕ ਜੈ ਕ੍ਰਿਸ਼ਨ ਸਿੰਘ ਰੌੜੀ ਡਿਪਟੀ ਸਪੀਕਰ ਵਿਧਾਨ ਸਭਾ ਪੰਜਾਬ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਨੇ ਸ੍ਰੀ ਸੁਖਮਨੀ ਸਾਹਿਬ ਨਿਸ਼ਕਾਮ ਸੇਵਾ ਸੋਸਾਇਟੀ ਮਾਹਿਲਪੁਰ ਅਤੇ ਵਿਸ਼ਵਕਰਮਾ ਭਵਨ ਕਮੇਟੀ ਮਾਹਿਲਪੁਰ ਵੱਲੋਂ ਧਾਰਮਿਕ ਸਮਾਗਮ ਲਈ ਵਰਤੀ ਜਾਣ ਵਾਲੀ ਪਾਲਕੀ ਸਾਹਿਬ ਲਈ ਜੋ 15 ਲੱਖ ਰੁਪਏ ਦੀ ਲਾਗਤ ਨਾਲ ਸੁੰਦਰ ਗੱਡੀ ਬਣਾਈ ਜਾ ਰਹੀ ਹੈ। ਇਨ੍ਹਾਂ ਵੱਲੋਂ 7 ਲੱਖ ਰੁਪਏ ਰਾਸ਼ੀ ਦਾ ਚੈੱਕ ਕਮੇਟੀ ਨੂੰ ਭੇਂਟ ਕੀਤਾ । ਇਸ ਮੌਕੇ ਪ੍ਰਧਾਨ ਜਸਵੰਤ ਸਿੰਘ ਸੀਹਰਾ ਤੇ ਸਮੂਹ ਮੈਂਬਰਾਂ ਨੇ ਸਮਾਜ ਭਲਾਈ ਦੇ ਕਾਰਜ ਲਈ ਜੈ ਕ੍ਰਿਸ਼ਨ ਸਿੰਘ ਰੌੜੀ ਦਾ ਤਹਿ ਦਿਲੋਂ ਧੰਨਵਾਦ ਕੀਤਾ। ਸਮੂਹ ਪ੍ਰਬੰਧਕਾਂ ਵਲੋਂ ਮੁੱਖ ਮਹਿਮਾਨ ਰੌੜੀ ਨੂੰ ਸਿਰੋਪਾਓ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰਿੰ. ਪਰਵਿੰਦਰ ਸਿੰਘ ਖਾਲਸਾ ਕਾਲਜ ਮਾਹਿਲਪੁਰ, ਪ੍ਰਧਾਨ ਜਗਜੀਤ ਸਿੰਘ ਵਿਸ਼ਵਕਰਮਾ ਭਵਨ ਕਮੇਟੀ, ਵਾਈਸ ਪ੍ਰਧਾਨ ਸਤਨਾਮ ਸਿੰਘ ਸੂਰਜ, ਅਮਰੀਕ ਸਿੰਘ ਅਜੀਮਲ, ਅਮਰੀਕ ਸਿੰਘ ਜੈਤਪੁਰ, ਫੌਜੀ ਗੁਰਪ੍ਰੀਤ ਸਿੰਘ, ਸੂਬੇਦਾਰ ਕਿਸ਼ਨ ਸਿੰਘ, ਇੰਜੀ. ਜਗਜੀਤ ਸਿੰਘ, ਰਾਜ ਕੁਮਾਰ ਐੱਮ.ਸੀ., ਸੁਰਿੰਦਰ ਕੌਰ ਐੱਮ.ਸੀ., ਫੌਜੀ ਧਰਮ ਸਿੰਘ, ਅਸ਼ੋਕ ਕੁਮਾਰ ਐੱਮ.ਸੀ., ਪ੍ਰੋ. ਬਲਦੇਵ ਸਿੰਘ ਐੱਮ.ਸੀ., ਅਵਤਾਰ ਸਿੰਘ ਕਾਲੇਵਾਲ ਭਗਤਾਂ, ਪ੍ਰਧਾਨ ਦਵਿੰਦਰ ਸਿੰਘ ਸੈਣੀ ਨਗਰ ਪੰਚਾਇਤ ਮਾਹਿਲਪੁਰ, ਸ਼ਸ਼ੀ ਬੰਗੜ ਐੱਮ.ਸੀ. ਆਦਿ ਹਾਜ਼ਰ ਸਨ।



# ਅਧਿਆਪਕਾਂ ਨੂੰ ਆਮ ਬਦਲੀਆਂ ਦੀ ਪ੍ਰਕਿਰਿਆ ਨੇ ਕੀਤਾ ਖੱਜਲ-ਖੁਆਰ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਸਾਂਝਾ ਅਧਿਆਪਕ ਮੋਰਚੇ ਦੇ ਆਗੂ ਨਰਿੰਦਰ ਅਜਨੋਹਾ ਅਤੇ ਪਰਮਜੀਤ ਕਾਤਿਬ ਨੇ ਇੱਕ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਜਿਨ੍ਹਾਂ ਅਧਿਆਪਕਾਂ ਵਲੋਂ ਪਿਛਲੇ ਤਿੰਨ ਮਹੀਨਿਆਂ ਤੋਂ ਆਪਣੀ ਬਦਲੀ ਦੀ ਉਡੀਕ ਕੀਤੀ ਜਾ ਰਹੀ ਸੀ ਉਹਨਾਂ ਨੂੰ ਇਹਨਾਂ ਬਦਲੀਆਂ ਨੇ ਕਾਫੀ ਖੱਜਲ ਖੁਆਰ ਕੀਤਾ। ਆਗੂਆਂ ਨੇ ਕਿਹਾ ਕਿ ਪਹਿਲਾਂ ਤਾਂ ਬਦਲੀ ਅਪਲਾਈ ਵਾਲੇ ਪੋਰਟਲ ਉੱਪਰ ਵਿਭਾਗ ਵਲੋਂ ਸਟੇਸ਼ਨ ਚੋਣ ਲਈ ਸਟੇਸ਼ਨ ਸ਼ੋਅ ਨਹੀਂ ਕੀਤੇ ਅਤੇ ਜਦੋਂ ਬਦਲੀਆਂ ਹੋਈਆਂ ਤਾਂ ਬਦਲੀ ਹੋਣ ਉਪਰੰਤ ਬਦਲੀ ਦੇ ਹੁਕਮਾਂ ਨੂੰ ਹਟਾ ਦਿੱਤਾ ਗਿਆ।ਕਈ ਅਧਿਆਪਕ ਆਪਣੇ ਸਕੂਲਾਂ ਤੋਂ ਫਾਰਗ ਹੋਣ ਉਪਰੰਤ ਬਦਲੀ ਵਾਲੇ ਸਕੂਲ ਹਾਜ਼ਰ ਹੋਣ ਲਈ ਪਹੁੰਚੇ ਤਾਂ ਵਿਭਾਗ ਵਲੋਂ ਉਕਤ ਅਧਿਆਪਕਾਂ ਦੇ ਬਦਲੀ ਦੇ ਹੁਕਮ ਹਟਾਉਣ ਕਰਕੇ ਸਬੰਧਤ ਸਕੂਲ ਮੁਖੀਆਂ ਵਲੋਂ ਹਾਜਰ ਕਰਵਾਉਣ ਲਈ ਤਕਨੀਕੀ ਕਾਰਨਾਂ ਦਾ ਹਵਾਲਾ ਦਿੰਦੇ ਹੋਏ ਉਹਨਾਂ ਨੂੰ ਜੁਆਇਨ ਨਹੀਂ ਕਰਵਾਇਆ ਗਿਆ।ਆਗੂਆਂ ਨੇ ਉੱਚ ਅਧਿਕਾਰੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਬਦਲੀ ਹੋਏ ਅਧਿਆਪਕਾਂ ਨਾਲ ਨਿਆਂ ਕਰਕੇ ਉਹਨਾਂ ਨੂੰ ਜੁਆਇਨ ਕਰਵਾਇਆ ਜਾਵੇ ਅਤੇ ਬਦਲੀ ਦੇ ਹੋਰ ਦੂਜੇ ਰਾਊਂਡ ਵੀ ਸ਼ੁਰੂ ਕੀਤੇ ਜਾਣ।ਇਸ ਮੌਕੇ ਨਰਿੰਦਰ ਅਜਨੋਹਾ, ਪਰਮਜੀਤ ਕਾਤਿਬ, ਅਮਰਜੀਤ ਕੁਮਾਰ, ਸਤਨਾਮ ਸਿੰਘ, ਜਸਵਿੰਦਰ ਸਿੰਘ, ਹਰਮਨੋਜ ਕੁਮਾਰ ਆਦਿ ਸਾਂਝੇ ਅਧਿਆਪਕ ਮੋਰਚੇ ਦੇ ਆਗੂ ਹਾਜ਼ਰ ਸਨ।

ਜਨਮ ਦਿਨ ਮੁਬਾਰਕ



ਰਿਹਾਨ
ਵਾਸੀ : ਮਹਿਤਪੁਰ, ਜਲੰਧਰ



ਆਰਵ ਕੋਚਰ
ਪਿਤਾ : ਰਾਹੁਲ ਕੋਚਰ
ਮਾਤਾ : ਅੰਜਲੀ ਕੋਚਰ
ਵਾਸੀ : ਜੈਤੋ